22-NOV-PAGE-1.qxd 11/21/2024 9:26 PM Page 1


ਸ਼ੁੱਕਰਵਾਰ, 22 ਨਵੰਬਰ, 2024

7 ਮੱਘਰ { ਨਾਨਕਸ਼ਾਹੀ 556 / ਬਿਕਰਮੀ 2081

ਜਿਲਦ/VOL. : 73

ਅੰਕ/NO. : 172

# ਨਵਾਂ ਜ਼ਮਾਨਾ

DAILY NAWAN ZAMANA • FRIDAY, 22 NOVEMBER, 2024

ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


## ਰੂਸ ਨੇ ਅੰਤਰ-ਮਹਾਂਦੀਪੀ ਮਿਜ਼ਾਈਲ ਦਾਗੀ ?



**ਕੀਵ** : ਰੂਸ ਨੇ ਯੂਕਰੇਨ 'ਤੇ ਵੀਰਵਾਰ ਅੰਤਰ-ਮਹਾਂਦੀਪੀ ਬੈਲਿਸਟਿਕ ਮਿਜ਼ਾਈਲ ਦਾਗੀ। ਇਹ ਦਾਅਵਾ ਯੂਕਰੇਨ ਦੀ ਹਵਾਈ ਫੌਜ ਵੱਲੋਂ ਕਰਦਿਆਂ ਕਿਹਾ ਗਿਆ ਹੈ ਕਿ ਇਸ ਮਿਜ਼ਾਈਲ ਦੀ ਰੇਂਜ ਹਜ਼ਾਰਾਂ ਕਿੱਲੋਮੀਟਰ ਹੈ ਤੇ ਇਹ ਸ਼ਕਤੀਸਾਲੀ ਤੇ ਪ੍ਰਮਾਣੂ ਹਥਿਆਰ ਲਿਜਾਣ ਦੇ ਸਮਰੱਥ ਹੈ। ਇਸ ਤੋਂ ਪਹਿਲਾਂ ਰੂਸ ਦੀ ਚਿਤਾਵਨੀ ਨੂੰ ਦਰਕਿਨਾਰ ਕਰਦਿਆਂ ਯੂਕਰੇਨ ਨੇ ਅਮਰੀਕਾ ਤੇ ਬਰਤਾਨੀਆ ਦੀਆਂ ਬਣੀਆਂ ਹੋਈਆਂ ਮਿਜ਼ਾਈਲਾਂ ਰੂਸ ਦੇ ਅੰਦਰਲੇ ਖੇਤਰ ਤੱਕ ਦਾਗੀਆਂ ਸਨ। ਰੂਸ ਦਾ ਫਰਵਰੀ 2022 'ਚ ਯੂਕਰੇਨ ਨਾਲ ਟਕਰਾਅ ਸ਼ੁਰੂ ਹੋਇਆ ਸੀ। ਲੰਮੀ ਦੂਰੀ ਵਾਲੀ ਮਿਜ਼ਾਈਲ ਦਾਗਣ ਬਾਰੇ ਰੂਸ ਨੇ ਯੂਕਰੇਨ ਦੇ ਬਿਆਨ ਉੱਤੇ ਕੋਈ ਟਿੱਪਣੀ ਨਹੀਂ ਕੀਤੀ।

## ਕਤਲ ਕੇਸ 'ਚ ਫੜੇ ਵਿਦੇਸ਼ੀ ਸਟੂਡੈਂਟ ਵੱਲੋਂ ਖੁਦਕੁਸ਼ੀ

**ਮੁਹਾਲੀ** : ਚੰਡੀਗੜ੍ਹ ਯੂਨੀਵਰਸਿਟੀ 'ਚ ਵਿਦੇਸ਼ੀ ਵਿਦਿਆਰਥੀ ਨੇ ਪੁਲਸ ਚੌਕੀ 'ਚ ਫਾਹਾ ਲੈ ਕੇ ਖੁਦਕੁਸ਼ੀ ਕਰ ਲਈ। ਉਸ ਨੇ ਆਪਣੀ ਬੈਚਮੇਟ ਤਨਜ਼ਾਨੀਆ ਦੀ ਵਿਦਿਆਰਥਣ ਨੂਰੂ ਮਾਰੀ ਦਾ ਕਥਿਤ ਤੌਰ 'ਤੇ ਕਤਲ ਕੀਤਾ ਸੀ, ਜਿਸ ਕਾਰਨ ਉਸ ਨੂੰ ਗ੍ਰਿਫਤਾਰ ਕੀਤਾ ਗਿਆ ਸੀ। ਅਧਿਕਾਰੀਆਂ ਨੇ ਦੱਸਿਆ ਕਿ ਮੁਲਜ਼ਮ ਜ਼ਾਂਬੀਆ ਦੇ 24 ਸਾਲਾ ਸੇਵੀਅਰ ਚਿਕੋਪੇਲਾ ਨੂੰ ਗ੍ਰਿਫਤਾਰ ਕੀਤਾ ਗਿਆ ਸੀ, ਜਿਸ ਨੇ ਕਥਿਤ ਤੌਰ 'ਤੇ ਬੁੱਧਵਾਰ ਖਰੜ ਵਿਖੇ ਸੰਨੀ ਐਨਕਲੇਵ ਪੁਲਸ ਚੌਕੀ ਵਿਚ ਕਸਟਡੀ ਦੌਰਾਨ ਆਪਣੇ ਆਪ ਨੂੰ ਫਾਹਾ ਲਗਾ ਲਿਆ। ਉਸ ਨੇ ਕਥਿਤ ਤੌਰ 'ਤੇ ਚੌਕੀ ਅੰਦਰਲੀ ਜੇਲ੍ਹ ਦੀ ਜਾਲੀ ਨਾਲ ਪਤਲੀ ਨਾਈਲੋਨ ਰੱਸੀ ਦੀ ਵਰਤੋਂ ਕਰਕੇ ਆਤਮਹੱਤਿਆ ਕੀਤੀ। ਪੁਲਸ ਨੇ ਉਸ ਨੂੰ 12.10 ਵਜੇ ਦੇ ਕਰੀਬ ਖਰੜ ਦੇ ਸਿਵਲ ਹਸਪਤਾਲ ਪਹੁੰਚਾਇਆ. ਜਿੱਥੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ।

## ਜ਼ਮਾਨਤ ਮਿਲਣ ਦੇ ਬਾਵਜੂਦ ਰਿਹਾਅ ਨਹੀਂ ਹੋ ਸਕੇ ਇਮਰਾਨ



**ਇਸਲਾਮਾਬਾਦ** : ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਦੀ ਜੇਲ੍ਹ ਤੋਂ ਰਿਹਾਈ ਦੀ ਆਸ ਉਸ ਸਮੇਂ ਖਤਮ ਹੋ ਗਈ, ਜਦੋਂ ਭ੍ਰਿਸ਼ਟਾਚਾਰ ਦੇ ਇਕ ਮਾਮਲੇ 'ਚ ਜ਼ਮਾਨਤ ਮਿਲਣ ਦੇ ਕੁਝ ਦੇਰ ਬਾਅਦ ਹੀ ਉਨ੍ਹਾ ਨੂੰ ਇਕ ਨਵੇਂ ਕੇਸ ਵਿਚ ਗ੍ਰਿਫਤਾਰ ਕਰ ਲਿਆ ਗਿਆ। ਇਸਲਾਮਾਬਾਦ ਹਾਈ ਕੋਰਟ ਨੇ ਬੀਤੇ ਦਿਨੀਂ ਤੋਸ਼ਾਖਾਨਾ ਮਾਮਲੇ 'ਚ ਇਮਰਾਨ ਖਾਨ ਨੂੰ ਜ਼ਮਾਨਤ ਦਿੱਤੀ ਸੀ, ਜਿਸ 'ਚ ਉਨ੍ਹਾ 'ਤੇ ਮਹਿੰਗੇ ਤੋਹਫੇ ਬਹੁਤ ਘੱਟ ਕੀਮਤ 'ਤੇ ਖਰੀਦਣ ਦੇ ਦੋਸ਼ ਲੱਗੇ ਸਨ। ਜ਼ਮਾਨਤ ਤੋਂ ਬਾਅਦ ਸਾਬਕਾ ਪ੍ਰਧਾਨ ਮੰਤਰੀ ਦੀ ਰਿਹਾਈ ਦੀ ਆਸ ਦਿਖਾਈ ਦਿੱਤੀ ਸੀ, ਪਰ ਉਨ੍ਹਾ ਨੂੰ 28 ਸਤੰਬਰ ਨੂੰ ਰਾਵਲਪਿੰਡੀ 'ਚ ਦਹਿਸ਼ਤੀ ਕਾਰਵਾਈਆਂ ਲਈ ਮਦਦ ਕਰਨ ਦੇ ਦੋਸ਼ ਤਹਿਤ ਦਰਜ ਕੇਸ 'ਚ ਗ੍ਰਿਫਤਾਰ ਕਰ ਲਿਆ ਗਿਆ। ਉਹ ਇਕ ਸਾਲ ਤੋਂ ਵੱਧ ਸਮੇਂ ਤੋਂ ਰਾਵਲਪਿੰਡੀ ਦੀ ਅਡਿਆਲਾ ਜੇਲ੍ਹ ਵਿਚ ਨਜ਼ਰਬੰਦ ਹਨ।

## ਸ਼ਾਹਰੁਖ ਦੀ ਸੁਰੱਖਿਆ ਬਾਰੇ ਆਨਲਾਈਨ ਖੋਜ ਕੀਤੀ !



**ਮੁੰਬਈ** : ਸ਼ਾਹਰੁਖ ਖਾਨ ਨੂੰ ਜਬਰੀ ਵਸੂਲੀ ਅਤੇ ਜਾਨੋਂ ਮਾਰਨ ਦੀ ਧਮਕੀ ਦੇ ਮਾਮਲੇ 'ਚ ਗ੍ਰਿਫਤਾਰ ਕੀਤੇ ਗਏ ਰਾਏਪੁਰ ਦੇ ਵਕੀਲ ਫੈਜ਼ਾਨ ਖਾਨ ਨੇ ਅਭਿਨੇਤਾ ਅਤੇ ਉਸ ਦੇ ਪਰਵਾਰ ਦੇ ਸੰਵੇਦਨਸ਼ੀਲ ਸੁਰੱਖਿਆ ਵੇਰਵੇ ਹਾਸਲ ਕਰਨ ਲਈ ਆਨਲਾਈਨ ਖੋਜ ਕੀਤੀ ਸੀ। ਅਧਿਕਾਰੀਆਂ ਨੇ ਦੱਸਿਆ ਕਿ ਜਾਂਚ ਦੌਰਾਨ ਪਤਾ ਲੱਗਾ ਹੈ ਕਿ ਜਾਨੋਂ ਮਾਰਨ ਦੀ ਧਮਕੀ ਦੇਣ ਅਤੇ ਫਿਰੌਤੀ ਵਜੋਂ 50 ਲੱਖ ਰੁਪਏ ਦੀ ਮੰਗ ਕਰਨ ਤੋਂ ਪਹਿਲਾਂ ਫੈਜ਼ਾਨ ਖਾਨ ਨੇ ਸ਼ਾਹਰੁਖ ਖਾਨ ਅਤੇ ਉਸ ਦੇ ਬੇਟੇ ਆਰੀਅਨ ਖਾਨ ਦੇ ਸੁਰੱਖਿਆ ਵੇਰਵਿਆਂ ਬਾਰੇ ਵਿਆਪਕ ਆਨਲਾਈਨ ਖੋਜ ਕੀਤੀ ਸੀ। ਬਾਂਦਰਾ ਪੁਲਸ ਦੀ ਜਾਂਚ ਟੀਮ ਨੇ ਫੈਜ਼ਾਨ ਖਾਨ ਦੇ ਦੂਜੇ ਮੋਬਾਇਲ ਫੋਨ ਦੇ ਫੋਰੈਂਸਿਕ ਵਿਸ਼ਲੇਸ਼ਣ ਤੋਂ ਬਾਅਦ ਇਹ ਖੁਲਾਸਾ ਕੀਤਾ ਹੈ। ਵਕੀਲ ਨਿਆਂਇਕ ਹਿਰਾਸਤ 'ਚ ਹੈ ਅਤੇ ਪੁੱਛਗਿੱਛ ਦੌਰਾਨ ਜਾਣਕਾਰੀ ਇਕੱਠੀ ਕਰਨ ਦੇ ਪਿੱਛੇ ਦੇ ਆਪਣੇ ਉਦੇਸ਼ਾਂ ਬਾਰੇ ਗੁੰਮਰਾਹਕੁੰਨ ਜਵਾਬ ਦੇ ਰਿਹਾ ਹੈ।

# ਅਡਾਨੀ ਦਾ ਖਿੱਦੋ ਫਿਰ ਖਿਲਰਿਆ

### ਅਮਰੀਕਾ 'ਚ ਅਰਬਾਂ ਰੁਪਏ ਦੀ ਧੋਖਾਧੜੀ ਦੇ ਕੇਸ 'ਚ ਅਡਾਨੀ ਸਣੇ 8 ਜਣੇ ਨਾਮਜ਼ਦ, ਗਰੁੱਪ ਦੀਆਂ ਕੰਪਨੀਆਂ ਦੇ ਸ਼ੇਅਰ ਮੂਧੇ-ਮੂੰਹ

**ਨਿਊ ਯਾਰਕ** : ਅਮਰੀਕਾ 'ਚ ਦੁਨੀਆ ਦੇ ਸਭ ਤੋਂ ਅਮੀਰ ਵਿਅਕਤੀਆਂ ਵਿੱਚੋਂ ਇੱਕ ਭਾਰਤੀ ਕਾਰੋਬਾਰੀ ਗੌਤਮ ਅਡਾਨੀ ਸਣੇ 8 ਲੋਕਾਂ 'ਤੇ ਅਰਬਾਂ ਰੁਪਏ ਦੀ ਧੋਖਾਧੜੀ ਦੇ ਦੋਸ਼ ਲੱਗੇ ਹਨ। ਅਮਰੀਕੀ ਅਟਾਰਨੀ ਦਫਤਰ ਦਾ ਕਹਿਣਾ ਹੈ ਕਿ ਅਡਾਨੀ ਨੇ ਭਾਰਤ ਵਿੱਚ ਸੋਲਰ ਐਨਰਜੀ ਨਾਲ ਜੁੜਿਆ ਠੇਕਾ ਹਾਸਲ ਕਰਨ ਲਈ ਭਾਰਤੀ ਅਧਿਕਾਰੀਆਂ ਨੂੰ 265 ਮਿਲੀਅਨ ਡਾਲਰ (ਕਰੀਬ 2200 ਕਰੋੜ ਰੁਪਏ) ਦੀ ਰਿਸ਼ਵਤ ਦਿੱਤੀ ਜਾਂ ਦੇਣ ਦੀ ਯੋਜਨਾ ਬਣਾ ਰਹੇ ਸਨ। ਪੂਰਾ ਮਾਮਲਾ ਅਡਾਨੀ ਗਰੁੱਪ ਦੀ ਕੰਪਨੀ ਅਡਾਨੀ ਗ੍ਰੀਨ ਐਨਰਜੀ ਲਿਮਟਿਡ ਤੇ ਇੱਕ ਹੋਰ ਫਰਮ ਨਾਲ ਜੁੜਿਆ ਹੋਇਆ ਹੈ। 24 ਅਕਤੂਬਰ 2024 ਨੂੰ ਨਿਊ ਯਾਰਕ ਦੀ ਫੈਡਰਲ ਕੋਰਟ ਵਿੱਚ ਇਹ ਕੇਸ ਦਰਜ ਹੋਇਆ ਸੀ। ਬੁੱਧਵਾਰ ਇਸ ਦੀ ਸੁਣਵਾਈ ਵਿੱਚ ਗੌਤਮ ਅਡਾਨੀ, ਉਨ੍ਹਾ ਦੇ ਭਤੀਜੇ ਸਾਗਰ ਅਡਾਨੀ, ਵਿਨੀਤ ਐੱਸ ਜੈਨ, ਰਣਜੀਤ ਗੁਪਤਾ, ਸਾਇਰਿਲ ਕੈਬੇਨਿਸ, ਸੌਰਭ ਅਗਰਵਾਲ, ਦੀਪਕ ਮਲਹੋਤਰਾ ਤੇ ਰੁਪੇਸ਼ ਅਗਰਵਾਲ ਨੂੰ ਮੁਲਜ਼ਮ ਬਣਾਇਆ ਗਿਆ। ਇਕ ਰਿਪੋਰਟ ਮੁਤਾਬਕ ਗੌਤਮ ਅਡਾਨੀ ਤੇ ਸਾਗਰ ਖਿਲਾਫ ਗ੍ਰਿਫਤਾਰੀ ਵਾਰੰਟ ਵੀ ਜਾਰੀ ਕੀਤਾ ਗਿਆ ਹੈ। ਸਾਗਰ ਅਡਾਨੀ ਗ੍ਰੀਨ ਐਨਰਜੀ ਲਿਮਟਿਡ ਨੂੰ ਸੰਭਾਲਦੇ ਹਨ।

ਅਡਾਨੀ 'ਤੇ ਦੋਸ਼ ਹੈ ਕਿ ਰਿਸ਼ਵਤ ਦੇ ਪੈਸਿਆਂ ਨੂੰ ਜੁਟਾਉਣ ਲਈ ਉਨ੍ਹਾ ਅਮਰੀਕੀ ਨਿਵੇਸ਼ਕਾਂ ਤੇ ਬੈਂਕਾਂ ਨਾਲ ਝੂਠ ਬੋਲਿਆ। ਅਮਰੀਕਾ ਵਿੱਚ ਮਾਮਲਾ ਇਸ ਕਰਕੇ ਦਰਜ ਹੋਇਆ, ਕਿਉਂਕਿ ਪ੍ਰੋਜੈਕਟ 'ਚ ਅਮਰੀਕਾ ਦੇ ਨਿਵੇਸ਼ਕਾਂ ਦਾ ਪੈਸਾ ਲੱਗਾ ਸੀ ਅਤੇ ਅਮਰੀਕੀ ਕਾਨੂੰਨ ਤਹਿਤ ਉਸ ਪੈਸੇ ਨੂੰ ਰਿਸ਼ਵਤ ਵਜੋਂ ਦੇਣਾ ਅਪਰਾਧ ਹੈ।

ਅਡਾਨੀ ਗਰੁੱਪ ਨੇ ਬਿਆਨ ਵਿਚ ਕਿਹਾ ਹੈ ਕਿ ਅਡਾਨੀ ਗ੍ਰੀਨ ਐਨਰਜੀ ਲਿਮਟਿਡ ਦੇ ਡਾਇਰੈਕਟਰਾਂ ਖਿਲਾਫ ਅਮਰੀਕੀ ਨਿਆਂ ਵਿਭਾਗ ਤੇ ਅਮਰੀਕੀ ਸਕਿਊਰਿਟੀਜ਼ ਐਂਡ ਐਕਸਚੇਂਜ ਕਮਿਸ਼ਨ ਵੱਲੋਂ ਲਾਏ ਗਏ ਸਾਰੇ ਦੋਸ਼ ਬੇਬੁਨਿਆਦ ਹਨ। ਗਰੁੱਪ ਇਨ੍ਹਾਂ ਦਾ ਖੰਡਨ ਕਰਦਾ ਹੈ। ਅਮਰੀਕੀ ਨਿਆਂ ਵਿਭਾਗ ਨੇ ਖੁਦ ਹੀ ਕਿਹਾ ਹੈ ਕਿ ਅਜੇ ਇਹ ਸਿਰਫ ਦੋਸ਼ ਹਨ। ਮੁਲਜ਼ਮਾਂ ਨੂੰ ਉਦੋਂ ਤੱਕ ਬੇਗੁਨਾਹ ਮੰਨਿਆ ਜਾਂਦਾ ਹੈ, ਜਦੋਂ ਤੱਕ ਉਹ ਦੋਸ਼ੀ ਸਾਬਤ ਨਾ ਹੋ ਜਾਣ। ਅਡਾਨੀ ਗਰੁੱਪ ਨੇ ਬੁੱਧਵਾਰ ਹੀ 20 ਸਾਲਾ ਗ੍ਰੀਨ ਬਾਂਡ ਦੀ ਵਿਕਰੀ ਨਾਲ 600 ਮਿਲੀਅਨ ਡਾਲਰ (5064 ਕਰੋੜ ਰੁਪਏ) ਜੁਟਾਉਣ ਦਾ ਐਲਾਨ ਕੀਤਾ ਸੀ। ਇਸ ਦੇ ਕੁਝ ਘੰਟਿਆਂ ਬਾਅਦ ਉਨ੍ਹਾਂ 'ਤੇ ਧੋਖਾਧੜੀ ਦੇ ਦੋਸ਼ ਲਾਏ ਗਏ। ਅਡਾਨੀ ਗਰੁੱਪ ਨੇ ਬਾਂਡ ਦੀ ਪੇਸ਼ਕਸ਼ ਰੋਕ ਦਿੱਤੀ ਹੈ। ਦੋਸ਼ ਲੱਗਣ ਤੋਂ ਬਾਅਦ ਅਡਾਨੀ ਗਰੁੱਪ ਦੀਆਂ ਕੰਪਨੀਆਂ ਦੇ ਸ਼ੇਅਰਾਂ ਵਿੱਚ ਵੀਰਵਾਰ ਜ਼ਬਰਦਸਤ ਗਿਰਾਵਟ ਆਈ ਅਤੇ ਗੌਤਮ ਅਡਾਨੀ ਦੀ ਕੁਲ ਦੌਲਤ ਇੱਕ ਦਿਨ 'ਚ 12.1 ਬਿਲੀਅਨ ਡਾਲਰ (ਕਰੀਬ 1.02 ਲੱਖ ਕਰੋੜ ਰੁਪਏ) ਘਟ ਕੇ 57.7 ਬਿਲੀਅਨ ਡਾਲਰ (4.87 ਲੱਖ ਕਰੋੜ) ਰੁਪਏ ਰਹਿ ਗਈ। ਇਸ ਦੇ ਨਾਲ ਹੀ ਅਡਾਨੀ ਫੋਰਬਸ ਰੀਅਲ ਟਾਈਮ ਅਰਬਪਤੀਆਂ ਦੀ ਲਿਸਟ ਵਿੱਚ 25ਵੇਂ ਨੰਬਰ ਤੋਂ ਸਿੱਧੇ 22ਵੇਂ ਨੰਬਰ 'ਤੇ ਆ ਗਏ। ਹਾਲਾਂਕਿ ਇਸ ਦੇ ਬਾਅਦ ਵੀ ਮੁਕੇਸ਼ ਅੰਬਾਨੀ ਦੇ ਬਾਅਦ 62 ਸਾਲਾ ਗੌਤਮ ਅਡਾਨੀ ਦੂਜੇ ਸਭ ਤੋਂ ਅਮੀਰ ਭਾਰਤੀ ਬਣੇ ਹੋਏ ਹਨ। ਅਡਾਨੀ ਗਰੁੱਪ ਦੇ 10 ਸ਼ੇਅਰਾਂ ਵਿੱਚੋਂ 9 ਵਿੱਚ ਗਿਰਾਵਟ ਆਈ। ਅਡਾਨੀ ਇੰਟਰਪ੍ਰਾਈਜ਼ਿਜ਼ ਸਭ ਤੋਂ ਵੱਧ 23.44 ਫੀਸਦੀ ਡਿੱਗਿਆ, ਜਦਕਿ ਅਡਾਨੀ ਗ੍ਰੀਨ ਐਨਰਜੀ ਦਾ ਸ਼ੇਅਰ 18.95 ਫੀਸਦੀ ਦੀ ਗਿਰਾਵਟ ਨਾਲ ਬੰਦ ਹੋਇਆ। ਅਡਾਨੀ ਗ੍ਰੀਨ ਐਨਰਜੀ ਲਿਮਟਿਡ ਅਤੇ ਇੱਕ ਹੋਰ ਫਰਮ ਨੇ ਪ੍ਰੋਜੈਕਟ ਕਾਇਮ ਕਰਕੇ ਭਾਰਤ ਸਰਕਾਰ ਨੂੰ 12 ਗੀਗਾਵਾਟ ਸੂਰਜੀ ਊਰਜਾ ਵੇਚਣੀ ਹੈ, ਜੋ ਲੱਖਾਂ ਘਰਾਂ ਅਤੇ ਕਾਰੋਬਾਰਾਂ ਨੂੰ ਰੌਸ਼ਨੀ ਦੇਣ ਲਈ ਕਾਫੀ ਹੈ।

ਅਮਰੀਕੀ ਅਟਾਰਨੀ ਬ੍ਰਿਓਨ ਪੀਸ ਨੇ ਕਿਹਾ—ਬਚਾਅ ਪੱਖ ਨੇ ਇੱਕ ਵਿਸਤ੍ਰਿਤ ਯੋਜਨਾ ਤਿਆਰ ਕੀਤੀ ਅਤੇ ਸਾਡੇ ਵਿੱਤੀ ਬਾਜ਼ਾਰਾਂ ਦੀ ਅਖੰਡਤਾ ਦੀ ਕੀਮਤ 'ਤੇ ਆਪਣੇ ਆਪ ਨੂੰ ਅਮੀਰ ਬਣਾਉਣ ਦੀ ਕੋਸ਼ਿਸ਼ ਕੀਤੀ। ਡਿਪਟੀ ਅਸਿਸਟੈਂਟ ਅਟਾਰਨੀ ਜਨਰਲ ਲੀਜ਼ਾ ਮਿਲਰ ਨੇ ਕਿਹਾ ਕਿ ਅਡਾਨੀ ਅਤੇ ਉਸ ਦੇ ਸਾਥੀਆਂ ਨੇ ਅਮਰੀਕੀ ਨਿਵੇਸ਼ਕਾਂ ਦੇ ਖਰਚੇ 'ਤੇ ਭ੍ਰਿਸ਼ਟਾਚਾਰ ਅਤੇ ਧੋਖਾਧੜੀ ਦੇ ਜ਼ਰੀਏ ਵੱਡੇ ਸਰਕਾਰੀ ਊਰਜਾ ਸਪਲਾਈ ਦੇ ਠੇਕੇ ਪ੍ਰਾਪਤ ਕਰਨ ਦੀ ਕੋਸ਼ਿਸ਼ ਕੀਤੀ। ਅਮਰੀਕੀ ਸਕਿਉਰਟੀਜ਼ ਐਂਡ ਐਕਸਚੇਂਜ ਕਮਿਸ਼ਨ ਨੇ ਅਡਾਨੀ ਅਤੇ ਦੋ ਹੋਰਨਾਂ ਉੱਤੇ ਅਮਰੀਕੀ ਪ੍ਰਤੀਭੂਤੀਆਂ ਦੇ ਕਾਨੂੰਨਾਂ ਦੀਆਂ ਧੋਖਾਧੜੀ ਵਿਰੋਧੀ ਵਿਵਸਥਾਵਾਂ ਦੀ ਉਲੰਘਣਾ ਕਰਨ ਦਾ ਦੋਸ਼ ਲਗਾਇਆ। ਇਹ ਦੋਵੇਂ ਕੇਸ ਬਰੁਕਲਿਨ ਦੀ ਫੈਡਰਲ ਅਦਾਲਤ 'ਚ ਦਾਇਰ ਕੀਤੇ ਗਏ ਸਨ। ਸਾਗਰ ਅਡਾਨੀ ਦੇ ਵਕੀਲ ਸੀਨ ਹੈਕਰ ਨੇ ਟਿੱਪਣੀ ਕਰਨ ਤੋਂ ਇਨਕਾਰ ਕਰ ਦਿੱਤਾ ਅਤੇ ਬਾਕੀਆਂ ਨੇ ਤੁਰੰਤ ਜਵਾਬ ਨਹੀਂ ਦਿੱਤਾ।

## ਮੋਦੀ ਰਾਜ 'ਚ ਅਡਾਨੀ ਦੀ ਗ੍ਰਿਫਤਾਰੀ ਨਹੀਂ ਹੋਣੀ : ਰਾਹੁਲ



ਗੌਤਮ ਅਡਾਨੀ ਦੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਇੱਕ ਪੁਰਾਣੀ ਤਸਵੀਰ

**ਨਵੀਂ ਦਿੱਲੀ** : ਅਮਰੀਕਾ ਵਿਚ ਕਥਿਤ ਰਿਸ਼ਵਤਖੋਰੀ ਅਤੇ ਧੋਖਾਧੜੀ ਦੇ ਦੋਸ਼ਾਂ ਤੋਂ ਬਾਅਦ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਵੀਰਵਾਰ ਗੌਤਮ ਅਡਾਨੀ ਨੂੰ ਤੁਰੰਤ ਗ੍ਰਿਫਤਾਰ ਕਰਨ ਦੀ ਮੰਗ ਕੀਤੀ ਹੈ। ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਰਾਹੁਲ ਨੇ ਕਿਹਾ ਕਿ ਇਹ ਹੁਣ ਸਪੱਸ਼ਟ ਹੋ ਗਿਆ ਹੈ ਕਿ ਕਾਰੋਬਾਰੀ ਨੇ ਭਾਰਤੀ ਅਤੇ ਅਮਰੀਕੀ ਕਾਨੂੰਨਾਂ ਨੂੰ ਤੋੜਿਆ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ 'ਏਕ ਹੈਂ ਤੋ ਸੇਫ ਹੈਂ' ਨਾਅਰੇ 'ਤੇ ਤਨਜ਼ ਕੱਸਦਿਆਂ ਰਾਹੁਲ ਨੇ ਕਿਹਾ ਕਿ ਜਦੋਂ ਤੱਕ ਪ੍ਰਧਾਨ ਮੰਤਰੀ ਅਤੇ ਅਡਾਨੀ ਇਕੱਠੇ ਹਨ, ਉਹ (ਅਡਾਨੀ) ਭਾਰਤ 'ਚ ਸੁਰੱਖਿਅਤ ਹਨ।

ਉਨ੍ਹਾ ਕਿਹਾ ਕਿ ਅਡਾਨੀ ਨੂੰ ਤੁਰੰਤ ਗ੍ਰਿਫਤਾਰ ਕੀਤਾ ਜਾਣਾ ਚਾਹੀਦਾ ਹੈ ਅਤੇ ਪੁੱਛਗਿੱਛ ਕੀਤੀ ਜਾਣੀ ਚਾਹੀਦੀ ਹੈ। ਰਾਹੁਲ ਨੇ ਅੱਗੇ ਕਿਹਾ ਕਿ ਉਹ ਸੋਮਵਾਰ ਤੋਂ ਸ਼ੁਰੂ ਹੋ ਰਹੇ ਸੰਸਦ ਦੇ ਸਰਦ ਰੁੱਤ ਸੈਸ਼ਨ ਦੌਰਾਨ ਇਹ ਮੁੱਦਾ ਉਠਾਉਣਗੇ। ਉਨ੍ਹਾ ਇਹ ਵੀ ਕਿਹਾ ਕਿ ਵਿਰੋਧੀ ਧਿਰ ਦੀ ਸਾਂਝੀ ਸੰਸਦੀ ਕਮੇਟੀ ਜਾਂਚ ਦੀ ਮੰਗ ਹੈ। ਉਨ੍ਹਾ ਦੋਸ਼ ਲਾਉਂਦਿਆਂ ਕਿਹਾ—ਮੈਂ ਗਾਰੰਟੀ ਦੇ ਸਕਦਾ ਹਾਂ ਕਿ ਭਾਰਤ 'ਚ ਅਡਾਨੀ ਨੂੰ ਗ੍ਰਿਫਤਾਰ ਨਹੀਂ ਕੀਤਾ ਜਾ ਸਕਦਾ ਜਾਂ ਉਨ੍ਹਾ ਖਿਲਾਫ ਜਾਂਚ ਨਹੀਂ ਕੀਤੀ ਜਾਵੇਗੀ, ਕਿਉਂਕਿ ਮੋਦੀ ਸਰਕਾਰ ਉਹਨਾ ਦੀ ਸੁਰੱਖਿਆ ਕਰ ਰਹੀ ਹੈ। ਜਾਂਚ 'ਚ ਸਾਰੇ ਰਾਜ਼ ਸ਼ਾਮਲ ਹੋਣੇ ਚਾਹੀਦੇ ਹਨ, ਚਾਹੇ ਕੋਈ ਵੀ ਪਾਰਟੀ ਸੱਤਾ ਵਿੱਚ ਹੋਵੇ।

## ਸਿੱਖਾਂ ਦਾ ਮਖੌਲ ਉਡਾਉਣ ਵਾਲੇ ਚੁਟਕਲਿਆਂ ਦਾ ਕੇਸ ਸੁਪਰੀਮ ਕੋਰਟ ਸੁਣੇਗੀ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਵੀਰਵਾਰ ਦੱਸਿਆ ਕਿ ਉਹ ਸਿੱਖਾਂ ਦੇ ਚੁਟਕਲੇ ਦਿਖਾਉਣ ਵਾਲੀਆਂ ਵੈੱਬਸਾਈਟਾਂ 'ਤੇ ਪਾਬੰਦੀ ਲਗਾਉਣ ਲਈ ਨਿਰਦੇਸ਼ ਦੇਣ ਦੀ ਮੰਗ ਵਾਲੀ ਪਟੀਸ਼ਨ 'ਤੇ ਅੱਠ ਹਫਤਿਆਂ ਬਾਅਦ ਸੁਣਵਾਈ ਕਰੇਗੀ। ਇਨ੍ਹਾਂ ਵੈੱਬਸਾਈਟਾਂ 'ਤੇ ਸਿੱਖਾਂ ਨੂੰ ਗਲਤ ਰੂਪ ਵਿਚ ਪੇਸ਼ ਕਰਨ ਦੇ ਦੋਸ਼ ਲਾਏ ਗਏ ਹਨ।

ਜਸਟਿਸ ਬੀ ਆਰ ਗਵਈ ਅਤੇ ਜਸਟਿਸ ਕੇ ਵੀ ਵਿਸ਼ਵਾਨਾਥਨ ਦੀ ਬੈਂਚ ਨੇ ਕਿਹਾ ਕਿ ਇਹ ਇੱਕ ਮਹੱਤਵਪੂਰਨ ਮਾਮਲਾ ਹੈ।

ਪਟੀਸ਼ਨਰ ਹਰਵਿੰਦਰ ਚੌਧਰੀ ਨੇ ਬੈਂਚ ਨੂੰ ਸੂਚਿਤ ਕੀਤਾ ਕਿ ਉਹ ਇਸ ਮਾਮਲੇ 'ਚ ਆਪਣੇ ਸੁਝਾਅ ਤੇ ਹੋਰ ਧਿਰਾਂ ਦੇ ਸੁਝਾਅ ਛੋਟੇ ਸੰਗ੍ਰਹਿ ਵਜੋਂ ਪੇਸ਼ ਕਰੇਗੀ। ਬੈਂਚ ਨੇ ਉਸ ਨੂੰ ਅੱਠ ਹਫਤਿਆਂ ਦਾ ਸਮਾਂ ਦਿੰਦਿਆਂ ਇਸ ਮਾਮਲੇ ਨੂੰ ਸੂਚੀਬੱਧ ਕੀਤਾ। ਸੁਣਵਾਈ ਮੌਕੇ ਚੌਧਰੀ ਨੇ ਸਿੱਖ ਭਾਈਚਾਰੇ ਦੀਆਂ ਔਰਤਾਂ ਦੀਆਂ ਸ਼ਿਕਾਇਤਾਂ ਨੂੰ ਉਜਾਗਰ ਕੀਤਾ।

ਉਸ ਨੇ ਕਿਹਾ ਕਿ ਇਨ੍ਹਾਂ ਔਰਤਾਂ ਦੇ ਪਹਿਰਾਵੇ ਦਾ ਮਜ਼ਾਕ ਉਡਾਇਆ ਜਾਂਦਾ ਸੀ ਤੇ ਉਨ੍ਹਾਂ ਦੇ ਬੱਚਿਆਂ ਨੂੰ ਸਕੂਲਾਂ 'ਚ ਧੱਕੇਸ਼ਾਹੀ ਨਾਲ ਜੂਝਣਾ ਪੈਂਦਾ ਸੀ। ਪਟੀਸ਼ਨਕਰਤਾ ਨੇ ਇੱਕ ਘਟਨਾ ਦਾ ਹਵਾਲਾ ਦਿੱਤਾ, ਜਿਸ 'ਚ ਇੱਕ ਮੁੰਡੇ ਨੇ ਕਥਿਤ ਤੌਰ 'ਤੇ ਸਕੂਲ 'ਚ ਧੱਕੇਸ਼ਾਹੀ ਕਾਰਨ ਖੁਦਕੁਸ਼ੀ ਕਰ ਲਈ ਸੀ।

ਪਟੀਸ਼ਨ 'ਚ ਕਿਹਾ ਗਿਆ ਹੈ ਕਿ ਅਜਿਹੀਆਂ ਵੈੱਬਸਾਈਟਾਂ, ਜੋ ਸਰਦਾਰਾਂ ਜਾਂ ਸਿੱਖਾਂ 'ਤੇ ਚੁਟਕਲੇ ਬਣਾਉਂਦੀਆਂ ਹਨ, ਉਨ੍ਹਾਂ 'ਤੇ ਸਨਮਾਨ ਨਾਲ ਜਿਊਣ ਦੇ ਮੌਲਿਕ ਅਧਿਕਾਰ ਦੀ ਉਲੰਘਣਾ ਕਰਨ 'ਤੇ ਪਾਬੰਦੀ ਲਗਾਈ ਜਾਣੀ ਚਾਹੀਦੀ ਹੈ।

## ਨਿੱਕੀ ਹੇਲੀ ਵੱਲੋਂ ਤੁਲਸੀ ਗਬਾਰਡ ਦੀ ਨਿਯੁਕਤੀ ਦਾ ਵਿਰੋਧ

**ਵਾਸ਼ਿੰਗਟਨ** : ਸੰਯੁਕਤ ਰਾਸ਼ਟਰ 'ਚ ਅਮਰੀਕਾ ਦੀ ਰਾਜਦੂਤ ਰਹੀ ਨਿੱਕੀ ਹੇਲੀ ਨੇ ਮੁਲਕ ਦੇ ਚੁਣੇ ਹੋਏ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਤੁਲਸੀ ਗਬਾਰਡ ਨੂੰ ਨੈਸ਼ਨਲ ਇੰਟੈਲੀਜੈਂਸ ਦੀ ਡਾਇਰੈਕਟਰ ਨਿਯੁਕਤ ਕੀਤੇ ਜਾਣ ਦਾ ਵਿਰੋਧ ਕੀਤਾ ਹੈ ਤੇ ਗਬਾਰਡ ਨੂੰ ਰੂਸ, ਸੀਰੀਆ, ਈਰਾਨ ਅਤੇ ਚੀਨ ਵਰਗੇ ਮੁਲਕਾਂ ਦੀ ਹਮਦਰਦ ਦੱਸਿਆ ਹੈ। ਹੇਲੀ ਨੇ ਟਰੰਪ ਵੱਲੋਂ ਆਪਣੇ ਪਿਛਲੇ ਕਾਰਜਕਾਲ ਦੌਰਾਨ ਈਰਾਨ ਨਾਲ ਪ੍ਰਮਾਣੂ ਸਮਝੌਤਾ ਤੋੜੇ ਜਾਣ ਦੇ ਗਬਾਰਡ ਵੱਲੋਂ ਕੀਤੇ ਗਏ ਵਿਰੋਧ, ਸੀਰੀਆ 'ਚ ਰਸਾਇਣਕ ਹਥਿਆਰਾਂ ਦੇ ਹਮਲਿਆਂ 'ਚ ਬਸ਼ਰ ਅਲ-ਅਸਦ ਦੀ ਸ਼ਮੂਲੀਅਤ ਉਤੇ ਸ਼ੱਕ ਕੀਤੇ ਜਾਣ ਅਤੇ ਯੂਕਰੇਨ 'ਚ ਚੱਲ ਰਹੀ ਜੰਗ ਬਾਰੇ ਤੁਲਸੀ ਦੀਆਂ ਟਿੱਪਣੀਆਂ ਲਈ ਉਸ ਦੀ ਆਲੋਚਨਾ ਕੀਤੀ ਹੈ। ਗੌਰਤਲਬ ਹੈ ਕਿ ਗਬਾਰਡ ਨੇ ਰੂਸ ਦੇ ਯੂਕਰੇਨ ਉਤੇ ਹਮਲੇ ਲਈ ਨਾਟੋ ਨੂੰ ਦੋਸ਼ੀ ਠਹਿਰਾਇਆ ਸੀ।

## ਆਪ ਨੇ ਦਿੱਲੀ 'ਚ 11 ਉਮੀਦਵਾਰ ਐਲਾਨੇ

**ਨਵੀਂ ਦਿੱਲੀ** : ਆਪ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਰਿਹਾਇਸ਼ 'ਤੇ ਪਾਰਟੀ ਦੀ ਸਿਆਸੀ ਮਾਮਲਿਆਂ ਬਾਰੇ ਕਮੇਟੀ ਦੀ ਬੁੱਧਵਾਰ ਹੋਈ ਮੀਟਿੰਗ ਤੋਂ ਬਾਅਦ ਪਾਰਟੀ ਨੇ ਦਿੱਲੀ ਵਿਧਾਨ ਸਭਾ ਚੋਣਾਂ ਲਈ ਆਪਣੇ 11 ਉਮੀਦਵਾਰਾਂ ਦੀ ਪਹਿਲੀ ਸੂਚੀ ਜਾਰੀ ਕਰ ਦਿੱਤੀ। ਇਨ੍ਹਾਂ ਵਿੱਚ 6 ਉਮੀਦਵਾਰ ਭਾਜਪਾ ਅਤੇ ਕਾਂਗਰਸ ਪਾਰਟੀ ਛੱਡ ਕੇ ਆਏ ਹਨ। ਬ੍ਰਹਮਾ ਸਿੰਘ ਤੰਵਰ ਨੂੰ ਹਲਕਾ ਛਤਰਪੁਰ, ਅਨਿਲ ਝਾਅ ਨੂੰ ਕਿਰਾੜੀ, ਦੀਪਕ ਸਿੰਗਲਾ ਨੂੰ ਵਿਸ਼ਵਾਸ ਨਗਰ, ਸਰਿਤਾ ਸਿੰਘ ਨੂੰ ਰੋਹਤਾਸ ਨਗਰ, ਬੀ ਬੀ ਤਿਆਗੀ ਨੂੰ ਲਕਸ਼ਮੀ ਨਗਰ, ਰਾਮ ਸਿੰਘ ਨੇਤਾ ਜੀ ਨੂੰ ਬਦਰਪੁਰ, ਜ਼ੁਬੈਰ ਚੌਧਰੀ ਨੂੰ ਸੀਲਮਪੁਰ, ਵੀਰ ਸਿੰਘ ਧੀਂਗਾਨ ਨੂੰ ਸੀਮਾਪੁਰੀ, ਗੌਰਵ ਸ਼ਰਮਾ ਨੂੰ ਘੋਂਡਾ, ਮਨੋਜ ਤਿਆਗੀ ਨੂੰ ਕਰਾਵਲ ਨਗਰ ਅਤੇ ਸੋਮੇਸ਼ ਸ਼ੌਕੀਨ ਨੂੰ ਮਟਿਆਲਾ ਤੋਂ ਉਮੀਦਵਾਰ ਬਣਾਇਆ ਗਿਆ ਹੈ।

## ਕੈਨੇਡਾ 'ਚ ਰਿਕਾਰਡ ਨਸ਼ੇ ਸਮੇਤ ਤਿੰਨ ਜਣੇ ਗ੍ਰਿਫਤਾਰ

**ਵੈਨਕੂਵਰ** : ਸਰੀ ਪੁਲਸ ਨੇ ਕਈ ਮਹੀਨਿਆਂ ਦੀ ਜਾਂਚ ਤੋਂ ਬਾਅਦ ਨਸ਼ਿਆਂ ਦੀ ਰਿਕਾਰਡ ਖੇਪ, ਮਾਰੂ ਅਸਲਾ ਤੇ ਚੋਰੀ ਦੇ ਤਿੰਨ ਵਾਹਨਾਂ ਸਮੇਤ ਤਿੰਨ ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਹੈ। ਏਨਾ ਨਸ਼ਾ ਫੜਿਆ ਜਾਣਾ ਹੁਣ ਤੱਕ ਦਾ ਰਿਕਾਰਡ ਹੈ। ਪੁਲਸ ਦੀ ਤਰਜਮਾਨ ਸਰਬਜੀਤ ਸੰਘਾ ਨੇ ਦੱਸਿਆ ਕਿ ਨਸ਼ੇ ਵਜੋਂ 36 ਕਿੱਲੋ ਫੈਂਟਾਨਿਲ, 23 ਕਿੱਲੋ ਐੱਮ ਡੀ ਐੱਮ ਏ, 23 ਕਿੱਲੋ ਮੈਥਾਫੈਟਮਾਈਨ, 24 ਕਿੱਲੋ ਕੋਕੀਨ, 16 ਕਿੱਲੋ ਬੈਂਜੋਡਾਇਪਾਈਨ, 1900 ਕੈਮੀਕਲ ਗੋਲੀਆਂ ਸਮੇਤ 11 ਕਿੱਲੋ ਹੋਰ ਤੇਜ਼ ਕੈਮੀਕਲ ਸ਼ਾਮਲ ਹਨ, ਜਿਨ੍ਹਾਂ ਤੋਂ ਕਈ ਗੁਣਾ ਹੋਰ ਨਸ਼ਾ ਬਣਾਇਆ ਜਾਣਾ ਸੀ। ਤਿੰਨਾਂ ਤੋਂ 1 ਲੱਖ 19 ਹਜ਼ਾਰ ਡਾਲਰ ਨਕਦੀ, ਕਈ ਕਾਰਤੂਸਾਂ ਸਮੇਤ 6 ਮਾਰੂ ਹਥਿਆਰ ਅਤੇ ਚੋਰੀ ਦੀਆਂ ਤਿੰਨ ਕਾਰਾਂ ਵੀ ਮਿਲੀਆਂ ਹਨ। ਬੀਬੀ ਸੰਘਾ ਨੇ ਕਿਹਾ ਕਿ ਫੜੇ ਗਏ ਸਾਮਾਨ ਦੀ ਬਾਜ਼ਾਰੀ ਕੀਮਤ ਸਾਢੇ 6 ਕਰੋੜ ਡਾਲਰ (ਕਰੀਬ 400 ਕਰੋੜ ਰੁਪਏ) ਬਣਦੀ ਹੈ। ਅਸਲੇ, ਨਕਦੀ ਅਤੇ ਕਾਰਾਂ ਦੀ ਕੀਮਤ ਇਸ ਤੋਂ ਵੱਖਰੀ ਹੈ।

ਪੁਲਸ ਨੇ ਫੜੇ ਤਿੰਨਾਂ ਲੋਕਾਂ ਦੀ ਪਛਾਣ ਤਾਂ ਜਾਰੀ ਨਹੀਂ ਕੀਤੀ, ਪਰ ਇਹ ਦੱਸਿਆ ਕਿ ਤਿੰਨੇ 24 ਤੋਂ 47 ਸਾਲ ਦੀ ਉਮਰ ਦੇ ਹਨ। ਬੀਬੀ ਸੰਘਾ ਨੇ ਦਾਅਵਾ ਕੀਤਾ ਕਿ ਨਸ਼ਿਆਂ ਦੀ ਖੇਪ ਫੜ ਕੇ ਇਸ ਨੂੰ ਲੱਖਾਂ ਨਸ਼ੇੜੀਆਂ ਤੱਕ ਪੁੱਜਣ ਤੋਂ ਰੋਕ ਲਿਆ ਗਿਆ ਹੈ ਤੇ ਇਸ ਦੀ ਓਵਰਡੋਜ਼ ਕਾਰਨ ਮਰਨ ਵਾਲੇ ਸੈਂਕੜੇ ਲੋਕਾਂ ਦੀ ਜਾਨ ਬਚਾ ਲਈ ਗਈ ਹੈ। ਬੀਬੀ ਸੰਘਾ ਨੇ ਮੰਨਿਆ ਕਿ ਇਸ ਗਰੋਹ ਦਾ ਪਿਛਲੇ ਮਹੀਨੇ ਫੜੀ ਗਈ ਨਸ਼ਾ ਲੈਬ ਨਾਲ ਕਿਸੇ ਤਰ੍ਹਾਂ ਦਾ ਸੰਬੰਧ ਹੋਣ ਦੇ ਸਬੂਤ ਨਹੀਂ ਮਿਲੇ। ਉਸ ਨੇ ਕਿਹਾ ਕਿ ਗਰੋਹ ਦੇ ਅੱਡੇ ਸਰੀ, ਰਿਚਮੰਡ, ਵੈਨਕੂਵਰ ਤੇ ਕੁਇਟਲਮ ਸ਼ਹਿਰਾਂ 'ਚ ਸਨ।

## ਕੇਜਰੀਵਾਲ ਖਿਲਾਫ ਕੇਸ 'ਤੇ ਰੋਕ ਲਾਉਣ ਤੋਂ ਇਨਕਾਰ

**ਨਵੀਂ ਦਿੱਲੀ** : ਦਿੱਲੀ ਹਾਈ ਕੋਰਟ ਨੇ ਵੀਰਵਾਰ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਖਿਲਾਫ ਮੁਕੱਦਮੇ ਦੀ ਕਾਰਵਾਈ 'ਤੇ ਰੋਕ ਲਗਾਉਣ ਤੋਂ ਇਨਕਾਰ ਕਰ ਦਿੱਤਾ। ਕੇਜਰੀਵਾਲ 'ਤੇ ਆਬਕਾਰੀ ਨੀਤੀ ਵਿਚ ਬੇਨੇਮੀਆਂ ਦੇ ਦੋਸ਼ ਲਾਏ ਗਏ ਹਨ ਤੇ ਅਦਾਲਤ ਇਸ ਮਾਮਲੇ ਦੀ ਸੁਣਵਾਈ ਕਰ ਰਹੀ ਹੈ। ਜਸਟਿਸ ਮਨੋਜ ਕੁਮਾਰ ਓਹਰੀ ਨੇ ਕੇਸ 'ਚ ਚਾਰਜਸ਼ੀਟ ਦਾ ਨੋਟਿਸ ਲੈਂਦਿਆਂ ਹੇਠਲੀ ਅਦਾਲਤ ਦੇ ਆਦੇਸ਼ ਨੂੰ ਚੁਣੌਤੀ ਦੇਣ ਵਾਲੀ ਕੇਜਰੀਵਾਲ ਦੀ ਪਟੀਸ਼ਨ 'ਤੇ ਜਾਂਚ ਏਜੰਸੀ ਈ ਡੀ ਤੋਂ ਜਵਾਬ ਮੰਗਿਆ ਹੈ। ਅਗਲੀ ਸੁਣਵਾਈ 20 ਦਸੰਬਰ ਨੂੰ ਹੋਵੇਗੀ। ਕੇਜਰੀਵਾਲ ਨੇ ਦਲੀਲ ਦਿੱਤੀ ਸੀ ਕਿ ਉਸ 'ਤੇ ਕੇਸ ਚਲਾਉਣ ਲਈ ਬਣਦੀ ਮਨਜ਼ੂਰੀ ਨਹੀਂ ਲਈ ਗਈ ਸੀ, ਕਿਉਂਕਿ ਉਹ ਉਸ ਵੇਲੇ ਜਨਤਕ ਅਹੁਦੇ 'ਤੇ ਸੀ। ਸਾਲੀਸਿਟਰ ਜਨਰਲ ਤੁਸ਼ਾਰ ਮਹਿਤਾ ਨੇ ਈ ਡੀ ਵੱਲੋਂ ਪੇਸ਼ ਹੁੰਦਿਆਂ ਕਿਹਾ ਕਿ ਕੇਜਰੀਵਾਲ ਖਿਲਾਫ ਕੇਸ ਚਲਾਉਣ ਲਈ ਮਨਜ਼ੂਰੀ ਪ੍ਰਾਪਤ ਕੀਤੀ ਗਈ ਸੀ ਅਤੇ ਉਹ ਇਸ ਸੰਬੰਧੀ ਹਲਫਨਾਮਾ ਦਾਇਰ ਕਰਨਗੇ।

## ਬੱਚਿਆਂ ਨੂੰ ਸੋਸ਼ਲ ਮੀਡੀਆ ਦੇ ਮਾੜੇ ਅਸਰਾਂ ਤੋਂ ਬਚਾਉਣ ਲਈ ਬਿੱਲ ਆਸਟ੍ਰੇਲੀਅਨ ਸੰਸਦ 'ਚ ਪੇਸ਼



**ਮੈਲਬੌਰਨ** : ਆਸਟ੍ਰੇਲੀਆ ਦੇ ਸੰਚਾਰ ਮੰਤਰੀ ਨੇ ਆਨਲਾਈਨ ਸੁਰੱਖਿਆ ਤਹਿਤ ਮਾਪਿਆਂ ਲਈ ਸਭ ਤੋਂ ਮੁਸ਼ਕਲ ਚੁਣੌਤੀਆਂ ਵਿੱਚੋਂ ਇੱਕ ਸੋਸ਼ਲ ਮੀਡੀਆ 'ਤੇ ਪਾਬੰਦੀ ਵਾਲਾ ਵਿਸ਼ਵ ਦਾ ਪਹਿਲਾ ਬਿੱਲ ਸੰਸਦ ਵਿਚ ਪੇਸ਼ ਕੀਤਾ, ਜੋ 16 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਸੋਸ਼ਲ ਮੀਡੀਆ 'ਤੇ ਪਾਬੰਦੀ ਲਗਾਵੇਗਾ।

ਮਿਸ਼ੇਲ ਰੋਲੈਂਡ ਨੇ ਕਿਹਾ ਕਿ ਟਿਕਟਾਕ, ਫੇਸਬੁੱਕ, ਸਨੈਪਚੈਟ, ਰੈਡਿਟ, ਐੱਕਸ ਤੇ ਇੰਸਟਗਰਾਮ ਉਨ੍ਹਾਂ ਪਲੇਟਫਾਰਮਾਂ 'ਚ ਹਨ, ਜੋ ਛੋਟੇ ਬੱਚਿਆਂ ਨੂੰ ਖਾਤੇ ਰੱਖਣ ਤੋਂ ਰੋਕਣ ਲਈ ਪ੍ਰਣਾਲੀਗਤ ਅਸਫਲਤਾਵਾਂ ਲਈ 5 ਕਰੋੜ ਆਸਟ੍ਰੇਲੀਆਈ ਡਾਲਰਾਂ ਤੱਕ ਦੇ ਜੁਰਮਾਨੇ ਦਾ ਸਾਹਮਣਾ ਕਰਨਗੇ। ਰੋਲੈਂਡ ਨੇ ਸੰਸਦ ਨੂੰ ਦੱਸਿਆ—ਇਹ ਬਿੱਲ ਸਮਾਜ 'ਚ ਨਵਾਂ ਆਦਰਸ਼ ਮੁੱਲ ਸਥਾਪਤ ਕਰਨ ਦੀ ਕੋਸ਼ਿਸ਼ ਕਰਦਾ ਹੈ ਕਿ ਸੋਸ਼ਲ ਮੀਡੀਆ ਤੱਕ ਪਹੁੰਚ ਕਰਨਾ ਆਸਟ੍ਰੇਲੀਆ 'ਚ ਵੱਡੇ ਹੋਣ ਦੀ ਵਿਸ਼ੇਸ਼ਤਾ ਨਹੀਂ ਹੈ।

ਉਨ੍ਹਾ ਕਿਹਾ ਕਿ ਇਸ ਗੱਲ ਦੀ ਵਿਆਪਕ ਮਾਨਤਾ ਹੈ ਕਿ ਨੌਜਵਾਨ, ਅੱਲੜ੍ਹਾਂ ਅਤੇ ਬੱਚਿਆਂ ਨੂੰ ਅਨਫਿਲਟਰਡ ਅਤੇ ਬੇਅੰਤ ਸਮਗਰੀ ਦੀਆਂ ਧਾਰਾਵਾਂ ਦੇ ਸੰਪਰਕ 'ਚ ਆਉਣ ਤੋਂ ਰੋਕਣ 'ਚ ਮਦਦ ਲਈ ਤੁਰੰਤ ਕੁਝ ਕੀਤਾ ਜਾਣਾ ਚਾਹੀਦਾ ਹੈ। ਬਿੱਲ ਨੂੰ ਵਿਆਪਕ ਸਿਆਸੀ ਸਮਰਥਨ ਹਾਸਲ ਹੈ। ਇਸ ਦੇ ਕਾਨੂੰਨ ਬਣਨ ਤੋਂ ਬਾਅਦ ਪਲੇਟਫਾਰਮਾਂ ਕੋਲ ਉਮਰ ਦੀ ਪਾਬੰਦੀ ਨੂੰ ਕਿਵੇਂ ਲਾਗੂ ਕਰਨਾ ਹੈ, ਇਸ ਬਾਰੇ ਕੰਮ ਕਰਨ ਲਈ ਇੱਕ ਸਾਲ ਦਾ ਸਮਾਂ ਹੋਵੇਗਾ।

ਰੌਲੈਂਡ ਨੇ ਕਿਹਾ ਕਿ ਬਹੁਤ ਸਾਰੇ ਆਸਟ੍ਰੇਲੀਅਨ ਨੌਜਵਾਨਾਂ ਲਈ ਸੋਸ਼ਲ ਮੀਡੀਆ ਨੁਕਸਾਨਦੇਹ ਹੋ ਸਕਦਾ ਹੈ। 14 ਤੋਂ 17 ਸਾਲ ਦੀ ਉਮਰ ਦੇ ਆਸਟ੍ਰੇਲੀਅਨਾਂ ਵਿੱਚੋਂ ਲਗਭਗ ਦੋ-ਤਿਹਾਈ ਲੋਕਾਂ ਨੇ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ, ਆਤਮ-ਹੱਤਿਆ ਜਾਂ ਸਵੈ-ਨੁਕਸਾਨ ਦੇ ਨਾਲ-ਨਾਲ ਹਿੰਸਕ ਸਮੱਗਰੀ ਸਮੇਤ ਬਹੁਤ ਹੀ ਨੁਕਸਾਨਦੇਹ ਸਮੱਗਰੀ ਆਨਲਾਈਨ ਦੇਖੀ ਹੈ। ਇੱਕ-ਚੌਥਾਈ 'ਚ ਅਸੁਰੱਖਿਅਤ ਖਾਣ-ਪੀਣ ਦੀਆਂ ਆਦਤਾਂ ਨੂੰ ਉਤਸ਼ਾਹਤ ਕਰਨ ਵਾਲੀ ਸਮੱਗਰੀ ਦਾ ਸਾਹਮਣਾ ਕੀਤਾ ਗਿਆ ਹੈ। ਵੇਰਵਿਆਂ ਅਨੁਸਾਰ ਸਰਕਾਰੀ ਖੋਜ ਨੇ ਪਾਇਆ ਕਿ 95 ਪ੍ਰਤੀਸ਼ਤ ਆਸਟ੍ਰੇਲੀਅਨ ਦੇਖਭਾਲ ਕਰਨ ਵਾਲਿਆਂ ਨੂੰ ਆਨਲਾਈਨ ਸੁਰੱਖਿਆ ਉਨ੍ਹਾਂ ਦੀ ਸਭ ਤੋਂ ਔਖੀ ਪਾਲਣ-ਪੋਸ਼ਣ ਚੁਣੌਤੀਆਂ ਵਿੱਚੋਂ ਇੱਕ ਹੈ। ਸੋਸ਼ਲ ਮੀਡੀਆ ਦੀ ਸਮਾਜਕ ਜ਼ਿੰਮੇਵਾਰੀ ਸੀ ਅਤੇ ਉਹ ਆਪਣੇ ਪਲੇਟਫਾਰਮਾਂ 'ਤੇ ਨੁਕਸਾਨਾਂ ਨੂੰ ਹੱਲ ਕਰਨ 'ਚ ਬਿਹਤਰ ਕੰਮ ਕਰ ਸਕਦੇ ਹਨ।

ਰੋਲੈਂਡ ਨੇ ਕਿਹਾ—ਇਹ ਨੌਜਵਾਨਾਂ ਦੀ ਰੱਖਿਆ ਕਰਨ, ਉਨ੍ਹਾਂ ਨੂੰ ਸਜ਼ਾ ਦੇਣ ਜਾਂ ਅਲੱਗ-ਥਲੱਗ ਕਰਨ ਬਾਰੇ ਨਹੀਂ ਹੈ। ਮਾਪਿਆਂ ਨੂੰ ਇਹ ਦੱਸਣਾ ਹੈ ਕਿ ਜਦੋਂ ਉਨ੍ਹਾਂ ਦੇ ਬੱਚਿਆਂ ਦੀ ਸਿਹਤ ਅਤੇ ਤੰਦਰੁਸਤੀ ਦਾ ਸਮਰਥਨ ਕਰਨ ਦੀ ਗੱਲ ਆਉਂਦੀ ਹੈ ਤਾਂ ਅਸੀਂ ਉਨ੍ਹਾਂ ਕੋਲ ਹਾਂ। ਬਾਲ ਭਲਾਈ ਅਤੇ ਇੰਟਰਨੈੱਟ ਮਾਹਰਾਂ ਨੇ ਪਾਬੰਦੀ ਬਾਰੇ ਚਿੰਤਾਵਾਂ ਜ਼ਾਹਰ ਕੀਤੀਆਂ ਹਨ, ਜਿਸ 'ਚ 14-15 ਸਾਲ ਦੇ ਬੱਚਿਆਂ ਨੂੰ ਉਨ੍ਹਾਂ ਦੇ ਪਹਿਲਾਂ ਤੋਂ ਸਥਾਪਤ ਆਨਲਾਈਨ ਸੋਸ਼ਲ ਨੈੱਟਵਰਕ ਤੋਂ ਅਲੱਗ ਕਰਨਾ ਸ਼ਾਮਲ ਹੈ। ਰੋਲੈਂਡ ਨੇ ਕਿਹਾ ਕਿ ਅਜਿਹੀਆਂ ਮੈਸੇਜਿੰਗ ਸੇਵਾਵਾਂ, ਆਨਲਾਈਨ ਗੇਮਾਂ ਜਾਂ ਪਲੇਟਫਾਰਮਾਂ 'ਤੇ ਉਮਰ ਦੀਆਂ ਪਾਬੰਦੀਆਂ ਨਹੀਂ ਲਗਾਈਆਂ ਜਾਣਗੀਆਂ, ਜੋ ਉਪਭੋਗਤਾਵਾਂ ਦੀ ਸਿਹਤ ਅਤੇ ਸਿੱਖਿਆ ਦਾ ਕਾਫੀ ਸਮਰਥਨ ਕਰਦੇ ਹਨ।

ਇੱਕ ਸਰਕਾਰੀ ਬਿਆਨ 'ਚ ਕਿਹਾ ਗਿਆ ਹੈ ਕਿ 16 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਸੋਸ਼ਲ ਮੀਡੀਆ ਤੋਂ ਹਟਾਉਣ ਤੋਂ ਇਲਾਵਾ ਆਸਟ੍ਰੇਲੀਆ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ● ਬਾਕੀ ਸਫ਼ਾ 2 'ਤੇ

## ਕੈਨੇਡਾ ਤੋਂ ਭਾਰਤ ਵੱਲ ਉਡਾਣਾਂ ਲੇਟ ਹੋਣੀਆਂ ਸ਼ੁਰੂ

**ਵੈਨਕੂਵਰ** : ਕੈਨੇਡਾ ਸਰਕਾਰ ਦੇ ਖੁਫੀਆ ਵਿਭਾਗ ਨੂੰ ਹਿੰਸਕ ਗਰੋਹਾਂ ਦੇ ਕਥਿਤ ਮਨਸੂਬਿਆਂ ਦੀ ਸੂਹ ਲੱਗਣ ਤੋਂ ਬਾਅਦ ਭਾਰਤ ਜਾਣ ਵਾਲੀਆਂ ਸਿੱਧੀਆਂ ਉਡਾਣਾਂ ਦੇ ਮੁਸਾਫਰਾਂ ਦੀ ਵਿਸ਼ੇਸ਼ ਤੇ ਸਖਤ ਜਾਂਚ ਕਾਰਨ ਯਾਤਰੀਆਂ ਦੀ ਪ੍ਰੇਸ਼ਾਨੀ ਵਧਣ ਦੇ ਨਾਲ-ਨਾਲ ਉਡਾਣਾਂ ਦੀ ਸਮਾਂ-ਸਾਰਣੀ ਪ੍ਰਭਾਵਤ ਹੋਣ ਲੱਗੀ ਹੈ। ਹਾਲਾਂਕਿ ਭਾਰਤ ਤੋਂ ਕੈਨੇਡਾ ਆਉਣ ਵਾਲੀਆਂ ਉਡਾਣਾਂ ਠੀਕ ਚੱਲ ਰਹੀਆਂ ਹਨ, ਕਿਉਂਕਿ ਉਨ੍ਹਾਂ ਲਈ ਅਜਿਹੀ ਕਿਸੇ ਖਾਸ ਜਾਂਚ ਦਾ ਪ੍ਰੋਟੋਕੋਲ ਲਾਗੂ ਨਹੀਂ ਕੀਤਾ ਗਿਆ।

ਕੈਨੇਡਾ ਸਰਕਾਰ ਵੱਲੋਂ ਕਿਸੇ ਵੀ ਤਰ੍ਹਾਂ ਦੇ ਜੋਖਮ ਤੋਂ ਬਚਾਅ ਵਜੋਂ ਉਠਾਏ ਇਹਤਿਆਤੀ ਕਦਮਾਂ ਕਾਰਨ ਟੋਰਾਂਟੋ, ਵੈਨਕੂਵਰ ਅਤੇ ਮੌਂਟਰੀਅਲ ਤੋਂ ਭਾਰਤ ਲਈ ਸਿੱਧੀਆਂ ਉਡਾਣਾਂ ਦੇ ਯਾਤਰੀਆਂ ਦੇ ਸਾਮਾਨ ਦੀ ਖਾਸ ਬਾਰੀਕੀ ਨਾਲ ਜਾਂਚ ਹੋਣ ਲੱਗੀ ਹੈ। ਉਨ੍ਹਾਂ ਦੇ ਸਾਮਾਨ ਵਾਲੇ ਸੂਟਕੇਸ ਹੁਣ ਐੱਕਸਰੇ ਮਸ਼ੀਨਾਂ 'ਚੋਂ ਲੰਘਾ ਕੇ ਜਹਾਜ਼ ਤੱਕ ਪੁਚਾਏ ਜਾਂਦੇ ਹਨ ਤੇ ਲਦਾਈ ਮੌਕੇ ਸਾਰੀ ਕਾਰਵਾਈ ਉੱਚ ਪੱਧਰੀ ਸੁਰੱਖਿਆ ਟੀਮ ਦੀ ਨਜ਼ਰ ਹੇਠ ਰਹਿੰਦੀ ਹੈ।

ਵਿਸ਼ੇਸ਼ ਜਾਂਚ ਕਾਰਨ ਜਹਾਜ਼ ਮਿੱਥੇ ਸਮੇਂ 'ਤੇ ਉਡਾਣ ਭਰਨ ਤੋਂ ਪਛੜ ਜਾਂਦੇ ਹਨ। ਬੁੱਧਵਾਰ ਨੂੰ ਟੋਰਾਂਟੋ ਤੋਂ ਏਅਰ ਇੰਡੀਆ ਦੀ ਉਡਾਣ ਰਾਹੀਂ ਵੀਰਵਾਰ ਨੂੰ ਦਿੱਲੀ ਪੁੱਜੇ ਮੁਸਾਫਰ ਜੋੜੇ ਨੇ ਦੱਸਿਆ ਕਿ ਵਿਸ਼ੇਸ਼ ਜਾਂਚ ਕਾਰਨ ਉਨ੍ਹਾਂ ਨੂੰ ਜਹਾਜ਼ ਤੱਕ ਪੁੱਜਣ ਲਈ ਲੰਮੀ ਕਤਾਰ 'ਚ ਡੇਢ ਘੰਟਾ ਖੜ੍ਹਨਾ ਪਿਆ। ਬੋਰਡਿੰਗ ਪਾਸ ਲੈ ਚੁੱਕੇ ਸਾਰੇ ਯਾਤਰੀ ਸਮੇਂ ਸਿਰ ਸਵਾਰ ਨਾ ਹੋਣ ਕਰਕੇ ਜਹਾਜ਼ ਟੋਰਾਂਟੋ ਤੋਂ ਇੱਕ ਘੰਟਾ ਦੇਰੀ ਨਾਲ ਉੱਡਿਆ ਤੇ ਰਸਤੇ ਵਿੱਚ ਪਾਇਲਟ ਵੱਲੋਂ ਉਨ੍ਹਾਂ ਨੂੰ ਆਲੇ-ਦੁਆਲੇ ਬੈਠੇ ਯਾਤਰੀਆਂ ਦੀਆਂ ਗਤੀਵਿਧੀਆਂ ਬਾਰੇ ਚੌਕਸ ਰਹਿਣ ਕਿਹਾ ਗਿਆ। ਇਸੇ ਤਰ੍ਹਾਂ ਵੈਨਕੂਵਰ ਤੋਂ ਦਿੱਲੀ ਵਾਲਾ ਜਹਾਜ਼ ਸਵੇਰੇ 10 ਵਜੇ ਦੀ ਥਾਂ ਦੁਪਹਿਰ ● ਬਾਕੀ ਸਫ਼ਾ 2 'ਤੇ

## ਅੱਜ-ਨਾਮਾ

ਫਸ ਗਿਆ ਫੇਰ ਅਡਾਨੀ ਤਾਂ ਪਿਆ ਰੌਲਾ,
ਕੇਸ ਰਿਸ਼ਵਤ ਦਾ ਹੋ ਗਿਆ ਦਰਜ ਬੇਲੀ।
ਜਿੱਡੇ ਪੱਧਰ ਦਾ ਮਾਮਲਾ ਉੱਠ ਪਿਆ ਈ,
ਸੁਣ-ਸੁਣ ਲੋਕ ਨੇ ਹੋਏ ਅਸਚਰਜ ਬੇਲੀ।
ਬਣਦੇ ਵਾਰੰਟ ਗ੍ਰਿਫਤਾਰੀ ਦੇ ਸੁਣੀਂਦੇ ਈ,
ਪਈ ਆ ਪੂਰੇ ਸੰਸਾਰ ਵਿੱਚ ਗਰਜ ਬੇਲੀ।
ਖੜੋਤੇ ਮੋਦੀ ਦੇ ਮਿੱਤਰ ਆ ਨਾਲ ਉਹਦੇ,
ਪਾਲਦੇ ਰਹਿਣਗੇ ਯਾਰੀ ਦਾ ਫਰਜ਼ ਬੇਲੀ।
ਕੀਤੀ ਜਿਨ੍ਹਾਂ ਨੇ ਕਦੀ ਨਹੀਂ ਲਾਜ ਪਹਿਲਾਂ,
ਯਾਰੀ ਗੌਤਮ ਦੀ ਸਕਣ ਨਹੀਂ ਛੱਡ ਬੇਲੀ।
ਹਿੱਸਾ-ਪੱਤੀ ਸਭ ਜਿਨ੍ਹਾਂ ਨੂੰ ਰਹੀ ਮਿਲਦੀ,
ਕਿਸ ਤਰ੍ਹਾਂ ਹੋਣਗੇ ਅੱਜ ਫਿਰ ਅੱਡ ਬੇਲੀ।

-ਤੀਸ ਮਾਰ ਖਾਂ

## ਮਾਨ ਵੱਲੋਂ ਗੁਰੂਆਂ, ਪੀਰਾਂ ਤੇ ਸ਼ਹੀਦਾਂ ਦੇ ਪੂਰਨਿਆਂ 'ਤੇ ਚੱਲਣ ਦਾ ਸੱਦਾ

**ਮੁਬਾਰਿਕਪੁਰ (ਮੁਹਾਲੀ)**
**(ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀਰਵਾਰ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਅਤੇ ਸੂਬੇ ਦੇ ਵਿਕਾਸ ਲਈ ਮਹਾਨ ਗੁਰੂਆਂ, ਸੰਤਾਂ-ਮਹਾਂਪੁਰਸ਼ਾਂ, ਪੀਰਾਂ-ਪੈਗੰਬਰਾਂ ਅਤੇ ਸ਼ਹੀਦਾਂ ਦੇ ਨਕਸ਼ੇ-ਕਦਮਾਂ 'ਤੇ ਚੱਲ ਰਹੀ ਹੈ।

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਦੀ ਮੌਜੂਦਗੀ ਵਿੱਚ ਜੈਨ ਭਗਵਤੀ ਦੀਕਸ਼ਾ ਮਹਾਂਉਤਸਵ ਦੇ ਮੌਕੇ ਸਮਾਗਮ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਮੁਖੀ ਹੋਣ ਦੇ ਨਾਤੇ ਸਾਰੇ ਵਸਨੀਕਾਂ ਦੇ ਹਿੱਤਾਂ ਦੀ ਰਾਖੀ ਕਰਨਾ ਉਨ੍ਹਾਂ ਦਾ ਫਰਜ਼ ਬਣਦਾ ਹੈ। ਉਨ੍ਹਾ ਕਿਹਾ ਕਿ ਪੰਜਾਬ ਉਹ ਮਹਾਨ ਅਤੇ ਪਵਿੱਤਰ ਧਰਤੀ ਹੈ, ਜਿੱਥੇ ਵੱਖ-ਵੱਖ ਧਰਮਾਂ, ਭਾਸ਼ਾਵਾਂ ਅਤੇ ਸਮਾਜ ਦੇ ਸਮੂਹ ਵਰਗਾਂ ਦੇ ਲੋਕ ਸ਼ਾਂਤੀ ਅਤੇ ਸਦਭਾਵਨਾ ਨਾਲ ਰਹਿੰਦੇ ਹਨ। ਮਾਨ ਨੇ ਕਿਹਾ ਕਿ ਉਨ੍ਹਾਂ ਨੂੰ ਇਸ ਧਰਤੀ ਦੀ ਸੇਵਾ ਕਰਨ ਲਈ ਲੋਕਾਂ ਵੱਲੋਂ ਵੱਡਾ ਫਤਵਾ ਦਿੱਤਾ ਗਿਆ ਹੈ ਅਤੇ ਇਸ ਨੇਕ ਕਾਰਜ ਲਈ ਉਨ੍ਹਾਂ ਵੱਲੋਂ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ, ਫੁੱਲਾਂ ਦੀਆਂ ਵੱਖ-ਵੱਖ ਵੰਨਗੀਆਂ ਹਰ ਕਿਸੇ ਦੀਆਂ ਅੱਖਾਂ ਨੂੰ ਸਕੂਨ ਦਿੰਦੀਆਂ ਹਨ, ਏਸੇ ਲਈ ਲੋਕ ਇਨ੍ਹਾਂ ਨੂੰ ਦੇਖਣ ਲਈ ਤਤਪਰ ਹੁੰਦੇ ਹਨ। ਇਸੇ ਤਰ੍ਹਾਂ ਹਰੇਕ ਸਮਾਜ ਵਿੱਚ ਹਰ ਧਰਮ ਦੀ ਸਦਭਾਵਨਾ ਅਤੇ ਸ਼ਾਂਤੀਪੂਰਨ ਸਹਿ-ਹੋਂਦ ਮੁਲਕ ਦੀ ਤਰੱਕੀ ਲਈ ਮਹੱਤਵਪੂਰਨ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਇਸ ਨੇਕ ਕਾਰਜ ਲਈ ਵਚਨਬੱਧ ਹੈ ਅਤੇ ਸੂਬੇ ਵਿੱਚ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਲਈ ਹਰ ਸੰਭਵ ਕਦਮ ਚੁੱਕਿਆ ਜਾ ਰਿਹਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਧਰਮ ਸਾਨੂੰ ਸਾਦਾ ਜੀਵਨ, ਉੱਚੀ ਸੋਚ ਅਤੇ ਅਹਿੰਸਾ ਦੇ ਸਿਧਾਂਤ ਨੂੰ ਅਧਿਆਤਮਿਕਤਾ ਦੇ ਮਾਰਗ ਰਾਹੀਂ ਮੁਕਤੀ ਪ੍ਰਾਪਤ ਕਰਨ ਦਾ ਉਪਦੇਸ਼ ਦਿੰਦਾ ਹੈ। ਉਨ੍ਹਾ ਕਿਹਾ ਕਿ ਹਰ ਧਰਮ ਦਾ ਸਦੀਵੀ ਸੰਦੇਸ਼ ਵਿਸ਼ਵ-ਵਿਆਪੀ ਭਾਈਚਾਰਾ, ਭਾਈਚਾਰਕ ਸਾਂਝ ਅਤੇ ਅਮਨ-ਸ਼ਾਂਤੀ ਹੈ, ਜੋ ਮੌਜੂਦਾ ਭੌਤਿਕਵਾਦੀ ਸਮਾਜ ਦੇ ਸੰਦਰਭ ਵਿੱਚ ਅੱਜ ਵੀ ਪ੍ਰਸੰਗਿਕ ਹੈ। ਭਗਵੰਤ ਸਿੰਘ ਮਾਨ ਨੇ ਲੋਕਾਂ ਨੂੰ ਸਮਾਜ ਵਿੱਚ ਧਰਮ ਨਿਰਪੱਖ, ਸਮਾਜਿਕ ਅਤੇ ਭਾਈਚਾਰਕ ਸਾਂਝ ਦੀਆਂ ਤੰਦਾਂ ਨੂੰ ਹੋਰ ਮਜ਼ਬੂਤ ਕਰਨ ਲਈ ਮਹਾਨ ਧਾਰਮਿਕ ਆਗੂਆਂ ਦੇ ਦਰਸਾਏ ਮਾਰਗ 'ਤੇ ਚੱਲਣ ਦਾ ਸੱਦਾ ਦਿੱਤਾ।

ਮੁੱਖ ਮੰਤਰੀ ਨੇ ਕਿਹਾ ਕਿ ਸਾਡੇ ਮਹਾਨ ਗੁਰੂਆਂ, ਸੰਤਾਂ ਅਤੇ ਪੀਰਾਂ ਨਾਲ ਸੰਬੰਧਤ ਅਜਿਹੇ ਸਮਾਗਮ ਸਾਡੇ ਲਈ ਬਹੁਤ ਮਹੱਤਵ ਰੱਖਦੇ ਹਨ ਕਿਉਂਕਿ ਇਹ ਆਪਣੇ ਆਪ ਨੂੰ ਅਤੇ ਸਾਡੀ ਨੌਜਵਾਨ ਪੀੜ੍ਹੀ ਨੂੰ ਸਾਡੀਆਂ ਧਾਰਮਿਕ ● ਬਾਕੀ ਸਫ਼ਾ 2 'ਤੇ

## ਸਿਰਸਾ ਮੈਡੀਕਲ ਕਾਲਜ ਲਈ ਭੂਮੀ ਪੂਜਨ



**ਚੰਡੀਗੜ੍ਹ (ਕ੍ਰਿਸ਼ਨ ਗਰਗ)**

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਨੀ ਨੇ ਕਿਹ ਕਿ ਸਰਕਾਰ ਨੇ ਹਰ ਜ਼ਿਲ੍ਹੇ ਵਿਚ ਇਕ ਮੈਡੀਕਲ ਕਾਲਜ ਸਥਾਪਤ ਕਰਨ ਦਾ ਬੀੜਾ ਚੁੱਕਿਆ ਹੈ। ਹੁਣ ਤੱਕ ਸੂਬੇ ਵਿਚ 9 ਨਵੇਂ ਮੈਡੀਕਲ ਕਾਲਜ ਖੋਲ੍ਹੇ ਜਾ ਚੁੱਕੇ ਹਨ। 2014 ਤੋਂ ਪਹਿਲਾਂ ਸੂਬੇ ਵਿਚ ਸਿਰਫ 6 ਹੀ ਮੈਡੀਕਲ ਕਾਲਜ ਸਨ। ਸੂਬੇ ਵਿਚ ਹੁਣ ਮੈਡੀਕਲ ਕਾਲਜਾਂ ਦੀ ਗਿਣਤੀ ਵਧ ਕੇ 15 ਹੋ ਗਈ ਹੈ। ਇਸੇ ਲੜੀ ਵਿਚ ਵੀਰਵਾਰ ਸਿਰਸਾ ਦੇ ਸੰਤ ਸਰਸਾਈ ਨਾਥ ਸਰਕਾਰੀ ਮੈਡੀਕਲ ਕਾਲਜ ਦੇ ਨਿਰਮਾਣ ਕੰਮ ਦਾ ਭੂਮੀ ਪੂਜਨ ਕੀਤਾ ਗਿਆ ਹੈ।ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਇਸ ਮੈਡੀਕਲ ਕਾਲਜ ਵਿਚ ਕੈਂਸਰ ਦੇ ਇਲਾਜ ਲਈ ਵੱਖਰਾ ਵਿੰਗ ਵੀ ਸ਼ੁਰੂ ਕੀਤਾ ਜਾਵੇਗਾ। ਇਸ ਲਈ ਨਾਲ ਲੱਗਦੀ ਸਾਢੇ ਪੰਜ ਏਕੜ ਜ਼ਮੀਨ ਮੁਹੱਈਆ ਕਰਵਾਈ ਜਾਵੇਗੀ।ਉਨ੍ਹਾ ਕਿਹਾ ਕਿ 21 ਏਕੜ 'ਤੇ ਬਣਨ ਵਾਲੇ ਇਸ ਮੈਡੀਕਲ ਕਾਲਜ 'ਤੇ ਲਗਭਗ 1010 ਕਰੋੜ 37 ਲੱਖ ਰੁਪਏ ਖਰਚ ਹੋਣਗੇ। ਇਹ ਕਾਲਜ ਦੋ ਸਾਲ ਵਿਚ ਬਣ ਕੇ ਤਿਆਰ ਹੋ ਜਾਵੇਗਾ।

## ਮਾਤਾ ਗੁਜਰੀ ਦੀ ਜਨਮ ਸ਼ਤਾਬਦੀ ਨੂੰ ਸਮਰਪਤ ਨਗਰ ਕੀਰਤਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਖਾਲਸਾ ਸ਼ਤਾਬਦੀ ਕਮੇਟੀ ਵੱਲੋਂ ਨੌਂਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪਾਵਨ ਅਸਥਾਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਤੋਂ ਮਾਤਾ ਗੁਜਰੀ ਜੀ ਦੀ ਜਨਮ ਸ਼ਤਾਬਦੀ ਨੂੰ ਸਮਰਪਤ ਨਗਰ ਕੀਰਤਨ ਸਜਾਇਆ ਗਿਆ।ਨਗਰ ਕੀਰਤਨ ਦੀ ਆਰੰਭਤਾ ਹੈੱਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਵੱਲੋਂ ਕੀਤੀ ਅਰਦਾਸ ਉਪਰੰਤ ਹੋਈ।ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਜਸਮੇਰ ਸਿੰਘ ਲਾਛੜੂ, ਸੰਤ ਮਹਾਂਪੁਰਸ਼ਾਂ ਬਾਬਾ ਹਰਚਰਨ ਸਿੰਘ ਨਾਨਕਸਰ ਕੁਟੀਆ ਵਾਲੇ, ਭਾਈ ਗੁਰਦੀਪ ਸਿੰਘ ਕਾਲੀ ਕੰਬਲੀ ਵਾਲੇ, ਬਾਬਾ ਕਰਮਬੀਰ ਸਿੰਘ ਬੇਦੀ, ਚੜ੍ਹਦੀਕਲਾ ਗਰੁੱਪ ਦੇ ਜਗਜੀਤ ਸਿੰਘ ਦਰਦੀ ਆਦਿ ਪ੍ਰਮੁੱਖ ਸ਼ਖਸੀਅਤਾਂ ਉਚੇਚੇ ਤੌਰ 'ਤੇ ਪੁੱਜੀਆਂ।ਨਗਰ ਕੀਰਤਨ ਦੌਰਾਨ ਗੱਤਕਾ ਪਾਰਟੀਆਂ ਨੇ ਜੌਹਰ ਵਿਖਾਏ, ਉਥੇ ਹੀ ਪਾਲਕੀ ਅੱਗੇ ਝਾੜੂ ਬਰਦਾਰ ਬਣ ਕੇ ਸੇਵਾ ਕਰ ਰਹੀਆਂ ਸੰਗਤਾਂ ਵੀ ਖਿੱਚ ਦਾ ਕੇਂਦਰ ਬਣੀਆਂ ਰਹੀਆਂ ਅਤੇ ਸਿੱਖ ਜਥੇਬੰਦੀਆਂ ਤੋਂ ਇਲਾਵਾ ਸ਼ਬਦੀ ਜੱਥਿਆਂ, ਬੈਂਡ ਪਾਰਟੀਆਂ ਆਦਿ ਸ਼ਾਮਲ ਸਨ।ਨਗਰ ਕੀਰਤਨ ਦੌਰਾਨ ਹੋਰਨਾਂ ਤੋਂ ਇਲਾਵਾ ਮੀਤ ਮੈਨੇਜਰ ਭਾਗ ਸਿੰਘ ਚੌਹਾਨ, ਆਤਮ ਪ੍ਰਕਾਸ਼ ਸਿੰਘ ਬੇਦੀ, ਮਨਦੀਪ ਸਿੰਘ ਭਲਵਾਨ, ਹੈੱਡ ਗ੍ਰੰਥੀ ਗਿਆਨੀ ਫੂਲਾ ਸਿੰਘ, ਜਗਜੀਤ ਸਿੰਘ ਖਾਲਸਾ, ਕੁਲਦੀਪ ਸਿੰਘ ਖਾਲਸਾ, ਸਾਬਕਾ ਹੈੱਡ ਗ੍ਰੰਥੀ ਸੁਖਦੇਵ ਸਿੰਘ, ਜਸਪ੍ਰੀਤ ਸਿੰਘ ਭਾਟੀਆ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਟਿਆਲਾ ਦੀ ਸੰਗਤ ਤੇ ਸ਼੍ਰੋਮਣੀ ਕਮੇਟੀ ਅਧਿਕਾਰੀ ਤੇ ਸਟਾਫ ਮੈਂਬਰ ਆਦਿ ਨੇ ਸ਼ਿਰਕਤ ਕੀਤੀ।

## ਗੁਰਮਤਿ ਸਿੱਖਿਆ ਕੈਂਪ ਲਾਇਆ



**ਦੋਰਾਹਾ (ਹਰਮਿੰਦਰ ਸੇਠ)**-ਮਾਤਾ ਗੰਗਾ ਖਾਲਸਾ ਕਾਲਜ, ਮੰਜੀ ਸਾਹਿਬ ਕੋਟਾਂ ਲੁਧਿਆਣਾ ਦੇ ਵਿਦਿਆਰਥੀਆਂ ਨੇ ਗੁਰਮਤਿ ਕਾਲਜ ਪਟਿਆਲਾ ਵਿਖੇ ਲਗਾਏ ਗਏ ਤਿੰਨ ਰੋਜ਼ਾ ਗੁਰਮਤਿ ਸਿੱਖਿਆ ਕੈਂਪ ਵਿੱਚ ਭਾਗ ਲਿਆ। ਇਸ ਕੈਂਪ ਦਾ ਮੁੱਖ ਉਦਸ਼ ਨੌਜਵਾਨਾਂ ਨੂੰ ਆਪਣੇ ਇਤਿਹਾਸ ਅਤੇ ਵਿਰਸੇ ਨਾਲ ਜੋੜਨਾ ਸੀ। ਕੈਂਪ ਦੌਰਾਨ ਨਿਤਨੇਮ, ਵਿਚਾਰ ਗੋਸਟੀਆਂ, ਸਾਖੀ ਸੁਣਾਉਣਾ, ਕੁਇਜ ਮੁਕਾਬਲੇ ਅਤੇ ਗੁਰਮਤਿ ਸਬਦ ਕੀਰਤਨ ਆਦਿ ਕਈ ਤਰ੍ਹਾਂ ਦੀਆਂ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ। ਗੁਰਮਤਿ ਸਿੱਖਿਆ ਕੈਂਪ ਵਿੱਚ ਮੁੱਖ ਮਹਿਮਾਨ ਵਜੋਂ ' ਗਿਆਨੀ ਹਰਪ੍ਰੀਤ ਸਿੰਘ ਜੀ (ਜਥੇਦਾਰ ਦਮਦਮਾ ਸਾਹਿਬ ਤਲਵੰਡੀ ਸਾਬੋ) ਨੇ ਵਿਦਿਆਰਥੀਆਂ ਨੂੰ ਗੁਰੂ ਦੇ ਰਾਹ ਤੇ ਚੱਲਣ ਲਈ ਪ੍ਰੇਰਿਤ ਕੀਤਾ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ ਜੀ ਨੇ ਵੀ ਵਿਦਿਆਰਥੀਆਂ ਨੂੰ ਸਿੱਖ ਜੀਵਨ-ਜਾਂਚ ਧਾਰਨ ਕਰਨ ਲਈ ਪ੍ਰੇਰਿਤ ਕੀਤਾ। ਕਾਲਜ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਨੇ ਗੁਰਮਤਿ ਕੈਂਪ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਅਤੇ ਸਟਾਫ ਮੈਂਬਰਾਂ ਨੂੰ ਕੈਂਪ ਤੋਂ ਸਿੱਖੀ ਹੋਈ ਚੰਗੀ ਸਿੱਖਿਆ ਨੂੰ ਜ਼ਿੰਦਗੀ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ। ਇਸ ਦੌਰਾਨ ਸ. ਹਰਪਿੰਦਰ ਸਿੰਘ, ਸ. ਜਗਵਿੰਦਰ ਸਿੰਘ, ਪ੍ਰੋ. ਪ੍ਰਿੰਕਾ ਅਤੇ ਪ੍ਰੋ. ਕਿਰਨਦੀਪ ਕੌਰ ਨੇ ਹਾਜ਼ਰੀ ਭਰੀ।

## ਰਜਿੰਦਰ ਖੋਟੇ ਪੌਸ਼ਟਿਕ ਖੁਰਾਕ ਦੇ ਕੇ ਟੀ ਬੀ ਮਰੀਜ਼ਾਂ ਦੀ ਕਰ ਰਿਹੈ ਸੇਵਾ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਟੀ ਬੀ ਮਰੀਜ਼ਾਂ ਨੂੰ ਕੇਂਦਰ ਸਰਕਾਰ ਵੱਲੋਂ ਸੰਤੁਲਨ ਖੁਰਾਕ ਤਹਿਤ ਦਿੱਤੀ ਜਾਣ ਵਾਲੀ ਸਹਾਇਤਾ ਰਾਸ਼ੀ ਪਿਛਲੇ ਦੋ ਸਾਲਾਂ ਤੋਂ ਬੰਦ ਹੈ, ਨਿਸਚੇ ਪੋਸ਼ਣ ਯੋਜਨਾ ਤਹਿਤ ਹਰ ਟੀ ਬੀ ਮਰੀਜ਼ ਨੂੰ ਕੇਂਦਰ ਸਰਕਾਰ ਵੱਲੋਂ 500 ਰੁਪਏ ਪ੍ਰਤੀ ਮਹੀਨਾ ਵਿੱਤੀ ਸਹਾਇਤਾ ਲਗਾਤਾਰ 6 ਮਹੀਨੇ ਤੱਕ ਦਿੱਤੀ ਜਾਂਦੀ ਸੀ, ਤਾਂ ਕਿ ਉਹ ਇਸ 500 ਰੁਪਏ ਨਾਲ ਪੌਸ਼ਟਿਕ ਖੁਰਾਕ ਲੈ ਸਕਣ ਅਤੇ ਟੀ ਬੀ ਦੀ ਭਿਆਨਕ ਬਿਮਾਰੀ ਨਾਲ ਲੜ ਸਕਣ। ਸਤੰਬਰ 2022 ਤੋਂ ਕੇਂਦਰ ਸਰਕਾਰ ਵੱਲੋਂ ਇਹ ਸਹਾਇਤਾ ਰਾਸ਼ੀ ਨਹੀਂ ਭੇਜੀ ਗਈ। ਮੋਗਾ ਜ਼ਿਲ੍ਹੇ ਅੰਦਰ ਸਮਾਜ ਸੇਵਾ ਤਹਿਤ ਹਜ਼ਾਰਾਂ ਟੀ ਬੀ ਦੇ ਮਰੀਜ਼ਾਂ ਦੀ ਨਿਭਾਅ ਰਹੇ ਸੇਵਾ ਮੈਡੀਸਨਮੈਨ ਰਜਿੰਦਰ ਸਿੰਘ ਖੋਟੇ ਨੇ ਇਸ ਕਾਰਜ ਤਹਿਤ ਟੀ ਬੀ ਦੇ ਮਰੀਜ਼ਾਂ ਨੂੰ ਪੌਸ਼ਟਿਕ ਭੋਜਨ ਦੇਣ ਲਈ ਪਿਛਲੇ ਲੰਮੇ ਸਮੇਂ ਤੋਂ ਸਹਾਇਤਾ ਸ਼ੁਰੂ ਕੀਤੀ ਹੋਈ ਹੈ।ਰਜਿੰਦਰ ਸਿੰਘ ਖੋਟੇ ਨੇ ਦੱਸਿਆ ਕਿ ਉਨ੍ਹਾਂ ਵੱਲੋਂ 3500 ਦੇ ਮਰੀਜ਼ਾਂ ਨੂੰ ਕਾਲੇ ਛੋਲੇ, ਦਾਲ, ਚਾਵਲ, ਦਲੀਆ, ਸੋਇਆਬੀਨ ਦੀਆਂ ਬੜੀਆਂ, ਪ੍ਰੋਟੀਨ, ਆਂਡੇ ਤੇ ਮਲਟੀਵਿਟਾਮਨ ਦਿੱਤਾ ਜਾ ਰਿਹਾ ਹੈ ਤਾਂ ਕਿ ਉਹ ਸਿਹਤ ਪੱਖੋਂ ਤੰਦਰੁਸਤ ਰਹਿ ਸਕਣ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਸਰਦੀ ਦੇ ਮੌਸਮ ਵਿੱਚ ਮਰੀਜ਼ਾਂ ਲਈ ਗਰਮ ਕੱਪੜੇ ਵੀ ਦਿੱਤੇ ਜਾ ਰਹੇ ਹਨ। ਰਜਿੰਦਰ ਸਿੰਘ ਖੋਟੇ ਨੇ ਦੱਸਿਆ ਕਿ ਇਸ ਤੋਂ ਇਲਾਵਾ ਮਰੀਜ਼ਾਂ ਨੂੰ ਡਾਕਟਰਾਂ ਦੀਆਂ ਹਦਾਇਤਾਂ ਅਨੁਸਾਰ ਦਵਾਈਆਂ ਵੀ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਅਤੇ ਅਨੇਕਾਂ ਹੀ ਮਰੀਜ਼ ਤੰਦਰੁਸਤ ਹੋ ਕੇ ਆਪਣਾ ਜੀਵਨ ਬਤੀਤ ਕਰ ਰਹੇ ਹਨ।

## ਪੰਜਾਬ ਕੋ-ਐਜੂਕੇਸ਼ਨ ਸਕੂਲ ਦੀ ਲੈਕਚਰਾਰ ਨੂੰ ਮਿਲਿਆ ਐਵਾਰਡ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਮੋਗਾ ਜ਼ਿਲ੍ਹੇ ਦੀ ਨਾਮਵਰ ਵਿੱਦਿਅਕ ਸੰਸਥਾ ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਬਾਘਾ ਪੁਰਾਣਾ, ਜਿਸ ਦੀ ਅਗਵਾਈ ਚੇਅਰਮੈਨ ਸ੍ਰ. ਗੁਰਦੇਵ ਸਿੰਘ, ਡਾਇਰੈਕਟਰ ਤੇ ਪ੍ਰਿੰਸੀਪਲ ਸੰਦੀਪ ਮਹਿਤਾ ਵੱਲੋਂ ਬੜੇ ਹੀ ਯੋਗ ਢੰਗ ਨਾਲ ਕੀਤੀ ਜਾ ਰਹੀ ਹੈ, ਦੀ ਕੈਮਿਸਟਰੀ ਲੈਕਚਰਾਰ ਸ੍ਰੀਮਤੀ ਰਾਧਿਕਾ ਬਾਂਸਲ ਨੂੰ ਫੈਪ-2024 ਨੈਸ਼ਨਲ ਐਵਾਰਡ ਨਾਲ ਸਨਮਾਨਤ ਕੀਤਾ ਗਿਆ।ਜ਼ਿਕਰਯੋਗ ਹੈ ਕਿ ਪੰਜਾਬੀ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਹੋਏ ਫੈਪ-2024 ਨੈਸ਼ਨਲ ਐਵਾਰਡ ਦੇ ਸਬੰਧ ਵਿੱਚ ਇੱਕ ਸਮਾਰੋਹ ਕੀਤਾ ਗਿਆ, ਜਿਸ ਵਿੱਚ ਦੇਸ਼ ਭਰ ਵਿੱਚ ਸਿੱਖਿਆ ਦੇ ਖੇਤਰ ਵਿੱਚ ਵੱਖ-ਵੱਖ ਸਕੂਲਾਂ ਦੇ ਅਧਿਆਪਕਾਂ ਨੇ ਭਾਗ ਲਿਆ।ਇਸ ਸਮਾਰੋਹ ਵਿੱਚ ਬਹੁਤ ਸਾਰੇ ਅਧਿਆਪਕਾਂ/ਲੈਕਚਰਾਰਾਂ ਨੂੰ ਸਨਮਾਨਤ ਕੀਤਾ ਗਿਆ, ਜਿਸ ਵਿੱਚ ਪੰਜਾਬ ਕੋ-ਐਜੂਕੇਸ਼ਨ ਸਕੂਲ ਦੀ ਕੈਮਿਸਟਰੀ ਲੈਕਚਰਾਰ ਮੈਡਮ ਰਾਧਿਕਾ ਬਾਂਸਲ ਨੂੰ ਫੈਪ ਦੇ ਮੁਖੀ ਜਗਜੀਤ ਸਿੰਘ ਧੂਰੀ, ਚਾਂਸਲਰ ਪੰਜਾਬ ਯੂਨੀਵਰਸਿਟੀ ਸਤਨਾਮ ਸਿੰਘ ਸੰਧੂ, ਵਾਈਸ ਚਾਂਸਲਰ ਮਨਪ੍ਰੀਤ ਸਿੰਘ ਮੰਨਾ ਦੁਆਰਾ ਫੈਪ-2024 ਨੈਸ਼ਨਲ ਐਵਾਰਡ ਨਾਲ ਸਨਮਾਨਤ ਕੀਤਾ ਗਿਆ।ਇਸ ਮੌਕੇ ਸੰਸਥਾ ਦੇ ਪ੍ਰਿੰਸੀਪਲ ਮੈਡਮ ਪ੍ਰਮਿੰਦਰ ਕੌਰ, ਕੋਆਰਡੀਨੇਟਰ ਮੁਕੇਸ਼ ਅਰੋੜਾ, ਐਡਵੋਕੇਟ ਰਾਜਾ ਸਿੰਘ, ਮੈਡਮ ਖੁਸ਼ਪ੍ਰੀਤ ਕੌਰ, ਕੋਆਰਡੀਨੇਟਰ ਮੈਡਮ ਦੀਪਿਕਾ ਮਨਚੰਦਾ ਤੋਂ ਇਲਾਵਾ ਸਕੂਲ ਦੇ ਸਮੁੱਚੇ ਸਟਾਫ ਵੱਲੋਂ ਵਧਾਈ ਦਿੱਤੀ ਗਈ।

## ਸ਼ਹਿਰ 'ਚ ਭੀਖ ਮੰਗ ਰਹੇ ਬੱਚਿਆਂ ਤੇ ਉਨ੍ਹਾਂ ਦੇ ਪਰਵਾਰਾਂ ਦੀ ਕੌਂਸਲਿੰਗ



**ਬਠਿੰਡਾ (ਰਾਜੀਵ ਗੋਇਲ, ਪਰਵਿੰਦਰ ਜੀਤ ਸਿੰਘ)**-ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਪ੍ਰੋਗਰਾਮ ਅਫਸਰ ਸ੍ਰੀ ਪੰਕਜ ਕੁਮਾਰ ਨੇ ਦੱਸਿਆ ਕਿ ਜ਼ਿਲ੍ਹੇ 'ਚ ਭੀਖ ਮੰਗਣ ਵਾਲੇ ਬੱਚਿਆਂ ਦੀ ਵੱਧ ਰਹੀ ਤਾਦਾਤ ਨੂੰ ਰੋਕਣ ਲਈ 'ਪ੍ਰੋਜੈਕਟ ਜੀਵਨਜੋਤੀ ਸੇਵ ਦਿ ਚਾਇਲਡ' ਮੁਹਿੰਮ ਤਹਿਤ ਜ਼ਿਲ੍ਹਾ ਬਾਲ ਸੁਰੱਖਿਆ ਦਫਤਰ ਦੇ ਕਰਮਚਾਰੀਆਂ ਵੱਲੋਂ ਸ਼ਹਿਰ ਦੀਆਂ ਵੱਖ-ਵੱਖ ਥਾਵਾਂ 'ਤੇ ਭੀਖ ਮੰਗ ਰਹੇ ਬੱਚਿਆਂ ਤੇ ਉਨ੍ਹਾਂ ਦੇ ਪਰਵਾਰਾਂ ਦੀ ਕੌਂਸਲਿੰਗ ਕੀਤੀ ਗਈ। ਇਸ ਮੌਕੇ ਕਰਮਚਾਰੀਆਂ ਵੱਲੋਂ ਪਰਵਾਰਾਂ ਨੂੰ ਸਮਝਾਇਆ ਗਿਆ ਕਿ ਬੱਚਿਆਂ ਦੁਆਰਾ ਭੀਖ ਮੰਗਵਾਉਣਾ ਗੈਰ-ਕਾਨੂੰਨੀ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਹਰ ਰੋਜ਼ ਸਕੂਲ ਭੇਜਿਆ ਜਾਵੇ ਤਾਂ ਜੋ ਪੜ੍ਹ-ਲਿਖ ਕੇ ਯੋਗ ਇਨਸਾਨ ਬਣ ਸਕਣ। ਉਨ੍ਹਾਂ ਇਹ ਵੀ ਕਿਹਾ ਕਿ ਜਿਹੜੇ ਪਰਿਵਾਰਾਂ ਦੀ ਆਰਥਿਕ ਹਾਲਤ ਕਮਜ਼ੋਰ ਹੋਣ ਕਾਰਨ ਉਹ ਬੱਚਿਆਂ ਨੂੰ ਪੜ੍ਹਾ-ਲਿਖਾ ਨਹੀਂ ਸਕਦੇ ਤਾਂ ਉਨ੍ਹਾਂ ਪਰਵਾਰਾਂ ਨੂੰ ਬੱਚਿਆਂ ਦੀ ਪੜ੍ਹਾਈ-ਲਿਖਾਈ ਤੇ ਉਨ੍ਹਾਂ ਦੀ ਸਾਂਭ-ਸੰਭਾਲ ਲਈ ਸਰਕਾਰ ਵੱਲੋਂ ਚਲਾਈ ਜਾ ਰਹੀ ਸਪੌਂਸਰਸ਼ਿਪ ਤੇ ਫੋਸਟਰ ਕੇਅਰ ਸਕੀਮ ਦਾ ਲਾਭ ਦਿੱਤਾ ਜਾ ਸਕਦਾ ਹੈ। ਉਨ੍ਹਾਂ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਭੀਖ ਮੰਗ ਰਹੇ ਬੱਚਿਆਂ ਨੂੰ ਰੁਪਏ ਜਾਂ ਹੋਰ ਵਸਤਾਂ ਦੇ ਕੇ ਭੀਖ ਮੰਗਣ ਲਈ ਉਤਸ਼ਾਹਤ ਨਾ ਕੀਤਾ ਜਾਵੇ, ਸਗੋਂ ਉਨ੍ਹਾਂ ਨੂੰ ਭੀਖ ਮੰਗਣ ਤੋਂ ਰੋਕ ਕੇ ਪੜ੍ਹਾਈ-ਲਿਖਾਈ ਤੇ ਚੰਗਾ ਜੀਵਨ ਬਤੀਤ ਕਰਨ ਲਈ ਪ੍ਰੇਰਿਤ ਕੀਤਾ ਜਾਵੇ। ਇਸ ਮੌਕੇ ਉਨ੍ਹਾਂ ਸਖਤ ਤਾੜਨਾ ਕਰਦਿਆਂ ਕਿਹਾ ਕਿ ਜੇਕਰ ਦੁਬਾਰਾ ਤੋਂ ਉਹ ਆਪਣੇ ਬੱਚਿਆਂ ਤੋਂ ਭੀਖ ਮੰਗਵਾਉਣਗੇ ਤਾਂ ਉਨ੍ਹਾਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## ਪਿਛਲੇ ਸਾਲ ਦੇ ਮੁਕਾਬਲੇ ਪਰਾਲੀ ਨੂੰ ਅੱਗ ਲਗਾਉਣ 'ਚ ਆਈ ਵੱਡੀ ਕਮੀ : ਡੀ ਸੀ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਫਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਨੇ ਇੱਥੇ ਪਰਾਲੀ ਪ੍ਰਬੰਧਨ ਲਈ ਤਾਇਨਾਤ ਕੀਤੇ ਕਲਸਟਰ ਅਫ਼ਸਰਾਂ ਨਾਲ ਪਰਾਲੀ ਪ੍ਰਬੰਧਨ ਸਬੰਧੀ ਬੈਠਕ ਕੀਤੀ।ਉਨ੍ਹਾਂ ਕਿਹਾ ਕਿ ਕਿਸਾਨਾਂ ਨਾਲ ਵੱਧ ਤੋਂ ਵੱਧ ਰਾਬਤਾ ਕਰਕੇ ਉਨ੍ਹਾਂ ਨੂੰ ਪਰਾਲੀ ਪ੍ਰਬੰਧਨ ਦੀਆਂ ਸੁਧਰੀਆਂ ਤਕਨੀਕਾਂ ਦੀ ਜਾਣਕਾਰੀ ਦਿੱਤੀ ਜਾਵੇ।ਉਨ੍ਹਾਂ ਕਿਹਾ ਕਿ ਪਿਛਲੇ ਸਾਲਾਂ ਦੇ ਮੁਕਾਬਲੇ ਫਾਜ਼ਿਲਕਾ ਜ਼ਿਲ੍ਹੇ ਵਿੱਚ ਪਰਾਲੀ ਸਾੜਨ ਦੇ ਮਾਮਲਿਆਂ ਵਿੱਚ ਵੱਡੀ ਕਮੀ ਆਈ ਹੈ, ਇਸ ਲਈ ਜਿੱਥੇ ਸਾਰੇ ਕਲਸਟਰ ਤੇ ਨੋਡਲ ਅਫ਼ਸਰਾਂ ਤੇ ਸਮੁੱਚੇ ਵਿਭਾਗਾਂ ਦੀ ਮਿਹਨਤ ਹੈ, ਉਥੇ ਹੀ ਉਨ੍ਹਾਂ ਨੇ ਕਿਹਾ ਕਿ ਇਸ ਨੇਕ ਕਾਰਜ ਵਿੱਚ ਕਿਸਾਨਾਂ ਨੇ ਵੀ ਸਹਿਯੋਗ ਕੀਤਾ ਹੈ ਅਤੇ ਉਨ੍ਹਾਂ ਨੇ ਪਰਾਲੀ ਨੂੰ ਸਾੜਨ ਦੀ ਬਜਾਏ ਖੇਤੀਬਾੜੀ ਵਿਭਾਗ ਵੱਲੋਂ ਸੁਝਾਏ ਤਰੀਕਿਆਂ ਨਾਲ ਪਰਾਲੀ ਸੰਭਾਲਣ ਨੂੰ ਤਰਜੀਹ ਦਿੱਤੀ ਹੈ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਿਛਲੇ ਸਾਲ 20 ਨਵੰਬਰ ਤੱਕ ਜਿੱਥੇ ਜ਼ਿਲ੍ਹੇ ਵਿੱਚ ਪਰਾਲੀ ਸਾੜਨ ਦੀਆਂ 1478 ਘਟਨਾਵਾਂ ਦਰਜ ਕੀਤੀਆਂ ਗਈਆਂ ਸਨ, ਇਸ ਵਾਰ ਇਹ ਗਿਣਤੀ ਸਿਰਫ 249 ਹੈ।ਉਨ੍ਹਾਂ ਸਹਿਯੋਗ ਲਈ ਕਿਸਾਨਾਂ ਦਾ ਧੰਨਵਾਦ ਕਰਦਿਆਂ ਉਨ੍ਹਾਂ ਨੂੰ ਅਪੀਲ ਕੀਤੀ ਕਿ ਜੋ ਰਕਬਾ ਕਣਕ ਦੀ ਬਿਜਾਈ ਤੋਂ ਰਹਿ ਗਿਆ ਹੈ, ਉਥੇ ਵੀ ਬਿਨਾਂ ਪਰਾਲੀ ਸਾੜੇ ਖੇਤੀਬਾੜੀ ਵਿਭਾਗ ਵੱਲੋਂ ਦੱਸੀਆਂ ਤਕਨੀਕਾਂ ਨਾਲ ਕਣਕ ਦੀ ਬਿਜਾਈ ਕੀਤੀ ਜਾਵੇ।ਬੈਠਕ ਵਿੱਚ ਮੁੱਖ ਖੇਤੀਬਾੜੀ ਅਫ਼ਸਰ ਡਾ: ਸੰਦੀਪ ਰਿਣਵਾਂ ਵੀ ਹਾਜ਼ਰ ਸਨ।

# ਕੇਂਦਰ ਤੇ ਪੰਜਾਬ ਸਰਕਾਰ ਮੌਸਮ ਨੂੰ ਦੇਖਦੇ ਹੋਏ ਝੋਨੇ ਦੀ ਨਮੀਂ 'ਚ ਵਾਧਾ ਕਰੇ : ਦੌਲਤਪੁਰਾ

### ■ ਬੀਕੇਯੂ ਲੱਖੋਵਾਲ ਦਫਤਰ ਵਿਖੇ ਲਾਇਆ ਫ੍ਰੀ ਮੈਡੀਕਲ ਕੈਂਪ : ਢਿੱਲੋਂ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਦਫਤਰ ਵਿਖੇ ਮਹੀਨਾਵਰ ਮੀਟਿੰਗ ਹੋਈ, ਜਿਸ ਦੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਮੀਡੀਆ ਇੰਚਾਰਜ ਬਲਕਰਨ ਸਿੰਘ ਢਿੱਲੋਂ ਨੇ ਦੱਸਿਆ ਕਿ ਮੀਟਿੰਗ ਸ਼ੁਰੂ ਹੋਣ ਤੋਂ ਪਹਿਲਾਂ ਸਵੇਰੇ 9 ਵਜੇ ਤੋਂ ਲੈ ਕੇ 12 ਵਜੇ ਤੱਕ ਫਰੀ ਮੈਡੀਕਲ ਇਲੈਕਟਰੋ ਹੋਮਿਓਪੈਥੀ ਤੇ ਹੋਮਿਓਪੈਥੀ ਕੈਂਪ ਲਾਇਆ ਗਿਆ, ਜਿਸ ਵਿੱਚ ਮੋਗਾ ਦੇ ਮਸ਼ਹੂਰ ਡਾਕਟਰ ਬਲਕਾਰ ਸਿੰਘ ਭਾਈ ਘਨ੍ਹੱਈਆ ਜੀ ਕਲੀਨਿਕ ਮੋਗਾ ਤੇ ਡਾਕਟਰ ਮਨਦੀਪ ਸਿੰਘ ਲੁਧਿਆਣਾ ਚਮੜੀ ਦੇ ਮਾਹਰਾਂ ਨੇ 85 ਮਰੀਜ਼ਾਂ ਨੂੰ ਚੈੱਕ ਕੀਤਾ ਤੇ ਨਾਲ ਦੀ ਨਾਲ ਮੁਫਤ ਦਵਾਈਆਂ ਦਿੱਤੀਆਂ।

ਮੈਡੀਕਲ ਕੈਂਪ ਤੋਂ ਬਾਅਦ ਬੀਕੇਯੂ ਲੱਖੋਵਾਲ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਤੇ ਜ਼ਿਲ੍ਹਾ ਜਨਰਲ ਸਕੱਤਰ ਰਵਿੰਦਰ ਸਿੰਘ ਭੋਲਾ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਸੂਬਾ ਮੀਤ ਪ੍ਰਧਾਨ ਗੁਲਜਾਰ ਸਿੰਘ ਘੱਲ, ਆਗੂ ਹਰਜਿੰਦਰ ਸਿੰਘ ਬਾਘਾ ਪੁਰਾਣਾ, ਜਰਨੈਲ ਸਿੰਘ ਤਖਾਣ ਵੱਧ, ਸੂਬਾ ਆਗੂ ਸੂਰਤ ਸਿੰਘ ਕਾਦਰ ਵਾਲਾ, ਸੂਬਾ ਆਗੂ ਮੰਦਰਜੀਤ ਸਿੰਘ ਮਨਾਵਾਂ, ਹਰਨੇਕ ਸਿੰਘ ਫਤਿਹਗੜ੍ਹ, ਗੁਰਮੇਲ ਸਿੰਘ ਡਰੋਲੀ, ਜਗਸੀਰ ਸਿੰਘ ਜੱਗੀ, ਸੁਖਵੀਤ ਸਿੰਘ ਪ੍ਰਧਾਨ ਬਲਾਕ, ਸੂਬਾ ਆਗੂ ਸਾਬ ਸਿੰਘ ਬੋਗੇਵਾਲਾ, ਜਗਤਾਰ ਸਿੰਘ ਚੋਟੀਆਂ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਸਮੂਹ ਆਗੂਆਂ ਨੇ ਇੱਕ ਜੁੱਟ ਹੋ ਕੇ ਕੇਂਦਰ ਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਅਜੇ ਤੱਕ ਅਨਾਜ ਮੰਡੀਆਂ ਵਿੱਚ 30% ਝੋਨਾ ਪਿਆ ਹੈ, ਜੋ ਨਮੀਂ ਜ਼ਿਆਦਾ ਹੋਣ ਕਾਰਨ ਵਿਕ ਨਹੀਂ ਰਿਹਾ, ਅਸੀਂ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਮੌਸਮ ਦੇ ਬਦਲਾਅ ਨੂੰ ਦੇਖਦੇ ਹੋਏ ਝੋਨੇ ਦੀ ਫਸਲ ਦੇ ਮਾਪਦੰਡ ਵਿੱਚ ਢਿੱਲ ਦੇ ਕੇ ਕਿਸਾਨਾਂ ਦਾ ਝੋਨਾ ਖ੍ਰੀਦਿਆ ਜਾਵੇ।ਇਸ ਸਮੇਂ ਆਗੂਆਂ ਨੇ ਕਿਹਾ ਕਿ ਫਿਰੋਜ਼ਪੁਰ-ਮੋਗਾ ਨੈਸ਼ਨਲ ਹਾਈਵੇ 'ਤੇ ਟੋਲ ਪਲਾਜ਼ਾ ਤਾਂ ਚਾਲੂ ਕਰ ਲਿਆ ਹੈ, ਪਰ ਨੈਸ਼ਨਲ ਹਾਈਵੇ ਦੇ ਨਾਲ ਲੱਗਦੇ ਸਰਵਿਸ ਰੋਡ ਬਹੁਤ ਹੀ ਖਾਸਤਾ ਹਾਲਤ ਹਨ, ਜਿਸ ਕਾਰਨ ਹਰ ਵਕਤ ਟ੍ਰੈਫਿਕ ਜਾਮ ਹੋਇਆ ਰਹਿੰਦਾ। ਇਸ ਸਮੇਂ ਆਗੂਆਂ ਨੇ ਕਿਹਾ ਕਿ ਆਉਣ ਵਾਲੇ ਇੱਕ ਦੋ ਦਿਨਾਂ ਵਿੱਚ ਨੈਸ਼ਨਲ ਹਾਈਵੇ ਨਾਲ ਲੱਗਦੀਆਂ ਸਰਵਿਸ ਰੋਡਾਂ ਦੇ ਸੰਬੰਧ ਵਿੱਚ ਮਾਨਯੋਗ ਡਿਪਟੀ ਕਮਿਸ਼ਨਰ ਮੋਗਾ ਨੂੰ ਬੀਕੇਯੂ ਲੱਖੋਵਾਲ ਦਾ ਵਫਦ ਮਿਲ ਕੇ ਮੰਗ ਪੱਤਰ ਸੌਂਪੇਗਾ। ਇਸ ਸਮੇਂ ਜ਼ਿਲ੍ਹਾ ਮੀਤ ਪ੍ਰਧਾਨ ਪ੍ਰੇਮ ਲਾਲਪੁਰੀ, ਬਲਦੇਵ ਸਿੰਘ ਚੋਟੀਆਂ, ਜਗਤਾਰ ਸਿੰਘ ਚੋਟੀਆਂ ਜਗਮੋਹਨ ਸਿੰਘ, ਪ੍ਰਗਟ ਸਿੰਘ ਚੋਟੀਆਂ, ਜੋਗਿੰਦਰ ਸਿੰਘ ਚੋਟੀਆਂ, ਰਣ ਸਿੰਘ ਚੋਟੀਆਂ, ਲਖਵਿੰਦਰ ਸਿੰਘ ਰੌਲੀ, ਮਨਦੀਪ ਸਿੰਘ, ਲਖਵਿੰਦਰ ਸਿੰਘ ਚੋਟੀਆਂ, ਮੇਜਰ ਸਿੰਘ, ਗੁਰਮੇਲ ਸਿੰਘ ਡਰੋਲੀ, ਨਿਰਮਲ ਸਿੰਘ ਮਨਾਵਾਂ, ਸੁਰਿੰਦਰ ਸਿੰਘ ਸੰਧੂਆਣਾ, ਬਲਦੇਵ ਸਿੰਘ ਗਿੱਲ, ਹਰਪਾਲ ਸਿੰਘ ਮਾਣੂਕੇ, ਸੁਰਜੀਤ ਸਿੰਘ ਮਾਣੂਕੇ, ਸੁਖਦੇਵ ਸਿੰਘ ਰਾਜੇਆਣਾ, ਕੁਲਦੀਪ ਸਿੰਘ ਬਾਘਾ ਪੁਰਾਣਾ, ਬੱਗੜ ਸਿੰਘ ਫਤਿਹਗੜ੍ਹ, ਗੁਰਜੀਤ ਸਿੰਘ ਮੋਗਾ, ਗੁਰਲੀਤ ਸਿੰਘ ਮੋਗਾ, ਮਲਕੀਤ ਸਿੰਘ ਕਾਹਨ ਸਿੰਘ ਵਾਲਾ ਆਦਿ ਹਾਜ਼ਰ ਸਨ।

# ਜ਼ਿਲ੍ਹੇ ਦੇ ਹਰੇਕ ਖੇਤ ਤੱਕ ਨਹਿਰੀ ਪਾਣੀ ਪਹੁੰਚਾਉਣ ਲਈ ਯੋਜਨਾ ਤਿਆਰ ਕੀਤੀ ਜਾਵੇ : ਡਾ: ਅਮਰ ਸਿੰਘ

### ■ ਬੱਚਤ ਭਵਨ ਵਿਖੇ ਜ਼ਿਲ੍ਹਾ ਵਿਕਾਸ ਤਾਲਮੇਲ ਤੇ ਮਾਨੀਟਰਿੰਗ ਕਮੇਟੀ ਦੀ ਮੀਟਿੰਗ

**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਵੱਖੋ ਵੱਖ ਵਿਭਾਗਾਂ ਦੇ ਅਧਿਕਾਰੀ ਜ਼ਿਲ੍ਹੇ ਦੇ ਵੱਖ-ਵੱਖ ਵਿਕਾਸ ਕਾਰਜਾਂ ਲਈ ਐੱਮ. ਪੀ. ਲੈਡ ਫੰਡ ਵਿੱਚੋਂ ਜਾਰੀ ਕੀਤੀਆਂ ਗ੍ਰਾਂਟਾਂ ਦੇ ਵਰਤੋਂ ਸਰਟੀਫਿਕੇਟ ਸਮੇਂ ਸਿਰ ਜਮ੍ਹਾਂ ਕਰਵਾਉਣ ਨੂੰ ਯਕੀਨੀ ਬਣਾਉਣ ਤਾਂ ਜੋ ਵਿਕਾਸ ਕਾਰਜਾਂ ਲਈ ਫੰਡਾਂ ਦੀ ਘਾਟ ਨਾ ਹੋ ਸਕੇ।ਇਹ ਹਦਾਇਤਾਂ ਫ਼ਤਿਹਗੜ੍ਹ ਸਾਹਿਬ ਤੋਂ ਮੈਂਬਰ ਲੋਕ ਸਭਾ ਡਾ: ਅਮਰ ਸਿੰਘ ਨੇ ਬੱਚਤ ਭਵਨ ਵਿਖੇ ਜ਼ਿਲ੍ਹਾ ਵਿਕਾਸ ਤਾਲਮੇਲ ਤੇ ਮਾਨੀਟਰਿੰਗ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸਬੰਧਤ ਅਧਿਕਾਰੀਆਂ ਨੂੰ ਦਿੱਤੀਆਂ।ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਲਈ ਜੋ ਗ੍ਰਾਂਟਾਂ ਜਾਰੀ ਕੀਤੀਆਂ ਜਾਂਦੀਆਂ ਹਨ, ਉਨ੍ਹਾਂ ਦੇ ਵਰਤੋਂ ਸਰਟੀਫਿਕੇਟ ਜਮ੍ਹਾਂ ਹੋਣ ਉਪਰੰਤ ਹੀ ਅਗਲੀ ਗ੍ਰਾਂਟ ਮਿਲ ਸਕਦੀ ਹੈ। ਇਸ ਲਈ ਸਮੂਹ ਅਧਿਕਾਰੀ ਵਰਤੋਂ ਸਰਟੀਫਿਕੇਟ ਸਮੇਂ ਸਿਰ ਜਮ੍ਹਾਂ ਜ਼ਰੂਰ ਕਰਵਾਉਣ।ਡਾ. ਅਮਰ ਸਿੰਘ ਨੇ ਦਿਨੋਂ-ਦਿਨ ਧਰਤੀ ਹੇਠਲਾ ਪਾਣੀ ਡੂੰਘਾ ਹੋਣ 'ਤੇ ਚਿੰਤਾ ਜ਼ਾਹਰ ਕਰਦਿਆਂ ਖੇਤੀਬਾੜੀ ਤੇ ਸਿੰਚਾਈ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਜ਼ਿਲ੍ਹੇ ਦੇ ਹਰੇਕ ਖੇਤ ਤੱਕ ਨਹਿਰੀ ਪਾਣੀ ਪਹੁੰਚਾਉਣ ਲਈ ਯੋਜਨਾ ਤਿਆਰ ਕਰਨ ਤਾਂ ਜੋ ਕੇਂਦਰ ਸਰਕਾਰ ਤੋਂ ਫੰਡ ਪ੍ਰਾਪਤ ਕਰਕੇ ਇਸ ਪ੍ਰੋਜੈਕਟ ਬਾਬਤ ਕਾਰਵਾਈ ਕੀਤੀ ਜਾ ਸਕੇ।ਇਸ ਮੌਕੇ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਅਵਾਸ ਯੋਜਨਾ ਜ਼ਿਲ੍ਹੇ ਵਿੱਚ ਸਫਲਤਾਪੂਰਵਕ ਚੱਲ ਰਹੀ ਹੈ ਤੇ ਇਸ ਸਕੀਮ ਹੇਠ ਯੋਗ ਲਾਭਪਾਤਰਾਂ ਨੂੰ ਮਕਾਨ ਬਣਾਉਣ ਲਈ ਮਾਲੀ ਸਹਾਇਤਾ ਦਿੱਤੀ ਜਾਂਦੀ ਹੈ।ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜ) ਗੀਤਿਕਾ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਸਿੰਘ ਧਾਲੀਵਾਲ, ਐੱਸ.ਡੀ.ਐੱਮ. ਫ਼ਤਿਹਗੜ੍ਹ ਸਾਹਿਬ ਅਰਵਿੰਦ ਕੁਮਾਰ, ਐੱਸ.ਡੀ.ਐੱਮ. ਬਸੀ ਪਠਾਣਾ ਹਰਵੀਰ ਕੌਰ, ਐੱਸ.ਡੀ.ਐੱਮ. ਅਮਲੋਹ ਸ੍ਰੀ ਮਨਜੀਤ ਸਿੰਘ ਰਾਜਲਾ, ਐੱਸ.ਡੀ.ਐੱਮ. ਖਮਾਣੋਂ ਸ੍ਰੀਮਤੀ ਮਨਰੀਤ ਰਾਣਾ, ਸਿਵਲ ਸਰਜਨ ਡਾ: ਦਵਿੰਦਰਜੀਤ ਕੌਰ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਇੱਕੋ ਦਿਨ 2 ਪੇਪਰ ਹੋਣ 'ਤੇ ਬੇਰੋਜ਼ਗਾਰ ਵਿਦਿਆਰਥੀਆਂ 'ਚ ਨਿਰਾਸ਼ਾ

### ■ ਦੋ ਟੈਸਟਾਂ ਦੀ ਫੀਸ ਭਰ ਚੁੱਕੇ ਬੇਰੋਜ਼ਗਾਰ ਇੱਕ ਪੇਪਰ ਦੇਣ ਤੋਂ ਰਹਿਣਗੇ ਵਾਂਝੇ



**ਜਲਾਲਾਬਾਦ (ਜੀਤ ਕੁਮਾਰ)**-ਪੰਜਾਬ ਸਰਕਾਰ ਵੱਲੋਂ ਬੇਰੋਜ਼ਗਾਰ ਪੜ੍ਹੇ-ਲਿਖੇ ਮੁੰਡੇ-ਕੁੜੀਆਂ ਦੇ ਭਵਿੱਖ ਨੂੰ ਉੱਜਲ ਬਣਾਉਣ ਲਈ ਪੋਸਟਾਂ ਕੱਢੀਆਂ ਜਾਂਦੀਆਂ ਹਨ।

ਉਨ੍ਹਾਂ ਪੋਸਟਾਂ ਦੇ ਆਧਾਰ 'ਤੇ ਸਰਕਾਰ ਵੱਲੋਂ ਟੈਸਟ ਨਿਰਧਾਰਤ ਕੀਤੇ ਜਾਂਦੇ ਹਨ ਤਾਂ ਜੋ ਮੈਰਿਟ ਵਿੱਚ ਆਉਣ ਵਾਲੇ ਬੇਰੁਜ਼ਗਾਰਾਂ ਨੂੰ ਨੌਕਰੀਆਂ ਦਿੱਤੀਆਂ ਜਾਣ। ਪੰਜਾਬ ਭਰ ਦੇ ਪੜ੍ਹੇ-ਲਿਖੇ ਬੇਰੋਜ਼ਗਾਰਾਂ ਵਿੱਚ ਉਸ ਸਮੇਂ ਨਿਰਾਸ਼ਾ ਪਾਈ ਗਈ, ਜਦੋਂ ਸਟੈਨੋ ਟਾਈਪਿਸਟ ਤੇ ਅਧਿਆਪਕ ਯੋਗਤਾ ਟੈਸਟ (ਪੀ ਟੈੱਟ) ਦੀ ਤਾਰੀਕ ਇਕ ਹੀ ਦਿਨ ਇੱਕ ਦਸੰਬਰ 2024 ਨੂੰ ਨਿਸ਼ਚਿਤ ਕੀਤੀ ਗਈ ਹੈ। ਬੇਰੋਜ਼ਗਾਰ ਵਿਦਿਆਰਥੀ ਨਿਸ਼ਾ ਰਾਣੀ, ਸਾਜਨ ਕੁਮਾਰ, ਮਨਜੀਤ ਕੌਰ, ਵਿਪਨ ਕੁਮਾਰ, ਸੁਨੀਲ ਸਿੰਘ, ਦੀਪਕ ਕੁਮਾਰ ਆਦਿ ਨੇ ਸਰਕਾਰ ਅੱਗੇ ਗੁਹਾਰ ਲਗਾਈ ਹੈ ਕਿ ਉਨ੍ਹਾਂ ਵੱਲੋਂ ਤੇ ਹੋਰ ਪੰਜਾਬ ਦੇ ਸੈਂਕੜੇ ਬੇਰੋਜ਼ਗਾਰਾਂ ਵੱਲੋਂ ਲੰਬੇ ਸਮੇਂ ਤੋਂ ਇਨ੍ਹਾਂ ਟੈਸਟਾਂ ਦੀ ਤਿਆਰੀ ਕੀਤੀ ਜਾ ਰਹੀ ਸੀ, ਪਰ ਅਚਾਨਕ ਇੱਕੋ ਦਿਨ ਪੇਪਰ ਹੋਣ ਕਾਰਨ ਉਨ੍ਹਾਂ ਨੂੰ ਦੋਨਾਂ ਵਿਚੋਂ ਇੱਕ ਪੇਪਰ ਦੇਣ ਲਈ ਮਜਬੂਰ ਹੋਣਾ ਪੈ ਰਿਹਾ ਹੈ, ਜਦੋਂ ਕਿ ਉਨ੍ਹਾਂ ਵੱਲੋਂ ਇਨ੍ਹਾਂ ਦੋਵਾਂ ਪੇਪਰਾਂ ਦੀਆਂ ਫੀਸਾਂ ਭਰੀਆਂ ਗਈਆਂ ਹਨ।

ਉਨ੍ਹਾਂ ਨੇ ਸਿੱਖਿਆ ਮੰਤਰੀ, ਐੱਸ. ਐੱਸ. ਬੋਰਡ ਤੇ ਮੁੱਖ ਮੰਤਰੀ ਪੰਜਾਬ ਨੂੰ ਬੇਨਤੀ ਕਰਦਿਆਂ ਆਖਿਆ ਕਿ ਦੋਨਾਂ ਵਿੱਚੋਂ ਇੱਕ ਪੇਪਰ ਦੀ ਤਾਰੀਕ ਬਦਲੀ ਜਾਵੇ ਤਾਂ ਜੋ ਬੇਰੋਜ਼ਗਾਰ ਵਿਦਿਆਰਥੀਆਂ ਵੱਲੋਂ ਦੋਨੋਂ ਪੇਪਰ ਦਿੱਤੇ ਜਾ ਸਕਣ।

# ਵਿਧਾਇਕ ਸੁਖਾਨੰਦ ਦੀ ਰਹਿਨੁਮਾਈ ਹੇਠ ਵਿਕਾਸ ਕਾਰਜਾਂ 'ਚ ਕੋਈ ਕਸਰ ਨਹੀਂ ਛੱਡੀ ਜਾਵੇਗੀ : ਪਵਨ ਗੁਪਤਾ

### ਨਗਰ ਕੌਂਸਲ ਚੋਣਾਂ 'ਚ ਸ਼ਹਿਰੀ 'ਆਪ' ਦੇ ਹੱਕ 'ਚ ਦੇਣਗੇ ਫੱਤਵਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ਼ਹਿਰ ਨੂੰ ਸੁੰਦਰ ਬਣਾਉਣਾ ਤੇ ਸ਼ਹਿਰ ਵਿੱਚ ਪਾਰਕਿੰਗ ਅਤੇ ਹੋਰ ਸਹੂਲਤਾਂ ਲੈ ਕੇ ਆਉਣਾ ਸਾਡਾ ਮੁੱਢਲਾ ਫਰਜ਼ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਪਵਨ ਗੁਪਤਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾ ਕਿਹਾ ਕਿ ਸ਼ਹਿਰ ਬਾਘਾ ਪੁਰਾਣਾ ਵਿੱਚ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੀ ਰਹਿਨੁਮਾਈ ਹੇਠ ਹਲਕੇ ਦਾ ਸਰਬਪੱਖੀ ਵਿਕਾਸ ਹੋ ਰਿਹਾ ਹੈ ਤੇ ਆਉਣ ਵਾਲੇ ਸਮੇਂ ਵਿੱਚ ਵੀ ਸ਼ਹਿਰ 'ਚ ਪਾਰਕ, ਪਾਰਕਿੰਗ ਤੇ ਹੋਰ ਸ਼ਹਿਰ ਦੇ ਲੋੜੀਂਦਾ ਵਿਕਾਸ ਕਾਰਜ ਕੀਤੇ ਜਾਣਗੇ।ਉਨ੍ਹਾ ਕਿਹਾ ਕਿ ਇਹ ਪਹਿਲੀ ਸਰਕਾਰ ਹੈ, ਜਿਸ ਦੇ ਆਉਣ ਸਾਰ ਆਪਣੇ ਵੱਲੋਂ ਕੀਤੇ ਹੋਏ ਵਾਅਦੇ ਪੂਰੇ ਕੀਤੇ ਜਾ ਰਹੇ ਹਨ। ਉਨ੍ਹਾ ਕਿਹਾ ਕਿ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਹਲਕੇ 'ਚ ਵਿਕਾਸ ਦੀ ਹਨੇਰੀ ਨਾਲ ਹਲਕੇ ਦੇ ਲੋਕ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਬਾਗੋਬਾਗ ਹਨ ਅਤੇ ਆਉਣ ਵਾਲੀਆਂ ਨਗਰ ਕੌਂਸਲ ਚੋਣਾਂ ਵਿੱਚ ਹਲਕੇ ਦੇ ਲੋਕ ਆਪਣਾ ਫੱਤਵਾ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਦੇਣਗੇ।ਉਨ੍ਹਾ ਕਿਹਾ ਕਿ ਹਲਕਾ ਵਿਧਾਇਕ ਵੀ ਹਰ ਰੋਜ਼ ਦੀ ਤਰ੍ਹਾਂ ਹਲਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਵਾ ਰਹੇ ਹਨ।ਸ੍ਰੀ ਪਵਨ ਗੁਪਤਾ ਨੇ ਕਿਹਾ ਕਿ ਪੰਜਾਬ ਦੇ ਕਿਸਾਨਾਂ ਦੀ ਭਲਾਈ ਲਈ ਜ਼ਿਕਰ ਕੀਤਾ ਜਾਵੇ ਤਾਂ ਸਿਰਫ 'ਤੇ ਸਿਰਫ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਪਹਿਲੀ ਕਤਾਰ ਵਿੱਚ ਆਉਂਦੇ ਹਨ।ਹਰ ਵਾਅਦੇ 'ਤੇ ਕਾਇਮ ਰਹਿ ਪੰਜਾਬ ਸਰਕਾਰ ਪੰਜਾਬ ਦੇ ਲੋਕਾਂ ਨਾਲ ਕੀਤੇ ਹੋਏ ਆਪਣੇ ਵਾਅਦੇ ਨਿਭਾਉਣ ਵਿੱਚ ਸਫ਼ਲ ਹੋ ਰਹੀ ਹੈ।ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਦੀ ਨੀਅਤ ਵਿੱਚ ਬਹੁਤ ਵੱਡਾ ਅੰਤਰ ਹੈ ਤਾਂ ਹੀ ਪੰਜਾਬ ਦੇ ਲੋਕਾਂ ਨੂੰ ਹਰ ਤਰ੍ਹਾਂ ਦੀਆਂ ਮੁੱਢਲੀਆਂ ਸਹੂਲਤਾਂ ਨਾਲ ਨਵਾਜ਼ਿਆ ਜਾ ਰਿਹਾ ਹੈ।

ਉਨ੍ਹਾ ਕਿਹਾ ਕਿ ਹਲਕਾ ਵਿਧਾਇਕਾ ਅੰਮ੍ਰਿਤਪਾਲ ਸਿੰਘ ਸੁਖਾਨੰਦ ਵਰਕਰਾਂ ਨੂੰ ਆਪਣਾ ਮਾਣ ਸਨਮਾਨ ਦੇ ਕੇ ਨਿਵਾਜ ਰਹੇ ਹਨ, ਉਥੇ ਵੱਡੇ ਪੱਧਰ 'ਤੇ ਹਲਕੇ ਵਿੱਚ ਵਿਕਾਸ ਕਾਰਜ ਕਰਵਾ ਕੇ ਹਲਕੇ ਨੂੰ ਉੱਪਰ ਚੁੱਕ ਰਹੇ ਹਨ।

# ਮਿਊਂਸਪਲ ਚੋਣਾਂ ਦੇ ਮੱਦੇਨਜ਼ਰ ਵੋਟਾਂ ਬਣਾਉਣ ਲਈ ਵਿਸ਼ੇਸ਼ ਕੈਂਪ

### ਬੀ ਐੱਲ ਓਜ਼ ਵੱਲੋਂ ਡੋਰ ਟੂ ਡੋਰ ਸਰਵੇ ਜਾਰੀ



**ਸਰਦੂਲਗੜ੍ਹ/ਮਾਨਸਾ (ਅਵਤਾਰ ਜਟਾਣਾ/ਪਮਾਰ)**

ਮਿਊਂਸਪਲ ਚੋਣਾਂ 2024 ਦੇ ਮੱਦੇਨਜ਼ਰ ਨਗਰ ਪੰਚਾਇਤ ਦਫ਼ਤਰ ਸਰਦੂਲਗੜ੍ਹ ਵਿਖੇ 25 ਨਵੰਬਰ 2024 ਤੱਕ ਵਿਸ਼ੇਸ਼ ਕੈਂਪ ਲਗਾ ਕੇ ਦਾਅਵੇ ਇਤਰਾਜ਼ ਲਏ ਜਾ ਰਹੇ ਹਨ। ਇਹ ਜਾਣਕਾਰੀ ਕਾਰਜਸਾਧਕ ਅਫ਼ਸਰ, ਸਰਦੂਲਗੜ੍ਹ ਸ੍ਰੀ ਹੈਪੀ ਕੁਮਾਰ ਨੇ ਦਿੱਤੀ। ਉਨ੍ਹਾਂ ਦੱਸਿਆ ਕਿ ਜੋ ਵੋਟਰ 01 ਨਵੰਬਰ 2024 ਨੂੰ ਆਪਣੀ ਯੋਗਤਾ ਪੂਰੀ ਕਰਦੇ ਹਨ, ਉਨ੍ਹਾਂ ਦੀਆਂ ਵੋਟਾਂ ਬਣਾਈਆਂ ਜਾ ਰਹੀਆਂ ਹਨ। ਬੀ.ਐੱਲ.ਓਜ਼ ਵੱਲੋਂ ਡੋਰ ਟੂ ਡੋਰ ਜਾ ਕੇ ਵੀ ਨਵੀਆਂ ਵੋਟਾਂ ਬਣਾਈਆਂ ਜਾ ਰਹੀਆਂ ਹਨ। ਉਨ੍ਹਾਂ ਸਮੂਹ ਸ਼ਹਿਰ ਨਿਵਾਸੀਆਂ ਨੂੰ ਅਪੀਲੀ ਕੀਤੀ ਹੈ ਕਿ ਮਿਊਂਸਪਲ ਚੋਣਾਂ ਸਬੰਧੀ ਆਪਣੇ ਦਾਅਵੇ/ਇਤਰਾਜ਼/ਨਵੀਆਂ ਵੋਟਾਂ ਬਣਵਾ ਲਈਆਂ ਜਾਣ।

# ਡਾ. ਬਲਬੀਰ ਸਿੰਘ ਨੇ ਵੱਖ-ਵੱਖ ਵਾਰਡਾਂ ਦੇ ਵਸਨੀਕਾਂ ਦੀਆਂ ਸੁਣੀਆਂ ਸਮੱਸਿਆਵਾਂ



**ਪਟਿਆਲਾ (ਰਾਜਿੰਦਰ ਸਿੰਘ)**-ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਤੇ ਮੈਡੀਕਲ ਸਿੱਖਿਆ ਤੇ ਖੋਜ ਮੰਤਰੀ ਡਾ: ਬਲਬੀਰ ਸਿੰਘ ਨੇ 'ਆਪ ਦੀ ਸਰਕਾਰ ਆਪ ਦੇ ਦੁਆਰ' ਤਹਿਤ ਵਾਰਡ ਨੰ: 4, 11 ਤੇ 13 'ਚ ਪੈਂਦੀਆਂ ਕਲੋਨੀਆਂ ਦੇ ਵਸਨੀਕਾਂ ਦੀਆਂ ਸਮੱਸਿਆਵਾਂ ਸੁਣੀਆਂ। ਉਨ੍ਹਾਂ ਕਿਹਾ ਕਿ ਉਹ ਵੋਟਾਂ ਦੌਰਾਨ ਕੀਤੇ ਵਾਅਦਿਆਂ ਨੂੰ ਪੂਰਾ ਕਰਦਿਆਂ ਲੋਕਾਂ ਨੂੰ ਪੂਰੀ ਤਰ੍ਹਾਂ ਸਮਰਪਤ ਹਨ ਤੇ ਉਨ੍ਹਾਂ ਦੀਆਂ ਮੁਸ਼ਕਲਾਂ ਵੀ ਹੱਲ ਕਰਨ ਲਈ ਵਚਨਬੱਧ ਹਨ। ਡਾ: ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਉਨ੍ਹਾਂ ਦੇ ਕੋਲ ਜਾ ਕੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਹਰ ਮੁਹੱਲੇ ਵਿੱਚ ਜਾ ਕੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਆਪਣੀ ਨਿਗਰਾਨੀ ਹੇਠ ਮੌਕੇ 'ਤੇ ਹੀ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਉਹ ਪਹਿਲਾਂ ਵੀ ਕਈ ਵਾਰਡਾਂ ਵਿੱਚ ਜਾ ਚੁੱਕੇ ਹਨ ਤੇ ਆਉਣ ਵਾਲੇ ਸਮੇਂ ਵਿੱਚ ਵੀ ਲੋਕਾਂ ਦੀ ਸਮੱਸਿਆਵਾਂ ਹੱਲ ਕਰਨ ਲਈ ਮੌਜੂਦ ਰਹਿਣਗੇ। ਉਨ੍ਹਾਂ ਨਾਲ ਨਗਰ ਨਿਗਮ ਕਮਿਸ਼ਨਰ ਡਾ: ਰਜਤ ਓਬਰਾਏ, ਐੱਸ.ਡੀ.ਐੱਮ. ਮਨਜੀਤ ਕੌਰ, ਐੱਸ.ਐੱਮ.ਓ. ਡਾ: ਮੋਨਿਕਾ ਤੇ ਐੱਸ ਐੱਚ ਓ ਪ੍ਰਦੀਪ ਬਾਜਵਾ ਸਮੇਤ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ। ਜਨ ਸੁਵਿਧਾ ਕੈਂਪ ਵਿੱਚ ਸਾਰੇ ਅਫਸਰਾਂ ਦੀ ਮੌਜੂਦਗੀ ਵਿੱਚ ਸਮੱਸਿਆਵਾਂ ਦੇ ਹੱਲ ਮੌਕੇ 'ਤੇ ਹੀ ਕੀਤੇ ਗਏ। ਇਸ ਮੌਕੇ ਜਸਬੀਰ ਗਾਂਧੀ ਆਫਿਸ ਇੰਚਾਰਜ, ਬਲਾਕ ਪ੍ਰਧਾਨ ਮਨਦੀਪ ਵਿਰਦੀ, ਸੰਚਾਲਕ ਬਲਜਿੰਦਰ ਢਿੱਲੋਂ, ਵੂਮੈਨ ਵਿੰਗ ਪ੍ਰੀਤੀ ਮਲਹੋਤਰਾ ਆਪ ਪੰਜਾਬ ਪ੍ਰਧਾਨ, ਲਾਲ ਸਿੰਘ, ਰੁਪਿੰਦਰ ਤੁਰਨਾ, ਚੇਅਰਮੈਨ ਪੰਜਾਬ ਸਟੇਟ ਤਕਨੀਕੀ ਸਿੱਖਿਆ ਬੋਰਡ ਜੇ. ਪੀ. ਸਿੰਘ, ਸੰਚਾਲਕ ਦੀਪਕ ਮਿੱਤਲ, ਸੰਚਾਲਕ ਰਾਜ ਵਿਕਰਾਂਤ ਸੰਧੂ, ਨੰਬਰਦਾਰ ਭੁਪਿੰਦਰ ਸਿੰਘ ਆਦਿ ਹਾਜ਼ਰ ਸਨ।

## ਲੰਬਿਤ ਕੇਸਾਂ ਦਾ ਪਹਿਲ ਦੇ ਅਧਾਰ 'ਤੇ ਨਿਪਟਾਰਾ ਕੀਤਾ ਜਾਵੇ : ਡੀ ਸੀ

**ਬਠਿੰਡਾ (ਰਾਜੀਵ ਗੋਇਲ, ਪਰਵਿੰਦਰ ਜੀਤ ਸਿੰਘ)**-ਪਿਛਲੇ 2 ਸਾਲਾਂ ਤੋਂ ਲੰਬਿਤ ਪਏ ਕੇਸਾਂ ਨੂੰ ਪਹਿਲ ਦੇ ਆਧਾਰ 'ਤੇ ਨਿਪਟਾਉਣਾ ਯਕੀਨੀ ਬਣਾਇਆ ਜਾਵੇ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਨੇ ਮਾਲ ਵਿਭਾਗ ਦੇ ਅਧਿਕਾਰੀਆਂ ਨਾਲ ਕੀਤੀ ਗਈ ਮਹੀਨਾਵਾਰ ਮੀਟਿੰਗ ਦੀ ਸਮੀਖਿਆ ਕਰਦਿਆਂ ਕੀਤਾ। ਮੀਟਿੰਗ ਦੀ ਪ੍ਰਧਾਨਗੀ ਕਰਦੇ ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਭਰੇ ਨੇ ਲੰਬਿਤ ਪਏ ਕੇਸਾਂ ਦਾ ਰੀਵਿਊ ਕੀਤਾ। ਇਸ ਮੌਕੇ ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਪੈਂਡਿੰਗ ਕੇਸਾਂ ਦੀ ਰਿਕਵਰੀ ਕਰਨੀ ਲਾਜ਼ਮੀ ਬਣਾਈ ਜਾਵੇ। ਇਸ ਮੌਕੇ ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਕਿਹਾ ਕਿ ਆਪੋ-ਆਪਣੇ ਰਿਕਾਰਡ ਨੂੰ ਅਪਡੇਟ ਕਰਨਾ ਯਕੀਨੀ ਬਣਾਇਆ ਜਾਵੇ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਸੰਬੰਧਤ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਬਕਾਇਆ ਪਏ ਇੰਤਕਾਲਾਂ ਦੇ ਕੇਸਾਂ ਦਾ ਪਹਿਲ ਦੇ ਅਧਾਰ 'ਤੇ ਨਿਪਟਾਰਾ ਕੀਤਾ ਜਾਵੇ।

# ਖਣਨ ਮੰਤਰੀ ਗੋਇਲ ਨੇ ਨਾਜਾਇਜ਼ ਮਾਈਨਿੰਗ 'ਤੇ ਕੱਸਿਆ ਸ਼ਿਕੰਜਾ



**ਚੰਡੀਗੜ੍ਹ :** ਸੂਬੇ ਦੇ ਲੋਕਾਂ ਨੂੰ ਸਸਤੇ ਭਾਅ 'ਤੇ ਰੇਤਾ-ਬਜਰੀ ਮੁਹੱਈਆ ਕਰਵਾਉਣ ਦੇ ਮੱਦੇਨਜ਼ਰ ਪੰਜਾਬ ਦੇ ਖਣਨ ਤੇ ਭੂ-ਵਿਗਿਆਨ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਮਰਸ਼ੀਅਲ ਮਾਈਨਿੰਗ ਸਾਈਟਾਂ (ਸੀ.ਐੱਮ.ਐੱਸ.) ਦੇ ਠੇਕੇਦਾਰਾਂ ਨਾਲ ਅਹਿਮ ਮੀਟਿੰਗ ਕੀਤੀ ਜਿਸ ਵਿੱਚ ਉਨ੍ਹਾਂ ਨੇ ਠੇਕੇਦਾਰਾਂ ਨੂੰ ਲੋਕਾਂ ਲਈ ਵਾਜਬ ਦਰਾਂ 'ਤੇ ਰੇਤਾ ਅਤੇ ਬਜਰੀ ਉਪਲਬਧ ਕਰਵਾਉਣ ਨੂੰ ਯਕੀਨੀ ਬਣਾਉਣ ਲਈ ਕਿਹਾ।ਉਨ੍ਹਾਂ ਕਿਹਾ ਕਿ 132.99 ਲੱਖ ਮੀਟ੍ਰਿਕ ਟਨ ਤੋਂ ਵੱਧ ਰੇਤ ਅਤੇ ਬਜਰੀ ਜਨਤਕ ਅਤੇ ਵਪਾਰਕ ਦੋਵਾਂ ਸਾਈਟਾਂ 'ਤੇ ਹਾਲੇ ਵੀ ਉਪਲਬਧ ਹੈ।ਸੂਬੇ ਵਿੱਚ ਰੇਤ ਮਾਫੀਆ ਨੂੰ ਪੈਦਾ ਕਰਨ ਅਤੇ ਇਸ ਦੀ ਸਰਪ੍ਰਸਤੀ ਕਰਨ ਲਈ ਪਿਛਲੀਆਂ ਸਰਕਾਰਾਂ ਨੂੰ ਕਰੜੇ ਹੱਥੀਂ ਲੈਂਦਿਆਂ ਗੋਇਲ ਨੇ ਕਿਹਾ ਕਿ ਹਰ ਕੋਈ ਜਾਣਦਾ ਹੈ ਕਿ ਪਿਛਲੇ ਹੁਕਮਰਾਨ ਰੇਤ ਮਾਫੀਆ ਨਾਲ ਘਿਉ-ਖਿਚੜੀ ਸਨ ਅਤੇ ਉਨ੍ਹਾਂ ਨੇ ਆਪਣੇ ਲੰਮੇ ਕੁਸ਼ਾਸਨ ਦੌਰਾਨ ਸੂਬੇ ਦੀ ਬੜੀ ਬੇ-ਕਿਰਕੀ ਨਾਲ ਲੁੱਟ ਕੀਤੀ।ਮੰਤਰੀ ਨੇ ਕਿਹਾ ਕਿ ਪਿਛਲੀ ਸਰਕਾਰ ਦੇ ਆਗੂਆਂ ਦੀ ਸਰਪ੍ਰਸਤੀ ਹੇਠ ਉਭਰੇ ਰੇਤ ਮਾਫ਼ੀਆ ਖਿਲਾਫ ਸ਼ਿਕੰਜਾ ਕੱਸ ਦਿੱਤਾ ਗਿਆ ਹੈ।ਪੰਜਾਬ ਸਰਕਾਰ ਨੇ ਸੂਬੇ ਵਿੱਚ ਕੁੱਲ 150 ਜਨਤਕ ਮਾਈਨਿੰਗ ਸਾਈਟਾਂ ਅਤੇ 100 ਵਪਾਰਕ ਮਾਈਨਿੰਗ ਸਾਈਟਾਂ ਖੋਲ੍ਹਣ ਦਾ ਟੀਚਾ ਰੱਖਿਆ ਹੈ।ਗ਼ੈਰ-ਕਾਨੂੰਨੀ ਮਾਈਨਿੰਗ ਨੂੰ ਠੱਲ੍ਹ ਪਾਉਣ ਲਈ ਮਾਈਨਿੰਗ ਐਕਟ ਅਤੇ ਨਿਯਮਾਂ ਤਹਿਤ ਅਪ੍ਰੈਲ 2022 ਤੋਂ ਅਕਤੂਬਰ 2024 ਤੱਕ 1360 ਐਫ.ਆਈ.ਆਰਜ਼ ਦਰਜ ਕੀਤੀਆਂ ਗਈਆਂ ਹਨ।ਮਾਈਨਿੰਗ ਮੰਤਰੀ ਨੇ ਠੇਕੇਦਾਰਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ ਅਤੇ ਉਨ੍ਹਾਂ ਦੇ ਜਲਦ ਨਿਪਟਾਰੇ ਦਾ ਭਰੋਸਾ ਦਿੱਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਖਣਨ ਅਤੇ ਭੂ-ਵਿਗਿਆਨ ਵਿਭਾਗ ਦੇ ਸਕੱਤਰ ਗੁਰਕਿਰਤ ਕਿਰਪਾਲ ਸਿੰਘ, ਖਣਨ ਵਿਭਾਗ ਦੇ ਡਾਇਰੈਕਟਰ ਅਭਿਜੀਤ ਕਪਲਿਸ਼ ਅਤੇ ਚੀਫ਼ ਇੰਜੀਨੀਅਰ ਡਾ. ਹਰਿੰਦਰਪਾਲ ਸਿੰਘ ਬੇਦੀ ਵੀ ਮੌਜੂਦ ਸਨ।

# ਬਰੌਂਡਵੇ ਸਕੂਲ ਮਨਾਲ ਵਿਖੇ ਇੰਟਰ-ਸਕੂਲਾਂ ਦੇ ਫਾਈਨਲ ਮੁਕਾਬਲੇ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਬਰੌਂਡਵੇ ਪਬਲਿਕ ਸਕੂਲ ਮਨਾਲ ਵਿਖੇ ਐੱਚ.ਓ.ਐੱਲ. ਅਧੀਨ ਇੰਟਰ ਸਕੂਲ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਮੇਜ਼ਬਾਨ ਸਕੂਲ ਤੋਂ ਇਲਾਵਾ ਚਾਰ ਸਕੂਲਾਂ ਦੇ ਵਿਦਿਆਰਥੀਆਂ ਨੇ ਵੱਖ-ਵੱਖ ਗਤੀਵਿਧੀਆਂ (ਪਾਵਰ ਪੁਆਇੰਟ ਪੇਸ਼ਕਾਰੀ, ਸਮੂਹ-ਗਾਣ, ਲੋਕ-ਨਾਚ, ਬਾਸਕਟਬਾਲ, ਵਾਲੀਬਾਲ) 'ਚ ਭਾਗ ਲੈਂਦੇ ਹੋਏ ਆਪਣੀ ਪ੍ਰਤਿਭਾ ਦੇ ਜੌਹਰ ਵਿਖਾਏ।ਇਨ੍ਹਾਂ ਮੁਕਾਬਲਿਆਂ ਦੌਰਾਨ ਬਾਸਕਟਬਾਲ (ਕੁੜੀਆਂ) ਵਿੱਚ ਬਰੌਂਡਵੇ ਪਬਲਿਕ ਸਕੂਲ ਨੇ ਪਹਿਲਾ ਤੇ ਸਰਵੋਤਮ ਅਕੈਡਮੀ ਸਕੂਲ ਨੇ ਦੂਜਾ, ਵਾਲੀਬਾਲ (ਮੁੰਡਿਆਂ) ਵਿੱਚ ਬਰੌਂਡਵੇ ਪਬਲਿਕ ਸਕੂਲ ਨੇ ਪਹਿਲਾ ਤੇ ਜੈ ਵਾਟਿਕਾ ਨੇ ਦੂਜਾ ਸਥਾਨ ਹਾਸਲ ਕੀਤਾ।ਇਸੇ ਤਰ੍ਹਾਂ ਹੀ ਪਾਵਰ ਪੁਆਇੰਟ ਪੇਸ਼ਕਾਰੀ (ਕੁੜੀਆਂ) ਵਿੱਚ ਗਿਆਂਸ਼ ਗਲੋਬਲ ਸਕੂਲ ਨੇ ਪਹਿਲਾ ਤੇ ਬਰੌਂਡਵੇ ਪਬਲਿਕ ਸਕੂਲ ਨੇ ਦੂਜਾ ਸਥਾਨ ਤੇ ਮੁੰਡਿਆਂ ਵਿੱਚੋਂ ਬਰੌਂਡਵੇ ਪਬਲਿਕ ਸਕੂਲ ਨੇ ਪਹਿਲਾ, ਜੈ ਵਾਟਿਕਾ ਨੇ ਦੂਜਾ ਸਥਾਨ ਅਤੇ ਸਮੂਹ-ਗਾਣ ਵਿੱਚ ਗਿਆਂਸ਼ ਗਲੋਬਲ ਸਕੂਲ ਨੇ ਪਹਿਲਾ ਤੇ ਬਰੌਂਡਵੇ ਪਬਲਿਕ ਸਕੂਲ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਲੋਕ-ਨਾਚ ਲੁੱਡੀ ਦਾ ਪਹਿਲਾ ਸਥਾਨ ਬਰੌਂਡਵੇ ਪਬਲਿਕ ਸਕੂਲ ਦੀਆਂ ਕੁੜੀਆਂ ਨੇ ਆਪਣੇ ਨਾਂਅ ਕੀਤਾ, ਜਦਕਿ ਝੂਮਰ ਲੋਕ-ਨਾਚ ਵਿੱਚ ਸਰਵੋਤਮ ਅਕੈਡਮੀ ਨੇ ਦੂਜਾ ਸਥਾਨ ਹਾਸਲ ਕੀਤਾ।ਇਨ੍ਹਾਂ ਮੁਕਾਬਲਿਆਂ ਨੂੰ ਪੂਰੇ ਸੁਚਾਰੂ ਰੂਪ ਨਾਲ ਕਰਵਾਉਣ ਦਾ ਸਿਹਰਾ ਐੱਚ.ਓ.ਐੱਲ. ਦੇ ਕੋਆਰਡੀਨੇਟਰ ਮੈਡਮ ਨੌਗੀਨ ਮਲਿਕ ਤੇ ਉਨ੍ਹਾਂ ਦੇ ਸਹਾਇਕ ਮੈਡਮ ਗੁਰਪ੍ਰੀਤ ਕੌਰ ਦੇ ਸਿਰ ਜਾਂਦਾ ਹੈ, ਜਿਨ੍ਹਾਂ ਨੇ ਆਪਣੇ ਵਧੀਆ ਤਾਲਮੇਲ ਸਦਕਾ ਇਸ ਸਮਾਗਮ ਨੂੰ ਨੇਪਰੇ ਚਾੜ੍ਹਿਆ।ਸਕੂਲ ਚੇਅਰਮੈਨ ਰਣਜੀਤ ਸਿੰਘ ਚੀਮਾ, ਡਾਇਰੈਕਟਰ ਸ੍ਰੀਮਤੀ ਨਵਰੀਤ ਕੌਰ ਚੀਮਾ ਤੇ ਪ੍ਰਿੰਸੀਪਲ ਮੁਹੰਮਦ ਆਰਿਫ਼ ਸੈਫ਼ੀ ਨੇ ਜੇਤੂ ਸਕੂਲਾਂ ਦੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਤੇ ਟਰਾਫ਼ੀਆਂ ਵੰਡ ਕੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕਰਦਿਆਂ ਭਵਿੱਖ 'ਚ ਵੀ ਇਸੇ ਪਿਰਤ ਨੂੰ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ।ਸਕੂਲ ਪ੍ਰਿੰਸੀਪਲ ਮੁਹੰਮਦ ਆਰਿਫ਼ ਸੈਫ਼ੀ ਨੇ ਹਰੇਕ ਵਿਦਿਆਰਥੀ ਨੂੰ ਆਪਣੀ ਪ੍ਰਤਿਭਾ ਨੂੰ ਪਛਾਣ ਕੇ ਉਸ ਉੱਪਰ ਕੰਮ ਕਰਨ ਲਈ ਵੀ ਉਤਸ਼ਾਹਤ ਕੀਤਾ ਗਿਆ।

## ...ਸਫ਼ਾ 1 ਦੇ ਬਾਕੀ

### ਮਾਨ ਵੱਲੋਂ ਗੁਰੂਆਂ, ਸੰਤਾਂ...

ਅਤੇ ਸਮਾਜਿਕ ਕਦਰਾਂ-ਕੀਮਤਾਂ ਤੋਂ ਜਾਣੂ ਕਰਵਾਉਣ ਦਾ ਮੌਕਾ ਪ੍ਰਦਾਨ ਕਰਦੇ ਹਨ, ਜੋ ਸਮੁੱਚੀ ਮਾਨਵਤਾ ਨੂੰ ਇਕ ਮਾਲਾ ਵਿੱਚ ਪਰੋ ਕੇ ਰੱਖਦੀਆਂ ਹਨ। ਉਨ੍ਹਾ ਲੋਕਾਂ ਨੂੰ ਇਨ੍ਹਾਂ ਅਧਿਆਤਮਕ ਅਤੇ ਧਾਰਮਿਕ ਆਗੂਆਂ ਦੇ ਦਰਸਾਏ ਮਾਰਗ 'ਤੇ ਚੱਲਣ ਦਾ ਸੱਦਾ ਦਿੰਦਿਆਂ ਕਿਹਾ ਕਿ 'ਆਪ' ਸਰਕਾਰ ਸੂਬੇ 'ਚ ਸ਼ਾਂਤੀ, ਏਕਤਾ ਅਤੇ ਭਾਈਚਾਰਕ ਸਾਂਝ ਨੂੰ ਕਾਇਮ ਰੱਖਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਸਮਾਜ ਦੀ ਭਲਾਈ ਅਤੇ ਸੂਬੇ ਦੀ ਤਰੱਕੀ ਲਈ ਪੂਰੀ ਤਰ੍ਹਾਂ ਸਮਰਪਿਤ ਹੈ।

ਜੈਨ ਭਾਈਚਾਰੇ ਨਾਲ ਆਪਣੀ ਪੁਰਾਣੀ ਸਾਂਝ ਨੂੰ ਚੇਤੇ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੂੰ ਹਮੇਸ਼ਾ ਜੈਨ ਭਾਈਚਾਰੇ ਦੇ ਸੰਤਾਂ ਦੇ ਆਸ਼ੀਰਵਾਦ ਦਾ ਸੁਭਾਗ ਪ੍ਰਾਪਤ ਹੋਇਆ ਹੈ। ਉਨ੍ਹਾਂ ਇਸ ਖੇਤਰ ਵਿੱਚ ਅਤਿ-ਆਧੁਨਿਕ ਹਸਪਤਾਲ ਸਥਾਪਤ ਕਰਨ ਲਈ ਭਾਈਚਾਰੇ ਨੂੰ ਪੂਰਨ ਸਹਿਯੋਗ ਦੇਣ ਦਾ ਐਲਾਨ ਵੀ ਕੀਤਾ। ਭਗਵੰਤ ਸਿੰਘ ਮਾਨ ਨੇ ਉਮੀਦ ਜ਼ਾਹਰ ਕੀਤੀ ਕਿ ਇਹ ਪੂਰੇ ਉੱਤਰੀ ਖਿੱਤੇ ਦੇ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਵਿੱਚ ਮੋਹਰੀ ਭੂਮਿਕਾ ਨਿਭਾਏਗਾ।

### ਬੱਚਿਆਂ ਨੂੰ ਸੋਸ਼ਲ ਮੀਡੀਆ...

ਆਨਲਾਈਨ ਪੋਰਨੋਗ੍ਰਾਫੀ ਤੱਕ ਪਹੁੰਚਣ ਤੋਂ ਰੋਕਣ ਦੇ ਤਰੀਕੇ ਵੀ ਲੱਭ ਰਿਹਾ ਹੈ।

ਉਮਰ ਜਾਂਚ ਪ੍ਰਮਾਣੀਕਰਣ ਯੋਜਨਾ ਦੇ ਮੁੱਖ ਕਾਰਜਕਾਰੀ ਟੋਨੀ ਐਲਨ ਨੇ ਕਿਹਾ ਕਿ ਵਿਚਾਰੀਆਂ ਜਾ ਰਹੀਆਂ ਤਕਨੀਕਾਂ 'ਚ ਉਮਰ ਦਾ ਅਨੁਮਾਨ ਸ਼ਾਮਲ ਹੈ। ਅਨੁਮਾਨ 'ਚ ਵਿਅਕਤੀਆਂ ਬਾਰੇ ਤੱਥਾਂ ਦੀ ਇੱਕ ਲੜੀ ਸਥਾਪਤ ਕਰਨਾ ਸ਼ਾਮਲ ਹੁੰਦਾ ਹੈ, ਜੋ ਉਨ੍ਹਾਂ ਨੂੰ ਘੱਟੋ-ਘੱਟ ਇੱਕ ਨਿਸ਼ਚਿਤ ਉਮਰ ਦੇ ਹੋਣ ਵੱਲ ਇਸ਼ਾਰਾ ਕਰਦੇ ਹਨ।

ਸੰਚਾਰ ਮੰਤਰੀ ਨੇ ਕਿਹਾ ਕਿ ਪਲੇਟਫਾਰਮਾਂ ਨੂੰ 5 ਕਰੋੜ ਆਸਟ੍ਰੇਲੀਅਨ ਡਾਲਰਾਂ ਤੱਕ ਦੇ ਜੁਰਮਾਨੇ ਦਾ ਸਾਹਮਣਾ ਕਰਨਾ ਪਵੇਗਾ, ਜੇ ਉਹ ਉਮਰ-ਭਰੋਸੇ ਦੇ ਉਦੇਸ਼ਾਂ ਲਈ ਪ੍ਰਾਪਤ ਉਪਭੋਗਤਾਵਾਂ ਦੀ ਨਿੱਜੀ ਜਾਣਕਾਰੀ ਦੀ ਦੁਰਵਰਤੋਂ ਕਰਦੇ ਹਨ। ਉਨ੍ਹਾ ਕਿਹਾ ਕਿ ਉਮਰ ਦੇ ਭਰੋਸੇ ਲਈ ਵਰਤੀ ਜਾਣ ਵਾਲੀ ਜਾਣਕਾਰੀ ਨੂੰ ਉਸ ਉਦੇਸ਼ ਦੀ ਪੂਰਤੀ ਕਰਨ ਤੋਂ ਬਾਅਦ ਨਸ਼ਟ ਕੀਤਾ ਜਾਣਾ ਚਾਹੀਦਾ ਹੈ, ਜਦੋਂ ਤੱਕ ਉਪਭੋਗਤਾ ਇਸ ਨੂੰ ਰੱਖਣ ਲਈ ਸਹਿਮਤ ਨਹੀਂ ਹੁੰਦਾ।

### ਕੈਨੇਡਾ ਤੋਂ ਭਾਰਤ...

ਡੇਢ ਵਜੇ ਉਡਾਣ ਭਰ ਸਕਿਆ।

ਕੈਨੇਡਾ ਸਰਕਾਰ ਸਤੰਬਰ 1985 'ਚ ਟੋਰਾਂਟੋ ਤੋਂ ਦਿੱਲੀ ਜਾਂਦੇ ਹਵਾਈ ਜਹਾਜ਼ (ਕਨਿਸ਼ਕ) ਹਾਦਸੇ ਨੂੰ ਅਜੇ ਭੁੱਲੀ ਨਹੀਂ। ਏਅਰ ਇੰਡੀਆ ਦੇ ਉਸ ਮੰਦਭਾਗੇ ਜਹਾਜ਼ 'ਚ ਟੋਰਾਂਟੋ ਤੋਂ ਉਡਾਣ ਭਰਨ ਦੇ ਢਾਈ ਘੰਟੇ ਬਾਅਦ ਐਟਲਾਂਟਿਕ ਮਹਾਸਾਗਰ ਉਪਰੋਂ ਲੰਘਦਿਆਂ ਬੰਬ ਫਟਿਆ ਸੀ। ਹਾਦਸੇ 'ਚ ਅਮਲੇ ਦੇ 12 ਮੈਂਬਰਾਂ ਸਮੇਤ 339 ਲੋਕ ਮਾਰੇ ਗਏ ਸਨ। ਉਸੇ ਦਿਨ ਕੈਨੇਡਾ ਤੋਂ ਜਪਾਨ ਦੇ ਟੋਕੀਓ ਹਵਾਈ ਅੱਡੇ ਪਹੁੰਚੇ ਜਹਾਜ਼ ਦਾ ਸਾਮਾਨ ਉਤਾਰਦਿਆਂ ਹੋਏ ਬੰਬ ਧਮਾਕੇ 'ਚ ਦੋ ਕਾਮਿਆਂ ਦੀ ਮੌਤ ਹੋਈ ਸੀ।

ਕੈਨੇਡਾ ਦੀ ਟਰਾਂਸਪੋਰਟ ਮੰਤਰੀ ਅਨੀਤਾ ਅਨੰਦ ਵੱਲੋਂ ਸੁਰੱਖਿਆ ਅਮਲੇ ਨੂੰ ਦਿੱਤੀਆਂ ਸਖਤ ਹਦਾਇਤਾਂ ਇਸ ਗੱਲ ਦਾ ਸੰਕੇਤ ਹਨ ਕਿ ਸੂਹੀਆ ਤੰਤਰ ਨੂੰ ਕਿਸੇ ਹਿੰਸਕ ਗਰੁੱਪ ਦੇ ਕਿਸੇ ਮਨਸੂਬੇ ਦੀ ਭਿਣਕ ਪਈ ਹੋ ਸਕਦੀ ਹੈ।

## ਸਾਈਕਲ ਰਾਈਡ ਜਲੰਧਰ ਤੋਂ ਹੋਈ ਸ਼ੁਰੂ, ਸ਼ਨੀਵਾਰ ਸਵੇਰੇ ਮਲੋਟ ਪਹੁੰਚੇਗੀ

**ਮਲੋਟ (ਗੁਰਮੀਤ ਸਿੰਘ ਮੱਕੜ)**-ਆਊਂਡੈਕਸ ਇੰਡੀਆ ਕਲੱਬ ਵੱਲੋਂ ਆਯੋਜਿਤ 75 ਘੰਟਿਆਂ ਵਿਚ ਪੂਰੀ ਕੀਤੀ ਜਾਣ ਵਾਲੀ ਇੱਕ ਹਜ਼ਾਰ ਕਿਲੋਮੀਟਰ ਦੀ ਰਾਈਡ ਦੀ ਅੱਜ ਸਵੇਰੇ ਜਲੰਧਰ ਦੇ ਹਾਕ ਰਾਈਡਰ ਕਲੱਬ ਤੋਂ ਸ਼ੁਰੂਆਤ ਹੋਈ, ਜਿਸ ਵਿਚ ਤਿੰਨ ਲੜਕੀਆਂ ਸਮੇਤ ਕੁੱਲ 15 ਪ੍ਰਤੀਯੋਗੀ ਭਾਗ ਲੈ ਰਹੇ ਹਨ। ਮਲੋਟ ਦੇ ਨੌਜਵਾਨ ਜਗਜੀਤ ਸਿੰਘ ਉਰਫ ਵਿੱਕੀ ਵੀ ਇਸ ਰਾਈਡ ਦਾ ਹਿੱਸਾ ਹਨ। ਜਗਜੀਤ ਸਿੰਘ ਨੇ ਦੱਸਿਆ ਕਿ ਇਹ ਰਾਈਡ ਜਲੰਧਰ ਤੋਂ ਸ਼ੁਰੂ ਹੋ ਕੇ ਅੰਮ੍ਰਿਤਸਰ, ਪਠਾਨਕੋਟ ਅਤੇ ਗੁਰਦਾਸਪੁਰ ਹੁੰਦੀ ਹੋਈ ਵਾਪਸੀ ਵਾਇਆ ਹੁਸ਼ਿਆਰਪੁਰ, ਫਗਵਾੜਾ, ਲੁਧਿਆਣਾ ਹੁੰਦੀ ਹੋਈ ਅੰਬਾਲਾ ਤੋਂ ਯੂ ਟਰਨ ਲਵੇਗੀ ਅਤੇ ਫਿਰ ਰਾਜਪੁਰਾ, ਪਟਿਆਲਾ, ਬਠਿੰਡਾ ਹੁੰਦੀ ਹੋਈ ਸ਼ਨੀਵਾਰ ਸਵੇਰ ਮਲੋਟ ਪੁੱਜੇਗੀ । ਮਲੋਟ ਤੋਂ ਯੂ ਟਰਨ ਲੈ ਕੇ ਬਠਿੰਡਾ, ਲੁਧਿਆਣਾ ਹੁੰਦੀ ਹੋਈ ਵਾਪਿਸ ਜਲੰਧਰ ਪੁੱਜੇਗੀ। ਉਨ੍ਹਾਂ ਦੱਸਿਆ ਕਿ ਆਉਡੈਕਸ ਕਲੱਬ ਫਰਾਂਸ ਦੀ ਕੰਪਨੀ ਹੈ ਜੋ ਕਿ ਇੰਡੀਆ ਵਿਚ ਸਾਈਕਲਿੰਗ ਨੂੰ ਪ੍ਰਮੋਟ ਕਰਦੀ ਹੈ ਅਤੇ ਹਰ ਵੱਡੇ ਸ਼ਹਿਰ ਵਿਚ ਇਨ੍ਹਾਂ ਦੇ ਕਲੱਬ ਬਣੇ ਹੋਏ ਹਨ

## ਸ਼ਰਧਾ ਭਾਵਨਾ ਨਾਲ ਮਨਾਇਆ ਬਾਬਾ ਦੀਪ ਸਿੰਘ ਜੀ ਦਾ ਸ਼ਹੀਦੀ ਦਿਹਾੜਾ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਹਰਮੰਦਰ ਸਾਹਿਬ ਦੀ ਪਵਿੱਤਰਤਾ ਨੂੰ ਕਾਇਮ ਰੱਖਣ ਲਈ ਆਪਣੀ ਸ਼ਹੀਦੀ ਦੇ ਕੇ ਅਨੌਖੀ ਮਿਸਾਲ ਪੈਦਾ ਕਰਨ ਵਾਲੇ ਸੁਰਬੀਰ ਯੋਧੇ ਧੰਨ ਧੰਨ ਬਾਬਾ ਦੀਪ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਪ੍ਰਬੰਧਕ ਕਮੇਟੀ ਗੁਰਦੁਆਰਾ ਭਾਈ ਹਾਕਮ ਸਿੰਘ ਤੇ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਬਹੁਤ ਹੀ ਸ਼ਰਧਾ ਭਾਵਨਾ ਨਾਲ ਸ਼ਹਿਰ ਦੇ ਮੁੱਖ ਗੇਟ ਵਿਖੇ ਮਨਾਇਆ ਗਿਆ, ਜਿਸ ਵਿੱਚ ਭਾਈ ਦਵਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਬਲਵਿੰਦਰ ਸਿੰਘ ਤੇ ਭਾਈ ਕੁਲਦੀਪ ਸਿੰਘ ਦੇ ਰਾਗੀ ਜਥਿਆਂ ਨੇ ਜਿੱਥੇ ਆਪਣੇ ਮਨੋਹਰ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ, ਉਥੇ ਉੱਘੇ ਕਥਾ ਵਾਚਕ ਗਿਆਨੀ ਮਾਨ ਸਿੰਘ ਸਾਬਕਾ ਹੈੱਡ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਨੇ ਬਾਬਾ ਜੀ ਦੀ ਜੀਵਨੀ 'ਤੇ ਸਿੱਖ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਮੰਤਰ ਮੁਗਧ ਕੀਤਾ। ਸਟੇਜ ਸਕੱਤਰ ਦੀ ਸੇਵਾ ਭਾਈ ਜਸਪਾਲ ਸਿੰਘ ਬਾਖੂਬੀ ਨਿਭਾਈ। ਇਸ ਸ਼ਹੀਦੀ ਦਿਹਾੜੇ ਵਿੱਚ ਸਹਿਯੋਗ ਦੇਣ ਵਾਲੀਆਂ ਸੰਗਤਾਂ ਨੂੰ ਪ੍ਰਬੰਧਕ ਕਮੇਟੀ ਨੇ ਸਨਮਾਨਤ ਵੀ ਕੀਤਾ। ਇਸ ਸਮੇਂ ਪ੍ਰਬੰਧਕਾ ਨੇ ਸਹਿਯੋਗ ਦੇਣ ਵਾਲੇ ਦਾਨੀ ਸੱਜਣਾਂ ਦਾ ਧੰਨਵਾਦ ਵੀ ਕੀਤਾ। ਇਸ ਮੌਕੇ ਹਾਜ਼ਰ ਸੰਗਤਾਂ ਤੇ ਪ੍ਰਬੰਧਕਾਂ ਵਿੱਚ ਬਾਬਾ ਮੁਖਤਿਆਰ ਸਿੰਘ, ਭਾਈ ਜਸਪਾਲ ਸਿੰਘ, ਸੁਰਜੀਤ ਸਿੰਘ, ਗੁਰਚਰਨ ਸਿੰਘ ਬਾਵਾ, ਨਿਰਮਲ ਸਿੰਘ ਦੁਲਚੀਕੇ, ਸੁਖਬੀਰ ਸਿੰਘ ਸੰਧੂ, ਅਜਮੇਰ ਸਿੰਘ, ਪ੍ਰਗਟ ਸਿੰਘ, ਬਲਵਿੰਦਰ ਸਿੰਘ ਸੰਧੂ, ਅਨੂਪ ਸਿੰਘ, ਸੁਖਦੇਵ ਸਿੰਘ ਭੁੱਲਰ, ਜਗਦੀਸ਼ ਲਾਲ ਬਜਾਜ, ਹਰਜਿੰਦਰ ਸਿੰਘ ਸਮੇਤ ਹੋਰ ਕਈ ਆਗੂ ਹਾਜ਼ਰ ਸਨ।

# ਨਾਮਦੇਵ ਭੁਟਾਲ ਦੀ ਬਰਸੀ ਸੰਬੰਧੀ ਸਮਾਮਗ 24 ਨੂੰ

**ਲਹਿਰਾਗਾਗਾ (ਪਵਨ)**-ਇਲਾਕੇ ਦੀਆਂ ਸਮੂਹ ਜਨਤਕ ਜਮਹੂਰੀ ਜਥੇਬੰਦੀਆਂ ਦੇ ਆਗੂਆਂ ਨੇ ਲਹਿਰਾ ਇਲਾਕੇ ਦੇ ਜਮਹੂਰੀ ਤੇ ਅਗਾਂਹਵਧੂ ਲੋਕਾਂ ਨੂੰ ਲੋਕ ਚੇਤਨਾ ਮੰਚ ਦੇ ਸਰਗਰਮ ਆਗੂ ਤੇ ਜਮਹੂਰੀ ਅਧਿਕਾਰ ਸਭਾ ਜ਼ਿਲ੍ਹਾ ਸੰਗਰੂਰ ਦੇ ਤਤਕਾਲੀ ਪ੍ਰਧਾਨ ਮਰਹੂਮ ਨਾਮਦੇਵ ਭੁਟਾਲ ਦੇ 24 ਨਵੰਬਰ ਨੂੰ ਪਿੰਡ ਭੁਟਾਲ ਕਲਾਂ ਵਿਖੇ ਹੋ ਰਹੇ ਬਰਸੀ ਸਮਾਗਮ ਵਿੱਚ ਪਹੁੰਚਣ ਦੀ ਅਪੀਲ ਕੀਤੀ ਹੈ।ਬਰਸੀ ਦਾ ਸਮਾਗਮ ਭੁਟਾਲ ਕਲਾਂ ਦੇ ਕਮਿਊਨਿਟੀ ਹਾਲ ਵਿੱਚ ਸਵੇਰੇ 10 ਵਜੇ ਹੋਵੇਗਾ।

ਪ੍ਰੈੱਸ ਦੇ ਨਾਂਅ ਇੱਕ ਸਾਂਝੇ ਬਿਆਨ ਵਿੱਚ ਲੋਕ ਚੇਤਨਾ ਮੰਚ ਦੇ ਪ੍ਰਧਾਨ ਗਿਆਨ ਚੰਦ ਸ਼ਰਮਾ ਤੇ ਰਘਬੀਰ ਭੁਟਾਲ, ਜਮਹੂਰੀ ਅਧਿਕਾਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਜਗਜੀਤ ਭੁਟਾਲ, ਭਾਰਤੀ ਕਿਸਾਨ ਯੂਨੀਅਨ (ਉਗਰਾਹਾਂ) ਦੇ ਸੂਬਾਈ ਆਗੂ ਜਨਕ ਸਿੰਘ ਭੁਟਾਲ, ਪੰਜਾਬ ਕਿਸਾਨ ਯੂਨੀਅਨ ਦੇ ਆਗੂ ਬਲਵੀਰ ਜਲੂਰ, ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਦੇ ਹਰਵਿੰਦਰ ਸਿੰਘ ਲਦਾਲ, ਕੁੱਲ ਹਿੰਦ ਕਿਸਾਨ ਸਭਾ ਦੇ ਕਾਮਰੇਡ ਸਤਵੰਤ ਖੰਡੇਬਾਦ, ਕਿਰਤੀ ਕਿਸਾਨ ਯੂਨੀਅਨ ਦੇ ਨਿਰਭੈ ਸਿੰਘ ਖਾਈ, ਕਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਦੇ ਬਲਵਿੰਦਰ ਜਲੂਰ ਕੁੱਲ ਹਿੰਦ ਕਿਸਾਨ ਫੈਡਰੇਸ਼ਨ ਦੇ ਲਛਮਣ ਅਲੀਸ਼ੇਰ, ਖੇਤੀਬਾੜੀ ਤੇ ਕਿਸਾਨ ਵਿਕਾਸ ਫਰੰਟ ਦੇ ਮਹਿੰਦਰ ਸਿੰਘ, ਬਿਜਲੀ ਮੁਲਾਜ਼ਮ ਆਗੂ ਪੂਰਨ ਸਿੰਘ ਖਾਈ ਤੇ ਫੀਲਡ ਵਰਕਰਜ਼ ਯੂਨੀਅਨ ਦੇ ਅਮਰੀਕ ਗੁਰਨੇ ਨੇ ਦੱਸਿਆ ਕਿ ਸਾਥੀ ਨਾਮਦੇਵ ਭੁਟਾਲ ਦੀ ਬਰਸੀ ਮੌਕੇ ਸਮੂਹ ਜਨਤਕ ਜਮਹੂਰੀ ਜਥੇਬੰਦੀਆਂ ਵੱਲੋਂ ਉਨ੍ਹਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਜਾਣਗੀਆਂ।ਇਸ ਮੌਕੇ ਸਾਥੀ ਨਾਮਦੇਵ ਦੇ ਪਰਿਵਾਰ ਵੱਲੋਂ ਪਿੰਡ ਭੁਟਾਲ ਕਲਾਂ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਸਾਰੀਆਂ ਜਮਾਤਾਂ ਵਿੱਚੋਂ ਪਹਿਲੇ, ਦੂਜੇ ਤੇ ਤੀਜੇ ਨੰਬਰ 'ਤੇ ਆਉਣ ਵਾਲੇ ਅਤੇ ਖੇਡਾਂ ਦੇ ਖੇਤਰ ਵਿੱਚ ਨਾਮਣਾ ਖੱਟਣ ਵਾਲੇ ਬੱਚਿਆਂ ਨੂੰ ਨਾਮਦੇਵ ਯਾਦਗਾਰੀ ਸਨਮਾਨ-ਪੱਤਰ ਤੇ ਨਕਦ ਰਾਸ਼ੀ ਭੇਟ ਕੀਤੀ ਜਾਵੇਗੀ।ਉਨ੍ਹਾਂ ਇਲਾਕੇ ਦੇ ਸਮੂਹ ਜਮਹੂਰੀ ਹਲਕਿਆਂ ਨੂੰ 24 ਨਵੰਬਰ ਨੂੰ 10 ਵਜੇ ਭੁਟਾਲ ਕਲਾਂ ਵਿਖੇ ਸਾਥੀ ਨਾਮਦੇਵ ਭੁਟਾਲ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਪਹੁੰਚਣ ਦੀ ਅਪੀਲ ਕੀਤੀ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri

ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

22-Nov-PAGE-3.qxd 11/21/2024 10:45 PM Page 1



# ਹਜ਼ਾਰਾਂ ਕਿਸਾਨ, ਮਜ਼ਦੂਰ, ਬੀਬੀਆਂ ਨੇ ਪਿੰਡ ਸੇਰੋਂ ਵਿਖੇ ਕੀਤੀ ਸੰਕਲਪ ਰੈਲੀ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਜ਼ਿਲ੍ਹਾ ਤਰਨ ਤਾਰਨ ਦੀ ਅਗਵਾਈ ਹੇਠ ਹਜ਼ਾਰਾਂ ਕਿਸਾਨ, ਮਜ਼ਦੂਰ, ਬੀਬੀਆਂ, ਨੌਜਵਾਨਾਂ ਨੇ ਪਿੰਡ ਸੇਰੋਂ ਬਾਬਾ ਸਧਾਣਾ ਜੀ ਦੇ ਗੁਰਦੁਆਰਾ ਵਿਖੇ ਕੀਤੀ ਗਈ ਸੰਕਲਪ ਰੈਲੀ ਵਿੱਚ ਪੂਰੀ ਸ਼ਿੱਦਤ ਨਾਲ ਸ਼ਮੂਲੀਅਤ ਕੀਤੀ। ਵਿਸ਼ਾਲ ਰੈਲੀ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ, ਸੂਬਾ ਆਗੂ ਸਤਨਾਮ ਸਿੰਘ ਪੰਨੂ, ਸਵਿੰਦਰ ਸਿੰਘ ਚਤਾਲਾ, ਹਰਪ੍ਰੀਤ ਸਿੰਘ ਸਿੱਧਵਾਂ, ਬੀਬੀ ਰਣਜੀਤ ਕੌਰ ਕੱਲਾ ਨੇ ਕਿਹਾ ਕਿ ਦੋਵਾਂ ਫੋਰਮਾਂ ਵੱਲੋਂ ਕੀਤੇ ਐਲਾਨ ਮੁਤਾਬਿਕ 26 ਨਵੰਬਰ ਨੂੰ ਜਗਜੀਤ ਸਿੰਘ ਡੱਲੇਵਾਲ ਵੱਲੋਂ ਖਨੌਰੀ ਬਾਰਡਰ 'ਤੇ ਮਰਨ ਵਰਤ ਰੱਖਿਆ ਜਾਏਗਾ। ਵਿਸ਼ਵ ਵਪਾਰ ਸੰਸਥਾ, ਬੈਂਕ ਮੁਦਰਾ ਫੰਡ ਅਜਿਹੀਆਂ ਕੌਮਾਂਤਰੀ ਸੰਸਥਾ ਦੀ ਦਲਾਲ ਮੋਦੀ ਸਰਕਾਰ ਵੱਲੋਂ ਕਿਸਾਨਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਨਾ ਲਾਗੂ ਕਰਨ ਦੇ ਵਿਰੋਧ ਵਿੱਚ ਛੇ ਦਸੰਬਰ ਨੂੰ ਦੋਵਾਂ ਫਾਰਮਾਂ ਵੱਲੋਂ ਵੱਡਾ ਜਥਾ ਦਿੱਲੀ ਵੱਲ ਕੂਚ ਕਰੇਗਾ। ਇਸ ਜਥੇ ਦੀ ਅਗਵਾਈ ਕਿਸਾਨ ਆਗੂ ਸਤਨਾਮ ਸਿੰਘ ਪੰਨੂ, ਸੁਵਿੰਦਰ ਸਿੰਘ ਚੌਤਾਲਾ, ਸੁਰਜੀਤ ਸਿੰਘ ਫੂਲ ਕਰਨਗੇ। ਜ਼ਿਲ੍ਹਾ ਤਰਨ ਤਾਰਨ ਦੇ ਪ੍ਰਧਾਨ ਸਤਨਾਮ ਸਿੰਘ ਮਾਨੋਚਾਹਲ, ਹਰਜਿੰਦਰ ਸਿੰਘ ਸ਼ਕਰੀ, ਬੀਬੀ ਦਵਿੰਦਰ ਕੌਰ ਪਿੱਦੀ, ਜਰਨੈਲ ਸਿੰਘ ਨੂਰਦੀ ਨੇ ਕਿਹਾ ਕਿ ਦੋਵਾਂ ਫੋਰਮਾਂ ਵੱਲੋਂ ਕੀਤੇ ਗਏ ਵੱਡੇ ਐਲਾਨ ਨੂੰ ਲਾਗੂ ਕਰਨ ਲਈ ਜ਼ਿਲ੍ਹਾ ਤਰਨ ਤਾਰਨ ਵੱਲੋਂ ਅੱਜ ਸੰਕਲਪ ਰੈਲੀ ਕਰਕੇ ਐਲਾਨ ਕੀਤਾ ਜਾਂਦਾ ਹੈ। 4 ਦਸੰਬਰ ਨੂੰ ਜ਼ਿਲ੍ਹੇ ਤਰਨ ਤਾਰਨ ਵਿੱਚੋਂ ਹਜ਼ਾਰਾਂ ਕਿਸਾਨ, ਮਜ਼ਦੂਰ, ਬੀਬੀਆਂ, ਨੌਜਵਾਨ ਟਰਾਲੀਆਂ ਟਰੈਕਟਰਾਂ ਤੇ ਸਵਾਰ ਹੋ ਕੇ ਸ਼ੰਭੂ ਪਹੁੰਚਣਗੇ। ਕਿਸਾਨ ਆਗੂ ਰੇਸ਼ਮ ਸਿੰਘ ਘੁਰਕਵਿੰਡ, ਦਿਆਲ ਸਿੰਘ ਮੀਆਂਵਿੰਡ, ਹਰਬਿੰਦਰਜੀਤ ਸਿੰਘ ਕੰਗ, ਫਤਿਹ ਸਿੰਘ ਪਿੱਦੀ, ਬੀਬੀ ਰਣਜੀਤ ਕੌਰ ਜੰਡੋ ਕੇ ਸਰਿਹਾਲੀ ਨੇ ਕਿਹਾ ਕਿ 23 ਫਸਲਾਂ ਤੇ ਖਰੀਦ ਦੀ ਗਰੰਟੀ ਕਾਨੂੰਨ ਬਣਾਉਣ ਦੀ ਰਿਪੋਰਟ 2011 ਵਿੱਚ ਪ੍ਰਧਾਨ ਮੰਤਰੀ ਦੀ ਆਪਣੀ ਹੀ ਪ੍ਰਧਾਨਗੀ ਹੇਠ ਬਣੀ ਰਿਪੋਰਟ ਸਰਕਾਰ ਕੋਲ ਪਈ ਹੈ। ਇਸੇ ਤਰ੍ਹਾਂ 2006 ਦੀ ਸੁਆਮੀਨਾਥਨ ਕਮਿਸ਼ਨ ਦੀ ਰਿਪੋਰਟ ਕੇਂਦਰ ਸਰਕਾਰ ਕੋਲ ਪਈ ਹੈ। ਆਪ ਹੀ ਬਣਾਈਆਂ ਕਮੇਟੀਆਂ ਦੀਆਂ ਰਿਪੋਰਟਾਂ ਨਾ ਲਾਗੂ ਕਰਕੇ ਮੋਦੀ ਸਰਕਾਰ ਦੇਸ਼ ਦੇ ਕਿਸਾਨਾਂ ਨਾਲ ਧ੍ਰੋਹ ਕਮਾ ਰਹੀ ਹੈ।ਇਸ ਕਰਕੇ ਦੋਵਾਂ ਮੋਰਚਿਆਂ ਵੱਲੋਂ ਆਰ ਪਾਰ ਦਾ ਸੰਘਰਸ਼ ਵਿਡ ਦਿੱਤਾ।ਕਿਸਾਨ ਆਗੂਆਂ ਨੇ ਜ਼ੋਰਦਾਰ ਮੰਗ ਕੀਤੀ ਕਿ ਕੇਂਦਰ ਸਰਕਾਰ ਤੁਰੰਤ 23 ਫਸਲਾਂ ਦੀ ਖਰੀਦ ਦੀ ਗਰੰਟੀ ਕਾਨੂੰਨ 2 ਪਲੱਸ ਫਿਫਟੀ ਅਨੁਸਾਰ ਲਾਗੂ ਕਰੇ। ਕਿਸਾਨ ਮਜ਼ਦੂਰਾਂ ਦਾ ਸਮੁੱਚਾ ਕਰਜ਼ਾ ਕਾਰਪੋਰੇਟ ਘਰਾਣਿਆਂ ਦੀ ਤਰਜ਼ ਉੱਤੇ ਖਤਮ ਕੀਤਾ ਜਾਵੇ। ਦੇਸ਼ ਭਰ ਵਿੱਚ 58 ਸਾਲ ਤੋਂ ਵੱਧ ਵਾਲੇ ਕਿਸਾਨ, ਮਜ਼ਦੂਰਾਂ ਨੂੰ 10 ਹਜ਼ਾਰ ਰੁਪਿਆ ਬੁਢਾਪਾ ਪੈਨਸ਼ਨ ਦੇਣ , 2013 ਭੂਮੀ ਐਕਟ ਵਿੱਚ ਕੀਤੀ ਸੋਧ ਰੱਦ ਕਰਨ, ਬਿਜਲੀ ਐਕਟ 2023 ਰੱਦ ਕਰਨ, ਜਨਤਕ ਵੰਡ ਪ੍ਰਣਾਲੀ ਅਨੁਸਾਰ ਜ਼ਰੂਰੀ 14 ਵਸਤਾਂ ਗਰੀਬਾਂ ਨੂੰ ਦੇਣ, ਮਨਰੇਗਾ ਸਕੀਮ ਅਧੀਨ 700 ਰੁ. ਦਿਹਾੜੀ 200 ਦਿਨ ਕੰਮ ਦੇਣ ਸਮੇਤ ਸਾਰੀਆਂ 12 ਮੰਗਾਂ ਤੁਰੰਤ ਲਾਗੂ ਕੀਤੀਆਂ ਜਾਣ। ਝੋਨੇ ਦੀ ਖਰੀਦ ਦੌਰਾਨ ਪ੍ਰਤੀ ਕੁਇੰਟਲ 300 ਰੁਪਏ ਤੋਂ ਵੱਧ ਦਾ ਕੱਟ ਲਾ ਕੇ ਹਜ਼ਾਰਾਂ ਕਰੋੜਾਂ ਦੀ ਲੁੱਟ ਕਰਨ ਵਾਲੇ ਆੜ੍ਹਤੀਏ, ਸ਼ੈਲਰ ਮਾਲਕ ਇਸੇ ਲੁੱਟ ਵਿੱਚ ਸ਼ਾਮਿਲ ਅਫਸਰਸ਼ਾਹੀ ਵਿਧਾਇਕ ਮੰਤਰੀਆਂ 'ਤੇ ਪਰਚੇ ਦਰਜ ਕੀਤੇ ਜਾਣ। ਕਿਸਾਨਾਂ ਦੇ ਕੱਟੇ ਹੋਏ ਪੈਸੇ ਵਾਪਸ ਕੀਤੇ ਜਾਣ।ਕਿਸਾਨ ਆਗੂਆਂ ਨੇ ਤਰਨ ਤਰਨ ਜ਼ਿਲ੍ਹੇ ਤੇ ਪੰਜਾਬ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿਸੇ ਵੀ ਆੜ੍ਹਤੀ ਅਤੇ ਸ਼ੈਲਰ ਨੂੰ ਕੋਈ ਵੀ ਕੱਟ ਨਾ ਲਵਾਇਆ ਜਾਵੇ। ਇਨ੍ਹਾਂ ਦੇ ਸ਼ੈਲਰ ਤੇ ਦੁਕਾਨਾਂ ਦਾ ਘਿਰਾਓ ਕੀਤਾ ਜਾਵੇ।ਇਸ ਮੌਕੇ ਸਲਵਿੰਦਰ ਸਿੰਘ ਜੀਓਬਾਲਾ, ਪਰਮਜੀਤ ਸਿੰਘ ਛੀਨਾ, ਹਰਪਾਲ ਸਿੰਘ ਪੰਡੋਰੀ ਸਿੱਧਵਾਂ, ਮੁਖਤਾਰ ਸਿੰਘ ਬਿਹਾਰਪੁਰ, ਇੰਕਬਾਲ ਸਿੰਘ ਵੜਿੰਗ, ਪਾਖਰ ਸਿੰਘ ਲਾਲਪੁਰਾ, ਬਲਜਿੰਦਰ ਸਿੰਘ ਸੇਰੋਂ, ਨਰਿੰਜਣ ਸਿੰਘ ਬਰਗਾੜੀ, ਮੇਹਰ ਸਿੰਘ ਤਲਵੰਡੀ, ਦਿਲਬਾਗ ਸਿੰਘ ਪਹੁਵਿੰਡ, ਗਿਆਨ ਸਿੰਘ ਚੋਹਲਾ ਖੁਰਦ, ਮਨਜੀਤ ਸਿੰਘ ਕਰਮੂਵਾਲ, ਕੁਲਦੀਪ ਸਿੰਘ ਵੇਈਪੂਈ, ਸਰਵਣ ਸਿੰਘ ਵਲੀਪੁਰ, ਗੁਰਭੇਜ ਸਿੰਘ ਧਾਰੀਵਾਲ ਆਦਿ ਆਗੂ ਹਾਜ਼ਰ ਸਨ।

# ਅਜਨਾਲਾ ਹਲਕੇ ਤੇ ਸ਼ਹਿਰ ਦੇ ਵਿਕਾਸ 'ਚ ਕੋਈ ਕਮੀ ਨਹੀਂ ਛੱਡੀ ਜਾਵੇਗੀ : ਧਾਲੀਵਾਲ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਸਰਹੱਦੀ ਕਸਬੇ ਅਜਨਾਲਾ ਦੇ ਵਿਕਾਸ ਵਿੱਚ ਕੋਈ ਕਮੀ ਨਹੀਂ ਛੱਡੀ ਜਾਵੇਗੀ ਅਤੇ ਇਹ ਕਸਬਾ ਰਾਜ ਦੇ ਵਿਕਸਿਤ ਸ਼ਹਿਰਾਂ ਵਾਂਗ ਹਰ ਸਹੂਲਤ ਨਾਲ ਲੈਸ ਹੋਵੇਗਾ। ਉਕਤ ਸ਼ਬਦਾਂ ਦਾ ਪ੍ਰਗਟਾਵਾ ਵਿਧਾਨ ਸਭਾ ਹਲਕਾ ਅਜਨਾਲਾ ਦੇ ਵਿਧਾਇਕ ਤੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਅੱਜ ਅਜਨਾਲਾ ਸ਼ਹਿਰ ਦੇ ਘਰ-ਘਰ ਦਿੱਤੀ ਦਸਤਕ ਦੌਰਾਨ ਸ਼ਹਿਰ ਵਾਸੀਆਂ ਨਾਲ ਕਰਦੇ ਹੋਏ ਕਿਹਾ ਕਿ ਹੁਣ ਤੱਕ ਉਹ ਸ਼ਹਿਰ ਵਿੱਚ ਸੜਕਾਂ ਦਾ ਨਿਰਮਾਣ, ਸਟਰੀਟ ਲਾਈਟਾਂ, ਸੁਰੱਖਿਆ ਲਈ ਸੀ ਸੀ ਟੀ ਵੀ ਕੈਮਰੇ, ਸਫਾਈ ਦੇ ਪ੍ਰਬੰਧ, ਹਰਿਆਵਲ ਲਈ ਦਰੱਖਤ ਲਗਾਉਣ, ਗਲੀਆਂ ਦਾ ਨਿਰਮਾਣ ਆਦਿ ਦੇ ਕੰਮ ਕਰ ਰਹੇ ਹਨ ਅਤੇ ਭਵਿੱਖ ਵਿੱਚ ਵੀ ਜੋ ਲੋੜ ਸ਼ਹਿਰ ਵਾਸੀ ਦੱਸਣਗੇ ਉਸ ਉੱਤੇ ਕੰਮ ਕੀਤਾ ਜਾਵੇਗਾ। ਕੁਲਦੀਪ ਸਿੰਘ ਧਾਲੀਵਾਲ ਨੇ ਅੱਜ ਅਜਨਾਲਾ ਸ਼ਹਿਰ ਦੀਆਂ ਸਮੁੱਚੀਆਂ 15 ਵਾਰਡਾਂ ਵਿੱਚ ਜਾ ਕੇ ਪਾਰਟੀ ਅਹੁਦੇਦਾਰਾਂ, ਵਲੰਟੀਅਰਾਂ ਅਤੇ ਆਮ ਸ਼ਹਿਰੀਆਂ ਨੂੰ ਮਿਲ ਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਮੌਕੇ 'ਤੇ ਹੀ ਨਿਪਟਾਰਾ ਕੀਤਾ। ਉਨ੍ਹਾਂ ਕਿਹਾ ਕਿ ਆਜ਼ਾਦੀ ਤੋਂ ਬਾਅਦ ਕਿਸੇ ਵੀ ਸਰਕਾਰ ਨੇ ਇਸ ਸਰਹੱਦੀ ਸ਼ਹਿਰ ਦੀ ਸਾਰ ਨਹੀਂ ਲਈ, ਜਿਸ ਕਾਰਨ ਇਹ ਸ਼ਹਿਰ ਬਾਕੀ ਪੰਜਾਬ ਨਾਲੋਂ ਬਹੁਤ ਪਛੜ ਕੇ ਰਹਿ ਗਿਆ ਸੀ ਪਰ ਜਦੋਂ ਤੋਂ ਪੰਜਾਬ ਵਿੱਚ ਤੁਸੀਂ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਈ ਹੈ ਉਦੋਂ ਤੋਂ ਲੈ ਕੇ ਮੈਂ ਇਸ ਦੀ ਬਿਹਤਰੀ ਲਈ ਕੰਮ ਕਰ ਰਿਹਾ ਹਾਂ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕੋਲੋਂ ਮੈਂ ਅਜਨਾਲਾ ਲਈ ਜੋ ਵੀ ਮੰਗਿਆ ਹੈ, ਉਨ੍ਹਾਂ ਨੇ ਦਿਲ ਖੋਲ੍ਹ ਕੇ ਦਿੱਤਾ ਹੈ। ਧਾਲੀਵਾਲ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਅਜਨਾਲਾ ਵਾਸੀ ਜੋ ਹੁਕਮ ਕਰਨਗੇ, ਸ਼ਹਿਰ ਦੀ ਲੋੜ ਨੂੰ ਮੁੱਖ ਰੱਖਦੇ ਹੋਏ ਉਸ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ।

ਇਸ ਮੌਕੇ ਨੰਗਰ ਪੰਚਾਇਤ ਅਜਨਾਲਾ ਦੇ ਪ੍ਰਧਾਨ ਜਸਪਾਲ ਸਿੰਘ ਢਿੱਲੋਂ, ਆਮ ਆਦਮੀ ਪਾਰਟੀ ਸ਼ਹਿਰੀ ਅਜਨਾਲਾ ਦੇ ਪ੍ਰਧਾਨ ਤੇ ਸੀਨੀਅਰ ਆਗੂ ਅਮਿਤ ਕੁਮਾਰ ਔਲ ਅਜਨਾਲਾ, ਬਲਾਕ ਅਜਨਾਲਾ ਪ੍ਰਧਾਨ ਦਵਿੰਦਰ ਸਿੰਘ ਸੋਨੂੰ, ਕੌਂਸਲਰ ਰਾਜਬੀਰ ਕੌਰ ਚਾਹਲ, ਆਪ ਦੇ ਸੀਨੀਅਰ ਯੂਥ ਆਗੂ ਸ਼ਿਵਦੀਪ ਸਿੰਘ ਚਾਹਲ, ਅਮਿਤ ਪੁਰੀ ਅਤੇ ਅਜੇ ਕੁਮਾਰ ਹਾਜ਼ਰ ਸਨ।

# ਉਮਰਪੁਰਾ ਦੇ ਸੱਤਿਆ ਭਰਤੀ ਸਕੂਲ 'ਚ ਕੁਇਜ਼ ਮੁਕਾਬਲੇ



**ਮਜੀਠਾ (ਸੋਇਮ ਆਨੰਦ)**-ਹਲਕਾ ਮਜੀਠਾ ਦੇ ਪਿੰਡ ਉਮਰਪੁਰਾ ਦੇ ਸੱਤਿਆ ਭਾਰਤੀ ਸਕੂਲ 'ਚ ਵਿਦਿਆਰਥੀਆਂ ਦੇ ਰੰਗ ਤਰੰਗ, ਡਰਾਇੰਗ ਤੇ ਅੰਗਰੇਜ਼ੀ ਕੁਇਜ਼ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਜੇਤੂ ਰਹੇ ਵਿਦਿਆਰਥੀਆਂ ਨੂੰ ਇਨਾਮ ਵੀ ਵੰਡੇ ਗਏ। ਇਨ੍ਹਾਂ ਅੰਗਰੇਜ਼ੀ ਕੁਇਜ਼ ਮੁਕਾਬਲਿਆਂ 'ਚ ਅਮਨਦੀਪ ਕੌਰ ਤੇ ਖੁਸ਼ਪ੍ਰੀਤ ਕੌਰ ਨੇ ਪਹਿਲਾ ਸਥਾਨ ਹਾਸਲ, ਡਰਾਇੰਗ ਕੁਇਜ਼ ਵਿੱਚ ਸੁਖਮਨਪ੍ਰੀਤ ਕੌਰ ਨੇ ਪਹਿਲਾ, ਅਮਨਦੀਪ ਕੌਰ ਨੇ ਦੂਜਾ ਤੇ ਅਨੂਰੀਤ ਕੌਰ ਨੇ ਤੀਜਾ ਸਥਾਨ ਹਾਸਲ ਕਰਕੇ ਮਾਪਿਆਂ ਤੇ ਸਕੂਲ ਦਾ ਨਾਮ ਰੋਸ਼ਨ ਕੀਤਾ। ਮੁਕਾਬਲਿਆਂ 'ਚ ਜੇਤੂ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਪਹੁੰਚੇ ਸਰਪੰਚ ਹਰਪ੍ਰੀਤ ਸਿੰਘ, ਪੰਚ ਗੁਰਜਾਰ ਸਿੰਘ, ਪੰਚ ਹਰਜਿੰਦਰ ਸਿੰਘ, ਸਤਪਾਲ ਸਿੰਘ ਤੇ ਅਵਤਾਰ ਸਿੰਘ ਦੋਵੇਂ ਸੇਵਾ ਮੁਕਤ ਅਧਿਆਪਕ, ਯੁੱਧਵੀਰ ਸਿੰਘ ਤੇ ਰਣਜੀਤ ਕੌਰ ਦੋਵੇਂ ਅਧਿਆਪਕ ਸਰਕਾਰੀ ਹਾਈ ਸਕੂਲ ਵਲੋਂ ਜੇਤੂ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤ ਗਏ। ਉਕਤ ਤੋਂ ਇਲਾਵਾ ਪਰਵਿੰਦਰ ਕੌਰ, ਸੁਖਜਿੰਦਰ ਕੌਰ, ਸਵਰੀਨ ਕੌਰ, ਰਾਜਗਿਵੰਦਰ ਕੌਰ, ਸਨੋਤਰਾ ਤੇ ਕੰਚਨ ਆਦਿ ਸਕੂਲ ਅਧਿਆਪਕਾਂ ਹਾਜ਼ਰ ਸਨ।

# ਜਥੇਦਾਰ ਗਿਆਨੀ ਰਘਬੀਰ ਸਿੰਘ ਦੇ ਨਿਵਾਸ ਸਥਾਨ 'ਤੇ ਹੋਈ ਗੁਪਤ ਮੀਟਿੰਗ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਦੇ ਨਿਵਾਸ ਅਸਥਾਨ 'ਤੇ ਸਿੰਘ ਸਾਹਿਬਾਨ ਦੀ ਮੀਟਿੰਗ ਹੋਈ ਜਿਸ ਵਿੱਚ ਸੂਤਰਾਂ ਅਨੁਸਾਰ ਸੁਖਬੀਰ ਸਿੰਘ ਬਾਦਲ ਨੂੰ ਸਿਆਸੀ ਤਨਖਾਹ ਨਾ ਲਗਾਉਣ ਸਬੰਧੀ ਵਿਚਾਰ ਚਰਚਾ ਕੀਤੀ ਗਈ। ਪ੍ਰਾਪਤ ਵੇਰਵਿਆਂ ਅਨੁਸਾਰ ਇਸ ਇਕੱਤਰਤਾ ਮੀਟਿੰਗ ਵਿਚ ਗਿਆਨੀ ਰਘਬੀਰ ਸਿੰਘ ਤੋਂ ਇਲਾਵਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਵੀ ਸ਼ਾਮਲ ਹਨ। ਇਸ ਦੌਰਾਨ ਸਿੰਘ ਸਾਹਿਬਾਨ ਨੂੰ ਮਿਲ ਕੇ ਬਾਹਰ ਆਏ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਉਨ੍ਹਾਂ ਦੀ ਜਥੇਦਾਰਾਂ ਨਾਲ ਸ਼ਿਸ਼ਟਾਚਾਰੀ ਇਕੱਤਰਤਾ ਸੀ ਅਤੇ ਸੁਖਬੀਰ ਸਿੰਘ ਬਾਦਲ ਬਾਰੇ ਕੋਈ ਗੱਲ ਨਹੀਂ ਹੋਈ ਜਦ ਕਿ ਅੱਜ ਦਾ ਮੁੱਦਾ ਹੀ ਸੁਖਬੀਰ ਸਿੰਘ ਬਾਦਲ ਦਾ ਸਰਗਰਮ ਹੈ। ਇਕੱਤਰਤਾ ਉਪਰੰਤ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਜਥੇਦਾਰਾਂ, ਸ਼੍ਰੋਮਣੀ ਕਮੇਟੀ ਪ੍ਰਧਾਨ ਤੇ ਅਕਾਲੀ ਦਲ ਦੇ ਪ੍ਰਧਾਨ ਦਰਮਿਆਨ ਪੰਥਕ ਮਸਲਿਆਂ ਨੂੰ ਲੈ ਕੇ ਅਕਸਰ ਇਹੋ ਜਿਹੀਆਂ ਇਕੱਤਰਤਾ ਹੁੰਦੀਆਂ ਰਹਿੰਦੀਆਂ ਹਨ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੇ ਮਾਮਲੇ ਵਿਚ ਸਿੰਘ ਸਾਹਿਬਾਨ ਦੀ ਇਕੱਤਰਤਾ ਸੱਦਣ ਬਾਰੇ ਫੈਸਲਾ ਜਥੇਦਾਰ ਗਿਆਨੀ ਰਘਬੀਰ ਸਿੰਘ ਵਲੋਂ ਲਿਆ ਜਾਵੇਗਾ।

# ਵੋਟਰਾਂ, ਸਪੋਰਟਰਾਂ ਤੇ ਸਮਰਥਕਾਂ ਦੇ ਹਮੇਸ਼ਾ ਰਿਣੀ ਰਹਾਂਗੇ : ਸਰਪੰਚ ਰਣਜੀਤ ਕੌਰ /ਸਮਿੱਤਰ ਸਿੰਘ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਪਿੰਡ ਦੇ ਵੋਟਰਾਂ, ਸਮਰਥਕਾਂ ਤੇ ਸਪਰੋਟਰਾਂ ਦੇ ਹਮੇਸ਼ਾ ਹੀ ਰਿਣੀ ਰਹਾਂਗੇ ਅਤੇ ਪਿੰਡ ਦੇ ਵਿਕਾਸ ਨੂੰ ਤਰਜੀਹ ਦਿੰਦਿਆਂ ਪਿੰਡ ਦੇ ਵਿਕਾਸ ਨੂੰ ਬਿਨਾਂ ਕਿਸੇ ਭੇਦਭਾਵ ਪਹਿਲ ਦੇ ਆਧਾਰ 'ਤੇ ਕਰਵਾਇਆ ਜਾਵੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਿਧਾਨ ਸਭਾ ਹਲਕਾ ਕਾਦੀਆਂ ਅਧੀਨ ਪੈਂਦੇ ਪਿੰਡ ਬਾਗੜੀਆਂ ਦੇ ਸਰਪੰਚ ਰਣਜੀਤ ਕੌਰ ਅਤੇ ਉਨ੍ਹਾਂ ਦੇ ਪਤੀ ਸਮਿੱਤਰ ਸਿੰਘ ਵੱਲੋਂ ਕੀਤਾ ਗਿਆ। ਇਸ ਮੌਕੇ ਗੱਲਬਾਤ ਕਰਦੇ ਹੋਏ ਸਰਪੰਚ ਦੇ ਪਤੀ ਸਮਿੱਤਰ ਸਿੰਘ ਨੇ ਦੱਸਿਆ ਕਿ ਉਹ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਪਿੰਡ ਦਾ ਵਿਕਾਸ ਕਰਵਾਉਣਗੇ ਅਤੇ ਪਿੰਡ ਦੇ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਕਰਵਾਉਂਦੇ ਹੋਏ ਹਰੇਕ ਪਿੰਡ ਦੇ ਵੋਟਰ ਸਪੋਰਟਰ ਅਤੇ ਸਮਰਥਕਾਂ ਨੂੰ ਨਾਲ ਲੈ ਕੇ ਚੱਲਣਗੇ ਅਤੇ ਬਿਨਾਂ ਕਿਸੇ ਭੇਦਭਾਵ ਤੋਂ ਹੀ ਪਿੰਡ ਦਾ ਵਿਕਾਸ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸਰਪੰਚ ਦਾ ਘਰ ਪਿੰਡ ਵਾਸੀਆਂ ਅਤੇ ਵੋਟਰਾਂ ਸਪੋਰਟਰਾਂ ਤੇ ਸਮਰਥਕਾਂ ਦੇ ਲਈ ਹਮੇਸ਼ਾ ਖੁੱਲ੍ਹਾ ਰਹੇਗਾ। ਉਨ੍ਹਾਂ ਦੇ ਨਾਲ ਕੁਲਬੀਰ ਕੌਰ, ਬਲਵਿੰਦਰ ਕੌਰ, ਤਰਸੇਮ ਮਸੀਹ, ਸਤਪਾਲ ਸਿੰਘ, ਸੁਖਵਿੰਦਰ ਕੌਰ ਮੈਂਬਰ ਬਣੇ। ਅਖੀਰ ਵਿੱਚ ਸਰਪੰਚ ਰਣਜੀਤ ਕੌਰ ਅਤੇ ਉਨ੍ਹਾਂ ਦੇ ਪਤੀ ਸਮਿੱਤਰ ਸਿੰਘ ਨੇ ਆਪਣੇ ਪਿੰਡ ਵਾਸੀਆਂ ਸਮੇਤ ਸਮੂਹ ਵੋਟਰਾਂ ਤੇ ਸਪੋਟਰਾਂ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ। ਇਸ ਮੌਕੇ ਉਨ੍ਹਾਂ ਦੇ ਨਾਲ ਹੋਰਨਾਂ ਤੋਂ ਇਲਾਵਾ ਬਾਬਾ ਹਜ਼ੂਰਾ ਸਿੰਘ ਬਾਗੜੀਆਂ, ਪਲਵਿੰਦਰ ਸਿੰਘ, ਹਰਦੇਵ ਸਿੰਘ, ਬਲਦੇਵ ਸਿੰਘ ਸੈਣੀ, ਅਵਤਾਰ ਸਿੰਘ ਔਲਖ, ਅਤੇ ਸਮੂਹ ਵੋਟਰ ਸਪੋਰਟਰ ਹਾਜ਼ਰ ਸਨ।

# ਅਵਾਰਾ ਕੁੱਤਿਆਂ ਦੇ ਝੁੰਡਾਂ ਤੋਂ ਇਲਾਕਾ ਵਾਸੀ ਪ੍ਰੇਸ਼ਾਨ



**ਗੁਰਦਾਸਪੁਰ (ਜਨਕ ਮਹਾਜਨ)**-ਗੁਰਦਾਸਪੁਰ ਸ਼ਹਿਰ ਅਤੇ ਆਸ ਪਾਸ ਦੇ ਪਿੰਡਾਂ ਵਿਚ ਅਵਾਰਾ ਕੁੱਤਿਆਂ ਦੀ ਭਰਮਾਰ ਹੋਣ ਕਾਰਨ ਲੋਕਾਂ ਵਿਚ ਡਰ ਦਾ ਮਾਹੌਲ ਬਣਿਆ ਰਹਿਦਾ ਹੈ ਕਿਉਂ ਜੋ ਅਵਾਰਾ ਕੁੱਤਿਆਂ ਵਲੋਂ ਛੋਟੇ ਬੱਚਿਆਂ ਅਤੇ ਪਸ਼ੂਆਂ ਦੇ ਛੋਟੇ ਬਰਸੂਟਾਂ ਨੂੰ ਨੁਕਸਾਨ ਪਹੁੰਚਾਉਣ ਕਾਰਨ ਲੋਕ ਕਾਫ਼ੀ ਦੁਖੀ ਹਨ। ਇਸ ਮਸਲੇ ਨੂੰ ਲੈ ਕੇ ਲੋਕਾਂ ਵਿਚ ਪ੍ਰਸ਼ਾਸਨ ਖ਼ਿਲਾਫ਼ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਇਲਾਕਾ ਵਾਸੀ ਮੱਖਣ ਸਿੰਘ ਤੇ ਹੋਰ ਲੋਕਾਂ ਨੇ ਦੱਸਿਆ ਕਿ ਬੇਸ਼ੱਕ ਸਰਕਾਰਾਂ ਵਲੋਂ ਪਾਲਤੂ ਕੁੱਤਿਆਂ ਦੇ ਕੱਟਣ 'ਤੇ ਸਖ਼ਤ ਕਾਨੂੰਨ ਬਣਾਉਣ ਤੋਂ ਇਲਾਵਾ ਵੱਡੇ ਜੁਰਮਾਨੇ ਵੀ ਰੱਖੇ ਗਏ ਹਨ ਪਰ ਅਵਾਰਾਂ ਫ਼ਿਰਦੇ ਕੱਤਿਆਂ ਤੋਂ ਬਚਾਅ ਲਈ ਪ੍ਰਸ਼ਾਸਨ ਵਲੋਂ ਕੋਈ ਸਖ਼ਤ ਕਾਰਵਾਈ ਨਹੀਂ ਕੀਤੀ ਜਾ ਰਹੀ।

ਉਨ੍ਹਾਂ ਕਿਹਾ ਅਵਾਰਾ ਕੁੱਤਿਆਂ ਵਲੋਂ ਇਕ ਦੂਜੇ ਨੂੰ ਕੱਟਣ ਕਰਕੇ ਕੁੱਤਿਆਂ ਦੇ ਕੰਨਾਂ ਤੋਂ ਇਲਾਵਾ ਸਰੀਰ ਦੇ ਹੋਰ ਹਿੱਸਿਆ ਵਿਚ ਕੀੜੇ ਪੈ ਜਾਂਦੇ ਹਨ ਅਤੇ ਫ਼ਿਰ ਇਹ ਕੁੱਤੇ ਥਾਂ-ਥਾਂ 'ਤੇ ਬਿਨਾਂ ਇਲਾਜ ਤੋਂ ਭਟਕਦੇ ਦੇਖੇ ਜਾਂਦੇ ਹਨ। ਇਸ ਤਰ੍ਹਾਂ ਬਿਮਾਰ ਤੇ ਕੀੜੇ ਪਏ ਕੁੱਤਿਆਂ ਤੋਂ ਹੋਰ ਵੀ ਭਿਆਨਕ ਬਿਮਾਰੀਆਂ ਫੈਲਣ ਦਾ ਡਰ ਬਣਿਆ ਰਹਿੰਦਾ ਹੈ।

ਗੁਰਦਾਸਪੁਰ-ਮੁਕੇਰੀਆਂ ਸੜਕ 'ਤੇ ਪੈਂਦੇ ਇਲਾਕਿਆਂ ਵਿਚ ਕਈ ਥਾਵਾਂ 'ਤੇ ਅਵਾਰਾ ਕੁੱਤਿਆਂ ਤੋਂ ਇਲਾਵਾ ਅਵਾਰਾ ਪਸ਼ੂ ਵੀ ਸੜਕ 'ਤੇ ਫਿਰਦੇ ਰਹਿੰਦੇ ਹਨ ਜੋ ਅਕਸਰ ਸੜਕੀ ਹਾਦਸਿਆਂ ਦਾ ਕਾਰਨ ਬਣਦੇ ਹਨ। ਲੋਕਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਇਨ੍ਹਾਂ ਅਵਾਰਾ ਕੁੱਤਿਆਂ ਅਤੇ ਪਸ਼ੂਆਂ ਬਾਰੇ ਕੋਈ ਉਚਿਤ ਕਦਮ ਚੁੱਕੇ ਜਾਣ, ਜਿਸ ਨਾਲ ਕੋਈ ਜਾਨੀ ਮਾਲੀ ਨੁਕਸਾਨ ਨਾ ਹੋ ਸਕੇ।

# 24 ਸਾਲਾ ਗੱਭਰੂ ਬਣਿਆ ਪਿੰਡ ਦਾ ਸਰਪੰਚ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**- ਹਲਕਾ ਖੇਮਕਰਨ ਅਧੀਨ ਪੈਂਦੇ ਪਿੰਡ ਚੇਲਾ 'ਚ ਪਿੰਡ ਵਾਸੀਆਂ ਨੇ ਸਰਬਸੰਮਤੀ ਨਾਲ ਗ੍ਰਾਮ ਪੰਚਾਇਤ ਚੁਣਨ ਮਗਰੋਂ ਸਰਪੰਚੀ ਦੀ ਕਮਾਨ 24 ਸਾਲ ਦੇ ਨੌਜਵਾਨ ਪ੍ਰਭਜੀਤ ਸਿੰਘ ਭੁੱਲਰ ਦੇ ਹੱਥਾਂ ਵਿੱਚ ਦੇ ਦਿੱਤੀ ਹੈ। ਪੰਚਾਇਤ ਦੇ ਫ਼ੈਸਲੇ ਮਗਰੋਂ ਪ੍ਰਭਜੀਤ ਸਿੰਘ ਭੁੱਲਰ ਹਲਕਾ ਖੇਮਕਰਨ ਵਿੱਚ ਸਭ ਤੋਂ ਛੋਟੀ ਉਮਰ ਦਾ ਸਰਪੰਚ ਬਣ ਗਿਆ ਹੈ। ਸਰਪੰਚ ਚੁਣੇ ਜਾਣ ਮਗਰੋਂ ਨਵਾਂ ਜ਼ਮਾਨਾ ਨਾਲ ਗੱਲਬਾਤ ਕਰਦਿਆਂ ਪ੍ਰਭਜੀਤ ਭੁੱਲਰ ਨੇ ਕਿਹਾ ਕਿ ਉਹ ਪਿੰਡ ਵਾਸੀਆਂ ਵੱਲੋਂ ਜਤਾਏ ਭਰੋਸੇ 'ਤੇ ਖਰਾ ਉਤਰਨ ਲਈ ਦਿਨ-ਰਾਤ ਮਿਹਨਤ ਕਰੇਗਾ ਤੇ ਪਿੰਡ ਦੇ ਵਿਕਾਸ ਕਾਰਜਾਂ ਨੂੰ ਜਲਦ ਤੋਂ ਜਲਦ ਸ਼ੁਰੂ ਕਰਾਵੇਗਾ। ਭੁੱਲਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੇ ਲੋਕਾਂ ਦੀ ਜ਼ਿੰਦਗੀ ਵਿੱਚ ਖੁਸ਼ਹਾਲੀ ਲਿਆਉਣ ਲਈ ਹਰ ਸੰਭਵ ਕੋਸ਼ਿਸ਼ ਕਰ ਰਹੀ ਹੈ। ਪ੍ਰਭਜੀਤ ਭੁੱਲਰ ਨੇ ਕਿਹਾ ਕਿ ਹਲਕਾ ਵਿਧਾਇਕ ਸਰਵਨ ਸਿੰਘ ਧੁੰਨ ਤੇ ਨਿੱਜੀ ਸਹਾਇਕ ਹਰਜਿੰਦਰ ਸਿੰਘ ਬੁਰਜ ਦੀ ਅਗਵਾਈ ਹੇਠ ਪਿੰਡ ਦਾ ਸਰਵਪੱਖੀ ਵਿਕਾਸ ਬਿਨਾਂ ਕਿਸੇ ਭੇਦਭਾਵ ਤੋਂ ਕਰਵਾਇਆ ਜਾਵੇਗਾ। ਨਵ-ਨਿਯੁਕਤ ਸਰਪੰਚ ਦਾ ਕਹਿਣਾ ਸੀ ਕਿ ਪਿੰਡ ਵਾਸੀਆਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਤੇ ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਉਣਾ ਉਨ੍ਹਾਂ ਦਾ ਮੁੱਖ ਉਦੇਸ਼ ਹੈ।

# ਵਧੇਰੇ ਝਾੜ ਲੈਣ ਲਈ ਸਮਾਰਟ ਸੀਡਰ ਮਸ਼ੀਨ ਨਾਲ ਕਣਕ ਦੀ ਬਿਜਾਈ ਕਰਨ ਕਿਸਾਨ : ਡਾ. ਭੱਟੀ



**ਮਜੀਠਾ (ਸੋਇਮ ਆਨੰਦ)**-ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਅੰਮ੍ਰਿਤਸਰ ਤੋਂ ਮੁੱਖ ਖੇਤੀਬਾੜੀ ਅਫਸਰ ਅੰਮ੍ਰਿਤਸਰ ਡਾ. ਤਜਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਬਲਾਕ ਮਜੀਠਾ ਤੋਂ ਬਲਾਕ ਖੇਤੀਬਾੜੀ ਅਫਸਰ ਡਾ. ਦਿਲਬਾਗ ਸਿੰਘ ਭੱਟੀ ਦੀ ਯੋਗ ਅਗਵਾਈ ਵਿੱਚ ਪਿੰਡ ਟਰਪਈ ਵਿਖੇ ਕਿਸਾਨ ਸੁਖਵਿੰਦਰ ਸਿੰਘ ਵੱਲੋਂ ਪਰਾਲੀ ਦੀ ਸਾਂਭ ਸੰਭਾਲ ਨੂੰ ਮੁੱਖ ਰੱਖਦਿਆਂ ਸਮਾਰਟ ਸੀਡਰ ਦੀ ਵਰਤੋਂ ਕਰਕੇ ਕਣਕ ਦੀ ਬਿਜਾਈ ਕੀਤੀ ਗਈ। ਇਸ ਮੌਕੇ ਡਾ. ਭੱਟੀ ਨੇ ਦੱਸਿਆ ਕਿ ਸਮਾਰਟ ਸੀਡਰ ਬਹੁਤ ਵਧੀਆ ਮਸ਼ੀਨ ਹੈ ਜੋ ਕਿ ਸੁਪਰਸੀਡਰ ਦੀ ਬਜਾਏ 45 ਹਾਰਸ ਪਾਵਰ ਟਰੈਕਟਰ ਦੀ ਵਰਤੋਂ ਨਾਲ ਵੀ ਪਰਾਲੀ ਦੀ ਸੰਭਾਲ ਕਰਕੇ ਕਣਕ ਦੀ ਬਿਜਾਈ ਕਰ ਦਿੰਦੀ ਹੈ। ਇਹ ਮਸ਼ੀਨ ਸੀਮਾਂਤ ਕਿਸਾਨਾਂ ਲਈ ਬਹੁਤ ਲਾਹੇਵੰਦ ਹੈ, ਜਿਨ੍ਹਾਂ ਕੋਲ ਟਰੈਕਟਰ ਜ਼ਿਆਦਾ ਵੱਡੇ ਨਹੀਂ ਵੀ ਹਨ। ਇਸ ਮਸ਼ੀਨ ਨਾਲ ਝੋਨੇ ਦੀ ਕਟਾਈ ਤੋਂ ਬਾਅਦ ਤੁਰੰਤ ਕਣਕ ਦੀ ਬਿਜਾਈ ਕੀਤੀ ਜਾ ਸਕਦੀ ਹੈ। ਇਸ ਨਾਲ ਬਿਜਾਈ ਕਰਨ ਤੋਂ ਬਾਅਦ ਸਾਰੀ ਪਰਾਲੀ ਜ਼ਮੀਨ ਉਪਰ ਮਲਚ ਦਾ ਕੰਮ ਕਰਦੀ ਹੈ, ਜਿਸ ਨਾਲ ਕਣਕ ਦੇ ਝਾੜ ਵਿੱਚ ਭਾਰੀ ਵਾਧਾ ਹੁੰਦਾ ਹੈ। ਬਾਅਦ ਵਿੱਚ ਕਣਕ ਦੀ ਕਟਾਈ ਤੋਂ ਬਾਅਦ ਜ਼ਮੀਨ ਵਿੱਚ ਮਿਕਸ ਹੋ ਕੇ ਖਾਦ ਬਣਾਉਂਦੀ ਹੈ, ਜਿਸ ਨਾਲ ਖੇਤੀ ਉਪਜ ਵਿੱਚ ਵਾਧਾ ਹੁੰਦਾ ਹੈ। ਇਸ ਮੌਕੇ ਅਗਾਂਹਵਧੂ ਕਿਸਾਨ ਸੁਖਵਿੰਦਰ ਸਿੰਘ ਪਿੰਡ ਟਰਪਈ ਨੇ ਦੱਸਿਆ ਕਿ ਉਸ ਨੇ ਪਿਛਲੇ ਸਾਲ ਡਾ. ਹਰਜਿੰਦਰ ਸਿੰਘ ਦੀ ਸਲਾਹ ਨਾਲ ਸਮਾਰਟ ਸੀਡਰ ਮਸ਼ੀਨ ਨਾਲ 2 ਏਕੜ ਕਣਕ ਦੀ ਬਿਜਾਈ ਕੀਤੀ ਸੀ ਜਿਸ ਦਾ ਨਤੀਜਾ ਬਹੁਤ ਵਧੀਆ ਰਿਹਾ ਸੀ ਅਤੇ ਖਰਚਾ ਵੀ ਬਹੁਤ ਘੱਟ ਆਇਆ ਸੀ। ਇਸ ਵਾਰ ਕਿਸਾਨ ਵੱਲੋਂ ਆਪਣੇ 6 ਏਕੜ ਸਾਰੇ ਰਕਬੇ ਵਿੱਚ ਕਣਕ ਦੀ ਬਿਜਾਈ ਸਮਾਰਟ ਸੀਡਰ ਦੀ ਵਰਤੋਂ ਨਾਲ ਕੀਤੀ ਗਈ। ਕਿਸਾਨ ਨੇ ਇਹ ਵੀ ਦੱਸਿਆ ਕਿ ਇਸ ਤਕਨੀਕ ਨਾਲ ਬੀਜੀ ਕਣਕ ਵਿੱਚ ਪਰਾਲੀ ਦੀ ਮਲਚ ਨਾਲ ਨਦੀਨਾਂ ਦੀ ਸਮੱਸਿਆ ਵੀ ਬਹੁਤ ਘੱਟ ਹੁੰਦੀ ਹੈ ਅਤੇ ਖੇਤੀ ਖਰਚੇ ਘਟਦੇ ਹਨ। ਇਸ ਮੌਕੇ ਸਰਕਲ ਵਡਾਲਾ ਦੇ ਇੰਚਾਰਜ ਖੇਤੀਬਾੜੀ ਵਿਸਥਾਰ ਅਫਸਰ ਕਮਲ ਕਾਹਲੋਂ ਅਤੇ ਪਿੰਡ ਦੇ ਸੂਝਵਾਨ ਕਿਸਾਨ ਮੌਜੂਦ ਸਨ।

# ਆਸ਼ਕ ਸਾਥੀਆਂ ਹੱਥੋਂ ਫੌਜੀ ਪਤੀ ਮਰਵਾਇਆ



**ਬਾਬਾ ਬਕਾਲਾ ਸਾਹਿਬ (ਨਿਰਮਲ ਸਿੰਘ ਸੰਘਾ)**-ਬੀਤੀ ਰਾਤ ਬਾਬਾ ਬਕਾਲਾ ਸਾਹਿਬ ਵਿਖੇ ਇਕ ਵਿਆਹੁਤਾ ਔਰਤ ਨੇ ਆਪਣੇ ਦੋ ਆਸ਼ਕ ਪ੍ਰੇਮੀਆਂ ਹੱਥੋਂ ਆਪਣੇ ਫ਼ੌਜੀ ਪਤੀ ਨੂੰ ਮਰਵਾਉਣ ਦਾ ਸਮਾਚਾਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਜਸਵਿੰਦਰ ਕੌਰ ਨਾਮਕ ਔਰਤ ਦੇ ਨਾਜਾਇਜ਼ ਸਬੰਧਾਂ ਨੂੰ ਲੈ ਕੇ ਉਸ ਦੇ ਆਪਣੇ ਪਤੀ ਸੁਖਦੇਵ ਸਿੰਘ ਸਾਬਕਾ ਫ਼ੌਜੀ ਨਾਲ ਮਤਭੇਦ ਰਹਿੰਦੇ ਸਨ ਕਿ ਬੀਤੀ ਰਾਤ ਔਰਤ ਨੇ ਆਪਣੇ ਰਾਹ 'ਚ ਰੋੜਾ ਬਣੇ ਪਤੀ ਨੂੰ ਕਥਿਤ ਆਸ਼ਕਾਂ ਹੱਥੋਂ ਮਰਵਾ ਦਿੱਤਾ।

ਸੀ ਸੀ ਟੀ ਵੀ ਕੈਮਰੇ ਵਿੱਚ ਕੈਦ ਹੋਈ ਘਟਨਾ ਦੇ ਮੱਦੇਨਜ਼ਰ ਪੁਲਸ ਨੇ ਮ੍ਰਿਤਕ ਸੁਖਦੇਵ ਸਿੰਘ ਪੁੱਤਰ ਪ੍ਰੇਮ ਸਿੰਘ ਵਾਸੀ ਬਾਬਾ ਬਕਾਲਾ ਸਾਹਿਬ ਦੇ ਕਤਲ ਕਰਨ ਦੇ ਦੋਸ਼ਾਂ ਤਹਿਤ ਉਕਤ ਔਰਤ ਸਮੇਤ ਦੋਸ਼ੀ ਕੁਲਵੰਤ ਸਿੰਘ ਅਤੇ ਕੁਲਵਿੰਦਰ ਸਿੰਘ ਨੂੰ ਗ੍ਰਿਫ਼ਤਾਰ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਵੋਕਹਾਰਡ ਫਾਊਂਡੇਸ਼ਨ ਨੇ ਨਸ਼ੇ ਪ੍ਰਤੀ ਜਾਗਰੂਕ ਕਰਨ ਲਈ ਲਗਾਇਆ ਸੈਮੀਨਾਰ



**ਗੁਰਦਾਸਪੁਰ (ਦਿਨੇਸ਼ ਕੁਮਾਰ)**- ਵੋਕਹਾਰਡ ਫਾਊਂਡੇਸ਼ਨ, ਉਡਾਨ ਐਨ ਜੀ ਓ ਦੇ ਸਹਿਯੋਗ ਨਾਲ ਨਸ਼ਿਆਂ ਪ੍ਰਤੀ ਜਗਰੂਕ ਕਰਨ ਲਈ ਪੰਜਾਬ ਵਿਚ ਤਨਦੇਹੀ ਨਾਲ ਕੰਮ ਕਰ ਰਹੀ ਹੈ। ਵੋਕਹਾਰਡ ਫਾਊਂਡੇਸ਼ਨ ਵਲੋਂ ਸ਼ਹਿਰਾਂ, ਪਿੰਡਾਂ ਅਤੇ ਕਸਬਿਆਂ ਵਿਚ ਨਸ਼ਾ ਵਿਰੋਧੀ ਕੈਂਪ ਲਗਾਏ ਜਾ ਰਹੇ ਹਨ।

ਇਸੇ ਹੀ ਲੜੀ ਤਹਿਤ ਗੋਲਡਨ ਵਿਊ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਬਲਾਕ ਤਤਪੱਲਾ ਤਹਿਸੀਲ ਡੇਰਾ ਬਾਬਾ ਨਾਨਕ, ਗੁਰਦਾਸਪੁਰ ਵਿਚ ਇਕ ਸੈਮੀਨਾਰ ਕੀਤਾ ਗਿਆ, ਜਿਸ ਵਿਚ ਬੱਚਿਆਂ ਨੂੰ ਨਸ਼ਿਆਂ ਦੀਆਂ ਬੁਰਾਈਆਂ ਤੋਂ ਜਾਗਰੂਕ ਕੀਤਾ ਗਿਆ। ਐਨ ਜੀ ਓ ਦੇ ਪ੍ਰਧਾਨ ਅਤੇ ਵੋਕਹਾਰਡ ਫਾਊਂਡੇਸ਼ਨ ਦੇ ਪੰਜਾਬ ਅੰਬੈਸਡਰ ਬਲਜੀਤ ਸਿੰਘ ਉਪਲ ਦੀ ਅਗਵਾਈ ਹੇਠ ਇਹ ਸੈਮੀਨਾਰ ਲਗਾਇਆ ਗਿਆ। ਇਸ ਵਿਚ ਐਨ ਜੀ ਓ ਦੇ ਵਲੰਟੀਅਰ ਨੇ ਨਸ਼ੇ 'ਤੇ ਬੋਲਦੇ ਹੋਏ ਸਕੂਲ ਦੇ ਵਿਦਿਆਰਥੀਆਂ ਨੂੰ ਕਿਹਾ ਕਿ ਸਾਨੂੰ ਹੋਰ ਨਸ਼ੇ ਛੱਡ ਕੇ ਪੜ੍ਹਾਈ ਅਤੇ ਆਪਣੇ ਪਰਿਵਾਰ ਨਾਲ ਪਿਆਰ ਦਾ ਨਸ਼ਾ ਅਪਣਾਉਣ ਦੀ ਲੋੜ ਹੈ ਤਾਂ ਜੋ ਸਾਡਾ ਚਹੁੰਪੱਖੀ ਵਿਕਾਸ ਹੋ ਸਕੇ। ਨਸ਼ੇ ਨਾਲ ਨਾ ਸਿਰਫ ਜੀਵਨ ਖਰਾਬ ਹੁੰਦਾ ਹੈ ਬਲਕਿ ਸਮਾਜ ਵਿਚ ਮਾਨ ਵੀ ਘਟਦਾ ਹੈ ਅਤੇ ਵਿਅਕਤੀ ਹੌਲੀ ਹੌਲੀ ਮੌਤ ਦੇ ਮੂੰਹ ਵਿੱਚ ਚਲਿਆ ਜਾਂਦਾ ਹੈ। ਇਸ ਲਈ ਸਾਨੂੰ ਹਮੇਸ਼ਾ ਨਸ਼ੇ ਤੋਂ ਦੂਰ ਰਹਿਣਾ ਚਾਹੀਦਾ ਹੈ ਅਤੇ ਆਪਣਾ ਸਮਾਜਿਕ ਫਰਜ਼ ਸਮਝ ਕੇ ਲੋਕਾਂ ਨੂੰ ਵੀ ਨਸ਼ੇ ਨਾ ਕਰਨ ਲਈ ਜਾਗਰੂਕ ਕਰਨਾ ਚਾਹੀਦਾ ਹੈ ਤਾਂ ਕਿ ਸਾਡਾ ਸਮਾਜ ਤੰਦਰੁਸਤ ਬਣ ਸਕੇ। ਸੈਮੀਨਾਰ ਵਿਚ ਐਨ ਜੀ ਓ ਸਕੂਲ ਦਾ ਸਟਾਫ਼ ਅਤੇ ਐਨ ਜੀ ਓ ਦੇ ਹੋਰ ਮੈਂਬਰ ਵੀ ਮੌਜੂਦ ਰਹੇ। ਇਸ ਸੈਮੀਨਾਰ ਨੂੰ ਸਫਲ ਬਣਾਉਣ ਲਈ ਸਕੂਲ ਦੇ ਸਟਾਫ ਦਾ ਖਾਸ ਸਹਿਯੋਗ ਰਿਹਾ। ਇਸ ਮੌਕੇ ਵਿਦਿਆਰਥੀਆਂ ਨੂੰ ਨਸ਼ਾ ਨਾ ਕਰਨ ਦੀ ਸੌਂਹ ਵੀ ਚੁਕਾਈ ਗਈ।

# ਮੁਫਤ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਗੁਰਦਾਸ ਨੰਗਲ 'ਚ ਜਾਗਰੂਕਤਾ ਸੈਮੀਨਾਰ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਇਥੋਂ ਨਜ਼ਦੀਕ ਪਿੰਡ ਗੁਰਦਾਸ ਨੰਗਲ ਵਿੱਚ ਮੁਫਤ ਕਾਨੂੰਨੀ ਸੇਵਾਵਾਂ ਅਥਾਰਟੀ ਜ਼ਿਲ੍ਹਾ ਗੁਰਦਾਸਪੁਰ ਵਲੋਂ ਪਿੰਡ ਦੇ ਸਰਪੰਚ ਸਰਬਜੀਤ ਕੌਰ ਅਤੇ ਨੰਬਰਦਾਰ ਜੋਗਿੰਦਰ ਸਿੰਘ ਦੇ ਸਹਿਯੋਗ ਨਾਲ ਮੁਫਤ ਕਾਨੂੰਨੀ ਸੇਵਾਵਾਂ ਸਬੰਧੀ ਜਾਗਰੂਕਤਾ ਸੈਮੀਨਾਰ ਲਗਾਇਆ ਗਿਆ। ਇਸ ਸੈਮੀਨਾਰ ਵਿੱਚ ਮੁਫਤ ਕਾਨੂੰਨੀ ਸੇਵਾਵਾਂ ਅਥਾਰਟੀ ਜ਼ਿਲ੍ਹਾ ਗੁਰਦਾਸਪੁਰ ਵਲੋਂ ਮਾਣਯੋਗ ਜੱਜ ਰਮਨੀਕ ਕੌਰ ਨੇ ਆਪਣੀ ਟੀਮ ਸਮੇਤ ਸ਼ਿਰਕਤ ਕੀਤੀ। ਸੈਮੀਨਾਰ ਦੌਰਾਨ ਜੱਜ ਰਮਨੀਕ ਕੌਰ ਨੇ ਮੁਫ਼ਤ ਕਾਨੂੰਨੀ ਸੇਵਾਵਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅਨੁਸੂਚਿਤ ਜਾਤੀ ਜਾਂ ਕਬੀਲੇ ਦੇ ਮੈਂਬਰ ਜਿਹੜੇ ਮਾਨਸਿਕ ਰੋਗੀ, ਅਪੰਗ, ਇਸਤਰੀ/ਬੱਚਾ, ਬੇਗਾਰ ਦੇ ਮਾਰੇ, ਕੁਦਰਤੀ ਆਫਤਾਂ ਦੇ ਮਾਰੇ ਉਦਯੋਗਿਕ ਕਾਮੇ, ਜੇਲ੍ਹਾਂ ਵਿੱਚ ਬੰਦ ਹਵਾਲਾਤੀ ਅਤੇ ਕੈਦੀ ਜਾਂ ਹਿਰਾਸਤ ਵਿੱਚ ਵਿਅਕਤੀ ਅਤੇ ਸਾਲਾਨਾ ਘੱਟ ਆਮਦਨ ਵਾਲੇ ਵਿਅਕਤੀ ਮੁਫ਼ਤ ਕਾਨੂੰਨੀ ਸਹਾਇਤਾ ਲੈ ਸਕਦੇ ਹਨ। ਉਨ੍ਹਾਂ ਦੱਸਿਆ ਕਾਨੂੰਨੀ ਸਹਾਇਤਾ ਲੈਣ ਲਈ ਅਥਾਰਟੀ ਵਲੋਂ ਮੁਫਤ ਮੁਹੱਈਆ ਕੀਤੇ ਜਾਂਦੇ ਨਿਰਧਾਰਤ ਫਾਰਮੇ ਤੇ ਲਿਖਤੀ ਦਰਖਾਸਤ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਮੈਂਬਰ/ਸਕੱਤਰ, ਜ਼ਿਲ੍ਹਾ ਪੱਧਰ 'ਤੇ ਜ਼ਿਲ੍ਹਾ ਤੇ ਸੈਸ਼ਨਜ਼ ਜੱਜ/ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੂੰ ਦੇ ਸਕਦੇ ਹਨ। ਸੈਮੀਨਾਰ ਦੌਰਾਨ ਸਿਕੰਦਰ ਸਿੰਘ, ਰਘਬੀਰ ਸਿੰਘ, ਦਰਸ਼ਨ ਲਾਲ, ਬੀਬੀ ਅੰਜਲੀ, ਦਰਸ਼ਨ ਸਿੰਘ, ਚੌਂਕੀਦਾਰ ਤਰਸੇਮ ਲਾਲ, ਭਗਤ ਸਿੰਘ, ਬਿਕਰਮ ਸਿੰਘ ਆਦਿ ਹਾਜ਼ਰ ਸਨ।

# 14 ਨੂੰ ਲੱਗੇਗੀ ਨੈਸ਼ਨਲ ਲੋਕ ਅਦਾਲਤ : ਬੈਂਸ



**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**-ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸ.ਏ.ਐੱਸ ਨਗਰ, ਮੋਹਾਲੀ ਅਤੇ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਚੰਡੀਗੜ੍ਹ ਦੀਆਂ ਹਦਾਇਤਾਂ ਅਨੁਸਾਰ ਅਮਰਿੰਦਰ ਸਿੰਘ ਗਰੇਵਾਲ, ਜ਼ਿਲ੍ਹਾ ਅਤੇ ਸੈਸ਼ਨਜ਼—ਕਮ—ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਦੀ ਰਹਿਨੁਮਾਈ ਹੇਠ ਅਤੇ ਅਮਰਦੀਪ ਸਿੰਘ ਬੈਂਸ ਸਿਵਲ ਜੱਜ (ਸੀਨੀਅਰ ਡਵੀਜ਼ਨ)—ਕਮ—ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਦੇ ਯਤਨਾਂ ਸਦਕਾ ਇਸ ਵਾਰ ਨੈਸ਼ਨਲ ਲੋਕ ਅਦਾਲਤ 14 ਦਸੰਬਰ ਨੂੰ ਲੱਗਣ ਜਾ ਰਹੀ ਹੈ।ਜਿਸ ਵਿੱਚ ਪਰਵਾਰਕ ਕੇਸਾਂ ਜਿਵੇਂ ਪਤੀ—ਪਤਨੀ ਦੇ ਆਪਸੀ ਝਗੜੇ, ਚੈਕ ਬਾਊਂਸ ਦੇ ਕੇਸ, ਬੈਂਕਾਂ ਦੇ ਕੇਸ, ਫਾਈਨਾਂਸ ਕੰਪਨੀਆਂ, ਬੀਮਾ ਕੰਪਨੀਆਂ, ਮੋਟਰ ਦੁਰਘਟਨਾ, ਜ਼ਮੀਨੀ ਵਿਵਾਦ, ਬਿਜਲੀ ਅਤੇ ਪਾਣੀ ਦੇ ਬਿੱਲ ਆਦਿ ਕਿਸਮਾਂ ਦੇ ਕੇਸ ਲਗਾਏ ਜਾ ਸਕਦੇ ਹਨ।ਅਮਰਦੀਪ ਸਿੰਘ ਬੈਂਸ ਕਿ ਇਸ ਵਾਰ ਦੀ ਲੋਕ ਅਦਾਲਤ ਵਿੱਚ ਹਜਾਰਾਂ ਕੇਸ ਰਾਜ਼ੀਨਾਮੇ ਵਾਸਤੇ ਰੱਖੇ ਜਾ ਰਹੇ ਹਨ। ਇਸ ਦੇ ਨਾਲ ਹੀ ਆਪ ਸਭ ਨੂੰ ਇਹ ਸੁਨੇਹਾ ਦੇਣਾ ਚਾਹੁੰਦਾ ਹਾਂ ਕਿ ਲੋਕ ਅਦਾਲਤ ਦਾ ਮੁੱਖ ਮਨੋਰਥ ਸਮਝੌਤੇ/ਰਾਜੀਨਾਮੇ ਰਾਹੀਂ ਅਦਾਲਤੀ ਕੇਸਾਂ ਦਾ ਫੈਸਲਾ ਕਰਵਾਉਣਾ ਹੇ ਤਾਂ ਜੋ ਦੋਹਾਂ ਧਿਰਾਂ ਦਾ ਧਨ ਅਤੇ ਸਮਾਂ ਬਚਾਉਣ ਦੇ ਨਾਲ—ਨਾਲ ਉਨ੍ਹਾਂ ਦੀ ਆਪਸੀ ਦੁਸ਼ਮਣੀ ਘਟਾਈ ਜਾ ਸਕੇ। ਗੰਭੀਰ ਕਿਸਮ ਦੇ ਫੌਜਦਾਰੀ ਕੇਸਾਂ ਨੂੰ ਛੱਡ ਦੇ ਹਰ ਤਰ੍ਹਾਂ ਦੇ ਕੇਸ ਜੋ ਵੱਖ ਵੱਖ ਅਦਾਲਤਾਂ ਵਿੱਚ ਲੰਬਿਤ ਪਏ ਹੋਣ, ਲੋਕ ਅਦਾਲਤਾਂ ਵਿੱਚ ਫੈਸਲੇ ਲਈ ਸ਼ਾਮਿਲ ਕੀਤੇ ਜਾਂਦੇ ਹਨ। ਜੋ ਝਗੜਾ ਕਿਸੇ ਅਦਾਲਤ ਵਿੱਚ ਨਾ ਚਲਦਾ ਹੋਵੇ ਉਹ ਮਾਮਲਾ ਵੀ ਲੋਕ ਅਦਾਲਤ ਵਿੱਚ ਦਰਖਾਸਤ ਦੇ ਕੇ ਰਾਜ਼ੀਨਾਮੇ ਲਈ ਰੱਖਿਆ ਜਾ ਸਕਦਾ ਹੈ।ਲੋਕ ਅਦਾਲਤ ਵਿੱਚ ਕੇਸ ਲਗਾਉਣ ਦੇ ਚਾਹਵਾਨ ਵਿਅਕਤੀ ਜੇਕਰ ਕੇਸ ਅਦਾਲਤ ਵਿੱਚ ਲੰਬਿਤ ਹੇ ਤਾਂ ਸਬੰਧਤ ਅਦਾਲਤ ਦੇ ਜੱਜ ਸਾਹਿਬਾਨ ਨੂੰ ਅਤੇ ਜੇਕਰ ਝਗੜਾ ਅਦਾਲਤ ਵਿੱਚ ਲੰਬਿਤ ਨਾ ਹੋਵੇ ਤਾਂ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੂੰ ਲਿਖਤੀ ਦਰਖਾਸਤ ਰਾਹੀਂ ਬੇਨਤੀ ਕਰ ਸਕਦੇ ਹਨ।ਉਨ੍ਹਾਂ ਦੱਸਿਆ ਕਿ ਇਹ ਨੈਸ਼ਨਲ ਲੋਕ ਅਦਾਲਤ ਅਜਨਾਲਾ ਅਤੇ ਬਾਬਾ ਬਕਾਲਾ ਵਿਖੇ ਵੀ ਲਗਾਈ ਜਾਵੇਗੀ।ਇਸ ਮੌਕੇ ਜ਼ਿਲ੍ਹਾ ਮਾਲ ਅਫਸਰ ਨਵਕੀਰਤ ਸਿੰਘ ਰੰਧਾਵਾ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਡੇਰਾ ਬਾਬਾ ਨਾਨਕ ਲਈ 63.2 ਫੀਸਦ ਵੋਟਿੰਗ ਹੋਈ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਗੁਰਦਾਸਪੁਰ ਉਮਾ ਸ਼ੰਕਰ ਗੁਪਤਾ ਵਲੋਂ ਜ਼ਿਮਨੀ ਚੋਣ ਦੌਰਾਨ ਡੇਰਾ ਬਾਬਾ ਨਾਨਕ ਅੰਦਰ ਵੋਟ ਪ੍ਰਕਿਰਿਆ ਅਮਨ ਸ਼ਾਂਤੀਪੂਰਵਕ ਨੇਪਰੇ ਚੜ੍ਹਨ ਲਈ ਵੋਟਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਮੁੱਚੇ ਸਿਵਲ, ਪੁਲਸ ਵਿਭਾਗ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਸਮੇਤ ਸਮੂਹ ਪੋਲਿੰਗ ਸਟਾਫ ਦੇ ਸਹਿਯੋਗ ਨਾਲ ਵੋਟ ਪ੍ਰਕਿਰਿਆ ਸਫਲਤਾਪੂਰਵਕ ਢੰਗ ਨਾਲ ਨੇਪਰੇ ਚੜ੍ਹੀ ਹੈ, ਜਿਸ ਲਈ ਸਾਰੇ ਵਧਾਈ ਦੇ ਪਾਤਰ ਹਨ। ਉਨ੍ਹਾਂ ਦੱਸਿਆ ਕਿ ਡੇਰਾ ਬਾਬਾ ਨਾਨਕ ਵਿਖੇ ਸ਼ਾਮ 6 ਵਜੇ ਤੱਕ 63.2 ਫੀਸਦ ਵੋਟਿੰਗ ਹੋਈ।ਉਨ੍ਹਾਂ ਦੱਸਿਆ ਕਿ ਵੋਟਾਂ ਦੀ ਗਿਣਤੀ 23 ਨਵੰਬਰ ਨੂੰ ਸੁਖਜਿੰਦਰ ਗਰੁੱਪ ਆਫ ਇੰਸਟੀਚਿਊਟ ਗੁਰਦਾਸਪੁਰ ਵਿਖੇ ਹੋਵੇਗੀ। ਪੋਲਿੰਗ ਵਾਲੀਆਂ ਵੋਟਿੰਗ ਮਸ਼ੀਨਾਂ ਸੁਖਜਿੰਦਰ ਗਰੁੱਪ ਆਫ ਇੰਸਟੀਚਿਊਟ ਗੁਰਦਾਸਪੁਰ ਵਿਖੇ ਸਥਾਪਤ ਸਟਰਾਂਗ ਰੂਮਾਂ ਵਿਚ ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਰੱਖੀਆਂ ਗਈਆਂ ਹਨ। ਦੱਸਣਯੋਗ ਹੈ ਕਿ ਵਿਧਾਨ ਸਭਾ ਚੋਣਾਂ 2022 ਦੌਰਾਨ ਡੇਰਾ ਬਾਬਾ ਨਾਨਕ ਹਲਕੇ ਵਿੱਚ 73.70 ਅਤੇ ਲੋਕ ਸਭਾ ਚੋਣਾਂ 2024 ਦੌਰਾਨ 65.30 ਫੀਸਦ ਵੋਟਿੰਗ ਹੋਈ ਸੀ।

# ਈ-ਰਿਕਸ਼ਾ ਚਾਲਕਾਂ ਤੇ ਰਾਹਗੀਰਾਂ ਨੂੰ ਸੜਕ ਸੁਰੱਖਿਆ ਨਿਯਮਾਂ ਬਾਰੇ ਕਰਵਾਇਆ ਜਾਣੂ



**ਗੁਰਦਾਸਪੁਰ (ਜਨਕ ਮਹਾਜਨ)**- ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਗੁਰਦਾਸਪੁਰ ਦੇ ਸਕੱਤਰ ਸੀ.ਜੇ.ਐੱਮ. ਰਮਨੀਤ ਕੌਰ ਦੇ ਦਿਸ਼ਾ ਨਿਰਦੇਸ਼ ਅਨੁਸਾਰ ਟਰੈਫਿਕ ਐਜੂਕੇਸ਼ਨ ਸੈਲ ਗੁਰਦਾਸਪੁਰ ਵਲੋਂ ਨਵਾਂ ਬੱਸ ਸਟੈਂਡ ਗੁਰਦਾਸਪੁਰ ਵਿਖੇ ਈ ਰਿਕਸ਼ਾ ਯੂਨੀਅਨ ਦੇ ਪ੍ਰਧਾਨ ਨਿਊਟਨ ਭੱਟੀ ਅਤੇ ਵਾਈਸ ਪ੍ਰਧਾਨ ਸਰਬਜੀਤ ਸਿੰਘ ਦੇ ਸਹਿਯੋਗ ਨਾਲ ਈ ਰਿਕਸ਼ਾ ਚਾਲਕਾਂ ਅਤੇ ਰਾਹਗੀਰਾਂ ਨੂੰ ਰੋਡ ਸੇਫਟੀ ਬਾਰੇ ਜਾਣਕਾਰੀ ਦੇਣ ਲਈ ਸੈਮੀਨਾਰ ਲਗਾਇਆ ਗਿਆ। ਇਸ ਮੌਕੇ ਟਰੈਫਿਕ ਐਜੂਕੇਸ਼ਨ ਸੈਲ ਗੁਰਦਾਸਪੁਰ ਦੇ ਏ.ਐਸ.ਆਈ. ਅਮਨਦੀਪ ਸਿੰਘ, ਏ.ਐਸ.ਆਈ. ਸੰਜੀਵ ਕੁਮਾਰ ਹਾਜ਼ਰ ਸਨ। ਏ.ਐਸ.ਆਈ. ਅਮਨਦੀਪ ਸਿੰਘ ਨੇ ਈ ਰਿਕਸ਼ਾ ਚਾਲਕਾਂ ਅਤੇ ਰਾਹਗੀਰਾਂ ਨੂੰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਗੁਰਦਾਸਪੁਰ ਵਲੋਂ ਮਿਲਣ ਵਾਲੀਆਂ ਵੱਖ-ਵੱਖ ਕਾਨੂੰਨੀ ਸਹਾਇਤਾ ਬਾਰੇ ਜਾਣਕਾਰੀ ਦਿੱਤੀ ਅਤੇ ਨਾਲ ਹੈਲਪਲਾਈਨ ਨੰਬਰ 15100 ਬਾਰੇ ਵੀ ਜਾਣੂੰ ਕਰਵਾਇਆ। ਉਨ੍ਹਾਂ ਕਿਹਾ ਕਿ ਸੜਕਾਂ, ਚੌਂਕਾਂ, ਬਾਜ਼ਾਰਾਂ ਅਤੇ ਆਪਣੇ ਸਟੈਂਡਾਂ ਤੇ ਆਪਣੇ ਵਾਹਨਾਂ ਉੱਪਰ ਸਵਾਰੀਆਂ ਨੂੰ ਬਿਠਾਉਣ ਉਤਾਰਨ ਅਤੇ ਪਾਰਕਿੰਗ ਕਰਨ ਦੇ ਸੁਰੱਖਿਅਤ ਨਿਯਮਾਂ ਬਾਰੇ ਦੱਸਿਆ, ਜਿਸ ਨਾਲ ਸੜਕਾਂ ਉੱਪਰ ਟਰੈਫਿਕ ਬਿਨਾਂ ਜਾਮ ਦੇ ਨਿਰਵਿਘਨ ਚੱਲ ਸਕੇ। ਇਸ ਦੇ ਨਾਲ ਧੁੰਦ ਦੇ ਮੌਸਮ ਵਿੱਚ ਸੇਫ ਡਰਾਈਵਿੰਗ ਦੇ ਵੀ ਨਿਯਮਾਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਰਿਕਸ਼ਾ ਯੂਨੀਅਨ ਦੇ ਪ੍ਰਧਾਨ ਨਿਊਟਨ ਭੱਟੀ, ਵਾਈਸ ਪ੍ਰਧਾਨ ਸਰਬਜੀਤ ਸਿੰਘ, ਈ ਰਿਕਸ਼ਾ ਚਾਲਕ ਵਿਲੀਅਮ ਮਸੀਹ ਬਲਕਾਰ ਸਿੰਘ ਰਾਜੂ ਵਿਕਰਮ ਅਤੇ ਪਰਮਜੀਤ ਨੇ ਸਾਰੇ ਚਾਲਕਾਂ ਨੂੰ ਜਾਣਕਾਰੀ ਦੇਣ 'ਤੇ ਆਏ ਹੋਏ ਟਰੈਫਿਕ ਕਰਮਚਾਰੀਆਂ ਦਾ ਧੰਨਵਾਦ ਕੀਤਾ।

# ਸੇਮ ਨਾਲੇ ਦੀ ਸ.ਫਾਈ ਤੇ ਡੂੰਘਾਈ ਨਾ ਹੋਣ ਕਰਕੇ ਲੋਕ ਪ੍ਰੇਸ਼ਾਨ



**ਗੁਰਦਾਸਪੁਰ, (ਜਨਕ ਮਹਾਜਨ)**-ਗੁਰਦਾਸਪੁਰ ਤੋਂ ਬਹਿਰਾਮਪੁਰ ਨੂੰ ਜਾਣ ਵਾਲੀ ਸੜਕ 'ਤੇ ਪਿੰਡ ਹੱਲੇਚਾਹੀ ਨੇੜੇ ਸੜਕ ਵਿਚਕਾਰੋਂ ਵਗਦੇ ਸੇਮ ਨਾਲੇ ਦੀ ਸਫ਼ਾਈ ਤੇ ਡੂੰਘਾਈ ਨਾ ਹੋਣ ਕਰਕੇ ਉਸ ਵਿਚ ਲੰਬੀ-ਲੰਬੀ ਜੜੀ ਬੂਟੀ ਉਗੀ ਪਈ ਹੈ। ਇਸ ਕਰਕੇ ਵਰਖਾ ਦੇ ਦਿਨਾਂ ਵਿਚ ਪਾਣੀ ਦਾ ਸਹੀ ਨਿਕਾਸ ਨਹੀਂ ਹੁੰਦਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸ਼ੇਰ ਸਿੰਘ, ਗੁਰਮੀਤ ਸਿੰਘ, ਮਨਪ੍ਰੀਤ ਸਿੰਘ ਅਤੇ ਸੁਸ਼ੀਲ ਕੁਮਾਰ ਨੇ ਦੱਸਿਆ ਕਿ ਇਹ ਸੇਮ ਨਾਲਾ ਸੜਕ ਪਾਰ ਕਰਕੇ ਕਲਾਨੌਰ ਵਾਲੀ ਸਾਈਡ ਨੂੰ ਚਲਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਸੇਮ ਨਾਲੇ ਅੰਦਰ ਗੰਦਗੀ ਦੀ ਭਰਮਾਰ ਆਮ ਦੇਖੀ ਜਾ ਸਕਦੀ ਹੈ। ਇਸ ਸੇਮ ਨਾਲੇ ਵਿਚ ਲੰਬਾ-ਲੰਬਾ ਘਾਹ ਅਤੇ ਜੰਗਲੀ ਬੂਟੀ ਉਗੀ ਪਈ ਹੈ ਜਿਸ ਕਰਕੇ ਇਥੇ ਹਰ ਸਮੇਂ ਗੰਦਗੀ ਦੀ ਭਰਮਾਰ ਰਹਿੰਦੀ ਹੈ। ਇਸ ਗੰਦਗੀ ਨਾਲ ਭਿਆਨਕ ਬਿਮਾਰੀ ਫੈਲਣ ਦਾ ਖਦਸ਼ਾ ਰਹਿੰਦਾ ਹੈ। ਇਲਾਕਾ ਵਾਸੀਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਤੇ ਸਬੰਧਤ ਵਿਭਾਗ ਪਾਸੋਂ ਮੰਗ ਕੀਤੀ ਕਿ ਇਸ ਨਾਲੇ ਦੀ ਸਫ਼ਾਈ ਤੇ ਡੂੰਘਾਈ ਕਰਵਾਈ ਜਾਵੇ ਤਾਂ ਜੋ ਪਾਣੀ ਦਾ ਨਿਕਾਸ ਸਹੀ ਤਰੀਕੇ ਨਾਲ ਹੋ ਸਕੇ।

# ਵਿਦਿਆਰਥੀਆਂ ਤਰਕਸ਼ੀਲ ਸਾਹਿਤ ਖਰੀਦਣ 'ਚ ਵਿਸ਼ੇਸ਼ ਦਿਲਚਸਪੀ ਵਿਖਾਈ



**ਅੰਮ੍ਰਿਤਸਰ (ਜਸਬੀਰ ਪੱਟੀ)**-ਖਾਲਸਾ ਕਾਲਜ ਅੰਮ੍ਰਿਤਸਰ ਵਿਖੇ 19 ਤੋਂ 23 ਨਵੰਬਰ ਤੱਕ ਚੱਲ ਰਹੇ ਸਾਹਿਤ ਉਤਸਵ ਅਤੇ ਪੁਸਤਕ ਮੇਲੇ ਦੇ ਤੀਜੇ ਦਿਨ ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਲਗਾਈ ਤਰਕਸ਼ੀਲ ਪੁਸਤਕ ਪ੍ਰਦਰਸ਼ਨੀ ਨੂੰ ਵੱਡੀ ਗਿਣਤੀ ਚੇਤਨ ਪਾਠਕਾਂ ਅਤੇ ਵਿਦਿਆਰਥੀਆਂ ਵੱਲੋਂ ਭਰਵਾਂ ਹੁੰਗਾਰਾ ਦਿੱਤਾ ਜਾ ਰਿਹਾ ਹੈ।ਇਸ ਮੌਕੇ ਤਰਕਸ਼ੀਲ ਸੁਸਾਇਟੀ ਦੇ ਸੂਬਾਈ ਆਗੂ ਸੁਮੀਤ ਅੰਮ੍ਰਿਤਸਰ ਅਤੇ ਸਥਾਨਕ ਇਕਾਈ ਮੁਖੀ ਜਸਪਾਲ ਬਾਸਰਕੇ ਨੇ ਦੱਸਿਆ ਕਿ ਮਿਆਰੀ ਪੁਸਤਕਾਂ ਜਿੱਥੇ ਸਾਡੇ ਵਿੱਚ ਸਿਆਣਪ, ਸਹਿਜਤਾ, ਸੰਜੀਦਗੀ ਅਤੇ ਸਾਂਝੀਵਾਲਤਾ ਦੀ ਭਾਵਨਾ ਪੈਦਾ ਕਰਦੀਆਂ ਹਨ, ਉਥੇ ਹੀ ਤਰਕਸ਼ੀਲ ਅਤੇ ਇਨਕਲਾਬੀ ਸਾਹਿਤ ਸਾਡੇ ਵਿਚ ਅੰਧ-ਵਿਸ਼ਵਾਸਾਂ ਅਤੇ ਸਮਾਜਿਕ ਬੁਰਾਈਆਂ ਖਿਲਾਫ ਵਿਗਿਆਨਕ ਚੇਤਨਾ ਅਤੇ ਆਪਣੇ ਜਮਹੂਰੀ ਹੱਕਾਂ ਦੀ ਰਾਖੀ ਲਈ ਸੰਘਰਸ਼ ਕਰਨ ਲਈ ਪ੍ਰੇਰਿਤ ਕਰਦਾ ਹੈ ਜੋ ਕਿ ਮੌਜੂਦਾ ਸਮਿਆਂ ਦੀ ਬੇਹੱਦ ਲੋੜ ਹੈ।ਇਸ ਮੌਕੇ ਅੰਮ੍ਰਿਤਸਰ ਇਕਾਈ ਦੇ ਆਗੂਆਂ ਪ੍ਰਿੰਸੀਪਲ ਮੇਲਾ ਰਾਮ ਅਤੇ ਐਡਵੋਕੇਟ ਅਮਰਜੀਤ ਬਾਈ ਨੇ ਕਿਹਾ ਕਿ ਮੌਜੂਦਾ ਸਮਿਆਂ ਵਿੱਚ ਜਦਕਿ ਮੋਬਾਇਲ ਦੀ ਵਰਤੋਂ ਕਰਕੇ ਵੱਡੀ ਗਿਣਤੀ ਲੋਕ ਕਿਤਾਬਾਂ ਤੋਂ ਦੂਰ ਜਾ ਰਹੇ ਹਨ ਤਾਂ ਵਿੱਦਿਅਕ ਅਦਾਰਿਆਂ ਵੱਲੋਂ ਅਜਿਹੇ ਪੁਸਤਕ ਮੇਲੇ ਲਗਾਉਣੇ ਅਤੇ ਵੱਡੀ ਗਿਣਤੀ ਪਾਠਕਾਂ ਵਲੋਂ ਆਪਣੀ ਮਾਂ ਬੋਲੀ ਪੰਜਾਬੀ ਵਿਚ ਤਰਕਸ਼ੀਲ ਸਾਹਿਤ ਸਮੇਤ ਹੋਰ ਮਿਆਰੀ ਕਿਤਾਬਾਂ ਖਰੀਦਣ ਪ੍ਰਤੀ ਗਹਿਰੀ ਦਿਲਚਸਪੀ ਵਿਖਾਉਣੀ ਲੋਕ ਪੱਖੀ ਸਮਾਜਿਕ ਤਬਦੀਲੀ ਲਈ ਬੜਾ ਹਾਂ-ਪੱਖੀ ਰੁਝਾਨ ਹੈ।ਇਸ ਮੌਕੇ ਸੂਬਾਈ ਤਰਕਸ਼ੀਲ ਆਗੂ ਸੰਦੀਪ ਧਾਰੀਵਾਲ ਭੋਜਾਂ ਅਤੇ ਜ਼ੋਨ ਆਗੂ ਮੁਖਤਿਆਰ ਗੋਪਾਲਪੁਰ ਨੇ ਦੱਸਿਆ ਕਿ ਪੁਸਤਕ ਮੇਲੇ ਵਿਚ ਪਹੁੰਚੇ ਵੱਡੀ ਗਿਣਤੀ ਚੇਤਨ ਵਿਦਿਆਰਥੀਆਂ ਅਤੇ ਪਾਠਕਾਂ ਵੱਲੋਂ ਅੰਧ-ਵਿਸ਼ਵਾਸਾਂ, ਵਹਿਮਾਂ ਭਰਮਾਂ, ਰੂੜ੍ਹੀਵਾਦੀ ਰਵਾਇਤਾਂ, ਮਰਨ ਉਪਰੰਤ ਸਰੀਰ ਦਾਨ, ਅੰਗ ਦਾਨ ਆਦਿ ਵੱਖ ਵੱਖ ਵਿਸ਼ਿਆਂ ਸਬੰਧੀ ਗੰਭੀਰ ਵਿਚਾਰ ਵਟਾਂਦਰਾ ਕਰਨ ਦੇ ਇਲਾਵਾ ਤਰਕਸ਼ੀਲ ਸਾਹਿਤ ਖਰੀਦਣ ਅਤੇ ਤਰਕਸ਼ੀਲ ਸੁਸਾਇਟੀ ਨਾਲ ਜੁੜਨ ਵਿਚ ਗਹਿਰੀ ਦਿਲਚਸਪੀ ਵਿਖਾਈ ਗਈ।ਇਸ ਮੌਕੇ ਤਰਕਸ਼ੀਲ ਪੁਸਤਕ ਪ੍ਰਦਰਸ਼ਨੀ ਦੀ ਜ਼ਿੰਮੇਵਾਰੀ ਨਿਭਾਉਣ ਲਈ ਵਿਸ਼ੇਸ਼ ਤੌਰ ਤੇ ਭਦੌੜ ਤੋਂ ਜਸਵੰਤ ਬੋਪਾਰਾਏ, ਜਲੰਧਰ ਜ਼ੋਨ ਦੇ ਮੁਖੀ ਮਾਸਟਰ ਸੁਰਜੀਤ ਟਿੱਬਾ, ਅੰਮ੍ਰਿਤਸਰ ਇਕਾਈ ਦੇ ਸੁਖਮੀਤ ਸਿੰਘ, ਮਾਸਟਰ ਬਲਦੇਵ ਰਾਜ ਵੇਰਕਾ, ਦਮਨਜੀਤ ਕੌਰ, ਪਰਮਜੀਤ ਸਿੰਘ, ਅਨਮੋਲ ਸਿੰਘ, ਨਰਿੰਦਰ ਸ਼ੇਖਚੱਕ ਤਰਨ ਤਾਰਨ, ਮਾਸਟਰ ਸੁਰਜੀਤ ਸਿੰਘ ਖਿਲਚੀਆਂ, ਰਮੇਸ਼ ਜੈਨ, ਰਾਜ ਕੁਮਾਰ ਵੇਰਕਾ, ਨਵਜੀਤ ਆਦਿ ਨੇ ਪੁਸਤਕ ਸਟਾਲ ਉਤੇ ਆਪਣੀ ਜ਼ਿੰਮੇਵਾਰੀ ਬਾਖੂਬੀ ਨਿਭਾਈ।

22-Nov-PAGE-4.qxd 11/21/2024 10:45 PM Page 1



# ਹਾਕੀ ਵਾਲੀਆਂ ਕੁੜੀਆਂ

*ਭਾਰਤੀ ਮਹਿਲਾ ਹਾਕੀ ਟੀਮ ਨੇ ਬਿਹਾਰ ਦੇ ਰਾਜਗੀਰ ’ਚ ਬੁੱਧਵਾਰ ਚੀਨ ਨੂੰ 1-0 ਨਾਲ ਹਰਾ ਕੇ ਏਸ਼ੀਅਨ ਚੈਂਪੀਅਨਜ਼ ਟਰਾਫੀ ਜਿੱਤ ਲਈ। ਇਹ ਜਿੱਤ ਇਸ ਪੱਖੋਂ ਅਹਿਮ ਹੈ ਕਿ ਚੀਨ ਨੇ ਪੈਰਿਸ ਉਲੰਪਿਕ ਵਿੱਚ ਚਾਂਦੀ ਦਾ ਤਮਗਾ ਜਿੱਤਿਆ ਸੀ, ਜਦਕਿ ਭਾਰਤ ਦਾ ਦਰਜਾ ਕਾਫੀ ਹੇਠਾਂ ਹੈ। ਹਾਲਾਂਕਿ ਭਾਰਤ ਪਿਛਲੀ ਵਾਰ ਵੀ ਚੈਂਪੀਅਨ ਬਣਿਆ ਸੀ, ਪਰ ਵਿਦੇਸ਼ੀ ਕੋਚ ਜੈਨੇਕੇ ਸ਼ੌਪਮੈਨ ਦੇ ਛੱਡ ਜਾਣ ਤੋਂ ਬਾਅਦ ਟੀਮ ਦੀ ਪੁਜ਼ੀਸ਼ਨ ਬੜੀ ਅਜੀਬੋ-ਗਰੀਬ ਬਣ ਗਈ ਸੀ। ਵੱਖ-ਵੱਖ ਮੁਕਾਬਲਿਆਂ ਵਿੱਚ ਲਗਾਤਾਰ ਅੱਠ ਹਾਰਾਂ ਨਾਲ ਖਿਡਾਰਨਾਂ ਦਾ ਮਨੋਬਲ ਡਿੱਗਿਆ ਹੋਇਆ ਸੀ। ਟੀਮ ਨੂੰ ਮੁੜ ਕੋਚ ਹਰਿੰਦਰ ਸਿੰਘ ਹਵਾਲੇ ਕੀਤਾ ਗਿਆ। ਪਹਿਲਾਂ ਕੁੜੀਆਂ ਸ਼ੌਪਮੈਨ ਦੇ ਸਟਾਈਲ ਨਾਲ ਖੇਡਦੀਆਂ ਸਨ ਤੇ ਹਰਿੰਦਰ ਸਿੰਘ ਨੂੰ ਥੋੜ੍ਹੇ ਸਮੇਂ ਵਿੱਚ ਟੀਮ ਨੂੰ ਨਵੇਂ ਸਟਾਈਲ ’ਚ ਢਾਲਣਾ ਪਿਆ। ਚੀਨ ਤੇ ਜਾਪਾਨ ਦੀਆਂ ਟੀਮਾਂ ਪੈਰਿਸ ਉਲੰਪਿਕ ਖੇਡ ਚੁੱਕੀਆਂ ਸਨ। 2026 ਦੇ ਵਿਸ਼ਵ ਕੱਪ ਤੇ 2028 ਦੀ ਲਾਸ ਏਂਜਲਜ਼ ਉਲੰਪਿਕ ਲਈ ਕੁਆਲੀਫਾਈ ਕਰਨ ਵਾਸਤੇ ਚੰਗਾ ਪ੍ਰਦਰਸ਼ਨ ਕਰਨਾ ਕੋਚ ਤੇ ਟੀਮ ਲਈ ਜ਼ਰੂਰੀ ਸੀ। ਹਰਿੰਦਰ ਸਿੰਘ ਨੇ ਕੁੜੀਆਂ ਨੂੰ ਸਮਝਾਇਆ ਕਿ ਇਹ ਨਾ ਸੋਚੋ ਕਿ ਹੋਰ ਟੀਮਾਂ ਕਿੰਨੀਆਂ ਤਕੜੀਆਂ ਹਨ, ਤੁਸੀਂ ਆਪਣੀ ਖੇਡ ’ਤੇ ਕੇਂਦਰਤ ਰਹੋ ਤੇ ਆਪਣੇ ਟੀਚੇ ਤੈਅ ਕਰੋ। ਹਰਿੰਦਰ ਨੂੰ ਟੀਮ ਤਿਆਰ ਕਰਨ ਲਈ ਕੁਝ ਹਫਤੇ ਹੀ ਮਿਲੇ ਸਨ। ਭਾਰਤ ਨੇ ਟੂਰਨਾਮੈਂਟ ਦੀ ਸ਼ੁਰੂਆਤ ਮਲੇਸ਼ੀਆ ਨੂੰ 4-0 ਨਾਲ ਹਰਾ ਕੇ ਕੀਤੀ। ਟੂਰਨਾਮੈਂਟ ਦੇ ਵਧਣ ਦੇ ਨਾਲ-ਨਾਲ ਟੀਮ ਖੇਡ ਵਿੱਚ ਨਿਖਾਰ ਲਿਆਉਂਦੀ ਗਈ, ਖਿਡਾਰਨਾਂ ਵਿਚਾਲੇ ਆਪਸੀ ਸਮਝ ਵਧਦੀ ਗਈ। ਟੀਮ ਨੇ ਥਾਈਲੈਂਡ ਨੂੰ 15-0 ਨਾਲ ਹਰਾਇਆ। ਹੰਢੀ ਹੋਈ ਵੰਦਨਾ ਕਟਾਰੀਆ ਟੀਮ ਵਿੱਚ ਨਹੀਂ ਸੀ। ਘੱਟ ਤਜਰਬੇਕਾਰ ਕੁੜੀਆਂ ’ਤੇ ਹੀ ਸਾਰਾ ਦਾਰੋਮਦਾਰ ਸੀ। ਟੀਮ ਦੀ ਔਸਤ ਉਮਰ ਸਾਢੇ ਇੱਕੀ ਸਾਲ ਸੀ। ਹਮਲਾਵਰ ਪੰਕਤੀ ਵਿੱਚ ਸੰਗੀਤਾ ਕੁਮਾਰੀ, ਦੀਪਿਕਾ ਤੇ ਬਿਊਟੀ ਡੰਗ ਡੰਗ ਵਰਗੀਆਂ ਨੌਜਵਾਨ ਕੁੜੀਆਂ ਹੀ ਸਨ। ਇਨ੍ਹਾਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਚੀਨ ਖਿਲਾਫ ਜੇਤੂ ਗੋਲ ਕਰਨ ਵਾਲੀ ਦੀਪਿਕਾ ਨੇ ਪੂਰੇ ਟੂਰਨਾਮੈਂਟ ਵਿੱਚ ਸਭ ਤੋਂ ਵੱਧ 11 ਗੋਲ ਦਾਗੇ। ਮਿਡ ਫੀਲਡਰਾਂ ਤੇ ਡਿਫੈਂਡਰਾਂ ਨੇ ਵੀ ਜੋਸ਼ੀਲੀ ਖੇਡ ਖੇਡੀ ਤੇ ਟੀਮ ਨੇ ਲੀਗ ਸਟੇਜ ਵਿੱਚ ਸਿਰਫ ਦੋ ਗੋਲ ਹੀ ਖਾਧੇ। ਟੀਮ ਦੀ ਕਾਮਯਾਬੀ ਵਿੱਚ ਕੋਚ ਵੱਲੋਂ ਬਣਾਏ ਗਏ ਵਧੀਆ ਮਾਹੌਲ ਨੇ ਬਹੁਤ ਰੋਲ ਨਿਭਾਇਆ। ਖਿਡਾਰਨਾਂ ਨੇ ਖੁਦ ਕਿਹਾ ਕਿ ਉਨ੍ਹਾਂ ਦੀ ਦਿਮਾਗੀ ਤੇ ਸਰੀਰਕ ਫਿਟਨੈੱਸ ’ਚ ਕਾਫੀ ਸੁਧਾਰ ਹੋਇਆ। 22 ਸਾਲ ਦੀ ਉਮਰ ਵਿੱਚ ਕਪਤਾਨੀ ਕਰਨ ਵਾਲੀ ਸਲੀਮਾ ਟੇਟੇ ਨੇ ਕਿਹਾ—ਮੈਚ ਤੋਂ ਪਹਿਲਾਂ ਡਰੈਸਿੰਗ ਰੂਮ ’ਚ ਹਾਂ-ਪੱਖੀ ਮਾਹੌਲ ਹੁੰਦਾ ਸੀ। ਟੀਮ ਦੇ ਪ੍ਰਦਰਸ਼ਨ ਵਿੱਚ ਇਸ ਮਾਹੌਲ ਨੇ ਬਹੁਤ ਮਦਦ ਕੀਤੀ। ਸੰਗੀਤਾ ਨੇ ਕਿਹਾ ਕਿ ਮੈਦਾਨ ਵਿੱਚ ਉੱਤਰਦਿਆਂ ‘ਗੋਲ ਦੀ ਭੁੱਖ’ ਲੱਗ ਜਾਂਦੀ ਸੀ। ਅੱਗੇ ਹਾਕੀ ਇੰਡੀਆ ਲੀਗ ਸ਼ੁਰੂ ਹੋਣ ਵਾਲੀ ਹੈ। ਉਸ ਤੋਂ ਬਾਅਦ ਪ੍ਰੋ ਲੀਗ ਹੋਵੇਗੀ। ਫਿਰ 2026 ਦਾ ਵਿਸ਼ਵ ਕੱਪ ਆਉਣਾ ਹੈ। ਖਿਡਾਰਨਾਂ ਦੀ ਉਮਰ ਬਹੁਤੀ ਨਹੀਂ ਤੇ ਜੇ ਕੋਚ ਹਰਿੰਦਰ ਦੀ ਸੋਚ ਮੁਤਾਬਕ ਚਲਦੀਆਂ ਰਹੀਆਂ ਤਾਂ ਵੱਡੇ ਟੂਰਨਾਮੈਂਟ ਵਿੱਚ ਵਧੀਆ ਪ੍ਰਦਰਸ਼ਨ ਕਰ ਸਕਦੀਆਂ ਹਨ, ਜਿਸ ਦੀਆਂ ਕਿ ਹਾਕੀ ਪ੍ਰੇਮੀ ਬਹੁਤ ਸਾਲਾਂ ਤੋਂ ਆਸਾਂ ਲਾਈ ਬੈਠੇ ਹਨ।*

# ਰਾਜ ਮਾਤਾ ਗਊ ਅਤੇ ਮਾਸਾਹਾਰੀ ਸਾਵਰਕਰ

**ਮੂਲ : ਰਾਮ ਪੁਨਿਆਨੀ**
**ਅਨੁ : ਐੱਮ ਐੱਸ ਭਾਟੀਆ**

ਗਾਂ ਪਿਛਲੇ ਤਿੰਨ ਦਹਾਕਿਆਂ ਤੋਂ ਭਾਰਤੀ ਰਾਜਨੀਤੀ ਵਿੱਚ ਇੱਕ ਮਹੱਤਵਪੂਰਨ ਭਾਵਨਾਤਮਕ ਮੁੱਦਾ ਬਣਿਆ ਹੋਇਆ ਹੈ। ਗਾਂ ਨੂੰ ਪਵਿੱਤਰ ਜਾਨਵਰ ਦੱਸਿਆ ਜਾਂਦਾ ਹੈ। ਬਹੁਤ ਸਾਰੇ ਹਿੰਦੂ ਗਾਂ ਨੂੰ ਮਾਂ ਦਾ ਦਰਜਾ ਦਿੰਦੇ ਹਨ ਅਤੇ ਹਿੰਦੂ ਰਾਸ਼ਟਰਵਾਦੀ ਰਾਜਨੀਤੀ ਨੇ ਸਮਾਜ ਦੇ ਧਰੁਵੀਕਰਨ ਲਈ ਇਸ ਵਿਸ਼ਵਾਸ ਦੀ ਪੂਰੀ ਵਰਤੋਂ ਕੀਤੀ ਹੈ।

ਹਿੰਦੂਤਵੀ ਚਿੰਤਕਾਂ ਨੇ ‘ਹਿੰਦੂਤਵ’ ਸ਼ਬਦ ਨੂੰ ਸਿਰਫ਼ ‘ਹਿੰਦੂ ਧਰਮ’ ਹੀ ਨਹੀਂ, ਸਗੋਂ ‘ਸਮੁੱਚੇ ਹਿੰਦੂਵਾਦ’ ਦਾ ਪ੍ਰਤੀਨਿਧ ਦੱਸਿਆ ਅਤੇ ਆਰ ਐੱਸ ਐੱਸ ਨੇ ਇਸ ਆਧਾਰ ’ਤੇ ਆਪਣੀ ਰਾਜਨੀਤੀ ਅਤੇ ਹਿੰਦੂ ਰਾਸ਼ਟਰ ਦਾ ਆਪਣਾ ਟੀਚਾ ਨਿਰਧਾਰਤ ਕੀਤਾ ਅਤੇ ਪਿਛਲੇ ਲਗਭਗ 100 ਸਾਲਾਂ ਤੋਂ ਇਸ ਟੀਚੇ ਨੂੰ ਪ੍ਰਾਪਤ ਕਰਨ ਲਈ ਲਗਾਤਾਰ ਯਤਨਸ਼ੀਲ ਹੈ।ਪਿਛਲੇ ਤਿੰਨ ਦਹਾਕਿਆਂ ਵਿੱਚ ਆਰ ਐੱਸ ਐੱਸ ਦੀ ਰਾਜਨੀਤੀ ਦੀਆਂ ਜੜ੍ਹਾਂ ਮਜ਼ਬੂਤ ਹੋ ਗਈਆਂ ਹਨ, ਕਿਉਂਕਿ ਇਸ ਦੁਆਰਾ ਉਠਾਏ ਗਏ ਭਾਵਨਾਤਮਕ ਮੁੱਦੇ ਦੇਸ਼ ਦੇ ਸਿਆਸੀ ਦ੍ਰਿਸ਼ ਉੱਤੇ ਭਾਰੂ ਹਨ।

ਗਾਂ ਦਾ ਮੁੱਦਾ ਇੱਕ ਵਾਰ ਫਿਰ ਸੁਰਖੀਆਂ ਵਿੱਚ ਹੈ। ਭਾਜਪਾ ਦੀ ਅਗਵਾਈ ਵਾਲੇ ਮਹਾਰਾਸ਼ਟਰ ਦੇ ਸੱਤਾਧਾਰੀ ਗੱਠਜੋੜ ਨੇ ਗਾਂ (ਪਰ ਸਿਰਫ਼ ਦੇਸੀ ਗਾਂ) ਨੂੰ ਰਾਜ ਮਾਤਾ ਐਲਾਨਿਆ ਹੈ। ਇਹ ਯਕੀਨ ਨਾਲ ਕਿਹਾ ਜਾ ਸਕਦਾ ਹੈ ਕਿ ਅਜਿਹਾ ਮਹਾਰਾਸ਼ਟਰ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਕੀਤਾ ਗਿਆ ਹੈ।

ਆਮ ਭਾਵਨਾ ਇਹ ਹੈ ਕਿ ਭਾਜਪਾ ਇਨ੍ਹਾਂ ਚੋਣਾਂ ਵਿੱਚ ਮਜ਼ਬੂਤ ਸਥਿਤੀ ਵਿੱਚ ਨਹੀਂ। ਹਾਲ ਹੀ ਵਿੱਚ ਹੋਈਆਂ ਲੋਕ ਸਭਾ ਚੋਣਾਂ ਵਿੱਚ ਇਸ ਦੀ ਕਾਰਗੁਜ਼ਾਰੀ ਚੰਗੀ ਨਹੀਂ ਰਹੀ ਅਤੇ ਉਦੋਂ ਤੋਂ ਇਹ ਲਗਾਤਾਰ ਅਜਿਹੇ ਧਰੁਵੀਕਰਨ ਵਾਲੇ ਮੁੱਦਿਆਂ ਦਾ ਸਹਾਰਾ ਲੈਣ ਦੀ ਪੂਰੀ ਵਾਹ ਲਾ ਰਹੀ ਹੈ।

ਇਤਫ਼ਾਕ ਦੀ ਗੱਲ ਹੈ ਕਿ ਇਸੇ ਸਮੇਂ ਦੌਰਾਨ ਕਰਨਾਟਕ ਦੇ ਇੱਕ ਮੰਤਰੀ ਨੇ ਬਿਆਨ ਦਿੱਤਾ ਹੈ ਕਿ ਹਿੰਦੂ ਰਾਸ਼ਟਰਵਾਦੀ ਵਿਚਾਰਧਾਰਾ ਦੇ ਸਰਪ੍ਰਸਤ ਸਾਵਰਕਰ ਗਊ ਹੱਤਿਆ ਦੇ ਵਿਰੁੱਧ ਨਹੀਂ ਸਨ ਅਤੇ ਉਹ ਗਊ ਨੂੰ ਪਵਿੱਤਰ ਨਹੀਂ, ਸਗੋਂ ਇੱਕ ਅਤੀ ਉਪਯੋਗੀ ਜਾਨਵਰ ਮੰਨਦੇ ਸਨ।ਗਾਂਧੀ ਜਯੰਤੀ ਦੇ ਮੌਕੇ ’ਤੇ ਬੈਂਗਲੁਰੂ ’ਚ ਆਯੋਜਿਤ ਇਕ ਪ੍ਰੋਗਰਾਮ ’ਚ ਮੰਤਰੀ ਦਿਨੇਸ਼ ਗੁੰਡੂ ਰਾਓ ਨੇ ਦਾਅਵਾ ਕੀਤਾ ਕਿ ਸਾਵਰਕਰ ਨਾ ਸਿਰਫ ਮਾਸਾਹਾਰੀ ਸਨ ਅਤੇ ਬੀਫ ਖਾਂਦੇ ਸਨ, ਸਗੋਂ ਇਸ ਦਾ ਜਨਤਕ ਤੌਰ ’ਤੇ ਪ੍ਰਚਾਰ ਵੀ ਕਰਦੇ ਸਨ।

ਕਾਂਗਰਸ ਦੇ ਮੰਤਰੀ ਨੇ ਕਿਹਾ-ਸਾਵਰਕਰ ਬ੍ਰਾਹਮਣ ਸਨ, ਪਰ ਉਹ ਬੀਫ ਖਾਂਦੇ ਸਨ ਅਤੇ ਮਾਸਾਹਾਰੀ ਸਨ। ਉਹ ਗਊ ਹੱਤਿਆ ਦੇ ਵਿਰੁੱਧ ਨਹੀਂ ਸੀ ਅਤੇ ਇਸ ਸੰਬੰਧ ਵਿਚ ਉਨ੍ਹਾ ਦਾ ਨਜ਼ਰੀਆ ਕਾਫ਼ੀ ਸਪੱਸ਼ਟ ਸੀ।

ਇਹ ਆਮ ਪ੍ਰਚਲਤ ਤੱਥ ਹੈ ਕਿ ਸਾਵਰਕਰ ਮਾਸਾਹਾਰੀ ਸੀ। ਗਾਂਧੀ ਜੀ ਸਾਵਰਕਰ ਨੂੰ ਦੱਖਣੀ ਅਫ਼ਰੀਕਾ ਦੇ ਦੌਰੇ ਦੌਰਾਨ ਮਿਲੇ ਸਨ। ਸਾਵਰਕਰ ਆਪਣਾ ਰਾਤ ਦਾ ਖਾਣਾ ਤਿਆਰ ਕਰ ਰਹੇ ਸਨ ਅਤੇ ਝੀਂਗਾ ਤਲ ਰਹੇ ਸਨ। ਉਨ੍ਹਾ ਇਹ ਗਾਂਧੀ ਜੀ ਨੂੰ ਵੀ ਪੇਸ਼ ਕੀਤਾ, ਜਿਨ੍ਹਾ ਉਸ ਨੂੰ ਖਾਣ ਤੋਂ ਇਨਕਾਰ ਕਰ ਦਿੱਤਾ, ਕਿਉਂਕਿ ਉਹ ਪੱਕੇ ਸ਼ਾਕਾਹਾਰੀ ਸਨ।

‘ਸਾਵਰਕਰ: ਹਿੰਦੂਤਵ ਦੇ ਪਿਤਾਮਾ ਦੀ ਸੱਚੀ ਕਹਾਣੀ’ ਕਿਤਾਬ ਵਿੱਚ ਲੇਖਕ ਵੈਭਵ ਪੁਰੰਦਰੇ ਦਾ ਕਹਿਣਾ ਹੈ ਕਿ ਸਾਵਰਕਰ ਵੀ ਕਹਿੰਦੇ ਸਨ ਕਿ ਗਊਆਂ ਦੀ ਪੂਜਾ ਨਹੀਂ ਕਰਨੀ ਚਾਹੀਦੀ। ਸਾਵਰਕਰ ਦਾ ਵਿਚਾਰ ਸੀ ਕਿ ਗਾਂ ਸਿਰਫ਼ ਬਲਦ ਦੀ ਮਾਂ ਹੈ। ਭਾਵੇਂ ਉਸ ਵੱਲੋਂ ਬੀਫ ਖਾਣ ਦੀ ਕੋਈ ਮਿਸਾਲ ਨਹੀਂ ਮਿਲਦੀ, ਪਰ ਉਹ ਇਸ ਦੇ ਵਿਰੁੱਧ ਨਹੀਂ ਸਨ।

ਪੁਰੰਦਰੇ ਨੇ ਬੰਗਲੌਰ ਲਿਟਰੇਚਰ ਫੈਸਟੀਵਲ ਵਿੱਚ ਕਿਹਾ ਕਿ ਸਾਵਰਕਰ ਗਊ ਰੱਖਿਆ ਦੇ ਮੁੱਦੇ ’ਤੇ ਉਲਝਣ ਵਿੱਚ ਸਨ, ਕਿਉਂਕਿ ਉਨ੍ਹਾ ਦਾ ਮੰਨਣਾ ਸੀ ਕਿ ਜੇਕਰ ਗਊਆਂ ਨੂੰ ਹਿੰਦੂਆਂ ਨੂੰ ਨੁਕਸਾਨ ਪਹੁੰਚਾਉਣ ਲਈ ਮਾਰਿਆ ਜਾਂਦਾ ਹੈ, ਤਾਂ ਇਹ ਮਾੜੀ ਗੱਲ ਹੈ ਅਤੇ ਇਹ ਇੱਕ ਸਮੱਸਿਆ ਪੈਦਾ ਕਰੇਗਾ, ਪਰ ਅਗਰ ਗਊਆਂ ਨੂੰ ਸਿਰਫ ਖਾਣ ਲਈ ਮਾਰਿਆ ਜਾਂਦਾ ਹੈ ਤਾਂ ਇਸ ਵਿੱਚ ਕੋਈ ਸਮੱਸਿਆ ਨਹੀਂ ਹੈ, ਲੇਖਕ ਨੇ ਅੱਗੇ ਕਿਹਾ।

ਜਿੱਥੋਂ ਤੱਕ ਗਊਆਂ ਨੂੰ ਪਵਿੱਤਰ ਮੰਨਣ ਦਾ ਸੰਬੰਧ ਹੈ, ਵੈਦਿਕ ਕਾਲ ਵਿੱਚ ਗਊਆਂ ਦੇ ਬਲੀਦਾਨ ਦਾ ਵਰਨਣ ਕਰਨ ਵਾਲੀਆਂ ਬਹੁਤ ਸਾਰੀਆਂ ਲਿਖਤਾਂ ਉਪਲੱਬਧ ਹਨ। ਸਵਾਮੀ ਵਿਵੇਕਾਨੰਦ ਨੇ ਆਪਣੀਆਂ ਲਿਖਤਾਂ ਵਿੱਚ ਕਈ ਥਾਵਾਂ ’ਤੇ ਜ਼ਿਕਰ ਕੀਤਾ ਹੈ ਕਿ ਪਵਿੱਤਰ ਰਸਮਾਂ ਦੌਰਾਨ ਗਊਆਂ ਦੀ ਬਲੀ ਦਿੱਤੀ ਜਾਂਦੀ ਸੀ ਅਤੇ ਗਊ ਮਾਸ ਦਾ ਸੇਵਨ ਵੀ ਵਰਜਿਤ ਨਹੀਂ ਸੀ।

ਤੁਸੀਂ ਹੈਰਾਨ ਹੋਵੋਗੇ ਜੇ ਮੈਂ ਤੁਹਾਨੂੰ ਦੱਸਾਂ ਕਿ ਪੁਰਾਣੇ ਸਮਿਆਂ ਵਿਚ, ਜੋ ਲੋਕ ਰਸਮਾਂ ਵਿਚ ਗਊ ਮਾਸ ਨਹੀਂ ਖਾਂਦੇ ਸਨ, ਉਹਨਾਂ ਨੂੰ ਚੰਗਾ ਹਿੰਦੂ ਨਹੀਂ ਮੰਨਿਆ ਜਾਂਦਾ ਸੀ। ਕਈ ਮੌਕਿਆਂ ’ਤੇ, ਬਲਦ ਦੀ ਬਲੀ ਦੇਣੀ ਅਤੇ ਉਸ ਦਾ ਮਾਸ ਖਾਣਾ ਲਾਜ਼ਮੀ ਸੀ। (ਸ਼ੇਕਸਪੀਅਰ ਕਲੱਬ, ਪਾਸਾਡੇਨਾ, ਕੈਲੀਫੋਰਨੀਆ, ਯੂ ਐੱਸ ਏ ਵਿਖੇ ਵਿਵੇਕਾਨੰਦ ਦਾ ਭਾਸ਼ਣ। ਸਵਾਮੀ ਵਿਵੇਕਾਨੰਦ ਦੇ ਸੰਪੂਰਨ ਕਾਰਜ, ਭਾਗ 3, ਕਲਕੱਤਾ: ਅਦਵਿਤਾ ਆਸ਼ਰਮ, 1997, ਪੰਨਾ 536)।

ਰਾਮਕ੍ਰਿਸ਼ਨ ਮਿਸ਼ਨ ਦੁਆਰਾ ਕਰਵਾਈਆਂ ਹੋਰ ਖੋਜਾਂ, ਜਿਵੇਂ ਕਿ ਸੀ. ਕੁਨਹਾਨ ਰਾਜਾ ਦੀ ‘ਵੈਦਿਕ ਕਲਚਰ’, ਸੁਨੀਤੀ ਕੁਮਾਰ ਚੈਟਰਜੀ ਅਤੇ ਹੋਰਨਾਂ ਵੱਲੋਂ ਭਾਰਤ ਦੀ ਸੱਭਿਆਚਾਰਕ ਵਿਰਾਸਤ ਦੀ ਲੜੀ ਵਿੱਚ ਹਵਾਲਾ ਦਿੱਤਾ ਗਿਆ ਹੈ।ਭਾਗ-1 (ਕਲਕੱਤਾ: ਰਾਮਕ੍ਰਿਸ਼ਨ ਮਿਸ਼ਨ, 1993) ਪੰਨਾ 217 ਵਿੱਚ ਹਵਾਲਾ ਦਿੱਤਾ ਗਿਆ ਹੈ।

ਬ੍ਰਾਹਮਣਾਂ ਸਮੇਤ ਵੈਦਿਕ ਆਰੀਅਨ ਮੱਛੀ, ਮਾਸ ਅਤੇ ਇੱਥੋਂ ਤੱਕ ਕਿ ਗਊ ਮਾਸ ਵੀ ਖਾਂਦੇ ਸਨ। ਮਹਿਮਾਨਾਂ ਨੂੰ ਭੋਜਨ ਵਿੱਚ ਗਊ ਮਾਸ ਪਰੋਸ ਕੇ ਸਨਮਾਨਤ ਕੀਤਾ ਜਾਂਦਾ ਸੀ। ਹਾਲਾਂਕਿ ਵੈਦਿਕ ਆਰੀਅਨ ਗਊ ਮਾਸ ਖਾਂਦੇ ਸਨ, ਪਰ ਦੁਧਾਰੂ ਗਾਵਾਂ ਨੂੰ ਨਹੀਂ ਮਾਰਿਆ ਜਾਂਦਾ ਸੀ। ਅਗਨਿਆ ਗਾਂ ਨੂੰ ਮਾਰਨਾ ਵਰਜਿਤ ਸੀ, ਪਰ ਗੋਘਨਾ ਮਹਿਮਾਨ ਲਈ ਗਾਂ ਨੂੰ ਜੋ ਮਾਰਿਆ ਜਾਂਦਾ ਸੀ, ਇਹ ਸਿਰਫ਼ ਬਲਦ, ਬਾਂਝ ਗਾਵਾਂ ਅਤੇ ਵੱਛੇ ਹੀ ਮਾਰੇ ਗਏ ਸਨ।

ਅੰਬੇਡਕਰ ਦਾ ਅਧਿਐਨ ਵੀ ਇਸੇ ਦਿਸ਼ਾ ਵੱਲ ਇਸ਼ਾਰਾ ਕਰਦਾ ਹੈ। ਇਤਿਹਾਸਕਾਰ ਡੀ ਐੱਨ ਝਾਅ ਆਪਣੀ ਵਿਦਵਤਾ ਭਰਪੂਰ ਰਚਨਾ ‘ਮਿਥ ਆਫ਼ ਹੋਲੀ ਕਾਊ’ ਦੇ ਆਧਾਰ ’ਤੇ ਦੱਸਦਾ ਹੈ ਕਿ ‘ਅਥੋ ਅੰਨਮ ਵਾਇਆ ਗਊ’ (ਗਊ ਸੱਚਮੁੱਚ ਭੋਜਨ ਹੈ) ਵਰਗੀਆਂ ਪ੍ਰਾਚੀਨ ਆਇਤਾਂ ਹਨ।ਇਹ ਬੁੱਧ ਧਰਮ ਅਤੇ ਬ੍ਰਾਹਮਣਵਾਦ ਵਿਚਕਾਰ ਸੰਘਰਸ਼ ਦੇ ਦੌਰਾਨ ਹੋਇਆ ਸੀ ਕਿ ਗਾਂ ਨੂੰ ਮਾਤਾ ਦਾ ਦਰਜਾ ਦਿੱਤਾ ਗਿਆ, ਮਤਲਬ ਇੱਕ ਪਵਿੱਤਰ ਜੀਵ।

ਬਾਅਦ ਵਿੱਚ, ਸੁਤੰਤਰਤਾ ਅੰਦੋਲਨ ਦੌਰਾਨ ਜਿਵੇਂ ਹੀ ਮੁਸਲਮਾਨ ਅਤੇ ਹਿੰਦੂ ਫਿਰਕੂ ਰਾਜਨੀਤੀ ਨੂੰ ਵਿੱਚ ਵਧਾਇਆ ਗਿਆ, ਸੂਰ ਅਤੇ ਗਾਂ ਨੂੰ ਇਹਨਾਂ ਰਾਜਨੀਤਕ ਰੁਝਾਨਾਂ ਦੁਆਰਾ ਆਪਣੇ ਆਪ ਨੂੰ ਮਜ਼ਬੂਤ ਕਰਨ ਲਈ ਵਰਤਿਆ ਗਿਆ।ਮਸਜਿਦ ’ਤੇ ਸੂਰ ਦਾ ਮਾਸ ਜਾਂ ਮੰਦਰ ’ਚ ਬੀਫ ਸੁੱਟਣਾ ਫਿਰਕੂ ਹਿੰਸਾ ਨੂੰ ਭੜਕਾਉਣ ਲਈ ਵਰਤੀਆਂ ਜਾਂਦੀਆਂ ਚਾਲਾਂ ਸਨ, ਜਿਨ੍ਹਾਂ ਇਨ੍ਹਾਂ ਫੁੱਟ ਪਾਉਣ ਵਾਲੀਆਂ ਪ੍ਰਵਿਰਤੀਆਂ ਨੂੰ ਮਜ਼ਬੂਤ ਕੀਤਾ।

ਜਿਵੇਂ ਕਿ ਗਊ ਹੱਤਿਆ ’ਤੇ ਪਾਬੰਦੀ ਲਾਗੂ ਹੁੰਦੀ ਰਹਿੰਦੀ ਹੈ ਅਤੇ ਅਖਲਾਕ ਤੋਂ ਲੈ ਕੇ ਜੁਨੈਦ ਤੱਦ ਰਕਬਰ ਖਾਨ ਤੱਕ ਕਈ ਮੁਸਲਮਾਨ ਅਤੇ ਦਲਿਤ ਮਰਦ ਇਸ ਦਾ ਹਵਾਲਾ ਦੇ ਕੇ ਮਾਰੇ ਗਏ, ਇਸ ਕਰਕੇ ਘੱਟ ਗਿਣਤੀ ਭਾਈਚਾਰਿਆਂ ਵਿੱਚ ਇੱਕ ਕੁਦਰਤੀ ਡਰ ਹੈ।

ਸਿਰਫ਼ ਮੁਸਲਮਾਨਾਂ ਅਤੇ ਦਲਿਤਾਂ ਨੂੰ ਹੀ ਨਿਸ਼ਾਨਾ ਬਣਾਇਆ ਗਿਆ ਹੈ, ਜਦੋਂ ਕਿ ਉੱਤਰ-ਪੂਰਬੀ ਰਾਜਾਂ ਵਿੱਚ ਕੇਰਲਾ ਅਤੇ ਗੋਆ ਦੇ ਨਾਲ-ਨਾਲ ਹੋਰਨਾਂ ਬੀਫ ਖਾਣ ਵਾਲਿਆਂ ਨੂੰ ਬਚਾਇਆ ਗਿਆ ਹੈ। ਕਿਰੇਨ ਰਿਜਿਜੂ ਨੇ ਇੱਕ ਵਾਰ ਮੰਨਿਆ ਕਿ ਉਹ ਬੀਫ ਖਾਂਦੇ ਹਨ।

ਮਹਾਰਾਸ਼ਟਰ ਸਰਕਾਰ ਨੇ ਬੜੀ ਚਲਾਕੀ ਨਾਲ ਸਿਰਫ਼ ਦੇਸੀ ਗਾਵਾਂ ਨੂੰ ਰਾਜ ਮਾਤਾ ਕਿਹਾ ਹੈ, ਹੋਰਨਾਂ ਨੂੰ ਨਹੀਂ। ਭਾਰਤ ਹੌਲੀ-ਹੌਲੀ ਬੀਫ ਨਿਰਯਾਤ ਵਿੱਚ ਸਿਖਰ ’ਤੇ ਪਹੁੰਚ ਗਿਆ ਹੈ।

ਦਿਲਚਸਪ ਗੱਲ ਇਹ ਹੈ ਕਿ ਅਟਲ ਬਿਹਾਰੀ ਵਾਜਪਾਈ ’ਤੇ ਲਿਖੀ ਵਿਜੇ ਤ੍ਰਿਵੇਦੀ ਦੀ ਕਿਤਾਬ ‘ਹਾਰ ਨਹੀਂ ਮੰਨੂੰਗਾ’ ਸਾਨੂੰ ਦੱਸਦੀ ਹੈ ਕਿ ਇੱਕ ਵਾਰ ਜਦੋਂ ਵਾਜਪਾਈ ਅਮਰੀਕਾ ਵਿੱਚ ਬੀਫ ਖਾ ਰਹੇ ਸਨ (ਸਫਾ 236) ਤਾਂ ਉਨ੍ਹਾ ਦੇ ਸਾਹਮਣੇ ਬੈਠੇ ਬੰਦੇ ਨੇ ਉਨ੍ਹਾ ਨੂੰ ਇਸ ਬਾਰੇ ਜਤਾਇਆ। ਵਾਜਪਾਈ ਨੇ ਬੜੀ ਹੁਸ਼ਿਆਰੀ ਨਾਲ ਮੁਸਕਰਾਉਂਦੇ ਹੋਏ ਆਪਣੇ ਨਾਲ ਬੈਠੇ ਸੱਜਣ ਨੂੰ ਕਿਹਾ ਕਿ ਵੈਸੇ ਵੀ ਇਹ ਭਾਰਤੀ ਗਾਂ ਨਹੀਂ, ਇਸ ਲਈ ਇਸ ਵਿੱਚ ਕੋਈ ਸਮੱਸਿਆ ਨਹੀਂ।ਤਾਂ ਫਿਰ ਸਮੱਸਿਆ ਕਿੱਥੇ ਹੈ?

**(ਰਾਮ ਪੁਨਿਆਨੀ ਸੈਂਟਰ ਫਾਰ ਸਟੱਡੀ ਆਫ਼ ਸੁਸਾਇਟੀ ਐਂਡ ਸੈਕੂਲਰਿਜ਼ਮ ਦੇ ਪ੍ਰਧਾਨ ਹਨ। ਉਹ ਆਈ ਆਈ ਟੀ ਮੁੰਬਈ ਵਿੱਚ ਪੜ੍ਹਾਉਂਦੇ ਹਨ ਅਤੇ 2007 ਲਈ ਨੈਸ਼ਨਲ ਕਮਿਊਨਲ ਹਾਰਮਨੀ ਅਵਾਰਡ ਦੇ ਪ੍ਰਾਪਤ ਕਰਤਾ ਹਨ।)**

**# ਸੰਪਰਕ : 99884-91002**

# ਹੱਦੋਂ ਵੱਧ ਪਸਰ ਰਹੀ ਦਿਖਾਵੇ ਦੀ ਹੋੜ

**ਗੁਰਬਿੰਦਰ ਸਿੰਘ ਮਾਣਕ**

ਮਨੁੱਖ ਨੂੰ ਰਸਮਾਂ ਦੇ ਗਾਨੇ ਬੰਨ੍ਹਣ ਦੀ ਬਹੁਤ ਡੂੰਘੀ ਪ੍ਰਵਿਰਤੀ ਹੈ। ਜੀਵਨ ਜਿਊਂਦਿਆਂ ਮਨੁੱਖ ਅਨੇਕਾਂ ਪ੍ਰਕਾਰ ਦੀਆਂ ਰਸਮਾਂ ਨਿਭਾਉਂਦਿਆਂ ਵਿਚਰਦਾ ਹੈ। ਜੇ ਇਹ ਕਿਹਾ ਜਾਵੇ ਕਿ ਮਨੁੱਖ ਦਾ ਜੀਵਨ ਤਰ੍ਹਾਂ-ਤਰ੍ਹਾਂ ਦੀਆਂ ਅਨੇਕਾਂ ਰਸਮਾਂ ਦੇ ਆਡੰਬਰਾਂ ਨਾਲ ਭਰਿਆ ਪਿਆ ਹੈ ਤਾਂ ਇਹ ਕੋਈ ਅੱਤਕਥਨੀ ਨਹੀਂ ਹੋਵੇਗੀ। ਜਨਮ, ਵਿਆਹ, ਮੌਤ, ਕੰਮ-ਧੰਦਾ, ਖੇਤੀ-ਬਾੜੀ ਗੱਲ ਕੀ ਜੀਵਨ ਦੇ ਹਰ ਵਰਤਾਰੇ ਨਾਲ ਵਿਚਰਦਿਆਂ ਮਨੁੱਖ ਕਈ ਰੰਗ-ਬਰੰਗੀਆਂ ਰਸਮਾਂ ਨਿਭਾਉਂਦਾ, ਖੁਸ਼ੀਆਂ-ਖੇੜੇ ਤੇ ਗਮੀਆਂ-ਉਦਾਸੀਆਂ ਦੇ ਸੰਗ ਵਿਚਰਦਾ ਆ ਰਿਹਾ ਹੈ। ਕਦੇ ਮਨੁੱਖ ਦਾ ਜੀਵਨ ਬਹੁਤ ਹੀ ਸਾਦਗੀ ਭਰਿਆ, ਸੀਮਤ ਲੋੜਾਂ ਤੇ ਕੁਦਰਤੀ ਦਾਤਾਂ ਦੇ ਅੰਗਸੰਗ, ਸਬਰ ਤੇ ਸੰਤੋਖ ਦੇ ਜੀਵੰਤ ਵਰਤਾਰੇ ਨਾਲ ਨਿਵਾਜਿਆ ਹੋਇਆ ਸੀ। ਜਿਉਂ-ਜਿਉਂ ਅਸੀਂ ਕੁਦਰਤ ਦੇ ਵਰਤਾਰੇ ਤੋਂ ਦੂਰ ਹੁੰਦੇ ਗਏ ਹਾਂ, ਤਿਉਂ-ਤਿਉਂ ਜੀਵਨ ਦੀ ਤੋਰ ਵੀ ਪੂਰੀ ਤਰ੍ਹਾਂ ਬਦਲ ਗਈ ਹੈ।

ਧਨ, ਦੌਲਤ, ਜ਼ਮੀਨ-ਜਾਇਦਾਦ ਤੇ ਹੋਰ ਵਸਤਾਂ ਪ੍ਰਤੀ ਹੰਕਾਰੀ ਪ੍ਰਵਿਰਤੀ ਤੇ ਦਿਖਾਵੇ ਦੀ ਭਾਵਨਾ, ਸਮਾਜ ਦੇ ਵਿਰਲੇ ਲੋਕਾਂ ਵਿਚ ਹੀ ਸੀ। ਕਦੇ ਸਮਾਂ ਸੀ ਜੀਵਨ ਦੀ ਤੋਰ ਸਬਰ, ਸੰਤੋਖ, ਪਿਆਰ, ਮਿਲਵਰਤਣ ਤੇ ਦੂਜਿਆਂ ਪ੍ਰਤੀ ਦਇਆ-ਭਾਵਨਾ ਨਾਲ ਬੱਝੀ ਹੋਈ ਸੀ। ਮਨੁੱਖ ਦੀਆਂ ਬਹੁਤ ਸੀਮਤ ਲੋੜਾਂ ਸਨ ਤੇ ਮਿਹਨਤ ਦਾ ਪਸੀਨਾ ਵਹਾਉਂਦੇ ਇਹ ਰੱਬੀ ਰੂਹ ਵਾਲੇ ਲੋਕ ਰੁੱਖੀ-ਮਿੱਸੀ ਖਾ ਕੇ ਵੀ ਕੁਦਰਤ ਵੱਲੋਂ ਮਿਲੀਆਂ ਦਾਤਾਂ ਦਾ ਸੌ-ਸੌ ਵਾਰ ਸ਼ੁਕਰ ਮਨਾਉਂਦੇ ਸਨ। ਵਿਆਹ-ਸ਼ਾਦੀ ਜਾਂ ਹੋਰ ਖੁਸ਼ੀ-ਗਮੀ ਦੇ ਸਮੇਂ ਰਸਮਾਂ ਤਾਂ ਉਦੋਂ ਵੀ ਨਿਭਾਈਆਂ ਜਾਂਦੀਆਂ ਸਨ, ਪਰ ਅਜੋਕੇ ਸਮਿਆਂ ਵਰਗੇ ਅਡੰਬਰ ਤੇ ਦਿਖਾਵੇ ਦੀ ਹੋੜ ਨਹੀਂ ਸੀ।

ਜਿਉਂ-ਜਿਉਂ ਮਨੁੱਖ ਤਰੱਕੀ ਦੀਆਂ ਮੰਜ਼ਲਾਂ ਤੈਅ ਕਰਦਾ ਗਿਆ, ਤਿਉਂ-ਤਿਉਂ ਮਨੁੱਖ ਦੇ ਜੀਵਨ ਦੀਆਂ ਲੋੜਾਂ ਤੇ ਲਾਲਸਾਵਾਂ ਵੀ ਵਧਦੀਆਂ ਗਈਆਂ। ਮਨੁੱਖ ਦੇ ਕੰਮ-ਧੰਦੇ, ਨੌਕਰੀਆਂ, ਵਪਾਰ ਤੇ ਸੋਚਾਂ ਦਾ ਦਾਇਰਾ ਵਿਸ਼ਾਲ ਹੋਣ ਨਾਲ ਜ਼ਿੰਦਗੀ ਦੀ ਤੋਰ ਵੀ ਹੌਲੀ-ਹੌਲੀ ਬਦਲਣ ਲੱਗੀ। ਸਹਿਜ ਤੇ ਸਾਦਗੀ ਭਰਿਆ ਜੀਵਨ ਜਿਊਂਦਾ ਮਨੁੱਖ ਆਪਣੀਆਂ ਤੀਬਰ ਲਾਲਸਾਵਾਂ, ਬਦਲ ਰਹੀ ਜੀਵਨ-ਜਾਚ, ਸਮਾਜਿਕ ਪ੍ਰਤਿਸ਼ਠਾ, ਇਕ-ਦੂਜੇ ਤੋਂ ਅੱਗੇ ਲੰਘਣ ਦੀ ਹੋੜ ਤੇ ਆਪਣੀ ਹਉਮੈ ਨੂੰ ਪੱਠੇ ਪਾਉਣ ਦੀਆਂ ਸੋਚਾਂ ਵਿਚ ਘਿਰਿਆ, ਦਿਖਾਵੇ ਭਰੀ ਜ਼ਿੰਦਗੀ ਦੇ ਰਾਹ ਪੈ ਗਿਆ।

ਮਨੁੱਖ ਇਕ ਸਮਾਜਿਕ ਪ੍ਰਾਣੀ ਹੋਣ ਦੇ ਨਾਤੇ, ਸਮਾਜ ਵਿਚ ਵਿਚਰਦਾ ਹੈ। ਜਿੱਥੇ ਉਹ ਸਮਾਜ ਦੀ ਜੀਵਨ-ਤੋਰ ਤੋਂ ਪ੍ਰਭਾਵਿਤ ਹੁੰਦਾ ਹੈ, ਉੱਥੇ ਉਹ ਦੂਜਿਆਂ ’ਤੇ ਅਸਰ-ਅੰਦਾਜ਼ ਵੀ ਹੁੰਦਾ ਹੈ। ਸਾਡੀਆਂ ਲੋਕ-ਸਿਆਣਪਾਂ ਵਿਚ ਇਸ ਨੂੰ ਹੀ ਕਿਹਾ ਜਾਂਦਾ ਸੀ ‘ਨੁੱਕ-ਨਮੂਜ ਰੱਖਣਾ’। ਜਿਹੜੇ ਲੋਕਾਂ ਦੀ ਆਰਥਿਕਤਾ ਵੀ ਬਹੁਤੀ ਮਜ਼ਬੂਤ ਨਹੀਂ ਹੁੰਦੀ, ਉਹ ਵੀ ਸਮਾਜ ਵਿਚ ਸਾਧਨ-ਸੰਪਨ ਲੋਕਾਂ ਦੁਆਰਾ ਪਾਈਆਂ ਪਿਰਤਾਂ ਦੇ ਮਗਰ ਲੱਗ ਕੇ ਆਪਣਾ ‘ਨੱਕ’ ਬਚਾਉਣ ਦੇ ਰਾਹ ਤੁਰ ਕੇ, ਆਪਣਾ ਝੁੱਗਾ ਚੌੜ ਕਰਾ ਲੈਂਦੇ ਹਨ। ਪੰਜਾਬ ਦੇ ਪ੍ਰਸੰਗ ਵਿਚ ਦੇਖੀਏ ਤਾਂ, ਪਹਿਲਾਂ-ਪਹਿਲ ਵਿਦੇਸ਼ਾਂ ਵਿਚ ਗਏ ਲੋਕ ਜਦੋਂ ਕਦੇ ਵਿਆਹ-ਸ਼ਾਦੀ ਜਾਂ ਹੋਰ ਸਮਾਗਮ ਲਈ ਵਿਦੇਸ਼ਾਂ ਤੋਂ ਪਰਤਦੇ ਤਾਂ ਆਪਣੀ ਖੂਨ-ਪਸੀਨੇ ਦੀ ਕਮਾਈ ਨਾਲ ਅਜਿਹੀ ਸ਼ਾਨੋ-ਸ਼ੌਕਤ ਦਿਖਾਉਂਦੇ ਕਿ ਹਰ ਕੋਈ ਦੰਦਾਂ ਹੇਠ ਜੀਭ ਦੇਣ ਲਈ ਮਜਬੂਰ ਹੋ ਜਾਂਦਾ। ਦੋਵੇਂ ਹੱਥਾਂ ਦੀਆਂ ਉਂਗਲਾਂ ਸੋਨੇ ਦੀਆਂ ਛਾਪਾਂ ਨਾਲ ਭਰੀਆਂ, ਕੀਮਤੀ ਕੱਪੜੇ ਤੇ ਹੋਰ ਸੱਜ-ਧੱਜ ਦੇਖ ਕੇ ਹਰ ਨੌਜਵਾਨ ਵਿਦੇਸ਼ ਜਾਣ ਦੇ ਸੁਪਨੇ ਸਿਰਜਣ ਲੱਗਦਾ। ਹਾਂਲਾਂਕਿ ਇਹ ਦਿਖਾਵੇ ਤੋਂ ਵੱਧ ਕੁਝ ਨਹੀਂ ਹੁੰਦਾ।

ਕੇਵਲ ਭਾਈਚਾਰੇ ’ਚ ਆਪਣੀ ਪੈਂਠ ਬਣਾਉਣ ਲਈ ਵਿਦੇਸ਼ੋਂ ਪਰਤਿਆ ਬੰਦਾ ਕੁਝ ਦਿਨਾਂ ਲਈ ਆਪਣੇ ਮਨ ਨੂੰ ਖੁਸ਼ੀ ਦੇਣ ਲਈ ਅਜਿਹਾ ਕਰਦਾ ਸੀ, ਜਦੋਂ ਕਿ ਸਚਾਈ ਇਹ ਹੈ ਕਿ ਜਿੰਨੀ ਮਿਹਨਤ, ਸਿਰੜ ਤੇ ਸੰਘਰਸ਼ ਵਿਦੇਸ਼ਾਂ ਵਿਚ ਜਾ ਕੇ ਲੋਕ ਕਰਦੇ ਹਨ ਤੇ ਅਨੇਕਾਂ ਕਸ਼ਟਾਂ ਵਿੱਚੋਂ ਲੰਘਦੇ, ਕਈ-ਕਈ ਸਾਲ ਗੁਜ਼ਾਰ ਕੇ, ਜ਼ਿੰਦਗੀ ਦੀ ਗੱਡੀ ਨੂੰ ਤੋਰੀ ਰੱਖਣ ਵਿਚ ਕਾਮਯਾਬ ਹੁੰਦੇ ਹਨ। ਅੱਜ ਵੀ ਸਿਆਣੇ ਤੇ ਸੂਝਵਾਨ ਲੋਕਾਂ ਦੀ ਕਮੀ ਨਹੀਂ ਹੈ, ਜਿਹੜੇ ਕਦੇ ਦਿਖਾਵਾ ਨਹੀਂ ਕਰਦੇ ਤੇ ਸਾਦਗੀ ਭਰਿਆ ਜੀਵਨ ਜਿਊਂਦੇ, ਉੱਚੀ-ਸੁੱਚੀ ਸੋਚ ਦੇ ਮਾਲਕ ਹਨ।

ਬਰੈਂਡਿਡ ਕੱਪੜੇ, ਵਿਦੇਸ਼ੀ ਸਾਜ਼ੋ-ਸਮਾਨ, ਕੀਮਤੀ ਗਹਿਣੇ, ਮਹਿਲਾਂ ਵਰਗੀਆਂ ਕੋਠੀਆਂ ਤੇ ਵੱਡੀਆਂ ਗੱਡੀਆਂ ਤੇ ਹੋਰ ਅਨੇਕਾਂ ਸੁੱਖ-ਸਹੂਲਤਾਂ ਦੀ ਹੋੜ ਪਿੱਛੇ ਕਿਤੇ ਨਾ ਕਿਤੇ ਮਨੁੱਖੀ ਮਨ ਵਿੱਚ ਦਿਖਾਵੇ ਤੇ ਸਮਾਜ ਨੂੰ ਆਪਣੀ ਝੂਠੀ ਪ੍ਰਤਿਸ਼ਠਾ ਦਿਖਾਉਣ ਦੀ ਹੈਂਕੜ ਵੀ ਕੰਮ ਕਰ ਰਹੀ ਹੁੰਦੀ ਹੈ। ਪੂੰਜੀਪਤੀ, ਧਨਾਢ, ਵਿਦੇਸ਼ਾਂ ਵਿਚ ਗਏ ਪ੍ਰਵਾਸੀ ਤੇ ਦੋ ਨੰਬਰ ਦੀ ਕਮਾਈ ਕਰਨ ਵਾਲਿਆਂ ਨੇ ਸਮਾਜ ਵਿਚ ਵਿਆਹ-ਸ਼ਾਦੀਆਂ ਤੇ ਹੋਰ ਸਮਾਗਮਾਂ ਵਿਚ ਪੈਸਾ ਪਾਣੀ ਵਾਂਗ ਵਹਾਅ ਕੇ ਸਮਾਜ ਨੂੰ ਗਲਤ ਦਿਸ਼ਾ ਵੱਲ ਤੋਰ ਦਿੱਤਾ ਹੈ। ਦੇਖਾ-ਦੇਖੀ, ਸੀਮਤ ਕਮਾਈ ਵਾਲੇ ਮੱਧ-ਵਰਗੀ ਲੋਕ ਵੀ ਦਿਖਾਵੇ ਦੀ ਦੌੜ ਵਿਚ ਸ਼ਾਮਲ ਹੋ ਗਏ ਹਨ। ਕਈ ਵਾਰ ਤਾਂ ਸਮਾਜਿਕ ਰੁਤਬੇ ਦੀ ਖਾਤਰ ਕਰਜ਼ਾ ਚੁੱਕ ਕੇ ਵੀ ਫਾਹਾ ਲਿਆ ਜਾਂਦਾ ਹੈ। ਮਿਹਨਤ ਨਾਲ ਕਮਾਈ ਕਰਨ ਵਾਲੇ ਪਿੰਡਾਂ ਦੇ ਸਧਾਰਨ ਲੋਕ ਵੀ ਇਕ-ਦੂਜੇ ਦੀ ਦੇਖਾ-ਦੇਖੀ ਦਿਖਾਵੇਬਾਜ਼ੀ ਦਾ ਸ਼ਿਕਾਰ ਹੋ ਚੁੱਕੇ ਹਨ।

‘ਵੀ ਆਈ ਪੀ ਕਲਚਰ’ ਵਿਚ ਰੰਗੇ ਸਿਆਸੀ ਨੇਤਾਵਾਂ ਨੇ ਵੀ ਦਿਖਾਵੇ ਦੀ ਹੋੜ ਨੂੰ ਵਧਾਅ ਕੇ ਸਮਾਜ ਨੂੰ ਗਲਤ ਦਿਸ਼ਾ ਦਿੱਤੀ ਹੈ। ਅਕਸਰ ਹੀ ਨੇਤਾਵਾਂ ਦੇ ਨਾਲ ਗੱਡੀਆਂ ਦੇ ਕਾਫਲੇ, ਅੱਗੇ-ਪਿੱਛੇ ਸੁਰੱਖਿਆ ਵਾਹਨਾਂ ਦੇ ਕੰਨ-ਪਾੜਵੇਂ ਹੂਟਰ, ਅਫਸਰਾਂ ਤੇ ਹੋਰ ਪ੍ਰਸ਼ਾਸਨਿਕ ਅਧਿਕਾਰੀਆਂ ਦਾ ਜਮ-ਘਟਾ ਤੇ ਅਜਿਹਾ ਹੋਰ ਬਹੁਤ ਕੁਝ ਕੇਵਲ ਤੇ ਕੇਵਲ ਸਮਾਜ ਨੂੰ ਆਪਣੀ ਹੰਕਾਰੀ ਪ੍ਰਤਿਸ਼ਠਾ ਦਿਖਾਉਣਾ ਹੈ। ਕਈ ਵਾਰ ਤਾਂ ਨੇਤਾਵਾਂ ਦੇ ਲੰਘਣ ਕਾਰਨ ਬਾਕੀ ਟਰੈਫਿਕ ਨੂੰ ਰੋਕ ਦਿੱਤਾ ਜਾਂਦਾ ਹੈ, ਸੜਕਾਂ ਬੰਦ ਕਰ ਦਿੱਤੀਆਂ ਜਾਂਦੀਆਂ ਹਨ। ਲੋਕਾਂ ਦੇ ਚੁਣੇ ਹੋਏ ਨੁਮਾਇੰਦਿਆਂ ਨੂੰ ਆਪਣੇ ਹੀ ਲੋਕਾਂ ਵਿਚ ਵਿਚਰਨ ਤੋਂ ਕਿਉਂ ਡਰ ਲੱਗਦਾ ਹੈ। ਕਿਸੇ ਮੰਤਰੀ, ਵਿਧਾਇਕ ਨੇ ਵੀ ਇਲਾਕੇ ਦਾ ਦੌਰਾ ਕਰਨਾ ਹੋਵੇ ਤਾਂ ਪੁਲਸ ਕਰਮਚਾਰੀਆਂ ਨੂੰ ਵਖਤ ਪੈ ਜਾਂਦਾ ਹੈ। ਇਹ ਸਭ ਕੁਝ ਲੋਕਾਂ ਨੂੰ ਆਪਣੀ ਹੋਂਦ ਦਰਸਾਉਣ ਦਾ ਦਿਖਾਵਾ ਮਾਤਰ ਹੀ ਹੈ।

ਅਜੋਕੇ ਸਮਾਜ ਵਿਚ ਔਰਤਾਂ, ਮਰਦਾਂ, ਨੌਜਵਾਨਾਂ ਗੱਲ ਕੀ ਸਭ ਵਿਚ ਹੀ ਦਿਖਾਵੇ ਦੀ ਪ੍ਰਵਿਰਤੀ ਬਹੁਤ ਵਧ ਗਈ ਹੈ। ਮਹਿੰਗੇ ਕੱਪੜੇ, ਕੀਮਤੀ ਸਾਬਣ, ਸ਼ੈਂਪੂ, ਸੈਂਟ, ਕੀਮਤੀ ਸ਼ਰਾਬ, ਵੱਡੀਆਂ ਗੱਡੀਆਂ, ਪਿਸਤੌਲ, ਦੁਨਾਲੀਆਂ, ਮਹਿੰਗੇ ਰੈਸਟੋਰੈਂਟਾਂ ਵਿਚ ਪਾਰਟੀਆਂ ਆਮ ਵਰਤਾਰਾ ਹੋ ਗਿਆ ਹੈ। ਔਰਤਾਂ ਨੂੰ ਕੱਪੜੇ, ਗਹਿਣੇ ਤੇ ਹੋਰ ਵਸਤਾਂ ਦਾ ਦਿਖਾਵਾ ਕਰਨ ਦੀ ਪ੍ਰਵਿਰਤੀ ਕੁਝ ਵਧੇਰੇ ਦੇਖੀ ਜਾਂਦੀ ਹੈ। ਕਿਸੇ ਖਰੀਦੀ ਵਸਤੂ ਬਾਰੇ ਵਧਾਅ-ਚੜ੍ਹਾਅ ਕੇ ਜੇ ਗਵਾਂਢਣ ਨੂੰ ਦੱਸ ਕੇ ਉਤੇਜਿਤ ਨਾ ਕੀਤਾ ਤਾਂ ਮਹਿੰਗਾ ਸਾਮਾਨ ਖਰੀਦਣ ਦਾ ਕੀ ਫਾਇਦਾ।

ਹਰ ਇਕ ਮਨੁੱਖ ਦੇ ਮਨ ਵਿਚ ਸੁੱਖ-ਸਹੂਲਤਾਂ ਪ੍ਰਾਪਤ ਕਰਨ ਦੀ ਇੱਛਾ ਵੀ ਬਹੁਤ ਪ੍ਰਬਲ ਹੈ, ਪਰ ਇਸ ਲਾਲਸਾ ਦੀ ਵੀ ਕੋਈ ਸੀਮਾ ਨਿਸ਼ਚਤ ਕਰਨੀ ਜ਼ਰੂਰੀ ਹੈ। ਸਾਧਨਹੀਣ ਤੇ ਬੁਨਿਆਦੀ ਸਹੂਲਤਾਂ ਤੋਂ ਵੀ ਵਾਂਝੇ ਲੱਖਾਂ ਲੋਕ ਸਾਡੇ ਆਲੇ-ਦੁਆਲੇ ਵਿਚਰਦੇ ਦੇਖੇ ਜਾ ਸਕਦੇ ਹਨ। ਵੱਡੇ ਸੁਪਨੇ ਤੇ ਅਗਾਂਹਵਧੂ ਸੋਚ ਹੋਣੀ ਬਹੁਤ ਵੱਡੀ ਗੱਲ ਹੈ, ਪਰ ਕਿਸੇ ਦੌਲਤਮੰਦ, ਅਮੀਰ ਦੀ ਰੀਸ ਕਰਨ ਬਾਰੇ ਸੋਚਣਾ ਬੇਹੂਦਾ ਗੱਲ ਹੈ। ਸਮਾਜ ਨੂੰ ਦਿਖਾਵੇ ਦੇ ਕੁਹਜ ਵੱਲ ਧੱਕਣ ਵਾਲੇ ਇਹੀ ਧਨਾਢ ਲੋਕ ਹਨ, ਜਿਨ੍ਹਾਂ ਦੀ ਆਮਦਨ ਦਾ ਕੋਈ ਪਾਰਾਵਾਰ ਨਹੀਂ ਹੈ। ਉਨ੍ਹਾਂ ਦਾ ਰਹਿਣ-ਸਹਿਣ ਤੇ ਸੁੱਖ-ਸਹੂਲਤਾਂ ਦੇਖ ਕੇ ਤਾਂ ਮਨੁੱਖੀ ਮਨ ਅਚੰਭਿਤ ਹੋ ਜਾਂਦਾ ਹੈ। ਆਪਣੇ ਧਨ ਨੂੰ ਪਾਣੀ ਵਾਂਗ ਵਹਾ ਕੇ ਦਿਖਾਵਾ ਕਰਨ ਵਾਲੇ ਜੇ ਆਪਣੇ ਤੋਂ ਹੇਠਲੇ ਲੋਕਾਂ ਬਾਰੇ ਵੀ ਕਦੇ ਸੋਚ ਲੈਣ ਤਾਂ ਲੱਖਾਂ ਲੋਕਾਂ ਨੂੰ ਦੋ ਵੇਲੇ ਦੀ ਰੋਟੀ ਤਾਂ ਮੁਹੱਈਆ ਕਰਾਈ ਹੀ ਜਾ ਸਕਦੀ ਹੈ। ਵਿਆਹ-ਸ਼ਾਦੀਆਂ ਤੇ ਪਾਰਟੀਆਂ ਵਿਚ ਅਨੇਕਾਂ ਪ੍ਰਕਾਰ ਦੇ ਭੋਜਨ ਪ੍ਰੋਸਣੇ ਵੀ ਅਸਲ ਵਿਚ ਆਪਣੀ ਦੌਲਤ ਦਾ ਦਿਖਾਵਾ ਕਰਨ ਤੋਂ ਵੱਧ ਕੁਝ ਨਹੀਂ ਹੈ। ਮਿਹਨਤ ਨਾਲ ਕਮਾਏ ਧਨ ਨੂੰ ਡੀਜੇ ਦੇ ਸ਼ੋਰ ਵਿਚ ਨੱਚਣ ਵਾਲਿਆਂ ਵੱਲੋਂ ਬੁੱਕਾਂ ਦੇ ਬੁੱਕ ਰੁਪਈਆਂ ਦਾ ਮੀਂਹ ਵਰ੍ਹਾਉਣਾ ਆਪਣੀ ਹਉਮੈ ਨੂੰ ਪੱਠੇ ਪਾਉਣ ਦੇ ਤੁੱਲ ਤੇ ਦਿਖਾਵੇ ਦੀ ਸਿਖਰ ਹੈ। ਇਹ ਪੈਸਾ ਸਮਾਜ ਦੇ ਸਾਧਨਹੀਣ ਲੋਕਾਂ ਲਈ ਖਰਚ ਕੇ ਸੱਚੀ ਖੁਸ਼ੀ ਪ੍ਰਾਪਤ ਕੀਤੀ ਜਾ ਸਕਦੀ ਹੈ।

**#ਸੰਪਰਕ : 98153-56086**

# ਸਰਕਾਰਾਂ ਬੱਚਿਆਂ ਦੇ ਵਿਕਾਸ ਵੱਲ ਧਿਆਨ ਦੇਣ



**ਨਰਿੰਦਰ ਸਿੰਘ**

ਬੱਚੇ ਦੇਸ਼ ਦਾ ਭਵਿੱਖ ਹੁੰਦੇ ਹਨ। ਉਨ੍ਹਾਂ ਨੂੰ ਪਿਆਰ, ਸਹੀ ਦੇਖ-ਭਾਲ ਅਤੇ ਮਿਆਰੀ ਸਿੱਖਿਆ ਦੀ ਲੋੜ ਹੁੰਦੀ ਹੈ, ਤਾਂ ਜੋ ਚੰਗੇ ਸਫਲ ਰਾਸ਼ਟਰ ਦਾ ਨਿਰਮਾਣ ਹੋ ਸਕੇ। ਬੱਚਿਆਂ ਦਾ ਮਨ ਨਾਜ਼ੁਕ ਹੁੰਦਾ ਹੈ ਅਤੇ ਹਰ ਛੋਟੀ ਗੱਲ ਉਨ੍ਹਾਂ ਦੇ ਮਨ ਨੂੰ ਪ੍ਰਭਾਵਤ ਕਰਦੀ ਹੈ। ਬੱਚਿਆਂ ਦੀ ਸਰੀਰਕ ਤੇ ਮਾਨਸਿਕ ਸਿਹਤ ਦਾ ਧਿਆਨ ਰੱਖਣਾ ਬਹੁਤ ਜ਼ਰੂਰੀ ਹੈ। ਬੱਚਿਆਂ ਦੀ ਹਾਲਤ ਬਹੁਤ ਚਿੰਤਾਜਨਕ ਹੈ। ਬੱਚੇ ਗਰੀਬੀ ਕਾਰਨ ਭੁੱਖਮਰੀ ਤੇ ਬਿਮਾਰੀਆਂ ਨਾਲ ਮਰ ਰਹੇ ਹਨ। ਜਿੱਥੇ ਗਰੀਬੀ ਕਾਰਨ ਛੋਟੇ ਬੱਚੇ ਮਜ਼ਦੂਰੀ ਕਰਨ ਲਈ ਮਜਬੂਰ ਹਨ, ਉੱਥੇ ਹੀ ਅੱਜ ਬਾਲ ਕੁਪੋਸ਼ਣ ਦੇ ਮਾਮਲੇ ’ਚ ਭਾਰਤ ਦੀ ਸਥਿਤੀ ਬਹੁਤੀ ਚੰਗੀ ਨਹੀਂ ਹੈ। ਕਿਸੇ ਵੀ ਬੱਚੇ ਦਾ ਸਕੂਲ ਜਾਣ ਜਾਂ ਖੇਡਣ-ਮੱਲ੍ਹਣ ਦੀ ਉਮਰੇ ਕਿਸੇ ਖੇਤ, ਕਾਰਖਾਨੇ, ਦੁਕਾਨ, ਘਰ ਆਦਿ ’ਚ ਮਜ਼ਦੂਰੀ ਕਰਨ ਜਾਣਾ ਇਸ ਗੱਲ ਦੀ ਗਵਾਹੀ ਭਰਦਾ ਹੈ ਕਿ ਉਸ ਪਰਵਾਰ ਦੀ ਮਾਲੀ ਹਾਲਤ ਬਹੁਤ ਪਤਲੀ ਹੈ।

ਮਜ਼ਦੂਰ ਪਰਵਾਰਾਂ ਵੱਲੋਂ ਗੁਜ਼ਾਰੇ ਲਈ ਆਪਣੇ ਬੱਚਿਆਂ ਤੋਂ ਮਜ਼ਦੂਰੀ ਕਰਵਾਉਣਾ ਇੱਕ ਵੱਡੀ ਮਜਬੂਰੀ ਬਣ ਚੁੱਕਿਆ ਹੈ। ਬਾਲ ਮਜ਼ਦੂਰੀ ਬਚਪਨ ਹੀ ਨਹੀਂ, ਸਗੋਂ ਪੂਰਾ ਜੀਵਨ ਬਰਬਾਦ ਕਰ ਦਿੰਦੀ ਹੈ। ਬਾਲ ਮਜ਼ਦੂਰੀ ਨਾ ਸਿਰਫ ਬੱਚਿਆਂ ਦੇ ਭਵਿੱਖ ਨੂੰ ਨੁਕਸਾਨ ਪਹੁੰਚਾਉਂਦੀ ਹੈ, ਸਗੋਂ ਉਨ੍ਹਾਂ ਦੇ ਮੌਲਿਕ ਅਧਿਕਾਰਾਂ ਦੀ ਵੀ ਉਲੰਘਣਾ ਕਰਦੀ ਹੈ। ਸਾਲ 2023 ਵਿੱਚ ਭਾਰਤ ਵਿੱਚ 18 ਸਾਲ ਤੋਂ ਘੱਟ ਉਮਰ ਦੇ ਕਰੀਬ 44 ਕਰੋੜ ਬੱਚੇ ਸਨ। ਕੈਲਾਸ਼ ਸਤਿਆਰਥੀ ਫਾਊਂਡੇਸ਼ਨ ਦੇ ਅੰਦਾਜ਼ੇ ਅਨੁਸਾਰ ਭਾਰਤ ਵਿੱਚ 78 ਲੱਖ ਦੇ ਕਰੀਬ ਬਾਲ ਮਜ਼ਦੂਰ ਸਨ, ਜਿਨ੍ਹਾਂ ਵਿੱਚੋਂ 57 ਫ਼ੀਸਦੀ ਲੜਕੇ ਅਤੇ 43 ਫ਼ੀਸਦੀ ਲੜਕੀਆਂ ਸਨ। ਵਿਸ਼ਵ ਭਰ ’ਚ ਬਾਲ ਮਜ਼ਦੂਰੀ ਸੂਚਕ ਅੰਕ ਵਿੱਚ ਭਾਰਤ 176 ਦੇਸ਼ਾਂ ਵਿੱਚੋਂ 113ਵੇਂ ਸਥਾਨ ’ਤੇ ਹੈ। ਯੂਨੀਸੈਫ ਚਾਈਲਡ ਰਿਪੋਰਟ 2024 ਅਨੁਸਾਰ ਭਾਰਤ ਵਿੱਚ 40 ਫ਼ੀਸਦੀ ਬੱਚੇ ਗੰਭੀਰ ਭੋਜਨ ਗਰੀਬੀ (ਭੋਜਨ ਦੀ ਘਾਟ) ਅਤੇ 36 ਫ਼ੀਸਦੀ ਮੱਧਮ ਤੋਂ ਗੰਭੀਰ ਭੋਜਨ ਗਰੀਬੀ ਨਾਲ ਪੀੜਤ ਹਨ। ਸੋਮਾਲੀਆ 63 ਫ਼ੀਸਦੀ, ਗਿਨੀ 54 ਫ਼ੀਸਦੀ, ਅਫਗਾਨਿਸਤਾਨ 49 ਫ਼ੀਸਦੀ, ਸੀਅਰਾ ਲਿਓਨ 47 ਫ਼ੀਸਦੀ, ਇਥੋਪੀਆ 46 ਫ਼ੀਸਦੀ, ਲਾਇਬੇਰੀਆ 43 ਫ਼ੀਸਦੀ, ਪਾਕਿਸਤਾਨ 38 ਫ਼ੀਸਦੀ, ਬੰਗਲਾਦੇਸ਼ 20 ਫ਼ੀਸਦੀ, ਨੇਪਾਲ 8 ਫ਼ੀਸਦੀ ਬੱਚੇ ਗੰਭੀਰ ਭੋਜਨ, ਗਰੀਬੀ ਤੋਂ ਪੀੜਤ ਹਨ। ਬੱਚਿਆਂ ਦੇ ਭੋਜਨ ਦੀ ਗਰੀਬੀ ਵਿੱਚ ਸਾਡਾ ਦਰਜਾ ਦੱਖਣੀ ਏਸ਼ੀਆਈ ਗੁਆਂਢੀ ਦੇਸ਼ਾਂ ਤੋਂ ਵੀ ਹੇਠਾਂ ਹੈ, ਜਦੋਂਕਿ ਹੋਰ ਬਹੁਤ ਸਾਰੇ ਦੇਸ਼ ਭਾਰਤ ਨਾਲੋਂ ਵੀ ਬਦਤਰ ਹਨ। ਭੋਜਨ ਗਰੀਬੀ ਸਬਜ਼ੀਆਂ, ਫਲਾਂ, ਅਨਾਜ, ਪ੍ਰੋਟੀਨ ਅਤੇ ਡੇਅਰੀ ਤੱਕ ਪਹੁੰਚ ਦੀ ਕਮੀ ਨੂੰ ਦਰਸਾਉਂਦੀ ਹੈ। ਯੂਨੀਸੈਫ ਦੀ ਰਿਪੋਰਟ ਅਨੁਸਾਰ ਦੁਨੀਆ ਦਾ ਹਰ ਚੌਥਾ ਬੱਚਾ ਭੁੱਖਮਰੀ ਦਾ ਸ਼ਿਕਾਰ ਹੈ। 18.10 ਕਰੋੜ ਮਾਸੂਮ ਬੱਚਿਆਂ ਵਿੱਚੋਂ 65 ਫ਼ੀਸਦੀ ਭੁੱਖੇ ਬੱਚੇ ਭੋਜਨ ਲਈ ਸੰਘਰਸ਼ ਕਰ ਰਹੇ ਹਨ। ਰਿਪੋਰਟ ਅਨੁਸਾਰ ਤਿੰਨਾਂ ਵਿੱਚੋਂ ਦੋ ਬੱਚੇ ਕੁਪੋਸ਼ਣ ਦਾ ਸ਼ਿਕਾਰ ਹਨ। ਉਨ੍ਹਾਂ ਨੂੰ ਪੰਜ ਪੌਸ਼ਟਿਕ ਭੋਜਨ ਵੀ ਨਹੀਂ ਮਿਲ ਰਹੇ।ਇਸ ਰਿਪੋਰਟ ਅਨੁਸਾਰ ਭਾਰਤ ਵਿੱਚ ਪੰਜ ਸਾਲ ਤੋਂ ਘੱਟ ਉਮਰ ਦੇ 34.7 ਫ਼ੀਸਦੀ ਬੱਚੇ ਮਰੀਅਲ ਹਨ ਤੇ ਭੁੱਖੇ ਸੌਂਦੇ ਹਨ। ਏਸ਼ੀਆ ਦੇ ਦੇਸ਼ਾਂ ਵਿੱਚ ਇਹ ਔਸਤ 2.8 ਫ਼ੀਸਦੀ ਹੈ। ਇਸ ਦਾ ਭਾਵ ਇਹ ਹੈ ਕਿ ਭਾਰਤ ਏਸ਼ੀਆ ਦੇ ਗਰੀਬ ਦੇਸ਼ਾਂ ਵਿੱਚੋਂ ਵੀ ਸਭ ਤੋਂ ਗਰੀਬ ਦੇਸ਼ ਹੈ। ਵਿਸ਼ਵ ਭਰ ਵਿੱਚ ਭੁੱਖਮਰੀ ਦਾ ਸ਼ਿਕਾਰ ਬੱਚੇ ਵਾਰ-ਵਾਰ ਬਿਮਾਰੀਆਂ ਦੀ ਜਕੜ ਵਿੱਚ ਆਉਣ ਕਾਰਨ ਮਰ ਜਾਂਦੇ ਹਨ।

ਭੁੱਖਮਰੀ ਦੀ ਸਭ ਤੋਂ ਭਿਆਨਕ ਤਸਵੀਰ ਇਜ਼ਰਾਈਲ ਵੱਲੋਂ ਤਬਾਹ ਕੀਤੇ ਜਾ ਰਹੇ ਗਾਜ਼ਾ ਦੀ ਹੈ, ਜਿੱਥੇ 10 ਵਿੱਚੋਂ 9 ਬੱਚੇ ਭੁੱਖਮਰੀ ਦਾ ਸ਼ਿਕਾਰ ਹਨ। ਭੁੱਖਮਰੀ ਇੰਡੈਕਸ ਦੇ ਤਾਜ਼ੇ ਸਰਵੇ ਅਨੁਸਾਰ ਭੁੱਖਮਰੀ ਦੇ ਮਾਮਲੇ ਵਿੱਚ ਸਭ ਤੋਂ ਕੰਗਾਲ 125 ਦੇਸ਼ਾਂ ਵਿੱਚ ਭਾਰਤ 111ਵੇਂ ਸਥਾਨ ’ਤੇ ਪੁੱਜ ਚੁੱਕਾ ਹੈ। ਬੱਚਿਆਂ ਦੀ ਭੁੱਖਮਰੀ ਦੇ ਮਾਮਲੇ ਵਿੱਚ ਪਾਕਿਸਤਾਨ ਭਾਰਤ ਨਾਲੋਂ ਬਿਹਤਰ ਹੈ, ਹਾਲਾਂਕਿ ਉੱਥੇ ਵੀ ਹਾਲਾਤ ਚੰਗੇ ਨਹੀਂ ਹਨ। ਪੌਸ਼ਟਿਕ ਭੋਜਨ ਦੀ ਕਮੀ ਕਾਰਨ ਨਾ ਬੱਚਿਆਂ ਦਾ ਸਰੀਰਕ ਵਿਕਾਸ ਹੋ ਰਿਹਾ ਹੈ ਅਤੇ ਨਾ ਹੀ ਮਾਨਸਿਕ ਵਿਕਾਸ, ਸਗੋਂ ਬੱਚਿਆਂ ਅਤੇ ਨੌਜਵਾਨਾਂ ਵਿੱਚ ਦਿਲ ਦੇ ਦੌਰੇ ਅਤੇ ਕਾਲਾ ਪੀਲੀਆ ਦਾ ਖ਼ਤਰਾ ਵਧ ਰਿਹਾ ਹੈ। ਅੱਜ ਦੇ ਮਾਪੇ ਘਰਾਂ ਵਿੱਚ ਬੰਦ ਹੋ ਕੇ ਆ ਰਹੇ ਭੋਜਨ, ਫਾਸਟ ਫੂਡ, ਜ਼ੰਕ ਫੂਡ, ਕੋਲਡ ਡਰਿੰਕਸ, ਪਾਣੀ ਅਤੇ ਨਸ਼ਿਆਂ ਦੀਆਂ ਚੀਜ਼ਾਂ ਪੂਰੇ ਸਵਾਦਾਂ ਅਤੇ ਅਨੰਦ ਨਾਲ ਘਰਾਂ ਵਿੱਚ ਹਰ ਰੋਜ਼ ਮੰਗਵਾ ਰਹੇ ਹਨ। ਦੁਨੀਆ ਦੇ ਮਾਹਿਰਾਂ ਨੇ ਦੱਸਿਆ ਕਿ ਅੱਜ 80 ਫ਼ੀਸਦੀ ਬੱਚੇ, ਨੌਜਵਾਨ, ਕੁਦਰਤੀ ਪੌਦਿਆਂ ਦਾ ਨਹੀਂ, ਸਗੋਂ ਮਸ਼ੀਨਾਂ ਰਾਹੀਂ ਤਿਆਰ ਭੋਜਨ ਗ੍ਰਹਿਣ ਕਰਦੇ ਹਨ, ਜਿਸ ਕਾਰਨ ਬੱਚਿਆਂ ਨੂੰ ਕਈ ਬਿਮਾਰੀਆਂ ਮੋਟਾਪਾ, ਸੁਸਤੀ, ਉਤੇਜਨਾ, ਤਣਾਅ, ਗੁੱਸਾ, ਆਕੜ, ਚਿੜਚਿੜਾਪਣ ਅਤੇ ਸੈਕਸੀ ਵਿਚਾਰ ਆਦਿ ਆਦਤਾਂ ਬਚਪਨ ਤੋਂ ਹੀ ਸ਼ੁਰੂ ਹੋ ਜਾਂਦੀਆਂ ਹਨ।

ਗੈਰ-ਕੁਦਰਤੀ ਖਾਣੇ ਕਾਰਨ ਹੀ ਮੁਲਕ ਭਰ ਵਿੱਚ ਬੱਚਿਆਂ, ਨੌਜਵਾਨਾਂ ਨੂੰ ਦਿਲ, ਸਾਹ, ਅਨੀਮੀਆ, ਅੰਧਰਾਤਾ, ਹੱਡੀਆਂ ਅਤ ਮਾਸਪੇਸ਼ੀਆਂ ਦੀ ਕੰਮਜ਼ੋਰੀ, ਲੀਵਰ ਦੀ ਘਾਤਕ ਬਿਮਾਰੀ, ਕਾਲਾ ਪੀਲੀਆ ਆਦਿ ਦੇ ਖ਼ਤਰੇ ਵਧ ਗਏ ਹਨ।

ਸੋਸ਼ਲ ਮੀਡੀਆਂ ’ਤੇ ਬੱਚਿਆਂ ਦੇ ਰੁਝੇਵਿਆਂ, ਆਨਲਾਈਨ ਗੇਮਿੰਗ ਅਤੇ ਇੰਟਰਨੈੱਟ ਦੀ ਆਦਤ ਨੇ ਬੱਚਿਆਂ ਦੀ ਸਰੀਰਕ ਤੇ ਮਾਨਸਿਕ ਸਿਹਤ ’ਤੇ ਮਾੜਾ ਅਸਰ ਪਾਇਆ ਹੈ। ਬੱਚਿਆਂ ਵੱਲੋਂ ਲੰਮੇ ਸਮੇਂ ਤੱਕ ਕੰਪਿਊਟਰ-ਇੰਟਰਨੈੱਟ ਦੀ ਵਰਤੋਂ ਕਾਰਨ ਅਤੇ ਲੰਮੇ ਸਮੇਂ ਤੱਕ ਆਨਲਾਈਨ ਗੇਮਾਂ ਖੇਡਣ ਕਾਰਨ ਮਨੋਵਿਗਿਆਨਕ ਅਤੇ ਸਰੀਰਕ ਚੁਣੌਤੀਆਂ ਪੈਦਾ ਹੋ ਰਹੀਆਂ ਹਨ। ਨਜ਼ਰ ਕਮਜ਼ੋਰ ਹੋਣ ਦੇ ਨਾਲ-ਨਾਲ ਕਮਰ ਦਰਦ, ਸਿਰਦਰਦ ਅਤੇ ਦਿਮਾਗੀ ਸਮੱਸਿਆਵਾਂ ਤੋਂ ਪੀੜਤ ਬੱਚਿਆਂ ਦੀ ਗਿਣਤੀ ਵਧ ਰਹੀ ਹੈ। ਜੇਕਰ ਇੱਕ ਬੱਚਾ ਇੱਕ ਘੰਟੇ ਤੱਕ ਫੋਨ ਦੀ ਵਰਤੋਂ ਕਰਦਾ ਹੈ ਤਾਂ ਉਸ ਦੀ ਨੀਂਦ 16 ਮਿੰਟ ਤੱਕ ਘਟ ਜਾਂਦੀ ਹੈ। ਜਦੋਂ ਬੱਚੇ ਦੀ ਨੀਂਦ ਪੂਰੀ ਨਹੀਂ ਹੁੰਦੀ ਤਾਂ ਬੱਚੇ ਦੀ ਇਕਾਗਰਤਾ ਅਤੇ ਵਿਹਾਰ ਵਿੱਚ ਕਮੀ ਹੋਵੇਗੀ ਅਤੇ ਭਾਸ਼ਾ ਵੀ ਹਮਲਾਵਾਰ ਹੋ ਸਕਦੀ ਹੈ।ਬੱਚਿਆਂ ਵਿੱਚ ਸਕ੍ਰੀਨ ਟਾਈਮ ਜ਼ਿਆਦਾ ਹੋਣ ਕਾਰਨ ਉਨ੍ਹਾਂ ਵਿੱਚ ਬੇਚੈਨੀ, ਇਕੱਲਾਪਣ, ਗੁੱਸਾ ਅਤੇ ਪੜ੍ਹਾਈ ਵਿੱਚ ਰੁਚੀ ਦੀ ਕਮੀ ਵਰਗੇ ਲੱਛਣ ਦਿਖਾਈ ਦੇਣ ਲੱਗ ਪੈਂਦੇ ਹਨ।ਆਨਲਾਈਨ ਨਸ਼ੇ ਕਾਰਨ ਬੱਚਿਆਂ ਦਾ ਸਮਾਜਿਕ ਘੇਰਾ ਛੋਟਾ ਹੁੰਦਾ ਜਾ ਰਿਹਾ ਹੈ। ਬੱਚਿਆਂ ਵਿੱਚ ਵਧ ਰਿਹਾ ਸੋਸ਼ਲ ਮੀਡੀਆ ਦਾ ਰੁਝਾਨ ਬੇਹੱਦ ਚਿੰਤਾਜਨਕ ਹੈ। ਮਾਪਿਆਂ ਕੋਲ ਇਹ ਜਾਣਨ ਦਾ ਸਮਾਂ ਨਹੀ ਕਿ ਉਨ੍ਹਾਂ ਦੇ ਬੱਚੇ ਇੰਟਰਨੈੱਟ ਰਾਹੀਂ ਕਿਸ ਦੇ ਸੰਪਰਕ ਵਿੱਚ ਹਨ, ਉਹ ਕੀ ਦੇਖ ਰਹੇ ਹਨ ਅਤੇ ਉਹ ਕੀ ਕਰ ਰਹੇ ਹਨ। ਰੁਝੇਵਿਆਂ ਭਰੀ ਜ਼ਿੰਦਗੀ ਵਿੱਚ ਮਾਪੇ ਆਪਣੇ ਬੱਚਿਆਂ ਨੂੰ ਸਵੇਰ-ਸ਼ਾਮ ਵੀ ਨਹੀਂ ਮਿਲ ਪਾਉਂਦੇ। ਆਖਰਕਾਰ ਬੱਚੇ ਮਾਪਿਆਂ ਦੀ ਬਜਾਏ ਟੀ ਵੀ ਅਤੇ ਕੰਪਿਊਟਰ ਤੋਂ ਅਨੈਤਿਕਤਾ ਸਿੱਖ ਰਹੇ ਹਨ।

ਭਾਵੇਂ ਯੂਨੈਸਕੋ ਨੇ ਸਿੱਖਣ ਦੀ ਗੁਣਵੱਤਾ, ਇਕਾਗਰਤਾ ਦੀਆਂ ਸਮੱਸਿਆਵਾਂ ਕਲਾਸ ਰੂਮ ਵਿੱਚ ਵਿਘਨ ਅਤੇ ਮਾਨਸਿਕ ਸਿਹਤ ਦੇ ਖ਼ਤਰਿਆਂ ਨੂੰ ਲੈ ਕੇ ਚਿੰਤਾਵਾਂ ਦੇ ਕਾਰਨ ਪਹਿਲਾਂ ਹੀ ਦੁਨੀਆ ਭਰ ਦੇ ਸਕੂਲਾਂ ਵਿੱਚ ਸਮਾਰਟ ਫੋਨਾਂ ’ਤੇ ਪਾਬੰਦੀ ਲਗਾਉਣ ਦੀ ਅਪੀਲ ਕੀਤੀ ਸੀ, ਪਰ ਅਜੇ ਤੱਕ ਇਕ ਚੌਥਾਈ ਦੇਸ਼ਾਂ ਵਿੱਚ ਇਸ ਦਾ ਅਸਰ ਨਹੀਂ ਹੋਇਆ। ਬਚਪਨ ਸੰਚਾਰ ਦੇ ਜਾਲ ਵਿੱਚ ਉਲਝ ਗਿਆ ਹੈ। ਗਰੀਬ ਲੋਕ ਆਪਣੇ ਬੱਚਿਆਂ ਦੇ ਭਵਿੱਖ ਲਈ ਸੁਨਹਿਰੀ ਸੁਪਨੇ ਦੇਖਦੇ ਹਨ, ਪਰ ਗਰੀਬੀ ਕਾਰਨ ਕੁਝ ਲੋਕਾਂ ਦੇ ਸੁਪਨੇ ਚਕਨਾਚੂਰ ਹੋ ਜਾਂਦੇ ਹਨ। ਪਤਾ ਨਹੀਂ ਉਹ ਦਿਨ ਕਦੋਂ ਆਵੇਗਾ, ਜਦੋਂ ਸਕੂਲ ਜਾਣ ਦੀ ਉਮਰ ਵਿੱਚ ਗਰੀਬ ਬੱਚੇ ਬਾਲ ਮਜ਼ਦੂਰੀ ਕਰਦੇ ਜਾਂ ਕੂੜੇ ਦੇ ਢੇਰਾਂ ਨੂੰ ਫਰੋਲਦੇ ਨਜ਼ਰ ਨਹੀਂ ਆਉਣਗੇ। ਕਦੋਂ ਦੇਸ਼ ’ਚੋਂ ਬਾਲ ਮਜ਼ਦੂਰੀ ਖ਼ਤਮ ਹੋਵੇਗੀ ਅਤੇ ਹਰ ਗਰੀਬ ਬੱਚੇ ਨੂੰ ਪੇਟ ਭਰ ਕੇ ਖਾਣਾ ਮਿਲੇਗਾ। ਸਰਕਾਰਾਂ ਬੱਚਿਆਂ ਨੂੰ ਚੰਗੀ ਸਿੱਖਿਆ, ਚੰਗੀ ਨੌਕਰੀ ਦੇ ਕੇ ਜਾਂ ਸਵੈ-ਨਿਰਭਰ ਬਣਾ ਕੇ ਉਨ੍ਹਾਂ ਨੂੰ ਪੈਰਾਂ ’ਤੇ ਖੜ੍ਹੇ ਕਰ ਸਕਦੀਆਂ ਹਨ।

ਗਰੀਬਾਂ ਲਈ ਸਕੀਮਾਂ ਨੂੰ ਉਨ੍ਹਾਂ ਤੱਕ ਪਹੁੰਚਾਉਣ ਲਈ ਸਰਕਾਰਾਂ ਨੂੰ ਜ਼ੋਰਦਾਰ ਉਪਰਾਲੇ ਕਰਨੇ ਚਾਹੀਦੇ ਹਨ, ਤਾਂ ਜੋ ਉਹ ਇਨ੍ਹਾਂ ਸਕੀਮਾਂ ਦਾ ਲਾਭ ਉਠਾ ਸਕਣ ਅਤੇ ਆਪਣੇ ਬੱਚਿਆਂ ਨੂੰ ਮਜਬੂਰੀ ਵਿੱਚ ਮਜ਼ਦੂਰੀ ਕਰਨ ਦੀ ਥਾਂ ਉਨ੍ਹਾਂ ਨੂੰ ਸਿੱਖਿਆ ਪ੍ਰਾਪਤ ਕਰਨ ਲਈ ਸਕੂਲ ਭੇਜ ਸਕਣ।ਇੱਕ ਉੱਨਤ ਅਤੇ ਅਗਾਂਹਵਧੂ ਰਾਸ਼ਟਰ ਦੇ ਨਿਰਮਾਣ ਲਈ ਬੱਚਿਆਂ ਲਈ ਪੌਸ਼ਟਿਕ ਭੋਜਨ ਦਾ ਪ੍ਰਬੰਧ ਸਰਕਾਰਾਂ ਨੂੰ ਜ਼ਰੂਰ ਕਰਨਾ ਚਾਹੀਦਾ ਹੈ। ਕੁਦਰਤ ਅਤੇ ਧਰਤੀ ਮਾਤਾ ਦੀ ਮਿੱਟੀ ਵਿੱਚ ਪੈਦਾ ਹੋਏ ਭੋਜਨ, ਪਾਣੀ, ਫਲ, ਫੁੱਲ, ਸਬਜ਼ੀਆਂ, ਦਾਲਾ, ਅਨਾਜ ਹਵਾਵਾਂ ਆਦਿ ਸਰੀਰਕ ਅਤੇ ਮਾਨਸਿਕ ਸਿਹਤਲਈ ਲਾਭਦਾਇਕ ਹੁੰਦੇ ਹਨ। ਜੇਕਰ ਆਉਣ ਵਾਲੀ ਪੀੜ੍ਹੀ, ਸਰੀਰਕ ਅਤੇ ਮਾਨਸਿਕ ਤੌਰ ਤੇ ਤੰਦਰੁਸਤ ਹੋਵੇਗੀ ਤਾਂ ਹੀ ਇੱਕ ਉੱਨਤ ਅਤੇ ਅਗਾਂਹਵਧੂ ਰਾਸ਼ਟਰ ਦਾ ਨਿਰਮਾਣ ਹੋ ਸਕੇਗਾ।

**# ਸੰਪਰਕ : 98146-62260**

22-NOV-PAGE-5.qxd 11/21/2024 9:31 PM Page 1



# ਚੰਡੀਗੜ੍ਹ ਪੰਜਾਬ ਹਵਾਲੇ ਕਰਨ ਤੇ ਹਰਿਆਣਾ ਨੂੰ ਜ਼ਮੀਨ ਦੇਣ ਦਾ ਫੈਸਲਾ ਤੁਰੰਤ ਰੱਦ ਕੀਤਾ ਜਾਵੇ : ਆਗੂ

## ਖੱਬੀਆਂ ਪਾਰਟੀਆਂ ਤੇ ਕਿਸਾਨ-ਮਜ਼ਦੂਰ ਜਥੇਬੰਦੀਆਂ ਵੱਲੋਂ ਡੀ ਸੀ ਰਾਹੀਂ ਰਾਜਪਾਲ ਨੂੰ ਮੰਗ ਪੱਤਰ



**ਮਾਨਸਾ (ਆਤਮਾ ਸਿੰਘ ਪਮਾਰ)**

ਚੰਡੀਗੜ੍ਹ ਨੂੰ ਪੰਜਾਬ ਦੇ ਹਵਾਲੇ ਕਰਨ ਦੀ ਪ੍ਰਕਿਰਿਆ ਤੁਰੰਤ ਸ਼ੁਰੂ ਕੀਤੀ ਜਾਵੇ ਤੇ ਉਥੇ ਅਪਨਾ ਵਿਧਾਨ ਸਭਾ ਕੰਪਲੈਕਸ ਉਸਾਰਨ ਲਈ ਜ਼ਮੀਨ ਅਲਾਟ ਕਰਨ ਦਾ ਤਜਵੀਜਤ ਫੈਸਲਾ ਤੁਰੰਤ ਰੱਦ ਕੀਤਾ ਜਾਵੇ। ਇਹ ਮੰਗ ਅੱਜ ਇਥੇ ਖੱਬੀਆਂ ਪਾਰਟੀਆਂ ਤੇ ਐੱਸ.ਕੇ.ਐੱਮ. ਵਿੱਚ ਸਾਮਲ ਕਿਸਾਨ ਜਥੇਬੰਦੀਆਂ ਦੇ ਆਗੂਆਂ ਵੱਲੋਂ ਪੰਜਾਬ ਦੇ ਰਾਜਪਾਲ ਤੇ ਯੂ ਟੀ ਦੇ ਪ੍ਰਸ਼ਾਸਕ ਨੂੰ ਡਿਪਟੀ ਕਮਿਸ਼ਨਰ ਮਾਨਸਾ ਰਾਹੀਂ ਇਕ ਮੰਗ ਪੱਤਰ ਭੇਜਦਿਆਂ ਕੀਤੀ।

ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਦੇਣ ਵਾਲੇ ਇਸ ਡੈਪੂਟੇਸ਼ਨ ਵਿੱਚ ਸੀਪੀਆਈ (ਐੱਮ ਐੱਲ) ਲਿਬਰੇਸ਼ਨ ਆਗੂ ਕਾ. ਰਾਜਵਿੰਦਰ ਸਿੰਘ ਰਾਣਾ, ਸੁਰਿੰਦਰ ਪਾਲ ਸ਼ਰਮਾ, ਵਿਜੇ ਕੁਮਾਰ ਭੀਖੀ, ਆਰ ਐੱਮ ਪੀ ਆਈ ਵੱਲੋਂ ਕਾਮਰੇਡ ਲਾਲ ਚੰਦ, ਅਮਰੀਕ ਸਿੰਘ ਫਫੜੇ ਭਾਈਕੇ, ਆਤਮਾ ਰਾਮ ਸਰਦੂਲਗੜ੍ਹ, ਕਿਸਾਨ ਆਗੂ ਨਿਰਮਲ ਸਿੰਘ ਝੰਡੂਕੇ, ਕਰਨੈਲ ਸਿੰਘ ਮਾਨਸਾ, ਸੁਖਚਰਨ ਸਿੰਘ ਦਾਨੇਵਾਲੀਆ, ਲਛਮਣ ਸਿੰਘ ਚੱਕ ਅਲੀਸ਼ੇਰ, ਮਜ਼ਦੂਰ ਮੁਕਤੀ ਮੋਰਚਾ ਦੇ ਆਗੂ ਬਲਵਿੰਦਰ ਸਿੰਘ ਘਰਾਂਗਣਾ, ਡਾ. ਧੰਨਾ ਮੱਲ ਗੋਇਲ, ਇਨਕਲਾਬੀ ਨੌਜਵਾਨ ਸਭਾ ਦੇ ਗਗਨਦੀਪ ਸਿਰਸੀਵਾਲਾ, ਐਡਵੋਕੇਟ ਅਜੈਬ ਸਿੰਘ ਗੁਰੂ, ਮੇਜਰ ਸਿੰਘ ਖੋਖਰ, ਸਮਸੇਰ ਸਿੰਘ ਤੇ ਆਇਸਾ ਦੇ ਪ੍ਰਧਾਨ ਸੁਖਜੀਤ ਸਿੰਘ ਰਾਮਾਨੰਦੀ ਸ਼ਾਮਲ ਸਨ।

ਆਗੂਆਂ ਦਾ ਕਹਿਣਾ ਸੀ ਕਿ ਚੰਡੀਗੜ੍ਹ ਪੰਜਾਬ ਦੇ ਦਰਜਨਾਂ ਪਿੰਡਾਂ ਨੂੰ ਉਜਾੜ ਕੇ ਪੰਜਾਬ ਦੀ ਧਰਤੀ 'ਤੇ ਵਸਾਇਆ ਗਿਆ ਸੀ ਤੇ 1966 ਦੇ ਪੰਜਾਬ ਪੁਨਰਗਠਨ ਐਕਟ ਮੁਤਾਬਿਕ ਵੀ ਇਸ ਨੂੰ ਪੰਜਾਬ ਦੀ ਰਾਜਧਾਨੀ ਪ੍ਰਵਾਨ ਕੀਤਾ ਗਿਆ ਸੀ ਅਤੇ ਹਰਿਆਣਾ ਨੂੰ ਅਪਨੀ ਨਵੀਂ ਰਾਜਧਾਨੀ ਉਸਾਰਨ ਤੱਕ ਇਥੇ ਆਰਜ਼ੀ ਤੌਰ 'ਤੇ ਰਾਜਧਾਨੀ ਚਲਾਉਣ ਦੀ ਇਜਾਜ਼ਤ ਦਿੱਤੀ ਗਈ ਸੀ, ਪਰ ਕੇਂਦਰ ਸਰਕਾਰ ਦੀ ਬਦਨੀਤੀ ਕਾਰਨ ਬਾਅਦ ਵਿੱਚ ਉਹ ਫੈਸਲਾ ਕਦੇ ਵੀ ਅਮਲ ਵਿੱਚ ਨਹੀਂ ਲਿਆਂਦਾ ਗਿਆ। ਹੁਣ ਇਕ ਸਾਜ਼ਿਸ਼ ਤਹਿਤ ਮੋਦੀ ਸਰਕਾਰ ਪੰਜਾਬ ਵਿੱਚ ਭੜਕਾਹਟ ਪੈਦਾ ਕਰਨ ਲਈ ਹਰਿਆਣਾ ਨੂੰ ਰਾਜਧਾਨੀ ਉਸਾਰਨ ਲਈ ਚੰਡੀਗੜ੍ਹ ਵਿਖੇ ਹੀ ਜ਼ਮੀਨ ਅਲਾਟ ਕਰਨ ਦੀ ਸਕੀਮ ਬਣਾ ਰਹੀ ਹੈ। ਪੰਜਾਬ ਦੀ ਆਮ ਜਨਤਾ ਇਸ ਸਾਜ਼ਿਸ਼ ਨੂੰ ਕਦੇ ਵੀ ਸਿਰੇ ਨਹੀਂ ਚੜ੍ਹਨ ਦੇਵੇਗੀ।

# ਵਿਦਿਆਰਥੀ ਜਥੇਬੰਦੀਆਂ ਵੱਲੋਂ ਰੋਸ ਮੁਜ਼ਾਹਰਾ ਅੱਜ

**ਪਟਿਆਲਾ (ਅਵਤਾਰ ਜਟਾਣਾ)**-ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਪੰਜਾਬ ਯੂਨੀਵਰਸਿਟੀ ਬਚਾਓ ਮੋਰਚੇ ਦੇ ਸੱਦੇ 'ਤੇ ਪੰਜਾਬ ਦੀਆਂ ਵਿਦਿਆਰਥੀ ਜਥੇਬੰਦੀਆਂ ਦੀ ਮੀਟਿੰਗ ਕੀਤੀ ਗਈ।ਮੀਟਿੰਗ ਵਿੱਚ ਪੰਜਾਬ ਯੂਨੀਵਰਸਿਟੀ ਦੀਆਂ ਸੈਨੇਟ ਚੋਣਾਂ ਕਰਵਾਉਣ ਲਈ ਜਾਰੀ ਸੰਘਰਸ਼ ਨੂੰ ਪੰਜਾਬ ਦੇ ਹੋਰ ਵਿਦਿਅਕ ਅਦਾਰਿਆਂ ਤੱਕ ਫੈਲਾਉਣ 'ਤੇ ਵਿਚਾਰ ਕੀਤਾ ਗਿਆ।ਸਾਰੀਆਂ ਸ਼ਾਮਲ ਜਥੇਬੰਦੀਆਂ ਨੇ ਇਸ ਸੰਘਰਸ਼ ਨੂੰ ਹੱਕੀ ਦੱਸਦੇ ਹੋਏ ਇਸ ਦੀ ਹਮਾਇਤ ਕੀਤੀ।ਇਹ ਫੈਸਲਾ ਕੀਤਾ ਗਿਆ ਕਿ 22 ਨਵੰਬਰ ਨੂੰ ਪੰਜਾਬ ਦੀਆਂ ਵੱਖ ਵੱਖ ਯੂਨੀਵਰਸਿਟੀਆਂ ਤੇ ਕਾਲਜਾਂ ਵਿੱਚ ਪੰਜਾਬ ਯੂਨੀਵਰਸਿਟੀ ਬਚਾਓ ਮੋਰਚਾ ਦੇ ਇਸ ਸੰਘਰਸ਼ ਦੇ ਹੱਕ ਵਿੱਚ ਸਾਂਝੇ ਮੁਜ਼ਾਹਰੇ ਕੀਤੇ ਜਾਣਗੇ।

ਇਸੇ ਤਹਿਤ, ਪੰਜਾਬ ਯੂਨੀਵਰਸਿਟੀ ਬਚਾਓ ਮੋਰਚਾ ਦੀਆਂ ਹੱਕੀ ਮੰਗਾਂ ਨੂੰ ਬੁਲੰਦ ਕਰਦੇ ਹੋਏ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿੱਚ ਯੂਨੀਵਰਸਿਟੀ ਪ੍ਰਸ਼ਾਸਨ ਤੇ ਚੰਡੀਗੜ੍ਹ ਪੁਲਸ ਵੱਲੋਂ ਸੈਨੇਟ ਦੀਆਂ ਚੋਣਾਂ ਬਹਾਲ ਕਰਾਉਣ ਤੇ ਰੋਸ ਮਾਰਚ ਕਰਦੇ ਵਿਦਿਆਰਥੀਆਂ ਉੱਤੇ ਕੀਤੇ ਗਏ ਬਰਬਰ ਲਾਠੀਚਾਰਜ ਵਿਰੁੱਧ ਤੇ ਸੰਘਰਸ਼ਸ਼ੀਲ ਵਿਦਿਆਰਥੀਆਂ 'ਤੇ ਕੀਤੇ ਝੂਠੇ ਪਰਚੇ ਰੱਦ ਕਰਵਾਉਣ ਲਈ ਪੰਜਾਬੀ ਯੂਨੀਵਰਸਿਟੀ, ਪਟਿਆਲ਼ਾ ਵਿਖੇ ਸ਼ਾਮ 4:30 ਵਜੇ 22 ਨਵੰਬਰ ਨੂੰ ਭਾਈ ਕਾਨ੍ਹ ਸਿੰਘ ਨਾਭਾ ਲਾਇਬ੍ਰੇਰੀ ਦੇ ਸਾਹਮਣੇ ਰੋਸ ਮੁਜ਼ਾਹਰਾ ਕੀਤਾ ਜਾਵੇਗਾ।

# ਪੰਜਾਬੀ ਸਾਹਿਤ ਸਭਾ, ਸਾਂਝੀ ਸੱਥ ਤੇ ਗ੍ਰਾਮ ਪੰਚਾਇਤ ਲਹਿਲ ਵੱਲੋਂ ਸੁਰਿੰਦਰ ਰਾਮਪੁਰੀ ਦਾ ਸਨਮਾਨ



**ਖੰਨਾ (ਸੁਖਵਿੰਦਰ ਸਿੰਘ ਭਾਦਲਾ)**-ਪੰਜਾਬੀ ਸਾਹਿਤ ਸਭਾ ਸਾਂਝੀ ਸੱਥ ਵੱਲੋਂ ਪੰਜਾਬੀ ਮਾਹ ਦੇ ਸੰਬੰਧ ਵਿੱਚ ਬੀਤੇ ਦਿਨੀਂ ਪਿੰਡ ਲਹਿਲ ਦੇ ਸਰਕਾਰੀ ਹਾਈ ਸਕੂਲ ਵਿੱਚ ਸਾਹਿਤਕ ਸਮਾਗਮ ਕਰਵਾਇਆ ਗਿਆ।ਇਸ ਸਮਾਗਮ ਦੀ ਪ੍ਰਧਾਨਗੀ ਪੰਜਾਬੀ ਸਹਿਤ ਸਭਾ ਸਾਂਝੀ ਸੱਥ ਦੇ ਸਰਪ੍ਰਸਤ ਅਵਤਾਰ ਸਿੰਘ ਉਟਾਲਾ ਤੇ ਉਪ ਪ੍ਰਧਾਨ ਕਿਰਨਦੀਪ ਸਿੰਘ ਕੁਲਾਰ ਵੱਲੋਂ ਕੀਤੀ ਗਈ।ਇਸ ਸਮਾਗਮ ਦੇ ਮੁੱਖ ਮਹਿਮਾਨ ਸਰਪੰਚ ਸੁਖਰਾਜ ਕੌਰ ਲਹਿਲ ਤੇ ਤੇਜਿੰਦਰ ਕੌਰ ਸੰਧੂ ਸਮਾਜਸੇਵੀ ਸਮਾਜ ਸੇਵੀ ਵੱਲੋਂ ਸ਼ਿਰਕਤ ਕੀਤੀ ਕੀਤੀ ਗਈ।ਸਮਾਗਮ ਦੀ ਸ਼ੁਰੂਆਤ ਗੁਰਬਾਣੀ ਦੇ ਸ਼ਬਦ ਦੀ ਵਿਆਖਿਆ ਕਰਕੇ ਕੀਤੀ ਗਈ।

ਰਚਨਾਵਾਂ ਦੇ ਦੌਰ ਵਿੱਚ ਸਭ ਤੋਂ ਪਹਿਲਾਂ ਸੁਖਵਿੰਦਰ ਸਿੰਘ ਬਿੱਟੂ ਖੰਨੇਵਾਲਾ ਵੱਲੋਂ ਕਵਿਤਾ ਫੈਸ਼ਨ, ਨਰੇਸ਼ ਨਿਮਾਣਾ ਗਜ਼ਲ, ਮੁਕੰਦ ਸਿੰਘ ਨਿਗਾਹੀ ਸਮਾਜਿਕ ਬੁਰਾਈਆਂ ਨੂੰ ਕਰਾਰੀ ਚੋਟ ਮਾਰਦਾ ਗੀਤ, ਜ਼ੋਰਾਵਰ ਸਿੰਘ ਪੰਛੀ ਵੱਲੋਂ ਗ਼ਜ਼ਲ, ਮੈਡਮ ਗੁਰਪ੍ਰੀਤ ਕੌਰ ਧਾਲੀਵਾਲ ਬਾਲ ਕਵਿਤਾ, ਜੰਗ ਚੋਪੜਾ ਵੱਲੋਂ ਗੀਤ, ਮੁਮਤਾਜ ਅਲੀ ਕਵਿਤਾ ਰੱਬਾ, ਗੀਤਕਾਰ ਬਾਵਾ ਹੌਲੀਆਂ ਗੀਤ, ਅਭਿਸ਼ੇਕ ਕੁਮਾਰ ਵਿਚਾਰ ਚਰਚਾ, ਹਰਬੰਸ ਸਿੰਘ ਸ਼ਾਨ ਬਗਲੀ ਕਲਾਂ ਵੱਲੋਂ ਕਵਿਤਾ, ਸਿਕੰਦਰ ਰੁੜਕਾ ਗੀਤ, ਗੋਲੂ ਵਰਮਾ ਨੇ ਕਵਿਤਾ, ਨਾਹਰ ਸਿੰਘ ਨੇ ਕਵਿਤਾ, ਹਰਪ੍ਰੀਤ ਸਿੰਘ ਸਿਹੌੜਾ ਨੇ ਕਾਵਿਤਾ ਤੋਂ ਇਲਾਵਾ ਦਵਿੰਦਰ ਸਿੰਘ ਧੌਲ ਮਾਜਰਾ, ਜਗਦੇਵ ਸਿੰਘ ਸਿੰਘ ਘੁੰਗਰਾਲੀ, ਜੱਸੀ ਕੁਹਲੀ, ਕਿਰਨਦੀਪ ਸਿੰਘ ਕੁਲਾਰ, ਅਵਤਾਰ ਸਿੰਘ ਉਟਾਲਾ, ਗੀਤਕਾਰ ਭੋਲੂ ਧੌਲਮਾਜਰਾ, ਸੁਖਵਿੰਦਰ ਸਿੰਘ ਭਾਦਲਾ, ਗਾਇਕਾ ਸੁਖਜੀਤ ਕੌਰ ਸੁੱਖ ਤੇ ਬਲਜੀਤ ਲਹਿਲ ਨੇ ਰਚਨਾਵਾਂ ਪੇਸ਼ ਕੀਤੀਆਂ। ਸਹਿਤ ਸਭਾ ਸਾਂਝੀ ਸੱਥ ਵੱਲੋਂ ਸਨਮਾਨ ਯੋਗ ਸ਼ਖਸੀਅਤ ਸੁਰਿੰਦਰ ਰਾਮਪੁਰੀ ਬਾਰੇ ਪਰਚਾ ਗੁਰੀ ਤੁਰਮਰੀ ਵੱਲੋਂ ਪੜ੍ਹਿਆ ਗਿਆ।ਉਪਰੰਤ ਪੰਜਾਬੀ ਸਾਹਿਤ ਸਭਾ ਸਾਂਝੀ ਸੱਥ, ਗ੍ਰਾਮ ਪੰਚਾਇਤ ਪਿੰਡ ਲਹਿਲ ਤੇ ਨਗਰ ਨਿਵਾਸੀਆਂ ਵੱਲੋਂ ਸਾਂਝੇ ਤੌਰ 'ਤੇ ਬਹੁਤ ਪੱਖੀ ਲੇਖਕ ਸੁਰਿੰਦਰ ਰਾਮਪੁਰੀ ਦਾ ਸਨਮਾਨ ਕੀਤਾ ਗਿਆ।ਇਸ ਮੌਕੇ ਸੁਰਿੰਦਰ ਰਾਮਪੁਰੀ ਨੇ ਆਪਣੇ ਸਾਹਿਤਕ ਸਫਰ ਦੀਆਂ ਖੱਟੀਆਂ ਮਿੱਠੀਆਂ ਯਾਦਾਂ ਸਾਂਝੀਆਂ ਕੀਤੀਆਂ ਤੇ ਕਿਹਾ ਕਿ ਮੈਨੂੰ ਬਹੁਤ ਖੁਸ਼ੀ ਹੋ ਰਹੀ ਹੈ ਕਿ ਪਿੰਡ ਦੀਆਂ ਸੱਥਾਂ ਵਿੱਚ ਵੀ ਅਜਿਹੇ ਸਾਹਿਤਕ ਸਮਾਗਮ ਹੋਣ ਲੱਗ ਪਏ ਹਨ, ਇਹ ਬਹੁਤ ਚੰਗੀ ਗੱਲ ਹੈ।

ਸੁਰਿੰਦਰ ਰਾਮਪੁਰੀ ਨੇ ਪੰਜਾਬੀ ਸਹਿਤ ਸਾਂਝੀ ਸੱਥ ਸਮੂਹ ਗ੍ਰਾਮ ਪੰਚਾਇਤ ਤੇ ਨਗਰ ਨਿਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਇਸ ਮੌਕੇ ਚੇਅਰਮੈਨ ਚਤਰ ਸਿੰਘ, ਨੰਬਰਦਾਰ ਚਤਰ ਸਿੰਘ, ਡਾਕਟਰ ਸੁਖਵਿੰਦਰ ਸਿੰਘ, ਸ਼ਮਸ਼ੇਰ ਸਿੰਘ ਸੇਰ ਸੰਗੀਤਕਾਰ, ਜੀਤ ਸਿੰਘ ਪੰਚ ਲਹਿਲ, ਚਮਕੌਰ ਸਿੰਘ ਪੰਚ ਗਿੰਨੀ ਖੱਟੜਾ, ਫੂਲਜੀਤ ਸਿੰਘ ਹਰਦੇਵ ਸਿੰਘ ਖੰਗੂੜਾ, ਮਾਸਟਰ ਸ਼ਿੰਗਾਰਾ ਸਿੰਘ, ਪ੍ਰਧਾਨ ਹਰਪਾਲ ਸਿੰਘ, ਜੱਸੀ ਪੰਚ, ਲਾਈਨਮੈਨ ਸਰਬਜੀਤ ਸਿੰਘ, ਸਾਬਕਾ ਸਰਪੰਚ ਦਿਲਬਾਗ ਸਿੰਘ, ਸਰਪੰਚ ਮਨਜੀਤ ਕੌਰ ਪੰਧੇਰ ਖੇੜੀ, ਕੁਲਬੀਰ ਕੌਰ, ਹਰਦੀਪ ਕੌਰ, ਜਸਵੰਤ ਕੌਰ, ਗੁਰਦਾਸ ਸਿੰਘ ਸਾਬਕਾ ਸਰਪੰਚ ਜੀਰਖ, ਨੀਲਮ ਰਾਣੀ ਸਮਾਜ ਸੇਵਕਾ ਜੀਵਨ ਸਿੰਘ, ਸਭਾ ਦੀ ਕਾਰਵਾਈ ਸੁਖਵਿੰਦਰ ਭਾਦਲਾ ਤੇ ਗੁਰੀ ਤੁਰਮਰੀ ਵੱਲੋਂ ਬਾਖੂਬੀ ਢੰਗ ਨਾਲ ਨਿਭਾਈ ਗਈ।

# ਗ਼ਦਰੀ ਯਾਦਗਾਰ ਸੁਨੇਤ ਵਿਖੇ ਨਾਟਕ ਮੇਲਾ 24 ਨੂੰ

**ਲੁਧਿਆਣਾ (ਭਾਟੀਆ)**-ਗ਼ਦਰੀ ਸ਼ਹੀਦ ਬਾਬਾ ਭਾਨ ਸਿੰਘ ਯਾਦਗਾਰ ਸੁਨੇਤ (ਲੁਧਿਆਣਾ) ਵਿਖੇ 24 ਨਵੰਬਰ ਨੂੰ ਰਾਤ 6 ਵਜੇ ਗ਼ਦਰੀ ਬਾਬਿਆਂ ਨੂੰ ਅੰਗਰੇਜ਼ਾਂ ਵੱਲੋਂ ਕਾਲੇ ਪਾਣੀਆਂ ਦੀ ਸੈਲੂਲਰ ਜੇਲ੍ਹ ਵਿੱਚ ਦਿੱਤੇ ਤਸੀਹਿਆਂ ਨੂੰ ਦਰਸਾਉਂਦਾ ਨਾਟਕ 'ਗਾਥਾ ਕਾਲੇ ਪਾਣੀਆਂ ਦੀ' ਵਿਖਾਇਆ ਜਾਵੇਗਾ।ਲੋਕ ਕਲਾ ਮੰਚ ਮੰਡੀ ਮੁੱਲਾਂਪੁਰ ਵੱਲੋਂ ਹਰਕੇਸ਼ ਚੌਧਰੀ ਦੀ ਨਿਰਦੇਸ਼ਨਾ ਹੇਠ ਖੇਡਿਆ ਜਾਣ ਵਾਲਾ ਇਹ ਨਾਟਕ ਗ਼ਦਰੀ ਬਾਬਿਆਂ ਦੇ ਇਤਿਹਾਸ ਨੂੰ ਦੁਹਰਾਏਗਾ।

ਸ਼ਹੀਦ ਕਰਤਾਰ ਸਿੰਘ ਸਰਾਭਾ ਨਾਲ 6 ਹੋਰ ਦੇਸ਼ ਭਗਤਾਂ ਨੂੰ ਅੰਗਰੇਜ਼ ਹਕੂਮਤ ਵੱਲੋਂ ਦਿੱਤੀ ਫਾਂਸੀ ਦੀ 109ਵੀਂ ਬਰਸੀ ਨੂੰ ਸਮਰਪਤ ਇਸ ਸਮਾਗਮ ਦੇ ਮੁੱਖ ਬੁਲਾਰੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਸੱਭਿਆਚਾਰਕ ਵਿੰਗ ਦੇ ਮੁਖੀ ਤੇ ਪਲਸ ਮੰਚ ਦੇ ਪ੍ਰਧਾਨ ਅਮੋਲਕ ਸਿੰਘ ਗਦਰੀ ਸ਼ਹੀਦਾਂ ਵੱਲੋਂ ਚਿਤਵੇ ਰਾਜ ਪ੍ਰਬੰਧ ਬਾਰੇ ਸੰਬੋਧਤ ਹੋਣਗੇ। ਸ਼ਹੀਦ ਭਗਤ ਸਿੰਘ ਦੇ ਭਾਣਜਾ ਪ੍ਰੋ. ਜਗਮੋਹਨ ਸਿੰਘ ਪ੍ਰਧਾਨ ਸ਼ਹੀਦ ਬਾਬਾ ਭਾਨ ਸਿੰਘ ਗ਼ਦਰ ਮੈਮੋਰੀਅਲ ਟਰੱਸਟ, ਸ਼ਹੀਦਾਂ ਦੇ ਅਧੂਰੇ ਕਾਰਜ ਨੂੰ ਪੂਰਾ ਕਰਨ ਤੇ ਮਨੁੱਖੀ ਜਮਹੂਰੀ ਹੱਕਾਂ ਦੀ ਰਾਖੀ ਲਈ ਆਪਣੇ ਵਿਚਾਰ ਪੇਸ਼ ਕਰਨਗੇ।ਟਰੱਸਟ ਦੇ ਜਨਰਲ ਸਕੱਤਰ ਜਸਵੰਤ ਜ਼ੀਰਖ ਨੇ ਦੱਸਿਆ ਕਿ ਇਸ ਨਾਟਕ ਮੇਲੇ ਦਾ ਆਯੋਜਨ ਸ਼ਹੀਦ ਬਾਬਾ ਭਾਨ ਸਿੰਘ ਗ਼ਦਰ ਮੈਮੋਰੀਅਲ ਟਰੱਸਟ, ਗ਼ਦਰੀ ਸ਼ਹੀਦ ਬਾਬਾ ਭਾਨ ਸਿੰਘ ਨੌਜਵਾਨ ਸਭਾ ਲੁਧਿਆਣਾ, ਜਮਹੂਰੀ ਅਧਿਕਾਰ ਸਭਾ ਪੰਜਾਬ ਤੇ ਤਰਕਸ਼ੀਲ ਸੁਸਾਇਟੀ ਪੰਜਾਬ ਦੀਆਂ ਲੁਧਿਆਣਾ ਇਕਾਈਆਂ, ਇਨਕਲਾਬੀ ਮਜ਼ਦੂਰ ਕੇਂਦਰ ਲੁਧਿਆਣਾ ਤੇ ਪਲਸ ਮੰਚ ਵੱਲੋਂ ਕੀਤਾ ਜਾ ਰਿਹਾ ਹੈ।

## ਕਾਤਰਾਂ

### ਭਗੌੜਾ ਕਾਬੂ

**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਫਰੀਦਕੋਟ ਪੁਲਸ ਵੱਲੋਂ ਮਾੜੇ ਅਨਸਰਾਂ ਤੇ ਅਦਾਲਤ ਤੋਂ ਭਗੌੜੇ ਵਿਅਕਤੀਆਂ ਖਿਲਾਫ ਸਖਤ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਜ਼ਿਲ੍ਹੇ ਵਿੱਚ ਅਮਨ ਕਾਨੂੰਨ ਦੀ ਵਿਵਸਥਾ ਨੂੰ ਬਰਕਰਾਰ ਰੱਖਣ ਲਈ ਸਖ਼ਤ ਚੌਕਸੀ ਰੱਖੀ ਜਾ ਰਹੀ ਹੈ ਤਾਂ ਕਿ ਕੋਈ ਵੀ ਸ਼ਰਾਰਤੀ ਅਨਸਰ ਕਿਸੇ ਅਣਸੁਖਾਵੀਂ ਘਟਨਾ ਨੂੰ ਅੰਜਾਮ ਨਾ ਦੇ ਸਕੇ ਤੇ ਆਮ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ, ਜਿਸ ਦੇ ਤਹਿਤ ਜਸਮੀਤ ਸਿੰਘ ਸਾਹੀਵਾਲ ਐੱਸ ਪੀ (ਇੰਨਵੈਸਟੀਗੇਸ਼ਨ) ਫਰੀਦਕੋਟ ਦੀ ਰਹਿਨੁਮਾਈ ਤੇ ਸੰਜੀਵ ਕੁਮਾਰ ਡੀ ਐੱਸ ਪੀ (ਡੀ) ਫਰੀਦਕੋਟ ਦੀ ਅਗਵਾਈ ਹੇਠ ਪੀ ਓ ਸਟਾਫ ਫਰੀਦਕੋਟ ਵੱਲੋਂ ਮੁਕੱਦਮਾ ਨੰਬਰ 135 ਮਿਤੀ 01.09.2022 ਅ/ਧ 457, 380, 411 ਆਈ.ਪੀ.ਸੀ ਥਾਣਾ ਸਦਰ ਫਰੀਦਕੋਟ ਵਿੱਚ ਭਗੌੜੇ ਚੱਲ ਰਹੇ ਵਿਅਕਤੀ ਸੁਖਪ੍ਰੀਤ ਸਿੰਘ ਉਰਫ ਵੱਡਾ ਪੁੱਤਰ ਅੰਮ੍ਰਿਤਪਾਲ ਸਿੰਘ ਵਾਸੀ ਪੱਖੀ ਕਲਾਂ, ਜ਼ਿਲ੍ਹਾ ਫਰੀਦਕੋਟ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।

### ਪਲੇਸਮੈਂਟ ਕੈਂਪ ਅੱਜ

**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ, ਫ਼ਤਹਿਗੜ੍ਹ ਸਾਹਿਬ ਵੱਲੋਂ ਨੌਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਲਈ 22 ਨਵੰਬਰ ਸ਼ੁੱਕਰਵਾਰ ਨੂੰ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ।ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰੁਜ਼ਗਾਰ ਤੇ ਟ੍ਰੇਨਿੰਗ ਅਫਸਰ ਸ੍ਰ. ਹਰਪ੍ਰੀਤ ਸਿੰਘ ਸਿੱਧੂ ਨੇ ਦੱਸਿਆ ਕਿ ਇਸ ਪਲੇਸਮੈਂਟ ਕੈਂਪ ਵਿੱਚ ਦਾਦਾ ਮੋਟਰਜ਼ (ਟਾਟਾ ਮੋਟਰਜ਼), ਏਜ਼ਿਲ ਹਰਬਲਜ਼ ਸਮੇਤ ਵੱਖ ਵੱਖ ਕੰਪਨੀਆਂ ਭਾਗ ਲੈਣਗੀਆਂ।ਇਨ੍ਹਾਂ ਕੰਪਨੀਆਂ ਵਿੱਚ 10ਵੀਂ, 12ਵੀਂ ਪਾਸ, ਆਈ.ਟੀ.ਆਈ. ਪਾਸ ਤੇ ਗ੍ਰੈਜੂਏਸ਼ਨ ਪਾਸ ਵਾਲੇ ਪ੍ਰਾਰਥੀ ਭਾਗ ਲੈ ਸਕਦੇ ਹਨ।ਸ੍ਰ. ਸਿੱਧੂ ਨੇ ਹੋਰ ਦੱਸਿਆ ਕਿ ਇਸ ਕੈਂਪ ਲਈ ਇੰਟਰਵਿਊ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ, ਫਤਹਿਗੜ੍ਹ ਸਾਹਿਬ ਦੇ ਕਮਰਾ ਨੰਬਰ 127, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗਰਾਊਂਡ ਫਲੋਰ ਵਿਖੇ 22 ਨਵੰਬਰ 2024 ਨੂੰ ਸਵੇਰੇ 10: 00 ਵਜੇ ਹੋਵੇਗੀ।

### ਦਿਵਿਆਂਗਜਨਾਂ ਲਈ ਅਸੈੱਸਮੈਂਟ ਕੈਂਪ 25 ਤੋਂ

**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਕੰਨਫੈਡਰੇਸ਼ਨ ਫਾਰ ਚੈਲੇਂਜਡ ਸਮੂਹ ਦਿਵਿਆਂਗਜਨਾਂ ਤੇ ਸੀਨੀਅਰ ਸਿਟੀਜ਼ਨਾਂ ਨੂੰ ਸੂਚਿਤ ਕਰਦਾ ਹੈ ਕਿ ਜ਼ਿਲ੍ਹਾ ਪ੍ਰਸ਼ਾਸਨ ਫਤਹਿਗੜ੍ਹ ਸਾਹਿਬ ਦੁਆਰਾ ਅਲਿਮਕੋ (ਭਾਰਤ ਸਰਕਾਰ ਦਾ ਆਦਾਰਾ) ਦੇ ਸਹਿਯੋਗ ਨਾਲ ਅਡਿਪ ਸਕੀਮ ਤੇ ਰਾਸ਼ਟਰੀ ਵਯੋਸ਼੍ਰੀ ਯੋਜਨਾ ਅਧੀਨ ਨਵੰਬਰ 2024 ਦੇ ਮਹੀਨੇ ਵਿੱਚ ਲੱਗਣ ਵਾਲੇ ਅਸੈੱਸਮੈਂਟ ਕੈਂਪਾਂ ਵਿੱਚ ਦਿਵਿਆਂਗਜਨਾਂ ਨੂੰ ਨਕਲੀ ਅੰਗ, ਮੋਟਰਾਈਜ਼ਡ ਤਿੰਨ ਪਹੀਆ ਸਾਈਕਲ, ਤਿੰਨ ਪਹੀਆ ਸਾਈਕਲ ਤੇ ਹੋਰ ਸਹਾਇਕ ਉਪਕਰਨ ਅਤੇ ਦਿਵਿਆਂਗਜਨਾਂ ਤੇ ਸੀਨੀਅਰ ਸਿਟੀਜਨਾਂ ਨੂੰ ਵ੍ਹੀਲਚੇਅਰ, ਕਮੋਡ ਦੇ ਨਾਲ ਵ੍ਹੀਲਚੇਅਰ, ਕੂਹਣੀ ਬੈਸਾਖੀਆਂ, ਫੋਲਡਿੰਗ ਵਾਕਰ, ਕੁਰਸੀ ਦੇ ਨਾਲ ਵਾਕਿੰਗ ਸਟਿਕ, ਟ੍ਰਾਈਪੌਡ ਤੇ ਟੈਟਰਾਪੋਡ, ਗੋਡੇ ਦੀ ਬਰੇਸ, ਐੱਲ. ਐੱਸ. ਬੈਲਟ, ਸਪਾਈਨਲ ਸਪੋਰਟ ਕੁਸ਼ਨ, ਕੰਨਾਂ ਤੋਂ ਸੁਣਨ ਦੀ ਮਸ਼ੀਨ (2"5) ਤੇ ਕਮੋਡ ਆਦਿ ਨਾਲ ਕੁਰਸੀ ਤੇ ਜ਼ਰੂਰਤ ਅਨੁਸਾਰ ਹੋਰ ਸਾਮਾਨ ਦਿੱਤਾ ਜਾਵੇਗਾ।ਇਨ੍ਹਾਂ ਕੈਂਪਾਂ ਦਾ ਸਮਾਂ ਸਵੇਰੇ 10:00 ਤੋਂ ਬਾਅਦ ਦੁਪਹਿਰ 03:00 ਵਜੇ ਤੱਕ ਹੋਵੇਗਾ ਤੇ ਇਹ ਕੈਂਪ 25 ਨਵੰਬਰ 2024 ਨੂੰ ਰਾਮ ਮੰਦਰ, ਦੁਸਹਿਰਾ ਗਰਾਊਂਡ ਨੇੜੇ ਬੁੱਗਾ ਬੱਸ ਸਟੈਂਡ ਅਮਲੋਹ, 26 ਨਵੰਬਰ ਬਾਲਮੀਕੀ ਧਰਮਸ਼ਾਲਾ, ਬੱਸੀ ਪਠਾਣਾਂ, 27 ਨਵੰਬਰ ਨੂੰ ਕਮਿਊਨਿਟੀ ਸੈਂਟਰ, ਚਨਾਰਥਲ ਕਲਾਂ, 28 ਨਵੰਬਰ ਨੂੰ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਪਿੰਡ ਚੁੰਨੀ ਕਲਾਂ, 29 ਨਵੰਬਰ ਨੂੰ ਦੁਰਗਾ ਸ਼ਕਤੀ ਧਰਮਸ਼ਾਲਾ, ਵਾਰਡ ਨੰ. 3 ਖਮਾਣੋਂ, 30 ਨਵੰਬਰ ਨੂੰ ਸਿਵਲ ਹਸਪਤਾਲ, ਫਤਿਹਗੜ੍ਹ ਸਾਹਿਬ ਲਗਾਏ ਜਾਣਗੇ।

# ਬੀ ਕੇ ਯੂ ਏਕਤਾ ਉਗਰਾਹਾਂ ਦੇ ਆਗੂ ਮਿੱਠੂ ਸਿੰਘ ਗੰਢੂਆਂ ਨਹੀਂ ਰਹੇ

**ਚੀਮਾ ਮੰਡੀ (ਰਵਿੰਦਰ ਚੀਮਾ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਬਲਾਕ ਪ੍ਰਧਾਨ ਜਸਵੰਤ ਸਿੰਘ ਤੋਲਾਵਾਲ ਨੇ ਬੜੇ ਦੁਖੀ ਮਨ ਨਾਲ ਦੱਸਿਆ ਕਿ ਅੱਜ ਸਾਡੇ ਬਹੁਤ ਹੀ ਸਤਿਕਾਰਯੋਗ ਆਗੂ ਮਿੱਠੂ ਸਿੰਘ ਗੰਢੂਆਂ ਨਹੀਂ ਰਹੇ।ਮਿੱਠੂ ਸਿੰਘ ਗੰਢੂਆਂ ਜ਼ਿਲ੍ਹਾ ਪ੍ਰਧਾਨ ਅਮਰੀਕ ਸਿੰਘ ਗੰਢੂਆਂ ਦੇ ਚਚੇਰੇ ਭਰਾ ਸਨ।ਜਦੋਂ ਤੋਂ ਉਗਰਾਹਾਂ ਹੋਂਦ ਵਿੱਚ ਆਈ, ਉਸ ਸਮੇਂ ਤੋਂ ਮਿੱਠੂ ਸਿੰਘ ਗੰਢੂਆਂ ਲਗਾਤਾਰ ਜਥੇਬੰਦੀ ਦੇ ਸੰਘਰਸ਼ਾਂ ਵਿੱਚ ਸਰਗਰਮ ਰਹੇ।ਮਿੱਠੂ ਸਿੰਘ ਗੰਢੂਆਂ ਨੇ ਕਿਸਾਨੀ ਘੋਲਾਂ ਵਿੱਚ ਲਗਾਤਾਰ ਲੰਗਰ ਦੀ ਸੇਵਾ ਕੀਤੀ।ਜਥੇਬੰਦੀ ਨੇ ਕਿਹਾ ਕਿ ਮਿੱਠੂ ਸਿੰਘ ਗੰਢੂਆਂ ਦੇ ਰਾਹਾਂ ਨੂੰ ਸੁੰਨਾ ਨਹੀਂ ਹੋਣ ਦਿੱਤਾ ਜਾਵੇਗਾ ਅਤੇ ਹਰ ਸੰਘਰਸ਼ ਵਿੱਚ ਮਿੱਠੂ ਸਿੰਘ ਗੰਢੂਆਂ ਨੂੰ ਯਾਦ ਕੀਤਾ ਜਾਵੇਗਾ। ਅੱਜ ਮਿੱਠੂ ਸਿੰਘ ਗੰਢੂਆਂ ਨੂੰ ਕਿਸਾਨੀ ਝੰਡਿਆਂ ਨਾਲ ਸਲਾਮੀ ਦਿੱਤੀ ਗਈ ਤੇ ਕਿਸਾਨੀ ਝੰਡਿਆਂ ਨਾਲ ਮਿੱਠੂ ਸਿੰਘ ਨੂੰ ਅੰਤਿਮ ਵਿਦਾਇਗੀ ਦਿੱਤੀ ਗਈ।ਇਸ ਮੌਕੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ, ਜ਼ਿਲ੍ਹਾ ਪ੍ਰਧਾਨ ਅਮਰੀਕ ਸਿੰਘ ਗੰਢੂਆਂ, ਜ਼ਿਲ੍ਹਾ ਜਰਨਲ ਸਕੱਤਰ ਦਲਵਾਰਾ ਸਿੰਘ ਛਾਜਲਾ, ਬਲਾਕ ਆਗੂ ਰਾਮਸਰਨ ਸਿੰਘ ਉਗਰਾਹਾਂ, ਸੁਖਪਾਲ ਸਿੰਘ ਮਾਣਕ ਕਣਕਵਾਲ, ਅਜੈਬ ਸਿੰਘ ਜਖੇਪਲ, ਪਾਲ ਸਿੰਘ ਦੋਲੇਵਾਲ ਤੇ ਸਮੂਹ ਪਿੰਡਾਂ ਦੀਆਂ ਇਕਾਈਆਂ ਹਾਜ਼ਰ ਸਨ।



# ਕਾਮਰੇਡ ਜਸਪਾਲ ਸਿੰਘ ਘਾਰੂ ਦਾ ਅੰਤਮ ਸੰਸਕਾਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਜ਼ਿਲ੍ਹੇ ਦੇ ਕਮਿਊਨਿਸਟ, ਟਰੇਡ ਯੂਨੀਅਨ ਆਗੂ ਤੇ ਰਿਕਸ਼ਾ ਪੂਲਰ ਯੂਨੀਅਨ ਦੇ ਪ੍ਰਧਾਨ ਕਾਮਰੇਡ ਜਸਪਾਲ ਸਿੰਘ ਘਾਰੂ ਦਾ ਅਚਨਚੇਤ ਦਿਲ ਦਾ ਦੌਰਾ ਪੈਣ ਨਾਲ ਦਿਹਾਂਤ ਹੋ ਗਿਆ ਹੈ, ਜਿਸ ਨਾਲ ਜ਼ਿਲ੍ਹਾ ਮੋਗਾ ਦੇ ਕਿਰਤੀ ਲਹਿਰ ਨੂੰ ਬੜਾ ਵੱਡਾ ਧੱਕਾ ਲੱਗਾ ਹੈ।ਉਨ੍ਹਾਂ ਦੇ ਪਿੰਡ ਦੁੱਨੇ ਕੇ ਵਿਖੇ ਉਨ੍ਹਾਂ ਦਾ ਅੰਤਿਮ ਸੰਸਕਾਰ ਕੀਤਾ ਗਿਆ।ਇਸ ਮੌਕੇ ਉਨ੍ਹਾਂ ਦੀ ਦੇਹ 'ਤੇ ਏਟਕ ਤੇ ਭਾਰਤੀ ਕਮਿਊਨਿਸਟ ਪਾਰਟੀ ਦੇ ਝੰਡੇ ਪਾਉਣ ਦੀ ਰਸਮ ਪਾਰਟੀ ਦੇ ਜ਼ਿਲ੍ਹਾ ਆਗੂ ਤੇ ਟਰੇਡ ਯੂਨੀਅਨ ਕੌਂਸਲ ਮੋਗਾ (ਏਟਕ) ਦੇ ਸਕੱਤਰ ਜਗਸੀਰ ਸਿੰਘ ਖੋਸਾ, ਕਾਮਰੇਡ ਭੁਪਿੰਦਰ ਸਿੰਘ ਸੇਖੋਂ, ਪੋਹਲਾ ਸਿੰਘ ਬਰਾੜ ਤੇ ਗੁਰਮੇਲ ਸਿੰਘ ਨਾਹਰ ਨੇ ਨਿਭਾਈ।

ਇਸ ਮੌਕੇ ਆਗੂਆਂ ਨੇ ਕਿਹਾ ਕਿ ਕਾਮਰੇਡ ਜਸਪਾਲ ਸਿੰਘ ਘਾਰੂ ਨੇ ਆਪਣੀ ਸਾਰੀ ਜ਼ਿੰਦਗੀ ਕਿਰਤੀ ਮਜ਼ਦੂਰਾਂ ਦੇ ਲੇਖੇ ਲਾਈ ਹੈ।ਉਹ ਉਨ੍ਹਾਂ ਵਿਰਲੇ ਲੋਕਾਂ ਵਿੱਚੋਂ ਸਨ, ਜਿਹੜੇ ਗਰੀਬੀ, ਘਰੇਲੂ ਤੰਗੀਆਂ ਤੁਰਸ਼ੀਆਂ ਦੇ ਬਾਵਜੂਦ ਆਪਣੇ ਮਿਸ਼ਨ ਦੀ ਪੂਰਤੀ ਲਈ ਡਟੇ ਰਹਿੰਦੇ ਹਨ।ਇਸ ਮੌਕੇ ਉਨ੍ਹਾਂ ਦੇ ਪਰਿਵਾਰ ਨਾਲ ਦੁੱਖ ਵੰਡਾਉਣ ਵਾਲਿਆਂ ਵਿੱਚ ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਕੁਲਦੀਪ ਸਿੰਘ ਭੋਲਾ, ਟਰੇਡ ਯੂਨੀਅਨ ਕੌਂਸਲ ਦੇ ਪ੍ਰਧਾਨ ਕਾਮਰੇਡ ਜਗਦੀਸ਼ ਸਿੰਘ ਚਾਹਲ, ਡਾਕਟਰ ਇੰਦਰਵੀਰ ਗਿੱਲ, ਸ਼ੇਰ ਸਿੰਘ ਦੌਲਤਪੁਰਾ, ਜਗਵਿੰਦਰ ਸਿੰਘ ਬਿੱਟੂ, ਪਿੰਦਰ ਸਿੰਘ ਤੇ ਬੌਬੀ ਸ਼ਾਮਲ ਸਨ।

# ਜੋਈਆਂ ਦੇ ਨੌਜਵਾਨ ਦਾ ਕੈਨੇਡਾ 'ਚ ਕਤਲ

## ਪਿਓ ਨੇ ਜ਼ਮੀਨ ਵੇਚ ਕੇ 2 ਸਾਲ ਪਹਿਲਾਂ ਭੇਜਿਆ ਸੀ



**ਮਾਨਸਾ (ਰੀਤਵਾਲ)**-ਰੁਜ਼ਗਾਰ ਦੀ ਭਾਲ 'ਚ ਜ਼ਮੀਨ ਵੇਚ ਕੇ ਕੈਨੇਡਾ ਗਏ ਕਿਸਾਨ ਦੇ ਪੁੱਤਰ ਦੇ ਕਤਲ ਦੀ ਖਬਰ ਨਾਲ ਪਿੰਡ ਜੋਈਆਂ ਤੇ ਪਰਿਵਾਰ ਵਿੱਚ ਸੋਗ ਦੀ ਲਹਿਰ ਫੈਲ ਗਈ। ਕਿਸਾਨ ਬਲਕਾਰ ਸਿੰਘ ਨੇ ਆਪਣੀ ਜ਼ਮੀਨ ਵੇਚ ਕੇ ਪੁੱਤਰ ਜਸਕਰਨ (22) ਦੇ ਭਵਿੱਖ ਨੂੰ ਬਣਾਉਣ ਲਈ ਕੈਨੇਡਾ ਭੇਜਿਆ ਸੀ, ਪ੍ਰੰਤੂ ਹੋਣੀ ਨੂੰ ਕੁਝ ਹੋਰ ਹੀ ਮਨਜ਼ੂਰ ਸੀ। ਜਸਕਰਨ ਅੱਜ ਤੋਂ 2 ਸਾਲ ਪਹਿਲਾਂ ਕੈਨੇਡਾ ਦੇ ਸ਼ਹਿਰ ਸਰੀ ਵਿੱਚ ਗਿਆ ਸੀ, ਜਿੱਥੇ ਉਹ ਪੜ੍ਹਾਈ ਦੇ ਨਾਲ ਨਾਲ ਕੰਮ ਵੀ ਕਰ ਰਿਹਾ ਸੀ ਕਿ ਅੱਜ ਅਚਾਨਕ ਉਸ ਦੀ ਮੌਤ ਦੀ ਖਬਰ ਨੇ ਪਰਿਵਾਰ ਨੂੰ ਝਿੰਜੋੜ ਕੇ ਰੱਖ ਦਿੱਤਾ। ਇਕੱਤਰ ਜਾਣਕਾਰੀ ਅਨੁਸਾਰ ਪਿਤਾ ਬਲਕਾਰ ਸਿੰਘ ਨੇ ਦੱਸਿਆ ਕਿ ਮੇਰਾ ਬੇਟਾ ਆਪਣੇ ਸਾਥੀਆਂ ਨਾਲ ਵਾਪਸ ਆ ਕੇ ਚਾਹ ਪੀਣ ਜਾ ਰਿਹਾ ਸੀ ਤਾਂ ਨੇੜਲੇ ਪਿੰਡ ਮੰਢਾਲੀ ਦੇ ਰਹਿਣ ਵਾਲੇ ਉਸ ਦੇ ਸਾਥੀ 'ਤੇ ਜਾਨਲੇਵਾ ਹਮਲਾ ਹੋ ਗਿਆ, ਜਿਸ ਨੂੰ ਬਚਾਉਂਦਿਆਂ ਹਮਲਾਵਰਾਂ ਨੇ ਮੇਰੇ ਪੁੱਤਰ ਦਾ ਤੇਜ਼ ਹਥਿਆਰਾਂ ਨਾਲ ਕਤਲ ਕਰ ਦਿੱਤਾ, ਜਿਸ ਦੀ ਖਬਰ ਮਿਲਦਿਆਂ ਹੀ ਪਿੰਡ ਤੇ ਇਲਾਕੇ ਵਿੱਚ ਸੋਗ ਦੀ ਲਹਿਰ ਫੈਲ ਗਈ। ਮ੍ਰਿਤਕ ਦੇ ਪਿਤਾ ਨੇ ਇਨਸਾਫ ਦੀ ਮੰਗ ਕਰਦਿਆਂ ਕਿਹਾ ਕਿ ਕੈਨੇਡਾ ਦੀ ਸਰਕਾਰ ਮੇਰੇ ਪੁੱਤਰ ਦੇ ਕਾਤਿਲਾਂ ਨੂੰ ਤੁਰੰਤ ਗ੍ਰਿਫਤਾਰ ਕਰੇ ਅਤੇ ਉਸ ਦੇ ਸਾਥੀਆਂ ਦੀ ਪੁੱਛ ਪੜਤਾਲ ਕੀਤੀ ਜਾਵੇ ਅਤੇ ਮੇਰੇ ਪੁੱਤਰ ਦੀ ਲਾਸ਼ ਨੂੰ ਕੈਨੇਡਾ ਤੋਂ ਭਾਰਤ ਲਿਆਉਣ ਲਈ ਸਰਕਾਰ ਨੂੰ ਅਪੀਲ ਕੀਤੀ।

# ਬੀ ਡੀ ਪੀ ਓ ਦਫਤਰ ਦੇ ਪਟਵਾਰੀ ਦੀ ਬਦਲੀ

## ਜੇਕਰ ਮੇਰੀ ਕੋਈ ਗਲਤੀ ਹੈ ਤਾਂ ਮੈਂ ਮੁਆਫੀ ਮੰਗ ਲੈਂਦਾ ਹਾਂ : ਜਸਵਿੰਦਰ ਸਿੰਘ

**ਖ਼ਬਰ ਦਾ ਅਸਰ**

**ਬਠਿੰਡਾ (ਰਾਜੀਵ ਗੋਇਲ)** : ਪਿਛਲੇ ਕਾਫੀ ਲੰਮੇ ਸਮੇਂ ਤੋਂ ਭਗਤਾ ਭਾਈ ਕਾ ਦੇ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਦੇ ਦਫਤਰ 'ਚ ਤਾਇਨਾਤ ਪਟਵਾਰੀ ਜਸਵਿੰਦਰ ਸਿੰਘ ਦੀ ਮਹਿਕਮੇ ਵੱਲੋਂ ਬਦਲੀ ਕਰ ਦਿੱਤੀ ਗਈ ਹੈ ਅਤੇ ਭਗਤਾ ਦਫਤਰ ਤੋਂ ਤਬਦੀਲ ਕਰਕੇ ਸੰਬੰਧਤ ਪਟਵਾਰੀ ਨੂੰ ਫੂਲ ਦਫਤਰ ਭੇਜ ਦਿੱਤਾ ਗਿਆ ਹੈ। ਬਦਲੀ ਤੋਂ ਬਾਅਦ ਆਮ ਲੋਕਾਂ ਸਮੇਤ ਸਿਆਸੀ ਆਗੂਆਂ ਵੱਲੋਂ ਸੁੱਖ ਦਾ ਸਾਹ ਲਿਆ ਗਿਆ ਹੈ। ਦੱਸਣਾ ਬਣਦਾ ਹੈ ਕਿ ਇਹ ਪਟਵਾਰੀ ਪਿਛਲੇ ਕਰੀਬ ਇੱਕ ਦਹਾਕੇ ਤੋਂ ਵਧੇਰੇ ਦੇ ਸਮੇਂ ਤੋਂ ਇੱਥੇ ਹੀ ਤਾਇਨਾਤ ਸੀ, ਪਰ ਆਮ ਲੋਕਾਂ ਸਮੇਤ ਸਿਆਸੀ ਆਗੂਆਂ ਨੂੰ ਆ ਰਹੀਆਂ ਦਰਪੇਸ਼ ਸਮੱਸਿਆਵਾਂ ਨੂੰ ਲੈ ਕੇ ਮਹਿਕਮੇ ਵੱਲੋਂ ਉਕਤ ਪਟਵਾਰੀ ਦੀ ਬਦਲੀ ਕੀਤੀ ਗਈ ਹੈ। ਇੱਕ ਮਾਮਲਾ ਹੋਰ ਇਹ ਸੀ ਕਿ ਸਬ-ਤਹਿਸੀਲ ਭਗਤਾ ਅੰਦਰ ਨਾਇਬ ਤਹਿਸੀਲਦਾਰ ਦਫਤਰ ਦੇ ਨਾਲ-ਨਾਲ ਬੀ.ਡੀ.ਪੀ.ਓ. ਦਾ ਵੀ ਦਫਤਰ ਹੈ ਅਤੇ ਇਨ੍ਹਾਂ ਦੋਹਾਂ ਦਫਤਰਾਂ ਵਿਚਕਾਰ ਪਿਛਲੇ ਕਾਫੀ ਲੰਮੇ ਸਮੇਂ ਤੋਂ ਕੰਧ ਕੱਢਣ ਨੂੰ ਲੈ ਕੇ ਰੇੜਕਾ ਚਲਦਾ ਆ ਰਿਹਾ ਸੀ, ਜਿਸ ਦਾ ਆਮ ਲੋਕਾਂ ਵੱਲੋਂ ਵਿਰੋਧ ਕੀਤਾ ਜਾ ਰਿਹਾ ਸੀ, ਕਿਉਂਕਿ ਕੰਧ ਕੱਢਣ ਤੋਂ ਬਾਅਦ ਤਹਿਸੀਲ ਅੰਦਰ ਟ੍ਰੈਫਿਕ ਦੀ ਬਹੁਤ ਵੱਡੀ ਸਮੱਸਿਆ ਪੈਦਾ ਹੋ ਜਾਣੀ ਸੀ, ਜਿਸ ਨੂੰ ਲੈ ਕੇ ਸਮੇਂ ਸਮੇਂ ਦੇ ਨਾਇਬ ਤਹਿਸੀਲਦਾਰ ਵੀ ਆਮ ਲੋਕਾਂ ਦੇ ਹੱਕ ਵਿੱਚ ਭੁਗਤਦੇ ਨਜ਼ਰ ਆਉਂਦੇ ਰਹੇ ਹਨ ਅਤੇ ਇਸ ਕੰਧ ਕੱਢਣ ਨੂੰ ਲੈ ਕੇ ਉਕਤ ਪਟਵਾਰੀ ਦਾ ਨਾਮ ਵੱਧ ਚਮਕ ਰਿਹਾ ਸੀ ਕਿ ਅੰਦਰਖਾਤੇ ਇਸ ਕੰਧ ਕੱਢਣ ਵਾਲੀ ਗੱਲ ਨੂੰ ਇਸੇ ਪਟਵਾਰੀ 'ਤੇ ਬੜ੍ਹਾਵਾ ਦੇਣ ਦੇ ਦੋਸ਼ ਸਿਆਸੀ ਲੀਡਰਾਂ 'ਤੇ ਆਮ ਲੋਕਾਂ ਵੱਲੋਂ ਲਗਾਏ ਜਾ ਰਹੇ ਸਨ। ਇਸ ਮਸਲੇ ਨੂੰ ਲੈ ਕੇ ਪਿਛਲੇ ਦਿਨੀਂ ਸਬ-ਤਹਿਸੀਲ ਭਗਤਾ ਅਖਬਾਰਾਂ ਦੀਆਂ ਸੁਰਖੀਆਂ ਵੀ ਬਣਦੀ ਨਜ਼ਰ ਆਈ ਹੈ, ਜਿਸ ਤੋਂ ਬਾਅਦ ਹੀ ਪ੍ਰਸ਼ਾਸਨ ਵੱਲੋਂ ਇਹ ਕਦਮ ਚੁੱਕਿਆ ਗਿਆ ਹੈ।

ਉਧਰ ਦੂਜੇ ਪਾਸੇ ਜਦੋਂ ਸੰਬੰਧਤ ਪਟਵਾਰੀ ਜਸਵਿੰਦਰ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਉਹ ਆਪਣੀ ਡਿਊਟੀ ਨਿਭਾਉਂਦੇ ਆ ਰਹੇ ਸਨ, ਪਰ ਜੇਕਰ ਕੋਈ ਮੇਰੇ ਪਾਸੋਂ ਗਲਤੀ ਹੋਈ ਹੈ ਤਾਂ ਮੈਂ ਮੁਆਫੀ ਮੰਗ ਲੈਂਦਾ ਹਾਂ, ਪਰ ਕੁਝ ਵੀ ਹੋਵੇ ਪਟਵਾਰੀ ਦੀ ਬਦਲੀ ਤੋਂ ਰੋਜ਼ ਬੀ.ਡੀ.ਪੀ.ਓ. ਦਫਤਰ ਆਉਣ ਵਾਲੇ ਲੋਕ ਖੁਸ਼ ਹਨ।



ਰੌਲੇ ਵਾਲੀ ਕੰਧ ਦੀ ਤਸਵੀਰ।

# ਜ਼ਿਲ੍ਹਾ ਪੱਧਰੀ ਪਰਖ ਰਾਸ਼ਟਰੀ ਸਰਵੇਖਣ ਸੰਬੰਧੀ ਮੀਟਿੰਗ



**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**-ਵਿੱਦਿਅਕ ਖੋਜ ਤੇ ਸਿਖਲਾਈ ਪ੍ਰੀਸ਼ਦ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਰਾਜ ਦੇ ਸਾਰੇ ਸਰਕਾਰੀ ਸਕੂਲਾਂ ਵਿੱਚ ਯੋਗਤਾਵਾਂ, ਸਮਰੱਥਾਵਾਂ ਵਿੱਚ ਵਿਕਾਸ ਸਬੰਧੀ ਸੀਈਪੀ ਪ੍ਰੋਗਰਾਮ ਚਲਾਇਆ ਜਾ ਰਿਹਾ ਹੈ, ਜਿਸ ਤਹਿਤ ਵਿਦਿਆਰਥੀਆਂ ਨੂੰ ਕੰਟੈਂਟ ਬੇਸਡ ਲਰਨਿੰਗ ਤੋਂ ਕੰਪੀਟੈਂਸੀ ਬੇਸਡ ਲਰਨਿੰਗ ਤੱਕ ਲੈ ਕੇ ਜਾਣ ਦਾ ਏਜੰਡਾ ਹੈ।ਇਸ ਸਬੰਧੀ ਕੰਪੀਟੈਂਸੀ ਐਨਹੈਂਸਮੈਂਟ ਪਲਾਨ ਨੂੰ ਲੈ ਕੇ ਜ਼ਿਲ੍ਹਾ ਪੱਧਰੀ ਰੀਵਿਊ ਮੀਟਿੰਗ ਮਾਨਯੋਗ ਸਹਾਇਕ ਡਾਇਰੈਕਟਰ ਡਾ. ਅਮਨਦੀਪ ਕੌਰ ਵੱਲੋਂ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਫਿਰੋਜ਼ਪੁਰ, ਜ਼ਿਲ੍ਹਾ ਸਿੱਖਿਆ ਅਫਸਰ (ਐ. ਸਿੱ), ਉਪ ਜ਼ਿਲ੍ਹਾ ਸਿੱਖਿਆ ਫਿਰੋਜ਼ਪੁਰ, ਡਾਇਟ ਪ੍ਰਿੰਸੀਪਲ ਫਿਰੋਜ਼ਪੁਰ, ਸਮੂਹ ਬੀਐੱਲਓ ਸਾਹਿਬਾਨ, ਸਮੂਹ ਬੀਪੀਈਓ ਸਾਹਿਬਾਨ, ਡੀ ਆਰ ਸੀ ਪ੍ਰਾਇਮਰੀ ਤੇ ਸੈਕੰਡਰੀ ਅਤੇ ਸਮੂਹ ਬੀ ਆਰ ਸੀ ਸਾਹਿਬਾਨ ਨਾਲ ਰੀਵਿਊ ਮੀਟਿੰਗ ਕੀਤੀ ਗਈ।ਇਸ ਰੀਵਿਊ ਮੀਟਿੰਗ ਵਿੱਚ ਕੰਪੀਟੈਂਸੀ ਐਨਹੈਂਸਮੈਂਟ ਪਲਾਨ ਤਹਿਤ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਹੋਰ ਵਧੀਆ ਕਾਰਗੁਜ਼ਾਰੀ ਕਰਨ ਲਈ ਮੋਟੀਵੇਟ ਕਰਨ ਲਈ ਕਿਹਾ। ਇਸ ਮੌਕੇ ਉਨ੍ਹਾਂ ਵੱਲੋਂ ਵਿਸ਼ੇਸ਼ ਕੰਪੀਟੈਂਸੀਜ਼ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਵਿਭਾਗ ਵੱਲੋਂ ਆਈਆਂ ਨਵੀਆਂ ਹਦਾਇਤਾਂ ਤੋਂ ਸਾਰਿਆਂ ਨੂੰ ਜਾਣੂੰ ਕਰਵਾਇਆ ਗਿਆ।ਇਸ ਦੌਰਾਨ ਉਨ੍ਹਾਂ ਕਮਜ਼ੋਰ ਵਿਦਿਆਰਥੀਆਂ 'ਤੇ ਵਿਸ਼ੇਸ਼ ਧਿਆਨ ਦੇਣ ਲਈ ਕਿਹਾ।ਇਸ ਰੀਵਿਊ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਸਟੇਟ ਕੋਆਰਡੀਨੇਟਰ ਅਕਾਦਮਿਕ ਐਂਡ ਟ੍ਰੇਨਿੰਗ ਸ੍ਰੀ ਮਨਮੀਤ ਕੱਕੜ, ਹਰਦਵਿੰਦਰ ਸਿੰਘ ਐੱਸ ਆਰ ਪੀ, ਮਨਮੀਤ ਸਿੰਘ ਜ਼ਿਲ੍ਹਾ ਕੋਆਰਡੀਨੇਟਰ ਮੋਗਾ ਹਾਜ਼ਰ ਸਨ।

# ਦੇਸ਼ ਭਗਤ 'ਵਰਸਿਟੀ 'ਚ ਹਿੱਪ ਹੌਪ ਟੇਲੈਂਟ ਹੰਟ ਸ਼ੋਅ ਕਰਵਾਇਆ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਪ੍ਰਿੰਦੇ ਦੇ ਸਹਿਯੋਗ ਨਾਲ, ਹਿੱਪ ਹੌਪ ਟੇਲੈਂਟ ਹੰਟ ਸ਼ੋਅ ਕਰਵਾਇਆ ਗਿਆ। ਇਸ ਪ੍ਰੋਗਰਾਮ ਨੇ ਡੀਬੀਯੂ ਦੇ ਵਿਦਿਆਰਥੀਆਂ ਨੂੰ ਆਪਣੀ ਹਿੱਪ-ਹੌਪ ਪ੍ਰਤਿਭਾ ਦਿਖਾਉਣ ਦਾ ਇੱਕ ਅਸਾਧਾਰਨ ਮੌਕਾ ਪ੍ਰਦਾਨ ਕੀਤਾ। ਯੂਨੀਵਰਸਿਟੀ ਕੈਂਪਸ ਵਿੱਚ ਕਰਵਾਏ ਗਏ ਇਸ ਬਹੁਤ ਹੀ ਰੋਮਾਂਚਕ ਮੁਕਾਬਲੇ 'ਚ ਵਿਦਿਆਰਥੀਆਂ ਨੇ ਉਤਸ਼ਾਹ ਤੇ ਮੁਕਾਬਲੇ ਦੀ ਭਾਵਨਾ ਨਾਲ ਹਿੱਸਾ ਲਿਆ। ਇਸ ਸਮਾਗਮ ਦੀ ਖਾਸ ਗੱਲ ਇਹ ਸੀ ਕਿ ਜੱਜ ਵਜੋਂ ਪ੍ਰਸਿੱਧ ਗਾਇਕ, ਅਦਾਕਾਰ ਤੇ ਟੈਲੀਵਿਜ਼ਨ ਐਂਕਰ ਰਵਨੀਤ ਨੇ ਸ਼ਮੂਲੀਅਤ ਕੀਤੀ। ਆਪਣੇ ਵੱਖਰੇ ਅੰਦਾਜ਼ ਦੇ ਪ੍ਰਦਰਸ਼ਨਾਂ ਲਈ ਜਾਣੇ ਜਾਂਦੇ, ਰਵਨੀਤ ਨੇ ਪ੍ਰੋਗਰਾਮ ਵਿੱਚ ਉਤਸ਼ਾਹ ਤੇ ਪ੍ਰਮਾਣਿਕਤਾ ਦਾ ਇੱਕ ਤੱਤ ਲਿਆਇਆ, ਜਿਸ ਨਾਲ ਨੌਜਵਾਨ ਕਲਾਕਾਰਾਂ ਨੂੰ ਉਨ੍ਹਾਂ ਦੇ ਵਧੀਆ ਯਤਨ ਕਰਨ ਲਈ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਮਨੋਰੰਜਨ ਉਦਯੋਗ ਵਿੱਚ ਆਪਣੇ ਤਜਰਬਿਆਂ ਦੇ ਅਧਾਰ 'ਤੇ, ਭਾਗੀਦਾਰਾਂ ਨੂੰ ਸੂਝ, ਉਤਸ਼ਾਹ ਤੇ ਰਚਨਾਤਮਕ ਫੀਡਬੈਕ ਦੀ ਪੇਸ਼ਕਸ਼ ਕੀਤੀ। ਇਸ ਮੌਕੇ ਰਵਨੀਤ ਨੇ ਵਿਦਿਆਰਥੀਆਂ ਦੇ ਸਮਰਪਣ ਤੇ ਪ੍ਰਤਿਭਾ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਅਜਿਹੇ ਨੌਜਵਾਨ ਪ੍ਰਤਿਭਾ ਨੂੰ ਇੰਨੇ ਜਨੂੰਨ ਤੇ ਪ੍ਰਮਾਣਿਕਤਾ ਨਾਲ ਆਪਣੇ ਹੁਨਰ ਦਾ ਪ੍ਰਦਰਸ਼ਨ ਕਰਦੇ ਹੋਏ ਦੇਖਣਾ ਪ੍ਰੇਰਣਾਦਾਇਕ ਹੈ। ਸਮਾਗਮ ਦੇ ਅੰਤ ਵਿੱਚ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਨੇ ਕਿਹਾ ਕਿ ਡੀਬੀਯੂ ਵਿੱਚ ਹਿੱਪ ਹੌਪ ਟੇਲੈਂਟ ਹੰਟ ਸ਼ੋਅ ਨੇ ਵਿਦਿਆਰਥੀਆਂ 'ਚ ਭਾਈਚਾਰੇ ਦੀ ਭਾਵਨਾ ਤੇ ਸਿਰਜਣਾਤਮਕ ਪ੍ਰਗਟਾਵੇ ਨੂੰ ਉਤਸ਼ਾਹਤ ਕਰਦੇ ਹੋਏ ਭਵਿੱਖ ਵਿੱਚ ਪ੍ਰਤਿਭਾ ਦੇ ਪ੍ਰਦਰਸ਼ਨ ਲਈ ਇੱਕ ਉੱਚ ਪੱਧਰ ਤੈਅ ਕੀਤਾ ਹੈ। ਡਾ: ਜ਼ੋਰਾ ਸਿੰਘ ਨੇ ਐਂਕਰ ਰਵਨੀਤ ਤੇ ਪ੍ਰਿੰਦੇ ਦੀ ਕੋਆਰਡੀਨੇਟਰ ਪ੍ਰਭਜੋਤ ਕੌਰ ਨੂੰ ਸਨਮਾਨਤ ਕੀਤਾ।

ਡੀਬੀਯੂ ਦੇ ਵਾਈਸ ਪ੍ਰੈਜ਼ੀਡੈਂਟ ਡਾ: ਹਰਸ਼ ਸਦਾਵਰਤੀ ਨੇ ਪਤਵੰਤਿਆਂ ਦਾ ਧੰਨਵਾਦ ਕੀਤਾ ਤੇ ਵਿਦਿਆਰਥੀਆਂ ਦੀ ਉਤਸ਼ਾਹੀ ਸ਼ਮੂਲੀਅਤ ਲਈ ਸ਼ਲਾਘਾ ਕੀਤੀ। ਉਨ੍ਹਾਂ ਇਸ ਸਮਾਗਮ ਨੂੰ ਸਫਲ ਬਣਾਉਣ ਲਈ ਪ੍ਰਿੰਦੇ ਦਾ ਵੀ ਧੰਨਵਾਦ ਕੀਤਾ।

# ਅਲੀ ਕੇ 'ਚ ਪੈਸਿਆਂ ਦੇ ਲੈਣ-ਦੇਣ ਨੂੰ ਲੈ ਕੇ ਚੱਲੀ ਗੋਲੀ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਦੇ ਪਿੰਡ ਅਲੀ ਕੇ ਵਿੱਚ ਪੈਸਿਆਂ ਦੇ ਲੈਣ-ਦੇਣ ਨੂੰ ਲੈ ਕੇ ਚਲਦੇ ਵਿਵਾਦ ਨੇ ਹਿੰਸਕ ਰੂਪ ਧਾਰਨ ਕਰ ਲਿਆ।ਇਸ ਦੌਰਾਨ ਪਿਸਟਲ ਨਾਲ ਗੋਲੀ ਚਲਾਉਣ ਤੇ ਡਾਂਗਾਂ-ਸੋਟਿਆਂ ਨਾਲ ਹਮਲਾ ਕਰਨ ਦੀ ਘਟਨਾ ਵਾਪਰੀ।ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ 5 ਵਿਅਕਤੀਆਂ ਖ਼ਿਲਾਫ ਮਾਮਲਾ ਦਰਜ ਕੀਤਾ ਹੈ।ਮੁਖਤਿਆਰ ਸਿੰਘ ਉਰਫ ਮੁੱਖਾ ਵਾਸੀ ਪਿੰਡ ਅਲੀ ਕੇ ਦੇ ਮੁਤਾਬਕ, ਉਸ ਦੇ ਰਿਸ਼ਤੇਦਾਰ ਗੁਰਦੀਪ ਸਿੰਘ ਨੇ ਬਲਕਾਰ ਸਿੰਘ ਤੋਂ 5 ਲੱਖ ਰੁਪਏ ਵਾਪਸ ਲੈਣੇ ਸਨ।ਗੁਰਦੀਪ ਸਿੰਘ ਨੇ ਇਹ ਰਕਮ ਵਾਪਸ ਲੈਣ ਲਈ ਕਈ ਵਾਰ ਪੰਚਾਇਤ ਦਾ ਸਹਾਰਾ ਲਿਆ, ਪਰ ਬਲਕਾਰ ਸਿੰਘ ਨੇ ਪੈਸੇ ਵਾਪਸ ਕਰਨ ਤੋਂ ਇਨਕਾਰ ਕਰ ਦਿੱਤਾ। ਬੀਤੀ 20 ਨਵੰਬਰ ਨੂੰ ਗੁਰਦੀਪ ਸਿੰਘ, ਉਸ ਦੀ ਪਤਨੀ ਤੇ ਹੋਰ ਰਿਸ਼ਤੇਦਾਰ ਇਸ ਮਾਮਲੇ 'ਤੇ ਗੱਲਬਾਤ ਕਰ ਰਹੇ ਸਨ, ਜਦ ਬਲਕਾਰ ਸਿੰਘ ਨੇ ਸਾਜ਼ਿਸ਼ ਤਹਿਤ ਚਾਰ ਹੋਰ ਵਿਅਕਤੀਆਂ ਨਾਲ ਮਿਲ ਕੇ ਹਮਲਾ ਕਰ ਦਿੱਤਾ।

ਦੋਸ਼ੀਆਂ ਬਲਕਾਰ ਸਿੰਘ, ਨਿਸ਼ਾਨ ਸਿੰਘ ਉਰਫ ਬੂਟਾ ਸਿੰਘ, ਜਗਦੀਸ਼ ਉਰਫ ਰਾਜੂ, ਗੁਰਜੰਟ ਸਿੰਘ ਉਰਫ ਜੰਟੀ ਤੇ ਬੋਹੜ ਸਿੰਘ ਨੇ ਹਮਲੇ ਦੌਰਾਨ ਪਿਸਟਲ ਨਾਲ ਗੋਲੀ ਚਲਾਈ ਤੇ ਡਾਂਗਾਂ-ਸੋਟਿਆਂ ਨਾਲ ਸੱਟਾਂ ਮਾਰੀਆਂ।ਹਮਲੇ ਦੌਰਾਨ ਚੀਕ ਚਿਹਾੜੇ ਤੋਂ ਬਾਅਦ ਦੋਸ਼ੀ ਹਥਿਆਰਾਂ ਸਮੇਤ ਮੌਕੇ ਤੋਂ ਫਰਾਰ ਹੋ ਗਏ।ਇੰਸਪੈਕਟਰ ਜਸਵੰਤ ਸਿੰਘ ਨੇ ਦੱਸਿਆ ਕਿ ਪੁਲਸ ਨੇ ਮੁਖਤਿਆਰ ਸਿੰਘ ਦੇ ਬਿਆਨਾਂ 'ਤੇ ਮਾਮਲਾ ਦਰਜ ਕਰ ਲਿਆ ਹੈ।

# ਨਿੰਦਰ ਘੁਗਿਆਣਵੀ ਤੇ ਡਾ. ਤੇਜਵੰਤ ਮਾਨ ਦਾ ਸਨਮਾਨ



**ਸੰਗਰੂਰ (ਪ੍ਰਵੀਨ ਸਿੰਘ)**-ਸ੍ਰੀ ਸੰਦੀਪ ਰਿਸ਼ੀ ਆਈ.ਏ.ਐੱਸ. ਡਿਪਟੀ ਕਮਿਸ਼ਨਰ ਸੰਗਰੂਰ ਨੇ ਪ੍ਰਸਿੱਧ ਵਿਦਵਾਨ ਤੇ ਦਾਰਸ਼ਨਿਕ ਡਾ. ਤੇਜਵੰਤ ਮਾਨ ਸਾਹਿਤ ਰਤਨ ਅਤੇ ਕੇਂਦਰੀ ਯੂਨੀਵਰਸਿਟੀ ਬਠਿੰਡਾ ਦੇ ਪ੍ਰੋਫੈਸਰ ਆਫ ਪ੍ਰੋਜੈਕਟ ਸ੍ਰੀ ਨਿੰਦਰ ਘੁਗਿਆਣਵੀ ਦਾ ਸਨਮਾਨ ਕੀਤਾ।ਜ਼ਿਕਰਯੋਗ ਹੈ ਕਿ ਡਾ. ਤੇਜਵੰਤ ਮਾਨ ਤੇ ਪੰਜਾਬੀ ਸਾਹਿਤ ਆਲੋਚਨਾ, ਸੰਪਾਦਨ ਤੇ ਸਿਰਜਣਾਤਮਕ ਸਾਹਿਤ ਵਿੱਚ ਵੱਡਾ ਯੋਗਦਾਨ ਪਾਇਆ ਹੈ। ਉਨ੍ਹਾਂ ਦੀਆਂ ਸੱਤ ਦਰਜਨ ਤੋਂ ਵੱਧ ਪੁਸਤਕਾਂ ਪ੍ਰਕਾਸ਼ਤ ਹੋ ਚੁੱਕੀਆਂ ਹਨ, ਜਿਨ੍ਹਾਂ ਨੂੰ ਬਹੁਤ ਹੀ ਸ਼ਲਾਘਾ ਮਿਲੀ ਹੈ।ਉਨ੍ਹਾਂ ਅਨੇਕਾਂ ਖੋਜਾਰਥੀਆਂ ਦਾ ਮਾਰਗ ਦਰਸ਼ਨ ਕੀਤਾ ਹੈ।ਸ੍ਰੀ ਨਿੰਦਰ ਘੁਗਿਆਣਵੀ ਦੀਆਂ ਚਾਰ ਦਰਜਨ ਤੋਂ ਵੱਧ ਪੁਸਤਕਾਂ ਪ੍ਰਕਾਸ਼ਤ ਹੋ ਚੁੱਕੀਆਂ ਹਨ।ਜ਼ਿਕਰਯੋਗ ਹੈ ਕਿ ਉਸ ਦੀ ਵਾਰਤਕ ਸਭ ਤੋਂ ਵੱਧ ਪੜ੍ਹੀ ਜਾਂਦੀ ਹੈ।ਉਸ ਨੇ ਜੱਜ ਦੇ ਅਰਦਲੀ ਤੋਂ ਸਫਰ ਸ਼ੁਰੂ ਕਰਕੇ ਪ੍ਰੋਫੈਸਰ ਦੀ ਉਪਾਧੀ ਹਾਸਲ ਕੀਤੀ ਹੈ।ਇਸ ਤੋਂ ਪਹਿਲਾਂ ਉਹ ਵਰਧਾ ਯੂਨੀਵਰਸਿਟੀ ਵਿੱਚ ਰਾਈਟਰ ਆਫ ਰੈਜ਼ੀਡੈਂਟ 'ਤੇ ਕੰਮ ਕਰ ਚੁੱਕੇ ਹਨ।ਉਨ੍ਹਾਂ ਦੀਆਂ ਪੁਸਤਕਾਂ ਸਾਰੀਆਂ ਯੂਨੀਵਰਸਿਟੀਆਂ ਦੇ ਕੋਰਸਾਂ ਵਿੱਚ ਲੱਗੀਆਂ ਹੋਈਆਂ ਹਨ।ਇਸ ਮੌਕੇ ਡਾ. ਭਗਵੰਤ ਸਿੰਘ, ਡਾ. ਰਣਜੋਧ ਸਿੰਘ ਜ਼ਿਲ੍ਹਾ ਭਾਸ਼ਾ ਅਫਸਰ ਸੰਗਰੂਰ, ਜਗਦੀਪ ਸਿੰਘ ਗੰਧਾਰਾ ਐਡਵੋਕੇਟ, ਨਿਹਾਲ ਸਿੰਘ ਮਾਨ, ਅਮਰ ਗਰਗ ਕਲਮਦਾਨ 'ਤੇ ਹੋਰ ਹਾਜ਼ਰ ਸਨ।ਸਾਹਿਤਕਾਰਾਂ ਵੱਲੋਂ ਸ੍ਰੀ ਸੰਦੀਪ ਰਿਸ਼ੀ ਆਈ.ਏ.ਐੱਸ. ਡਿਪਟੀ ਕਮਿਸ਼ਨਰ ਨੂੰ ਫੁਲਕਾਰੀ ਤੇ ਪੁਸਤਕਾਂ ਭੇਟ ਕੀਤੀਆਂ ਗਈਆਂ।ਨਿੰਦਰ ਘੁਗਿਆਣਵੀ ਨੇ ਪੰਜਾਬੀ ਸਾਹਿਤ ਸਭਾ ਸੰਗਰੂਰ ਨਾਲ ਜੁੜੀਆਂ ਯਾਦਾਂ ਨੂੰ ਸਾਂਝਾ ਕੀਤਾ।

# ਕਾਲੇ ਪਾਣੀ ਨੂੰ ਬੰਨ੍ਹ ਮਾਰਨ ਲਈ ਜਨਤਕ ਲਾਮਬੰਦੀ ਤਹਿਤ ਮੀਟਿੰਗ ਭਲਕੇ

## ਲੱਖਾ ਸਿਧਾਣਾ, ਅਮਿਤੋਜ ਮਾਨ ਸਮੇਤ ਮੋਰਚੇ ਦੀ ਸਮੁੱਚੀ ਟੀਮ ਕਰੇਗੀ ਸ਼ਮੂਲੀਅਤ



**ਮੋਗਾ (ਇਕਬਾਲ ਸਿੰਘ ਖਹਿਰਾ)**-3 ਦਸੰਬਰ ਨੂੰ ਕਾਲੇ ਪਾਣੀ ਦਾ ਮੋਰਚਾ ਟੀਮ ਵੱਲੋਂ ਬੁੱਢੇ ਦਰਿਆ ਵਿੱਚ ਰੋਜ਼ਾਨਾ ਡਿੱਗ ਰਹੇ 15 ਕਰੋੜ ਲਿਟਰ ਕਾਲੇ, ਜ਼ਹਿਰੀਲੇ ਤੇ ਬਦਬੂਦਾਰ ਪਾਣੀ ਨੂੰ ਬੰਨ੍ਹ ਮਾਰਨ ਦੇ ਐਲਾਨ ਤੋਂ ਬਾਅਦ ਪੰਜਾਬ ਦੇ ਰਾਜਨੀਤਕ ਖੇਮਿਆਂ ਵਿੱਚ ਭਾਰੀ ਹਲਚਲ ਹੋਣੀ ਸ਼ੁਰੂ ਹੋ ਗਈ ਹੈ ਤੇ ਕਾਲੇ ਪਾਣੀ ਦਾ ਮੋਰਚਾ ਵੱਲੋਂ ਜਨਤਕ ਲਾਮਬੰਦੀ ਮੁਹਿੰਮ ਤੇਜ਼ ਕਰ ਦਿੱਤੀ ਹੈ।ਬੀਤੇ ਕੱਲ੍ਹ ਪਿੰਡ ਹੰਬੜਾਂ ਵਿਖੇ 36 ਪਿੰਡਾਂ ਦੇ ਲੋਕਾਂ ਨਾਲ ਮੀਟਿੰਗ ਕਰਨ ਉਪਰੰਤ ਹੁਣ 23 ਨਵੰਬਰ ਨੂੰ ਮੋਗਾ ਜ਼ਿਲ੍ਹੇ ਦੇ ਉਨ੍ਹਾਂ ਪਿੰਡਾਂ ਨੂੰ ਲਾਮਬੰਦ ਕਰਨ ਲਈ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ, ਜਿਨ੍ਹਾਂ ਪਿੰਡਾਂ ਨੂੰ ਸਰਕਾਰ ਵੱਲੋਂ ਬੁੱਢੇ ਦਰਿਆ ਦਾ ਜ਼ਹਿਰੀਲਾ ਪਾਣੀ ਸਿੱਧਾ ਸਪਲਾਈ ਕਰਨ ਦੀ ਯੋਜਨਾ ਐੱਨ ਜੀ ਟੀ ਵਿੱਚ ਪੇਸ਼ ਕੀਤੀ ਹੈ। ਇਸ ਸਬੰਧੀ 23 ਨਵੰਬਰ ਨੂੰ ਸਵੇਰੇ 11 ਵਜੇ ਗੁਰਦੁਆਰਾ ਨਾਨਕਸਰ ਸਾਹਿਬ ਧਰਮਕੋਟ ਤੇ ਦੁਪਹਿਰ 2 ਵਜੇ ਗੁਰਦੁਆਰਾ ਕਲਿਆਣਸਰ ਜੋਗੇਵਾਲਾ ਰੋਡ ਫਤਿਹਗੜ੍ਹ ਪੰਜਤੂਰ ਵਿਖੇ ਮੀਟਿੰਗ ਕੀਤੀ ਜਾ ਰਹੀ ਹੈ, ਜਿਸ ਵਿੱਚ ਲੱਖਾ ਸਿੰਘ ਸਿਧਾਣਾ, ਅਮਿਤੋਜ ਮਾਨ ਤੇ ਇੰਜ: ਜਸਕੀਰਤ ਸਿੰਘ ਸਮੇਤ ਮੋਰਚੇ ਦੀ ਸਮੁੱਚੀ ਟੀਮ ਸ਼ਮੂਲੀਅਤ ਕਰੇਗੀ।ਇਸ ਸਬੰਧੀ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਕਨਵੀਨਰ ਹਰਭਜਨ ਸਿੰਘ ਬਹੋਨਾ ਤੇ ਸੂਬਾ ਕਮੇਟੀ ਮੈਂਬਰ ਮਹਿੰਦਰ ਪਾਲ ਲੂੰਬਾ ਨੇ ਦੱਸਿਆ ਕਿ 18 ਜੂਨ ਤੋਂ ਸ਼ੁਰੂ ਹੋਈ ਇਸ ਆਰ- ਪਾਰ ਦੀ ਲੜਾਈ ਨੇ ਸਰਕਾਰ ਨੂੰ ਪਸੀਨੇ ਲਿਆ ਦਿੱਤੇ ਹਨ।ਕੇਂਦਰੀ ਤੇ ਸੂਬਾਈ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਤਾਜਪੁਰ, ਇੰਡਸਟਰੀਅਲ ਏਰੀਆ ਤੇ ਬਹਾਦਰਕੇ ਸੀ ਈ ਟੀ ਪੀ ਦਾ ਪਾਣੀ ਬੁੱਢੇ ਦਰਿਆ ਵਿੱਚ ਸੁੱਟਣ 'ਤੇ ਰੋਕ ਲਗਾਈ ਹੋਈ ਹੈ, ਪਰ ਪੰਜਾਬ ਸਰਕਾਰ ਲੋਕ ਮਾਰੂ ਰੰਗਾਈ ਸਨਅਤ ਨੂੰ ਬਚਾਉਣ ਲਈ ਇਨ੍ਹਾਂ ਹੁਕਮਾਂ ਨੂੰ ਲਾਗੂ ਨਹੀਂ ਕਰ ਰਹੀ।ਉਨ੍ਹਾਂ ਦਰਿਆ ਨੇੜੇ ਵਸਦੇ ਪਿੰਡਾਂ ਦੇ ਲੋਕਾਂ ਨੂੰ ਆਪਣੀ ਸੁਵਿਧਾ ਅਨੁਸਾਰ ਇਨ੍ਹਾਂ ਦੋਹਾਂ ਮੀਟਿੰਗਾਂ ਵਿੱਚੋਂ ਕਿਸੇ ਵਿੱਚ ਵੀ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।ਇਨ੍ਹਾਂ ਮੀਟਿੰਗਾਂ ਵਿੱਚ ਸੰਘਰਸ਼ ਦੀ ਰੂਪ-ਰੇਖਾ ਦੀ ਵਿਉਂਤਬੰਦੀ ਕੀਤੀ ਜਾਣੀ ਹੈ।

# ਕੈਬਨਿਟ ਮੰਤਰੀ ਮੁੰਡੀਆਂ ਦੇ ਹਲਕੇ 'ਚ ਸੂਬਾ ਪੱਧਰੀ ਧਰਨੇ ਦੀਆਂ ਤਿਆਰੀਆਂ ਮੁਕੰਮਲ



**ਜਲਾਲਾਬਾਦ (ਜੀਤ ਕੁਮਾਰ)**-ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਪੰਜਾਬ ਸਰਕਾਰ ਦੇ ਅਧੀਨ ਚੱਲ ਰਹੀਆਂ ਜਲ ਸਪਲਾਈ ਸਕੀਮਾਂ 'ਤੇ ਫੀਲਡ ਤੇ ਦਫਤਰਾਂ 'ਚ ਪਿਛਲੇ 15-20 ਸਾਲਾਂ ਤੋਂ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਤੇ ਆਊਟਸੋਰਸ ਠੇਕਾ ਅਧਾਰਤ ਮੁਲਾਜ਼ਮਾਂ ਨੂੰ ਸਬੰਧਤ ਵਿਭਾਗ 'ਚ ਸ਼ਾਮਲ ਕਰਕੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਨਾ, ਕਿਰਤ ਕਾਨੂੰਨ ਦੇ ਮੁਤਾਬਿਕ ਵਧੀਆਂ ਉਜ਼ਰਤਾਂ ਦੇ ਅਨੁਸਾਰ ਤਨਖਾਹ 'ਚ ਵਾਧਾ ਕਰਨਾ, ਈ.ਪੀ.ਐੱਫ., ਈ.ਐੱਸ.ਆਈ. ਤੇ ਬੋਨਸ ਲਾਗੂ ਕਰਨਾ, ਜਲ ਸਪਲਾਈ ਸਕੀਮਾਂ 'ਤੇ ਸਕਾਡਾ ਸਿਸਟਮ ਲਗਾ ਕੇ, ਨਿੱਜੀਕਰਨ/ਪੰਚਾਇਤੀਕਰਨ ਕਰਨ ਦੀਆਂ ਨੀਤੀਆਂ ਨੂੰ ਰੱਦ ਕਰਨਾ ਸਮੇਤ 'ਮੰਗ ਪੱਤਰ' ਵਿੱਚ ਦਰਜ ਹੱਕੀ ਤੇ ਜਾਇਜ਼ ਮੰਗਾਂ ਦਾ ਨਿਪਟਾਰਾ ਕਰਵਾਉਣ ਲਈ ਪੰਜਾਬ ਸਰਕਾਰ ਤੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੀ ਮੈਨੇਜਮੈਂਟ ਖਿਲਾਫ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.) ਦੀ ਸੂਬਾ ਵਰਕਿੰਗ ਕਮੇਟੀ ਦੇ ਫੈਸਲੇ ਤਹਿਤ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਦੇ ਵਿਧਾਨ ਸਭਾ ਹਲਕਾ ਸਾਹਨੇਵਾਲ (ਜ਼ਿਲ੍ਹਾ ਲੁਧਿਆਣਾ) ਵਿਖੇ 24 ਨਵੰਬਰ ਨੂੰ ਸੂਬਾ ਪੱਧਰੀ ਧਰਨਾ ਦਿੱਤਾ ਜਾਵੇਗਾ, ਜਿਸ ਦੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ ਤੇ ਪੰਜਾਬ ਭਰ ਤੋਂ ਵੱਡੀ ਗਿਣਤੀ ਵਿੱਚ ਜਲ ਸਪਲਾਈ ਵਰਕਰ ਆਪਣੇ ਪਰਿਵਾਰਾਂ-ਬੱਚਿਆਂ ਸਮੇਤ ਵਹੀਰਾਂ ਘੱਤ ਕੇ ਇਸ ਧਰਨੇ ਵਿੱਚ ਸ਼ਾਮਲ ਹੋਣਗੇ। ਇਹ ਜਾਣਕਾਰੀ ਜਥੇਬੰਦੀ ਦੇ ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ, ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਬੁੱਢੇਵਾਲ ਤੇ ਸੂਬਾ ਪ੍ਰੈੱਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ ਵੱਲੋਂ ਅੱਜ ਇਥੇ ਪ੍ਰੈੱਸ ਨੋਟ ਜਾਰੀ ਕਰਦਿਆਂ ਦਿੱਤੀ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ, ਵਿਭਾਗੀ ਕੈਬਨਿਟ ਮੰਤਰੀ ਤੇ ਵਿਭਾਗੀ ਮੈਨੇਜਮੈਂਟ ਨੂੰ ਅਣਗਿਣਤ ਮੰਗ-ਪੱਤਰ ਭੇਜੇ ਗਏ। ਇਸ ਦੌਰਾਨ ਭਾਵੇਂ ਕਿ ਪੰਜਾਬ ਸਰਕਾਰ ਦੀ 'ਕੈਬਨਿਟ ਸਬ-ਕਮੇਟੀ' ਤੇ ਵਿਭਾਗੀ ਮੈਨੇਜਮੈਂਟ ਨਾਲ ਉਪਰੋਕਤ ਜਥੇਬੰਦੀ ਦੀ ਲੀਡਰਸ਼ਿਪ ਨਾਲ ਹੋਈਆ ਪੈਨਲ ਮੀਟਿੰਗਾਂ ਵਿੱਚ ਇਨਲਿਸਟਮੈਂਟ ਤੇ ਆਊਟਸੋਰਸ ਠੇਕਾ ਅਧਾਰਤ ਮੁਲਾਜ਼ਮਾਂ ਦੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਨ ਸਮੇਤ ਤਮਾਮ ਮੰਗਾਂ ਦਾ ਹੱਲ ਕਰਨ ਦੇ ਲਈ ਵਾਅਦੇ ਕੀਤੇ ਗਏ ਪਰ ਤ੍ਰਾਸਦੀ ਇਹ ਹੈ ਕਿ ਇਨ੍ਹਾਂ ਵਰਕਰਾਂ ਦਾ ਪੱਕਾ ਰੁਜ਼ਗਾਰ ਕਰਨ ਵਾਲੀ ਪ੍ਰਮੁੱਖ ਮੰਗ ਦਾ ਹੱਲ ਨਹੀਂ ਹੋ ਸਕਿਆ, ਉਥੇ ਹੀ ਬੀਤੇ ਢਾਈ ਸਾਲਾਂ ਦੇ ਵੱਧ ਸਮੇਂ ਤੋਂ ਵਰਕਰਾਂ ਦੀ ਤਨਖਾਹ ਵਿਚ ਵਾਧਾ ਵੀ ਨਹੀਂ ਕੀਤਾ ਗਿਆ ਹੈ। ਇਸ ਦੇ ਨਾਲ ਹੀ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਅਧੀਨ ਚੱਲ ਰਹੀਆਂ ਜਲ ਸਪਲਾਈ ਸਕੀਮਾਂ 'ਤੇ ਸਕਾਡਾ ਸਿਸਟਮ ਲਗਾ ਕੇ ਨਿੱਜੀਕਰਨ/ਪੰਚਾਇਤੀਕਰਨ ਵਾਲੀਆਂ ਮਾਰੂ ਨੀਤੀਆ ਲਾਗੂ ਕਰਕੇ ਇਨਲਿਸਟਮੈਂਟ/ਆਊਟਸੋਰਸ ਠੇਕਾ ਵਰਕਰਾਂ ਦੇ ਕੱਚੇ ਪਿੱਲੇ ਰੁਜ਼ਗਾਰ ਨੂੰ ਖੋਹ ਕੇ ਬੇਰੁਜ਼ਗਾਰ ਕਰਨ ਦੀਆਂ ਕੋਸ਼ਿਸ਼ ਕੀਤੀਆਂ ਜਾ ਰਹੀਆਂ ਹਨ, ਜਿਨ੍ਹਾਂ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਇਸ ਕੱਚੇ ਪਿੱਲੇ ਰੁਜ਼ਗਾਰ ਨਾਲ ਵਰਕਰਾਂ ਦੇ ਘਰਾਂ ਦੇ ਬਲਦੇ ਚੁੱਲ੍ਹੇ ਦੀ ਅੱਗ ਨੂੰ ਬਲਦੀ ਰੱਖਣ ਲਈ ਤੇ ਪੱਕਾ ਰੁਜ਼ਗਾਰ ਕਰਵਾਉਣ ਤੱਕ ਚੱਲ ਰਹੇ ਸੰਘਰਸ਼ ਨੂੰ ਜਾਰੀ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ 24 ਨਵੰਬਰ ਦੇ ਧਰਨੇ ਤੋਂ ਸਬਕ ਲੈ ਕੇ ਜੇਕਰ ਸਰਕਾਰ ਵੱਲੋਂ ਮੰਗਾਂ ਦਾ ਹੱਲ ਨਹੀਂ ਕੀਤਾ ਗਿਆ ਤਾਂ ਜਥੇਬੰਦੀ ਵੱਲੋਂ ਮਜਬੂਰਨ ਸੰਘਰਸ਼ ਨੂੰ ਤਿੱਖਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੂਬਾ ਆਗੂ ਹਾਕਮ ਸਿੰਘ ਧਨੇਠਾ, ਭੁਪਿੰਦਰ ਸਿੰਘ ਕੁਤਬੇਵਾਲ, ਰੁਪਿੰਦਰ ਸਿੰਘ, ਜਸਬੀਰ ਸਿੰਘ ਜਿੰਦਵੜੀ, ਬਲਜੀਤ ਸਿੰਘ ਭੱਟੀ, ਮਨਪ੍ਰੀਤ ਸਿੰਘ, ਜਗਰੂਪ ਸਿੰਘ, ਸੁਰਿੰਦਰ ਸਿੰਘ, ਓਂਕਾਰ ਸਿੰਘ, ਪ੍ਰਦੂਮਣ ਸਿੰਘ, ਤਰਜਿੰਦਰ ਸਿੰਘ ਮਾਨ, ਗੁਰਵਿੰਦਰ ਸਿੰਘ ਬਾਠ, ਜਸਵੀਰ ਸਿੰਘ ਸੀਰਾ, ਮੇਜਰ ਸਿੰਘ, ਗੁਰਵਿੰਦਰ ਸਿੰਘ ਪੰਜੋਲੀ ਮੌਜੂਦ ਸਨ।

# ਇਨਸਾਨਾਂ ਨਾਲ ਪਿਆਰ ਹੀ ਰੱਬ ਨਾਲ ਪਿਆਰ ਹੈ : ਮਾਤਾ ਸੁਦੀਕਸ਼ਾ



**ਸਮਾਣਾ/ਸਮਾਲਖਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਸੰਤ ਨਿਰੰਕਾਰੀ ਮਿਸ਼ਨ ਬ੍ਰਾਂਚ ਸਮਾਣਾ ਦੇ ਸੰਯੋਜਕ ਐਡਵੋਕੇਟ ਸੁਰਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਾਲਾਨਾ 77ਵੇਂ ਅੰਤਰਰਾਸ਼ਟਰੀ ਸਮਾਗਮ ਦੇ ਦੂਜੇ ਦਿਨ ਨਿਰੰਕਾਰੀ ਸੰਤ ਸਮਾਗਮ ਦਾ ਵਿਸ਼ਾਲ ਸਮਾਗਮ ਸੰਤ ਨਿਰੰਕਾਰੀ ਅਧਿਆਤਮਕ ਅਸਥਾਨ ਸਮਾਲਖਾ (ਹਰਿਆਣਾ) ਵਿਖੇ ਬੜੀ ਧੂਮਧਾਮ ਨਾਲ ਮਨਾਇਆ ਗਿਆ, ਜਿਸ ਵਿੱਚ ਲੱਖਾਂ ਦੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਭਾਗ ਲੈ ਕੇ ਸੁਖਦ ਆਨੰਦ ਦਾ ਇਲਾਹੀ ਆਨੰਦ ਪ੍ਰਾਪਤ ਕੀਤਾ।ਸਤਿਗੁਰੂ ਮਾਤਾ ਜੀ ਨੇ ਆਪਣੇ ਇਲਾਹੀ ਸੰਦੇਸ਼ ਵਿੱਚ ਕਿਹਾ ਕਿ ਸੰਸਾਰ ਵਿੱਚ ਵਿਚਰਣ ਕਰਦੇ ਹੋਏ ਜਦੋਂ ਅਸੀਂ ਆਪਣੇ ਸੀਮਿਤ ਦਾਇਰੇ ਤੋਂ ਸੋਚਦੇ ਹਾਂ, ਤਾਂ ਅਸੀਂ ਸਿਰਫ ਕੁਝ ਲੋਕਾਂ ਦੇ ਸਾਹਮਣੇ ਆ ਸਕਦੇ ਹਾਂ, ਪਰ ਜਦੋਂ ਅਸੀਂ ਬ੍ਰਹਮ ਗਿਆਨ ਦੇ ਬ੍ਰਹਮ ਪ੍ਰਕਾਸ਼ ਦੁਆਰਾ ਇਸ ਪਰਮ ਪਿਤਾ ਪਰਮ ਆਤਮਾ ਨਾਲ ਜੁੜਦੇ ਹਾਂ, ਤਾਂ ਅਸੀਂ ਸੱਚੇ ਅਰਥਾਂ ਵਿੱਚ ਸਾਰਿਆਂ ਨੂੰ ਪਿਆਰ ਕਰਨ ਲੱਗਦੇ ਹਾਂ। ਇਹ ਪ੍ਰੇਮ-ਭਗਤੀ ਪ੍ਰਮਾਤਮਾ ਨੂੰ ਪ੍ਰਾਪਤ ਕਰਨ ਦਾ ਸਭ ਤੋਂ ਆਸਾਨ ਤਰੀਕਾ ਹੈ।ਸਤਿਗੁਰੂ ਮਾਤਾ ਜੀ ਨੇ ਕਿਹਾ ਕਿ ਜੇਕਰ ਜੀਵਨ ਦੇ ਹਰ ਪਲ ਨੂੰ ਭਗਤੀ ਵਿੱਚ ਬਦਲ ਲਿਆ ਜਾਵੇ ਤਾਂ ਭਗਤੀ ਲਈ ਸਮਾਂ ਕੱਢਣ ਦੀ ਲੋੜ ਨਹੀਂ ਹੈ।ਜਦੋਂ ਇਹ ਵਿਚਾਰਧਾਰਾ ਵਿਆਪਕ ਹੋ ਜਾਂਦੀ ਹੈ, ਤਾਂ ਇਹ ਹਰ ਕਿਸੇ ਪ੍ਰਤੀ ਨਿਰਸਵਾਰਥ ਸੇਵਾ ਤੇ ਪਿਆਰ ਦੀ ਭਾਵਨਾ ਨੂੰ ਜਗਾਉਂਦੀ ਹੈ।ਉਨ੍ਹਾ ਨੇ ਸੰਤਾਂ ਦੀ ਸੰਗਤ ਤੇ ਸਿਮਰਨ ਨੂੰ ਆਤਮਾ ਦੀ ਗਹਿਰਾਈ ਨਾਲ ਜੁੜਨ ਦਾ ਸਰਲ ਸਾਧਨ ਦੱਸਿਆ।ਸੰਤ ਸਮਾਗਮ ਦਾ ਦੂਸਰਾ ਦਿਨ ਸੇਵਾ ਦਲ ਦੀ ਰੈਲੀ ਨੂੰ ਸਮਰਪਤ ਰਿਹਾ।ਇਸ ਆਕਰਸ਼ਕ ਰੈਲੀ ਵਿੱਚ ਦੇਸ਼-ਵਿਦੇਸ਼ ਤੇ ਦੂਰ-ਦੁਰਾਡੇ ਤੋਂ ਸੇਵਾ ਦਲ ਦੇ ਵੀਰਾਂ-ਭੈਣਾਂ ਨੇ ਸ਼ਮੂਲੀਅਤ ਕੀਤੀ ਅਤੇ ਮਿਸ਼ਨ ਦੀਆਂ ਸਿੱਖਿਆਵਾਂ ਤੇ ਅਧਿਆਤਮਿਕਤਾ 'ਤੇ ਆਧਾਰਤ ਲਘੂ ਨਾਟਕ ਪੇਸ਼ ਕੀਤਾ ਗਿਆ।ਇਸ ਮੌਕੇ ਮੁੱਖ ਤੌਰ 'ਤੇ ਸਰੀਰਕ ਕਸਰਤ, ਖੇਡਾਂ ਤੇ ਵੱਖ-ਵੱਖ ਸੱਭਿਆਚਾਰਕ ਪ੍ਰੋਗਰਾਮਾਂ ਦੀ ਪੇਸ਼ਕਾਰੀ ਰਾਹੀਂ ਨਿਰਸਵਾਰਥ ਸੇਵਾ ਦੀ ਭਾਵਨਾ ਦਾ ਪ੍ਰਗਟਾਵਾ ਕੀਤਾ ਗਿਆ।

## ਨਸ਼ੇ ਤੇ ਸਟਰੀਟ ਕ੍ਰਾਈਮ ਨੂੰ ਜੜ੍ਹੋਂ ਖਤਮ ਕਰਨ ਜੈਤੋ 'ਚ ਪਬਲਿਕ ਮੀਟਿੰਗ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਨਸ਼ੇ ਤੇ ਸਟਰੀਟ ਕ੍ਰਾਈਮ ਖਿਲਾਫ ਪੁਲਸ ਤੇ ਜਨਤਾ ਵਿਚਕਾਰ ਸਹਿਯੋਗ ਅਤੇ ਇਕਜੁੱਟਤਾ ਨੂੰ ਮਜ਼ਬੂਤ ਕਰਨ ਲਈ ਪੰਜਾਬ ਪੁਲਸ ਨੇ ਸੰਪਰਕ ਮੁਹਿੰਮ ਦੀ ਸ਼ੁਰੂਆਤ ਕੀਤੀ ਹੈ।ਡਾ. ਪ੍ਰਗਿਆ ਜੈਨ ਐੱਸ ਐੱਸ ਪੀ ਫਰੀਦਕੋਟ ਦੀ ਅਗਵਾਈ ਵਿੱਚ ਫਰੀਦਕੋਟ ਪੁਲਸ ਨੇ ਪਬਲਿਕ ਦੇ ਸਹਿਯੋਗ ਨੂੰ ਵਧਾਉਣ ਲਈ ਪਿੰਡਾਂ, ਸ਼ਹਿਰਾਂ ਤੇ ਮੁਹੱਲਿਆਂ 'ਚ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ ਕੀਤਾ ਹੋਇਆ ਹੈ।ਇਸ ਯਤਨ ਦੇ ਹਿੱਸੇ ਵਜੋਂ ਫਰੀਦਕੋਟ ਪੁਲਸ ਦੇ ਸੀਨੀਅਰ ਅਧਿਕਾਰੀ ਤੇ ਮੁੱਖ ਅਫਸਰ ਥਾਣਾ ਪਿੰਡਾਂ ਤੇ ਕਸਬਿਆਂ ਵਿੱਚ ਜਾ ਕੇ ਜਨਤਾ ਨਾਲ ਮੁਲਾਕਾਤ ਕਰਦੇ ਹਨ, ਜਿੱਥੇ ਉਨ੍ਹਾਂ ਦੀਆਂ ਸਮੱਸਿਆਵਾਂ ਬਾਰੇ ਵਿਚਾਰ-ਵਟਾਂਦਰਾ ਹੁੰਦਾ ਹੈ।ਇਹ ਮੀਟਿੰਗਾਂ ਇਸ ਲਈ ਖ਼ਾਸ ਹਨ, ਕਿਉਂਕਿ ਲੋਕਾਂ ਦੀਆਂ ਮੁੱਖ ਸਮੱਸਿਆਵਾਂ ਨੂੰ ਸੁਣਨ ਤੇ ਤੁਰੰਤ ਹੱਲ ਲਈ ਲੋੜੀਂਦੇ ਕਦਮ ਚੁੱਕੇ ਜਾਂਦੇ ਹਨ।ਮੁਹਿੰਮ 'ਸੰਪਰਕ' ਦੇ ਤਹਿਤ ਸੁਖਦੀਪ ਸਿੰਘ ਡੀ ਐੱਸ ਪੀ (ਜੈਤੋ) ਵੱਲੋਂ ਜੈਤੋ ਵਿਖੇ ਟਰੱਕ ਯੂਨੀਅਨ ਦੇ ਮੈਂਬਰਾਂ ਨਾਲ ਮੀਟਿੰਗ ਕੀਤੀ ਗਈ।ਇਸ ਮੀਟਿੰਗ ਦਾ ਉਦੇਸ਼ ਲੋਕਾਂ ਨੂੰ ਆਪਣੀਆਂ ਸਮੱਸਿਆਵਾਂ ਬੇਝਿਜਕ ਪੇਸ਼ ਕਰਨ ਲਈ ਇਕ ਮੰਚ ਪ੍ਰਦਾਨ ਕਰਨਾ ਤੇ ਪੁਲਸ ਸੇਵਾਵਾਂ ਨੂੰ ਹੋਰ ਜ਼ਿੰਮੇਵਾਰ, ਪਾਰਦਰਸ਼ੀ ਤੇ ਲੋਕਾਂ ਦੀਆਂ ਉਮੀਦਾਂ ਦੇ ਅਨੁਸਾਰ ਬਣਾਉਣਾ ਹੈ।ਇਸ ਦੌਰਾਨ ਮੌਜੂਦ ਲੋਕਾਂ ਵੱਲੋਂ ਆਪਣੀਆਂ ਮੁੱਖ ਸਮੱਸਿਆਵਾਂ ਬਾਰੇ ਖੁੱਲ੍ਹ ਕੇ ਗੱਲ ਕੀਤੀ।ਡੀ ਐੱਸ ਪੀ ਜੈਤੋ ਵੱਲੋਂ ਲੋਕਾਂ ਨੂੰ ਯਕੀਨ ਦਿਵਾਇਆ ਕਿ ਪੁਲਸ ਪ੍ਰਸ਼ਾਸਨ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਲਈ ਉਚਿਤ ਕਾਰਵਾਈ ਕਰੇਗਾ।

## ਪ੍ਰਧਾਨ ਗੁਰਤੇਜ ਗਿੱਲ ਨੇ ਵਕੀਲ ਭਾਈਚਾਰੇ ਨੂੰ ਕ੍ਰਿਕਟ ਕਿੱਟਾਂ ਵੰਡੀਆਂ



**ਜਗਰਾਉਂ (ਨਛੱਤਰ ਸੰਧੂ)**-ਨਸ਼ਿਆਂ ਤੇ ਹੋਰ ਭੈੜੀਆਂ ਅਲਾਮਤਾਂ ਤੋਂ ਦੂਰ ਰੱਖਣ ਲਈ ਬਾਰ ਐਸੋਸੀਏਸ਼ਨ ਜਗਰਾਉਂ ਦੇ ਪ੍ਰਧਾਨ ਗੁਰਤੇਜ ਸਿੰਘ ਗਿੱਲ ਵੱਲੋਂ ਨੌਜਵਾਨ ਵਕੀਲ ਭਾਈਚਾਰੇ ਨੂੰ ਵਰਦੀਆਂ ਤੇ ਕ੍ਰਿਕਟ ਕਿੱਟਾਂ ਵੰਡੀਆਂ ਗਈਆਂ। ਇਸ ਮੌਕੇ ਗੱਲਬਾਤ ਕਰਦਿਆਂ ਪ੍ਰਧਾਨ ਗੁਰਤੇਜ ਸਿੰਘ ਗਿੱਲ ਨੇ ਕਿਹਾ ਕਿ ਅੱਜ ਸਾਡੇ ਸਮਾਜ ਵਿੱਚ ਨੌਜਵਾਨ ਵਰਗ ਨੂੰ ਨਸ਼ਿਆਂ ਤੇ ਹੋਰ ਭੈੜੀਆਂ ਬਿਮਾਰੀਆਂ ਦਾ ਕੋਹੜ ਲੱਗ ਚੁੱਕਾ ਹੈ, ਜਿਸ ਦੇ ਬਚਾਅ ਲਈ ਅੱਜ ਇਹ ਉਪਰਾਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਵਕੀਲ ਭਾਈਚਾਰਾ ਜਿੱਥੇ ਖੇਡਾਂ ਵੱਲ ਪ੍ਰੇਰਿਤ ਹੋ ਕੇ ਸਰੀਰਕ ਪੱਖੋਂ ਫਿੱਟ ਹੋਵੇਗਾ, ਉੱਥੇ ਮਾਨਸਿਕ ਤੇ ਬੌਧਿਕ ਵਿਕਾਸ ਵੀ ਹੋਵੇਗਾ। ਉਨ੍ਹਾਂ ਕਿਹਾ ਕਿ ਵਕੀਲ ਭਾਈਚਾਰੇ ਨੇ ਕ੍ਰਿਕਟ ਕਿੱਟਾਂ ਲੈ ਕੇ ਖੁਸ਼ੀ ਮਨਾਈ ਤੇ ਖੇਡਾਂ ਦੇ ਖੇਤਰ ਵਿੱਚ ਭਾਗ ਲੈਣ ਦਾ ਪ੍ਰਣ ਲਿਆ।

## ਆਲ ਇੰਡੀਆ ਅਰੋੜਾ ਖੱਤਰੀ ਪੰਜਾਬੀ ਕਮਿਊਨਿਟੀ ਵੱਲੋਂ ਹਰਸਿਮਰਨ ਸਿੰਘ ਕਪੂਰ ਜ਼ਿਲ੍ਹਾ ਪ੍ਰਧਾਨ ਨਿਯੁਕਤ



**ਮੁਕਤਸਰ (ਸ਼ਮਿੰਦਰਪਾਲ, ਪੂਜਾ)**-ਅਖਿਲ ਭਾਰਤੀ ਸੰਗਠਨ ਆਲ ਇੰਡੀਆ ਅਰੋੜਾ ਖੱਤਰੀ ਪੰਜਾਬੀ ਕਮਿਊਨਿਟੀ ਦੇ ਰਾਸ਼ਟਰੀ ਪ੍ਰਧਾਨ ਸੂਰਜਵੰਸ਼ੀ ਕਮਲ ਹਾਂਡਾ ਨੇ ਸ੍ਰੀ ਮੁਕਤਸਰ ਸਾਹਿਬ ਨਿਵਾਸੀ ਮਾਲਵੇ ਦੀ ਧਮਕ ਪੰਜਾਬੀ ਨਿਊਜ਼ ਪੇਪਰ ਦੇ ਸੰਪਾਦਕ ਤੇ ਚਾਲੀ ਮੁਕਤੇ ਵੈੱਲਫੇਅਰ ਸੁਸਾਇਟੀ ਐੱਨ.ਜੀ.ਓ. ਦੇ ਪ੍ਰਧਾਨ ਸੂਰਜਵੰਸ਼ੀ ਹਰਸਿਮਰਨ ਸਿੰਘ ਕਪੂਰ ਨੂੰ ਮੁਕਤਸਰ ਜ਼ਿਲ੍ਹਾ ਪ੍ਰਧਾਨ ਦੀ ਜ਼ਿੰਮੇਵਾਰੀ ਸੌਂਪੀ।ਨਵੇਂ ਚੁਣੇ ਜ਼ਿਲ੍ਹਾ ਪ੍ਰਧਾਨ ਨੂੰ ਜ਼ਿਲ੍ਹੇ ਦੇ ਅੰਦਰ ਆਉਂਦੇ ਚਾਰੇ ਵਿਧਾਨ ਸਭਾ ਹਲਕੇ ਲੰਬੀ, ਗਿੱਦੜਬਾਹਾ, ਮਲੋਟ, ਸ੍ਰੀ ਮੁਕਤਸਰ ਸਾਹਿਬ ਵਿੱਚ ਮਹਿਲਾ ਤੇ ਨੌਜਵਾਨ ਵਿਧਾਨ ਸਭਾ ਪ੍ਰਧਾਨ ਅਤੇ ਕਾਰਜਕਾਰੀਆਂ ਦੀ ਜ਼ਿੰਮੇਵਾਰੀ ਵੀ ਕੇਂਦਰੀ ਅਗਵਾਈ, ਮੁਕਤਸਰ ਜ਼ਿਲ੍ਹੇ ਦੇ ਵਿਸ਼ੇਸ਼ ਮੈਂਬਰਾਂ ਨਾਲ ਸਲਾਹ ਮਸ਼ਵਰਾ ਕਰਕੇ ਦਿੱਤੀ ਗਈ। ਨਵੇਂ ਚੁਣੇ ਜ਼ਿਲ੍ਹਾ ਪ੍ਰਧਾਨ ਸੂਰਜਵੰਸ਼ੀ ਹਰਸਿਮਰਨ ਸਿੰਘ ਕਪੂਰ ਨੇ ਸੰਗਠਨ ਦੇ ਰਾਸ਼ਟਰੀ ਪ੍ਰਧਾਨ ਸੂਰਜਵੰਸ਼ੀ ਕਮਲ ਹਾਂਡਾ, ਰਾਸ਼ਟਰੀ ਉਪ ਪ੍ਰਧਾਨ ਸੂਰਜਵੰਸ਼ੀ ਸਾਹਿਬ ਦਯਾਲ ਵਧਵਾ, ਰਾਸ਼ਟਰੀ ਜਨਰਲ ਸਕੱਤਰ ਸੂਰਜਵੰਸ਼ੀ ਜਯੋਤੀ ਕਮਲ ਹਾਂਡਾ, ਸੂਰਜਵੰਸ਼ੀ ਰਜਨੇਸ਼ ਬਹਿਲ ਦਾ ਧੰਨਵਾਦ ਕਰਦਿਆਂ ਉਨ੍ਹਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਜੋ ਭਰੋਸਾ ਉਨ੍ਹਾਂ 'ਤੇ ਕਰਦੇ ਹਨ ਉਸ ਭਰੋਸੇ ਨੂੰ ਟੁੱਟਣ ਨਹੀਂ ਦੇਣਗੇ।

## ਸਿੰਗਲਾ ਵੱਲੋਂ ਸੁਪਰ ਸਕਸ਼ਨ ਮਸ਼ੀਨਾਂ ਨਾਲ ਸੀਵਰੇਜ ਸਫਾਈ ਦਾ ਰਸਮੀ ਉਦਘਾਟਨ



**ਮਾਨਸਾ (ਆਤਮਾ ਸਿੰਘ ਪਮਾਰ)**-ਮਾਨਸਾ ਸ਼ਹਿਰ ਦੇ ਸੀਵਰੇਜ ਦੇ ਪਾਣੀ ਦੀ ਸਮੱਸਿਆ ਦੇ ਸੁਚੱਜੇ ਪ੍ਰਬੰਧ ਲਈ ਨਗਰ ਕੌਂਸਲ ਮਾਨਸਾ ਵੱਲੋਂ ਵੱਖ-ਵੱਖ ਟੈਂਡਰ ਲਗਾ ਕੇ ਦੋ ਸੁਪਰ ਸਕਸ਼ਨ ਮਸ਼ੀਨਾਂ ਨਾਲ ਸੀਵਰੇਜ ਦੀ ਸਫਾਈ ਕਰਵਾਉਣੀ ਸ਼ੁਰੂ ਕਰ ਦਿੱਤੀ ਗਈ ਹੈ ਤੇ ਜਲਦ ਹੀ ਇਲਾਕਾ ਨਿਵਾਸੀਆਂ ਨੂੰ ਸੀਵਰੇਜ ਦੀ ਸਮੱਸਿਆ ਤੋਂ ਰਾਹਤ ਮਿਲੇਗੀ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਮਾਨਸਾ ਡਾ. ਵਿਜੈ ਸਿੰਗਲਾ ਨੇ ਸੁਪਰ ਸਕਸ਼ਨ ਮਸ਼ੀਨਾਂ ਨਾਲ ਸੀਵਰੇਜ ਦੀ ਸਫਾਈ ਦਾ ਕੰਮ ਸ਼ੁਰੂ ਕਰਨ ਦਾ ਰਸਮੀ ਉਦਘਾਟਨ ਕਰਦਿਆਂ ਕੀਤਾ। ਡਾ. ਸਿੰਗਲਾ ਨੇ ਕਿਹਾ ਕਿ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੀਵਰੇਜ ਦੀ ਸਮੱਸਿਆ ਦੇ ਹੱਲ ਦੀ ਵਚਨਬੱਧਤਾ ਤੇ ਕੀਤੇ ਵਾਅਦੇ ਮੁਤਾਬਕ ਅੱਜ ਸ਼ਹਿਰ ਦੇ ਸਾਲਾਂ ਤੋਂ ਬਲਾਕ ਪਏ ਸੀਵਰੇਜ ਨੂੰ ਖੋਲ੍ਹਣ ਤੇ ਸਾਫ-ਸਫਾਈ ਕਰਨ ਲਈ ਦੋ ਸੁਪਰ ਸਕਸ਼ਨ ਮਸ਼ੀਨਾਂ ਲਗਾ ਦਿੱਤੀਆਂ ਗਈਆਂ ਹਨ। ਇਸ ਨਾਲ ਵੱਡੇ ਪੱਧਰ 'ਤੇ ਸ਼ਹਿਰ ਦੇ ਵਾਰਡਾਂ ਨੂੰ ਸੀਵਰੇਜ ਦੀ ਸਮੱਸਿਆ ਤੋਂ ਛੁਟਕਾਰਾ ਮਿਲੇਗਾ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਨਿਰਮਲ ਓਸੇਪਚਨ, ਚੇਅਰਮੈਨ ਮਾਰਕਿਟ ਕਮੇਟੀ ਮਾਨਸਾ ਗੁਰਪ੍ਰੀਤ ਸਿੰਘ ਭੁੱਚਰ, ਨਗਰ ਕੌਂਸਲ ਦੇ ਸੀਨੀਅਰ ਵਾਈਸ ਪ੍ਰਧਾਨ ਸੁਨੀਲ ਕੁਮਾਰ ਨੀਨੂ, ਸਾਬਕਾ ਸੀਨੀਅਰ ਵਾਈਸ ਪ੍ਰਧਾਨ ਵਿਸ਼ਾਲ ਜੈਨ ਗੋਲਡੀ, ਮੀਤ ਪ੍ਰਧਾਨ ਰਾਮਪਾਲ ਸਿੰਘ, ਐਡਵੋਕੇਟ ਅਮਨ ਕੁਮਾਰ ਮਿੱਤਲ, ਕੌਂਸਲਰ ਦਵਿੰਦਰ ਜਿੰਦਲ ਬਿੰਦਰ, ਸੀਵਰੇਜ ਬੋਰਡ ਦੇ ਐੱਸ.ਡੀ.ਓ. ਮਨਪ੍ਰੀਤ ਸਿੰਘ ਤੇ ਜੇ. ਈ. ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਨੁਮਾਇੰਦੇ ਤੇ ਸ਼ਹਿਰ ਨਿਵਾਸੀ ਹਾਜ਼ਰ ਸਨ।

## ਸਮਾਜ ਸੇਵੀਆਂ ਵੱਲੋਂ ਲੜਕੀ ਦੇ ਵਿਆਹ ਮੌਕੇ ਅਲਮਾਰੀ ਭੇਟ



**ਕੋਟਕਪੂਰਾ (ਰਛਪਾਲ ਭੁੱਲਰ)**-ਸਮਾਜਸੇਵੀ ਸੰਸਥਾ ਗੌਤਮ ਬੁੱਧ ਐਜੂਕੇਸ਼ਨਲ ਐਂਡ ਚੈਰੀਟੇਬਲ ਵੈੱਲਫੇਅਰ ਸੁਸਾਇਟੀ ਫਰੀਦਕੋਟ ਦੇ ਮੈਂਬਰਾਂ ਵੱਲੋਂ ਆਪਣੇ ਸਮਾਜ ਪ੍ਰਤੀ ਕੰਮਾਂ ਨੂੰ ਜਾਰੀ ਰੱਖਦਿਆਂ ਇਕ ਲੋੜਵੰਦ ਲੜਕੀ ਦੇ ਵਿਆਹ ਮੌਕੇ ਉਨ੍ਹਾਂ ਦੇ ਘਰ ਪਹੁੰਚ ਕੇ ਅਲਮਾਰੀ ਗਿਫਟ ਦੇ ਰੂਪ ਵਿੱਚ ਭੇਟ ਕੀਤੀ ਗਈ।ਇਸ ਮੌਕੇ ਜਾਣਕਾਰੀ ਦਿੰਦਿਆਂ ਸੁਸਾਇਟੀ ਦੇ ਪ੍ਰਧਾਨ ਪਰਮਪਾਲ ਸ਼ਾਕਿਆ ਨੇ ਦੱਸਿਆ ਕਿ ਇਸ ਦੀ ਸੂਚਨਾ ਸੁਸਾਇਟੀ ਦੇ ਮੈਂਬਰਾਂ ਨੂੰ ਮਿਲੀ ਤਾਂ ਉਨ੍ਹਾਂ ਇਸ ਬਾਰੇ ਪੂਰੀ ਜਾਣਕਾਰੀ ਹਾਸਲ ਕੀਤੀ ਤੇ ਟੀਮ ਲੜਕੀ ਦੇ ਘਰ ਜਾ ਕੇ ਉਸ ਦੇ ਮਾਪਿਆਂ ਨੂੰ ਮਿਲੀ।ਪਰਮਪਾਲ ਨੇ ਦੱਸਿਆ ਕਿ ਪਰਵਾਰ ਲੋੜਵੰਦ ਹੋਣ ਕਰਕੇ ਲੜਕੀ ਨੂੰ ਵਿਆਹ ਲਈ ਗੌਤਮ ਬੁੱਧ ਐਜੂਕੇਸ਼ਨਲ ਐਂਡ ਚੈਰੀਟੇਬਲ ਵੈੱਲਫੇਅਰ ਸੁਸਾਇਟੀ ਦੇ ਮੈਂਬਰਾਂ ਵੱਲੋਂ ਸ੍ਰੀ ਰਣਵੀਰ ਸ਼ਾਕਿਆ ਵਾਸੀ ਨਾਨਕਸਰ ਬਸਤੀ ਫਿਰੋਜ਼ਪੁਰ ਰੋਡ ਫਰੀਦਕੋਟ ਦੀ ਬੇਟੀ ਦੇ ਵਿਆਹ ਮੌਕੇ ਪਹੁੰਚ ਕੇ ਵਧਾਈ ਦਿੱਤੀ ਗਈ ਅਤੇ ਇਸ ਖੁਸ਼ੀ ਦੇ ਮੌਕੇ ਵਿੱਚ ਇੱਕ ਅਲਮਾਰੀ ਗਿਫਟ ਦੇ ਰੂਪ ਵਿੱਚ ਬੇਟੀ ਨੂੰ ਦਿੱਤੀ।ਇਸ ਖੁਸ਼ੀ ਦੇ ਮੌਕੇ ਸੁਸਾਇਟੀ ਦੇ ਪਰਮਪਾਲ ਸ਼ਾਕਿਆ, ਨੇਤਰਪਾਲ ਸਿੰਘ, ਪ੍ਰਦੀਪ ਸਿੰਘ, ਆਸਾ ਰਾਮ, ਹਰਪਾਲ ਸਿੰਘ, ਰਾਜਵਿੰਦਰ ਸਿੰਘ ਪੱਪੂ ਸਮੇਤ ਕੋਟਕਪੂਰਾ ਤੋਂ ਸ਼ਿਆਮਵੀਰ ਤੇ ਗੁਰਿੰਦਰ ਸਿੰਘ ਹਾਜ਼ਰ ਸਨ।

## ਔਰਤਾਂ ਦੇ ਨਸ਼ੇ ਕਰਨ ਤੇ ਤਸਕਰੀ 'ਚ ਵਧ ਰਹੇ ਮਾਮਲੇ ਚਿੰਤਾਜਨਕ : ਰਾਜ ਗਿੱਲ



**ਸਮਾਣਾ/ਪਟਿਆਲਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਪੰਜਾਬ ਰਾਜ ਮਹਿਲਾ ਕਮਿਸ਼ਨ ਦੇ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਇਸ ਗੱਲ 'ਤੇ ਗਹਿਰੀ ਚਿੰਤਾ ਪ੍ਰਗਟਾਈ ਹੈ ਕਿ ਪੰਜਾਬ ਵਿੱਚ ਬਹੁਤ ਸਾਰੀਆਂ ਔਰਤਾਂ ਨਸ਼ੇ ਕਰਨ ਦੇ ਨਾਲ-ਨਾਲ ਨਸ਼ਿਆਂ ਦੀ ਤਸਕਰੀ ਦੇ ਕਾਲੇ ਕਾਰੋਬਾਰ 'ਚ ਫਸ ਰਹੀਆਂ ਹਨ। ਬੀਤੇ ਦਿਨ ਪਟਿਆਲਾ ਦੀ ਕੇਂਦਰੀ ਜੇਲ੍ਹ ਦਾ ਦੌਰਾ ਕਰਨ ਮਗਰੋਂ ਮੀਡੀਆ ਨਾਲ ਗ਼ੈਰ-ਰਸਮੀ ਗੱਲਬਾਤ ਕਰਦਿਆਂ ਰਾਜ ਲਾਲੀ ਗਿੱਲ ਨੇ ਕਿਹਾ ਕਿ ਉਹ ਹੁਣ ਤੱਕ ਕਈ ਜੇਲ੍ਹਾਂ ਦਾ ਦੌਰਾ ਕਰ ਚੁੱਕੇ ਹਨ ਤੇ ਇਨ੍ਹਾਂ ਜੇਲ੍ਹਾਂ ਵਿੱਚ ਔਰਤਾਂ ਵਿੱਚੋਂ 60 ਤੋਂ 70 ਫ਼ੀਸਦੀ ਔਰਤਾਂ ਐੱਨ.ਡੀ.ਪੀ.ਐੱਸ. ਐਕਟ ਦੇ ਮਾਮਲਿਆਂ ਕਰਕੇ ਜੇਲ੍ਹਾਂ ਵਿੱਚ ਪਹੁੰਚ ਰਹੀਆਂ ਹਨ, ਜੋ ਕਿ ਸਾਡੇ ਸਮਾਜ ਲਈ ਇੱਕ ਬੇਹੱਦ ਚਿੰਤਾਜਨਕ ਵਰਤਾਰਾ ਹੈ। ਪੰਜਾਬ ਰਾਜ ਦੀ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਨੇ ਪਟਿਆਲਾ ਦੀ ਕੇਂਦਰੀ ਜੇਲ੍ਹ ਦਾ ਦੌਰਾ ਕਰਕੇ ਇੱਥੇ ਬੰਦ ਸਜ਼ਾਯਾਫ਼ਤਾ ਤੇ ਹਵਾਲਾਤੀ 128 ਔਰਤਾਂ ਦੀਆਂ ਮੁਸ਼ਕਲਾਂ ਸੁਣੀਆਂ ਤੇ ਬੰਦੀ ਮਹਿਲਾਵਾਂ ਨੂੰ ਦਰਪੇਸ਼ ਮੁਸ਼ਕਲਾਂ ਦੇ ਤੁਰੰਤ ਹੱਲ ਲਈ ਜੇਲ੍ਹ ਸੁਪਰਡੈਂਟ ਵਰੁਣ ਸ਼ਰਮਾ ਨੂੰ ਲੋੜੀਂਦੇ ਨਿਰਦੇਸ਼ ਵੀ ਦਿੱਤੇ। ਇਸ ਮੌਕੇ ਰਾਜ ਲਾਲੀ ਗਿੱਲ ਨੇ ਜੇਲ੍ਹ ਪ੍ਰਸ਼ਾਸਨ ਨੂੰ ਹਦਾਇਤ ਕੀਤੀ ਕਿ ਨਿਯਮਾਂ ਮੁਤਾਬਕ ਸਾਰੇ ਮਹਿਲਾ ਬੰਦੀਆਂ ਨੂੰ ਬਣਦੀਆਂ ਸਹੂਲਤਾਂ ਪ੍ਰਦਾਨ ਕੀਤੀਆਂ ਜਾਣ ਤੇ ਕਿਸੇ ਔਰਤ ਕੈਦੀ ਜਾਂ ਹਵਾਲਾਤੀ ਨੂੰ ਕੋਈ ਮੁਸ਼ਕਲ ਨਾ ਆਉਣ ਦਿੱਤੀ ਜਾਵੇ। ਉਨ੍ਹਾਂ ਔਰਤਾਂ ਲਈ ਗਾਇਨੀ ਤੇ ਚਮੜੀ ਰੋਗਾਂ ਦੇ ਮਾਹਰ ਡਾਕਟਰਾਂ ਦੀ ਸਹੂਲਤ ਪ੍ਰਦਾਨ ਕਰਨ ਸਮੇਤ ਇਨ੍ਹਾਂ ਦੀ ਕਾਉਂਸਲਿੰਗ ਕਰਨ ਦੇ ਵੀ ਆਦੇਸ਼ ਦਿੱਤੇ। ਇਸ ਮੌਕੇ ਚੇਅਰਪਰਸਨ ਦੇ ਨਾਲ ਕਮਿਸ਼ਨ ਦੇ ਡਿਪਟੀ ਡਾਇਰੈਕਟਰ ਸੁਮਨਦੀਪ ਕੌਰ ਤੇ ਸੁਪਰਡੈਂਟ ਮੋਹਨ ਕੁਮਾਰ, ਵਧੀਕ ਸੁਪਰਡੈਂਟ ਅਰਪਨਜੋਤ ਸਿੰਘ, ਡੀ.ਐੱਸ.ਪੀ. ਬਲਜਿੰਦਰ ਸਿੰਘ ਚੱਠਾ ਤੇ ਗੁਰਜੀਤ ਸਿੰਘ ਬਰਾੜ, ਜੇਲ੍ਹ ਮੈਡੀਕਲ ਅਫ਼ਸਰ ਸਿਕੰਦਰ ਸਿੰਘ, ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਸ਼ਾਇਨਾ ਕਪੂਰ ਤੇ ਬਾਲ ਸੁਰੱਖਿਆ ਅਫ਼ਸਰ ਰੂਪਵੰਤ ਕੌਰ ਵੀ ਮੌਜੂਦ ਸਨ।

# 15 ਮੈਂਬਰੀ ਰਾਸ਼ਟਰੀ ਟੀਮ ਦੀ ਚੋਣ ਨਾਲ ਕੇ ਕੇ ਯੂ ਦਾ ਸੰਮੇਲਨ ਸੰਪੰਨ

**ਦਰਸ਼ਨਪਾਲ ਰਾਸ਼ਟਰੀ ਪ੍ਰਧਾਨ ਤੇ ਸ਼ਸ਼ੀਕਾਂਤ ਅਲੀਗੜ੍ਹ ਜਨਰਲ ਸਕੱਤਰ ਬਣੇ**



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਦੇਸ਼ ਦੇ ਅੱਠ ਸੂਬਿਆਂ ਦੇ ਕਿਸਾਨ ਡੈਲੀਗੇਟਾਂ ਦਾ ਦੋ ਰੋਜ਼ਾ ਸੰਮੇਲਨ ਰਾਸ਼ਟਰੀ ਟੀਮ ਦੀ ਚੋਣ ਤੋਂ ਬਾਅਦ ਸਮਾਪਤ ਹੋ ਗਿਆ, ਜਿਸ ਵਿੱਚ ਡਾ. ਦਰਸ਼ਨਪਾਲ ਨੂੰ ਰਾਸ਼ਟਰੀ ਪ੍ਰਧਾਨ, ਸ਼ਸ਼ੀਕਾਂਤ ਅਲੀਗੜ੍ਹ ਨੂੰ ਜਰਨਲ ਸਕੱਤਰ, ਅਰਜੁਨ ਪ੍ਰਸਾਦ ਨੂੰ ਖਜ਼ਾਨਚੀ, ਸਤੀਸ਼ ਆਜ਼ਾਦ ਹਰਿਆਣਾ ਨੂੰ ਸੀਨੀਅਰ ਮੀਤ ਪ੍ਰਧਾਨ, ਬਲਵੰਤ ਯਾਦਵ ਯੂ ਪੀ ਨੂੰ ਸੰਯੁਕਤ ਸਕੱਤਰ, ਅਸ਼ੋਕ ਪਾਲ ਝਾਰਖੰਡ ਮੀਤ ਪ੍ਰਧਾਨ, ਮਨੋਜ ਕੁਮਾਰ ਬਿਹਾਰ ਨੂੰ ਮੀਤ ਪ੍ਰਧਾਨ, ਸੰਜੇ ਸ਼ੇਆਮ ਬਿਹਾਰ ਨੂੰ ਪ੍ਰੈੱਸ ਸਕੱਤਰ, ਰਾਮ ਬਿਲਾਸ ਰਾਜਸਥਾਨ ਨੂੰ ਕਮੇਟੀ ਮੈਂਬਰ, ਦੀਪ ਖੱਤਰੀ ਦਿੱਲੀ ਨੂੰ ਕਮੇਟੀ ਮੈਂਬਰ, ਬ੍ਰਿਜਨੰਦਣ ਝਾਰਖੰਡ ਨੂੰ ਕਮੇਟੀ ਮੈਂਬਰ, ਰਮਾਕਾਂਤ ਛੱਤੀਸਗੜ੍ਹ ਤੇ ਸੁਸ਼ੀਲ ਕੁਮਾਰ ਏਟਾ ਨੂੰ ਕਮੇਟੀ ਮੈਂਬਰ ਨਿਯੁਕਤ ਕੀਤਾ ਗਿਆ।ਇਸ ਤੋਂ ਇਲਾਵਾ ਪੰਜਾਬ ਤੋਂ ਦੋ ਹੋਰ ਨੁਮਾਇੰਦਿਆਂ ਨੂੰ ਅਗਲੇ ਦਿਨਾਂ ਵਿੱਚ ਸ਼ਾਮਲ ਕੀਤਾ ਜਾਵੇਗਾ।ਇਸ ਮੌਕੇ ਹਾਜ਼ਰ ਕਿਸਾਨਾਂ ਵੱਲੋਂ ਕੁਝ ਮਤੇ ਪੜ੍ਹੇ ਗਏ, ਜੋ ਕਿ ਸਰਬਸੰਮਤੀ ਨਾਲ ਪ੍ਰਵਾਨ ਕੀਤੇ ਗਏ, ਜਿਨ੍ਹਾਂ ਵਿੱਚ ਇਜ਼ਰਾਇਲ ਵੱਲੋਂ ਗਾਜ਼ਾ ਵਿੱਚ ਕੀਤਾ ਜਾ ਰਿਹਾ ਮਨੁੱਖੀ ਘਾਣ ਤੁਰੰਤ ਬੰਦ ਕੀਤਾ ਜਾਵੇ, ਮਨੀਪੁਰ ਵਿੱਚ ਫਿਰਕੂ ਦੰਗੇ ਤੇ ਰਾਜਕੀ ਦਮਨ ਬੰਦ ਕੀਤਾ ਜਾਵੇ, ਦੇਸ਼ ਦੇ ਆਦਿਵਾਸੀਆਂ 'ਤੇ ਨਿੱਹਕੀ ਜੰਗ ਬੰਦ ਕੀਤੀ ਜਾਵੇ, ਰਾਜਨੀਤਕ ਬੰਦੀਆਂ ਨੂੰ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇ, ਉਨ੍ਹਾਂ ਉਪਰ ਲਾਏ ਸਾਰੇ ਕਾਲੇ ਕਾਨੂੰਨ ਰੱਦ ਕੀਤੇ ਜਾਣ, ਪੰਜਾਬ ਹਰਿਆਣਾ ਹੱਦ ਤੇ ਅੰਦੋਲਨ ਕਰ ਰਹੇ ਕਿਸਾਨਾਂ ਨੂੰ ਜਬਰੀ ਰੋਕਣਾ ਬੰਦ ਕੀਤਾ ਜਾਵੇ ਅਤੇ ਪ੍ਰਦਰਸ਼ਨ ਦਾ ਹੱਕ ਬਹਾਲ ਕੀਤਾ ਜਾਵੇ, ਦੇਸ਼ ਭਰ ਵਿੱਚੋ ਖੇਤੀਯੋਗ ਜ਼ਮੀਨ ਨੂੰ ਵੱਖ ਵੱਖ ਪ੍ਰੋਜੈਕਟ ਅਧੀਨ ਖੋਹਣਾ ਬੰਦ ਕੀਤਾ ਜਾਵੇ, ਚੰਡੀਗੜ੍ਹ ਵਿੱਚ ਹਰਿਆਣਾ ਸਰਕਾਰ ਨੂੰ ਵਿਧਾਨ ਸਭਾ ਲਈ ਜ਼ਮੀਨ ਤੇ ਐੱਸਵੀਐੱਲ ਵਰਗੇ ਮੁੱਦਿਆਂ ਅਤੇ ਸਾਜ਼ਿਸ਼ਾਂ ਨੂੰ ਬੰਦ ਕੀਤਾ ਜਾਵੇ, ਪੰਜਾਬ ਵਿੱਚ ਸਜ਼ਾ ਪੂਰੀ ਕਰ ਚੁੱਕੇ ਸਿੱਖ ਕੈਦੀਆਂ ਨੂੰ ਤਰੁੰਤ ਰਿਹਾਅ ਕੀਤਾ ਜਾਵੇ ਅਤੇ ਕੌਮੀ ਇਨਸਾਫ ਮੋਰਚਾ ਦੀਆਂ ਮੰਗਾਂ ਨੂੰ ਪੂਰਾ ਕੀਤਾ ਜਾਵੇ ਆਦਿ ਮਤਿਆਂ ਨੂੰ ਪਾਸ ਕੀਤਾ ਗਿਆ।ਆਖ਼ਿਰ ਵਿੱਚ ਸਾਰੇ ਕਿਸਾਨਾਂ ਵੱਲੋਂ ਸ਼ਹੀਦ ਰਾਜਗੁਰੂ, ਸੁਖਦੇਵ ਤੇ ਭਗਤ ਸਿੰਘ ਦੀ ਸਤਲੁਜ ਕਿਨਾਰੇ ਸਥਿਤ ਸਮਾਰਕ ਤੇ ਨਤਮਸਤਕ ਹੋ ਕੇ ਸ਼ਹੀਦਾਂ ਦੇ ਸੁਪਨਿਆਂ ਨੂੰ ਪੂਰਾ ਕਰਨ ਦਾ ਪ੍ਰਣ ਦੁਹਰਾਇਆ।ਇਸ ਮੌਕੇ ਗੁਰਮੀਤ ਜੱਜ, ਕਲਾਦਾਸ ਛੱਤੀਸਗੜ੍ਹ, ਜੈ ਭਗਵਾਨ ਤੇ ਸੁਭਾਸ਼ ਹਰਿਆਣਾ ਨੇ ਇਨਕਲਾਬੀ ਗੀਤ ਪੇਸ਼ ਕੀਤੇ।

# ਸਰਕਾਰੀ ਸਕੂਲ ਅਮਰਗੜ੍ਹ ਪੜਾਓ ਮਹਿਣਾ ਦੇ ਹੋਣਹਾਰ ਵਿਦਿਆਰਥੀਆਂ ਦਾ ਸਨਮਾਨ

**ਸਮਾਜਿਕ ਕੁਰੀਤੀਆਂ ਦਾ ਖ਼ਾਤਮਾ ਗਿਆਨ ਨਾਲ ਹੀ ਕੀਤਾ ਜਾ ਸਕਦੈ : ਸੇਖੋਂ**



**ਮੋਗਾ (ਇਕਬਾਲ ਸਿੰਘ ਖਹਿਰਾ)**

ਇਥੋਂ ਥੋੜ੍ਹੀ ਦੂਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਮਰਗੜ੍ਹ ਪੜਾਓ ਮਹਿਣਾ ਦੇ ਛੇਵੀਂ ਤੋਂ ਬਾਰਵੀਂ ਜਮਾਤ ਤੱਕ ਦੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਤ ਕਰਨ ਲਈ ਰਾਮ ਮੁਹੰਮਦ ਸਿੰਘ ਅਜ਼ਾਦ ਵੈੱਲਫੇਅਰ ਸੁਸਾਇਟੀ ਕੋਟਕਪੂਰਾ ਵੱਲੋਂ ਸਮਾਗਮ ਕੀਤਾ ਗਿਆ।ਇਸ ਸਮਾਗਮ ਦੇ ਮੁੱਖ ਮਹਿਮਾਨ ਵਜੋਂ ਭੁਪਿੰਦਰ ਸਿੰਘ ਸੇਖੋਂ ਸੇਵਾ ਮੁਕਤ ਮੁੱਖ ਅਧਿਆਪਕ ਸ਼ਾਮਲ ਹੋਏ।ਉਨ੍ਹਾਂ ਵੱਲੋਂ ਇਹ ਸਮਾਗਮ ਇਸ ਸਕੂਲ ਵਿੱਚੋਂ ਛੇਵੀਂ ਤੋਂ ਦਸਵੀਂ ਜਮਾਤ ਤੱਕ ਸਿੱਖਿਆ ਹਾਸਲ ਕਰਨ ਦੀ ਯਾਦ ਨੂੰ ਤਾਜ਼ਾ ਕਰਦੇ ਹੋਏ ਕੀਤਾ ਗਿਆ।ਉਨ੍ਹਾ ਕਿਹਾ ਕਿ ਸਾਡੇ ਸਮਾਜ ਨੂੰ ਅਜੇ ਵੀ ਬਹੁਤ ਸਾਰੀਆਂ ਸਮਾਜਿਕ ਕੁਰੀਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਇਨ੍ਹਾਂ ਕੁਰੀਤੀਆਂ ਦਾ ਮੁਕਾਬਲਾ ਵਿਦਿਆਰਥੀ ਤੇ ਨੌਜਵਾਨ ਪੀੜ੍ਹੀ ਗਿਆਨ ਹਾਸਲ ਕਰਕੇ ਹੀ ਕਰ ਸਕਦੇ ਹਨ। ਇਸ ਸਮਾਗਮ ਦੀ ਪ੍ਰਧਾਨਗੀ ਸਕੂਲ ਦੇ ਇੰਚਾਰਜ ਪ੍ਰਿੰਸੀਪਲ ਮੈਡਮ ਵੀਰਪਾਲ ਕੌਰ ਨੇ ਕੀਤੀ।ਸਮਾਗਮ ਦੇ ਸ਼ੁਰੂ ਵਿੱਚ ਸਕੂਲ ਅਧਿਆਪਕਾ ਰਮਨਪ੍ਰੀਤ ਕੌਰ ਨੇ ਸਾਰੀ ਹਾਜ਼ਰੀਨ ਨੂੰ ਜੀ ਆਇਆਂ ਕਿਹਾ।ਸਮਾਗਮ ਨੂੰ ਸੰਬੋਧਨ ਕਰਦਿਆਂ ਸੁਸਾਇਟੀ ਦੇ ਮੀਤ ਪ੍ਰਧਾਨ ਪ੍ਰੇਮ ਚਾਵਲਾ, ਜਨਰਲ ਸਕੱਤਰ ਕੁਲਵੰਤ ਸਿੰਘ ਚਾਨੀ, ਵਿੱਤ ਸਕੱਤਰ ਸੋਮ ਨਾਥ ਅਰੋੜਾ, ਸਕੂਲ ਦੇ ਲੈਕਚਰਾਰ ਪੰਜਾਬੀ ਮੈਡਮ ਰਜਿੰਦਰ ਕੌਰ ਨੇ ਦਿਨੋਂ ਦਿਨ ਵਧ ਰਹੀ ਪ੍ਰਦੂਸ਼ਣ ਤੇ ਨਸ਼ਿਆਂ ਦੀ ਸਮੱਸਿਆ 'ਤੇ ਚਿੰਤਾ ਦਾ ਪ੍ਰਗਟਾਵਾ ਕੀਤਾ ਅਤੇ ਇਨ੍ਹਾਂ ਸਮੱਸਿਆਵਾਂ ਦੇ ਸਾਂਝੇ ਹੱਲ ਲਈ ਸਮੁੱਚੇ ਸਮਾਜ ਨੂੰ ਅੱਗੇ ਆਉਣ ਦਾ ਸੱਦਾ ਦਿੱਤਾ।ਇਸ ਮੌਕੇ ਸਕੂਲ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਦੇ ਨਾਲ ਸਬੰਧਤ ਵਿਚਾਰ ਤੇ ਗੀਤ ਪੇਸ਼ ਕੀਤੇ ਗਏ।ਸਮਾਗਮ ਦੀ ਪ੍ਰਧਾਨਗੀ ਕਰ ਰਹੇ ਇੰਚਾਰਜ ਪ੍ਰਿੰਸੀਪਲ ਵੀਰਪਾਲ ਕੌਰ ਨੇ ਸੁਸਾਇਟੀ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ ਤੇ ਸਭਨਾਂ ਦਾ ਧੰਨਵਾਦ ਕੀਤਾ। ਸਮਾਗਮ ਦੌਰਾਨ ਸਕੂਲ ਦੇ ਛੇਵੀਂ ਤੋਂ ਬਾਰਵੀਂ ਜਮਾਤ ਤੱਕ ਪਹਿਲਾ, ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਮੈਡਲ, ਸਰਟੀਫਿਕੇਟ ਤੇ ਸਟੇਸ਼ਨਰੀ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮੈਡਮ ਸਿਮਰਜੀਤ ਕੌਰ ਸੇਖੋਂ ਸੇਵਾ ਮੁਕਤ ਅਧਿਆਪਕਾ, ਪੈਨਸ਼ਨਰ ਆਗੂ ਪੋਹਲਾ ਸਿੰਘ ਬਰਾੜ, ਦਰਸ਼ਨ ਸਿੰਘ ਸੇਵਾ ਮੁਕਤ ਪੀ ਟੀ ਆਈ, ਜਗਜੀਤ ਸਿੰਘ, ਤਰੁਣ ਅਟਵਾਲ ਤੇ ਸਕੂਲ ਦੇ ਸਮੂਹ ਸਟਾਫ ਮੈਂਬਰਜ਼ ਸ਼ਾਮਲ ਸਨ।

# ਸਰਬਤ ਦਾ ਭਲਾ ਐੱਨ ਜੀ ਓ ਨੇ ਸ਼ਹਿਰ ਨੂੰ ਸੁੰਦਰ ਬਣਾਉਣ ਦਾ ਬੀੜਾ ਚੁੱਕਿਆ : ਐਡਵੋਕੇਟ ਅਮਿਤ

**ਸਾਫ਼-ਸਫਾਈ ਤੇ ਹਰਿਆਲੀ ਪੱਖੋਂ ਸ਼ਹਿਰ ਨੂੰ ਬਣਾਇਆ ਜਾਵੇਗਾ ਸੋਹਣਾ : ਐਡਵੋਕੇਟ ਗੋਇਲ**



**ਬਾਘਾ ਪੁਰਾਣਾ (ਮਨੀ ਸਿੰਗਲਾ)**

ਸਥਾਨਕ ਸ਼ਹਿਰ ਨੂੰ ਹੁਣ ਸੂਬੇ ਦਾ ਵਿਕਾਸ ਪੱਖੋਂ, ਸਾਫ-ਸਫਾਈ ਤੇ ਹਰਿਆਲੀ ਪੱਖੋਂ ਸਭ ਤੋਂ ਸੁੰਦਰ ਬਣਾਉਣ ਦਾ ਨਵੀਂ ਬਣੀ ਸਰਬਤ ਦਾ ਭਲਾ ਐੱਨ.ਜੀ.ਓ. ਵੱਲੋਂ ਬੀੜਾ ਚੁੱਕਿਆ ਗਿਆ ਹੈ, ਕਿਉਂਕਿ ਪਿਛਲੇ ਲੰਮੇ ਸਮੇਂ ਤੋਂ ਸ਼ਹਿਰ ਦੀ ਸਾਫ਼-ਸਫਾਈ ਦੀ ਵਿਗੜੀ ਵਿਵਸਥਾ ਦੇ ਕਾਰਨ ਸ਼ਹਿਰ ਦਾ ਚੌਗਿਰਦਾ ਕੋਈ ਖਾਸ ਸੋਹਣਾ ਨਹੀਂ ਪਾਇਆ ਗਿਆ ਸੀ, ਕਿਉਂਕਿ ਸ਼ਹਿਰ ਦੇ 15 ਵਾਰਡਾਂ ਵਿੱਚ ਜਗ੍ਹਾ ਜਗ੍ਹਾ ਲੱਗੇ ਕੂੜੇ ਦੇ ਡੰਪਾਂ, ਪਲਾਸਟਿਕ ਦੀਆਂ ਬੋਤਲਾਂ ਦੇ ਇਲਾਵਾ ਲਿਫਾਫਿਆਂ ਦੇ ਨਾਲ ਗਚਾਗੱਚ ਭਰੀਆਂ ਨਾਲੀਆਂ ਤੇ ਨਾਲਿਆਂ ਨਾਲ ਬਲੌਕੇਜ ਹੋਣ ਦੇ ਬਾਅਦ ਗਲੀਆਂ ਵਿੱਚ ਨਾਲੀਆਂ ਦਾ ਪਾਣੀ ਖੜਾ ਹੋ ਜਾਂਦਾ ਸੀ ਅਤੇ ਸ਼ਹਿਰ ਦੀਆਂ ਕਈ ਬੇਅਬਾਦ ਥਾਵਾਂ ਜਿੱਥੇ ਆਸ-ਪਾਸ ਦੇ ਲੋਕਾਂ ਦੇ ਇਲਾਵਾ ਰੇਹੜੀ ਫੜੀ ਵਾਲੇ ਵੀ ਇਨ੍ਹਾਂ ਥਾਵਾਂ 'ਤੇ ਦਿਨ ਢਲਦਿਆਂ ਜਾਂ ਸਵੇਰ ਸਮੇਂ ਦਿਨ ਚੜ੍ਹਦਿਆਂ ਇਨ੍ਹਾਂ ਬੇਅਬਾਦ ਥਾਵਾਂ (ਛੱਪੜ ਵਾਲੀ ਜਗ੍ਹਾ) 'ਤੇ ਕੂੜਾ ਸੁੱਟ ਕੇ ਚਲਾ ਜਾਂਦੇ ਸਨ, ਪਰ ਹੁਣ ਸਥਾਨਕ ਸ਼ਹਿਰ ਦੀ ਨਵੀਂ ਬਣੀ ਐੱਨ.ਜੀ.ਓ. ਸਰਬਤ ਦਾ ਭਲਾ ਨੇ ਸ਼ਹਿਰ ਨੂੰ ਸੁੰਦਰ ਬਣਾਉਣ ਦਾ ਬੀੜਾ ਚੁੱਕਿਆ ਹੋਇਆ ਹੈ, ਜਿਸ ਦੇ ਤਹਿਤ ਐੱਨ.ਜੀ.ਓ. ਸਰਬਤ ਦਾ ਭਲਾ ਦੇ ਸਰਪ੍ਰਸਤ ਐਡਵੋਕੇਟ ਅਮਿਤ ਗੋਇਲ ਦੀ ਅਗਵਾਈ ਵਿੱਚ ਐੱਨ.ਜੀ.ਓ. ਨੇ ਆਪਣਾ ਕੰਮ ਕਰਨਾ ਸ਼ੁਰੂ ਕਰ ਦਿੱਤਾ ਹੈ, ਜਿਸ ਤੋਂ ਸ਼ਹਿਰ ਨਿਵਾਸੀ ਬਹੁਤ ਖੁਸ਼ ਹਨ, ਕਿਉਂਕਿ ਇਹ ਪਹਿਲੀ ਐੱਨ.ਜੀ.ਓ. ਹੈ, ਜਿਸ ਨੇ ਸਾਫ ਸਫਾਈ ਤੇ ਹਰਿਆਲੀ ਪੱਖੋਂ ਸ਼ਹਿਰ ਨੂੰ ਸੁੰਦਰ ਬਣਾਉਣ ਦਾ ਉਪਰਾਲਾ ਸ਼ੁਰੂ ਕੀਤੀ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਐੱਨ.ਜੀ.ਓ ਦੇ ਸਰਪ੍ਰਸਤ ਐਡਵੋਕੇਟ ਅਮਿਤ ਗੋਇਲ, ਪ੍ਰਧਾਨ ਗੁਰਪ੍ਰੀਤ ਕੈਂਥ ਗੋਰਾ ਨੇ ਕਿਹਾ ਕਿ ਉਨ੍ਹਾਂ ਦੀ ਸੰਸਥਾ ਨਗਰ ਕੌਂਸਲ ਬਾਘਾ ਪੁਰਾਣਾ ਦੇ ਸਫਾਈ ਕਰਮਚਾਰੀਆਂ ਦੇ ਸਹਿਯੋਗ ਨਾਲ ਸ਼ਹਿਰ ਅੰਦਰ ਕੰਮ ਕਰੇਗੀ, ਜੋ ਵੀ ਸਫਾਈ ਕਰਮਚਾਰੀਆਂ ਨੂੰ ਸਾਫ ਸਫਾਈ ਲਈ ਲੋੜੀਂਦੀਆਂ ਚੀਜ਼ਾਂ ਹੋਣਗੀਆਂ, ਉਹ ਉਨ੍ਹਾਂ ਨੂੰ ਮੁਹੱਈਆ ਵੀ ਕਰਵਾਏਗੀ।ਬੀਤੇ ਦਿਨ ਵਾਰਡ ਨੰਬਰ 6 ਅਧੀਨ ਪੈਂਦੇ ਛੱਪੜ ਵਿੱਚ ਕੂੜੇ ਦਾ ਡੰਪ ਲੱਗਾ ਹੋਇਆ ਸੀ ਅਤੇ ਉਥੇ ਫੈਲੀ ਹੋਈ ਗੰਦਗੀ ਨੂੰ ਸਰਬਤ ਦੇ ਭਲਾ ਐੱਨ.ਜੀ.ਓ. ਵੱਲੋਂ ਨਗਰ ਕੌਂਸਲ ਦੇ ਸਹਿਯੋਗ ਨਾਲ ਕੂੜੇ ਦਾ ਡੰਪ ਚੁਕਵਾ ਕੇ ਉਥੇ ਸਾਫ ਸਫਾਈ ਕੀਤੀ, ਨਾਲ ਹੀ ਉਨ੍ਹਾਂ ਸਫਾਈ ਕਰਮਚਾਰੀਆਂ ਨੂੰ ਸਾਬਣ, ਗਲਬਜ਼ ਦੇ ਇਲਾਵਾ ਸੈਨੇਟਾਈਜ਼ਰ ਵੀ ਮੁਹੱਈਆ ਕਰਵਾਏ।ਇਸ ਮੌਕੇ ਉਨ੍ਹਾਂ ਸ਼ਹਿਰ ਵਾਸੀਆਂ ਤੋਂ ਵੀ ਸ਼ਹਿਰ ਨੂੰ ਸੁੰਦਰ ਬਣਾਉਣ ਲਈ ਸਹਿਯੋਗ ਦੀ ਮੰਗ ਕੀਤੀ।ਜੇਕਰ ਸ਼ਹਿਰ ਦੇ 15 ਵਾਰਡਾਂ ਵਿੱਚ ਕਿਸੇ ਨੂੰ ਕੋਈ ਵੀ ਸਾਫ ਸਫਾਈ ਸਬੰਧੀ ਦਿੱਕਤ ਪੇਸ਼ ਆਉਂਦੀ ਹੈ ਤਾਂ ਉਨ੍ਹਾਂ ਨਾਲ ਜ਼ਰੂਰ ਸੰਪਰਕ ਕਰਨ।ਇਸ ਮੌਕੇ ਪ੍ਰਕਾਸ਼ ਬਰਾੜ, ਸੁਖਮਨ ਬਰਾੜ, ਗੁਰਪ੍ਰੀਤ ਗੋਪੀ, ਬੱਬੂ ਚੱਡਾ ਤੇ ਹੋਰ ਹਾਜ਼ਰ ਸਨ।

## ਡੀ ਐੱਸ ਪੀ ਹੈੱਡਕੁਆਰਟਰ ਵੱਲੋਂ ਪੁਲਸ-ਪਬਲਿਕ ਮੀਟਿੰਗ



**ਦੋਰਾਹਾ (ਹਰਮਿੰਦਰ ਸੇਠ)**

ਡੀ ਐਸ ਪੀ ਹੈਡਕੁਆਰਟਰ ਹਰਪਿੰਦਰ ਕੌਰ ਵਲੋਂ ਦੋਰਾਹਾ ਥਾਣਾ ਵਿਖੇ ਇਕ ਪਬਲਿਕ ਮੀਟਿੰਗ ਦਾ ਆਯੋਜਨ ਕੀਤਾ ਗਿਆ।

ਮੈਡਮ ਹਰਪਿੰਦਰ ਕੌਰ ਤੇ ਐਸ ਐਚ ਓ ਦੋਰਾਹਾ ਰਾਉ ਵਰਿੰਦਰ ਸਿੰਘ ਵਲੋਂ ਸ਼ਹਿਰ ਵਾਸੀਆਂ ਤੇ ਆਲੇ ਦੁਆਲੇ ਦੇ ਪਿੰਡਾਂ ਦੇ ਲੋਕਾਂ ਨਾਲ ਇਲਾਕੇ ਸੰਬਧੀ ਵਿਚਾਰ ਵਟਾਂਦਰਾ ਕੀਤਾ ਗਿਆ। ਡੀ ਐਸ ਪੀ ਹਰਪਿੰਦਰ ਕੌਰ ਨੇ ਦੱਸਿਆ ਕਿ ਲੋਕਾਂ ਨਾਲ ਪਬਲਿਕ ਮੀਟਿੰਗਾਂ ਲਗਾਤਾਰ ਜਾਰੀ ਰਹਿਣਗੀਆਂ ਤਾਂ ਜੋ ਲੋਕਾਂ ਦੀਆਂ ਸਮੱਸਿਆਂਵਾਂ ਨੂੰ ਧਿਆਨ ਨਾਲ ਸੁਣਿਆ ਜਾ ਸਕੇ। ਉਹਨਾਂ ਕਿਹਾ ਕਿ ਆਉਣ ਵਾਲੇ ਦਿਨਾਂ ਦੋਰਾਹਾ ਸਹਿਰ ਦੇ ਵਾਰਡਾਂ ਵਿੱਚ ਵੀ ਪਬਲਿਕ ਮੀਟਿੰਗਾਂ ਕੀਤੀਆਂ ਜਾਣਗੀਆਂ ਤੇ ਲੋਕਾਂ ਨੂੰ ਆ ਰਹੀਆਂ ਸਮੱਸਿਆਵਾਂ ਸੰਬੰਧੀ ਜਾਣਕਾਰੀ ਪ੍ਰਪਾਤ ਕੀਤੀ ਜਾਵੇਗੀ। ਉਹਨਾਂ ਕਿਹਾ ਕਿ ਜੇਕਰ ਕੋਈ ਵੀ ਸਮਾਜ ਵਿਰੋਧੀ ਲੋਕਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਇਸ ਮੌਕੇ ਐਸਐਚਓ ਰਾਉ ਵਰਿੰਦਰ ਸਿੰਘ ਨੇ ਕਿਹਾ ਕਿ ਜੇਕਰ ਕੋਈ ਚਾਇਨਾ ਡੋਰ ਵੇਚਦਾ ਹੈ ਤਾਂ ਉਸ ਦੀ ਜਾਣਕਾਰੀ ਸਾਨੂੰ ਜ਼ਰੂਰ ਦਿੱਤੀ ਜਾਵੇ। ਦੱਸਣ ਵਾਲੇ ਨਾਮ ਗੁਪਤ ਰਖਦਿਆਂ ਜਾਵੇਗਾ। ਇਸ ਮੌਕੇ ਕੌਂਸਲਰ ਜਿੰਦਰ ਪ੍ਰਧਾਨ, ਸਮਾਜ ਸੇਵੀ ਮੈਡਮ ਗੁਰਜੋਤ ਕੌਰ ਮਾਂਗਟ ਤੋਂ ਇਲਾਵਾ ਵੱਡੀ ਗਿਣਤੀ ਵਿਚ ਸਹਿਰ ਤੇ ਪਿੰਡਾਂ ਦੇ ਲੋਕ ਮੌਜੂਦ ਸਨ

# ਪਹਿਲਾ ਮਾਸਟਰ ਤਰਲੋਚਨ ਯਾਦਗਾਰੀ ਐਵਾਰਡ ਰੰਗਕਰਮੀ ਸੈਮੂਅਲ ਜੌਨ ਨੂੰ



**ਸਮਰਾਲਾ (ਸੁਰਜੀਤ ਸਿੰਘ)**-ਲੇਖਕ ਮੰਚ ਸਮਰਾਲਾ ਵੱਲੋਂ ਉੱਘੇ ਨਾਟਕਕਾਰ, ਰੰਗਕਰਮੀ ਤੇ ਫਿਲਮ ਲੇਖਕ ਮਾ. ਤਰਲੋਚਨ ਸਿੰਘ ਯਾਦਗਾਰੀ ਸਮਾਗਮ 24 ਨਵੰਬਰ ਨੂੰ ਸਥਾਨਕ ਕਿੰਡਰ ਗਾਰਟਨ ਸਕੂਲ ਵਿਖੇ ਕਰਵਾਇਆ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਮੰਚ ਦੇ ਸਰਪ੍ਰਸਤ ਪ੍ਰਿੰਸੀਪਲ (ਡਾ.) ਪਰਮਿੰਦਰ ਸਿੰਘ ਬੈਨੀਪਾਲ, ਪ੍ਰਧਾਨ ਕਹਾਣੀਕਾਰ ਦਲਜੀਤ ਸਿੰਘ ਸ਼ਾਹੀ ਤੇ ਜਨਰਲ ਸਕੱਤਰ ਹਰਬੰਸ ਮਾਲਵਾ ਨੇ ਦੱਸਿਆ ਕਿ ਲੇਖਕ ਮੰਚ (ਰਜਿ:) ਸਮਰਾਲਾ ਵੱਲੋਂ ਮਰਹੂਮ ਮਾ. ਤਰਲੋਚਨ ਸਮਰਾਲਾ ਯਾਦਗਾਰੀ ਐਵਾਰਡ ਦੀ ਸ਼ੁਰੂਆਤ ਕੀਤੀ ਗਈ ਹੈ, ਜੋ ਹਰ ਸਾਲ ਕਿਸੇ ਉੱਘੀ ਸਾਹਿਤਕ ਹਸਤੀ ਨੂੰ ਦਿੱਤਾ ਜਾਇਆ ਕਰੇਗਾ।ਇਸ ਸਾਲ ਦਾ ਇਹ ਐਵਾਰਡ ਪ੍ਰਸਿੱਧ ਰੰਗਕਰਮੀ ਤੇ ਫਿਲਮੀ ਅਦਾਕਾਰ ਸੈਮੂਅਲ ਜੌਨ ਨੂੰ ਦਿੱਤਾ ਜਾਵੇਗਾ।ਇਸੇ ਦੌਰਾਨ ਪ੍ਰੋ. ਹਮਦਰਦਵੀਰ ਨੌਸ਼ਹਿਰਵੀ ਯਾਦਗਾਰੀ ਕਮੇਟੀ ਵੱਲੋਂ 'ਪ੍ਰੋਫੈਸਰ ਹਮਦਰਦਵੀਰ ਨੌਸ਼ਹਿਰਵੀ ਐਵਾਰਡ' ਪ੍ਰਸਿੱਧ ਕਹਾਣੀਕਾਰ ਮੁਖਤਿਆਰ ਸਿੰਘ ਖੰਨਾ, ਪ੍ਰਸਿੱਧ ਗਜ਼ਲਗੋ ਐੱਸ. ਨਸੀਮ, ਮਾ. ਤਰਲੋਚਨ ਸਿੰਘ ਦੇ ਨਾਂ 'ਤੇ ਉਨ੍ਹਾਂ ਦੇ ਪਰਿਵਾਰ ਨੂੰ ਅਤੇ ਪ੍ਰਸਿੱਧ ਗਾਇਕ ਤੇ ਗੀਤਕਾਰ ਪਵਨਦੀਪ ਖੰਨਾ ਨੂੰ ਦਿੱਤੇ ਜਾਣਗੇ।ਸਮਾਗਮ ਦੇ ਪਹਿਲੇ ਸੈਸ਼ਨ ਵਿੱਚ ਸਵਰਨ ਸਿੰਘ ਬਸਾਂਤੀ (ਕੈਨੇਡਾ) ਮੁੱਖ ਮਹਿਮਾਨ, ਪ੍ਰਧਾਨਗੀ ਅਸ਼ਵਨੀ ਚੈਟਲੇ ਪ੍ਰਧਾਨ ਪੰਜਾਬ ਸੰਗੀਤ ਅਕੈਡਮੀ, ਵਿਸ਼ੇਸ਼ ਮਹਿਮਾਨ ਤਾਰਾ ਸਿੰਘ ਮਾਂਗਟ ਕੁੱਬੇ (ਯੂ. ਐੱਸ. ਏ.) ਹੋਣਗੇ।ਮਰਹੂਮ ਮਾ. ਤਰਲੋਚਨ ਸਮਰਾਲਾ ਦੀ ਜ਼ਿੰਦਗੀ ਦੇ ਵੱਖ ਵੱਖ ਪਹਿਲੂਆਂ 'ਤੇ ਗੱਲਬਾਤ ਸ਼੍ਰੋਮਣੀ ਨਾਟਕਕਾਰ ਕੇਵਲ ਧਾਲੀਵਾਲ, ਤਰਕਸ਼ੀਲ ਆਗੂ ਰਾਜਿੰਦਰ ਭਦੌੜ, ਅਮੋਲਕ ਸਿੰਘ ਇਨਕਲਾਬੀ ਤੇ ਅਧਿਆਪਕ ਆਗੂ ਭੁਪਿੰਦਰ ਵੜੈਚ ਕਰਨਗੇ।ਸਮਾਗਮ ਦੇ ਦੂਸਰੇ ਸੈਸ਼ਨ ਵਿੱਚ ਐਡਵੋਕੇਟ ਪਰਮਜੀਤ ਸਿੰਘ ਗਿੱਲ (ਕੈਨੇਡਾ) ਤੇ ਪ੍ਰਸਿੱਧ ਕਵਿੱਤਰੀ ਤੇ ਰੇਡੀਓ ਸੰਚਾਲਿਕਾ ਹਰਜਸਪ੍ਰੀਤ ਕੌਰ ਗਿੱਲ (ਕੈਨੇਡਾ) ਮੁੱਖ ਮਹਿਮਾਨ ਹੋਣਗੇ।ਇਸ ਮੌਕੇ ਅਕਸ ਰੰਗਮੰਚ ਸਮਰਾਲਾ ਵੱਲੋਂ ਮਾ. ਤਰਲੋਚਨ ਸਮਰਾਲਾ ਦਾ ਲਿਖਿਆ ਨਾਟਕ 'ਛਵੀਆਂ ਦੀ ਰੁੱਤ' ਫਿਲਮੀ ਅਦਾਕਾਰ ਰਾਜਵਿੰਦਰ ਸਮਰਾਲਾ ਦੀ ਨਿਰਦੇਸ਼ਨਾ ਹੇਠ ਖੇਡਿਆ ਜਾਵੇਗਾ।

## ਅਣਪਛਾਤੇ ਨਗਦੀ ਖੋਹ ਕੇ ਫਰਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ-ਫਾਜ਼ਿਲਕਾ ਰੋਡ 'ਤੇ ਬਣੇ ਪੁਲ ਕੋਲ ਦੋ ਅਣਪਛਾਤੇ ਵਿਅਕਤੀਆਂ ਵੱਲੋਂ ਮੋਟਰਸਾਈਕਲ ਸਵਾਰ ਵਿਅਕਤੀ ਦੇ ਕੁੜਤੇ ਦੀ ਜੇਬ ਵਿੱਚੋਂ 21,200 ਰੁਪਏ ਸਮੇਤ ਵੱਖ-ਵੱਖ ਦਸਤਾਵੇਜ਼ਾਂ ਖੋਹ ਕੇ ਭੱਜ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ।ਇਸ ਸਬੰਧੀ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਮਾਮਲਾ ਦਰਜ ਕੀਤਾ ਹੈ।ਸ਼ਿਕਾਇਤਕਰਤਾ ਇੰਦਰਪਾਲ ਸਿੰਘ, ਵਾਸੀ ਪਿੰਡ ਬੇਟੂ ਕਦੀਮ ਨੇ ਦੱਸਿਆ ਕਿ ਉਹ ਆਪਣੇ ਮੋਟਰਸਾਈਕਲ 'ਤੇ ਵਕਫ਼ ਬੋਰਡ ਦੀ ਜ਼ਮੀਨ ਦਾ ਠੇਕਾ ਤਾਰਨ ਲਈ ਸਿਟੀ ਫਿਰੋਜ਼ਪੁਰ ਜਾ ਰਿਹਾ ਸੀ।ਉਸ ਨੇ ਆਪਣੇ ਕੁੜਤੇ ਦੀ ਜੇਬ ਵਿੱਚ 21,200 ਰੁਪਏ, ਪਰਸ, ਆਧਾਰ ਕਾਰਡ, ਪੈਨ ਕਾਰਡ, ਏਟੀਐੱਮ ਕਾਰਡ, ਕ੍ਰੈਡਿਟ ਕਾਰਡ, ਮੋਟਰਸਾਈਕਲ ਦੀ ਆਰ ਸੀ ਤੇ ਜ਼ਮੀਨ ਨਾਲ ਸਬੰਧਤ ਹਲਫੀਆ ਬਿਆਨ ਰੱਖੇ ਹੋਏ ਸਨ, ਜਦੋਂ ਉਹ ਚੁੰਗੀ ਦੇ ਨਜ਼ਦੀਕ ਪੁੱਜਾ ਤਾਂ ਦੋ ਨੌਜਵਾਨਾਂ ਨੇ ਮੋਟਰਸਾਈਕਲ 'ਤੇ ਆ ਕੇ ਝਪਟ ਮਾਰ ਕੇ ਸਾਰਾ ਸਾਮਾਨ ਲੈ ਲਿਆ ਤੇ ਮੌਕੇ ਤੋਂ ਫਰਾਰ ਹੋ ਗਏ।

## ਜ਼ਿਲ੍ਹੇ ਅੰਦਰ ਸਿਹਤ ਪ੍ਰੋਜੈਕਟਾਂ ਨੂੰ ਕੀਤਾ ਜਾ ਰਿਹੈ ਮੁਕੰਮਲ : ਸਵਨਾ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਜ਼ਿਲ੍ਹਾ ਫਾਜ਼ਿਲਕਾ ਦੇ ਵਸਨੀਕਾਂ ਲਈ ਸਿਹਤ ਸਹੂਲਤਾਂ ਦਾ ਵਾਧਾ ਕਰਦੇ ਹੋਏ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਦੀ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਤਰ੍ਹਾਂ ਦੇ ਸਿਹਤ ਯੂਨਿਟ ਉਲੀਕੇ ਜਾ ਰਹੇ ਹਨ।ਮੌਜੂਦਾ ਪੰਜਾਬ ਸਰਕਾਰ ਲੋਕਾਂ ਦੀ ਸਿਹਤ ਪ੍ਰਤੀ ਪੂਰੀ ਚਿੰਤਤ ਹੈ ਤੇ ਸਰਹੱਦੀ ਜ਼ਿਲ੍ਹੇ ਦੇ ਲੋਕਾਂ ਨੂੰ ਦੂਰ-ਦੁਰਾਡੇ ਨਾ ਜਾਣਾ ਪਵੇ, ਇਸ ਲਈ ਫਾਜ਼ਿਲਕਾ ਅੰਦਰ ਹੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੇ ਉਦੇਸ਼ ਸਦਕਾ ਸਿਹਤ ਪ੍ਰੋਜੈਕਟ ਵਿਕਸਿਤ ਕੀਤੇ ਜਾ ਰਹੇ ਹਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਫਾਜ਼ਿਲਕਾ ਦੇ ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਨੇ ਸਿਵਲ ਹਸਪਤਾਲ ਵਿਖੇ ਬਣ ਰਹੇ ਵੱਖ-ਵੱਖ ਯੂਨਿਟਾਂ ਦਾ ਦੌਰਾਨ ਕਰਨ ਮੌਕੇ ਕੀਤਾ।ਹਲਕਾ ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਨੇ ਦੱਸਿਆ ਕਿ ਫਾਜ਼ਿਲਕਾ ਦੇ ਨਵੇਂ ਸਿਵਲ ਹਸਪਤਾਲ ਦੇ ਨਾਲ ਲਗਭਗ 23 ਕਰੋੜ ਦੀ ਲਾਗਤ ਨਾਲ ਕ੍ਰਿਟੀਕਲ ਕੇਅਰ ਬਲਾਕ, 16 ਕਰੋੜ ਦੀ ਲਾਗਤ ਨਾਲ ਜੱਚਾ-ਬੱਚਾ ਹਸਪਤਾਲ, 1.25 ਕਰੋੜ ਦੀ ਲਾਗਤ ਨਾਲ ਇੰਟੀਗ੍ਰੇਟਿਡ ਪਬਲਿਕ ਹੈਲਥ ਲੈਬਾਰਟਰੀ ਤੇ 75 ਲੱਖ ਦੀ ਲਾਗਤ ਨਾਲ ਮਰੀਜ਼ ਸਹੂਲਤ ਸੈਂਟਰ ਤੇ ਹਸਪਤਾਲ ਵਿਖੇ ਸੋਲਰ ਪਲਾਂਟ ਦਾ ਕੰਮ ਕਾਰਵਾਈ ਅਧੀਨ ਹੈ।ਇਨ੍ਹਾਂ ਬਿਲਡਿੰਗਾਂ ਦੀ ਪੂਰਤੀ ਨਾਲ ਜ਼ਿਲ੍ਹਾ ਸਿਹਤ ਸਹੂਲਤਾਂ ਨਾਲ ਭਰਪੂਰ ਹੋ ਜਾਵੇਗਾ।ਉਨ੍ਹਾ ਕਿਹਾ ਕਿ ਲੋਕਾਂ ਨੂੰ ਸਿਹਤਮੰਦ ਰੱਖਣ ਤੇ ਇਲਾਜ ਲਈ ਪੰਜਾਬ ਸਰਕਾਰ ਹਰ ਤਰ੍ਹਾਂ ਨਾਲ ਯੋਗ ਉਪਰਾਲੇ ਕਰ ਰਹੀ ਹੈ।ਸ੍ਰੀ ਸਵਨਾ ਤੇ ਬਾਬਾ ਫਰੀਦ ਯੂਨੀਵਰਸਿਟੀ ਹੈਲਥ ਸਾਇੰਸ ਤੋਂ ਆਏ ਅਧਿਕਾਰੀਆਂ ਨੇ ਬਣ ਰਹੇ ਕੈਂਸਰ ਹਸਪਤਾਲ ਦਾ ਜਾਇਜ਼ਾ ਲਿਆ ਤਾਂ ਜੋ ਜਲਦ ਤੋਂ ਜਲਦ ਇਸ ਨੂੰ ਸ਼ੁਰੂ ਕੀਤਾ ਜਾ ਸਕੇ।ਇਸ ਤੋਂ ਇਲਾਵਾ ਕ੍ਰਿਟੀਕਲ ਕੇਅਰ ਯੂਨਿਟ ਦੀ ਬਿਲਡਿੰਗ ਦੀ ਉਸਾਰੀ ਦੇ ਕੰਮ ਦਾ ਵੀ ਨਿਰੀਖਣ ਕੀਤਾ।ਇਸ ਮੌਕੇ ਡਾ. ਰੋਹਿਤ ਗੋਇਲ, ਡਾ. ਅਰਪਿਤ ਗੁਪਤਾ, ਡਾ. ਐਰਿਕ, ਡਾ. ਭੁਪੇਨ, ਡਾ. ਨਿਸ਼ਾਂਤ ਸੇਤੀਆ, ਪਾਰਸ ਕਟਾਰੀਆ, ਮਨਪ੍ਰੀਤ, ਸ਼ੰਕਰ ਤੋਂ ਇਲਾਵਾ ਸਿਹਤ ਸਟਾਫ ਤੇ ਹੋਰ ਅਧਿਕਾਰੀ ਤੇ ਪਤਵੰਤੇ ਸੱਜਣ ਮੌਜੂਦ ਸਨ।


**PUBLIC NOTICE**

Under the instructions of ICICI HFC Ltd, Branch: Amsitsar, I, Monika Tangri (391434334691) W/o Sandeep Kumar Tangri R/o Gali No. 02, Abadi Gopal Nagar, Majitha Road, Amritsar Punjab-143001 do hereby informed the general public that I am owner along with Co-Owner namely Monika Dhawan W/o Sumit Dhawan & D/o Surinder Pal for House Property bearing plot No. 05 min and No. 302(44/4), having dimensions as length 41.5 feet and Breadth 21.5 feet, total area of land measuring 100 square yards, that is bounded as East: Ownership of Joshi Sahib, West: Ownership of others, North: Gali & Road 10 feet wide, South: Ownership of others, that is comprised in Khasra No.-351 min, that is situated within the revenue estate of area Amritsar Sub Urban Circle no.110, Gali No.02, Gopal Nagar, Majitha Road, Tehsil and District Amritsar vide Sale Deed Dated: 18-05-2015 as Document No. 2266 & Transfer of Ownership Deed Dated: 08-04-2016 as Document no.386. Document of previous ownership of aforesaid property that is Sale Deed has been lost/misplaced, details are as follows : (1) Sale Deed Dated: 29-01-1998 as Document no. 8381 executed by Sumit Tandon S/o Siri Kishan Tandon in favour of Bodh Raj S/o Ganpat Rai. I have lodged Police Complaint this regards. I am taking loan from ICICI HFC Ltd. If anybody found these documents, or if anybody has any objection or any claim, right, title or interest in the above said property in any manner whatsoever shall contact or bring the same to the notice of undersigned in writing with supporting document/evidence within a period of 07 days from the date of this Notice, failing which such claim if any, shall be considered to be waived, abandoned. Mob No. 9779304041.

**DINESH ARORA ADVOCATE**
Distt. Courts, Amritsar


# ਲੁਧਿਆਣਾ ਰੇਲਵੇ ਸਟੇਸ਼ਨ 'ਤੇ 4 ਨਵੀਆਂ ਏ ਟੀ ਵੀ ਮਸ਼ੀਨਾਂ ਲਗਾਈਆਂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸੀਨੀਅਰ ਡਵੀਜ਼ਨਲ ਕਮਰਸ਼ੀਅਲ ਮੈਨੇਜਰ ਪਰਮਦੀਪ ਸਿੰਘ ਸੈਣੀ ਨੇ ਦੱਸਿਆ ਕਿ ਬੀਤੇ ਦਿਨ ਫ਼ਿਰੋਜ਼ਪੁਰ ਡਵੀਜ਼ਨ ਦੇ ਲੁਧਿਆਣਾ ਰੇਲਵੇ ਸਟੇਸ਼ਨ 'ਤੇ 4 ਨਵੀਆਂ ਏਟੀਵੀਐੱਮ ਮਸ਼ੀਨਾਂ ਲਗਾਈਆਂ ਗਈਆਂ ਹਨ ਤਾਂ ਜੋ ਰੇਲਵੇ ਯਾਤਰੀਆਂ ਨੂੰ ਬਿਨਾਂ ਰਾਖਵੇਂ ਟਿਕਟਾਂ ਪ੍ਰਾਪਤ ਕਰ ਸਕਣ।ਏਟੀਵੀ ਮਸ਼ੀਨ ਤੋਂ ਅਨਰਿਜ਼ਰਵਡ ਟਿਕਟਾਂ



ਖ਼ੀਦਣਾ ਬਹੁਤ ਆਸਾਨ ਤੇ ਸੁਵਿਧਾਜਨਕ ਹੈ, ਰੇਲਵੇ ਮੁਸਾਫਰਾਂ ਨੂੰ ਰੇਲਵੇ ਕਾਊਂਟਰ ਤੋਂ ਅਨਰਿਜ਼ਰਵਡ ਟਿਕਟਾਂ ਖ਼ੀਦਣ ਲਈ ਕਤਾਰਾਂ ਵਿੱਚ ਨਹੀਂ ਖੜਨਾ ਪਵੇਗਾ ਤੇ ਬਦਲਾਅ ਦੀ ਸਮੱਸਿਆ ਦਾ ਸਾਹਮਣਾ ਨਹੀਂ ਕਰਨਾ ਪਵੇਗਾ।ਸੀਨੀਅਰ ਡਵੀਜ਼ਨਲ ਕਮਰਸ਼ੀਅਲ ਮੈਨੇਜਰ ਨੇ ਕਿਹਾ ਕਿ ਰੇਲ ਯਾਤਰੀਆਂ ਨੂੰ ਅਣ-ਰਿਜ਼ਰਵਡ ਟਿਕਟਾਂ ਖ਼ੀਦਣ ਲਈ ਏਟੀਵੀਐੱਮ ਸਹਾਇਕ ਨਾਲ ਸੰਪਰਕ ਕਰਨਾ ਚਾਹੀਦਾ ਹੈ ਜਾਂ ਬੁਕਿੰਗ ਕਾਊਂਟਰ 'ਤੇ ਆਪਣਾ ਸਮਾਰਟ ਕਾਰਡ ਬਣਾ ਸਕਦੇ ਹਨ ਜਾਂ ਕਿਊਆਰ ਕੋਡ ਨੂੰ ਸਕੈਨ ਕਰ ਸਕਦੇ ਹਨ ਅਤੇ ਆਪਣੀ ਯਾਤਰਾ ਦੀ ਟਿਕਟ ਪ੍ਰਾਪਤ ਕਰਨ ਲਈ ਸਧਾਰਨ ਤਰੀਕੇ ਨਾਲ ਡਿਜੀਟਲ ਭੁਗਤਾਨ ਕਰ ਸਕਦੇ ਹਨ। ਏਟੀਵੀਐੱਮ ਤੋਂ ਟਿਕਟ ਖ਼ੀਦਣ ਲਈ, ਸਭ ਤੋਂ ਪਹਿਲਾਂ ਯਾਤਰੀ ਉਸ ਸਟੇਸ਼ਨ ਦੀ ਚੋਣ ਕਰ ਸਕਦਾ ਹੈ, ਜਿਸ ਲਈ ਉਹ ਨਕਸ਼ਾ ਜਾਂ ਉਸ ਦਾ ਨਾਮ ਲਿਖ ਕੇ ਟਿਕਟ ਖ਼ੀਦਣਾ ਚਾਹੁੰਦਾ ਹੈ।ਸਟੇਸ਼ਨ ਦੀ ਚੋਣ ਕਰਨ ਤੋਂ ਬਾਅਦ, ਯਾਤਰੀ ਨੂੰ ਉਸ ਟਰੇਨ ਦੀ ਕਲਾਸ ਚੁਣਨੀ ਪਵੇਗੀ, ਜਿਸ ਵਿੱਚ ਉਹ ਸਫਰ ਕਰਨਾ ਚਾਹੁੰਦਾ ਹੈ।ਇਸ ਤੋਂ ਬਾਅਦ ਟਿਕਟ ਦਾ ਕਿਰਾਇਆ ਦੇਣਾ ਹੋਵੇਗਾ।ਇਸ ਤੋਂ ਬਾਅਦ ਮਸ਼ੀਨ ਤੋਂ ਪ੍ਰਿੰਟ ਕੀਤੀ ਟਿਕਟ ਬਾਹਰ ਆ ਜਾਵੇਗੀ।ਇਸ ਮਸ਼ੀਨ ਰਾਹੀਂ ਯਾਤਰੀ ਮਾਸਿਕ ਸੀਜ਼ਨ ਟਿਕਟ (ਐੱਮਐੱਸਟੀ) ਤੇ ਪਲੇਟਫਾਰਮ ਟਿਕਟ ਦਾ ਨਵੀਨੀਕਰਨ ਵੀ ਕਰ ਸਕਦੇ ਹਨ।ਫ਼ਿਰੋਜ਼ਪੁਰ ਡਵੀਜ਼ਨ ਵਿੱਚ ਜਲਦੀ ਹੀ ਫ਼ਿਰੋਜ਼ਪੁਰ ਛਾਉਣੀ, ਢੰਡਾਰੀ ਕਲਾਂ, ਫਗਵਾੜਾ, ਜਲੰਧਰ ਸ਼ਹਿਰ, ਜਲੰਧਰ ਕੈਂਟ, ਬਿਆਸ, ਅੰਮ੍ਰਿਤਸਰ, ਪਠਾਨਕੋਟ ਜੰਕਸ਼ਨ, ਪਠਾਨਕੋਟ ਕੈਂਟ, ਜੰਮੂ ਤਵੀ, ਸ਼ਹੀਦ ਕੈਪਟਨ ਤੁਸ਼ਾਰ ਮਹਾਜਨ, ਸ਼੍ਰੀਮਾਤਾ ਵੈਸ਼ਨੋ ਦੇਵੀ ਕਟੜਾ ਰੇਲਵੇ ਵਿਖੇ ਵੀ ਨਵੀਆਂ ਏਟੀਵੀਐੱਮ ਲਗਾਈਆਂ ਜਾਣਗੀਆਂ।ਸਟੇਸ਼ਨਾਂ ਦੇ ਨਤੀਜੇ ਵਜੋਂ, ਰੇਲਵੇ ਯਾਤਰੀ ਟਿਕਟ ਦੀ ਅਸਲ ਕੀਮਤ ਅਦਾ ਕਰਕੇ ਆਸਾਨੀ ਨਾਲ ਆਪਣੀਆਂ ਟਿਕਟਾਂ ਪ੍ਰਾਪਤ ਕਰ ਸਕਣਗੇ।

## ਜੀ ਐੱਸ ਟੀ ਵਿਭਾਗ ਨੇ ਕਾਟਨ ਫੈਕਟਰੀ ਮਾਲਕਾਂ ਨਾਲ ਕੀਤੀ ਮੀਟਿੰਗ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਰੋਹਿਤ ਗਰਗ, ਸਹਾਇਕ ਕਮਿਸ਼ਨਰ ਰਾਜ ਕਰ, ਸ੍ਰੀ ਮੁਕਤਸਰ ਸਾਹਿਬ ਨੇ ਜੀ.ਐਸ.ਟੀ. ਦਾ ਮਾਲੀਆ ਵਧਾਉਣ ਲਈ ਕਾਟਨ ਨਾਲ ਸਬੰਧਤ ਵਪਾਰੀਆਂ ਤੇ ਫੈਕਟਰੀ ਮਾਲਕਾਂ ਨਾਲ ਆਪਣੇ ਦਫਤਰ ਵਿਖੇ ਮੀਟਿੰਗ ਕੀਤੀ।ਮੀਟਿੰਗ ਵਿੱਚ ਵਪਾਰੀਆਂ ਨਾਲ ਜ਼ਿਲ੍ਹੇ ਵਿੱਚ ਕਾਟਨ ਦਾ ਟੈਕਸ ਘਟ ਜਾਣ ਸਬੰਧੀ ਵਿਚਾਰ ਕੀਤਾ ਗਿਆ। ਮੀਟਿੰਗ ਵਿੱਚ ਪਹੁੰਚੇ ਕਾਟਨ ਨਾਲ ਸਬੰਧਤ ਵਪਾਰੀਆਂ ਨੇ ਦੱਸਿਆ ਕਿ ਟੈਕਸ ਘਟਣ ਦਾ ਮੁੱਖ ਕਾਰਨ ਇਲਾਕੇ ਵਿੱਚ ਕਾਟਨ ਖੇਤੀ ਅਧੀਨ ਰਕਬਾ ਘਟ ਰਿਹਾ ਹੈ ਅਤੇ ਝੋਨੇ ਦੀ ਖੇਤੀ ਅਧੀਨ ਰਕਬਾ ਦਿਨੋਂ ਦਿਨ ਵਧ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਸਾਲਾਂ ਦੌਰਾਨ ਨਰਮੇ ਦੀ ਖਰੀਦ ਅਕਤੂਬਰ ਮਹੀਨੇ ਤੋਂ ਹੀ ਸ਼ੁਰੂ ਹੋ ਜਾਂਦੀ ਸੀ, ਪਰੰਤੂ ਇਸ ਸਾਲ ਨਵੰਬਰ ਮਹੀਨੇ ਤੱਕ ਵੀ ਮੰਡੀਆਂ ਵਿੱਚ ਨਰਮੇ ਦੀ ਖਰੀਦ ਨਾ ਮਾਤਰ ਹੀ ਹੋਈ ਹੈ।ਮੀਟਿੰਗ ਵਿੱਚ ਮੈਸ: ਗਰੋਸਪਿਨਜ਼ ਫੈਬਜ਼ ਲਿਮ. ਸ੍ਰੀ ਮੁਕਤਸਰ ਸਾਹਿਬ, ਮੈਸ: ਮੁਕਤਸਰ ਕਾਟਨ ਫੈਕਟਰੀ ਸ੍ਰੀ ਮੁਕਤਸਰ ਸਾਹਿਬ, ਮੈਸ: ਤੁਲਸੀ ਰਾਮ ਜੱਸ ਰਾਜ ਮਲੋਟ, ਮੈਸ: ਸਸਟੇਨੇਬਲ ਕਾਟਨ ਲਿਮ. ਗਿੱਦੜਬਾਹਾ, ਮੈਸ: ਸ੍ਰੀ ਗਨੇਸ਼ ਕਾਟਨ ਇੰਡ. ਲਿਮ. ਗਿੱਦੜਬਾਹਾ, ਮੈਸ: ਚੰਦੂ ਲਾਲ ਵੇਦ ਪ੍ਰਕਾਸ਼ ਗਿੱਦੜਬਾਹਾ, ਮੈਸ: ਐਸ. ਆਰ. ਕਾਟਨ ਫੈਕਟਰੀ ਮਲੋਟ ਅਤੇ ਮੈਸ: ਮੱਕੜ ਕਾਟਨ ਫੈਕਟਰੀ ਮਲੋਟ ਦੇ ਪਹੁੰਚੇ ਵਪਾਰੀਆਂ ਤੋਂ ਇਲਾਵਾ ਸਟੇਟ ਜੀ.ਐਸ.ਟੀ. ਵਿਭਾਗ ਦੇ ਮਨਜਿੰਦਰ ਸਿੰਘ ਰਾਜ ਕਰ ਅਫ਼ਸਰ, ਗੁਰਿੰਦਰਜੀਤ ਸਿੰਘ ਰਾਜ ਕਰ ਅਫ਼ਸਰ, ਮੁਨੀਸ਼ ਗਰਗ ਕਰ ਨਿਰੀਖਕ, ਤਰਸੇਮ ਸਿੰਘ ਕਰ ਨਿਰੀਖਕ ਅਤੇ ਅੰਮ੍ਰਿਤਪਾਲ ਗੋਇਲ ਕਰ ਨਿਰੀਖਕ ਸ਼ਾਮਲ ਸਨ।


01884-245280, E-mail : eanpmpur@yahoo.com

ੴ ਤੇਗ ਬਹਾਦਰ ਸਿਮਰਿਐ ਘਰ ਨਉ ਨਿਧਿ ਆਵੈ ਧਾਇ ॥ ਸ੍ਰੀ ਗੁਰੂ ਤੇਗ ਬਹਾਦਰ ਜੀ 400ਵਾਂ ਪ੍ਰਕਾਸ਼ ਪੁਰਬ 1621-2021

**Office of the NAGAR PANCHAYAT, MAHILPUR, Distt. Hoshiarpur**

स्वच्छ भारत एक कदम स्वच्छता की ओर

Ref no. NPM/2069 Date : 21-11-2024

## ਪਬਲਿਕ ਨੋਟਿਸ

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਨਗਰ ਪੰਚਾਇਤ, ਮਾਹਿਲਪੁਰ ਦੇ ਵਾਰਡ ਨੰ. 1 ਤੋਂ 13 ਦੀਆਂ ਚੋਣਾਂ ਸੰਬੰਧੀ ਵੋਟਰ ਸੂਚੀਆਂ ਲਈ ਦਾਅਵੇ/ਇਤਰਾਜ਼ ਮਿਤੀ 18.11.2024 ਤੋਂ 25.11.2024 ਤੱਕ ਲਏ ਜਾਣੇ ਹਨ। ਜਿਨ੍ਹਾਂ ਦਾ ਨਿਪਟਾਰਾ ਮਿਤੀ 03.12.2024 ਤੱਕ ਕੀਤਾ ਜਾਣਾ ਹੈ ਅਤੇ ਅੰਤਮ ਪ੍ਰਕਾਸ਼ਨਾ ਮਿਤੀ 07.12.2024 ਤੱਕ ਕੀਤੀ ਜਾਣੀ ਹੈ। ਇਨ੍ਹਾਂ ਦਾਅਵੇ ਅਤੇ ਇਤਰਾਜ਼ਾਂ ਸੰਬੰਧੀ ਫਾਰਮ ਦਫਤਰ ਨਗਰ ਪੰਚਾਇਤ ਵਿਖੇ ਉਪਲੱਬਧ ਹਨ। ਇਸ ਲਈ ਸਮੂਹ ਵੋਟਰਾਂ ਅਤੇ ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਆਪ ਦੀ ਵੋਟ ਨਾਲ ਸੰਬੰਧਤ ਵੋਟਰ ਸੂਚੀ ਸੰਬੰਧੀ ਕੋਈ ਦਾਅਵੇ/ਇਤਰਾਜ਼/ਸੋਧ ਅਤੇ ਨਵੀਂ ਵੋਟ ਸੰਬੰਧੀ ਫਾਰਮ ਦੇਣਾ ਹੋਵੇ ਤਾਂ ਆਪ ਮਿਤੀ 25.11.2024 ਤੱਕ ਦਫਤਰ ਨਗਰ ਪੰਚਾਇਤ, ਮਾਹਿਲਪੁਰ ਵਿਖੇ ਦੇ ਸਕਦੇ ਹੋ।

ਸਹੀ/-
ਕਾਰਜ ਸਾਧਕ ਅਫਸਰ,
ਨਗਰ ਪੰਚਾਇਤ, ਮਾਹਿਲਪੁਰ।

# ਚੰਡੀਗੜ੍ਹ ਸਬੰਧੀ ਆਰ ਐੱਮ ਪੀ ਆਈ ਨੇ ਡਿਪਟੀ ਕਮਿਸ਼ਨਰ ਨੂੰ ਸੌਂਪਿਆ ਮੰਗ ਪੱਤਰ



ਚੰਡੀਗੜ੍ਹ ਵਿੱਚੋਂ ਹਰਿਆਣੇ ਨੂੰ ਥਾਂ ਦੇਣ ਦੇ ਵਿਰੋਧ ਵਿੱਚ ਆਰ.ਐਮ.ਪੀ.ਆਈ. ਵਲੋਂ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਸੌਂਪਦੇ ਆਗੂ

**ਹੁਸ਼ਿਆਰਪੁਰ (ਬਲਵੀਰ ਸੈਣੀ)** ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ.) ਇਕਾਈ ਹੁਸ਼ਿਆਰਪੁਰ ਵਲੋਂ ਸੂਬਾ ਸਕੱਤਰ ਕਾਮਰੇਡ ਹਰਕੰਵਲ ਸਿੰਘ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਨੂੰ ਚੰਡੀਗੜ੍ਹ ਵਿਖੇ ਹਰਿਆਣਾ ਪ੍ਰਾਂਤ ਦੀ ਰਾਜਧਾਨੀ ਦੀ ਉਸਾਰੀ ਲਈ ਜਗ੍ਹਾ ਅਤੇ ਪੈਸਾ ਦਿੱਤੇ ਜਾਣ ਦਾ ਕੇਂਦਰ ਸਰਕਾਰ ਦੇ ਅਨਿਆਂ-ਪੂਰਨ ਫੈਸਲੇ ਨੂੰ ਤੁਰੰਤ ਰੱਦ ਕਰਨ ਸਬੰਧੀ ਮੰਗ ਪੱਤਰ ਸੌਂਪਿਆ ਗਿਆ। ਇਸ ਸਬੰਧੀ ਤਹਿਸੀਲ ਕਮੇਟੀ ਆਰ.ਐਮ.ਪੀ.ਆਈ. ਨੇ ਪ੍ਰੈਸ ਨੋਟ ਜਾਰੀ ਕਰਦਿਆਂ ਕਿਹਾ ਕਿ ਇਹ ਫੈਸਲਾ ਪੰਜਾਬ ਵਾਸੀਆਂ ਦੀਆਂ ਭਾਵਨਾਵਾਂ ਨੂੰ ਸੱਟ ਮਾਰਨ ਵਾਲਾ ਹੈ। ਪੰਜਾਬ ਪੁਨਰ ਗਠਨ ਐਕਟ 1966 ਅਤੇ ਜੁਲਾਈ 1985 'ਚ ਹੋਏ ਰਾਜੀਵ-ਲੌਂਗੋਵਾਲ ਸਮਝੌਤੇ ਅਤੇ ਹੋਰ ਸਾਰੀਆਂ ਵਾਰਤਾਵਾਂ ਜਿਨ੍ਹਾਂ ਵਿੱਚ ਚੰਡੀਗੜ੍ਹ ਤੇ ਪੰਜਾਬ ਦਾ ਅਧਿਕਾਰ ਹੋਣ ਬਾਰੇ ਆਮ ਸਹਿਮਤੀ ਰਹੀ ਹੈ, ਉਹਨਾਂ ਦੀ ਉਲੰਘਣਾ ਕਰਦਾ ਹੈ, ਕਿਉਂਕਿ ਪੰਜਾਬ ਦੇ ਪਿੰਡਾਂ ਨੂੰ ਉਜਾੜ ਕੇ ਵਸਾਇਆ ਚੰਡੀਗੜ੍ਹ ਪੰਜਾਬ ਦੀ ਰਾਜਧਾਨੀ ਹੈ, ਹਰਿਆਣੇ ਦੀ ਰਾਜਧਾਨੀ ਦਾ ਸਿਰਫ ਆਰਜ਼ੀ ਪ੍ਰਬੰਧ ਹੀ ਸੀ। ਕੇਂਦਰ ਸਰਕਾਰ ਦੇ ਹੋਰ ਫੈਸਲੇ ਬੀ.ਬੀ.ਐਮ.ਬੀ. ਦੀ ਮੈਨੇਜਮੈਂਟ ਵਿਚ 60:40 ਪੰਜਾਬ ਹਰਿਆਣੇ ਦੀ ਹਿੱਸੇਦਾਰੀ, ਪੰਜਾਬ ਯੂਨੀਵਰਸਿਟੀ, ਪਾਣੀਆਂ ਦੀ ਵੰਡ ਅਤੇ ਬਾਰਡਰਾਂ ਤੋਂ 50 ਕਿਲੋਮੀਟਰ ਤੇ ਬੀ.ਐਸ.ਐਫ. ਦਾ ਘੇਰਾ ਵਧਾਉਣਾ ਆਦਿ ਫੈਸਲੇ ਰਾਜਾਂ ਦੇ ਅਧਕਾਰਾਂ ਤੇ ਡਾਕਾ ਮਾਰਨ ਵਾਲੇ ਹਨ ਖ਼ਾਸ ਕਰਕੇ ਚੰਡੀਗੜ੍ਹ ਪੰਜਾਬ ਦੀ ਰਾਜਧਾਨੀ ਵਿੱਚ ਹਰਿਆਣਾ ਪ੍ਰਾਂਤ ਨੂੰ ਜਗ੍ਹਾ ਦੇਣਾ ਦੁਬਾਰਾ ਤੋਂ ਪੰਜਾਬ ਦੇ ਹਾਲਾਤ ਖਰਾਬ ਕਰਨ ਵਾਲੀ ਗੱਲ ਹੈ। ਆਰ.ਐਮ.ਪੀ.ਆਈ. ਅਤੇ ਸ਼ਾਤੀ ਪਸੰਦ ਜੱਥੇਬੰਦੀਆਂ ਅਤੇ ਰਾਜਸੀ ਪਾਰਟੀਆਂ ਮੰਗ ਕਰਦੀਆਂ ਹਨ ਕਿ ਇਸ ਫੈਸਲੇ ਨੂੰ ਤੁਰੰਤ ਰੱਦ ਕੀਤਾ ਜਾਵੇ ਅਤੇ ਚੰਡੀਗੜ੍ਹ ਫੌਰੀ ਪੰਜਾਬ ਦੇ ਹਵਾਲੇ ਕੀਤਾ ਜਾਵੇ। ਇਸ ਤੋਂ ਇਲਾਵਾ ਪੰਜਾਬ ਨਾਲ ਸਬੰਧਤ ਬਾਕੀ ਲੰਬਿਤ ਮਸਲਿਆਂ ਨੂੰ ਤੁਰੰਤ ਹੱਲ ਕੀਤਾ ਜਾਵੇ। ਇਸ ਮੌਕੇ ਜਮਹੂਰੀ ਅਧਿਕਾਰ ਸਭਾ ਵਲੋਂ ਓਮ ਸਿੰਘ ਸਟਿਆਣਾ, ਹਰਪ੍ਰੀਤ ਲਾਲੀ, ਰਣਬੀਰ ਸਿੰਘ, ਆਰ.ਐਮ.ਪੀ.ਆਈ. ਆਗੂ ਦਵਿੰਦਰ ਸਿੰਘ ਕੱਕੋਂ, ਮਲਕੀਤ ਸਿੰਘ ਸਲੇਮਪੁਰ, ਓਮ ਪ੍ਰਕਾਸ਼, ਗੰਗਾ ਪ੍ਰਸ਼ਾਦ, ਗੁਰਚਰਨ ਸਿੰਘ, ਰਣਧੀਰ ਸਿੰਘ ਸੈਣੀ, ਬਲਵਿੰਦਰ ਗਿੱਲ, ਹੈਡਮਾਸਟਰ ਤੇਜ ਪ੍ਰਕਾਸ਼, ਮਨਜੀਤ ਸਿੰਘ ਬਾਜਵਾ, ਸੱਭਿਆਚਾਰਕ ਮੰਚ ਵਲੋਂ ਅਸ਼ੋਕ ਪੁਰੀ ਆਦਿ ਆਗੂ ਵੀ ਹਾਜ਼ਰ ਸਨ।

# ਬੀਬੀ ਜਸਵੀਰ ਕੌਰ ਨੂੰ ਹਜ਼ਾਰਾਂ ਸੇਜਲ ਅੱਖਾਂ ਨੇ ਦਿੱਤੀ ਅੰਤਿਮ ਵਿਦਾਇਗੀ



**ਆਦਮਪੁਰ (ਪਰਮਜੀਤ ਸਿੰਘ)**- ਦੁਆਬਾ ਕਿਸਾਨ ਸੰਘਰਸ਼ ਕਮੇਟੀ ਦੇ ਪ੍ਰਧਾਨ ਬਲਵਿੰਦਰ ਸਿੰਘ ਮੱਲੀ ਨੰਗਲ ਦੀ ਧਰਮ ਸੁਪਤਨੀ ਬੀਬੀ ਜਸਵੀਰ ਕੌਰ ਦਾ ਦੇਹਾਂਤ ਹੋ ਗਿਆ ਹੈ, ਜਿਨ੍ਹਾਂ ਦਾ ਉਨ੍ਹਾਂ ਦੇ ਜੱਦੀ ਪਿੰਡ ਮੱਲੀ ਨੰਗਲ ਸਮਸ਼ਾਨ ਘਾਟ ਵਿਖੇ ਪੂਰੇ ਰੀਤੀ ਰਿਵਾਜਾਂ ਨਾਲ ਅੰਤਿਮ ਸੰਸਕਾਰ ਕੀਤਾ ਗਿਆ। ਚਿਖਾ ਨੂੰ ਅਗਨੀ ਉਨ੍ਹਾਂ ਦੇ ਸਪੁੱਤਰ ਅਮਨਪ੍ਰੀਤ ਸਿੰਘ ਵੱਲੋਂ ਦਿੱਤੀ ਗਈ। ਇਸ ਮੌਕੇ ਹਜ਼ਾਰਾਂ ਅੱਖਾਂ ਨੇ ਮਾਤਾ ਜਸਵੀਰ ਕੌਰ ਨੂੰ ਅੰਤਿਮ ਵਿਦਾਇਗੀ ਦਿੱਤੀ। ਇਸ ਦੁੱਖ ਦੀ ਘੜੀ ਵਿੱਚ ਹਲਕਾ ਵਿਧਾਇਕ ਸੁਖਵਿੰਦਰ ਸਿੰਘ ਕੋਟਲੀ,ਮੁਕੇਸ਼ ਚੰਦਰ ਰਾਣੀ ਭੱਟੀ ਸੂਬਾ ਵਾਇਸ ਪ੍ਰਧਾਨ ਬੀਕੇਯੂ ਰਾਜੇਵਾਲ, ਅਮਰਜੀਤ ਸਿੰਘ, ਅਵਤਾਰ ਸਿੰਘ ਢੇਸੀ ਪਚਰੰਗਾ, ਚਰਨਜੀਤ ਸਿੰਘ ਡੱਲਾ,ਪਵਿੱਤਰ ਸਿੰਘ ਧੁੱਗਾ, ਹਰਵਿੰਦਰ ਪਾਲ ਸਿੰਘ ਡੱਲੀ,ਬਿੱਲੂ ਨੰਬਰਦਾਰ,ਨੰਬਰਦਾਰ ਜੋਰਾਵਰ ਸਿੰਘ, ਦਾਤਾਰ ਸਿੰਘ ਕੈਨੇਡਾ,ਚਰਨਜੀਤ ਸਿੰਘ ਫਰੀਦਪੁਰ, ਸੁਖਜਿੰਦਰ ਸਿੰਘ ਮੰਡ, ਸਰਪੰਚ ਦਵਿੰਦਰ ਸਿੰਘ ਮੰਟਾ,ਪਰਮਿੰਦਰ ਸਿੰਘ ਮੱਲੀ, ਸੀਨੀਅਰ ਵਾਈਸ ਪ੍ਰਧਾਨ ਹਰਵਿੰਦਰ ਸਿੰਘ ਢੰਡੋਰ ਬੀਕੇਯੂ ਰਾਜੇਵਾਲ, ਰਣਜੀਤ ਸਿੰਘ ਬਿੱਲਾ, ਬਹਾਦਰ ਸਿੰਘ ਚੌਹਾਨ, ਸੁਖਦੇਵ ਸਿੰਘ ਪਲਾਹੀ, ਪਵਿੱਤਰ ਸਿੰਘ ਧੁੱਗਾ, ਪ੍ਰਤੀਮ ਸਿੰਘ ਸਗਰਾਂ ਵਾਲੀ,ਬਲਜੀਤ ਸਿੰਘ ਘੋੜਾਵਾਹੀ, ਹਰਜੀਤ ਸਿੰਘ, ਜੰਗਵੀਰ ਸਿੰਘ,ਡੀ.ਐੱਸ.ਪੀ. ਕੁਲਵੰਤ ਸਿੰਘ ਆਦਮਪੁਰ, ਹਰਮੇਲ ਸਿੰਘ ਮੱਲੀ ਨੰਗਲ, ਰਣਜੀਤ ਸਿੰਘ ਰਾਣਾ ਨਾਜਕਾ, ਪ੍ਰਗਟ ਸਿੰਘ ਮੱਲੀ ਨੰਗਲ ਸਮੇਤ ਪੰਜਬ ਦੀਆਂ ਵੱਖ ਵੱਖ ਕਿਸਾਨ ਜਥੇਬੰਦੀਆਂ ਦੇ ਆਗੂ ਹਾਜ਼ਰ ਸਨ।

# ਜਿਹੜੇ ਇਨਸਾਨ ਅੰਤਰ ਧਿਆਨ ਹੁੰਦੇ ਹਨ ਉਹੀ ਪ੍ਰਭੂ ਪਾਉਂਦੇ ਹਨ : ਬਾਬਾ ਸ਼ੇਰ ਸਿੰਘ



**ਟਾਂਡਾ ਉੜਮੁੜ ( ਜਸਵਿੰਦਰ ਸੰਧੂ ਓਂਕਾਰ ਸਿੰਘ)**- ਸਤਿਗੁਰੂ ਵੱਲੋਂ ਬਖਸ਼ੇ ਗਏ ਨਾਮ ਸਿਮਰਨ ਦਾ ਜਾਪ ਕਰਦੇ ਹੋਏ ਹਰ ਇਨਸਾਨ ਨੂੰ ਅੰਤਰ ਧਿਆਨ ਕਰਨਾ ਚਾਹੀਦਾ ਹੈ ਤਾਂ ਜੋ ਪ੍ਰਭੂ ਦੀ ਜੋਤ ਦਾ ਦਰਸ਼ਨ ਕੀਤਾ ਜਾ ਸਕੇ ਅਤੇ ਆਪਣੀ ਆਤਮਾ ਨੂੰ ਪ੍ਰਭੂ ਚਰਨਾਂ ਨਾਲ ਜੋੜ ਕੇ ਹਮੇਸ਼ਾ ਲਈ ਇਸ ਆਵਾਗਮਨ ਤੋਂ ਛੁਟਕਾਰਾ ਪਾਇਆ ਜਾ ਸਕੇ। ਇਹ ਤਾਂ ਹੀ ਸੰਭਵ ਹੈ ਜੇਕਰ ਅਸੀਂ ਜਿਉਂਦੇ ਜੀ ਆਪਣੇ ਅੰਦਰੋਂ ਹੋਮੈ ਦਾ ਤਿਆਗ ਕਰਕੇ ਆਪਣੇ ਆਪ ਨੂੰ ਪ੍ਰਭੂ ਪ੍ਰਤੀ ਸਮਰਪਿਤ ਕਰ ਦੇਵਾਂਗੇ। ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਜੇਠੇ ਵੀਰਵਾਰ ਨੂੰ ਸਾਵਰ ਪਾਕ ਸੱਚੀ ਦਰਗਾਹ ਤੇ ਦੂਸਰਾ ਕਲੀਅਰ ਸ਼ਰੀਫ ਅਹਿਆਪੁਰ ਵਿਖੇ ਸਜਾਏ ਗਏ ਦਰਬਾਰ 'ਚ ਹਾਜ਼ਰ ਸੰਗਤ ਦੇ ਇਕੱਠ ਨੂੰ ਪ੍ਰਭੂ ਚਰਨਾਂ ਨਾਲ ਜੋੜਦੇ ਹੋਏ ਦਰਗਾਹ ਦੇ ਗੱਦੀ ਨਸ਼ੀਨ ਬਾਬਾ ਸ਼ੇਰ ਸਿੰਘ ਘੋੜੀਆਂ ਵਾਲਿਆਂ ਨੇ ਕਿਹਾ ਕਿ ਜੋ ਇਨਸਾਨ ਦੁਨੀਆਂ ਦੇ ਮੋਹ ਮਾਇਆ ਦੇ ਜਾਲ ਤੋਂ ਮੁਕਤ ਹੋ ਕੇ ਆਪਣੇ ਸਰੀਰ ਨੂੰ ਨਿਰਜੀਵ ਕਰਕੇ ਅੰਤਰ ਧਿਆਨ ਹੋ ਜਾਂਦੇ ਹਨ ਉਸਨੂੰ ਹੀ ਸੰਤ ਮਹਾਂਪੁਰਸ਼ ਜਿਉਂਦੇ ਜੀ ਮਰਨਾ ਕਹਿੰਦੇ ਹਨ। ਇਹ ਤਾਂ ਹੀ ਸੰਭਵ ਹੋ ਸਕਦਾ ਹੈ ਜੇਕਰ ਇਨਸਾਨ ਬਾਹਰੀ ਖ਼ਿਆਲ ਛੱਡ ਕੇ ਸੱਚੇ ਮਨ ਨਾਲ ਪ੍ਰਭੂ ਭਗਤੀ ਨਾਲ ਆਪਣਾ ਧਿਆਨ ਜੋੜਦੇ ਹਨ। ਉਨ੍ਹਾਂ ਕਿਹਾ ਕਿ ਹਰ ਇਨਸਾਨ ਆਪਣੇ ਮਨ ਵਿੱਚ ਇਹ ਭੁਲੇਖਾ ਸੰਜੋਏ ਬੈਠਾ ਹੈ ਕਿ ਸਾਰੀ ਦੁਨੀਆ ਨੇ ਮਰ ਜਾਣਾ ਹੈ ਪਰ ਮੈਂ ਕਦੇ ਨਹੀਂ ਮਰਨਾ, ਜਦਕਿ ਮੌਤ ਹੀ ਇੱਕ ਸੱਚਾਈ ਹੈ ਬਾਕੀ ਸਭ ਕੁਝ ਝੂਠ ਦਾ ਭੰਡਾਰ ਹੈ।ਬਾਬਾ ਜੀ ਦਾ ਅਟੁੱਟ ਲੰਗਰ ਚੱਲਦਾ ਰਿਹਾ। ਇਸ ਮੌਕੇ 'ਤੇ ਬੀਬੀ ਬਲਜੀਤ ਕੌਰ, ਸੇਵਾਦਾਰ ਮੀਰ ਕਮਲ ਸਾਬਰੀ, ਸ਼ਹਿਜ਼ਾਦਾ ਡਾ. ਮੀਰਾ ਹਸਨ, ਦੇਵੀਕਾ, ਰਾਜੇਸ਼ ਜਸਰਾ, ਨਸੀਬ ਸਿੰਘ, ਜੀਤ ਰਾਮ, ਤਰਸੇਮ ਲਾਲ, ਸੁਰਿੰਦਰ ਸਿੰਘ, ਰਾਜਵਿੰਦਰ ਕੌਰ ਆਦਿ ਹਾਜ਼ਰ ਸਨ।

## ਸ੍ਰੀ ਗੁਰੂ ਨਾਨਕ ਦੇਵ ਜੀ ਦਾ 555ਵਾਂ ਪ੍ਰਕਾਸ਼ ਪੁਰਬ ਮਨਾਇਆ





**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)**- ਬੀਤੇ ਦਿਨੀ ਗੁਰੂ ਨਾਨਕ ਮਿਸ਼ਨ ਪਬਲਿਕ ਸਕੂਲ ਡੱਲਾ ਵਿਖੇ ਪਹਿਲੀ ਪਾਤਸ਼ਾਹੀ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ 555ਵਾਂ ਪ੍ਰਕਾਸ਼ ਪੁਰਬ ਬਹੁਤ ਹੀ ਪ੍ਰੇਮ ਸਤਿਕਾਰ ਅਤੇ ਸ਼ਰਧਾ ਪੂਰਵਕ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਉਪਰੰਤ ਸਕੂਲ ਦੇ ਵਿਦਿਆਰਥੀਆਂ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਨਾਲ ਸੰਬੰਧਿਤ ਕਵਿਤਾਵਾਂ ਅਤੇ ਨਿਰੋਲ ਬਾਣੀ ਦਾ ਕੀਰਤਨ ਵੀ ਕੀਤਾ ਗਿਆ। ਇਸ ਮੌਕੇ ਡੱਲਾ ਪਿੰਡ ਦੇ ਸਰਪੰਚ ਰਮੇਸ਼ ਲਾਲ ਵੀ ਹਾਜ਼ਰ ਸਨ। ਸਕੂਲ ਪ੍ਰਿੰਸੀਪਲ ਬਿਕਰਮ ਸਿੰਘ ਸੈਣੀ ਨੇ ਆਏ ਹੋਏ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ ਅਤੇ ਬੱਚਿਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਦੁਆਰਾ ਦਿੱਤੇ ਉਪਦੇਸ਼ਾਂ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਤੇ ਚਰਨਜੀਤ ਸਿੰਘ ਡਾਕਟਰ ਸੁਮਿਤ ਰਾਮਪਾਲ ਕਲਾਸ਼ ਮੈਡੀਸਿਟੀ ਹਸਪਤਾਲ ਸ਼੍ਰੀਮਤੀ ਰਣਜੀਤ ਕੌਰ ਸ੍ਰੀਮਤੀ ਹਰਜੀਤ ਕੌਰ ਸ੍ਰੀਮਤੀ ਨੰਦਨੀ ਜੋਸ਼ੀ ਅਤੇ ਸਮੂਹ ਸਕੂਲ ਸਟਾਫ ਹਾਜਰ ਸੀ।

## ਪੀ ਜੀ ਆਈ ਦੇ ਮਰੀਜ਼ਾਂ ਲਈ ਲੰਗਰ ਦੀ ਸੇਵਾ ਨਿਰੰਤਰ ਜਾਰੀ




**ਭਲਾਣ (ਹਰਭਜਨ ਢਿੱਲੋਂ)**—ਤਹਿ ਨੰਗਲ ਦੇ ਅਧੀਨ ਆਉਂਦੇ ਪਿੰਡ ਮਹਿਲਾਵਾਂ ਦੇ ਸ਼ਹੀਦ ਬਚਿੱਤਰ ਸਿੰਘ ਯੂਥ ਕਲੱਬ ਵੱਲੋਂ ਪੀ. ਜੀ.ਆਈ ਚੰਡੀਗੜ੍ਹ ਦੇ ਮਰੀਜ਼ਾਂ ਲਈ ਲੰਗਰ ਦੀ ਸੇਵਾ ਨਿਰੰਤਰ ਭੇਜੀ ਜਾ ਰਹੀ ਹੈ। ਕਲੱਬ ਮੈਂਬਰਾਂ ਨੇ ਦੱਸਿਆ ਕਿ ਹਰ ਮਹੀਨੇ ਦੀ ਸੰਗਰਾਂਦ ਦੇ ਪਹਿਲੇ ਹਫਤੇ ਦਿਨ ਵੀਰਵਾਰ ਨੂੰ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਇਹ ਸੇਵਾ ਭੇਜੀ ਜਾ ਰਹੀ ਹੈ ਜੋ ਕਿ ਕਈ ਸਾਲਾਂ ਤੋਂ ਨਿਰਵਿਘਨ ਜਾਰੀ ਹੈ। ਉਨ੍ਹਾਂ ਦੱਸਿਆ ਕਿ ਕਲੱਬ ਮੈਂਬਰਾਂ ਤੋਂ ਇਲਾਵਾ ਸਮੂਹ ਪਿੰਡ ਵਾਸੀ ਵੱਧ ਚੜ੍ਹ ਕੇ ਇਸ ਸੇਵਾ ਵਿੱਚ ਸਹਿਯੋਗ ਦਿੰਦੇ ਹਨ। ਇਸ ਮੌਕੇ ਆਪ ਆਗੂ ਗੁਰਬਖਸ਼ ਸਿੰਘ ਬਿੱਲਾ,ਡਾਕਟਰ ਰਾਮ ਕਿਸ਼ਨ ਸੋਨੂੰ ,ਹਰੀ ਕਿਸ਼ਨ, ਦਿਲਵਾਲ ਸਿੰਘ, ਭੁਪਿੰਦਰ ਕੁਮਾਰ, ਸਹਿਲ ਕੁਮਾਰ, ਮੋਹਿਤ ਕੁਮਾਰ,ਗੋਰਵ ਸੋਰਵ ਆਦਿ ਅਤੇ ਪਿੰਡ ਦੇ ਮੋਹਤਬਰ ਵਿਅਕਤੀ ਹਾਜ਼ਰ ਸਨ।

## ਖੂਨਦਾਨ ਕੈਂਪ ਅੱਜ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ )** ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ. ਅਜਨੋਹਾ ਦੇ ਮੁਖੀ ਭਾਈ ਹਰਵਿੰਦਰ ਖਾਲਸਾ ਅਜਨੋਹਾ ਨੇ ਦੱਸਿਆ ਕਿ ਸੰਸਥਾ ਵੱਲੋਂ ਗੁਰੂ ਨਾਨਕ ਦੇਵ ਜੀ ਦੇ 555 ਪ੍ਰਕਾਸ ਪੁਰਬ ਨੂੰ ਸਮਰਪਿਤ 34 ਵਾਂ ਖੂਨਦਾਨ ਕੈਂਪ ਮਿਤੀ 22 ਨਵੰਬਰ 2024 ਦਿਨ ਸ਼ੁਕਰਵਾਰ ਨੂੰ ਸਵੇਰੇ 10 ਤੋਂ 2 ਵਜੇ ਤੱਕ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨਰੂੜ ਵਿਖੇ ਲਗਾਇਆ ਜਾ ਰਿਹਾ ਹੈ । ਬਲੱਡ ਟੀਮ ਬਲੱਡ ਬੈਂਕ ਹੁਸ਼ਿਆਰਪੁਰ ਵੱਲਸਂ ਇਲਾਕਾ ਨਿਵਾਸੀ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਕੈਂਪ ਵਿੱਚ ਆ ਕੇ ਖੂਨ ਦਾਨ ਕਰਕੇ ਆਪਣਾ ਜੀਵਨ ਸਫਲ ਕਰੋ ਜੀ। ਇਸ ਮੌਕੇ ਸੰਸਥ ਦੇ ਮੁੱਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ , ਸੁਰਿੰਦਰ ਪਾਲ ਸਿੰਘ, ਉਂਕਾਰ ਸਿੰਘ ਖਾਲਸਾ, ਗੁਰਜੀਤ ਸਿੰਘ ਖਾਲਸਾ,ਪੰਚ ਮਨਪ੍ਰੀਤ ਸਿੰਘ ਨਰੂੜ, ਮਨਿੰਦਰ ਸਿੰਘ ਨਰੂੜ, ਪ੍ਰੇਮ ਨਾਥ, ਹਰਦੀਪ ਸਿੰਘ ਨਸੀਰਾਬਾਦ ਦਲਜੀਤ ਸਿੰਘ ਮੰਜ ਠੱਕਰਵਾਲ, ਬਰਿੰਦਰ ਸਿੰਘ ਬਿੰਦਰ ਪੰਜੋੜਾ, ਬਲਜੀਤ ਸਿੰਘ ਬਿੱਲਾ, ਜਰਨੈਲ ਸਿੰਘ ਅਜਨੋਹਾ ਆਦਿ ਹਾਜ਼ਰ ਸਨ।

## ਦੋ ਹੋਰ ਅੰਤਰਰਾਜੀ ਨਸ਼ਾ ਤਸਕਰ ਗ੍ਰਿਫ਼ਤਾਰ

**ਜਲੰਧਰ (ਸ਼ੈਲੀ ਐਲਬਰਟ)** ਅੰਤਰਰਾਜੀ ਡਰੱਗ ਰੈਕੇਟ ਵਿੱਚ ਇੱਕ ਹੋਰ ਅਹਿਮ ਪ੍ਰਾਪਤੀ ਕਰਦਿਆਂ ਜਲੰਧਰ ਕਮਿਸ਼ਨਰੇਟ ਪੁਲਸ ਨੇ ਭੁੱਕੀ ਦੀ ਤਸਕਰੀ ਵਿੱਚ ਸ਼ਾਮਲ ਦੋ ਹੋਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਕੋਲੋਂ ਕੁੱਲ 15 ਕੁਇੰਟਲ ਤੋਂ ਵੱਧ ਨਸ਼ੀਲਾ ਪਦਾਰਥ ਬਰਾਮਦ ਕੀਤਾ ਹੈ।ਪੁਲਸ ਕਮਿਸ਼ਨਰ ਨੇ ਦੱਸਿਆ ਤਿੰਨ ਦੋਸ਼ੀਆਂ ਗੁਰਅਵਤਾਰ ਸਿੰਘ ਉਰਫ ਤਾਰੀ, ਦੇਸ ਰਾਜ ਅਤੇ ਦਲੇਰ ਸਿੰਘ ਉਰਫ ਦਲੇਰਾ ਨੂੰ 14 ਕੁਇੰਟਲ ਭੁੱਕੀ ਸਮੇਤ ਗ੍ਰਿਫਤਾਰ ਕੀਤਾ ਸੀ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਖ਼ਿਲਾਫ਼ ਮੁਕੱਦਮਾ ਨੰਬਰ 226 ਮਿਤੀ 15.11.2024 ਅਧੀਨ 15/61/85 ਐਨ.ਡੀ.ਪੀ.ਐਸ ਐਕਟ ਦਰਜ ਕੀਤਾ ਗਿਆ ਸੀ। ਤਫਤੀਸ਼ ਦੌਰਾਨ ਦੋ ਹੋਰ ਮੁਲਜ਼ਮਾਂ ਜੋਗਾ ਸਿੰਘ ਪੁੱਤਰ ਕੁਲਦੀਪ ਸਿੰਘ ਵਾਸੀ ਕਸਬਾ ਮੁਹੱਲਾ ਮਹਿਤਪੁਰ ਜਲੰਧਰ ਅਤੇ ਉਸ ਦੇ ਸਾਥੀ ਲੱਕੀ ਪੁੱਤਰ ਅਜਮੇਰ ਸਿੰਘ ਵਾਸੀ ਪਿੰਡ ਮੰਡ ਚੌਂਤਾ ਪੁੰਜ ਕੂੰਮ ਕਲਾਂ ਲੁਧਿਆਣਾ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਉਕਤ ਮਾਮਲੇ ਵਿੱਚ ਹੁਣ ਤੱਕ ਕੁੱਲ 5 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਕੁੱਲ 15 ਕੁਇੰਟਲ 40 ਕਿਲੋ ਭੁੱਕੀ, ਦੋ ਵਾਹਨ, ਇੱਕ ਦੇਸੀ ਪਿਸਤੌਲ ਅਤੇ ਇੱਕ ਜਿੰਦਾ ਰੌਂਦ ਬਰਾਮਦ ਕੀਤਾ ਗਿਆ ਹੈ।

# ਰਾਜਾ ਨੇ ਸ਼ਹਿਰ ਦੀਆਂ ਵੱਖ-ਵੱਖ ਸੜਕਾਂ ਦਾ ਕੀਤਾ ਉਦਘਾਟਨ



**ਟਾਂਡਾ ਉੜਮੁੜ ( ਜਸਵਿੰਦਰ ਸੰਧੂ ਓਂਕਾਰ ਸਿੰਘ)**-ਨਗਰ ਕੌਂਸਲ ਟਾਂਡਾ ਵੱਲੋਂ ਸ਼ਹਿਰ ਦੀ ਸੁੰਦਰਤਾ ਨੂੰ ਬਰਕਰਾਰ ਰੱਖਣ ਦੇ ਨਾਲ ਨਾਲ ਸ਼ਹਿਰ ਦੀਆਂ ਸੜਕਾਂ ਦਾ ਵੀ ਨਵੀਨੀਕਰਨ ਕੀਤਾ ਜਾ ਰਿਹਾ ਹੈ। ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਨੇ ਇਹ ਪ੍ਰਗਟਾਵਾ ਟਾਂਡਾ ਸ਼ਹਿਰ ਦੀਆਂ ਵੱਖ-ਵੱਖ ਸੜਕਾਂ ਦੇ ਨਵੀਨੀਕਰਨ ਸਬੰਧੀ ਕੀਤੇ ਜਾ ਰਹੇ ਕਾਰਜਾਂ ਦਾ ਉਦਘਾਟਨ ਕਰਨ ਸਮੇਂ ਕੀਤਾ। ਰਾਜਾ ਨੇ ਦੱਸਿਆ ਕਿ ਕਰੀਬ 65 ਲੱਖ ਰੁਪਏ ਦੀ ਲਾਗਤ ਨਾਲ ਟਾਂਡਾ ਸ਼ਹਿਰ ਦੀਆਂ ਵੱਖ-ਵੱਖ ਸੜਕਾਂ ਨੂੰ ਨਵੀਂ ਦਿੱਖ ਪ੍ਰਦਾਨ ਕੀਤੀ ਜਾਵੇਗੀ ।ਜਿਸ ਦੌਰਾਨ 17.50 ਲੱਖ ਰੁਪਏ ਦੀ ਲਾਗਤ ਨਾਲ ਸਰਕਾਰੀ ਹਸਪਤਾਲ ਚੌਂਕ ਟਾਂਡਾ ਤੋਂ ਬੋਹੜ ਵਾਲਾ ਚੌਂਕ, 12 ਲੱਖ ਰੁਪਏ ਦੀ ਲਾਗਤ ਨਾਲ ਹਸਪਤਾਲ ਚੌਂਕ ਤੋਂ ਭਗਵਾਨੇ ਦੀ ਪੁਲੀ , 19 ਲੱਖ ਰੁਪਏ ਦੀ ਲਾਗਤ ਨਾਲ ਬਗੀਚਾ ਸਿੰਘ ਦੇ ਘਰ ਤੋਂ ਅਹੀਆਪੁਰ ਸੜਕ , 6.50 ਲੱਖ ਰੁਪਏ ਦੀ ਲਾਗਤ ਨਾਲ ਸ਼ਿਮਲਾ ਪਹਾੜੀ ਪਾਰਕ ਤੋਂ ਬਾਬਾ ਲੱਖ ਦਾਤਾ ਸਮਾਧ ਤੱਕ, 9.50 ਲੱਖ ਰੁਪਏ ਦੀ ਲਾਗਤ ਨਾਲ ਗਰਲਜ ਸਕੂਲ ਦੇ ਪਿਛਲੇ ਪਾਸੇ ਤੋਂ ਅਹੀਆਪੁਰ ਸ਼ਮਸ਼ਾਨ ਘਾਟ ਤੱਕ ਸੜਕਾਂ ਤੇ ਕਾਰਪਿਟ ਪ੍ਰੀਮਿਕਸ ਪਾ ਕੇ ਸੜਕਾਂ ਨੂੰ ਨਵੀਂ ਦਿੱਖ ਪ੍ਰਦਾਨ ਕੀਤੀ ਜਾਵੇਗੀ ਅਤੇ ਖਸਤਾ ਹਾਲਤ ਸੜਕਾਂ ਦੀ ਹਾਲਤ ਸੁਧਾਰੀ ਜਾਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਾਕ ਪ੍ਰਧਾਨ ਕੇਸ਼ਵ ਸਿੰਘ ਸੈਣੀ, ਨਗਰ ਕੌਂਸਲ ਟਾਂਡਾ ਦੇ ਈ.ਓ ਰਾਮ ਪ੍ਰਕਾਸ਼, ਏ.ਐਮ.ਈ: ਕੁਲਦੀਪ ਸਿੰਘ ਘੁੰਮਣ,ਐਸ.ਉ ਗੁਰਵਿੰਦਰ ਸਿੰਘ, ਕੌਂਸਲਰ ਹਰਕ੍ਰਿਸ਼ਨ ਸੈਣੀ, ਕੌਂਸਲਰ ਸੁਰਿੰਦਰਜੀਤ ਸਿੰਘ ਬਿੱਲੂ, ਕੌਂਸਲਰ ਮੰਜੂ ਬਾਲਾ, ਸੋਨੂ ਖੰਨਾ,ਸਾਬਕਾ ਕੌਂਸਲਰ ਬਲਵੀਰ ਕੌਰ, ਲਖਵਿੰਦਰ ਸਿੰਘ ਮੁਲਤਾਨੀ, ਨੰਬਰਦਾਰ ਹਰਵਿੰਦਰ ਕਲੋਟੀ, ਪ੍ਰੇਮ ਪਡਵਾਲ , ਰਾਜਨ ਸੋਂਧੀ, ਅਨਿਲ ਗੋਰਾ, ਕਮਲ ਧੀਰ, ਨਵਦੀਪ ਸੰਧਾਵਾਲੀਆ, ਸੇਵਾ ਸਿੰਘ, ਲੇਖਰਾਜ ਅਹੀਆਪੁਰ ਸੈਨਟਰੀ ਇੰਸਪੈਕਟਰ ਅਜੇ ਸੈਣੀ, ਗਿੰਨੀ ਅਰੋੜਾ, ਨਿਰਮਲ ਸਿੰਘ ਕੁਰਾਲਾ, ਜਸਵਿੰਦਰ ਸੰਧੂ, ਵਿੱਕੀ ਮਹਿੰਦਰੂ ਵੀ ਹਾਜ਼ਰ ਸਨ।

# ਐੱਲ ਪੀ ਯੂ ਨੇ ਸਾਈਬਰ ਸ਼ੀਲਡ 'ਦ ਕਵਿੱਕ ਹੀਲ ਸਟੋਰੀ' ਵਿਸ਼ੇ 'ਤੇ ਦਿਲਚਸਪ ਤਕਨੀਕੀ ਟਾਕ ਦੀ ਮੇਜ਼ਬਾਨੀ ਕੀਤੀ



**ਜਲੰਧਰ ( ਸ਼ੈਲੀ ਐਲਬਰਟ)**:- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ) ਨੇ ਸਾਈਬਰ ਸ਼ੀਲਡ 'ਦ ਕਵਿੱਕ ਹੀਲ ਸਟੋਰੀ' ਵਿਸ਼ੇ ਤੇ ਇੱਕ ਦਿਲਚਸਪ ਤਕਨੀਕੀ ਟਾਕ ਦੀ ਮੇਜ਼ਬਾਨੀ ਕੀਤੀ, ਜਿਸ ਵਿੱਚ ਕੁਇੱਕ ਹੀਲ ਟੈਕਨਾਲੋਜੀਜ਼ ਲਿਮਟਿਡ ਦੇ ਸਹਿ-ਸੰਸਥਾਪਕ ਡਾ. ਸੰਜੇ ਕਾਟਕਰ ਅਤੇ ਕਵਿੱਕ ਹੀਲ ਦੇ ਸਾਈਬਰ ਐਜੂਕੇਸ਼ਨ ਐਂਡ ਸਰਵਿਸਿਜ਼ ਦੇ ਡਾਇਰੈਕਟਰ ਵਿਸ਼ਾਲ ਕੁਮਾਰ ਨੇ ਸ਼ਿਰਕਤ ਕੀਤੀ। ਕਵਿੱਕ ਹੀਲ ਟੈਕਨਾਲੋਜੀਜ਼, ਸਾਈਬਰ ਸੁਰੱਖਿਆ ਹੱਲਾਂ ਵਿੱਚ ਇੱਕ ਭਾਰਤੀ ਬਹੁ-ਰਾਸ਼ਟਰੀ ਆਗੂ, ਦਾ ਮਾਰਕੀਟ ਪੂੰਜੀਕਰਣ ?3000 ਕਰੋੜ ਤੋਂ ਵੱਧ ਹੈ। ਆਪਣੇ ਐਂਟੀਵਾਇਰਸ ਅਤੇ ਐਂਡਪੁਆਇੰਟ ਸੁਰੱਖਿਆ ਉਤਪਾਦਾਂ ਲਈ ਵਿਸ਼ਵ ਪੱਧਰ 'ਤੇ ਮਾਨਤਾ ਪ੍ਰਾਪਤ ਕੰਪਨੀ ਤਿੰਨ ਦਹਾਕਿਆਂ ਤੋਂ ਵੱਧ ਸਮੇਂ ਤੋਂ ਡਿਜੀਟਲ ਈਕੋਸਿਸਟਮ ਦੀ ਸੁਰੱਖਿਆ ਲਈ ਸਭ ਤੋਂ ਅੱਗੇ ਹੈ । ਸੈਸ਼ਨ ਵਿੱਚ ਸਾਈਬਰ ਖਤਰਿਆਂ ਦੀ ਵਧ ਰਹੀ ਸਮੱਸਿਆ ਅਤੇ ਮਜ਼ਬੂਤ ਸੁਰੱਖਿਆ ਤਰੀਕਿਆਂ ਲਈ ਤੇਜ਼ੀ ਨਾਲ ਤਰੀਕੇ ਲੱਭਣ 'ਤੇ ਜ਼ੋਰ ਦਿੱਤਾ ਗਿਆ। ਡਾ. ਸੰਜੇ ਕਾਟਕਰ ਨੇ ਆਪਣੇ ਭਰਾ ਡਾ. ਕੈਲਾਸ਼ ਕਾਟਕਰ ਨਾਲ ਕਵਿੱਕ ਹੀਲ ਟੈਕਨਾਲੋਜੀ ਬਣਾਉਣ ਦੀ ਪ੍ਰੇਰਨਾਦਾਇਕ ਕਹਾਣੀ ਸਾਂਝੀ ਕੀਤੀ । ਆਪਣੇ ਸ਼ੁਰੂਆਤੀ ਦਿਨਾਂ ਨੂੰ ਯਾਦ ਕਰਦੇ ਹੋਏ, ਡਾ. ਕਾਟਕਰ ਨੇ ਕਿਹਾ, ਇੱਕ ਸਧਾਰਨ ਪਰਵਾਰ ਤੋਂ ਆਉਣ ਵਾਲੇ, ਮੇਰੇ ਭਰਾ ਨੇ ਮੇਰੀ ਮਦਦ ਕਰਨ ਲਈ ਆਪਣੀ ਸਿੱਖਿਆ ਕੁਰਬਾਨ ਕਰ ਦਿੱਤੀ ਅਤੇ ਫਿਰ ਅਸੀਂ ਰੁਕਾਵਟਾਂ ਨੂੰ ਮੌਕਿਆਂ ਵਿੱਚ ਬਦਲ ਦਿੱਤਾ। ਕਵਿੱਕ ਹੀਲ ਲਈ ਇਤਿਹਾਸਕ ਚੰਦਰਯਾਨ-3 ਸਮੇਤ ਇਸਰੋ ਦੇ ਸਪੇਸ ਮਿਸ਼ਨਾਂ ਲਈ ਸਾਈਬਰ ਸੁਰੱਖਿਆ ਭਾਈਵਾਲ ਬਣਨਾ ਬਹੁਤ ਮਹੱਤਵਪੂਰਨ ਹੈ । ਵਿਸ਼ਾਲ ਕੁਮਾਰ ਨੇ ਸੈਸ਼ਨ ਦੇ ਵਿਦਿਆਰਥੀਆਂ ਨੂੰ ਮਹੱਤਵਪੂਰਨ ਸਾਈਬਰ ਸੁਰੱਖਿਆ ਨੀਤੀਆਂ ਜਿਵੇਂ ਕਿ ਵਾਰ-ਵਾਰ ਪਾਸਵਰਡ ਬਦਲਣ, ਸਾਈਬਰ ਸੁਰੱਖਿਆ ਕਾਨੂੰਨਾਂ ਪ੍ਰਤੀ ਜਾਗਰੂਕਤਾ ਅਤੇ ਉਪਭੋਗਤਾਵਾਂ ਦੇ ਭਰੋਸੇ ਦਾ ਸ਼ੋਸ਼ਣ ਕਰਨ ਵਾਲੀਆਂ ਸੋਸ਼ਲ ਇੰਜੀਨੀਅਰਿੰਗ ਰਣਨੀਤੀਆਂ ਦੇ ਵਿਰੁੱਧ ਸਾਵਧਾਨੀ ਪ੍ਰਦਾਨ ਕੀਤੀ ਗਈ । ਡਾ: ਅਸ਼ੋਕ ਕੁਮਾਰ ਮਿੱਤਲ, ਸੰਸਦ ਮੈਂਬਰ (ਰਾਜ ਸਭਾ) ਅਤੇ ਐਲਪੀਯੂ ਦੇ ਸੰਸਥਾਪਕ ਚਾਂਸਲਰ ਨੇ ਕਿਹਾ, ਐਲਪੀਯੂ ਕੋਲ ਸਾਡੇ ਸਿਖਲਾਈ ਭਾਗੀਦਾਰਾਂ ਵਜੋਂ ਕਵਿੱਕ ਹੀਲ ਦੇ ਟ੍ਰੇਨਰ ਹਨ ਅਤੇ ਇਸ ਤਰ੍ਹਾਂ ਦਾ ਉਦਯੋਗਿਕ ਸਹਿਯੋਗ ਐਲਪੀਯੂ ਲਈ ਵਿਦਿਆਰਥੀਆਂ ਨੂੰ ਜ਼ਰੂਰੀ ਸਾਈਬਰ ਸੁਰੱਖਿਆ ਨਾਲ ਲੈਸ ਕਰਨ ਦਾ ਵਧੀਆ ਤਰੀਕਾ ਹੈ।

## ਜੰਗਲਾਤ ਵਰਕਰਜ਼ ਯੂਨੀਅਨ ਵੱਲੋਂ ਜਥੇਬੰਦਕ ਚੋਣਾਂ ਕਰਵਾਉਣ ਦਾ ਫੈਸਲਾ



**ਜਲੰਧਰ ( ਰਜੇਸ਼ ਥਾਪਾ)**-ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਅਮਰੀਕ ਸਿੰਘ ਗੜ੍ਹਸ਼ੰਕਰ ਦੀ ਪ੍ਰਧਾਨਗੀ ਹੇਠ ਸੂਬਾ ਕਮੇਟੀ ਦੀ ਮੀਟਿੰਗ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕੀਤੀ ਗਈ। ਜਿਸ ਵਿਚ ਇਹ ਫੈਸਲੇ ਲਏ ਗਏ ਕਿ 25 ਨਵੰਬਰ ਤੋਂ 31 ਦਸੰਬਰ ਤੱਕ ਰਾਜਾਂ ਦੀਆਂ ਚੋਣਾਂ ਕੀਤੀਆਂ ਜਾਣਗੀਆਂ, 01 ਜਨਵਰੀ 2025 ਤੋਂ 31 ਜਨਵਰੀ 2025 ਤੱਕ ਮੰਡਲਾਂ ਦੀਆਂ ਚੋਣਾਂ ਕੀਤੀਆਂ ਜਾਣਗੀਆਂ, 01 ਫਰਵਰੀ 2025 ਤੋਂ 20 ਫਰਵਰੀ ਤੱਕ ਸਰਕਲਾਂ ਦੀਆ ਚੋਣਾਂ ਦੀਆਂ ਚੋਣਾਂ ਕੀਤੀਆਂ ਜਾਣਗੀਆਂ। ਜ਼ਿਲ੍ਹੇ ਦੀ ਕੁੱਲ ਮੈਂਬਰਸ਼ਿਪ ਅਨੁਸਾਰ 15 ਸਾਥੀਆਂ ਮਗਰ 01 ਸਾਥੀ ਡੈਲੀਗੇਟ ਹੋਵੇਗਾ। ਇਸ ਉਪਰੰਤ ਜਥੇਬੰਦੀ ਦਾ ਸੂਬਾ ਪੱਧਰੀ ਡੈਲੀਗੇਟ ਅਜਲਾਸ ਮਾਰਚ ਦੇ ਦੂਸਰੇ ਹਫ਼ਤੇ ਪਟਿਆਲਾ ਵਿਖੇ ਕੀਤਾ ਜਾਵੇਗਾ।ਇਸ ਮੌਕੇ ਜਥੇਬੰਦੀ ਦੇ ਜਨਰਲ ਸਕੱਤਰ ਜਸਵੀਰ ਸਿੰਘ ਸੀਰਾ, ਸੀਨੀਅਰ ਮੀਤ ਪ੍ਰਧਾਨ ਜਸਵਿੰਦਰ ਸੌਂਜਾ, ਅਮਨਦੀਪ ਸਿੰਘ ਚਿੜੀਆਘਰ, ਰਣਜੀਤ ਸਿੰਘ ਗੁਰਦਾਸਪੁਰ, ਬਲਰਾਜ ਸਿੰਘ ਲੁਧਿਆਣਾ, ਸੁਲੱਖਣ ਸਿੰਘ ਮੋਹਾਲੀ, ਪਵਨ ਕੁਮਾਰ ਹੁਸ਼ਿਆਰਪੁਰ, ਬੂਟਾ ਸਿੰਘ ਲੁਧਿਆਣਾ, ਕੁਲਦੀਪ ਸਿੰਘ ਜਲੰਧਰ, ਸੁਖਦੇਵ ਸਿੰਘ ਕਪੂਰਥਲਾ, ਰਾਣਾ ਫਿਰੋਜ਼ਪੁਰ ਅਤੇ ਵਿਰਸਾ ਸਿੰਘ ਅੰਮ੍ਰਿਤਸਰ ਆਦਿ ਹਾਜ਼ਰ ਸਨ।

## ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਪੰਜਾਬ ਡੇ ਮਨਾਇਆ

**ਕਪੂਰਥਲਾ, ( ਹਨੀ )**- ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਪ੍ਰਿੰਸੀਪਲ ਪ੍ਰਬਦੀਪ ਕੌਰ ਮੋਗਾ ਦੀ ਅਗਵਾਈ ਵਿਚ ਪੰਜਾਬ ਦਿਵਸ ਨੂੰ ਸਮਰਪਿਤ ਸਮਾਗਮ ਕਰਵਾਇਆ ਗਿਆ । ਇਸ ਦੌਰਾਨ ਨੌਵੀਂ ਤੋਂ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਦਰਮਿਆਨ ਪੰਜਾਬੀ ਡਿਬੇਟ ਮੁਕਾਬਲਾ ਕਰਵਾਇਆ ਗਿਆ । ਜਿਸ ਵਿਚ ਨਵਨੀਤ ਕੌਰ ਪਹਿਲੇ, ਨਵਦੀਪ ਕੌਰ ਦੂਸਰੇ ਅਤੇ ਸਿਮਰਨਪ੍ਰੀਤ ਕੌਰ ਤੀਸਰੇ ਸਥਾਨ 'ਤੇ ਰਹੀ । ਕੇ ਜੀ ਵਿੰਗ ਅਤੇ ਪ੍ਰਾਇਮਰੀ ਵਿੰਗ ਦੇ ਵਿਦਿਆਰਥੀਆਂ ਵਿੱਚ ਪੰਜਾਬੀ ਵਰਨ ਬਣਾਉਣ ਦੀ ਐਕਟੀਵਿਟੀ ਕਰਵਾਈ ਅਤੇ ਛੇਵੀਂ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਦਰਮਿਆਨ ਪੰਜਾਬੀ ਮਾਂ ਬੋਲੀ 'ਚ ਲੇਖ ਲਿਖਣ ਦੀ ਪ੍ਰਤਿਯੋਗਿਤਾ ਕਰਵਾਈ ਗਈ । ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ ਅਤੇ ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ।



## ਇੰਜ. ਹਰਿੰਦਰ ਸਿੰਘ ਨੇ ਸਰਕਾਰੀ ਉਦਯੋਗਿਕ ਸਿਖਲਾਈ ਕੇਂਦਰ ਵਿਖੇ ਖੇਡਾਂ ਦਾ ਸਾਮਾਨ ਭੇਟ ਕੀਤਾ



**ਆਦਮਪੁਰ (ਪਰਮਜੀਤ ਸਿੰਘ)**- ਇਥੇ ਸਰਕਾਰੀ ਉਦਯੋਗਿਕ ਸਿਖਲਾਈ ਕੇਂਦਰ ਦੇ ਪ੍ਰਿੰਸੀਪਲ ਪੁਸ਼ਪਿੰਦਰ ਸਿੰਘ ਨੇ ਆਦਮਪੁਰ ਦੇ ਉਘੇ ਸਮਾਜ ਸੇਵੀ, ਹਰਿੰਦਰ ਸਿੰਘ ਨੂੰ ਵਿਸ਼ੇਸ਼ ਸੱਦਾ ਦੇ ਕੇ ਮੀਟਿੰਗ ਕੀਤੀ ਅਤੇ ਸਿਖਲਾਈ ਅਦਾਰੇ ਨਾਲ ਜੁੜੇ ਮਸਲਿਆਂ 'ਤੇ ਵਿਚਾਰ ਚਰਚਾ ਕੀਤੀ । ਉਨ੍ਹਾਂ ਇਹ ਵੀ ਦਸਿਆ ਕਿ ਪੂਰੇ ਦਿਨ ਵਿੱਚ ਵਿਦਿਆਰਥੀ ਕੁੱਝ ਸਮਾਂ ਵੇਹਲੇ ਵੀ ਹੁੰਦੇ ਹਨ ਅਤੇ ਉਨ੍ਹਾਂ ਦਾ ਧਿਆਨ ਖੇਡਣ ਆਦਿ ਵੱਲ ਦਿਵਾਇਆ ਜਾਵੇ । ਹਰਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਖੇਡਣ ਲਈ ਚਿੜੀ ਛਿੱਕਾ, ਵਾਲੀਬਾਲ, ਰਸੀਆਂ , ਗੇਂਦਾਂ ਆਦਿਕ ਭੇਂਟ ਕੀਤੀਆਂ ਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ, ਜਿਥੇ ਪੜ੍ਹਨਾ ਪਹਿਲ ਹੈ ਉਥੇ ਚੰਗੀ ਸਿਹਤ ਅਤੇ ਤੰਦਰੁਸਤੀ ਵੀ ਜ਼ਰੂਰੀ ਹੈ ।ਚੰਗੀ ਸਿਹਤ ਲਈ ਖੇਡਣਾ ਚਾਹੀਦਾ ਹੈ ।ਉਨ੍ਹਾਂ ਵਿਦਿਆਰਥੀਆਂ ਨੂੰ ਵਾਤਾਵਰਣ ਸੰਭਾਲ ਬਾਰੇ ਵੀ ਜਾਗਰੂਕ ਕੀਤਾ ਤੇ ਆਪਣੀ ਸੰਸਥਾ ਪ੍ਰਿਥਵੀ ਵੈਲਫੇਅਰ ਸੋਸਾਇਟੀ ਵੱਲੋਂ ਤਿਆਰ ਕੀਤੇ 'ਬੀਜ ਗੇਂਦਾਂ' ਦੀ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਹਵਾ ਦੇ ਪ੍ਰਦੂਸ਼ਣ ਨਾਲ ਉਜ਼ੋਨ ਨੂੰ ਹੋ ਰਹੇ ਨੁਕਸਾਨ ਬਾਰੇ ਵੀ ਜਾਗਰੂਕ ਕੀਤਾ। ਇਸ ਮੌਕੇ ਗੁਰਮੀਤ ਸਿੰਘ , ਪ੍ਰੇਮ ਪਾਲ ਸਿੰਘ, ਵਰਿੰਦਰ ਬੱਧਣ, ਗੁਰਚਰਨ ਸਿੰਘ, ਸੁਖਵਿੰਦਰ ਸਿੰਘ ਸਰਪੰਚ, ਸੁਖਜਿੰਦਰ ਸਿੰਘ ਸੁੱਖਾ ਤੇ ਰਵਿੰਦਰ ਸਿੰਘ ਸੈਣੀ ਵੀ ਹਾਜ਼ਰ ਸਨ ।ਪ੍ਰਿੰਸੀਪਲ ਪੁਸ਼ਪਿੰਦਰ ਸਿੰਘ ਅਤੇ ਸਮੂਹ ਸਟਾਫ ਨੇ ਹਰਿੰਦਰ ਸਿੰਘ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।

## ਪੱਤਰਕਾਰ ਸੰਗਠਨ ਨੇ ਕੌਮੀ ਪ੍ਰੈੱਸ ਦਿਵਸ ਮਨਾਇਆ



**ਫਗਵਾੜਾ (ਡਾ. ਰਮਨ)** —ਕਮਲਾ ਨਹਿਰੂ ਕਾਲਜ ਫਾਰ ਵੂਮੈਨ ਫਗਵਾੜਾ ਵਿਖੇ ਪੱਤਰਕਾਰ ਸੰਗਠਨ ਰਜਿ ਫਗਵਾੜਾ ਵਲੋਂ ਪ੍ਰਧਾਨ ਡਾ. ਰਮਨ ਸ਼ਰਮਾ ਦੀ ਪ੍ਰਧਾਨਗੀ ਅਤੇ ਪ੍ਰਿੰਸੀਪਲ ਮੈਡਮ ਡਾ. ਸਵਿੰਦਰ ਪਾਲ ਦੀ ਰਹਿਨੁਮਾਈ ਹੇਠ ਕੌਮੀ ਪ੍ਰੈਸ ਦਿਵਸ ਮਨਾਇਆ ਗਿਆ।

ਆਪਣੇ ਸੰਬੋਧਨ 'ਚ ਪ੍ਰਿੰਸੀਪਲ ਮੈਡਮ ਡਾ. ਸਵਿੰਦਰ ਪਾਲ ਨੇ ਵਿਦਿਆਰਥੀਆਂ ਨੂੰ ਪ੍ਰੈਸ ਦੀ ਮੱਹਤਤਾ ਬਾਰੇ ਜਾਣੂ ਕਰਵਾਉਂਦਿਆਂ ਆਖਿਆ ਕਿ ਇਹ ਦਿਨ ਲੋਕਤੰਤਰ ਦੀ ਸੁੱਰਖਿਆ ਤੇ ਉਸ ਨੂੰ ਬਹਾਲ ਕਰਨ ਵਿੱਚ ਮੀਡੀਆ ਅਹਿਮ ਭੂਮਿਕਾ ਅਦਾ ਕਰਦਾ ਹੈ ਅਤੇ ਨਾਲ ਹੀ ਪੱਤਰਕਾਰਾਂ ਨੂੰ ਵਿਅਕਤੀਆਂ ਨੂੰ ਵੱਡੀਆ ਸਮਸਿਆਵਾਂ ਦੇ ਦੌਰ ਵਿੱਚੋਂ ਗੁਜ਼ਰਨਾ ਪੈਂਦਾ ਹੈ ਤੇ ਅੱਜ ਪੱਤਰਕਾਰਤਾ ਦਾ ਸਵਰੂਪ ਕਾਫੀ ਬਦਲ ਗਿਆ ਹੈ ਅਤੇ ਅਜਿਹੇ ਵਿੱਚ ਸਰਕਾਰਾਂ ਨੂੰ ਵੀ ਲੋਕਤੰਤਰ ਦੇ ਚੌਥੇ ਥੰਮ ਮੀਡੀਆ ਨੂੰ ਉਸ ਦਾ ਬਣਦਾ ਅਧਿਕਾਰ ਦੇਣਾ ਚਾਹੀਦਾ ਹੈ। ਇਸ ਮੌਕੇ ਸੁਸ਼ੀਲ ਸ਼ਰਮਾ , ਅਸ਼ੋਕ ਸ਼ਰਮਾ , ਜੀਵਨ ਸੰਘਾ , ਮੈਡਮ ਗੁਰਪ੍ਰੀਤ ਕੌਰ , ਕੁਲਦੀਪ ਸਿੰਘ , ਡਾ. ਰੁਮਿੰਦਰ ਕੌਰ ਵਾਈਸ ਪ੍ਰਿੰਸੀਪਲ , ਮਿਸਿਜ਼ ਅਮਨ ਲਤਾ ਐਸੋਸੀਏਟ ਪ੍ਰੋਫੈਸ਼ਰ , ਡਾ. ਪ੍ਰਿਯੰਕਾ ਐਰੀ ਅਸੀਸਟੈਂਟ ਪ੍ਰੋਫੈਸਰ , ਇੰਦਰਪ੍ਰੀਤ , ਜੂਨੀਅਰ ਅਸਿਸਟੈਂਟ ਆਦਿ ਮੌਜੂਦ ਸਨ। ਮਜ਼ਬੂਤ ਬਣਾਉਣ ਦੇ ਉਦੇਸ਼ ਨਾਲ ਖੁਦ ਨੂੰ ਸਮਰਪਤ ਕਰਨ ਦਾ ਮੌਕਾ ਵੀ ਦਿੰਦਾ ਹੈ। ਡਾ. ਰਮਨ ਨੇ ਆਖਿਆ ਕਿ ਪ੍ਰੈੱਸ ਖੇਤਰ ਨਾਲ ਜੁੜੇ

# ਦੋਆਬਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੋਲਰੋਂ ਮਾਹਿਲਪੁਰ ਦਾ 46ਵਾਂ ਸਾਲਾਨਾ ਸਮਾਗਮ



**ਮਾਹਿਲਪੁਰ (ਸ.ਫ਼ਰੀ)** ਪਿਛਲੇ ਦਿਨੀ ਦੋਆਬਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਮਾਹਿਲਪੁਰ ਵਿਖੇ ਸੈਸ਼ਨ 2024-25 ਦਾ 46ਵਾਂ ਸਾਲਾਨਾ ਸਮਾਗਮ ਉਤਸ਼ਾਹ ਅਤੇ ਚਾਵਾਂ ਨਾਲ ਆਯੋਜਿਤ ਕੀਤਾ ਗਿਆ। ਜਿਸ ਵਿੱਚ ਵਿਦਿਆਰਥੀਆਂ ਦੇ ਮਾਪਿਆਂ ਅਤੇ ਇਲਾਕੇ ਦੀਆਂ ਮੋਹਤਵਾਰ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ।ਇਸ ਸਮਾਗਮ ਵਿੱਚ ਸੁਖਜਿੰਦਰ ਸਿੰਘ ਸਰਾਂ (ਸਾਬਕਾ ਅਸਿਸਟੈਂਟ ਲੇਬਰ ਕਮਿਸ਼ਨਰ) ਨੇ ਬਤੌਰ ਮੁੱਖ ਮਹਿਮਾਨ ਵਜੋਂ ਆਮਦ ਯਕੀਨੀ ਕੀਤੀ। ਸਕੂਲ ਸੰਸਥਾ ਦੇ ਬੱਚਿਆਂ ਵੱਲੋਂ ਤਿਆਰ ਕੀਤੇ ਪ੍ਰੋਗਰਾਮ ਦੀ ਸ਼ੁਰੂਆਤ ਪ੍ਰਮਾਤਮਾ ਦਾ ਸ਼ੁਕਰਾਨਾ ਕਰਦੇ ਹੋਏ ਧੰਨ-ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ਬਦ-ਕੀਰਤਨ ਨਾਲ ਕੀਤੀ ਗਈ।ਇਸ ਤੋਂ ਬਾਅਦ ਵਿਦਿਆਰਥੀਆਂ ਨੇ ਸੰਸਕ੍ਰਿਤਕ ਪ੍ਰੋਗਰਾਮ ਦੀ ਲੜੀ ਸ਼ੁਰੂ ਕਰਦਿਆਂ ਸਵਾਗਤੀ ਗੀਤ ਗਾ ਕੇ ਆਏ ਹੋਏ ਦਰਸ਼ਕਾਂ ਅਤੇ ਵਿਸ਼ੇਸ਼ ਮਹਿਮਾਨਾਂ ਦਾ ਆਪਣੀ ਕਲਾ ਰਾਹੀਂ ਨਿੱਘਾ ਸਵਾਗਤ ਕੀਤਾ।ਇਸ ਉਪਰੰਤ ਇਕ ਖੂਬਸੂਰਤ ਪੇਸ਼ਕਾਰੀ ਨ੍ਰਿਤ (ਦੁਰਗਾ ਸ਼ਤੂਤੀ) ਨਾਲ ਪ੍ਰਾਰਥਨਾ ਕੀਤੀ।ਇਸ ਤੋਂ ਬਾਅਦ ਬੱਚਿਆਂ ਵਲੋਂ ਨੁੱਕੜ ਨਾਟਕ, ਗੁਜਰਾਤੀ ਲੋਕ -ਨਾਚ ਡਾਂਡੀਆ, ਰਾਜਸਥਾਨੀ ਲੋਕ -ਨਾਚ ਕਾਲਬੇਲੀਆ, ਵਿਦਿਅਕ ਕੋਰੀਓਗ੍ਰਾਫੀਆਂ ਵਿਜੈ-ਗੀਤ , ਦੇਸ਼ ਭਗਤੀ ਦੇ ਗੀਤ, ਹਿਮਾਚਲੀ ਲੋਕ -ਨਾਚ ,ਭੰਗੜਾ ,ਹਿੱਪ-ਹੋਪ ਡਾਂਸ, ਝੂੰਮਰ, ਕਲਾਸੀਕਲ ਡਾਂਸ, ਲੁੱਡੀ ਅਤੇ ਪੰਜਾਬ ਦਾ ਸਿਰਤਾਜ ਲੋਕ -ਨਾਚ ਗਿੱਧਾ ਪੇਸ਼ ਕੀਤਾ ਗਿਆ। ਪ੍ਰੋਗਰਾਮ ਦੇ ਦਰਮਿਆਨ ਸਕੂਲ ਸੰਸਥਾ ਦੀ ਸ਼ਾਨਦਾਰ ਖੇਡ,ਕਲਾ ਅਤੇ ਵਿਦਿਅਕ ਖੇਤਰ ਦੀਆਂ ਪ੍ਰਾਪਤੀਆਂ ਦੀ ਰਿਪੋਰਟ ਪੇਸ਼ ਕੀਤੀ ਗਈ।ਇਸ ਮੌਕੇ ਤੇ ਮੁੱਖ ਮਹਿਮਾਨ ਵਲੋਂ ਸਕੂਲ ਸੰਸਥਾ ਦੀ ਸ਼ਲਾਘਾ ਕਰਦੇ ਹੋਏ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਹਰਜਿੰਦਰ ਸਿੰਘ ਗਿੱਲ ਅਤੇ ਸਕੂਲ ਸੰਸਥਾ ਦੇ ਚੇਅਰਪਰਸਨ ਹਰਪ੍ਰੀਤ ਕੌਰ ਦੇ ਇਸ ਇਲਾਕੇ ਵਿੱਚ ਵਿਦਿਆ ਦਾ ਚਾਨਣ ਵੰਡਣ ਦੇ ਮਹਾਨ ਉਪਰਾਲੇ ਦੀ ਪ੍ਰਸ਼ੰਸਾ ਕੀਤੀ। ਇਸ ਮੌਕੇ ਸਕੂਲ ਸੰਸਥਾ ਦੇ ਸੰਸਥਾਪਕ ਸਵ. ਬਲਵੰਤ ਸਿੰਘ ਸੰਧੂ ਅਤੇ ਸਵ. ਬਲਵਿੰਦਰ ਕੌਰ ਨੂੰ ਵਿਸ਼ੇਸ਼ ਤੌਰ 'ਤੇ ਯਾਦ ਕੀਤਾ ਗਿਆ। ਸਕੂਲ ਦੇ ਪ੍ਰਿੰਸੀਪਲ ਅਰੁਣ ਗੁਪਤਾ ਨੇ ਆਪਣੇ ਸ਼ਬਦਾਂ ਰਾਹੀਂ ਸਭ ਧੰਨਵਾਦ ਕੀਤਾ ਅਤੇ ਸਕੂਲ ਦੇ ਇਤਿਹਾਸਕ ਸਫ਼ਰ ਦਾ ਵੀ ਜ਼ਿਕਰ ਕੀਤਾ।ਇਸ ਮੌਕੇ ਮਹਾਨ ਸ਼ਕਸੀਅਤਾਂ ਵਜੋਂ ਸੁਰਿੰਦਰ ਸਿੰਘ ਬੈਂਸ, ਇਸ਼ਜੀਤ ਸਿੰਘ ਬੈਂਸ, ਗੋਬਿੰਦ ਲੂਥਰਾ, ਅਮਨਦੀਪ ਸਿੰਘ ਬੈਂਸ, ਅਸ਼ੋਕ ਕੁਮਾਰ, ਪੀ ਸੀ ਪਾਲ, ਰਾਮਸਰੂਪ ਆਦਿ ਹਾਜ਼ਰ ਸਨ।

# ਨਿਰਪੱਖ ਚੋਣਾਂ ਕਰਵਾਉਣ ਲਈ ਪ੍ਰਸ਼ਾਸਨ ਵਧਾਈ ਦਾ ਹੱਕਦਾਰ : ਡਾ. ਪੰਕਜ ਸ਼ਿਵ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਹਲਕਾ ਚੱਬੇਵਾਲ ਦੀ ਜ਼ਿਮਨੀ ਚੋਣ ਦੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਡਾ ਇਸ਼ਾਂਕ ਕੁਮਾਰ ਦੇ ਕੈਂਪੇਨ ਇੰਚਾਰਜ ਡਾ ਪੰਕਜ ਸ਼ਿਵ ਨੇ ਸ਼ਾਂਤੀਮਈ ਅਤੇ ਨਿਰਪੱਖ ਰੂਪ ਵਿੱਚ ਵੋਟਿੰਗ ਕਰਵਾਏ ਜਾਣ 'ਤੇ ਸਮੂਹ ਰਿਟਰਨਿੰਗ ਅਫ਼ਸਰ, ਖਾਸ ਤੌਰ 'ਤੇ ਰਾਹੁਲ ਚਾਬਾ ਦਾ ਧੰਨਵਾਦ ਕੀਤਾ। ਉਹਨਾਂ ਨੇ ਸਮੂਹ ਜ਼ਿਲ੍ਹਾ ਪ੍ਰਸ਼ਾਸਨਿਕ ਅਧਿਕਾਰੀ, ਜਿਸ ਵਿੱਚ ਡੀ ਸੀ ਕੋਮਲ ਮਿੱਤਲ, ਐੱਸ ਐੱਸ ਪੀ ਸੁਰਿੰਦਰ ਲਾਂਬਾ ਅਤੇ ਸਮੂਹ ਪਲਿਸ ਪ੍ਰਸ਼ਾਸਨ ਦਾ ਧੰਨਵਾਦ ਕੀਤਾ। ਇਸ ਦੇ ਨਾਲ ਹੀ ਉਹਨਾਂ ਨੇ ਮੀਡੀਆ ਦਾ ਵੀ ਨਿਰਪੱਖ ਤਰੀਕੇ ਨਾਲ ਚੋਣ ਪ੍ਰਚਾਰ ਦੀ ਕਵਰੇਜ ਕਰਨ ਲਈ ਧੰਨਵਾਦ ਕੀਤਾ । ਉਹਨਾਂ ਨੇ ਆਪਣੇ ਟੀਮ ਮੈਂਬਰਾਂ ਡਾ. ਜਤਿੰਦਰ ਕੁਮਾਰ, ਮੈਡਮ ਸੋਨੀਆ, ਡਾ. ਕ੍ਰਿਸ਼ਨ ਗੋਪਾਲ, ਅਨਿਲ ਕੁਮਾਰ, ਜਸਪਾਲ ਸਿੰਘ, ਸ਼ਿਵਰੰਜਨ ਸਿੰਘ ਰੋਮੀ, ਡਾ. ਰਿਤਕ, ਰੇਨੂੰ ਕਨਵਰ, ਡਾ. ਰੋਸ਼ਨ ਲਾਲ, ਰਿੰਕੀ, ਰਣਜੀਤ ਕੌਰ, ਚਕਸ਼ੂ, ਪ੍ਰਿਆ, ਮਨੀਸ਼ ਪਾਲ, ਰਾਜਾ, ਸੁਖਦੇਵ ਸਿੰਘ, ਸੋਹਣ ਸਿੰਘ, ਦਲਜੀਤ ਸਿੰਘ, ਕੁਲਵਿੰਦਰ ਸਿੰਘ, ਚੀਮਾ ਮੁਕੇਰੀਆਂ, ਗੁਰਜੀਵਨ, ਜਗਜੀਵਨ, ਗੁਰਦੀਪ ਸਿੰਘ, ਧੀਰਜ ਕੁਮਾਰ, ਜਤਿੰਦਰ ਕੁਮਾਰ, ਅਵਤਾਰ ਸਿਕਰੀ, ਮਨੀਸ਼ , ਸ਼ਮੀ, ਹੀਰਾ ਲਾਲ, ਓਕਾਂਰ ਸਿੰਘ, ਬਲਜੀਤ ਸਿੰਘ, ਅਮਨਦੀਪ ਸਿੰਘ, ਬੁੱਗਾ, ਤਰਨਜੀਤ, ਹਰਮਨ, ਕੁਮਾਰ, ਸੋਢੀ ਲਾਲ, ਜਗਤਾਰ ਸਿੰਘ, ਚਰਨਜੀਤ ਸਿੰਘ, ਮਦਨ ਗੁਪਾਲ, ਭਗਤ ਗਾਬਾ ਆਦਿ ਨੂੰ ਵੀ ਉਹਨਾਂ ਦੀ ਮਿਹਨਤ ਅਤੇ ਈਮਾਨਦਾਰੀ ਨਾਲ ਆਪਣੇ ਆਗੂ ਲਈ ਕੰਮ ਕਰਨ ਲਈ ਧੰਨਵਾਦ ਕਰਦਿਆਂ ਕਿਹਾ ਕਿ ਇਕ ਵਧੀਆ ਟੀਮ ਹੀ ਆਪਣੇ ਲੀਡਰ ਦੀ ਸਫਲਤਾ ਵਿਚ ਮਹੱਤਵਪੂਰਨ ਰੋਲ ਨਿਭਾਉਂਦੀ ਹੈ ਅਤੇ ਸਾਨੂੰ ਆਪਣੀ ਟੀਮ 'ਤੇ ਮਾਣ ਹੈ।

# ਇਨੋਸੈਂਟ ਹਾਰਟਸ ਦੇ 400 ਖਿਡਾਰੀਆਂ ਦਾ ਸਨਮਾਨ

**ਜਲੰਧਰ (ਸ਼ੈਲੀ ਐਲਬਰਟ)**- ਬੌਰੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ, ਦਿਸ਼ਾ -ਐਨ ਇਨੀਸ਼ੀਏਟਿਵ ਦੀ ਅਗਵਾਈ ਹੇਠ ਇੰਨੋਸੈਂਟ ਹਾਰਟਸ ਦੇ ਪੰਜ ਸਕੂਲਾਂ (ਗ੍ਰੀਨ ਮਾਡਲ ਟਾਊਨ, ਲੁਹਾਰਾਂ, ਨੂਰਪੁਰ ਰੋਡ, ਕੈਂਟ-ਜੰਡਿਆਲਾ ਰੋਡ, ਅਤੇ ਕਪੂਰਥਲਾ ਰੋਡ) ਖੇਡ ਖੇਤਰ ਦੇ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕਰਨ ਲਈ ਸਾਲਾਨਾ ਚੈਂਪੀਅਨਜ਼ ਅਵਾਰਡ ਵੰਡ (ਏਸੀਈ) ਸਮਾਰੋਹ ਦਾ ਆਯੋਜਨ ਕੀਤਾ ਗਿਆ।ਇਸ ਸਮਾਗਮ ਦੇ ਮੁੱਖ ਮਹਿਮਾਨ ਪੰਕਜ ਕੁਮਾਰ (ਖੇਤਰੀ ਪ੍ਰਾਵੀਡੈਂਟ ਫੰਡ ਕਮਿਸ਼ਨਰ, ਜਲੰਧਰ) ਅਤੇ ਵਿਸ਼ੇਸ਼ ਮਹਿਮਾਨ ਪੰਕਜ ਸਰਪਾਲ (ਈ.ਡੀ.ਪੀ. ਮੁਖੀ, ਖੇਤਰੀ ਪ੍ਰਾਵੀਡੈਂਟ ਫੰਡ ਦਫਤਰ, ਜਲੰਧਰ) ਸਨ । ਬੱਚਿਆਂ ਦਾ ਡਾਂਸ, ਗੀਤ ਆਦਿ ਰੰਗਾਰੰਗ ਪ੍ਰੋਗਰਾਮ ਪ੍ਰਸਤੁਤ ਕੀਤਾ ਗਿਆ।ਡਾ. ਧੀਰਜ ਬਨਾਤੀ (ਡਿਪਟੀ ਡਾਇਰੈਕਟਰ ਐਕਸਪੈਂਸ਼ਨ ਐਫੀਲੀਏਸ਼ਨ ਪਲੈਨਿੰਗ ਇੰਪਲੀਮੈਂਟੇਸ਼ਨ) ਨੇ ਦਿਸ਼ਾ- ਐਨ ਇਨੀਸ਼ੀਏਟਿਵ ਦੁਆਰਾ ਟਰੱਸਟ ਦੇ ਚੱਲ ਰਹੇ ਯਤਨਾਂ ਬਾਰੇ ਸਾਰਿਆਂ ਨੂੰ ਜਾਣੂ ਕਰਵਾਇਆ। ਉਨ੍ਹਾਂ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਲਈ ਖੇਡਾਂ ਅਤੇ ਸਮਾਜਿਕ ਚੇਤਨਾ ਨੂੰ ਉਤਸ਼ਾਹਿਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।ਨੈਸ਼ਨਲ ਪੱਧਰ ਦੇ ਚੈਂਪੀਅਨ ਇੰਨੋਸੈਂਟ ਹਾਰਟਸ ਲੋਹਾਰਾਂ ਵਿਖੇ ਵੱਖ-ਵੱਖ ਖੇਡਾਂ ਵਿੱਚ ਕੋਚਿੰਗ ਪ੍ਰਾਪਤ ਕਰਨਗੇ।



ਲੋਹਾਰਾਂ ਨੂੰ ਇੱਕ ਸਪੋਰਟਸ ਹੱਬ ਵਜੋਂ ਵਿਕਸਤ ਕੀਤਾ ਗਿਆ ਹੈ, ਜਿਸ ਵਿੱਚ ਅੰਤਰਰਾਸ਼ਟਰੀ-ਮਿਆਰੀ ਸ਼ੂਟਿੰਗ ਰੇਂਜ, ਬਾਸਕਟਬਾਲ ਕੋਰਟ, ਫੁੱਟਬਾਲ, ਟੇਬਲ, ਏਅਰ ਹਾਕੀ ਟੇਬਲ, ਸਵੈ-ਰੱਖਿਆ ਸਿਖਲਾਈ, ਯੋਗਾ ਅਤੇ ਮੈਡੀਟੇਸ਼ਨ ਜ਼ੋਨ ਸ਼ਾਮਲ ਹਨ। ਇਹਨਾਂ ਖੇਡਾਂ ਨੂੰ ਸਿਖਾਉਣ ਲਈ ਯੋਗ ਅਤੇ ਵਧੀਆ ਕੋਚਾਂ ਦਾ ਇੰਤਜ਼ਾਮ ਵੀ ਕੀਤਾ ਗਿਆ ਹੈ । ਮੁੱਖ ਮਹਿਮਾਨ ਪੰਕਜ ਕੁਮਾਰ ਨੇ ਰਾਸ਼ਟਰੀ, ਰਾਜ ਅਤੇ ਜ਼ਿਲ੍ਹਾ ਪੱਧਰ 'ਤੇ ਜੇਤੂ ਰਹਿਣ ਵਾਲੇ ਲਗਭਗ 400 ਵਿਦਿਆਰਥੀਆਂ ਨੂੰ ਸਨਮਾਨਤ ਕੀਤਾ।ਇਸ ਮੌਕੇ ਸ਼੍ਰੀਮਤੀ ਸ਼ੈਲੀ ਬੌਰੀ (ਐਗਜੀਕਿਊਟਿਵ ਡਾਇਰੈਕਟਰ ਸਕੂਲ),ਸ਼੍ਰੀਮਤੀ ਅਰਾਧਨਾ ਬੌਰੀ (ਐਗਜੀਕਿਊਟਿਵ ਡਾਇਰੈਕਟਰ ਕਾਲਜ ) ਵੀ ਹਾਜ਼ਰ ਸਨ।ਸਮਾਗਮ ਦੀ ਸਮਾਪਤੀ ਮਨਮੋਹਕ ਭੰਗੜੇ ਨਾਲ ਹੋਈ।

# ਪੱਤਰਕਾਰ ਪਲਵਿੰਦਰ ਸਿੰਘ ਦੇ ਪਿਤਾ ਸੁੱਚਾ ਸਿੰਘ ਨੂੰ ਸ਼ਰਧਾਂਜਲੀਆ ਭੇਟ



**ਕਪੂਰਥਲਾ (ਪ੍ਰੀਤ ਸੰਗੋਜਲਾ)**- ਪੱਤਰਕਾਰ ਪਲਵਿੰਦਰ ਸਿੰਘ ਦੇ ਪਿਤਾ ਸੁੱਚਾ ਸਿੰਘ ਜੋ ਕਿ ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ, ਨਮਿਤ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਉਹਨਾਂ ਦੇ ਗ੍ਰਹਿ ਪਿੰਡ ਜੈ ਰਾਮਪੁਰ ਦੇ ਗੁਰਦੁਆਰਾ ਸਾਹਿਬ ਵਿਖੇ ਹੋਇਆ।

ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਭਾਈ ਮਨਜੀਤ ਸਿੰਘ ਦੇ ਕੀਰਤਨੀ ਜੱਥੇ ਨੇ ਵੈਰਾਗਮਈ ਕੀਰਤਨ ਕਰਕੇ ਸਮੂਹ ਸੰਗਤਾਂ ਨੂੰ ਗੁਰੂ ਚਰਨਾਂ ਨਾਲ਼ ਜੋੜਿਆ। ਮਨਜੀਤ ਮਾਨ ਸੂਬਾ ਪ੍ਰਧਾਨ ਜਰਨਲਿਸਟ ਪ੍ਰੈਸ ਕਲੱਬ (ਰਜਿ ) ਪੰਜਾਬ, ਪ੍ਰੀਤ ਸੰਗੋਜਲਾ ਜ਼ਿਲ੍ਹਾ ਪ੍ਰਧਾਨ ਕਪੂਰਥਲਾ ਜਰਨਲਿਸਟ ਪ੍ਰੈਸ ਕਲੱਬ (ਰਜਿ ) ਪੰਜਾਬ, ਸੁਖਵਿੰਦਰ ਸੋਹੀ ਜ਼ਿਲ੍ਹਾ ਜਨਰਲ ਸਕੱਤਰ ਕਪੂਰਥਲਾ, ਪੱਤਰਕਾਰ ਗੋਬਿੰਦ ਸੁਖੀਜਾ, ਪੱਤਰਕਾਰ ਜਗਜੀਤ ਸਿੰਘ ਢਿੱਲਵਾਂ, ਹਲਕਾ ਵਿਧਾਇਕ ਸੁਖਪਾਲ ਸਿੰਘ ਖਹਿਰਾ, ਕਰਨਦੀਪ ਸਿੰਘ ਖੱਖ ਅਤੇ ਹੋਰ ਆਗੂਆਂ ਨੇ ਸੁੱਚਾ ਸਿੰਘ ਨੂੰ ਸ਼ਰਧਾਂਜਲੀਆਂ ਭੇਂਟ ਕੀਤੀਆਂ। ਇਸ ਮੌਕੇ ਸੁਖਜੀਤ ਰਈਆ ,ਜਸਮੀਤ ਸਿੰਘ, ਸੰਦੀਪ ਸਿੰਘ ਮਾਨ, ਅਮਰਜੀਤ ਸਿੰਘ ਹਰਜਿੰਦਰ ਸਿੰਘ ਘੜੀਆਂ ਵਾਲਾ, ਗੋਲਡੀ ਬਜਾਜ,ਨਿਪੁਨ ਅਰੋੜਾ ਦਿਹਾਤੀ ਪ੍ਰਧਾਨ ਯੂਥ ਕਾਂਗਰਸ,ਡਾਕਟਰ ਬਿੱਟੂ, ਕਾਬੁਲ ਸਿੰਘ, ਗਿਆਨ ਸਿੰਘ, ਬਲਦੇਵ ਸਿੰਘ,ਸੰਦੀਪ ਸੈਕਟਰੀ,ਬਲਵਿੰਦਰ ਸਿੰਘ, ਕਸ਼ਮੀਰ ਸਿੰਘ, ਕਰਮ ਸਿੰਘ, ਹਰਜਿੰਦਰ ਸਿੰਘ, ਸਰਵਣ ਸਿੰਘ, ਜਸਮੀਤ ਸਿੰਘ, ਗਿਆਨ ਸਿੰਘ, ਅਰਜਨ ਸਿੰਘ,ਜਸਵੀਰ ਸਿੰਘ, ਜਗਜੀਤ ਸਿੰਘ ਮਾਡਲ ਟਾਊਨ,ਪਰਮਜੀਤ ਸਿੰਘ, ਬੂਟਾ ਸਿੰਘ, ਗੁਰਦੇਵ ਸਿੰਘ ਚਾਹਲ, ਧਰਮ ਸਿੰਘ ,ਕਿਰਪਾਲ ਸਿੰਘ,ਅਤੇ ਵੱਡੀ ਗਿਣਤੀ ਵਿਚ ਇਲਾਕਾ ਨਿਵਾਸੀ ਹਾਜ਼ਰ ਸਨ ।

# ਪੁਲਸ ਨੇ ਕਤਲ ਕੇਸ ਨੂੰ 5 ਘੰਟਿਆਂ 'ਚ ਟਰੇਸ ਕਰਕੇ ਦੋਸ਼ੀ ਨੂੰ ਕੀਤਾ ਗ੍ਰਿਫਤਾਰ

**ਫਿਲੌਰ (ਨਿਰਮਲ):** ਜਲੰਧਰ ਦੇ ਦਿਹਾਤੀ ਇਲਾਕੇ ਵਿੱਚ ਹੱਤਿਆ ਦੇ ਮਾਮਲੇ ਨੂੰ ਕੇਵਲ 05 ਘੰਟਿਆਂ ਵਿੱਚ ਸੁਲਝਾਉਂਦੇ ਹੋਏ ਪੁਲਸ ਨੇ ਇੱਕ ਦੋਸ਼ੀ ਨੂੰ ਗ੍ਰਿਫਤਾਰ ਕਰ ਲਿਆ ਹੈ। ਇਹ ਸਫਲਤਾ ਸੀਨੀਅਰ ਪੁਲਸ ਕਪਤਾਨ ਹਰਕਮਲਪ੍ਰੀਤ ਸਿੰਘ ਖੱਖ, ਪੀ.ਪੀ.ਐਸ. ਦੇ ਦਿਸ਼ਾ ਨਿਰਦੇਸ਼ਾਂ ਅਧੀਨ ਅਤੇ ਉਪ ਪੁਲਿਸ ਕਪਤਾਨ ਸਬ ਡਵੀਜ਼ਨ ਫਿਲੌਰ ਸ੍ਰੀ ਸਰਵਣ ਸਿੰਘ ਬੱਲ, ਪੀ.ਪੀ.ਐਸ. ਦੀ ਅਗਵਾਈ ਵਿੱਚ ਥਾਣਾ ਫਿਲੌਰ ਦੀ ਟੀਮ ਵੱਲੋਂ ਪ੍ਰਾਪਤ ਕੀਤੀ ਗਈ। ਇੰਸਪੈਕਟਰ ਸੰਜੀਵ ਕਪੂਰ, ਮੁਖ ਅਫਸਰ ਥਾਣਾ ਫਿਲੌਰ ਦੀ ਟੀਮ ਨੇ ਇਸ ਕੇਸ ਦੀ ਜਾਂਚ ਦੌਰਾਨ ਲਿਆਕਤ ਅਲੀ ਪੁੱਤਰ ਬਾਬੂਦੀਨ, ਵਾਸੀ ਪਿੰਡ ਆਸ਼ਾਹੂਰ (ਥਾਣਾ ਫਿਲੌਰ), ਖਿਲਾਫ਼ ਮੁਕਦਮਾ ਨੰਬਰ 309 ਮਿਤੀ 19.11.2024 ਧਾਰਾ 103/238 ਬੀ.ਐਨ.ਐਸ ਅਧੀਨ ਦਰਜ ਕੀਤਾ। ਲਿਆਕਤ ਅਲੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ, ਜਦਕਿ ਇਸ ਦੇ ਭਰਾ ਗਨੀ ਦੀ ਗ੍ਰਿਫਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

ਦੋਸ਼ੀ ਨੇ ਮੁੱਢਲੀ ਪੁੱਛ-ਗਿੱਛ ਦੌਰਾਨ ਕਬੂਲ ਕੀਤਾ ਕਿ ਉਸਦੇ ਮ੍ਰਿਤਕਾ ਸ਼ਕੂਰਾ ਨਾਲ ਨਜਾਇਜ਼ ਤਾਲੁਕਾਤ ਸਨ। ਦਿਨ 18 ਨਵੰਬਰ ਨੂੰ, ਲਿਆਕਤ ਅਲੀ ਆਪਣੇ ਭਰਾ ਗਨੀ ਦੇ ਨਾਲ ਪਿੰਡ ਅੱਟਾ ਨਹਿਰ ਦੇ ਨੇੜੇ ਸ਼ਕੂਰਾ ਨੂੰ ਮਿਲਣ ਗਿਆ। ਇਸ ਦੌਰਾਨ, ਆਪਸੀ ਬਹਿਸ ਹੋਣ 'ਤੇ ਲਿਆਕਤ ਅਲੀ ਨੇ ਚੁੰਨੀ ਨਾਲ ਸ਼ਕੂਰਾ ਦਾ ਗਲਾ ਘੁੱਟ ਕੇ ਉਸਦਾ ਕਤਲ ਕਰ ਦਿੱਤਾ। ਮ੍ਰਿਤਕਾ ਦੀ ਲਾਸ਼ ਨੂੰ ਪਿੰਡ ਅੱਟਾ ਦੇ ਛੱਪੜ ਵਿੱਚ ਸੁੱਟ ਦਿੱਤਾ ਗਿਆ। ਦੋਸ਼ੀਆਂ ਨੇ ਸਬੂਤ ਮਿਟਾਉਣ ਲਈ ਮ੍ਰਿਤਕਾ ਦਾ ਮੋਬਾਈਲ ਫੋਨ ਅਤੇ ਆਪਣਾ ਫੋਨ ਤੋੜ ਦਿੱਤਾ।ਦੋਸ਼ੀ ਲਿਆਕਤ ਅਲੀ ਨੂੰ ਗ੍ਰਿਫਤਾਰ ਕਰਕੇ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਿਥੇ ਪੁਲਸ ਰਿਮਾਂਡ ਮਿਲਣ 'ਤੇ ਹੋਰ ਪੁੱਛ-ਗਿੱਛ ਜਾਰੀ ਹੈ। ਮ੍ਰਿਤਕਾ ਦੀ ਲਾਸ਼ ਦਾ ਪੋਸਟਮਾਰਟਮ ਸਿਵਲ ਹਸਪਤਾਲ ਫਿਲੌਰ ਵਿੱਚ ਕਰਵਾਇਆ ਜਾ ਰਿਹਾ ਹੈ।



## 18ਵਾਂ ਆਲ ਇੰਡੀਆ ਬਲਵੰਤ ਸਿੰਘ ਕਪੂਰ ਹਾਕੀ ਟੂਰਨਾਮੈਂਟ

# ਸੁਰਜੀਤ ਹਾਕੀ ਅਕੈਡਮੀ ਜਲੰਧਰ ਸਮੇਤ ਚਾਰ ਟੀਮਾਂ ਪੁੱਜੀਆਂ ਕੁਆਰਟਰ ਫਾਈਨਲ 'ਚ

**ਜਲੰਧਰ ( ਸ਼ੈਲੀ ਐਲਬਰਟ )** ਪੀ ਆਈ ਐਸ ਮਾਲਵਾ ਹਾਕੀ ਅਕੈਡਮੀ ਲੁਧਿਆਣਾ, ਐਨ ਸੀ ਓ ਈ ਸੋਨੀਪਤ ਅਤੇ ਨੇਵਲ ਟਾਟਾ ਅਕੈਡਮੀ ਜਮਸ਼ੇਦਪੁਰ ਦੀਆਂ ਟੀਮਾਂ ਨੇ ਆਪਣੇ-ਆਪਣੇ ਮੈਚ ਜਿੱਤ ਕੇ 18ਵੇਂ ਆਲ ਇੰਡੀਆ ਬਲਵੰਤ ਸਿੰਘ ਕਪੂਰ ਹਾਕੀ ਟੂਰਨਾਮੈਂਟ ਫਾਰ ਮਾਤਾ ਪ੍ਰਕਾਸ਼ ਕੌਰ ਕੱਪ (ਅੰਡਰ 19 ਲੜਕੇ) ਦੇ ਕਵਾਰਟਰ ਫਾਇਨਲ ਵਿੱਚ ਪ੍ਰਵੇਸ਼ ਕਰ ਲਿਆ। ਉਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿੱਚ ਚਲ ਰਹੇ ਟੂਰਨਾਮੈਂਟ ਦੇ ਲੀਗ ਦੌਰ ਦੇ ਆਖਰੀ ਚਾਰ ਮੈਚ ਖੇਡੇ ਗਏ।ਪਹਿਲੇ ਮੈਚ ਵਿੱਚ ਪੂਲ ਡੀ ਵਿੱਚ ਪੀਆਈਐਸ ਮਾਲਵਾ ਹਾਕੀ ਅਕੈਡਮੀ ਲੁਧਿਆਣਾ ਨੇ ਆਰਮੀ ਬੁਆਏਜ਼ ਕੰਪਨੀ ਬੈਂਗਲੁਰੂ ਨੂੰ 4-2 ਨਾਲ ਹਰਾ ਕੇ ਕਵਾਰਟਰ ਫਾਇਨਲ ਵਿੱਚ ਪ੍ਰਵੇਸ਼ ਕੀਤਾ। ਖੇਡ ਦੇ ਪਹਿਲੇ ਮਿੰਟ ਵਿੱਚ ਲੁਧਿਆਣਾ ਦੇ ਪ੍ਰਭਜੋਤ ਸਿੰਘ ਨੇ ਗੋਲ ਕਰਕੇ ਸਕੋਰ 1-0 ਕੀਤਾ। 8ਵੇਂ ਮਿੰਟ ਵਿੱਚ ਬੈਂਗਲੁਰੂ ਦੇ ਅਰਜੁਨ ਨੇ ਗੋਲ ਕਰਕੇ ਸਕੋਰ 1-1 ਕੀਤਾ। 17ਵੇਂ ਮਿੰਟ ਵਿੱਚ ਲੁਧਿਆਣਾ ਦੇ ਜਸਪਾਲ ਸਿੰਘ ਨੇ ਗੋਲ ਕਰਕੇ ਸਕੋਰ 2-1 ਕੀਤਾ। 39ਵੇਂ ਮਿੰਟ ਵਿੱਚ ਬੈਂਗਲੁਰੂ ਦੇ ਅਰਜੁਨ ਨੇ ਗੋਲ ਕਰਕੇ ਸਕੋਰ 2-2 ਕੀਤਾ। ਖੇਡ ਦੇ 47ਵੇਂ ਮਿੰਟ ਵਿੱਚ ਲੁਧਿਆਣਾ ਦੇ ਰਾਜਵੀਰ ਸਿੰਘ ਨੇ ਅਤੇ 58ਵੇਂ ਮਿੰਟ ਵਿੱਚ ਪ੍ਰਭਜੋਤ ਸਿੰਘ ਨੇ ਗੋਲ ਕਰਕੇ ਸਕੋਰ 4-2 ਕਰਕੇ ਮੈਚ ਜਿੱਤ ਕੇ ਤਿੰਨ ਅੰਕ ਹਾਸਲ ਕੀਤੇ। ਲੁਧਿਆਣਾ ਦੇ ਰਾਜਵੀਰ ਸਿੰਘ ਨੂੰ ਮੈਚ ਦਾ ਬੇਹਤਰੀਨ ਖਿਡਾਰੀ ਐਲਾਨਿਆ ਗਿਆ।ਦੂਜੇ ਮੈਚ ਵਿੱਚ ਪੂਲ ਬੀ ਵਿੱਚ ਓਡੀਸ਼ਾ ਨੇਵਲ ਟਾਟਾ ਹਾਈ ਪ੍ਰਫਾਰਮੈਂਸ ਸੈਂਟਰ ਭੁਬਨੇਸ਼ਵਰ ਨੇ ਸਖਤ ਮੁਕਾਬਲੇ ਮਗਰੋਂ ਐਨਸੀਈਓ ਸੋਨੀਪਤ ਨੂੰ 4-3 ਨਾਲ ਹਰਾ ਕੇ ਲੀਗ ਦੌਰ ਵਿੱਚ ਜਿੱਤ ਹਾਸਲ ਕਰਕੇ ਕਵਾਰਟਰ ਫਾਇਨਲ ਵਿੱਚ ਪ੍ਰਵੇਸ਼ ਕੀਤਾ। ਖੇਡ ਦੇ ਚੌਥੇ ਮਿੰਟ ਵਿੱਚ ਅਤੇ 8ਵੇਂ ਮਿੰਟ ਵਿੱਚ ਸੋਨੀਪਤ ਦੇ ਅਰਜੁਨ ਹਰਗੁਡੇ ਨੇ ਗੋਲ ਕਰਕੇ ਸਕੋਰ 2-0 ਕੀਤਾ। ਖੇਡ ਦੇ 11ਵੇਂ ਮਿੰਟ ਵਿੱਚ ਓਡੀਸ਼ਾ ਦੇ ਬਿਲਕਨ ਓਰਨ ਨੇ ਅਤੇ 14ਵੇਂ ਮਿੰਟ ਵਿੱਚਕਰਨ ਲਾਕੜਾ ਨੇ ਗੋਲ ਕਰਕੇ ਸਕੋਰ 2-2 ਕੀਤਾ। 15ਵੇਂ ਮਿੰਟ ਵਿੱਚ ਓਡੀਸਾ ਦੇ ਅਭਿਸੇਕ ਟੋਪਨੋ ਨੇ, 32ਵੇਂ ਮਿੰਟ ਵਿੱਚ ਦੀਪਕ ਪ੍ਰਧਾਨ ਨੇ ਗੋਲ ਕਰਕੇ ਸਕੋਰ 4-2 ਕੀਤਾ। ਖੇਡ ਦੇ 53ਵੇਂ ਮਿੰਟ ਵਿੱਚ ਸੋਨੀਪਤ ਦੇ ਆਸ਼ੂ ਮੋਰੀਆ ਨੇ ਗੋਲ ਕਰਕੇ ਸਕੋਰ 3-4 ਕੀਤਾ। ਸੋਨੀਪਤ ਨੇ ਲੀਗ ਦੌਰ ਵਿੱਚ ਇਕ ਮੈਚ ਜਿੱਤਿਆ ਹੋਣ ਕਰਕੇ ਕਵਾਰਟਰ ਫਾਇਨਲ ਵਿੱਚ ਦਾਖਲਾ ਲਿਆ। ਓਡੀਸ਼ਾ ਦੇ ਦੀਪਕ ਪ੍ਰਧਾਨ ਨੂੰ ਮੈਚ ਦਾ ਬੇਹਤਰੀਨ ਖਿਡਾਰੀ ਐਲਾਨਿਆ ਗਿਆ।ਤੀਜੇ ਮੈਚ ਵਿੱਚ ਪੂਲ ਸੀ ਵਿੱਚ ਸਪੋਰਟਸ ਹਾਸਟਲ ਲਖਨਊ ਨੇ ਨਾਮਧਾਰੀ ਇਲੈਵਨ ਨੂੰ 3-1 ਨਾਲ ਹਰਾ ਕੇ ਕਵਾਰਟਰ ਫਾਇਨਲ ਵਿੱਚ ਪ੍ਰਵੇਸ਼ ਕੀਤਾ। ਖੇਡ ਦੇ ਦੂਜੇ ਮਿੰਟ ਵਿੱਚ ਅਤੇ 7ਵੇਂ ਮਿੰਟ ਵਿੱਚ ਲਖਨਊ ਦੇ ਮੁਹੰਮਦ ਆਤਿਫ ਨੇ ਗੋਲ ਕਰਕੇ ਸਕੋਰ 2-0 ਕੀਤਾ। ਖੇਡ ਦੇ 19ਵੇਂ ਮਿੰਟ ਵਿੱਚ ਲਖਨਊ ਦੇ ਕੇਤਨ ਖੁਸ਼ਵਾਹਾ ਨੇ ਗੋਲ ਕਰਕੇ ਸਕੋਰ 3-0 ਕੀਤਾ। ਖੇਡ ਦੇ 42ਵੇਂ ਮਿੰਟ ਵਿੱਚ ਨਾਮਧਾਰੀ ਦੇ ਨਵਰਾਜ ਸਿੰਘ ਨੇ ਗੋਲ ਕਰਕੇ ਸਕੋਰ 1-3 ਕੀਤਾ। ਨਾਮਧਾਰੀ ਇਲੈਵਨ ਨੇ ਲੀਗ ਦੌਰ ਵਿੱਚ ਤਿੰਨ ਅੰਕ ਹਾਸਲ ਕੀਤੇ ਜਿਸ ਕਰਕੇ ਉਹ ਵੀ ਕਵਾਰਟਰ ਫਾਇਨਲ ਵਿੱਚ ਪ੍ਰਵੇਸ਼ ਕਰ ਗਈ। ਸਪੋਰਟਸ ਹਾਸਟਲ ਲਖਨਊ ਦੇ ਮੁਹੰਮਦ ਆਤਿਫ ਨੂੰ ਮੈਚ ਦਾ ਬੇਹਤਰੀਨ ਖਿਡਾਰੀ ਐਲਾਨਿਆ ਗਿਆ।ਚੌਥੇ ਮੈਚ ਵਿੱਚ ਪੂਲ ਏ ਵਿੱਚ ਪੀਆਈਐਸ ਸੁਰਜੀਤ ਹਾਕੀ ਅਕੈਡਮੀ ਜਲੰਧਰ ਅਤੇ ਨੇਵਲ ਟਾਟਾ ਹਾਕੀ ਅਕੈਡਮੀ ਜਮਸ਼ੇਦਪੁਰ ਦਰਮਿਆਨ ਸਖਤ ਟੱਕਰ ਦੇਖਣ ਨੂੰ ਮਿਲੀ। ਖੇਡ ਦੇ 11ਵੇਂ ਮਿੰਟ ਵਿੱਚ ਸੁਰਜੀਤ ਅਕੈਡਮੀ ਦੇ ਹਰਮਨ ਸਿੰਘ ਨੇ ਗੋਲ ਕਰਕੇ ਸਕੋਰ 1-0 ਕੀਤਾ। 21ਵੇਂ ਮਿੰਟ ਵਿੱਚ ਜਮਸ਼ੇਦਪੁਰ ਦੇ ਐਡੀਸਨ ਮਿੰਗ ਨੇ ਗੋਲ ਕਰਕੇ ਬਰਾਬਰੀ ਕੀਤੀ। ਖੇਡ ਦੇ 33ਵੇਂ ਮਿੰਟ ਵਿੱਚ ਸੁਰਜੀਤ ਦੇ ਸਹਿਜਪ੍ਰੀਤ ਸਿੰਘ ਨੇ ਗੋਲ ਕਰਕੇ ਸਕੋਰ 2-1 ਕੀਤਾ। ਖੇਡ ਦੇ 39ਵੇਂ ਮਿੰਟ ਵਿੱਚ ਜਮਸ਼ੇਦਪੁਰ ਦੇ ਰੋਹਿਤ ਟਿਰਕੀ ਨੇ ਗੋਲ ਕਰਕੇ ਸਕੋਰ 2-2 ਕੀਤਾ। ਖੇਡ ਦੇ 51ਵੇਂ ਮਿੰਟ ਵਿੱਚ ਜਮਸ਼ੇਦਪੁਰ ਦੇ ਉਜਵਲ ਪਾਂਡੇ ਨੇ ਗੋਲ ਕਰਕੇ ਸਕੋਰ 3-2 ਕੀਤਾ।ਇਸ ਜਿੱਤ ਨਾਲ ਜਮਸ਼ੇਦਪੁਰ ਨੇ ਪੂ ਏ ਵਿੱਚ ਪਹਿਲਾ ਅਤੇ ਸੁਰਜੀਤ ਹਾਕੀ ਅਕੈਡਮੀ ਜਲੰਧਰ ਨੇ ਦੂਜਾ ਸਥਾਨ ਹਾਸਲ ਕੀਤਾ ਅਤੇ ਕਵਾਰਟਰ ਫਾਇਨਲ ਵਿੱਚ ਪ੍ਰਵੇਸ਼ ਕੀਤਾ। ਜਮਸ਼ੇਦਪੁਰ ਦੇ ਉਜਵਲ ਪਾਂਡੇ ਨੂੰ ਮੈਚ ਦਾ ਬੇਹਤਰੀਨ ਖਿਡਾਰੀ ਐਲਾਨਿਆ ਗਿਆ। ਮੈਚਾਂ ਦੇ ਮੁੱਖ ਮਹਿਮਾਨ ਬਲਦੇਵ ਸਿੰਘ ਦਰੋਣਾਚਾਰੀਆ ਐਵਾਰਡੀ, ਬ੍ਰਿਗੇਡੀਅਰ ਹਰਚਰਨ ਸਿੰਘ, ਡਾਕਟਰ ਸ਼ਿਲਪੀ ਜੇਤਲੀ, ਸੁਖਵਿੰਦਰ ਸਿੰਘ ਏਡੀਸੀਪੀ ਨੇ ਟੀਮਾਂ ਨਾਲ ਜਾਣ ਪਛਾਣ ਕੀਤੀ। ਅੱਜ ਦੇ ਮੈਚਾਂ ਸਮੇਂ ਗੁਰਸ਼ਰਨ ਸਿੰਘ ਕਪੂਰ, ਹਰਦੀਪ ਸਿੰਘ ਕਪੂਰ, ਹਰਭਜਨ ਸਿੰਘ ਕਪੂਰ, ਮਨਜੀਤ ਸਿੰਘ ਕਪੂਰ, ਤੀਰਥ ਸਿੰਘ ਕਪੂਰ, ਗੁਨਦੀਪ ਸਿੰਘ ਕਪੂਰ, ਉਲੰਪੀਅਨ ਸੰਜੀਵ ਕੁਮਾਰ, ਰਿਪੁਦਮਨ ਕੁਮਾਰ ਸਿੰਘ, ਦਵਿੰਦਰ ਪਾਲ ਸਿੰਘ, ਅਨੀਤਾ ਸਿੰਘ ਕਪੂਰ, ਜਸਪ੍ਰੀਤ ਕੌਰ ਬਵੇਜਾ, ਸੁਖਲੀਨ ਕੌਰ ਕਪੂਰ, ਜਾਰਜ ਪਾਲ, ਪਰਮਿੰਦਰ ਕੌਰ, ਗੁਰਮੀਤ ਸਿੰਘ ਮਿੱਠਾ, ਸੁਰਿੰਦਰ ਸਿੰਘ, ਰਾਮ ਬਾਬੂ, ਦਲਜੀਤ ਸਿੰਘ ਢਿੱਲੋਂ, ਰਾਮ ਸਰਨ, ਤੇਜਾ ਸਿੰਘ, ਗੁਰਿੰਦਰ ਸੰਘਾ, ਹਰਿੰਦਰ ਸੰਘਾ ਹਾਜ਼ਰ ਸਨ।

# 'ਸੀ ਐੱਮ ਦੀ ਯੋਗਸ਼ਾਲਾ' ਲੋਕਾਂ ਨੂੰ ਸਿਹਤ ਪ੍ਰਤੀ ਕਰ ਰਹੀ ਹੈ ਜਾਗਰੂਕ : ਦਮਨਦੀਪ ਕੌਰ



**ਐੱਸ.ਏ.ਐੱਸ ਨਗਰ (ਗੁਰਜੀਤ ਬਿੱਲਾ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਦੇ ਲੋਕਾਂ ਨੂੰ ਰੋਗ ਮੁਕਤ ਕਰਨ ਲਈ ਨਿਰੋਈ ਸਿਹਤ ਪ੍ਰਦਾਨ ਕਰਨ ਲਈ ਆਰੰਭੇ ਗਏ ਯਤਨਾਂ ਤਹਿਤ 'ਸੀ ਐਮ ਦੀ ਯੋਗਸ਼ਾਲਾ' ਤਹਿਤ ਜ਼ਿਲ੍ਹੇ ਵਿੱਚ ਵੱਖ-ਵੱਖ ਥਾਵਾਂ 'ਤੇ ਰੋਜ਼ਾਨਾ ਹੀ ਮਾਹਿਰ ਯੋਗਾ ਟ੍ਰੇਨਰਾਂ ਦੁਆਰਾ ਯੋਗਾ ਕਲਾਸਾਂ ਲਗਾਈਆਂ ਜਾ ਰਹੀਆਂ ਹਨ।ਇਹ ਜਾਣਕਾਰੀ ਦਿੰਦਿਆਂ ਐਸ. ਡੀ. ਐਮ ਮੋਹਾਲੀ ਦਮਨਦੀਪ ਕੌਰ ਨੇ ਦੱਸਿਆ ਕਿ ਮੋਹਾਲੀ ਸਬ ਡਵੀਜ਼ਨ ਦੇ ਬਲਾਕਾਂ ਵਿਖੇ ਲੱਗ ਰਹੀਆਂ ਯੋਗਾ ਕਲਾਸਾਂ 'ਸੀ ਐਮ ਦੀ ਯੋਗਸ਼ਾਲਾ' ਆਮ ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨ ਲਈ ਯਤਨਸ਼ੀਲ ਹਨ। ਉਨ੍ਹਾਂ ਦੱਸਿਆ ਕਿ ਯੋਗਾ ਕਲਾਸਾਂ ਲਈ ਬਾਕਾਇਦਾ ਮਾਹਿਰ ਯੋਗਾ ਕੋਚ ਪੰਜਾਬ ਸਰਕਾਰ ਵੱਲੋਂ ਉਪਲਬਧ ਕਰਵਾਏ ਗਏ ਹਨ, ਜਿਨ੍ਹਾਂ 'ਚੋਂ ਯੋਗਾ ਟ੍ਰੇਨਰ ਦਿਵਿਆਂ ਵੱਲੋਂ ਨਯਾਂਗਾਓ ਮੋਹਾਲੀ ਵਿਖੇ ਰੋਜ਼ਾਨਾ 6 ਯੋਗਾ ਕਲਾਸਾਂ ਲਗਾਈਆਂ ਜਾ ਰਹੀਆਂ ਹਨ, ਜਿਨ੍ਹਾਂ 'ਚ ਉਨ੍ਹਾਂ ਵੱਲੋਂ ਸ਼ਿਵਾਲਿਕ ਵਿਹਾਰ ਨਯਾਂਗਾਓ ਵਿਖੇ ਪਹਿਲੀ ਕਲਾਸ ਸਵੇਰੇ 6:05 ਤੋਂ 7:05 ਵਜੇ, ਦੂਸਰੀ ਕਲਾਸ ਕਮਿਊਨਿਟੀ ਸੈਂਟਰ, ਟ੍ਰਿਬਿਊਨ ਕਾਲੋਨੀ, ਕਾਂਸਲ ਨਯਾਂਗਾਓ ਮੋਹਾਲੀ ਵਿਖੇ ਸਵੇਰੇ 10:30 ਤੋਂ 11:30 ਵਜੇ ਤੱਕ, ਤੀਜੀ ਕਲਾਸ ਬਿਨਸਰ ਮਹਾਂਦੇਵ ਮੰਦਿਰ, ਗੋਬਿੰਦ ਨਗਰ, ਨਯਾਂਗਾਓ ਮੋਹਾਲੀ ਵਿਖੇ ਦੁਪਿਹਰ 12 ਵਜੇ ਤੋਂ 1.00 ਵਜੇ ਤੱਕ, ਚੌਥੀ ਕਲਾਸ ਦੁਪਿਹਰ 1:15 ਤੋਂ 2.15 ਵਜੇ ਤੱਕ ਆਦਰਸ਼ ਨਗਰ ਨਯਾਂਗਾਓ ਮੋਹਾਲੀ ਵਿਖੇ, ਪੰਜਵੀਂ ਕਲਾਸ ਰੋਜ਼ ਪਬਲਿਕ ਸਕੂਲ ਆਦਰਸ਼ ਨਗਰ ਨਯਾਂਗਾਓ ਮੋਹਾਲੀ ਵਿਖੇ ਸ਼ਾਮ ਨੂੰ 3:45 ਤੋਂ 4:45 ਵਜੇ ਤੱਕ ਅਤੇ ਛੇਵੀਂ ਕਲਾਸ ਸ਼ਿਵਾਲਿਕ ਵਿਹਾਰ, ਨਯਾਂਗਾਓ ਮੋਹਾਲੀ ਵਿਖੇ ਸ਼ਾਮ 5:00 ਤੋਂ 6:00 ਵਜੇ ਤੱਕ ਲਗਾਈ ਜਾਂਦੀ ਹੈ, ਜਿੱਥੇ ਬਿਨਾਂ ਕੋਈ ਫ਼ੀਸ ਲਿਆ ਯੋਗਾ ਦੀ ਸਿਖਲਾਈ ਦਿੱਤੀ ਜਾਂਦੀ ਹੈ। ਲੋਕ ਮੁਫਤ ਯੋਗ ਸਿਖਲਾਈ ਦਾ ਲਾਭ ਲੈਣ ਲਈ ਟੋਲ-ਫਰੀ ਨੰਬਰ 7669 400 500 ਡਾਇਲ ਕਰ ਸਕਦੇ ਹਨ ਜਾਂ https://cmdiyogshala.punjab.gov.in 'ਤੇ ਲੌਗਇਨ ਕੀਤਾ ਜਾ ਸਕਦਾ ਹੈ।

# ਕੁਲਵੰਤ ਸਿੰਘ ਨੇ ਸ਼ਹਿਰ ਦੇ ਵਿਕਾਸ ਕਾਰਜਾਂ ਦਾ ਲਿਆ ਜਾਇਜ਼ਾ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ ( ਗੁਰਜੀਤ ਬਿੱਲਾ)**-ਮੋਹਾਲੀ ਸ਼ਹਿਰ ਦੇ ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਉਣ,ਮੇਨ ਸੜਕਾਂ ਦੇ ਸੁਧਾਰ ਲਈ ਅਤੇ ਸਾਫ਼-ਸਫ਼ਾਈ ਯਕੀਨੀ ਬਣਾਉਣ ਲਈ ਵਿਧਾਇਕ ਕੁਲਵੰਤ ਸਿੰਘ ਵੱਲੋਂ ਮੋਹਾਲੀ ਸ਼ਹਿਰ ਦੀਆਂ ਮੁੱਖ ਸੜਕਾਂ ਦਾ ਦੌਰਾ ਕਰ ਚੈਕਿੰਗ ਕੀਤੀ ਗਈ।ਉਨ੍ਹਾਂ ਵੱਲੋਂ ਮੋਹਾਲੀ ਏਅਰਪੋਰਟ ਸੜਕ, ਕੁੰਬੜਾ ਲਾਈਟ ਪੁਆਇੰਟ, ਸੈਕਟਰ 71-ਫੇਸ 7 ਲਾਈਟ ਪੁਆਇੰਟ, 3-5 ਲਾਈਟ ਪੁਆਇੰਟ ਅਤੇ ਫੇਸ 5 ਵਿਖੇ ਦੌਰਾ ਕੀਤਾ ਗਿਆ। ਇਸ ਦੌਰੇ ਦੌਰਾਨ ਉਨ੍ਹਾਂ ਨਾਲ ਨਗਰ ਨਿਗਮ ਕਮਿਸ਼ਨਰ ਟੀ-ਬੈਨਿਥ ਅਤੇ ਨਗਰ ਨਿਗਮ ਦੇ ਮੁੱਖ ਇੰਜੀਨੀਅਰ ਨਰੇਸ਼ ਬੱਤਾ ਸਮੇਤ ਹੋਰ ਅਧਿਕਾਰੀ ਮੌਜੂਦ ਸਨ। ਵਿਧਾਇਕ ਵਲੋਂ ਮੌਕੇ 'ਤੇ ਮੀਟਿੰਗ ਕਰਕੇ ਲੋੜੀਂਦੇ ਨਿਰਦੇਸ਼ ਜਾਰੀ ਕੀਤੇ। ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਂਦੀ ਜਾਵੇ ਅਤੇ ਵਿਕਾਸ ਕਾਰਜਾਂ ਦੀ ਗੁਣਵੱਤਾ ਨਾਲ ਕੋਈ ਸਮਝੌਤਾ ਨਾ ਕੀਤਾ ਜਾਵੇ।ਅਧਿਕਾਰੀਆਂ ਨੂੰ ਸਾਫ਼-ਸਫ਼ਾਈ ਯਕੀਨੀ ਬਣਾਉਣ, ਫੁੱਟਪਾਥ ਪੇਵਰ ਟਾਇਲਾਂ ਮੁਰੰਮਤ, ਸੀਵਰੇਜ਼ ਮੇਨ ਹੋਲ ਠੀਕ ਕਰਨ, ਡਵਾਇਡਰ ਰੇਲਿੰਗ ਰਿਪੇਅਰ ਅਤੇ ਮੋਡਰੇਟ ਕਰਨ ਦੇ ਨਿਰਦੇਸ਼ ਦਿੱਤੇ।

# ਦੇਸ਼ ਨੂੰ ਨੇਤਰਹੀਣਤਾ ਤੋਂ ਮੁਕਤ ਕਰਵਾਉਣਾ ਸਾਡਾ ਮੁੱਖ ਉਦੇਸ਼ : ਪ੍ਰੋ. ਸੁਨੇਤ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**—ਹੁਸ਼ਿਆਰਪੁਰ ਦੇ ਉਘੇ ਸਮਾਜ ਸੇਵੀ ਡਾਕਟਰ ਸਰਬਜੀਤ ਸਿੰਘ ਮਾਨਕੂ ਜਿਹੜੇ ਲੰਮੇ ਸਮੇਂ ਤੋਂ ਨੇਤਰਦਾਨ ਐਸੋਸੀਏਸ਼ਨ, ਗੁਰੂ ਨਾਨਕ ਪਵਿੱਤਰ ਜੰਗਲ , ਵੈਦ ਮੰਡਲ ਆਦਿ ਸਮਾਜ ਸੇਵੀ ਸੰਸਥਾਵਾਂ ਨਾਲ ਜੁੜੇ ਹੋਏ ਸਨ, ਉਨ੍ਹਾਂ ਦੇ ਅਕਾਲ ਚਲਾਣੇ ਉਪਰੰਤ ਉਨ੍ਹਾਂ ਦੇ ਪਰਵਾਰ ਵੱਲੋਂ ਮਾਨਵਤਾ ਦੀ ਸੇਵਾ ਹਿੱਤ ਉਨ੍ਹਾਂ ਦੀਆਂ ਅੱਖਾਂ ਨੇਤਰ ਦਾਨ ਐਸੋਸੀਏਸ਼ਨ ਹੁਸ਼ਿਆਰਪੁਰ ਰਾਹੀਂ ਦਾਨ ਕਰ ਦਿੱਤੀਆਂ ਸਨ। ਉਨ੍ਹਾਂ ਦੀ ਅੰਤਿਮ ਅਰਦਾਸ ਮੌਕੇ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ । ਨੇਤਰਦਾਨ ਐਸੋਸੀਏਸ਼ਨ ਦੇ ਸਰਪ੍ਰਸਤ ਪ੍ਰੋਫੈਸਰ ਬਹਾਦਰ ਸਿੰਘ ਸੁਨੇਤ ਨੇ ਸ਼ਰਧਾਂਜਲੀ ਭੇਟ ਕਰਦਿਆਂ ਦੱਸਿਆ ਕਿ ਡਾਕਟਰ ਸਰਬਜੀਤ ਸਿੰਘ ਮਾਨਕੂ ਹਮੇਸ਼ਾ ਹੀ ਲੋਕ ਸੇਵਾ ਹਿੱਤ ਸਰਗਰਮ ਰਹਿੰਦੇ ਸਨ। ਉਨ੍ਹਾਂ ਇਕੱਤਰ ਲੋਕਾਂ ਨੂੰ ਖੂਨ ਦਾਨ, ਨੇਤਰ ਦਾਨ ਅਤੇ ਸਾਫ਼ ਸੁਥਰੇ ਵਾਤਾਵਰਨ ਲਈ ਵੱਧ ਤੋਂ ਵੱਧ ਦਰੱਖਤ ਲਗਾਉਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਨੇਤਰ ਦਾਨ ਐਸੋਸੀਏਸ਼ਨ ਹੁਸ਼ਿਆਰਪੁਰ ਪਿਛਲੇ 25 ਸਾਲਾਂ ਤੋਂ ਸੇਵਾ ਕਰ ਰਹੀ ਹੈ ਅਤੇ ਸਾਡਾ ਮੁੱਖ ਉਦੇਸ਼ ਦੇਸ਼ ਭਰ ਵਿੱਚ ਨੇਤਰ ਦਾਨ ਸੇਵਾ ਮੁਹਿੰਮ ਨੂੰ ਮਜ਼ਬੂਤ ਕਰਨ ਹੈ ਅਤੇ ਦੇਸ਼ ਨੂੰ ਨੇਤਰਹੀਣਤਾ ਤੋਂ ਮੁਕਤ ਕਰਵਾਉਣਾ ਹੈ।ਸਵਰਗੀ ਡਾਕਟਰ ਮਾਨਕੂ ਦੇ ਬੇਟੇ ਸਮਰਜੈ ਸਿੰਘ ਮਾਨਕੂ ਅਤੇ ਹੋਰ ਪਰਵਾਰਕ ਮੈਂਬਰਾਂ ਨੂੰ ਨੇਤਰਦਾਨ ਸੇਵਾ ਲਈ ਸਨਮਾਨਤ ਕੀਤਾ ਗਿਆ।ਇਸ ਮੌਕੇ ਨੇਤਰਦਾਨ ਐਸੋਸੀਏਸ਼ਨ ਦੇ ਸਕੱਤਰ ਬਲਜੀਤ ਸਿੰਘ ਪਨੇਸਰ, ਗੁਰਪ੍ਰੀਤ ਸਿੰਘ, ਜਤਿੰਦਰ ਕੌਰ, ਹਰਭਜਨ ਸਿੰਘ ਸਾਹਿਬ, ਓਂਕਾਰ ਸਿੰਘ ਖਾਲਸਾ, ਬੀਬੀ ਹਰਜੀਤ ਕੌਰ, ਹਰਵਿੰਦਰ ਸਿੰਘ ਅਤੇ ਐਡਵੋਕੇਟ ਪਲਵਿੰਦਰ ਪਲਵ ਨੇ ਵੀ ਸ਼ਰਧਾਂਜਲੀ ਭੇਟ ਕੀਤੀ ਅਤੇ ਪਰਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।

## ਪੁਲਸ ਨੇ ਸ਼ਰਾਬ ਪੀ ਕੇ ਗੱਡੀ ਚਲਾਉਣ ਵਾਲਿਆਂ ਦੇ ਕੀਤੇ ਚਲਾਨ



**ਜਲੰਧਰ ( ਰਾਜੇਸ਼ ਥਾਪਾ)** ਏ.ਸੀ.ਪੀ ਸੈਂਟਰਲ ਅਤੇ ਏ.ਸੀ.ਪੀ ਮਾਡਲ ਟਾਊਨ ਜਲੰਧਰ ਵੱਲੋਂ ਸ਼ਾਮ 8.00 ਵਜੇ ਤੋਂ 11.00 ਵਜੇ ਤੱਕ ਪੁਲਸ ਥਾਣਾ ਡਿਵੀਜ਼ਨ ਨੰਬਰ 4 ਅਤੇ ਡਿਵੀਜ਼ਨ ਨੰਬਰ 7 ਜਲੰਧਰ ਦੇ ਖੇਤਰਾਂ ਵਿੱਚ ਵਿਸ਼ੇਸ਼ ਮੁਹਿੰਮ ਦੀ ਨਿਗਰਾਨੀ ਕੀਤੀ ਗਈ।ਅਭਿਆਨ ਦਾ ਉਦੇਸ਼ ਵਾਹਨਾਂ ਦੇ ਅੰਦਰ ਸ਼ਰਾਬ ਦੀ ਵਿਕਰੀ ਅਤੇ ਸੇਵਨ ਨੂੰ ਰੋਕਣਾ ਸੀ ਤਾਂ ਜੋ ਜਨਤਕ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ ਅਤੇ ਇਹਨਾਂ ਅਦਾਰਿਆਂ ਦੇ ਆਸ-ਪਾਸ ਕਾਨੂੰਨ ਅਤੇ ਵਿਵਸਥਾ ਨੂੰ ਬਣਾਈ ਰੱਖਿਆ ਜਾ ਸਕੇ।ਡਰਾਈਵ ਦੌਰਾਨ ਕੁੱਲ 185 ਵਾਹਨਾਂ ਦੀ ਚੈਕਿੰਗ ਕੀਤੀ ਗਈ। ਸ਼ੱਕੀ ਮਾਮਲਿਆਂ ਵਿੱਚ ਅਲਕੋਹਲ ਦੀ ਖਪਤ ਦਾ ਪਤਾ ਲਗਾਉਣ ਲਈ ਬ੍ਰੈਥ ਐਨਾਲਾਈਜ਼ਰ ਦੀ ਵਰਤੋਂ ਕੀਤੀ ਗਈ ਸੀ।ਇਸ ਵਿਸ਼ੇਸ਼ ਮੁਹਿੰਮ ਦੌਰਾਨ ਕੁੱਲ 47 ਚਲਾਨ ਕੀਤੇ ਗਏ, ਜਿਨ੍ਹਾਂ ਵਿੱਚ ਸ਼ਰਾਬ ਪੀ ਕੇ ਗੱਡੀ ਚਲਾਉਣ ਦੇ 11 ਬਿਨਾਂ ਸਹੀ ਨੰਬਰ ਪਲੇਟਾਂ ਵਾਲੇ ਦੋਪਹੀਆ ਵਾਹਨਾਂ ਦੇ 8 , ਹੈਲਮਟ ਨਾ ਪਾਉਣ 'ਤੇ 12, ਟ੍ਰਿਪਲ ਰਾਈਡਿੰਗ ਲਈ 7, ਕਾਲੀ ਫਿਲਮ ਲਈ 3 ਚਲਾਨ ਕੀਤੇ ਗਏ ਅਤੇ ਦਸਤਾਵੇਜ਼ਾਂ ਦੀ ਘਾਟ ਕਾਰਨ 6 ਵਾਹਨ ਜ਼ਬਤ ਵੀ ਕੀਤੇ ਗਏ।

## ਗੁਰਿੰਦਰ ਸਿੰਘ ਸੰਘਾ ਜੂਨੀਅਰ ਏਸ਼ੀਆ ਕੱਪ ਦੇ ਅੰਪਾਇਰ ਮੈਨੇਜਰ ਨਿਯੁਕਤ



**ਜਲੰਧਰ (ਸ਼ੈਲੀ ਐਲਬਰਟ)** ਅੰਤਰਰਾਸ਼ਟਰੀ ਹਾਕੀ ਫੈਡਰੇਸ਼ਨ ਵਲੋਂ ਪੰਜਾਬ ਦੇ ਅੰਤਰਰਾਸ਼ਟਰੀ ਅੰਪਾਇਰ ਗੁਰਿੰਦਰ ਸਿੰਘ ਸੰਘਾ ਨੂੰ ਓਮਾਨ ਵਿਖੇ 26 ਨਵੰਬਰ ਤੋਂ 4 ਦਸੰਬਰ ਤੱਕ ਹੋਣ ਵਾਲੇ ਜੂਨੀਅਰ ਏਸ਼ੀਆ ਕੱਪ ਲਈ ਅੰਪਾਇਰ ਮੈਨੇਜਰ ਨਿਯੁਕਤ ਕੀਤਾ ਗਿਆ ਹੈ। ਅੰਤਰਰਾਸ਼ਟਰੀ ਹਾਕੀ ਫੈਡਰੇਸ਼ਨ ਵਲੋਂ ਜਾਰੀ ਪੱਤਰ ਵਿੱਚ ਦਿੱਤੀ ਗਈ ਹੈ।ਇਸ ਤੋਂ ਪਹਿਲਾਂ ਗੁਰਿੰਦਰ ਸਿੰਘ ਸੰਘਾ ਏਸ਼ੀਆਈ ਖੇਡਾਂ, ਉਲੰਪਿਕ ਕਵਾਲੀਫਾਇਰ ਮੁਕਾਬਲੇ ਵਿੱਚ ਅਤੇ ਏਸ਼ੀਆ ਕੱਪ ਵਿੱਚ ਵੀ ਅੰਪਾਇਰ ਮੈਨੇਜਰ ਦੀਆਂ ਸੇਵਾਵਾਂ ਦੇ ਚੁੱਕੇ ਹਨ। ਸੰਘਾ ਦੀ ਇਸ ਨਿਯੁਕਤੀ 'ਤੇ ਹਾਕੀ ਪੰਜਾਬ ਦੇ ਪ੍ਰਧਾਨ ਨਿਤਨ ਕੋਹਲੀ, ਜਨਰਲ ਸਕੱਤਰ ਅਮਰੀਕ ਸਿੰਘ ਪੁਆਰ ਅਤੇ ਸਮੂਹ ਹਾਕੀ ਪੰਜਾਬ ਦੇ ਮੈਂਬਰਾਂ ਨੇ ਉਨ੍ਹਾਂ ਨੂੰ ਵਧਾਈ ਦਿੱਤੀ।

## ਰਣਜੀਤ ਸਿੰਘ ਨੇ ਪ੍ਰਾਪਤ ਕੀਤਾ ਬੈਸਟ ਟੀਚਰ ਐਵਾਰਡ



**ਲੋਹੀਆਂ ਖਾਸ, (ਯੋਗੇਸ਼ਵਰ) :** ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲ ਐਂਡ ਐਸੋਸੀਏਸ਼ਨ ਆਫ ਪੰਜਾਬ ਵੱਲੋਂ ਪੰਜਾਬ ਰਾਜ ਦੇ ਸਾਰੇ ਪ੍ਰਾਈਵੇਟ ਸਕੂਲਾਂ ਵਿੱਚੋਂ ਬੈਸਟ ਟੀਚਰ ਚੁਣੇ ਗਏ। ਜਿਸ ਵਿੱਚ ਅਕਾਲ ਗਲੈਕਸੀ ਕਾਨਵੈਂਟ ਸਕੂਲ ਸਿੱਧੂਪੁਰ ਲੋਹੀਆਂ ਖਾਸ ਦੇ ਅਧਿਆਪਕ ਰਣਜੀਤ ਸਿੰਘ ਨੂੰ ਇਸ ਸਮਾਰੋਹ ਫੈਡਰੇਸ਼ਨ ਦੇ ਚੇਅਰਮੈਨ ਡਾਕਟਰ ਜਗਜੀਤ ਸਿੰਘ ਧੂਰੀ, ਮੁੱਖ ਮਹਿਮਾਨ ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧ, ਗੈਸਟ ਆਫ ਆਨਰ ਗੁਰਨਾਮ ਭੁੱਲਰ ਪੰਜਾਬੀ ਸਿੰਗਰ ਅਤੇ ਕੁਲਵੰਤ ਸਿੰਘ ਧਾਲੀਵਾਲ ਵਰਲਡ ਕੈਂਸਰ ਬ੍ਰਾਂਡ ਅੰਬੈਸਡਰ ਵੱਲੋਂ ਬੈਸਟ ਟੀਚਰ ਦਾ ਐਵਾਰਡ ਦੇ ਕੇ ਸਨਮਾਨਤ ਕੀਤਾ ਗਿਆ। ਸਕੂਲ ਮੈਨੇਜਮੈਂਟ ਅਤੇ ਪ੍ਰਿੰਸੀਪਲ ਮੈਡਮ ਅਮਨਪ੍ਰੀਤ ਕੌਰ ਨੇ ਉਹਨਾਂ ਦੀ ਇਸ ਵਿਸ਼ੇਸ਼ ਉਪਲਬਧੀ 'ਤੇ ਵਧਾਈ ਦਿੱਤੀ।

# ਆਰ ਬੀ ਯੂ ਵਿਖੇ ਇੰਡਸਟਰੀ ਕਨਕਲੇਵ ਕਰਵਾਈ




**ਕੁਰਾਲੀ (ਮੋਹਨ ਅੱਗਰਵਾਲ)**-ਰਿਆਤ ਬਾਹਰਾ ਯੂਨੀਵਰਸਿਟੀ ਦੇ ਸਕੂਲ ਆਫ਼ ਕੰਪਿਊਟਿੰਗ ਨੇ ਇੰਡਸਟਰੀ ਕਨਕਲੇਵ ਦਾ ਆਯੋਜਨ ਕੀਤਾ। ਇਸ ਸਮਾਰੋਹ ਨੇ ਮਾਈਕ੍ਰੋਸਾਫਟ, ਆਈ ਬੀ ਐਮ, ਔਰੇਕਲ, ਕਿਊ-ਵੋਲਵ ਅਤੇ ਪਾਈਸੌਫਟ ਵਰਗੇ ਟੈਕ ਜਾਇੰਟਸ ਦੇ ਸੀਨੀਅਰ ਡੇਲੀਗੇਟਸ ਸ਼ਾਮਿਲ ਹੋਏ।ਉਦਯੋਗ ਦੇ ਮਾਹਰਾਂ ਅਤੇ ਵਿਚਾਰਵਾਨ ਨੇਤਾਵਾਂ ਨੇ ਮੌਜੂਦਾ ਉਦਯੋਗਿਕ ਰੁਝਾਨਾਂ, ਚੁਣੌਤੀਆਂ ਅਤੇ ਨਵੀਨਤਾਵਾਂ 'ਤੇ ਗੱਲਬਾਤ ਕੀਤੀ। ਇਸ ਪੈਨਲ ਵਿੱਚ ਸ਼ਾਮਿਲ ਉਦਯੋਗ ਦੇ ਪੇਸ਼ੇਵਰਾਂ, ਉੱਦਮੀਆਂ ਅਤੇ ਸਿੱਖਿਆ ਸ਼ਾਸਤਰੀਆਂ ਨੇ ਉਦਯੋਗ ਵਿੱਚ ਉੱਭਰ ਰਹੇ ਰੁਝਾਨਾਂ ਬਾਰੇ ਚਰਚਾ ਕੀਤੀ।ਆਦਿਤਿਆ ਸਲਾਡੀ ਮਾਈਕ੍ਰੋਸਾਫਟ ਤੋਂ ਸਾਫਟਵੇਅਰ ਸਲਾਹਕਾਰ ,ਜੋਤੀ ਸਕਸੈਨਾ ਆਈਬੀਐਮ ਤੋਂ ਸੀਨੀਅਰ ਡਿਵੈਲਪਰ ਅਤੇ ਐਸਏਪੀ ਵਿਸ਼ਲੇਸ਼ਕ,ਸ਼ਿਵਾਂਗੀ, ਓਰੇਕਲ ਤੋਂ ਈਆਰਪੀ ਪ੍ਰੋਜੈਕਟ ਪੋਰਟਫੋਲੀਓ ਪ੍ਰਬੰਧਨ,ਕਿਊ-ਵੋਲਵ ਤੋਂ ਸੰਦੀਪ ਸਿਨਹਾ ਹੈੱਡ, ਸਟ੍ਰੈਟਜੀ ਅਤੇ ਇਨੀਸ਼ੀਏਟਿਵਜ਼,ਅਤੇ ਹਰੀਸ਼ ਚਾਵਲਾ, ਵਾਈਸ-ਪ੍ਰੈਜ਼ੀਡੈਂਟ ਪਾਈਸੌਫਟ, ਇਸ ਫਿਜ਼ੀਕਲ ਅਤੇ ਵਰਚੁਅਲ ਮੋਡ ਵਿੱਚ ਆਯੋਜਿਤ ਕਨਕਲੇਵ ਵਿੱਚ ਸਰੋਤ ਵਿਅਕਤੀ ਸਨ। ਇਸ ਮੌਕੇ ਵਿਦਿਆਰਥੀਆਂ ਅਤੇ ਪੇਸ਼ੇਵਰਾਂ ਨੂੰ ਅਤਿ-ਆਧੁਨਿਕ ਤਕਨੀਕਾਂ ਦੀ ਖੋਜ ਕਰਨ ਲਈ ਪ੍ਰੈਕਟੀਕਲ ਵਰਕਸ਼ਾਪ ਦਾ ਆਯੋਜਨ ਕੀਤਾ।ਇਸ ਤੋਂ ਬਾਅਦ ਵਿਦਿਆਰਥੀਆਂ ਨਾਲ ਸਵਾਲ-ਜਵਾਬ ਸੈਸ਼ਨ ਹੋਇਆ। ।ਰਿਆਤ ਬਾਹਰਾ ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਜੋ ਕਿ ਕਨਕਲੇਵ ਦੇ ਮੁੱਖ ਸਰਪ੍ਰਸਤ ਸਨ, ਨੇ ਕਿਹਾ ਕਿ ਤਕਨਾਲੋਜੀ ਅੱਜ ਦੇ ਸੰਸਾਰ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ। ਵਾਈਸ-ਚਾਂਸਲਰ ਡਾ: ਪਰਵਿੰਦਰ ਸਿੰਘ ਨੇ ਇੰਡਸਟਰੀ ਕਨਕਲੇਵ ਦੀ ਸਫਲਤਾ 'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਅਤੇ ਕਿਹਾ ਉਹ ਆਸ਼ਾਵਾਦੀ ਸਨ ਕਿ ਕਨਕਲੇਵ ਵਿੱਚ ਵਿਚਾਰ-ਵਟਾਂਦਰਾ ਹਿੱਸਾ ਲੈਣ ਵਾਲੇ ਡੈਲੀਗੇਟਾਂ ਅਤੇ ਮਾਹਿਰਾਂ ਲਈ ਬਹੁਤ ਮਦਦਗਾਰ ਸਾਬਤ ਹੋਵੇਗਾ। ਇਸ ਮੌਕੇ ਡੀਨ ਅਕਾਦਮਿਕ ਡਾ.ਐਸ.ਕੇ.ਬਾਂਸਲ ਵੀ ਹਾਜ਼ਰ ਸਨ।

# ਪੈਨ ਇੰਡੀਆ ਬਾਲ ਮਜ਼ਦੂਰੀ ਖਿਲਾਫ਼ ਮੁਹਿੰਮ ਤਹਿਤ 3 ਬੱਚੇ ਕੀਤੇ ਰੈਸਕਿਊ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਕੰਚਨ ਅਰੋੜਾ ਦੀ ਅਗਵਾਈ ਹੇਠ ਜ਼ਿਲ੍ਹਾ ਟਾਸਕ ਫੋਰਸ ਵੱਲੋਂ ਚੰਡੀਗੜ੍ਹ ਰੋਡ, ਬੰਗਾ ਰੋਡ, ਰੇਲਵੇ ਰੋਡ 'ਤੇ ਬਾਲ ਮਜ਼ਦੂਰੀ ਖਿਲਾਫ ਚੈਕਿੰਗ ਕੀਤੀ ਗਈ ਅਤੇ 18 ਸਾਲ ਤੋਂ ਘੱਟ ਉਮਰ ਦੇ ਤਿੰਨ ਬੱਚਿਆਂ ਨੂੰ ਰੈਸਕਿਊ ਕੀਤਾ ਗਿਆ।ਮੌਕੇ 'ਤੇ ਮੌਜੂਦ ਲੇਬਰ ਅਫਸਰ ਵੱਲੋਂ ਸਬੰਧਿਤ ਦੋ ਦੁਕਾਨਾਂ ਦਾ ਚਲਾਨ ਵੀ ਕੀਤਾ ਗਿਆ। ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਦੀ ਟੀਮ ਵੱਲੋਂ ਬੱਚਿਆਂ ਨੂੰ ਰੈਸਕਿਊ ਕਰਨ ਉਪਰੰਤ ਬਾਲ ਭਲਾਈ ਕਮੇਟੀ ਵਿਖੇ ਪੇਸ਼ ਕੀਤਾ ਗਿਆ ਹੈ ਤਾਂ ਜੋ ਬੱਚਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਅਗਲੇਰੀ ਕਾਰਵਾਈ ਕੀਤੀ ਜਾ ਸਕੇ। ਇਸ ਮੌਕੇ ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਵੱਲੋਂ ਦੁਕਾਨਦਾਰਾਂ ਅਤੇ ਆਮ ਜਨਤਾ ਨੂੰ ਜਾਗਰੂਕ ਕੀਤਾ ਗਿਆ ਕਿ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਤੋਂ ਕੰਮ ਕਰਵਾਉਣਾ ਕਾਨੂੰਨੀ ਤੌਰ 'ਤੇ ਅਪਰਾਧ ਹੈ । ਉਨ੍ਹਾਂ ਵੱਲੋਂ ਸਰਕਾਰ ਵੱਲੋਂ ਲੋੜਵੰਦ ਬੱਚਿਆਂ ਲਈ ਚਲਾਈ ਜਾ ਰਹੀ ਸਪੋਂਸਰਸ਼ਿਪ ਸਕੀਮ ਸਬੰਧੀ ਵੀ ਜਾਣੂ ਕਰਵਾਇਆ ਗਿਆ, ਜਿਸ ਦੇ ਤਹਿਤ ਲੋੜਵੰਦ ਅਤੇ ਬੇਸਹਾਰਾ ਬੱਚਿਆਂ ਨੂੰ ਪ੍ਰਤੀ ਮਹੀਨਾ 4000 ਰੁਪਏ ਵਿੱਤੀ ਸਹਾਇਤਾ ਬੱਚਿਆਂ ਨੂੰ ਸਿੱਖਿਅਤ ਕਰਨ ਲਈ ਦਿੱਤੀ ਜਾਂਦੀ ਹੈ।ਚੈਕਿੰਗ ਟੀਮ ਵਿਚ ਰਜਨੀ ਕਾਂਸਲ ਲੇਬਰ ਅਫਸਰ, ਕੰਚਨ ਅਰੋੜਾ ਜ਼ਿਲ੍ਹਾ ਬਾਲ ਸੁਰੱਖਿਆ ਅਫਸਰ , ਚੇਅਰਪਰਸਨ ਬਾਲ ਭਲਾਈ ਕਮੇਟੀ ਸੋਨੀਆ ਅੰਗਰਿਸ, ਰਜਿੰਦਰ ਕੌਰ ਸੀਪੀਓ ਅਤੇ ਸੰਤੋਸ਼ ਡੀਈਓ, ਡੀਐਸਐਸਓ ਦਫਤਰ ਤੋਂ ਸਿੰਦਰਪਾਲ, ਐਮ.ਸੀ ਦਫਤਰ ਤੋਂ ਚੰਦਨ ਸਹੋਤਾ,ਪੁਲਸ ਵਿਭਾਗ ਤੋਂ ਗੁਰਬਖਸ਼ ਕੌਰ ਅਤੇ ਰੇਸ਼ਮ ਕੌਰ, ਸਿੱਖਿਆ ਵਿਭਾਗ ਤੋਂ ਟੀਚਰ ਸੁਖਵਿੰਦਰ ਸਿੰਘ ਮੌਜੂਦ ਸਨ।

# ਐੱਨ ਡੀ ਆਰ ਐੱਫ ਵੱਲੋਂ ਆਫਤ ਪ੍ਰਬੰਧਨ ਸੰਬੰਧੀ ਅੱਜ ਕਰਵਾਈ ਜਾਵੇਗੀ ਮੌਕ ਡਰਿੱਲ



**ਨਵਾਂਸ਼ਹਿਰ (ਮਨੋਜ ਲਾਡੀ)**-ਐਨ.ਡੀ.ਆਰ.ਐਫ (ਨੈਸਨਲ ਡਿਜਾਸਟਰ ਰਿਸਪਾਂਸ ਫੋਰਸ) ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਸ੍ਰੇਆਂਸ ਇੰਡਸਟਰੀਜ ਵਿਖੇ 21 ਨਵੰਬਰ ਨੂੰ ਆਫਤ ਪ੍ਰਬੰਧਨ ਬਾਰੇ ਕਰਵਾਈ ਜਾਣ ਵਾਲੀ ਮੌਕ ਡਰਿੱਲ ਸਬੰਧੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਕੋਆਰਡੀਨੇਸ਼ਨ ਅਤੇ ਟੇਬਲ ਟਾਪ ਐਕਸਰਸਾਈਜ ਕੀਤੀ ਗਈ। ਐਸ.ਡੀ.ਐਮ ਬਲਾਚੌਰ ਪ੍ਰੀਤ ਇੰਦਰ ਸਿੰਘ ਬੈਂਸ, ਐਸ.ਡੀ.ਐਮ ਬੰਗਾ ਵਿਪਿਨ ਭੰਡਾਰੀ ਅਤੇ ਜ਼ਿਲ੍ਹਾ ਮਾਲ ਅਫਸਰ ਮਨਦੀਪ ਸਿੰਘ ਮਾਨ ਦੀ ਮੌਜੂਦਗੀ ਵਿਚ ਹੋਈ ਇਸ ਐਕਸਰਸਾਈਜ ਦੌਰਾਨ ਵੱਖ-ਵੱਖ ਸਬੰਧਤ ਵਿਭਾਗਾਂ ਦੇ ਅਧਿਕਾਰੀ ਵੀ ਹਾਜਰ ਰਹੇ। ਇਸ ਮੌਕੇ ਐਨ.ਡੀ.ਆਰ.ਐਫ ਦੀ ਸੱਤਵੀਂ ਬਟਾਲੀਅਨ ਬਠਿੰਡਾ ਦੇ ਸਹਾਇਕ ਕਮਾਂਡੈਂਟ ਡੀ.ਐਲ ਜਾਖੜ ਨੇ ਦੱਸਿਆ ਕਿ ਐਨ.ਡੀ.ਆਰ.ਐਫ ਵੱਲੋਂ ਸ੍ਰੇਆਂਸ ਇੰਡਸਟਰੀਜ, ਪਿੰਡ ਬੰਨ੍ਹਾ, ਤਹਿਸੀਲ ਬਲਾਚੌਰ ਵਿਖੇ ਵਿਖੇ 21 ਨਵੰਬਰ, ਦਿਨ ਵੀਰਵਾਰ ਨੂੰ ਮੌਕ ਡਰਿੱਲ ਕਰਵਾਈ ਜਾਵੇਗੀ, ਜਿਸ ਵਿਚ ਵੱਖ-ਵੱਖ ਸੰਬੰਧਿਤ ਵਿਭਾਗਾਂ ਵੱਲੋਂ ਸ਼ਮੂਲੀਅਤ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਭਲਕੇ ਹੋਣ ਵਾਲਾ ਸੀ.ਆਰ.ਬੀ.ਐਨ (ਕੈਮੀਕਲ, ਰੇਡੀਓਲੌਜੀਕਲ, ਜੈਵਿਕ ਅਤੇ ਪ੍ਰਮਾਣੂ) ਮੌਕ ਅਭਿਆਸ ਖਾਸ ਕਰਕੇ ਉਦਯੋਗਿਕ ਸੁਰੱਖਿਆ ਦੇ ਨਜ਼ਰੀਏ ਤੋਂ ਜਾਗਰੂਕਤਾ ਅਤੇ ਤਾਲਮੇਲ ਨੂੰ ਉਤਸ਼ਾਹਿਤ ਕਰਨ ਲਈ ਕੀਤਾ ਜਾ ਰਿਹਾ ਹੈ। ਇਸ ਮੌਕੇ ਡੀ.ਐਸ.ਪੀ ਸੁਰਿੰਦਰ ਚਾਂਦ, ਐਨ.ਡੀ.ਆਰ.ਐਫ ਦੇ ਜਸਬੰਤ ਸਿੰਘ, ਲਵ ਕੁਮਾਰ, ਬਸੰਤ ਬਾਠ ਤੇ ਬੀਰ ਸਿੰਘ ਤੋਂ ਇਲਾਵਾ ਸਮੂਹ ਤਹਿਸੀਲਦਾਰ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਇੰਡਸਟਰੀਆਂ ਦੇ ਨੁਮਾਇੰਦੇ ਮੌਜੂਦ ਸਨ।

# ਵਿਸ਼ਵ ਪ੍ਰਸਿੱਧ ਕਣਕ ਵਿਗਿਆਨੀ ਡਾ. ਐੱਚ ਐੱਸ ਬਰਿਆਣਾ ਦਾ ਨੌਜਵਾਨਾਂ ਵੱਲੋਂ ਸਨਮਾਨ



**ਹੁਸ਼ਿਆਰਪੁਰ (ਓ ਪੀ ਰਾਣਾ )**—ਵਿਸ਼ਵ ਪ੍ਰਸਿੱਧ "ਕਣਕ ਵਿਗਿਆਨੀ ਡਾ. ਐੱਚ ਐੱਸ ਬਰਿਆਣਾ" ਦਾ ਉਨ੍ਹਾਂ ਦੇ ਜੱਦੀ ਪਿੰਡ ਨੰਗਲ ਈਸ਼ਰ ਦੇ ਨੌਜਵਾਨਾਂ, ਨਗਰ ਨਿਵਾਸੀਆਂ ਅਤੇ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਵਲੋਂ ਖਾਸ ਤੌਰ 'ਤੇ ਛੋਟੇ ਬੱਚਿਆਂ ਲਈ ਕਰਵਾਏ ਜਾਂਦੇ ਗੁਰਮਤਿ ਸਮਾਗਮ ਦੌਰਾਨ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਸਭਾ ਵਿਖੇ ਲੋਕਾਂ ਦੀ ਭਲਾਈ ਦੇ ਕਾਰਜਾਂ ਵਿੱਚ ਪਾਏ ਜਾਂਦੇ ਯੋਗਦਾਨ ਅਤੇ ਆਪਣੇ ਪਿੰਡ ਦਾ ਨਾਂਅ ਵਿਸ਼ਵ ਪੱਧਰ 'ਤੇ ਰੌਸ਼ਨ ਕਰਨ ਲਈ ਵਿਸ਼ੇਸ਼ ਸਨਮਾਨ ਕੀਤਾ ਗਿਆ। ਹਰਵਿੰਦਰ ਸਿੰਘ ਨੰਗਲ ਈਸ਼ਰ ਨੇ ਦੱਸਿਆ ਕਿ ਉਹ ਹੁਣ ਤੋਂ 38 ਵਰ੍ਹੇ ਪਹਿਲਾਂ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਲੁਧਿਆਣਾ ਤੋਂ ਆਪਣੀ ਪੜ੍ਹਾਈ ਪੂਰੀ ਕਰਕੇ ਅਗਲੇਰੀ ਪੜ੍ਹਾਈ ਲਈ ਸਕਾਲਰਸ਼ਿਪ ਤੇ ਆਸਟ੍ਰੇਲੀਆ ਚਲੇ ਗਏ ਸਨ ਜਿਥੇ ਉਨ੍ਹਾਂ ਨੇ ਡਾਕਟਰੇਟ ਦੀ ਡਿਗਰੀ ਹਾਸਲ ਕੀਤੀ ਅਤੇ ਹੁਣ ਯੂਨੀਵਰਸਿਟੀ ਆਫ ਸਿਡਨੀ ਆਸਟ੍ਰੇਲੀਆ ਵਿਖੇ ਪ੍ਰੋਫੈਸਰ (ਕਣਕ ਵਿਗਿਆਨੀ) ਦੇ ਅਹੁਦੇ ਤੋਂ ਰਿਟਾਇਰ ਹੋਏ ਹਨ। ਇਸ ਸਮੇਂ ਡਾ. ਹਰਬੰਸ ਸਿੰਘ ਬਰਿਆਣਾ ਨੇ ਆਪਣੇ ਜ਼ਿੰਦਗੀ ਦੇ ਤਜਰਬਿਆਂ ਦੀ ਸਾਂਝ ਪਾਈ ਅਤੇ ਬੱਚਿਆਂ ਨੂੰ ਰੁਚੀ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਆ।ਸਮਾਗਮ ਵਿੱਚ ਰਹਿਰਾਸ ਸਾਹਿਬ ਦੀ ਬਾਣੀ ਦੇ ਪਾਠ ਉਪਰੰਤ ਪਿੰਡ ਦੇ ਸਮੂਹ ਬੱਚਿਆਂ ਵਲੋਂ ਹਿੱਸਾ ਲਿਆ ਗਿਆ। ਸੁਰਿੰਦਰ ਸਿੰਘ ਸ਼ਿੰਦੀ ਵਲੋਂ ਮੰਚ ਸੰਚਾਲਨ ਦੀ ਭੂਮਿਕਾ ਨਿਭਾਈ ਗਈ। ਲੰਗਰ ਅਤੁੱਟ ਵਰਤਾਏ ਗਏ। ਸਮਾਗਮ ਵਿਚ ਨਿਰਮਲ ਸਿੰਘ ਪ੍ਰਧਾਨ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਸਭਾ, ਸੁਰਿੰਦਰ ਸਿੰਘ ਪ੍ਰਧਾਨ ਗੁਰਦੁਆਰਾ ਸਿੰਘ ਸਭਾ ਭਾਈ ਵੀਰ ਸਿੰਘ, ਰਣਜੀਤ ਸਿੰਘ ਲੰਬੜਦਾਰ, ਹਰਦੀਪ ਸਿੰਘ ਬਾਵਾ ਪੰਚ, ਨਰਿੰਦਰ ਸਿੰਘ ਪੰਚ, ਬੀਬੀ ਇੰਦਰਜੀਤ ਕੌਰ ਪੰਚ, ਬੀਬੀ ਰਵਿੰਦਰ ਕੌਰ ਪੰਚ, ਮਾਸਟਰ ਗਿਆਨ ਸਿੰਘ, ਮਾਸਟਰ ਗੁਰਬਚਨ ਸਿੰਘ, ਬਲਜੀਤ ਸਿੰਘ, ਮਾਸਟਰ ਗੁਰਦਿਆਲ ਸਿੰਘ, ਪ੍ਰਿਤਪਾਲ ਸਿੰਘ ਹਾਜ਼ਰ ਸਨ।

# ਦੇਸ਼ ਭਗਤ 'ਵਰਸਿਟੀ ਨੇ 95 ਪ੍ਰਤੀਸ਼ਤ ਪਲੇਸਮੈਂਟ ਸਫਲਤਾ ਪ੍ਰਾਪਤ ਕੀਤੀ

**ਮੋਹਾਲੀ (ਕੁਰਾਲੀ ਮੋਹਨ ਅੱਗਰਵਾਲ)**-ਦੇਸ਼ ਭਗਤ ਯੂਨੀਵਰਸਿਟੀ ਦੇ ਕਾਰਪੋਰੇਟ ਰਿਲੇਸ਼ਨ ਸੈੱਲ ਨੇ ਇਸਦੇ ਇੰਜੀਨੀਅਰਿੰਗ, ਹੋਟਲ ਮੈਨੇਜਮੈਂਟ, ਮੈਨੇਜਮੈਂਟ ਅਤੇ ਐਜੂਕੇਸ਼ਨ ਸਟਰੀਮ ਦੇ ਵਿਦਿਆਰਥੀਆਂ ਲਈ 95 ਪ੍ਰਤੀਸ਼ਤ ਪਲੇਸਮੈਂਟ ਸਫਲਤਾ ਦਰ ਦਾ ਐਲਾਨ ਕੀਤਾ ਹੈ। ਇਹ ਸ਼ਾਨਦਾਰ ਪ੍ਰਾਪਤੀ ਅਕਾਦਮਿਕ ਉੱਤਮਤਾ ਅਤੇ ਮਜ਼ਬੂਤ ਉਦਯੋਗਿਕ ਕਨੈਕਸ਼ਨਾਂ ਨੂੰ ਉਤਸ਼ਾਹਿਤ ਕਰਨ ਲਈ ਯੂਨੀਵਰਸਿਟੀ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।ਕਾਰਪੋਰੇਟ ਰਿਲੇਸ਼ਨ ਸੈੱਲ ਦੀ ਮੈਨੇਜਰ ਪੂਜਾ ਕਥੂਰੀਆ ਨੇ ਦੱਸਿਆ ਕਿ ਅਕਤੂਬਰ ਅਤੇ ਨਵੰਬਰ ਦੌਰਾਨ ਯੂਨੀਵਰਸਿਟੀ ਨੇ ਵੈੱਬ ਕਿਊ, ਟੇਕ ਮਹਿੰਦਰਾ, ਦਿੱਲੀਵੇਰੀ, ਮਾਧਵ ਗਰੁੱਪ , ਅੰਬਰ ਐਂਟਰਪ੍ਰਾਈਜ਼ , ਰੈਲਿੰਸ ਟੈਕਨੋਲੋਜੀ, ਹੋਪਿੰਗ ਮਾਇੰਡਸ, ਸੈਂਸਾਸ਼ਨ ਪ੍ਰਾਈਵੇਟ ਲਿਮਟਿਡ, ਨੋਵੋਟੇਲ, ਐਜੂਕੇਸ਼ਨ ਕਲਚਰ, ਅਲਟਰਸਟ ਗਰੁੱਪ, ਹੀਰੋ, ਕੋਸਮੋ ਲੈਬ ਐਂਡ ਰਿਸਰਚ, ਅਤੇ ਮਿਟਸ ਹੈਲਥਕੇਅਰ ਵਰਗੀਆਂ ਨਾਮਵਰ ਕੰਪਨੀਆਂ ਨਾਲ ਸਾਂਝੇਦਾਰੀ ਕਰਦੇ ਹੋਏ ਸਫਲ ਪਲੇਸਮੈਂਟ ਡਰਾਈਵ ਦੀ ਇੱਕ ਲੜੀ ਦੀ ਮੇਜ਼ਬਾਨੀ ਕੀਤੀ। ਪਲੇਸਮੈਂਟ ਸੈੱਲ ਅਤੇ ਉਦਯੋਗ ਦੇ ਇਨ੍ਹਾਂ ਨੇਤਾਵਾਂ ਵਿਚਕਾਰ ਸਹਿਯੋਗੀ ਯਤਨਾਂ ਨੇ ਵਿਦਿਆਰਥੀਆਂ ਨੂੰ ਕੈਰੀਅਰ ਦੇ ਵਿਭਿੰਨ ਮੌਕੇ ਪ੍ਰਦਾਨ ਕੀਤੇ ਹਨ।ਇਹ 95 ਪ੍ਰਤੀਸ਼ਤ ਪਲੇਸਮੈਂਟ ਦਰ ਯੂਨੀਵਰਸਿਟੀ ਦੀ ਪਲੇਸਮੈਂਟ ਟੀਮ ਦੇ ਸਮਰਪਣ, ਇਸਦੇ ਵਿਦਿਆਰਥੀਆਂ ਦੀ ਮਿਹਨਤ ਅਤੇ ਕਰੀਅਰ-ਅਧਾਰਿਤ ਸਿੱਖਿਆ ਪ੍ਰਦਾਨ ਕਰਨ 'ਤੇ ਇਸ ਦੇ ਫੋਕਸ ਦਾ ਪ੍ਰਮਾਣ ਹੈ। ਇਸ ਮੀਲ ਪੱਥਰ ਨੂੰ ਮਾਨਤਾ ਦਿੰਦੇ ਹੋਏ ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ-ਚਾਂਸਲਰ ਡਾ. ਤੇਜਿੰਦਰ ਕੌਰ, ਪ੍ਰੈਜ਼ੀਡੈਂਟ ਡਾ. ਸੰਦੀਪ ਸਿੰਘ ਅਤੇ ਵਾਈਸ ਪ੍ਰੈਜ਼ੀਡੈਂਟ ਡਾ. ਹਰਸ਼ ਸਦਾਵਰਤੀ ਨੇ ਵਿਦਿਆਰਥੀਆਂ ਨੂੰ ਹਾਰਦਿਕ ਵਧਾਈ ਦਿੱਤੀ ਹੈ।ਚਾਂਸਲਰ ਡਾ. ਜ਼ੋਰਾ ਸਿੰਘ ਨੇ ਕਿਹਾ ਕਿ ਦੇਸ਼ ਭਗਤ ਯੂਨੀਵਰਸਿਟੀ ਵਿਦਿਆਰਥੀਆਂ ਨੂੰ ਅੱਜ ਦੇ ਮੁਕਾਬਲੇ ਵਾਲੇ ਨੌਕਰੀ ਬਜ਼ਾਰ ਵਿੱਚ ਉੱਤਮਤਾ ਹਾਸਲ ਕਰਨ ਲਈ ਲੋੜੀਂਦੇ ਹੁਨਰ ਅਤੇ ਗਿਆਨ ਨਾਲ ਲੈਸ ਕਰਨ ਲਈ ਆਪਣੀ ਵਚਨਬੱਧਤਾ ਜਾਰੀ ਰੱਖਦੀ ਹੈ।

# ਅੱਖਾਂ ਦੇ ਜਾਂਚ ਕੈਂਪ ਦੌਰਾਨ 87 ਤੋਂ ਵੱਧ ਲੋਕਾਂ ਨੇ ਕਰਵਾਈ ਜਾਂਚ



**ਬਲਾਚੌਰ (ਜਸਵਿੰਦਰ ਬੈਂਸ)**-ਸੰਤ ਓਂਕਾਰ ਸਿੰਘ ਮੈਮੋਰੀਅਲ ਹਸਪਤਾਲ ਵੱਲੋਂ ਪਿੰਡ ਕੰਗਣਾ ਬੇਟ ਸਰਪੰਚ ਰਣਜੀਤ ਕੌਰ ਦੇ ਘਰ ਵਿੱਚ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਗਾਇਆ ਗਿਆ। ਕੈਂਪ ਦਾ ਉਦਘਾਟਨ ਹਲਕਾ ਵਿਧਾਇਕ ਸੰਤੋਸ਼ ਕਟਾਰੀਆ ਵੱਲੋਂ ਕੀਤਾ ਗਿਆ ।ਇਸ ਕੈਂਪ ਵਿੱਚ 87 ਤੋਂ ਵੱਧ ਲੋਕਾਂ ਨੇ ਆਪਣੀਆਂ ਅੱਖਾਂ ਦੀ ਜਾਂਚ ਕਰਵਾਈ ਅਤੇ ਮੁਫ਼ਤ ਦਵਾਈਆਂ ਪ੍ਰਾਪਤ ਕੀਤੀਆਂ।ਹੁਣ 23 ਨਵੰਬਰ ਨੂੰ ਫਰੀ ਲੈਂਜ ਪਾਏ ਜਾਣਗੇ।ਕੰਗਣਾ ਬੇਟ ਦੇ 25 ਲੋਕਾਂ ਦੇ ਅੱਖਾਂ ਦੇ ਲੈਂਜ਼ ਪਵਾਉਣ, ਦੀ ਸੇਵਾ ਸਾਬਕਾ ਬਲਾਕ ਸੰਮਤੀ ਮੈਂਬਰ ਹਰਦੇਵ ਸਿੰਘ ਸੈਣੀ ਵੱਲੋਂ ਨਿਭਾਈ ਜਾ ਰਹੀ ਹੈ। ਇਸ ਮੌਕੇ ਭੁਪਿੰਦਰ ਸਿੰਘ ਪੰਚ, ਕੁਲਵਿੰਦਰ ਕੌਰ ਪੰਚ, ਪਾਰਵਤੀ ਦੇਵੀ ਪੰਚ, ਸਤਵਿੰਦਰ ਸਿੰਘ ਪੰਚ, ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਰਣਵੀਰ ਸਿੰਘ ਜੱਟਪੁਰ, ਪਿੰਡ ਖੋਜਾਂ ਬੇਟ ਤੋਂ ਸਰਪੰਚ ਸੰਤੋਖ ਸਿੰਘ ਸ਼ਿਵਾਲਿਕ, ਰੋਮੀ ਸੈਣੀ, ਮਨੂੰ ਰਾਣਾ , ਐਮੀ ਗੁਰਜਰ, ਰਾਜਨ ਧੀਮਾਨ, ਸੰਤ ਓਂਕਾਰ ਸਿੰਘ ਮੈਮੋਰੀਅਲ ਹਸਪਤਾਲ ਦੇ ਮੀਤ ਪ੍ਰਧਾਨ ਬਾਬਾ ਸੁਰਜੀਤ ਸਿੰਘ, ਪ੍ਰਧਾਨ ਸੁਰਜੀਤ ਸਿੰਘ ਅਜਮੇਰ ਸਿੰਘ ਜਸਵਿੰਦਰ ਸਿੰਘ ਕਿਰਨ ਮਨਪ੍ਰੀਤ ਕੌਰ ਆਦਿ ਹਾਜ਼ਰ ਸਨ।

# ਡਾ. ਆਸ਼ਿਮਾ ਤਨੇਜਾ ਦੇ 65 ਸਕਿੰਟ ਦੇ ਸੀਜੇਰੀਅਨ ਅਪ੍ਰੇਸ਼ਨ ਨੇ ਕਾਇਮ ਕੀਤਾ ਵਿਸ਼ਵ ਰਿਕਾਰਡ

**ਫਗਵਾੜਾ (ਡਾ. ਰਮਨ)** — ਐਮਰਜੈਂਸੀ ਵਿੱਚ ਗਰਭ ਵਿੱਚ ਪਲ ਰਹੇ ਬੱਚੇ ਦੀ ਜਾਨ ਬਚਾਉਣ ਦੇ ਲਈ ਕੀਤਾ ਗਿਆ ਸੀਜੇਰੀਅਨ ਆਪਰੇਸ਼ਨ ਆਪਣੇ ਆਪ ਵਿੱਚ ਇੱਕ ਵੱਡਾ ਵਿਸ਼ਵ ਰਿਕਾਰਡ ਬਣ ਗਿਆ।ਦਰਅਸਲ ਲੁਧਿਆਣਾ ਦੇ ਦਯਾਨੰਦ ਹਸਪਤਾਲ ਮੈਡੀਕਲ ਕਾਲਜ ਵਿਭਾਗ ਦੀ ਪ੍ਰੋਫੈਸਰ ਅਤੇ ਪ੍ਰਮੁੱਖ ਡਾਕਟਰ ਆਸ਼ਿਮਾ ਤਨੇਜਾ ਨੇ ਇਸ ਕਾਰਜ ਨੂੰ ਅੰਜਾਮ ਦਿੱਤਾ ।ਡਾ. ਆਸ਼ਿਮਾ ਨੇ ਦੱਸਿਆ ਕਿ 29 ਸਾਲ ਦੀ ਗਰਭਵਤੀ ਮਹਿਲਾ ਜੋ ਲੁਧਿਆਣਾ ਦੇ ਹਸਪਤਾਲ ਦੇ ਆਸ ਪਾਸ ਕਿਸੇ ਪਿੰਡ ਦੀ ਰਹਿਣ ਵਾਲੀ ਹੈ ਐਮਰਜੈਂਸੀ ਸਥਿਤੀ ਵਿੱਚ ਉਹਨਾਂ ਦੇ ਕੋਲ ਆਈ। ਜਾਂਚ ਵਿੱਚ ਪਤਾ ਲੱਗਿਆ ਕਿ ਬੱਚੇ ਦੇ ਦਿਲ ਦੀ ਧੜਕਣ ਤੇਜ਼ੀ ਨਾਲ ਘੱਟ ਹੋ ਰਹੀ ਸੀ ਅਜਿਹੇ ਸਮੇਂ 'ਚ ਉਹਨਾਂ ਨੇ ਤਤਕਾਲ ਉਸ ਗਰਭਵਤੀ ਔਰਤ ਦਾ ਆਪਰੇਸ਼ਨ ਕਰਨ ਦਾ ਫੈਸਲਾ ਲਿਆ ਅਤੇ ਉਨ੍ਹਾਂ ਨੂੰ ਆਪਰੇਸ਼ਨ ਕਰਨ ਲਈ ਕੇਵਲ ਇੱਕ ਮਿੰਟ ਪੰਜ ਸੈਕਿੰਡ ਦਾ ਸਮਾਂ ਲੱਗਿਆ ਜੋ ਆਪਣੇ ਆਪ 'ਚ ਇੱਕ ਵਿਸ਼ਵ ਰਿਕਾਰਡ ਬਣ ਗਿਆ। ਉਹਨਾਂ ਨੇ ਕਿਹਾ ਕਿ ਇੰਟਰਨੈਸ਼ਨਲ ਬੁੱਕ ਆਫ ਰਿਕਾਰਡ ਵਿੱਚ ਉਹਨਾਂ ਦੇ ਇਸ ਆਪਰੇਸ਼ਨ ਨੂੰ ਮਾਨਤਾ ਦਿੱਤੀ ਗਈ ਹੈ। ਦਯਾਨੰਦ ਹਸਪਤਾਲ ਦੀ ਮੈਨੇਜਿੰਗ ਕਮੇਟੀ ਨੇ ਡਾ. ਆਸ਼ਿਮਾ ਤਨੇਜਾ ਨੂੰ ਉਹਨਾਂ ਦੀ ਇਸ ਵਿਸ਼ੇਸ਼ ਉਪਲਬਧੀ ਲਈ ਉਹਨਾਂ ਨੂੰ ਵਧਾਈ ਦਿੱਤੀ ਹੈ। ਡਾ. ਆਸ਼ਿਮਾ ਨੇ ਦੇ ਸਹੁਰਾ ਅਸ਼ੋਕ ਕੌੜਾ ਜੋ ਇੱਕ ਨਾਮਵਰ ਸੀਨੀਅਰ ਪੱਤਰਕਾਰ ਹਨ, ਨੇ ਕਿਹਾ ਕਿ ਉਹਨਾਂ ਨੂੰ ਆਪਣੀ ਨੂੰਹ ਉੱਤੇ ਬਹੁਤ ਮਾਣ ਹੈ।

# ਪ੍ਰਵਾਸੀ ਮਜ਼ਦੂਰ ਪੰਜਾਬ ਦੇ ਅਮੀਰ ਸੱਭਿਆਚਾਰਕ ਵਿਰਸੇ ਨੂੰ ਪਹੁੰਚਾ ਰਹੇ ਨੇ ਨੁਕਸਾਨ : ਬੇਗਮਪੁਰਾ ਟਾਈਗਰ ਫੋਰਸ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**—ਬੀਤੇ ਦਿਨੇ ਪਿੰਡ ਕੁੰਬੜਾ ਵਿਖੇ ਪ੍ਰਵਾਸੀ ਮਜ਼ਦੂਰਾਂ ਵੱਲੋਂ ਗਰੀਬ ਪਰਵਾਰ ਦੇ ਦੋ ਨੌਜਵਾਨਾਂ ਨੂੰ ਚਾਕੂ ਮਾਰ ਕੇ ਮਾਰ ਦੇਣ ਦੇ ਵੱਡੇ ਦੁਖਾਂਤ ਨੇ ਹਿਲਾ ਕੇ ਰੱਖ ਦਿੱਤਾ ਹੈ। ਪ੍ਰਵਾਸੀਆਂ ਵੱਲੋਂ ਪਿੰਡਾਂ ਅਤੇ ਕਸਬਿਆਂ ਵਿੱਚ ਬਲਾਤਕਾਰ ਕਰਨ ਅਤੇ ਪੰਜਾਬੀਆਂ ਦੇ ਘਰਾਂ ਵਿੱਚ ਕਤਲ ਕਰਕੇ ਧੰਨ ਦੌਲਤ ਚੋਰੀ ਕਰਕੇ ਲਿਜਾਣ ਦੇ ਅਪਰਾਧ ਦਿਨੋ ਦਿਨ ਵੱਧਦੇ ਜਾ ਰਹੇ ਹਨ। ਇਹਨਾਂ ਗੱਲਾਂ ਦਾ ਪ੍ਰਗਟਾਵਾ ਬੇਗਮਪੁਰਾ ਟਾਈਗਰ ਫੋਰਸ ਦੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਨੇ ਕੀਤਾ। ਉਹਨਾਂ ਕਿਹਾ ਕਿ ਪ੍ਰਵਾਸੀ ਮਜ਼ਦੂਰ ਪੰਜਾਬ ਵਿਚ ਵੱਡੀਆਂ ਵੱਡੀਆਂ ਜ਼ਮੀਨਾਂ ਜਾਇਦਾਦਾਂ ਖਰੀਦ ਰਹੇ ਹਨ ਅਤੇ ਆਪਣੀਆਂ ਕਲੋਨੀਆਂ ਬਣਾ ਰਹੇ ਹਨ। ਇਹਨਾਂ ਦੇ ਪੰਜਾਬ ਦੇ ਐਡਰੈਸ ਤੇ ਆਧਾਰ ਕਾਰਡ,ਵੋਟਰ ਕਾਰਡ,ਰਾਸ਼ਨ ਕਾਰਡ ਇੱਕ ਡੂੰਘੀ ਸਾਜਿਸ਼ ਤਹਿਤ ਬਣਾ ਕੇ ਇਹਨਾਂ ਨੂੰ ਪੰਜਾਬ ਦੇ ਪੱਕੇ ਬਸ਼ਿੰਦੇ ਬਣਾਇਆ ਜਾ ਰਿਹਾ ਹੈ। ਇਹ ਸਾਡੇ ਅਮੀਰ ਸੱਭਿਆਚਾਰਕ ਵਿਰਸੇ ਵਿਰਾਸਤ ਨੂੰ ਨੁਕਸਾਨ ਪਹੁੰਚਾ ਰਹੇ ਹਨ। ਉਹਨਾਂ ਪੰਜਾਬ ਦੀ ਮੌਜੂਦਾ ਭਗਵੰਤ ਮਾਨ ਸਰਕਾਰ ਨੂੰ ਪ੍ਰਵਾਸੀਆਂ ਵੱਲੋਂ ਪੰਜਾਬ ਵਿੱਚ ਜ਼ਮੀਨ ਖਰੀਦਣ,ਆਧਾਰ ਕਾਰਡ ਬਣਾਉਣ, ਵੋਟਰ ਕਾਰਡ ਬਣਾਉਣ ਤੇ ਰਾਸ਼ਨ ਕਾਰਡ ਬਣਾਉਣ 'ਤੇ ਮੁਕੰਮਲ ਪਾਬੰਦੀ ਲਗਾਉਣੀ ਚਾਹੀਦੀ ਹੈ। ਉਹਨਾਂ ਕਿਹਾ ਕਿ ਵਿਧਾਨ ਸਭਾ ਦਾ ਇਕ ਵਿਸ਼ੇਸ਼ ਇਜਲਾਸ ਬੁਲਾ ਕੇ ਜ਼ਮੀਨ ਖਰੀਦਣ ਉੱਤੇ ਉਸੇ ਤਰ੍ਹਾਂ ਕਾਨੂੰਨ ਬਣਾਇਆ ਜਾਣਾ ਚਾਹੀਦਾ ਹੈ ਜਿਵੇਂ ਰਾਜਸਥਾਨ,ਜੰਮੂ ਕਸ਼ਮੀਰ,ਹਿਮਾਚਲ ਆਦਿ ਸੂਬਿਆਂ ਵਿੱਚ ਉਥੋਂ ਦੀਆਂ ਸਰਕਾਰਾਂ ਨੇ ਦੂਸਰੇ ਸੂਬੇ ਦੇ ਨਿਵਾਸੀਆਂ ਲਈ ਹੈ।

## ਰੋਟਰੀ ਕਲੱਬ ਨੇ ਅੱਖਾਂ ਦਾ ਚੈੱਕਅੱਪ ਤੇ ਅਪ੍ਰੇਸ਼ਨ ਕੈਂਪ ਲਗਾਇਆ



**ਨਾਭਾ (ਵਰਿੰਦਰ ਵਰਮਾ)**-ਰੋਟਰੀ ਕਲੱਬ ਨਾਭਾ ਵੱਲੋਂ ਪ੍ਰਧਾਨ ਚਰਨ ਸਿੰਘ ਦੀ ਅਗਵਾਈ ਹੇਠ ਸਵ. ਡਾ. ਰਾਜੇਸ਼ ਕੱਕੜ ਦੀ ਨਿੱਘੀ ਯਾਦ ਵਿੱਚ ਰੋਟਰੀ ਭਵਨ ਪਟਿਆਲਾ ਗੇਟ ਵਿਖੇ ਅੱਖਾਂ ਦਾ ਚੈੱਕਅਪ ਤੇ ਆਪਰੇਸ਼ਨ ਕੈਂਪ ਲਗਾਇਆ ਗਿਆ।ਇਸ ਮੌਕੇ ਕੈਂਪ ਵਿੱਚ ਮੁੱਖ ਮਹਿਮਾਨ ਪੀ ਡੀ ਜੀ ਅਮਜ਼ਦ ਅਲੀ ਤੇ ਵਿਸ਼ੇਸ਼ ਮਹਿਮਾਨ ਡੀਜੀਐਨ 2026-27 ਅਮਿਤ ਸਿੰਗਲਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਕਿਹਾ ਕਿ ਨਾਭਾ ਰੋਟਰੀ ਕਲੱਬ ਵੱਲੋਂ ਲਗਾਇਆ ਗਿਆ ਇਹ ਕੈਂਪ ਬਹੁਤ ਹੀ ਵਧੀਆ ਉਪਰਾਲਾ ਹੈ, ਲੋੜਵੰਦਾਂ ਦੀ ਮਦਦ ਲਈ ਹਰ ਸੰਸਥਾਵਾਂ ਨੂੰ ਅੱਗੇ ਆ ਕੇ ਅਜਿਹੇ ਉਪਰਾਲੇ ਕਰਨੇ ਚਾਹੀਦੇ ਹਨ।ਇਸ ਕੈਂਪ 'ਚ ਡਾ. ਵਿਕਾਸ ਮਿੱਤਲ (ਅੱਖਾਂ ਦੇ ਮਾਹਿਰ) ਐਲਜੇ ਆਈ ਇੰਸਟੀਟਿਊਟ, ਪਟਿਆਲਾ, ਡਾ. ਅਮਨਜੋਤ ਕੌਰ (ਅੱਖਾਂ ਦੇ ਮਾਹਿਰ) ਕੋਰਨੀਆ, ਮੋਤੀਆਬਿੰਦ ਆਦਿ ਦੀ ਟੀਮ ਵੱਲੋਂ 325 ਦੇ ਕਰੀਬ ਮਰੀਜ਼ਾਂ ਦਾ ਚੈੱਕਅਪ ਕੀਤਾ ਗਿਆ ਤੇ 70 ਦੇ ਕਰੀਬ ਮਰੀਜ਼ਾਂ ਦੇ ਅੱਖਾਂ ਵਿੱਚ ਲੈਂਜ਼ ਪਾਏ ਜਾਣਗੇ।ਇਹ ਕੈਂਪ ਕਲੱਬ ਦੇ ਪ੍ਰੋਜੈਕਟ ਚੇਅਰਮੈਨ ਵੇਦ ਪ੍ਰਕਾਸ਼ ਡੱਲਾ, ਸਹਾਇਕ ਪ੍ਰੋਜੈਕਟ ਚੇਅਰਮੈਨ ਜੀਵਨ ਪ੍ਰਕਾਸ਼ ਬਾਂਸਲ ਅਤੇ ਸਾਬਕਾ ਸਿਵਲ ਸਰਜਨ ਡਾਕਟਰ ਆਈਡੀ ਗੋਇਲ ਦੀ ਦੇਖ ਰੇਖ ਵਿੱਚ ਲਗਾਇਆ ਗਿਆ। ਇਸ ਮੌਕੇ ਜਨਰਲ ਸਕੱਤਰ ਜੇ ਪੀ ਗੁਪਤਾ ਤੇ ਕੈਸ਼ੀਅਰ ਵਿਨਾਯਕ ਮਲਹੋਤਰਾ ਨੇ ਦੱਸਿਆ ਕਿ ਇਸ ਸਾਲ ਵੀ ਵਿਸ਼ੇਸ ਸਹਿਯੋਗ ਡਾ. ਅਤੁੱਲ ਕੱਕੜ (ਅੱਖਾਂ ਦੇ ਮਾਹਿਰ) ਵੱਲੋਂ ਦਿੱਤਾ ਗਿਆ।ਉਨ੍ਹਾਂ ਕਿਹਾ ਕਿ ਮਰੀਜਾਂ ਲਈ ਚਾਹ ਪਾਣੀ ਅਤੇ ਲੰਗਰ ਦਾ ਪ੍ਰਬੰਧ ਕਲੱਬ ਵੱਲੋਂ ਕੀਤਾ ਗਿਆ ਹੈ ਤੇ ਮਰੀਜ਼ਾਂ ਨੂੰ ਦਵਾਈਆਂ ਕਲੱਬ ਵੱਲੋਂ ਮੁਫਤ ਦਿੱਤੀਆਂ ਗਈਆਂ ਹਨ। ਇਸ ਮੌਕੇ ਕਲੱਬ ਪ੍ਰਧਾਨ ਚਰਨ ਸਿੰਘ ਅਤੇ ਸਮੂਹ ਮੈਂਬਰਾਂ ਵੱਲੋਂ ਆਈਆਂ ਹੋਈਆਂ ਸ਼ਖਸੀਅਤਾਂ ਅਤੇ ਮੁੱਖ ਮਹਿਮਾਨ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

## ਚੇਅਰਪਰਸਨ ਰਾਜ ਲਾਲੀ ਗਿੱਲ ਵੱਲੋਂ ਜੇਲ੍ਹ ਦਾ ਦੌਰਾ



**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਰਾਜ ਮਹਿਲਾ ਕਮਿਸ਼ਨ ਦੇ ਚੇਅਰਪਰਸਨ ਰਾਜ ਲਾਲੀ ਗਿੱਲ ਵੱਲੋਂ ਬੁੱਧਵਾਰ ਜ਼ਿਲ੍ਹਾ ਜੇਲ੍ਹ ਸੰਗਰੂਰ ਦਾ ਦੌਰਾ ਕੀਤਾ ਗਿਆ। ਇਸ ਮੌਕੇ ਚੇਅਰਪਰਸਨ ਵੱਲੋਂ ਬੰਦੀ ਅਤੇ ਕੈਦੀ ਮਹਿਲਾਵਾਂ ਲਈ ਕੀਤੇ ਗਏ ਪ੍ਰਬੰਧਾਂ ਦੀ ਸਮੀਖਿਆ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਦਰਪੇਸ਼ ਸਮੱਸਿਆਵਾਂ ਬਾਰੇ ਵੀ ਗੱਲਬਾਤ ਕੀਤੀ ਗਈ। ਚੇਅਰਪਰਸਨ ਰਾਜ ਲਾਲੀ ਗਿੱਲ ਨੇ ਕਿਹਾ ਕਿ ਅੱਜ ਦੇ ਉਨ੍ਹਾਂ ਦੇ ਜ਼ਿਲ੍ਹਾ ਜੇਲ੍ਹ ਦੇ ਦੌਰੇ ਦਾ ਮੁੱਖ ਮਕਸਦ ਵੱਖ-ਵੱਖ ਕੇਸਾਂ ਵਿੱਚ ਬੰਦ ਮਹਿਲਾਵਾਂ ਦਾ ਭਵਿੱਖ ਸੁਧਾਰਨ ਲਈ ਕੀਤੇ ਜਾ ਸਕਣ ਵਾਲੇ ਉਪਰਾਲਿਆਂ ਬਾਰੇ ਜਾਣਕਾਰੀ ਹਾਸਲ ਕਰਨਾ ਹੈ ਤਾਂ ਕਿ ਇਸ ਲਈ ਲੋੜੀਂਦੇ ਕਾਰਜਾਂ 'ਤੇ ਅਮਲ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ ਇਨ੍ਹਾਂ ਬੰਦੀ ਜਾਂ ਕੈਦੀ ਮਹਿਲਾਵਾਂ ਨੂੰ ਸਿਹਤ, ਖਾਣੇ, ਕਾਨੂੰਨੀ ਸਹਾਇਤਾ ਸਬੰਧੀ ਆ ਰਹੀਆਂ ਸਮੱਸਿਆਵਾਂ ਦਾ ਢੁੱਕਵਾਂ ਹੱਲ ਵੀ ਯਕੀਨੀ ਬਣਾਉਣਾ ਹੈ।ਚੇਅਰਪਰਸਨ ਵੱਲੋਂ ਪ੍ਰਸ਼ਾਸਨਿਕ ਅਤੇ ਪੁਲਸ ਅਧਿਕਾਰੀਆਂ ਨੂੰ ਸਮਾਜ ਸੁਧਾਰਾਂ ਨੂੰ ਲਾਗੂ ਕਰਨ ਲਈ ਸੰਜੀਦਗੀ ਨਾਲ ਉਪਰਾਲੇ ਕਰਨ ਦੀ ਹਦਾਇਤ ਕੀਤੀ ਗਈ। ਉਨ੍ਹਾਂ ਕਿਹਾ ਕਿ ਸਮਾਜ ਸੁਧਾਰਾਂ ਨੂੰ ਸਹੀ ਢੰਗ ਨਾਲ ਲਾਗੂ ਕਰਨ ਲਈ ਐਨ.ਜੀ.ਓਜ਼. ਦੀ ਮਦਦ ਲਈ ਜਾਵੇ ਤਾਂ ਜੋ ਪਛੜੇ ਵਰਗਾਂ ਦੀ ਹਰ ਇੱਕ ਮਹਿਲਾ ਅਤੇ ਬੱਚੇ ਤੱਕ ਪਹੁੰਚ ਯਕੀਨੀ ਬਣਾਈ ਜਾ ਸਕੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਐਸ.ਡੀ.ਐਮ. ਚਰਨਜੋਤ ਸਿੰਘ ਵਾਲੀਆ, ਸੁਪਰਡੈਂਟ ਜ਼ਿਲ੍ਹਾ ਜੇਲ੍ਹ ਨਵਇੰਦਰ ਸਿੰਘ, ਡਿਪਟੀ ਡਾਇਰੈਕਟਰ ਸੁਮਨਦੀਪ ਕੌਰ, ਐਸ.ਪੀ. ਪਲਵਿੰਦਰ ਸਿੰਘ ਚੀਮਾ, ਡੀ.ਐਸ.ਪੀ. ਸੁਖਦੇਵ ਸਿੰਘ, ਡਿਪਟੀ ਜੇਲ੍ਹ ਸੁਪਰਡੈਂਟ ਜਸਪ੍ਰੀਤ ਸਿੰਘ ਥਿੰਦ ਡੀ.ਐਸ.ਪੀ. ਜੇਲ੍ਹ ਸੁਰੱਖਿਆ ਆਦਰਸ਼ਪਾਲ ਸਿੰਘ ਤੂਰ ਹਾਜ਼ਰ ਸਨ।

## ਐਥਲੈਟਿਕਸ 'ਚ ਸਟੀਫਨ ਇੰਟਰਨੈਸ਼ਨਲ ਸਕੂਲ ਦਾ ਸ਼ਾਨਦਾਰ ਪ੍ਰਦਰਸ਼ਨ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਕੂਲ ਦੇ ਵਿਦਿਆਰਥੀਆਂ ਨੇ ਆਪਣੀ ਬੇਮਿਸਾਲ ਪ੍ਰਤਿਭਾ ਅਤੇ ਲਗਨ ਦਾ ਪ੍ਰਦਰਸ਼ਨ ਕੀਤਾ। ਸ਼ਹਿਨੂਰ ਬਾਵਾ ਨੇ 4100 ਰਿਲੇਅ ਅਤੇ 4400 ਰਿਲੇਅ ਵਿੱਚ ਦੋ ਕਾਂਸੀ ਦੇ ਤਗਮੇ ਜਿੱਤੇ। ਚੇਅਰਮੈਨ ਦੀਪਕ ਗੁਪਤਾ ਅਤੇ ਡਾਇਰੈਕਟਰ ਪ੍ਰਿੰਸੀਪਲ ਮੋਨਿਕਾ ਸ਼ਰਮਾ ਨੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ 'ਤੇ ਮਾਣ ਪ੍ਰਗਟ ਕਰਦਿਆਂ ਕਿਹਾ, "ਉਨ੍ਹਾਂ ਦੀ ਮਿਹਨਤ ਅਤੇ ਸੰਘਰਸ਼ ਰੰਗ ਲਿਆਇਆ ਹੈ, ਅਤੇ ਅਸੀਂ ਉਨ੍ਹਾਂ ਦੀ ਨਿਰੰਤਰ ਸਫਲਤਾ ਦੀ ਕਾਮਨਾ ਕਰਦੇ ਹਾਂ।" ਕੋਚ ਜਸਪ੍ਰੀਤ ਦੀ ਰਹਿਨੁਮਾਈ ਹੇਠ, ਉਸ ਦੀ ਜਿੱਤ ਨੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ ਅਤੇ ਉਸ ਦੇ ਸਾਥੀਆਂ ਨੂੰ ਪ੍ਰੇਰਿਤ ਕੀਤਾ ਹੈ। ਸ਼ਹਿਨੂਰ ਦੀ ਪ੍ਰਾਪਤੀ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਦੇ ਪਾਲਣ ਪੋਸਣ ਲਈ ਸਕੂਲ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ, ਸ਼ਰਮਾ ਨੇ ਕਿਹਾ। ਸਕੂਲ ਭਾਈਚਾਰਾ ਕੋਚ ਜਸਪ੍ਰੀਤ ਦੇ ਅਣਥੱਕ ਯਤਨਾਂ ਨੂੰ ਸਵੀਕਾਰ ਕਰਦੇ ਹੋਏ ਉਸ ਦੀ ਪ੍ਰਾਪਤੀ ਦੀ ਪ੍ਰਸ਼ੰਸਾ ਕਰਦਾ ਹੈ।

## ਦੀ ਰਿਟਾਇਰਡ ਇੰਪਲਾਈਜ਼ ਵੈਲਫੇਅਰ ਐਸੋਸੀਏਸ਼ਨ ਦੀ ਮੀਟਿੰਗ



**ਮਾਨਸਾ (ਆਤਮਾ ਸਿੰਘ ਪਮਾਰ)**-ਦੀ ਰਿਟਾਇਰਡ ਇਮਪਲਾਈਜ਼ ਵੈਲਫੇਅਰ ਐਸੋਸੀਏਸ਼ਨ ਮਾਨਸਾ ਕਾਰਜਕਾਰਨੀ ਦੀ ਇੱਕ ਜ਼ਰੂਰੀ ਮੀਟਿੰਗ ਪ੍ਰਧਾਨ ਸਤਪਾਲ ਭੈਣੀ ਬਾਘਾ ਤੇ ਸਕੱਤਰ ਜਗਦੀਸ਼ ਰਾਏ ਦੀ ਪ੍ਰਧਾਨਗੀ ਹੇਠ ਸਥਾਨਕ ਪੈਨਸ਼ਨਜ਼ਜ ਭਵਨ ਵਿਖੇ ਹੋਈ ।ਮੀਟਿੰਗ ਦੌਰਾਨ ਪਿਛਲੇ ਸਮੇਂ ਦੀ ਆਮਦਨ ਅਤੇ ਖਰਚੇ ਆਦਿ ਦਾ ਹਿਸਾਬ ਕਿਤਾਬ ਕਰਨ ਤੋਂ ਇਲਾਵਾ ਦਸੰਬਰ ਮਹੀਨੇ 'ਚ 75 ਸਾਲ ਦੀ ਉਮਰ ਪੂਰੀ ਕਰਨ ਵਾਲੇ ਜਥੇਬੰਦੀ ਦੇ ਮੈਂਬਰਾਂ ਨੂੰ ਸਨਮਾਨਿਤ ਕਰਨ ਲਈ ਪਹਿਲਾਂ ਦੀ ਤਰ੍ਹਾਂ ਪ੍ਰੋਗਰਾਮ ਕੀਤਾ ਜਾਣਾ ਹੈ ।ਇਸ ਪ੍ਰੋਗਰਾਮ ਦੀ ਤਿਆਰੀ ਲਈ ਵੱਖ-ਵੱਖ ਕਮੇਟੀਆਂ ਦਾ ਗਠਨ ਕੀਤਾ ਗਿਆ।ਮੀਟਿੰਗ ਦੌਰਾਨ ਹੀ ਇਨ੍ਹਾ ਕਮੇਟੀਆਂ ਦੀਆਂ ਡਿਊਟੀਆਂ ਵੀ ਨਿਰਧਾਰਿਤ ਕੀਤੀਆਂ ਗਈਆਂ। ਇਸ ਤੋਂ ਇਲਾਵਾ ਮੁਲਾਜ਼ਮਾਂ, ਪੈਨਸ਼ਨਰਾਂ ਅਤੇ ਠੇਕਾ ਆਧਾਰਤ ਕੱਚੇ ਕਾਮਿਆਂ ਨੂੰ ਪੱਕਾ ਕਰਨ ਆਦਿ ਵਰਗੀਆਂ ਪਿਛਲੇ ਲੰਬੇ ਸਮੇਂ ਤੋਂ ਸਰਕਾਰ ਵੱਲੋਂ ਮੰਨੀਆਂ ਗਈਆਂ ਮੰਗਾਂ ਲਾਗੂ ਨਾ ਕਰਨ ਲਈ ਪੰਜਾਬ ਸਰਕਾਰ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਵੀ ਕੀਤੀ ਗਈ।ਮੀਟਿੰਗ 'ਚ ਜੀਤ ਸਿੰਘ ਭੁੱਲਰ, ਅਜੈਬ ਸਿੰਘ, ਅਲੀਸ਼ੇਰ, ਜਗਸੀਰ ਸਿੰਘ, ਲੱਖਾ ਸਿੰਘ ਫਫੜੇ ਭਾਈ ਕੇ, ਸੁਰਜੀਤ ਸਿੰਘ ਖਿਆਲਾ, ਪਿਰਥੀ ਸਿੰਘ ਮਾਨ, ਰਾਜ ਕੁਮਾਰ ਰੰਗਾ, ਜਸਵੰਤ ਸਿੰਘ ਕਲੈਹਿਰੀ, ਇੰਦਰ ਸਿੰਘ ਬੁਰਜ ਹਰੀ, ਰਕੇਸ਼ ਕੁਮਾਰ ਆਦਿ ਹਾਜ਼ਰ ਸਨ।

## ਸਕੂਲਾਂ ਦਾ ਇੰਚਾਰਜ ਲਗਾਉਣ 'ਤੇ ਜਥੇਦਾਰ ਗੁਰਮੇਲ ਸਿੰਘ ਦਾ ਸਨਮਾਨ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਹਲਕਾ ਨਿਹਾਲ ਸਿੰਘ ਵਾਲਾ ਦੇ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਗੁਰਮੇਲ ਸਿੰਘ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਪੰਜਾਬ ਅੰਦਰ ਚੱਲ ਰਹੇ ਵਿੱਦਿਅਕ ਅਦਾਰਿਆਂ ਸਕੂਲਾਂ ਦਾ ਇੰਚਾਰਜ ਨਿਯੁਕਤ ਲਗਾਉਣ 'ਤੇ ਹਲਕਾ ਨਿਹਾਲ ਸਿੰਘ ਵਾਲਾ ਦੇ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਤੇ ਵਰਕਰਾਂ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਗੁਰਮੇਲ ਸਿੰਘ ਸੰਗਤਪੁਰਾ ਨੇ ਹਲਕੇ ਦੇ ਸਮੂਹ ਆਗੂਆਂ ਤੇ ਵਰਕਰਾਂ ਨੂੰ ਭਰੋਸਾ ਦਿਵਾਇਆ ਕਿ ਉਹ ਸਕੂਲਾਂ ਦੀ ਬਿਹਤਰ ਕਾਰਗੁਜ਼ਾਰੀ ਲਈ ਉਸ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ।ਇਸ ਮੌਕੇ ਸਾਬਕਾ ਸਰਪੰਚ ਗੁਰਮੇਲ ਸਿੰਘ ਤਖ਼ਤੂਪੁਰਾ ਨੇ ਪੁੱਜੇ ਹੋਏ ਹਲਕੇ ਦੇ ਸਮੂਹ ਅਕਾਲੀ ਆਗੂਆਂ ਤੇ ਵਰਕਰਾਂ ਦਾ ਪੁੱਜਣ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਜਥੇਦਾਰ ਗੁਰਮੇਲ ਸਿੰਘ ਸੰਗਤਪੁਰਾ ਮੈਂਬਰ ਸ਼੍ਰੋਮਣੀ ਕਮੇਟੀ ਨੂੰ ਉਪਰੋਕਤ ਜ਼ਿੰਮੇਵਾਰੀ ਦੇ ਕੇ ਹਲਕਾ ਨਿਹਾਲ ਸਿੰਘ ਵਾਲਾ ਦਾ ਮਾਣ ਵਧਾਇਆ ਹੈ।ਇਸ ਮੌਕੇ ਹਲਕਾ ਇੰਚਾਰਜ ਜਥੇਦਾਰ ਬਲਦੇਵ ਸਿੰਘ ਮਾਣੂੰਕੇ, ਹਰਭੁਪਿੰਦਰ ਸਿੰਘ ਲਾਡੀ ਬੁੱਟਰ, ਰਣਵਿੰਦਰ ਸਿੰਘ ਪੱਪੂ ਰਾਮੂੰਵਾਲਾ, ਜਥੇਦਾਰ ਪ੍ਰੀਤਮ ਸਿੰਘ ਕੁੱਸਾ, ਸਾਬਕਾ ਸਰਪੰਚ ਗੁਰਮੇਲ ਸਿੰਘ ਤਖ਼ਤੂਪੁਰਾ, ਗੁਰਪ੍ਰੀਤ ਸਿੰਘ ਕਾਕਾ ਬਰਾੜ, ਡਾਕਟਰ ਸੁਰਜੀਤ ਸਿੰਘ ਨੰਗਲ, ਸੁਖਵਿੰਦਰ ਸਿੰਘ ਬਿਲਾਸਪੁਰ, ਸਾਬਕਾ ਸਰਪੰਚ ਤਾਰਾ ਸਿੰਘ ਮਾਣੂੰਕੇ, ਸਰਕਲ ਪ੍ਰਧਾਨ ਸਾਬਕਾ ਸਰਪੰਚ ਅਜੀਤਪਾਲ ਸਿੰਘ ਰਣੀਆ, ਜਸਮੇਲ ਸਿੰਘ ਪੱਤੋ, ਨੰਬਰਦਾਰ ਅਮਰਜੀਤ ਸਿੰਘ, ਨੰਬਰਦਾਰ ਕਰਮ ਸਿੰਘ ਪੱਤੋ, ਸਰਪੰਚ ਨਿਰਮਲ ਸਿੰਘ ਬਿਲਾਸਪੁਰ, ਬੂਟਾ ਸਿੰਘ ਨਿਹਾਲ ਸਿੰਘ ਵਾਲਾ ਆਦਿ ਹਾਜ਼ਰ ਸਨ।

## ਸਰਹਿੰਦ ਨਹਿਰ ਦੀ ਨਵੇਂ ਡਿਜ਼ਾਇਨ ਨਾਲ ਹੋਵੇਗੀ ਰੀਲਾਈਨਿੰਗ : ਸੇਖੋਂ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਫਰੀਦਕੋਟ ਸ਼ਹਿਰ ਨਿਵਾਸੀਆਂ ਦੀ ਮੰਗ ਅਤੇ ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ ਦੀਆਂ ਅਣਥੱਕ ਕੋਸ਼ਿਸ਼ਾਂ ਨੂੰ ਉਸ ਸਮੇਂ ਬੂਰ ਪਿਆ ਜਦੋਂ ਜਲ ਸਰੋਤ ਵਿਭਾਗ ਪੰਜਾਬ ਵੱਲੋਂ ਸਰਹਿੰਦ ਫੀਡਰ ਨਹਿਰ ਦੀ ਰੀਲਾਇਨਿੰਗ ਦਾ ਕੰਮ, ਜੋ ਕਿ ਫਰੀਦਕੋਟ ਦੇ 10 ਕਿਲੋਮੀਟਰ ਖੇਤਰ ਵਿਚ ਰੁਕਿਆ ਹੋਇਆ ਸੀ, ਦੁਬਾਰਾ ਨਵਾਂ ਡਿਜ਼ਾਇਨ ਕਰਕੇ ਲੋਕਾਂ ਦੀ ਮੰਗ ਅਨੁਸਾਰ ਸ਼ੁਰੂ ਕਰਵਾਇਆ ਜਾਵੇਗਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਫਰੀਦਕੋਟ ਦੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਕਿਹਾ ਕਿ ਸਰਹੰਦ ਫੀਡਰ ਨਹਿਰ ਦੇ ਫਰੀਦਕੋਟ ਸ਼ਹਿਰ ਦੇ ਨਾਲ ਲਗਦੇ ਕਰੀਬ 10 ਕਿਲੋਮੀਟਰ ਏਰੀਏ ਦੀ ਰੀ-ਲਾਈਨਿੰਗ ਦਾ ਕੰਮ ਰੋਕ ਦਿੱਤਾ ਗਿਆ ਸੀ ਤੇ ਸ਼ਹਿਰ ਵਾਸੀਆਂ ਦੀ ਮੰਗ ਸੀ ਕਿ ਪਹਿਲਾਂ ਵਾਲੇ ਡਿਜ਼ਾਇਨ ਅਨੁਸਾਰ ਨਹਿਰ ਦੇ ਪਾਣੀ ਦਾ ਜ਼ਮੀਨ ਵਿੱਚ ਰੀਚਾਰਜ ਨਹੀਂ ਹੁੰਦਾ।ਉਨ੍ਹਾਂ ਕਿਹਾ ਕਿ ਹੁਣ ਇਹ ਨਵਾਂ ਡਿਜ਼ਾਇਨ ਤਿਆਰ ਕਰਕੇ ਨਹਿਰੀ ਪਾਣੀ ਨੂੰ ਜ਼ਮੀਨ ਵਿੱਚ ਰੀਚਾਰਜ ਕਰਨ ਵਾਲਾ ਪ੍ਰਾਜੈਕਟ ਬਣਾਇਆ ਗਿਆ ਹੈ।ਉਨ੍ਹਾਂ ਕਿਹਾ ਕਿ ਸ਼ਹਿਰ ਵਾਸੀਆਂ ਦੀ ਇਸ ਮੰਗ ਨੂੰ ਲੈ ਕੇ ਉਨ੍ਹਾਂ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਤੇ ਜਲ ਸਰੋਤ ਮੰਤਰੀ ਨਾਲ ਮੀਟਿੰਗਾਂ ਕੀਤੀਆਂ ਅਤੇ ਉਨ੍ਹਾਂ ਨੂੰ ਇਸ ਗੱਲ ਦੀ ਖੁਸ਼ੀ ਹੈ ਕਿ ਜਲ ਸਰੋਤ ਵਿਭਾਗ ਵੱਲੋਂ ਸ਼ਹਿਰ ਨਾਲ ਲੱਗਦੀ ਸਰਹੱਦ ਨਹਿਰ ਦੇ ਕਰੀਬ 10 ਕਿਲੋਮੀਟਰ ਹਿੱਸੇ ਦੀ ਰੀਲਾਈਨਿੰਗ ਲਈ ਨਵਾਂ ਡਿਜ਼ਾਈਨ ਤਿਆਰ ਕੀਤਾ ਗਿਆ ਹੈ, ਜਿਸ ਅਨੁਸਾਰ ਨਹਿਰ ਦੇ ਬੈੱਡ ਦੇ ਵਿਚਾਲੇ 10-10 ਮੀਟਰ ਤੋਂ ਬਾਅਦ 1-1 ਮੀਟਰ ਦੀ ਲੰਬਾਈ-ਚੌੜਾਈ ਦੇ ਬੋਲਡਰ ਬਲਾਕ ਛੱਡੇ ਜਾਣਗੇ, ਜਿਸ ਨੂੰ ਪੱਕਾ ਨਹੀਂ ਕੀਤਾ ਜਾਵੇਗਾ, ਬਲਕਿ ਇਸ ਵਿੱਚ ਗੀਟੇ, ਪੱਥਰ ਰੱਖੇ ਜਾਣਗੇ ਤਾਂ ਜੋ ਜ਼ਮੀਨ ਵਿੱਚ ਨਹਿਰੀ ਪਾਣੀ ਰੀਚਾਰਜ ਹੁੰਦਾ ਰਹੇ ਤੇ ਪਾਣੀ ਦਾ ਪੱਧਰ ਵੀ ਠੀਕ ਰਹੇ।ਉਨ੍ਹਾਂ ਕਿਹਾ ਕਿ ਨਹਿਰ ਦੇ ਕਰੀਬ 10 ਕਿਲੋਮੀਟਰ ਦੇ ਇਸ ਪ੍ਰੋਜੈਕਟ 'ਤੇ 150 ਕਰੋੜ ਰੁਪਏ ਖਰਚ ਆਉਣ ਦੀ ਉਮੀਦ ਹੈ। ਉਨ੍ਹਾਂ ਪ੍ਰੋਜੈਕਟ ਨੂੰ ਨਵੇਂ ਡਿਜ਼ਾਇਨ ਦੇਣ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਜਲ ਸਰੋਤ ਮੰਤਰੀ ਦਾ ਧੰਨਵਾਦ ਕੀਤਾ ।ਇਸ ਮੌਕੇ ਸ. ਸੰਦੀਪ ਸਿੰਘ ਐਕਸੀਅਨ ਹਰੀ ਕੇ ਨਹਿਰ ਮੰਡਲ ਨੇ ਦੱਸਿਆ ਕਿ ਸਰਹੰਦ ਫੀਡਰ ਨਹਿਰ ਦੀ ਰੀ-ਲਾਈਨਿੰਗ ਦੇ ਨਵੇਂ ਡਿਜ਼ਾਇਨ ਹੋਣ ਨਾਲ ਇਸ 10 ਕਿਲੋਮੀਟਰ ਦੇ ਖੇਤਰ ਵਿੱਚ ਨਹਿਰੀ ਪਾਣੀ ਪੂਰੀ ਮਾਤਰਾ ਵਿੱਚ ਜ਼ਮੀਨ ਅੰਦਰ ਰੀਚਾਰਜ ਹੋਵੇਗਾ ਤੇ ਇਸ ਕੰਮ ਲਈ ਜਲਦੀ ਹੀ ਟੈਂਡਰ ਲੱਗ ਜਾਣਗੇ।

# 'ਜਲ ਜੀਵਨ ਬਚਾਓ ਮੋਰਚਾ' ਨੇ ਨਹਿਰਾਂ ਦੇ ਕੰਕਰੀਟੀਕਰਨ ਦੇ ਮੁੱਦੇ 'ਤੇ ਆਪਣਾ ਸਟੈਂਡ ਕੀਤਾ ਸਪੱਸ਼ਟ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਜਲ ਜੀਵਨ ਬਚਾਓ ਮੋਰਚਾ ਫਰੀਦਕੋਟ ਨੇ ਨਹਿਰਾਂ ਦੇ ਕੰਕਰੀਟੀਕਰਨ ਦੇ ਮੁੱਦੇ ਤੇ ਆਪਣਾ ਸਟੈਂਡ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਸਪਸ਼ਟ ਕਰ ਦਿੱਤਾ ਕਿ ਨਹਿਰੀ ਮਹਿਕਮੇ ਵੱਲੋਂ ਦਿੱਤਾ ਪ੍ਰੋਜੈਕਟ ਕਿਸੇ ਵੀ ਤਰ੍ਹਾਂ ਕਾਰਗਰ ਨਹੀਂ ਹੈ ਤੇ ਨਾ ਹੀ ਮਹਿਕਮਾ ਕੋਈ ਇਹੋ ਜਿਹੀ ਰਿਪੋਰਟ ਸਾਹਮਣੇ ਰੱਖ ਪਾਇਆ ਹੈ, ਜਿਸ ਤੋਂ ਪਤਾ ਲੱਗਦਾ ਹੋਵੇ ਕਿ ਇਹ ਪ੍ਰੋਜੈਕਟ ਕਿਤੇ ਵੀ ਸਫਲਤਾਪੂਰਵਕ ਚੱਲ ਰਿਹਾ ਹੋਵੇ।ਨਹਿਰੀ ਮਹਿਕਮੇ ਵੱਲੋਂ ਦਿੱਤੀ ਰਿਪੋਰਟ ਵਿੱਚ ਗਾਰ ਦੀ ਘਣਤਾ ਆਪਣੀ ਮਰਜ਼ੀ ਨਾਲ ਹੀ 0.73 ਮੰਨ ਲਈ ਗਈ ਹੈ ਜੋ ਅਸਲ ਧਰਾਤਲ ਨਾਲ ਮੇਲ ਨਹੀਂ ਖਾਂਦੀ।ਕੁੱਲ ਮਿਲਾ ਕੇ ਮਹਿਕਮੇ ਵੱਲੋਂ ਬਣਾਇਆ ਪ੍ਰੋਜੈਕਟ ਮੰਨ ਲਏ ਨਮੂਨਿਆਂ ਤੋਂ ਤਿਆਰ ਕੀਤਾ ਗਿਆ ਹੈ, ਜਿਸ ਦੀ ਭਰੋਸੇ ਯੋਗਤਾ ਤੇ ਜਲ ਜੀਵਨ ਬਚਾਓ ਮੋਰਚਾ ਨੂੰ ਸ਼ੱਕ ਹੈ।ਇਸ ਲਈ ਮੋਰਚੇ ਵੱਲੋਂ ਆਪਣੇ ਪੱਧਰ 'ਤੇ ਪ੍ਰੋਜੈਕਟ ਦੀ ਜਾਂਚ ਕਰਾਈ ਗਈ, ਜਿਸ ਤੋਂ ਇਹ ਪਤਾ ਲੱਗਾ ਕਿ ਸਰਕਾਰ ਨਹਿਰ ਦੇ ਤਲ ਤੇ ਰੀਚਾਰਜ ਪੁਆਇੰਟ ਲਗਾ ਰਹੀ ਹੈ ਤੇ ਨਹਿਰਾਂ ਦੇ ਨਾਲ ਪਾਣੀ ਦਾ ਲੈਵਲ 11 ਫੁੱਟ 'ਤੇ ਹੈ, ਇਸ ਲਈ ਇਹ ਪ੍ਰੋਜੈਕਟ ਕਦੀ ਵੀ ਸੀਪੇਜ ਨਹੀਂ ਕਰੇਗਾ।ਜਲ ਜੀਵਨ ਬਚਾਓ ਮੋਰਚਾ ਵੱਲੋਂ ਆਪਣੇ ਪਾਣੀਆਂ ਦੀ ਰਾਖੀ ਲਈ ਵੱਡੇ ਪੱਧਰ 'ਤੇ ਮੁਹਿੰਮ ਛੇੜੀ ਗਈ ਹੈ, ਜਿਸ ਵਿੱਚ ਸ਼ਹਿਰ ਦੀਆਂ ਸਾਰੀਆਂ ਸਮਾਜ ਸੇਵੀ ਸੰਸਥਾਵਾਂ, ਧਾਰਮਿਕ ਸੰਸਥਾਵਾਂ, ਕਿਸਾਨ ਜਥੇਬੰਦੀਆਂ, ਵਪਾਰਕ ਜਥੇਬੰਦੀਆਂ, ਮਜ਼ਦੂਰ ਜਥੇਬੰਦੀਆਂ, ਮੁਲਾਜ਼ਮ ਜਥੇਬੰਦੀਆਂ, ਪੈਨਸ਼ਨਰ ਐਸੋਸੀਏਸ਼ਨ, ਵਿਦਿਆਰਥੀ ਐਸੋਸੀਏਸ਼ਨ ਤੇ ਸ਼ਹਿਰ ਦੇ ਮੋਹਤਬਰ ਲੋਕਾਂ ਤੱਕ ਪਹੁੰਚ ਕੀਤੀ ਗਈ ਅਤੇ ਉਨ੍ਹਾਂ ਨੂੰ ਅਸਲ ਮੁਸੀਬਤ ਤੋਂ ਜਾਣੂ ਕਰਾਇਆ ਗਿਆ।ਪਿਛਲੇ ਦਿਨੀ ਜਲ ਜੀਵਨ ਬਚਾਓ ਮੋਰਚਾ ਨੂੰ ਵੱਡਾ ਹੁੰਗਾਰਾ ਉਦੋਂ ਮਿਲਿਆ ਜਦੋਂ ਡੀ ਟੀ ਐਫ ਆਗੂਆਂ ਨੇ ਮਤਾ ਪਾ ਕੇ ਆਪਣੀਆਂ ਮੰਗਾਂ ਵਿੱਚ ਜਲ ਜੀਵਨ ਬਚਾਓ ਮੋਰਚਾ ਦੀਆਂ ਮੰਗਾਂ ਨੂੰ ਸ਼ਾਮਿਲ ਕੀਤਾ। ਜਲ ਜੀਵਨ ਬਚਾਓ ਮੋਰਚਾ ਨੂੰ ਲਗਾਤਾਰ ਫਰੀਦਕੋਟ ਸ਼ਹਿਰ ਤੇ ਨਾਲ ਲੱਗਦੇ ਪਿੰਡਾਂ ਤੋਂ ਲਗਾਤਾਰ ਸਮਰਥਨ ਮਿਲ ਰਿਹਾ ਹੈ। ਜਲ ਜੀਵਨ ਬਚਾਓ ਮੋਰਚਾ ਦੀਆਂ ਕੋਸ਼ਿਸ਼ਾਂ ਨੂੰ ਉਦੋਂ ਵੀ ਬੂਰ ਪਿਆ, ਜਦੋਂ ਸ਼ਹਿਰ ਦੇ ਤਕਰੀਬਨ ਸਾਰੇ ਐਮ ਸੀ ਸਾਹਿਬਾਨ ਮੋਰਚੇ ਦੇ ਹੱਕ ਵਿੱਚ ਆ ਖੜ੍ਹੇ ਹੋਏ।ਅੱਜ ਜਦੋਂ ਸ਼ਹਿਰ ਦੇ ਮੋਹਤਬਰ ਬੰਦੇ ਜਲ ਜੀਵਨ ਬਚਾਓ ਮੋਰਚਾ ਦੇ ਝੰਡੇ ਹੇਠ ਡੀ ਸੀ ਫਰੀਦਕੋਟ ਨੂੰ ਆਪਣਾ ਸਟੈਂਡ ਸਪੱਸ਼ਟ ਕਰਨ ਗਏ ਤਾਂ ਡੇਢ ਘੰਟੇ ਦਾ ਇੰਤਜ਼ਾਰ ਕਰਨ ਤੋਂ ਬਾਅਦ ਜਦੋਂ ਡੀ ਸੀ ਸ਼ਹਿਰ ਦੇ ਮੋਹਤਬਰ ਬੰਦਿਆਂ ਨੂੰ ਨਹੀਂ ਮਿਲੇ ਤਾਂ ਡੀ ਸੀ ਦਫਤਰ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਮੁਰਦਾਬਾਦ ਤੇ ਪੰਜਾਬ ਸਰਕਾਰ ਮੁਰਦਾਬਾਦ ਦੇ ਨਾਅਰੇ ਵੀ ਲੱਗੇ, ਜਿਸ ਤੋਂ ਪ੍ਰਸ਼ਾਸਨ ਨੂੰ ਮਜਬੂਰ ਹੋ ਕੇ ਏ ਡੀ ਸੀ ਫਰੀਦਕੋਟ ਨੂੰ ਜਲ ਜੀਵਨ ਬਚਾਓ ਮੋਰਚਾ ਕੋਲ ਮੰਗ ਪੱਤਰ ਲੈਣ ਲਈ ਭੇਜਣਾ ਪਿਆ।ਜਲ ਜੀਵਨ ਬਚਾਓ ਮੋਰਚਾ ਨੇ ਪ੍ਰਸ਼ਾਸਨ ਤੇ ਸਰਕਾਰ ਨੂੰ ਸਪੱਸ਼ਟ ਕਰ ਦਿੱਤਾ ਹੈ ਕਿ ਜਦੋਂ ਤੁਸੀਂ ਪੀਣ ਵਾਲੇ ਪਾਣੀ ਦਾ ਕੋਈ ਹੋਰ ਸੋਮਾ ਪੈਦਾ ਨਹੀਂ ਕਰ ਸਕੇ ਤਾਂ ਤੁਹਾਨੂੰ ਪਹਿਲਾਂ ਵਾਲੇ ਸੋਮੇ ਖਤਮ ਕਰਨ ਦਾ ਵੀ ਕੋਈ ਹੱਕ ਨਹੀਂ ਹੈ।

## ਢੇਰੀਆਂ 'ਤੇ ਬੈਠੇ ਕਿਸਾਨਾਂ ਨੂੰ ਛੱਡ ਕੇ ਆੜ੍ਹਤੀਆ ਪੱਤਰੇ ਵਾਚ ਗਿਆ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਰਾਧਿਕਾ ਟਰੇਡਿੰਗ ਕੰਪਨੀ ਦਾ ਮਾਲਕ ਕਪਿਲ ਕੁਮਾਰ ਜਿਹੜਾ ਤਲਵੰਡੀ ਸਾਬੋ ਦੀ ਸਥਾਨਕ ਦਾਣਾ ਮੰਡੀ ਵਿਖੇ ਆੜ੍ਹਤ ਦਾ ਕਾਰੋਬਾਰ ਕਰਨ ਦੇ ਨਾਲ ਨਾਲ ਇਥੇ ਰਿਫਾਇਨਰੀ ਰੋਡ ਉੱਪਰ ਆਪਣੀ ਰੂੰ ਤੇ ਆਟੇ ਦੀ ਫੈਕਟਰੀ ਵੀ ਵਰ੍ਹਿਆਂ ਤੋਂ ਚਲਾਉਂਦਾ ਰਿਹਾ ਹੈ, ਆਪਣਾ ਸਾਰਾ ਕਾਰੋਬਾਰ ਵਿੱਚੇ ਛੱਡ ਪਿਛਲੇ ਦਿਨ ਤੋਂ ਅਚਾਨਕ ਗਾਇਬ ਹੋ ਗਿਆ ਦੱਸਿਆ ਜਾ ਰਿਹਾ ਹੈ।ਪੂਰੇ ਪਰਵਾਰ ਸਮੇਤ ਕਿਧਰੇ ਅਚਾਨਕ ਗਾਇਬ ਹੋ ਗਏ ਉਕਤ ਆੜ੍ਹਤੀਏ ਦੀ ਇਸ ਗੁੰਮਸ਼ੁਦਗੀ ਦੇ ਕੀ ਕਾਰਨ ਹਨ, ਇਸ ਨੂੰ ਲੈ ਕੇ ਜਿੰਨੇ ਮੂੰਹ ਓਨੀਆਂ ਗੱਲਾਂ ਵਾਲੀ ਹਾਲਤ ਬਣੀ ਹੋਈ ਜਾਪ ਰਹੀ ਹੈ।ਖਚਾਖਚ ਭਰੀ ਇੱਥੋਂ ਦੀ ਸਥਾਨਕ ਦਾਣਾ ਮੰਡੀ ਵਿੱਚ ਝੋਨੇ ਦੀਆਂ ਢੇਰੀਆਂ ਉੱਪਰ ਹਫਤਿਆਂ ਤੋਂ ਰਾਤਾਂ ਗੁਜ਼ਾਰ ਰਹੇ ਕਿਸਾਨਾਂ ਤੇ ਦਾਣਿਆਂ ਦੀ ਸਾਫ ਸਫਾਈ ਦਾ ਕੰਮ ਕਰ ਰਹੇ ਕਈ ਦਰਜਨ ਪ੍ਰਵਾਸੀ ਮਜ਼ਦੂਰਾਂ ਨੂੰ ਉਨ੍ਹਾਂ ਦੀ ਹੋਣੀ ਉੱਪਰ ਛੱਡਦਿਆਂ ਕਿਧਰੇ ਲਾਪਤਾ ਹੋ ਗਏ ਆੜ੍ਹਤੀਏ ਦਾ ਥਾਉਂ ਪਤਾ ਲਾਉਣ ਲਈ ਜਿੱਥੇ ਸਥਾਨਕ ਪੁਲਸ ਸਰਗਰਮ ਹੋ ਗਈ ਹੈ, ਉੱਥੇ ਮੰਡੀ ਬੋਰਡ ਦੇ ਸਿਵਲ ਅਧਿਕਾਰੀਆਂ ਵੱਲੋਂ ਵੀ ਪੀੜਤ ਕਿਸਾਨਾਂ ਤੇ ਮਜ਼ਦੂਰਾਂ ਨੂੰ ਹਰ ਸੰਭਵ ਸਹਾਇਤਾ ਦਿਵਾਉਣ ਦਾ ਵਿਸ਼ਵਾਸ ਦਿਵਾਇਆ ਜਾ ਰਿਹਾ ਹੈ।ਅਧਿਕਾਰਤ ਤੌਰ 'ਤੇ ਤਾਂ ਇਸ ਤੱਥ ਦੀ ਭਾਵੇਂ ਪੁਸ਼ਟੀ ਨਹੀਂ ਹੋਈ, ਪ੍ਰੰਤੂ ਦੱਸਿਆ ਜਾ ਰਿਹਾ ਹੈ ਕਿ ਸੁੰਨੀ ਪਈ ਉਸ ਦੀ ਫੈਕਟਰੀ ਤੇ ਰਿਹਾਇਸ਼ਗਾਹ ਉੱਤੋਂ ਲੰਘੀ ਰਾਤ ਤੋਂ ਹੀ ਕੁਝ ਲੋਕਾਂ ਵੱਲੋਂ ਉਸ ਦੇ ਸਾਜ਼ੋ ਸਾਮਾਨ ਉੱਪਰ ਵੀ ਵਾਹਵਾ ਹੱਥ ਮਾਰ ਲਏ ਜਾਣ ਦਾ ਸਮਾਚਾਰ ਹੈ।ਉਧਰ ਸੂਚਨਾ ਮਿਲਦਿਆਂ ਹੀ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਜ਼ਿਲ੍ਹਾ ਆਗੂ ਜਗਦੇਵ ਸਿੰਘ ਜੋਗੇਵਾਲਾ ਵੱਲੋਂ ਆਪਣੇ ਕਿਸਾਨ ਸਾਥੀਆਂ ਦੀ ਭਰਵੀਂ ਟੀਮ ਸਮੇਤ ਦਾਣਾ ਮੰਡੀ ਵਿੱਚ ਪੁੱਜਦਿਆਂ ਪੀੜਤ ਕਿਸਾਨਾਂ ਤੇ ਮਜ਼ਦੂਰਾਂ ਦੇ ਹੱਕ ਵਿੱਚ ਮੋਰਚਾ ਸੰਭਾਲ ਲਿਆ ਗਿਆ ਹੈ।ਪਤਾ ਲੱਗਾ ਹੈ ਕਿ ਕਿਸਾਨਾਂ ਦਾ ਜਿੱਥੇ ਉਕਤ ਦੁਕਾਨ ਉਪਰ ਸੈਂਕੜੇ ਕੁਇੰਟਲ ਝੋਨਾ ਅਣਤੁਲਿਆ ਪਿਆ ਹੈ, ਉੱਥੇ ਤੁਲ ਚੁੱਕੇ ਝੋਨੇ ਦੀਆਂ ਲੱਖਾਂ ਰੁਪਏ ਦੀਆਂ ਅਣਹੋਈਆਂ ਅਦਾਇਗੀਆਂ ਸਮੇਤ ਲੱਖਾਂ ਰੁਪਏ ਦੀ ਮਜ਼ਦੂਰਾਂ ਦੇ ਮੁੜ੍ਹਕੇ ਦੀ ਕਮਾਈ ਵਰਗੀਆਂ ਅਦਾਇਗੀਆਂ ਲਮਕ ਜਾਣ ਦਾ ਖਤਰਾ ਖੜ੍ਹਾ ਹੋ ਗਿਆ ਹੈ।

## ਅਕਾਲੀ ਦਲ ਸੁਤੰਤਰ ਵੱਲੋਂ ਮਹਿੰਗਾਈ ਨੂੰ ਲੈ ਕੇ ਰੋਸ ਮਾਰਚ ਅੱਜ

**ਨਾਭਾ (ਵਰਿੰਦਰ ਵਰਮਾ)**-ਅਕਾਲੀ ਦਲ ਸੁਤੰਤਰ ਦੇ ਕੌਮੀ ਪ੍ਰਧਾਨ ਪਰਮਜੀਤ ਸਿੰਘ ਸਹੌਲੀ ਵੱਲੋਂ ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਅਤੇ ਕੇਂਦਰ ਦੀ ਸਰਕਾਰ ਬੁਰੀ ਤਰ੍ਹਾਂ ਫੇਲ੍ਹ ਹੋ ਚੁੱਕੀ ਹੈ ਕਿਉਂਕਿ ਦਿਨ ਪ੍ਰਤੀ ਦਿਨ ਮਹਿੰਗਾਈ ਵਧਦੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੈਟਰੋਲ ਦੀ ਕੀਮਤ 100 ਰੁਪਏ ਦੇ ਕਰੀਬ ਅਤੇ ਡੀਜ਼ਲ ਦਾ ਰੇਟ 90 ਰੁਪਏ ਦੇ ਕਰੀਬ ਅੰਕੜਾ ਪਾਰ ਕਰ ਚੁੱਕਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਦੀ ਯੂਪੀਏ ਸਰਕਾਰ ਦੇ ਸ਼ਾਸਨ ਦੌਰਾਨ ਸਿਲੰਡਰ 450 ਰੁਪਏ ਸੀ ਪਰ ਉਦੋਂ ਭਾਜਪਾ ਆਗੂ ਸੜਕਾਂ 'ਤੇ ਉਤਰ ਕੇ ਪ੍ਰਦਰਸ਼ਨ ਕਰਦੇ ਸਨ ਪਰ ਅੱਜ ਸਿਲੰਡਰ 900 ਰੁਪਏ ਦੇ ਲਗਭਗ ਪਹੁੰਚ ਗਿਆ ਹੈ ਪਰ ਭਾਜਪਾ ਆਗੂ ਕੁੰਭਕਰਨੀ ਨੀਂਦ ਸੁੱਤੇ ਹੋਏ ਹਨ। ਉਨ੍ਹਾਂ ਕਿਹਾ ਕਿ ਆਲੂ, ਪਿਆਜ਼, ਟਮਾਟਰ ਅਤੇ ਹੋਰ ਸਬਜ਼ੀਆਂ ਦੇ ਰੇਟ ਆਸਮਾਨ ਨੂੰ ਛੂਹ ਰਹੇ ਹਨ। ਇਸ ਦੇ ਨਾਲ ਹੀ ਦਾਲਾਂ, ਰਾਜਮਾਂਹ, ਛੋਲੇ ਆਦਿ ਦੇ ਰੇਟ ਅਸਮਾਨ ਤੱਕ ਪਹੁੰਚ ਚੁੱਕੇ ਹਨ। ਲੋਕਾਂ ਲਈ ਖਾਣਾ ਪੀਣਾ ਮੁਸ਼ਕਿਲ ਹੋ ਗਿਆ ਹੈ। ਸਹੌਲੀ ਨੇ ਕਿਹਾ ਕਿ ਇਸ ਮਹਿੰਗਾਈ ਨੂੰ ਲੈ ਕੇ 22 ਨਵੰਬਰ ਨੂੰ ਸਵੇਰੇ 11 ਵਜੇ ਪਟਿਆਲਾ ਗੇਟ ਤੋਂ ਹੁੰਦੇ ਹੋਏ ਭੀਖੀ ਮੋੜ, ਸਦਰ ਬਾਜ਼ਾਰ, ਕਿਲ੍ਹਾ ਚੌਕ ਆਦਿ ਤੋਂ ਹੁੰਦੇ ਹੋਏ ਦੇਵੀ ਮੰਦਰ ਚੌਕ ਵਿਖੇ ਸੂਬਾ ਸਰਕਾਰ ਤੇ ਕੇਂਦਰ ਸਰਕਾਰ ਦਾ ਪਿੱਟ ਸਿਆਪਾ ਕੀਤਾ ਜਾਵੇਗਾ। ਇਸ ਮੌਕੇ ਹਰਬੰਸ ਸਿੰਘ ਖੱਟੜਾ, ਸੁਰਜੀਤ ਸਿੰਘ ਬਾਬਰਪੁਰ, ਜਗਰੂਪ ਸਿੰਘ ਬੌੜ੍ਹਾਂ, ਬਿੰਦਾ ਵਿਰਕ, ਗੁਰਤੇਜ ਸਿੰਘ ਕਮੇਲੀ ਆਦਿ ਹਾਜ਼ਰ ਸਨ।

## 4.5 ਕਰੋੜ ਰੁਪਏ ਦੀ ਲਾਗਤ ਨਾਲ ਬਣੀ ਮੱਛੀ ਮੰਡੀ ਦਾ ਖੁੱਡੀਆਂ ਨੇ ਕੀਤਾ ਉਦਘਾਟਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਬੁੱਧਵਾਰ ਪਟਿਆਲਾ (ਘਲੋੜੀ) ਵਿਖੇ 4.5 ਕਰੋੜ ਰੁਪਏ ਦੀ ਲਾਗਤ ਨਾਲ ਬਣੀ ਨਵੀਂ ਮੱਛੀ ਮੰਡੀ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਦੇ ਨਾਲ ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ, ਹਲਕਾ ਸਨੌਰ ਦੇ ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੀ ਮੌਜੂਦ ਸਨ। ਕੈਬਨਿਟ ਮੰਤਰੀ ਖੁੱਡੀਆਂ ਨੇ ਦੱਸਿਆ ਕਿ ਇਸ ਮੱਛੀ ਮੰਡੀ ਨੂੰ ਥੋਕ ਮੰਡੀ ਵਜੋਂ ਵਿਕਸਿਤ ਕੀਤਾ ਗਿਆ ਹੈ ਅਤੇ ਇਸ ਮੰਡੀ ਦੇ ਵਿਕਾਸ ਨਾਲ ਮੱਛੀ ਪਾਲਣ ਉਦਯੋਗ ਨੂੰ ਪ੍ਰੋਤਸਾਹਨ ਮਿਲੇਗਾ ਤੇ ਸਥਾਨਕ ਮੱਛੀ ਵਿਕਰੇਤਾਵਾਂ ਲਈ ਆਮਦਨ ਦੇ ਨਵੇਂ ਮੌਕੇ ਪੈਦਾ ਹੋਣਗੇ।ਗੁਰਮੀਤ ਸਿੰਘ ਖੁੱਡੀਆਂ, ਜਿਨ੍ਹਾਂ ਕੋਲ ਪਸ਼ੂ ਪਾਲਨ, ਮੱਛੀ ਪਾਲਣ ਤੇ ਫੂਡ ਪ੍ਰਾਸੈਸਿੰਗ ਵਿਭਾਗ ਵੀ ਹਨ, ਨੇ ਅੱਜ ਇੱਥੇ ਦੇਵੀਗੜ੍ਹ ਰੋਡ ਵਿਖੇ ਇਸ ਅਤਿ-ਆਧੁਨਿਕ ਮੱਛੀ ਮੰਡੀ ਦਾ ਉਦਘਾਟਨ ਕਰਦਿਆਂ ਦੱਸਿਆ ਕਿ ਇਸ ਮੰਡੀ ਦੀ ਕੁੱਲ ਵਿਕਾਸ ਲਾਗਤ 4.12 ਕਰੋੜ ਵਿੱਚੋਂ 2.12 ਕਰੋੜ ਪੰਜਾਬ ਮੰਡੀ ਬੋਰਡ ਤੇ 2 ਕਰੋੜ ਮੱਛੀ ਪਾਲਣ ਵਿਭਾਗ ਵੱਲੋਂ ਖਰਚ ਕੀਤੀ ਗਈ ਹੈ।ਕੈਬਨਿਟ ਮੰਤਰੀ ਨੇ ਦੱਸਿਆ ਕਿ ਇਹ ਮੱਛੀ ਮੰਡੀ ਕੁੱਲ 5 ਏਕੜ ਜ਼ਮੀਨ 'ਤੇ ਬਣਾਈ ਗਈ ਹੈ, ਜਿਨ੍ਹਾਂ ਵਿੱਚੋਂ 1 ਏਕੜ 'ਤੇ ਵਿਕਸਿਤ ਇਲਾਕੇ ਵਿੱਚ ਮਾਰਕੀਟ ਬਣਾਈ ਗਈ ਹੈ ਤੇ ਇੱਥੇ ਬਾਕੀ ਬਚੀ 4 ਏਕੜ ਜ਼ਮੀਨ ਵਿੱਚ ਪ੍ਰਚੂਨ ਫਿਸ਼ ਮਾਰਕਿਟ ਨੂੰ ਵਿਕਸਿਤ ਕਰਨ ਦੀ ਯੋਜਨਾ ਬਣਾਈ ਜਾ ਰਹੀ ਹੈ। ਇੱਥੇ ਕੁੱਲ 20 ਦੁਕਾਨਾਂ ਹਨ, ਜਿਨ੍ਹਾਂ ਵਿੱਚੋਂ 10 ਦੁਕਾਨਾਂ ਸ਼ੁਰੂ ਕੀਤੀਆਂ ਜਾ ਰਹੀਆਂ ਹਨ ਤੇ 10 ਦੁਕਾਨਾਂ ਦੀ ਨਿਲਾਮੀ ਬਾਕੀ ਹੈ। ਇਸ ਮਾਰਕੀਟ ਦੇ ਪੂਰੀ ਤਰ੍ਹਾਂ ਚੱਲ ਪੈਣ ਉਪਰੰਤ, ਰੀਟੇਲ ਮਾਰਕੀਟ ਦੇ ਕੰਮ ਨੂੰ ਸ਼ੁਰੂ ਕੀਤਾ ਜਾਵੇਗਾ।ਹਲਕਾ ਸਨੌਰ ਦੇ ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਨੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਵਿਕਾਸ ਲਈ ਪਿਛਲੇ ਲੰਮੇ ਸਮੇਂ ਤੋਂ ਰੁਕੇ ਹੋਏ ਕੰਮ ਵੀ ਕਰਵਾਏ ਜਾ ਰਹੇ ਹਨ।

ਇਸ ਮੌਕੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ, ਪੰਜਾਬ ਮੰਡੀ ਬੋਰਡ ਦੇ ਸਕੱਤਰ ਰਾਮਵੀਰ ਸਿੰਘ, ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ, ਐਸ ਪੀ ਹਰਵੰਤ ਕੌਰ, ਇੰਜੀਨੀਅਰ ਇਨ ਚੀਫ਼ ਸਾਊਥ ਮੰਡੀ ਬੋਰਡ ਗੁਰਵਿੰਦਰ ਸਿੰਘ ਚੀਮਾਂ, ਡਾਇਰੈਕਟਰ ਤੇ ਵਾਰਡਨ ਮੱਛੀ ਪਾਲਣ ਪੰਜਾਬ ਜਸਵੀਰ ਸਿੰਘ ਤੇ ਹੋਰ ਵਿਭਾਗਾਂ ਦੇ ਅਧਿਕਾਰੀ ਤੇ ਪਤਵੰਤੇ ਮੌਜੂਦ ਸਨ।

## ਬਜ਼ੁਰਗ ਜੋੜੇ ਨਾਲ 5 ਲੱਖ ਰੁਪਏ ਦੀ ਠੱਗੀ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਾਈਬਰ ਠੱਗਾਂ ਵੱਲੋਂ ਸਰਹਿੰਦ ਵਿਖੇ ਰਹਿ ਰਹੇ ਇੱਕ ਬਜ਼ੁਰਗ ਜੋੜੇ ਨਾਲ ਕੈਨੇਡਾ ਵਿਖੇ ਰਹਿ ਰਹੇ ਉਨ੍ਹਾਂ ਦੇ ਪੁੱਤਰ ਦੇ ਨਾਮ 'ਤੇ ਪੰਜ ਲੱਖ ਰੁਪਏ ਦੀ ਠੱਗੀ ਮਾਰੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਰਣਬੀਰ ਸਿੰਘ (80) ਵਾਸੀ ਸਰਹਿੰਦ ਨੇ ਦੱਸਿਆ ਕਿ 14 ਨਵੰਬਰ ਨੂੰ ਉਹ ਤੇ ਉਸ ਦੀ ਪਤਨੀ ਘਰ ਵਿੱਚ ਮੌਜੂਦ ਸਨ ਤਾਂ ਉਸ ਦੇ ਵਟਸਐਪ ਨੰਬਰ 'ਤੇ ਫੋਨ ਕਾਲ ਆਈ ਜਿਸ 'ਤੇ ਕਿਸੇ ਪੁਲਸ ਅਫਸਰ ਦੀ ਵਰਦੀ ਵਿੱਚ ਫੋਟੋ ਲੱਗੀ ਹੋਈ ਸੀ ਤੇ ਫੋਨ ਕਰਨ ਵਾਲੇ ਨੇ ਉਸ ਨੂੰ ਕਿਹਾ ਕਿ ਜੋ ਤੁਹਾਡਾ ਲੜਕਾ ਗੁਰਪ੍ਰੀਤ ਸਿੰਘ ਕੈਨੇਡਾ ਗਿਆ ਹੋਇਆ ਹੈ, ਉਸ ਨੂੰ ਅਸੀਂ ਕਿਸੇ ਕੇਸ ਵਿੱਚ ਫੜ ਲਿਆ ਹੈ ਤੇ ਜੇਕਰ ਤੁਸੀਂ ਉਸ ਨੂੰ ਸਹੀ ਸਲਾਮਤ ਛੁਡਵਾਉਣਾ ਚਾਹੁੰਦੇ ਹੋ ਤਾਂ ਸਾਨੂੰ ਪੰਜ ਲੱਖ ਰੁਪਏ ਦੇਣੇ ਪੈਣਗੇ। ਸ਼ਿਕਾਇਤਕਰਤਾ ਨੇ ਦੱਸਿਆ ਕਿ ਉਹ ਫੋਨ ਸੁਣ ਕੇ ਘਬਰਾ ਗਿਆ ਤੇ ਉਸ ਨੇ ਉਸੇ ਦਿਨ ਬੈਂਕ ਵਿੱਚ ਜਾ ਕੇ ਫੋਨ ਕਰਨ ਵਾਲੇ ਵੱਲੋਂ ਦੱਸੇ ਗਏ ਬੈਂਕ ਖਾਤਿਆਂ ਵਿੱਚ ਆਪਣੇ ਅਤੇ ਆਪਣੀ ਪਤਨੀ ਦੇ ਬੈਂਕ ਖਾਤੇ 'ਚੋਂ ਪੰਜ ਲੱਖ ਰੁਪਏ ਟਰਾਂਸਫਰ ਕਰਵਾ ਦਿੱਤੇ। ਜਿਸ ਤੋਂ ਕੁਝ ਚਿਰ ਬਾਅਦ ਜਦੋਂ ਉਨ੍ਹਾਂ ਦਾ ਕੈਨੇਡਾ ਰਹਿ ਰਹੇ ਆਪਣੇ ਪੁੱਤਰ ਨਾਲ ਫੋਨ 'ਤੇ ਸੰਪਰਕ ਹੋਇਆ ਤਾਂ ਉਸ ਨੇ ਦੱਸਿਆ ਕਿ ਅਜਿਹੀ ਤਾਂ ਕੋਈ ਗੱਲ ਹੀ ਨਹੀਂ, ਉਹ ਤਾਂ ਬਿਲਕੁੱਲ ਠੀਕ-ਠਾਕ ਹੈ। ਜਿਸ 'ਤੇ ਉਨ੍ਹਾਂ ਨੂੰ ਅਹਿਸਾਸ ਹੋਇਆ ਕਿ ਉਨ੍ਹਾਂ ਨਾਲ ਤਾਂ ਧੋਖਾਧੜੀ ਕੀਤੀ ਗਈ ਹੈ। ਰਣਬੀਰ ਸਿੰਘ ਦੇ ਬਿਆਨਾਂ 'ਤੇ ਥਾਣਾ ਸਾਈਬਰ ਕ੍ਰਾਈਮ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਨੇ ਅਣਪਛਾਤਿਆਂ ਵਿਰੁੱਧ ਮੁਕੱਦਮਾ ਦਰਜ ਕਰਕੇ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਹੈ।

## ਸੰਦੀਪ ਸਮਰਾਲਾ ਦੀ ਕਹਾਣੀ 'ਤੱਤੀ ਵਾ' 'ਤੇ ਭਰਪੂਰ ਚਰਚਾ



**ਸਮਰਾਲਾ (ਸੁਰਜੀਤ ਸਿੰਘ)**-ਉੱਭਰਦੇ ਨੌਜਵਾਨ ਕਹਾਣੀਕਾਰ ਸੰਦੀਪ ਸਮਰਾਲਾ ਦੀ ਕਹਾਣੀ 'ਤੱਤੀ ਵਾ' ਇਸ ਵਾਰ ਸਾਹਿਤ ਸਭਾ ਸਮਰਾਲਾ ਦੀ ਮਾਸਿਕ ਇਕੱਤਰਤਾ ਵਿੱਚ ਚਰਚਾ ਦਾ ਵਿਸ਼ਾ ਬਣੀ ਤੇ ਕਹਾਣੀ ਦੇ ਹਰ ਪੱਖ ਉੱਤੇ ਹਾਜ਼ਰ ਲੇਖਕਾਂ ਵਲੋਂ ਸੂਖਮ ਤੇ ਉਸਾਰੂ ਬਹਿਸ ਕੀਤੀ।ਲੇਖਕਾਂ ਨੇ ਕਹਾਣੀ 'ਤੱਤੀ ਵਾ' ਨੂੰ ਇੱਕ ਸਫ਼ਲ ਕਹਾਣੀ ਦੱਸਦਿਆਂ ਕਿਹਾ ਕਿ ਕਹਾਣੀਕਾਰ ਸੰਦੀਪ ਸਮਰਾਲਾ ਕਹਾਣੀ ਕਲਾ ਦੀ ਨਿਪੁੰਨਤਾ ਵੱਲ ਵਧ ਰਿਹਾ ਹੈ।ਉੱਘੇ ਚਿੰਤਕ ਗੁਰਭਗਤ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਸਰਕਾਰੀ ਸਕੂਲ ਵਿੱਚ ਹੋਈ ਮੀਟਿੰਗ ਦੀ ਸ਼ੁਰੂਆਤ ਉੱਘੇ ਕਹਾਣੀਕਾਰ ਮਰਹੂਮ ਸੁਖਜੀਤ ਦੀ ਕਹਾਣੀ ਚੰਦਰੀ ਨਾਲ ਹੋਈ, ਜਿਸ ਨੂੰ ਸੰਦੀਪ ਸਮਰਾਲਾ ਨੇ ਪੜ੍ਹ ਕੇ ਹਾਜ਼ਰ ਲੇਖਕਾਂ ਦੇ ਸਨਮੁੱਖ ਕੀਤਾ।ਚਰਚਾ ਵਿੱਚ ਭਾਗ ਲੈਂਦਿਆਂ ਹਿੰਦੀ ਸ਼ਾਇਰ ਸੁਰਜੀਤ ਵਿਸ਼ਦ, ਗੁਰਭਗਤ ਸਿੰਘ ਗਿੱਲ, ਮਨਦੀਪ ਡਡਿਆਣਾ ਤੇ ਅਮਨ ਸਮਰਾਲਾ ਨੇ ਚਰਚਾ ਕਰਦਿਆਂ ਕਿਹਾ ਕਿ ਮੈਂ ਪਾਤਰ ਵਿੱਚ ਲਿਖੀ ਕਹਾਣੀ ਵਿੱਚ ਵਰਤੀ ਗਈ ਮਾਝੇ ਦੀ ਸ਼ਬਦਾਵਲੀ, ਵਰਤੇ ਗਏ ਪ੍ਰਤੀਬਿੰਬਾਂ ਨੇ ਪਾਠਕਾਂ ਨੂੰ ਪੂਰੀ ਤਰ੍ਹਾਂ ਬੰਨ੍ਹੀ ਰੱਖਿਆ। ਰਚਨਾਵਾਂ ਦੇ ਦੌਰ ਵਿੱਚ ਹਰਬੰਸ ਮਾਲਵਾ, ਨੇਤਰ ਮੁਤਿਓਂ ਨੇ ਗੀਤ ਪੇਸ਼ ਕੀਤੇ।ਕਹਾਣੀਕਾਰ ਸੰਦੀਪ ਸਮਰਾਲਾ ਨੇ ਆਪਣੀ ਨਵੀਂ ਕਹਾਣੀ 'ਤੱਤੀ ਵਾ' ਸੁਣਾਈ। ਕਹਾਣੀ 'ਤੇ ਭਰਵੀਂ ਚਰਚਾ ਕੀਤੀ ਗਈ ਚਰਚਾ ਵਿੱਚ ਭਾਗ ਲੈਣ ਵਾਲਿਆਂ ਵਿੱਚ ਕਹਾਣੀਕਾਰ ਰਵਿੰਦਰ ਰੁਪਾਲ ਕੌਲਗੜ੍ਹ, ਇੰਦਰਜੀਤ ਸਿੰਘ ਕੰਗ, ਰਿਟਾ: ਹੈੱਡਮਾਸਟਰ ਮੇਘ ਸਿੰਘ ਜਵੰਦਾ (ਨੈਸ਼ਨਲ ਐਵਾਰਡੀ), ਗੁਰਦੀਪ ਮਹੌਣ, ਪ੍ਰਭਪ੍ਰੀਤ ਸਿੰਘ, ਗੁਰਮੀਤ ਸਿੰਘ ਸਨ।ਰਾਮਪੁਰ ਲਿਖਾਰੀ ਸਭਾ ਦੇ ਜਨਰਲ ਸਕੱਤਰ ਬਲਵੰਤ ਮਾਂਗਟ ਨੇ 'ਪਾਗਲ ਜਾਂ ਮਹਾਨ' ਲੇਖ ਸੁਣਾਇਆ।ਸੰਤੋਖ ਸਿੰਘ ਕੋਟਾਲਾ ਨੇ 'ਬਾਰਾਂ ਵਿੱਚੋਂ ਆਏ ਪਰਿਵਾਰ' ਲੇਖ ਪੜ੍ਹ ਕੇ ਸੁਣਾਇਆ।ਸਭਾ ਵੱਲੋਂ ਕਹਾਣੀਕਾਰ ਮਨਦੀਪ ਡਡਿਆਣਾ ਨੂੰ ਅੰਮ੍ਰਿਤਸਰ ਵਿਖੇ ਅਦਾਰਾ ਪ੍ਰਵਚਨ ਵੱਲੋਂ ਕਰਵਾਈ ਜਾਂਦੀ ਗੋਸ਼ਟੀ ਵਿੱਚ ਕਹਾਣੀ ਪੜ੍ਹਨ ਜਾਣ ਲਈ ਵਧਾਈਆਂ ਦਿੱਤੀਆਂ ਗਈਆਂ।ਅਖੀਰ ਗੁਰਭਗਤ ਸਿੰਘ ਗਿੱਲ ਨੇ ਆਏ ਹੋਏ ਸਾਹਿਤਕਾਰਾਂ ਦਾ ਧੰਨਵਾਦ ਕੀਤਾ।

## ਯਾਦਗਾਰੀ ਹੋ ਨਿੱਬੜਿਆ ਸਵਾਮੀ ਰੂਪ ਚੰਦ ਜੈਨ ਸਕੂਲ ਦਾ 'ਸੈਨਰਜੀ' ਜਸ਼ਨ



**ਜਗਰਾਉਂ (ਅਮਿਤ ਖੰਨਾ)**-ਸਵਾਮੀ ਰੂਪ ਚੰਦ ਜੈਨ ਸਕੂਲ ਜਗਰਾਉਂ ਵਿਖੇ ਪ੍ਰਿੰਸੀਪਲ ਰਾਜਪਾਲ ਕੌਰ ਦੀ ਯੋਗ ਅਗਵਾਈ ਤੇ ਸਮੂਹ ਮੈਨੇਜਮੈਂਟ ਦੇ ਸਹਿਯੋਗ ਸਦਕਾ ਸਲਾਨਾ ਸਮਾਗਮ ਸੈਨਰਜੀ 2024-25 ਪ੍ਰੋਗਰਾਮ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਨੂੰ ਰੰਗ-ਬਰੰਗੇ ਗੁਬਾਰਿਆਂ, ਜਗਮਗਾਉਂਦੀਆਂ ਲੜੀਆਂ ਤੇ ਬੱਚਿਆਂ ਵੱਲੋਂ ਹੱਥੀਂ ਤਿਆਰ ਕੀਤੀਆਂ ਕਲਾਕ੍ਰਿਤੀਆਂ ਨਾਲ ਸ਼ਿੰਗਾਰਿਆ ਗਿਆ।ਇਸ ਖੁਸ਼ੀ ਦੇ ਮੌਕੇ ਮੁੱਖ ਮਹਿਮਾਨ ਮਨੁੱਖਤਾ ਦੀ ਸੇਵਾ ਦੇ ਮੁਖੀ ਗੁਰਪ੍ਰੀਤ ਸਿੰਘ ਮਿੰਟੂ ਤੇ (ਇਕ ਜ਼ਰੀਆ ਫਾਊਂਡੇਸ਼ਨ) ਦੇ ਮੁਖੀ ਅਨਮੋਲ ਕਵਾਤਰਾ ਨੂੰ ਵਿਸ਼ੇਸ਼ ਤੌਰ 'ਤੇ ਬੁਲਾਇਆ ਗਿਆ ਤੇ ਸਾਰੇ ਮਾਪਿਆਂ ਅਤੇ ਬਹੁਤ ਸਾਰੇ ਪਤਵੰਤਿਆਂ ਨੂੰ ਵੀ ਬੁਲਾਇਆ ਗਿਆ।ਇਸ ਮੌਕੇ ਮੁੱਖ ਮਹਿਮਾਨ ਗੁਰਪ੍ਰੀਤ ਸਿੰਘ ਮਿੰਟੂ ਤੇ ਅਨਮੋਲ ਕਵਾਤਰਾ ਦਾ ਸਕੂਲ ਦੇ ਚੇਅਰਮੈਨ ਧਰਮਪਾਲ ਜੈਨ, ਸਮੂਹ ਮੈਨੇਜਮੈਂਟ ਤੇ ਪ੍ਰਿੰਸੀਪਲ ਰਾਜਪਾਲ ਕੌਰ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਨੰਨ੍ਹੇ ਮੁੰਨੇ ਬੱਚਿਆਂ ਤੋਂ ਲੈ ਕੇ ਸੀਨੀਅਰ ਜਮਾਤਾਂ ਦੇ ਵਿਦਿਆਰਥੀਆਂ ਤੱਕ ਸਾਰੇ ਹੀ ਬੱਚਿਆਂ ਵੱਲੋਂ ਵੰਨ ਸੁਵੰਨੀਆਂ ਸੁੰਦਰ ਪੁਸ਼ਾਕਾਂ ਦੇ ਵਿੱਚ ਬਹੁਤ ਹੀ ਮਨਮੋਹਕ ਤੇ ਦਿਲ ਨੂੰ ਟੁੰਬਣ ਵਾਲੀਆਂ ਪੇਸ਼ਕਸ਼ਾਂ ਦੁਆਰਾ ਸਭ ਦਾ ਦਿਲ ਜਿੱਤ ਲਿਆ।ਟੀਚਰ ਪਰੇਅਰ ਤੋਂ ਬਾਅਦ ਇਨ੍ਹਾਂ ਬੱਚਿਆਂ ਦੁਆਰਾ ਗਣਪਤੀ ਵੰਦਨਾ, ਅੰਗਰੇਜ਼ੀ ਡਾਂਸ, ਸੋਲੋ ਗੀਤ, ਸ਼ਿਵ ਤਾਂਡਵ, ਸਕੇਟਿੰਗ ਪੰਜਾਬੀ ਲੋਕ ਨਾਚ, ਭਾਰਤ ਨਾਟਯਮ, ਸ਼ਬਦ, ਸਟੇਟ ਡਾਂਸ, ਸਕਿੱਟ ਗੁਜਰਾਤੀ ਡਾਂਸ, ਜੈ ਹੋ ਨਾਚ, ਸੇਵ ਗਰਲਜ਼, ਮਾਈਮ, ਸੇਵ ਟ੍ਰੀ, ਗਿੱਧਾ, ਭੰਗੜਾ ਵੱਖ ਵੱਖ ਤਰ੍ਹਾਂ ਦੇ ਨਾਚ ਦੀ ਬਹੁਤ ਹੀ ਸੁੰਦਰ ਪੇਸ਼ਕਾਰੀ ਕਰਵਾਈ ਗਈ।ਬੱਚਿਆਂ ਦੀਆਂ ਅਕਾਦਮਿਕ ਤੇ ਖੇਡ ਪ੍ਰਾਪਤੀਆਂ ਨੂੰ ਮੁੱਖ ਰੱਖਦੇ ਹੋਏ ਜਿਨ੍ਹਾਂ ਵਿਦਿਆਰਥੀਆਂ ਪੜ੍ਹਾਈ ਤੇ ਖੇਡ ਜਗਤ ਵਿੱਚ ਚੰਗਾ ਪ੍ਰਦਰਸ਼ਨ ਕਰਕੇ ਆਪਣੇ ਸਕੂਲ ਦਾ ਨਾਮ ਰੌਸ਼ਨ ਕੀਤਾ, ਉਨ੍ਹਾਂ ਨੂੰ ਮੁੱਖ ਮਹਿਮਾਨਾਂ, ਸਕੂਲ ਮੈਨੇਜਮੈਂਟ ਤੇ ਸਕੂਲ ਪ੍ਰਿੰਸੀਪਲ ਦੁਆਰਾ ਸਮੁੱਚੇ ਰੂਪ ਵਿੱਚ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।

## ਜੀ ਹੋਲੀ ਹਾਰਟ ਸਕੂਲ 'ਚ ਵਿਦਿਆਰਥੀਆਂ ਨੂੰ ਕੀਤਾ ਜਾਗਰੂਕ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਨਾਮਵਰ ਵਿੱਦਿਅਕ ਸੰਸਥਾ ਜੀ ਹੋਲੀ ਹਾਰਟ ਪਬਲਿਕ ਸਕੂਲ ਮਹਿਲ ਕਲਾਂ ਵਿਖੇ ਮੈਨੇਜਿੰਗ ਡਾਇਰੈਕਟਰ ਸੁਸ਼ੀਲ ਗੋਇਲ, ਐਗਜ਼ੀਕਿਊਟਿਵ ਡਾਇਰੈਕਟਰ ਰਾਕੇਸ਼ ਬਾਂਸਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਜਲੰਧਰ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੀ ਨਾਮਵਰ ਕੈਰੀਅਰ ਕਾਊਂਸਲਿੰਗ ਟੀਮ ਨੇ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ।ਇਸ ਸੈਸ਼ਨ ਦਾ ਉਦੇਸ਼ ਵਿਦਿਆਰਥੀਆਂ ਨੂੰ ਆਪਣੇ ਕੈਰੀਅਰ ਬਾਰੇ ਸੁਚਾਰੂ ਫੈਸਲੇ ਲੈਣ ਲਈ ਸਮਰੱਥ ਬਣਾਉਣਾ ਸੀ।ਵਿਦਿਆਰਥੀਆਂ ਨੇ ਉਭਰ ਰਹੇ ਉਦਯੋਗਾਂ ਨੌਕਰੀ ਬਾਜ਼ਾਰ ਦੇ ਰੁਝਾਨਾਂ ਤੇ ਸਫਲਤਾ ਲਈ ਲੋੜੀਂਦਾ ਸਕੀਲਾਂ ਬਾਰੇ ਚਰਚਾ ਕੀਤੀ।ਟੀਮ ਨੇ ਵਿਅਕਤੀਗਤ ਚਿੰਤਾਵਾਂ ਨੂੰ ਸੰਬੋਧਤ ਕਰਦੇ ਹੋਏ ਵਿਅਕਤੀਗਤ ਸਲਾਹ ਸੈਸ਼ਨ ਵੀ ਪ੍ਰਦਾਨ ਕੀਤੇ।ਸਲਾਹਕਾਰ ਟੀਮ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਤਾਕਤਾਂ ਨੂੰ ਪਛਾਨਣ ਤੇ ਉਨ੍ਹਾਂ ਨੂੰ ਵਿਕਸਿਤ ਕਰਨ ਲਈ ਪ੍ਰੋਤਸਾਹਤ ਕੀਤਾ।ਵਿਦਿਆਰਥੀਆਂ ਨੇ ਸੈਸ਼ਨ ਲਈ ਧੰਨਵਾਦ ਕੀਤਾ ਤੇ ਕਿਹਾ ਕਿ ਉਨ੍ਹਾਂ ਨੂੰ ਆਪਣੇ ਕੈਰੀਅਰ ਬਾਰੇ ਸੁਚੇਤ ਰਹਿਣ ਲਈ ਮਦਦ ਮਿਲੀ।ਪ੍ਰਿੰਸੀਪਲ ਗੁਰਪ੍ਰੀਤ ਕੌਰ, ਵਾਈਸ ਪ੍ਰਿੰਸੀਪਲ ਪੂਜਾ ਸ਼ਰਮਾ, ਸੀਨੀਅਰ ਕੋਆਰਡੀਨੇਟਰ ਪ੍ਰੀਤੀ ਤਿਵਾਰੀ ਨੇ ਕਿਹਾ ਕਿ ਅਸੀਂ ਕੈਰੀਅਰ ਸਲਾਹਕਾਰ ਟੀਮ ਦੇ ਮਾਹਰ ਦ੍ਰਿਸ਼ਟੀਕੋਣ ਲਈ ਧੰਨਵਾਦੀ ਹਾਂ, ਇਹ ਸੈਸ਼ਨ ਸਾਡੇ ਵਿਦਿਆਰਥੀਆਂ ਨੂੰ ਆਪਣੇ ਕੈਰੀਅਰ ਦੇ ਰਸਤੇ ਉੱਤੇ ਅੱਗੇ ਵਧਣ ਲਈ ਮਦਦ ਕਰੇਗਾ।

## ਮੁਫ਼ਤ ਸਕਿਉਰਟੀ ਗਾਰਡ ਸਿਖਲਾਈ ਕੋਰਸ ਸ਼ੁਰੂ

**ਬਠਿੰਡਾ (ਰਾਜੀਵ ਗੋਇਲ)**-ਪੰਜਾਬ ਸਰਕਾਰ ਦੇ ਰੋਜ਼ਗਾਰ ਉਤਪੱਤੀ ਤੇ ਟ੍ਰੇਨਿੰਗ ਵਿਭਾਗ ਦੇ ਅਦਾਰੇ ਸੀ-ਪਾਈਟ ਕੈਂਪ ਪਿੰਡ ਕਾਲਝਰਾਣੀ ਵੱਲੋਂ ਪੰਜਾਬ ਦੇ ਨੌਜਵਾਨਾਂ ਨੂੰ ਸਕਿਊਰਟੀ ਟ੍ਰੇਨਿੰਗ ਕੋਰਸ ਕਰਵਾਉਣ ਲਈ ਰਜਿਸਟ੍ਰੇਸ਼ਨ ਸ਼ੁਰੂ ਕੀਤੀ ਜਾ ਰਹੀ ਹੈ। ਇਹ ਜਾਣਕਾਰੀ ਕੈਂਪ ਕਾਲਝਰਾਣੀ ਦੇ ਟ੍ਰੇਨਿੰਗ ਅਧਿਕਾਰੀ ਕੈਪਟਨ ਲਖਵਿੰਦਰ ਸਿੰਘ ਨੇ ਸਾਂਝੀ ਕੀਤੀ। ਉਨ੍ਹਾਂ ਦੱਸਿਆ ਕਿ ਟ੍ਰੇਨਿੰਗ ਕੋਰਸ 1 ਦਸੰਬਰ 2024 ਤੋਂ 8 ਫਰਵਰੀ 2025 ਤੱਕ ਸੀ-ਪਾਈਟ ਕੈਂਪ, ਕਾਲਝਰਾਣੀ ਵਿਖੇ ਚਲਾਇਆ ਜਾਵੇਗਾ। ਇਹ ਟ੍ਰੇਨਿੰਗ ਕੋਰਸ ਕਰਨ ਵਾਸਤੇ ਉਮੀਦਵਾਰ ਨੇ 10ਵੀ, 12ਵੀ ਜਮਾਤ ਜਾਂ ਉੱਚ ਯੋਗਤਾ ਪਾਸ ਕੀਤੀ ਹੋਣੀ ਚਾਹੀਦੀ ਹੈ ਅਤੇ ਉਮਰ 18 ਤੋਂ 25 ਸਾਲ ਹੋਣੀ ਲਾਜ਼ਮੀ ਹੈ। ਉਨ੍ਹਾਂ ਕਿਹਾ ਕਿ ਇਸ ਕੋਰਸ ਦੀਆਂ ਕੁੱਲ 30 ਸੀਟਾਂ ਹਨ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੀ ਰਜਿਸਟ੍ਰੇਸ਼ਨ ਪਹਿਲ ਦੇ ਆਧਾਰ 'ਤੇ ਕਰਵਾਉਣ। ਸਕਿਊਰਟੀ ਗਾਰਡ ਟ੍ਰੇਨਿੰਗ ਕੋਰਸ ਕਰਨ ਦੇ ਚਾਹਵਾਨ ਨੌਜਵਾਨ 21 ਨਵੰਬਰ ਤੋਂ ਕਿਸੇ ਵੀ ਕੰਮ ਵਾਲੇ ਦਿਨ ਸਵੇਰੇ 9 ਵਜੇ ਸੀ-ਪਾਈਟ ਕੈਂਪ, ਪਿੰਡ ਕਾਲਝਰਾਣੀ ਵਿਖੇ ਦਸਵੀਂ, ਬਾਰ੍ਹਵੀਂ, ਉੱਚ ਯੋਗਤਾ ਦੇ ਸਰਟੀਫਿਕੇਟ ਤੇ ਆਧਾਰ ਕਾਰਡ ਦੀ ਫੋਟੋ ਕਾਪੀ ਤੇ 2 ਤਾਜ਼ਾ ਪਾਸਪੋਰਟ ਸਾਈਜ਼ ਫੋਟੋਆਂ ਆਦਿ ਦਸਤਾਵੇਜ਼ ਸਮੇਤ ਨਿੱਜੀ ਤੌਰ 'ਤੇ ਪਹੁੰਚ ਕੇ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਉਨ੍ਹਾਂ ਕਿਹਾ ਕਿ ਸਕਿਊਰਟੀ ਗਾਰਡ ਕੋਰਸ ਪੂਰਾ ਕਰਨ ਉਪਰੰਤ ਨੌਜਵਾਨਾਂ ਨੂੰ ਪੰਜਾਬ ਸਰਕਾਰ ਵੱਲੋਂ ਸਰਟੀਫਿਕੇਟ ਵੀ ਦਿੱਤਾ ਜਾਵੇਗਾ, ਜੋ ਸਰਕਾਰੀ ਸੰਸਥਾ, ਅਰਧ-ਸਰਕਾਰੀ ਸੰਸਥਾ, ਵੱਡੀਆਂ ਇੰਡਸਟਰੀਜ਼ ਵਿੱਚ ਨੌਕਰੀ ਲੈਣ ਵਾਸਤੇ ਵੈਲਿਡ ਮੰਨਿਆ ਜਾਵੇਗਾ। ਇਸ ਕੋਰਸ ਦੌਰਾਨ ਨੌਜਵਾਨਾਂ ਦੇ ਰਿਹਾਇਸ਼, ਖਾਣ-ਪੀਣ ਦਾ ਖਰਚ ਪੰਜਾਬ ਸਰਕਾਰ ਦਾ ਹੋਵੇਗਾ। ਚਾਹਵਾਨ ਨੌਜਵਾਨ ਵਧੇਰੇ ਜਾਣਕਾਰੀ ਲਈ ਮੋਬਾਇਲ ਨੰਬਰ 93167-13000, 94638-31615 'ਤੇ ਸੰਪਰਕ ਕਰ ਸਕਦੇ ਹਨ।

## ਵਿਜੇ ਧੀਰ ਨੂੰ ਪੰਜਾਬ ਵਪਾਰ ਮੰਡਲ ਨੇ ਕੀਤਾ ਸਨਮਾਨਤ



**ਮੋਗਾ (ਇਕਬਾਲ ਸਿੰਘ ਖਹਿਰਾ)**-ਬੀਤੇ ਦਿਨੀਂ ਪੰਜਾਬ ਪ੍ਰਦੇਸ਼ ਵਪਾਰ ਮੰਡਲ ਦਾ ਪ੍ਰਤੀਨਿਧ ਇਜਲਾਸ ਪ੍ਰਦੇਸ਼ ਪ੍ਰਧਾਨ ਪਿਆਰੇ ਲਾਲ ਸੇਠ ਦੀ ਅਗਵਾਈ ਵਿੱਚ ਸਵਾਗਤ ਬੈਂਕੁਇਟ ਅੰਮ੍ਰਿਤਸਰ ਦੇ ਕਾਨਫਰੰਸ ਹਾਲ ਵਿਚ ਸੰਪਨ ਹੋਇਆ। ਮੰਚ ਦਾ ਸੰਚਾਲਨ ਪ੍ਰਦੇਸ਼ ਜਨਰਲ ਸਕੱਤਰ ਸਮੀਰ ਜੈਨ ਨੇ ਬਾਖੂਬੀ ਕੀਤਾ। ਮਾਲਵੇ ਦੇ ਉੱਘੇ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ, ਕ੍ਰਾਂਤੀਕਾਰੀ ਭੱਠਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਪ੍ਰਵੀਨ ਕੁਮਾਰ ਸ਼ਰਮਾ ਅਤੇ ਪ੍ਰਾਈਵੇਟ ਸਕੂਲ ਬੱਸ ਡਰਾਈਵਰ ਯੂਨੀਅਨ ਦੇ ਪ੍ਰਧਾਨ ਰਜਿੰਦਰ ਸਿੰਘ ਕਾਲਾ ਮੋਗਾ ਨੇ ਇਸ ਪ੍ਰਤਿਨਿਧ ਇਜਲਾਸ ਵਿੱਚ ਬਤੌਰ ਵਿਸ਼ੇਸ਼ ਕਰਕੇ ਸ਼ਿਰਕਤ ਕੀਤੀ। ਇਸ ਮੌਕੇ ਪੰਜਾਬ ਪ੍ਰਦੇਸ਼ ਵਪਾਰ ਮੰਡਲ ਦੇ ਪ੍ਰਦੇਸ਼ ਪ੍ਰਧਾਨ ਪਿਆਰੇ ਲਾਲ ਸੇਠ ਪੰਜਾਬ ਪ੍ਰਦੇਸ਼ ਕੈਮਿਸਟ ਐਸੋਸੀਏਸ਼ਨ ਦੇ ਪ੍ਰਧਾਨ ਸੁਰਿੰਦਰ ਦੁੱਗਲ, ਪ੍ਰਦੇਸ਼ ਜਨਰਲ ਸਕੱਤਰ ਸਮੀਰ ਜੈਨ, ਪ੍ਰਦੇਸ਼ ਜਨਰਲ ਸਕੱਤਰ ਅਤੇ ਨੈਸ਼ਨਲ ਟ੍ਰੇਡਰ ਵੈਲਫੇਅਰ ਬੋਰਡ ਮੈਂਬਰ ਸੁਨੀਲ ਮਹਿਰਾ, ਉਦਯੋਗਪਤੀ ਰੰਜਨ ਅਗਰਵਾਲ, ਟੀ ਟ੍ਰੇਡਰ ਐਸੋਸੀਏਸ਼ਨ ਪ੍ਰਧਾਨ ਰਜਿੰਦਰ ਗੋਇਲ, ਸੀਨੀਅਰ ਮੀਤ ਪ੍ਰਧਾਨ ਮਧੁਕਰ ਤਲਵਾੜ, ਦੀਪਕ ਰਾਏ ਮਹਿਰਾ, ਉੱਘੇ ਵਪਾਰੀ ਰਵਿੰਦਰ ਸਿੰਘ ਸੋਢੀ, ਵਪਾਰ ਮੰਡਲ ਮਾਨਸਾ ਪ੍ਰਧਾਨ ਪ੍ਰਦੀਪ ਗੋਇਲ, ਸਤਿੰਦਰ ਸਿੰਗਲਾ, ਪਠਾਨਕੋਟ ਦੇ ਪ੍ਰਧਾਨ ਐਲ ਆਰ ਸੋਡੀ, ਪਰਮਿੰਦਰ ਬਹਿਲ ਜਲੰਧਰ, ਹਰਮੇਸ਼ ਪੁਰੀ ਨਵਾਂ ਸ਼ਹਿਰ, ਬੱਬੂ ਨਈਅਰ ਨਵਾਂ ਸ਼ਹਿਰ ਅਤੇ ਬਲਵੀਰ ਭਸੀਨ ਅੰਮ੍ਰਿਤਸਰ ਨੇ ਮਜ਼ਦੂਰ ਆਗੂ ਵਿਜੇਤੀ ਰੈਡਵੋਕੇਟ ਨੂੰ ਦੋਸ਼ਾਲਾ ਪਹਿਨਾ ਕੇ ਸਨਮਾਨਿਤ ਕੀਤਾ। ਇਸ ਦੇ ਨਾਲ ਪੰਜਾਬ ਪ੍ਰਦੇਸ਼ ਵਪਾਰ ਮੰਡਲ ਨੇ ਕ੍ਰਾਂਤੀਕਾਰੀ ਭੱਠਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਪ੍ਰਵੀਨ ਕੁਮਾਰ ਸ਼ਰਮਾ ਅਤੇ ਪ੍ਰਾਈਵੇਟ ਸਕੂਲ ਬੱਸ ਡਰਾਈਵਰ ਯੂਨੀਅਨ ਦੇ ਪ੍ਰਧਾਨ ਰਜਿੰਦਰ ਸਿੰਘ ਨੂੰ ਵੀ ਸਨਮਾਨਿਤ ਕੀਤਾ। ਇਥੇ ਇਹ ਗੱਲ ਜ਼ਿਕਰਯੋਗ ਹੈ ਕਿ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਨੇ ਬੀਤੇ ਕੁੱਝ ਦਿਨ ਪਹਿਲਾਂ ਕਰਿਆਨਾ ਦੁਕਾਨਦਾਰਾਂ ਨੂੰ ਦਰਪੇਸ਼ ਸਮੱਸਿਆਵਾਂ ਦਾ ਤੁਰੰਤ ਸਮਾਧਾਨ ਕਰਨ ਦੀ ਮੰਗ ਨੂੰ ਲੈ ਕੇ ਪ੍ਰਧਾਨ ਮੰਤਰੀ ਅਤੇ ਪੰਜਾਬ ਦੇ ਮੁੱਖ ਮੰਤਰੀ ਨੂੰ ਚਿੱਠੀਆਂ ਪਾਈਆਂ ਸਨ।

# ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਦੇ ਬਲਾਕ ਦੀ ਮੀਟਿੰਗ



**ਦਿੜ੍ਹਬਾ (ਜਸਵੀਰ ਲਾਡੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਦੇ ਬਲਾਕ ਦੀ ਮੀਟਿੰਗ ਬਲਾਕ ਪ੍ਰਧਾਨ ਭਰਪੂਰ ਸਿੰਘ ਮੌੜਾਂ ਅਤੇ ਬਲਾਕ ਖ਼ਜ਼ਾਨਚੀ ਮਿਸ਼ਰਾ ਸਿੰਘ ਨਿਹਾਲਗੜ੍ਹ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਬਹੁ ਗਿਣਤੀ ਵਿੱਚ ਪਿੰਡ ਇਕਾਈਆਂ ਦੇ ਭਾਗ ਲਿਆ ਅਤੇ ਵਿਸ਼ੇਸ਼ ਤੌਰ 'ਤੇ ਸੂਬਾ ਅਤੇ ਜ਼ਿਲ੍ਹਾ ਆਗੂ ਸਹਿਬਾਨਾਂ ਨੇ ਸ਼ਿਰਕਤ ਕੀਤੀ। ਇਸ ਮੀਟਿੰਗ ਵਿੱਚ ਸੂਬਾ ਦੇ ਪ੍ਰੈਸ ਸਕੱਤਰ ਜਗਤਾਰ ਸਿੰਘ ਕਾਲਾਝਾੜ ਅਤੇ ਜ਼ਿਲ੍ਹਾ ਪ੍ਰਧਾਨ ਅਮਰੀਕ ਸਿੰਘ ਗੰਢੂਆਂ ਅਤੇ ਜਨਰਲ ਸਕੱਤਰ ਦਰਬਾਰਾ ਸਿੰਘ ਛਾਜਲਾ ਨੇ ਪਿੰਡ ਇਕਾਈਆਂ ਨੂੰ ਸੰਬੋਧਨ ਕੀਤਾ। ਅੱਜ ਦੀ ਮੀਟਿੰਗ ਦੇ ਮੁੱਖ ਏਜੰਡੇ ਹੇਠ ਲਿਖੇ ਅਨੁਸਾਰ ਹਨ : ਜਥੇਬੰਧਕ ਢਾਂਚੇ ਬਾਰੇ ਵਿਸਥਾਰਪੂਰਵਕ ਜਾਣਕਾਰੀ, ਪੁਰਾਣੇ ਫੰਡਾਂ ਸਬੰਧੀ ਜਾਣਕਾਰੀ, ਨਵੇਂ ਫੰਡ ਬਾਰੇ ਜਾਣਕਾਰੀ ਸਬੰਧੀ, ਮੰਡੀਆਂ ਚੋਂ ਪਏ ਝੋਨੇ ਦਾ ਵੇਰਵਾ, ਡੀ ਏ ਪੀ ਖਾਦ ਸਬੰਧੀ ਵੇਰਵੇ, ਝੋਨੇ ਦੀ ਰਹਿੰਦ ਖੂੰਹਦ (ਪਰਾਲੀ) ਨੂੰ ਅੱਗ ਲਗਾਉਣ ਸਬੰਧੀ ਪਏ ਪਰਚੇ ਅਤੇ ਜੁਰਮਾਨੇ ਸਬੰਧੀ। ਸੂਬਾ ਸਕੱਤਰ ਜਗਤਾਰ ਸਿੰਘ ਕਾਲਾਝਾੜ ਨੇ ਬਲਾਕ ਦਿੜ੍ਹਬਾ ਦੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰਾਂ ਦੀਆਂ ਨੀਤੀਆਂ ਲੋਕ ਮਾਰੂ ਹਨ, ਕੇਂਦਰ ਦੀ ਸਰਕਾਰ ਐਮ ਐਸ ਪੀ ਤੋਂ ਭੱਜ ਰਹੀ ਹੈ, ਐਫ਼ .ਸੀ .ਆਈ. ਤੋੜੀ ਜਾ ਚੁੱਕੀ ਹੈ ਆਉ ਸਾਰੇ ਰਲ ਮਿਲ ਕੇ ਜਥੇਬੰਦਕ ਹੋਈਏ ਤਾਕਤ ਇਕੱਠੀ ਕਰੀਏ ਤਾਂ ਕਿ ਸਰਕਾਰਾਂ ਨਾਲ ਲੜਿਆ ਜਾ ਸਕੇ। ਜ਼ਿਲ੍ਹਾ ਪ੍ਰਧਾਨ ਅਮਰੀਕ ਸਿੰਘ ਗੰਢੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਝੋਨੇ ਦੀ ਫ਼ਸਲ ਤੇ ਕਿਸਾਨਾਂ ਦੀ ਲੁੱਟ ਵੱਡੇ ਪੱਧਰ 'ਤੇ ਹੋਈ ਹੈ, ਅਫ਼ਸੋਸ ਕਿ ਕੋਈ ਵੀ ਕਿਸਾਨ ਲਿਖ ਕੇ ਦੇਣ ਨੂੰ ਤਿਆਰ ਨਹੀਂ। ਦੋਵੇਂ ਸਰਕਾਰਾਂ ਦੀ ਲਾਪਰਵਾਹੀ ਕਰਕੇ ਕਿਸਾਨਾਂ ਦੀ ਮੰਡੀਆਂ 'ਚ ਲੁੱਟ ਹੋਈ ਹੈ। ਜ਼ਿਲ੍ਹਾ ਜਨਰਲ ਸਕੱਤਰ ਦਰਬਾਰਾ ਸਿੰਘ ਛਾਜਲਾ ਨੇ ਕਿਹਾ ਕਿ ਜਿਹੜੇ ਤਿੰਨ ਕਾਲੇ ਕਾਨੂੰਨ ਤੁਸੀਂ ਰੱਦ ਕਰਵਾ ਕੇ ਆਏ ਸੀ, ਨੂੰ ਸਰਕਾਰ ਟੇਢੇ ਢੰਗ ਨਾਲ ਲਾਗੂ ਕਰਵਾਉਣ 'ਤੇ ਲੱਗੀ ਹੋਈ ਹੈ। ਇਸ ਮੀਟਿੰਗ ਵਿੱਚ ਚਰਨਜੀਤ ਸਿੰਘ ਘਨੌੜ ਸੰਤਪੁਰਾ, ਹਰਬੰਸ ਸਿੰਘ, ਰਾਜ ਸਿੰਘ ਦਿੜ੍ਹਬਾ, ਜੋਗਿੰਦਰ ਸਿੰਘ ਖੇੜੀ ਨਾਗਾ, ਜਸਵੰਤ ਸਿੰਘ ਸਮੂੰਰਾਂ, ਰਘਵੀਰ ਸਿੰਘ ਕੌਹਰੀਆਂ, ਪਰਮਜੀਤ ਸਿੰਘ ਛਾਹੜ, ਡਾ. ਭੁਪਿੰਦਰ ਸਿੰਘ ਢੰਡੋਲੀ ਕਲਾਂ, ਇਸਤਰੀ ਵਿੰਗ ਬਲਾਕ ਦਿੜ੍ਹਬਾ ਦੇ ਪ੍ਰਧਾਨ ਕੁਲਵਿੰਦਰ ਕੌਰ ਤੇ ਜਨਰਲ ਸਕੱਤਰ ਬਲਜੀਤ ਕੌਰ ਛਾਹੜ, ਸੁਖਵਿੰਦਰ ਕੌਰ ਛਾਹੜ, ਅਮਰਪਾਲ ਕੌਰ ਛਾਹੜ ਤੇ ਚਰਨਜੀਤ ਕੌਰ ਛਾਹੜ ਆਦਿ ਹਾਜ਼ਰ ਸਨ।

## ਸੀਬਾ ਤੇ ਹੋਲੀ ਮਿਸ਼ਨ ਇੰਟਰਨੈਸ਼ਨਲ ਪਬਲਿਕ ਸਕੂਲ ਦਾ ਸਾਲਾਨਾ ਖੇਡ ਸਮਾਰੋਹ



**ਲਹਿਰਾਗਾਗਾ (ਪਵਨ)**-ਸੀਬਾ ਤੇ ਹੋਲੀ ਮਿਸ਼ਨ ਇੰਟਰਨੈਸ਼ਨਲ ਪਬਲਿਕ ਸਕੂਲ, ਲਹਿਰਾਗਾਗਾ ਦਾ ਸਾਲਾਨਾ ਖੇਡ ਸਮਾਰੋਹ ਸ਼ਾਨੋ-ਸ਼ੌਕਤ ਨਾਲ ਸੰਪੰਨ ਹੋ ਗਿਆ।ਮੁੱਖ ਮਹਿਮਾਨ ਵਜੋਂ ਪੰਜਾਬ ਸਰਕਾਰ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਤੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਜੇਤੂ ਖਿਡਾਰੀਆਂ ਨੂੰ ਸਨਮਾਨਤ ਕੀਤਾ।ਸਕੂਲ ਦੇ ਵਿਦਿਆਰਥੀ ਪ੍ਰਤੀਨਿਧਾਂ ਕਰਨਦੀਪ ਸਿੰਘ, ਅਵਨੀਤ ਕੌਰ ਜਵਾਹਰਵਾਲਾ, ਸ਼ਗਨਪ੍ਰੀਤ ਕੌਰ, ਸਮਨਪ੍ਰੀਤ ਕੌਰ ਵਿਰਕ ਤੇ ਦਿਪਾਂਸ਼ ਪਾਈਪ-ਬੈਂਡ ਦੁਆਰਾ ਜੋਸ਼ ਭਰੇ ਮਾਰਚ ਸੰਗੀਤ ਦੇ ਨਾਲ ਇੱਕ ਸਥਿਰ ਤੇ ਸਮਕਾਲੀ ਪ੍ਰਭਾਵਸ਼ਾਲੀ ਮਾਰਚ ਪਾਸਟ ਵਿੱਚ ਮੁੱਖ ਮਹਿਮਾਨ ਨੂੰ ਸਲਾਮੀ ਦਿੱਤੀ ਗਈ।ਸਕੂਲ ਦੇ ਸਰਵੋਤਮ ਅਥਲੀਟਾਂ ਵੱਲੋਂ ਰਸਮੀ-ਜੋਤ ਜਗਾਈ ਗਈ।ਦੋਵੇਂ ਸਕੂਲਾਂ ਦੇ ਅੰਤਰ-ਹਾਊਸ ਖੇਡ ਮੁਕਾਬਲਿਆਂ ਵਿੱਚ ਕਬੱਡੀ, ਖੋ-ਖੋ, ਰੱਸਾਕਸ਼ੀ, ਹੈਂਡਬਾਲ, ਹਾਕੀ, ਲੰਬੀ ਛਾਲ ਸਮੇਤ ਵੱਖ-ਵੱਖ ਐਥਲੈਟਿਕਸ ਮੁਕਾਬਲੇ ਕਰਵਾਏ ਗਏ।ਚੀਮਾ ਨੇ ਕਿਹਾ ਕਿ ਤੰਦਰੁਸਤ ਸਰੀਰ ਅੰਦਰ ਤੰਦਰੁਸਤ ਮਨ ਦਾ ਵਾਸਾ ਹੁੰਦਾ ਹੈ।ਸਿੱਖਿਆ ਦਾ ਮਕਸਦ ਸਿਰਫ਼ ਅੱਖਰ ਗਿਆਨ ਹੀ ਨਹੀਂ, ਕਿਤਾਬਾਂ ਪੜ੍ਹ ਕੇ ਕੇਵਲ ਡਿਗਰੀਆਂ ਪ੍ਰਾਪਤ ਕਰਨ ਤੱਕ ਹੀ ਸੀਮਤ ਨਹੀਂ, ਵਿੱਦਿਆ ਦਾ ਕੰਮ ਵਿਦਿਆਰਥੀ ਦੇ ਵਿਅਕਤੀਤਵ ਦਾ ਸਰਬਪੱਖੀ ਵਿਕਾਸ ਕਰਨਾ ਹੈ।ਖੇਡਾਂ ਦਾ ਸਾਡੇ ਜੀਵਨ ਵਿਚ ਖ਼ਾਸ ਮਹੱਤਵ ਹੈ।ਇਨ੍ਹਾਂ ਨਾਲ ਜਿੱਥੇ ਸਰੀਰਕ ਤੇ ਮਾਨਸਿਕ ਵਿਕਾਸ ਹੁੰਦਾ ਹੈ, ਉੱਥੇ ਹੀ ਬੱਚਿਆਂ ਦਾ ਮਨੋਬਲ ਵੀ ਉੱਚਾ ਕਰਦੀਆਂ ਹਨ।ਇਸ ਮੌਕੇ ਸਕੂਲ ਪ੍ਰਬੰਧਕ ਕੰਵਲਜੀਤ ਸਿੰਘ ਢੀਂਡਸਾ ਨੇ ਖੇਡ-ਰਿਪੋਰਟ ਸਾਂਝੀ ਕਰਦਿਆਂ ਕਿਹਾ ਕਿ ਸੀਬਾ ਸਕੂਲ ਨੇ ਇਸ ਵਰ੍ਹੇ ਰਾਸ਼ਟਰ ਪੱਧਰ 'ਤੇ 38, ਪੰਜਾਬ ਭਰ 'ਚੋਂ 135 ਤੇ ਜ਼ਿਲ੍ਹਾ ਪੱਧਰ 'ਤੇ 268 ਮੈਡਲ ਹਾਸਲ ਕੀਤੇ ਹਨ।ਉਨ੍ਹਾਂ ਕਿਹਾ ਕਿ ਸਾਡਾ ਉਦੇਸ਼ ਵਿਦਿਆਰਥੀਆਂ ਦਾ ਬਹੁਪੱਖੀ ਵਿਕਾਸ ਕਰਨਾ ਹੈ।ਐੱਸ ਪੀ ਸੁਖਵਿੰਦਰ ਸਿੰਘ ਚੌਹਾਨ, ਡੀ ਐੱਸ ਪੀ ਦੀਪਿੰਦਰਪਾਲ ਸਿੰਘ ਜੇਜੀ, ਏ ਐਸ ਆਈ ਵਿਨੋਦ ਕੁਮਾਰ ਅਤੇ ਕੰਵਰਜੀਤ ਲੱਕੀ ਧਾਲੀਵਾਲ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਬੱਚਿਆਂ ਦੀ ਹੌਸਲਾ ਅਫ਼ਜਾਈ ਕੀਤੀ। ਇਸ ਮੌਕੇ ਮੈਡਮ ਅਮਨ ਢੀਂਡਸਾ, ਪ੍ਰਿੰਸੀਪਲ ਸੁਨੀਤਾ ਨੰਦਾ, ਖੇਡ ਇੰਚਾਰਜ ਨਰੇਸ਼ ਚੌਧਰੀ, ਹਰਵਿੰਦਰ ਸਿੰਘ ਤੇ ਸੁਭਾਸ਼ ਮਿੱਤਲ ਹਾਜ਼ਰ ਸਨ।

# ਕੇਂਦਰੀ ਸਰਕਾਰ ਦਾ ਪ੍ਰਸਤਾਵ ਰੱਦ ਕਰਨ ਲਈ ਪ੍ਰਧਾਨ ਮੰਤਰੀ ਨੂੰ ਭੇਜਿਆ ਮੰਗ ਪੱਤਰ



ਤਰਨ ਤਾਰਨ (ਪ੍ਰਿਤਪਾਲ ਸਿੰਘ)- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ.), ਸੀ ਪੀ ਆਈ ( ਐਮ ਐਲ) ਲਿਬਰੇਸ਼ਨ, ਐਮ ਸੀ ਪੀ ਆਈ-ਯੂ ਦੇ ਸੂਬਾਈ ਸੱਦੇ 'ਤੇ ਚੰਡੀਗੜ੍ਹ ਹਰਿਆਣਾ ਪ੍ਰਾਂਤ ਦੀ ਰਾਜਧਾਨੀ ਦੀ ਉਸਾਰੀ ਲਈ ਜਗ੍ਹਾ ਅਤੇ ਪੈਸੇ ਦਿੱਤੇ ਜਾਣ ਦੀ ਕੇਂਦਰੀ ਸਰਕਾਰ ਦਾ ਪ੍ਰਸਤਾਵ ਰੱਦ ਕਰਨ ਲਈ ਦੇਸ਼ ਦੇ ਪ੍ਰਧਾਨ ਮੰਤਰੀ ਦੇ ਨਾਂ 'ਤੇ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਤਰਨ ਤਾਰਨ ਰਾਹੀਂ ਮੰਗ ਪੱਤਰ ਭੇਜਿਆ ਗਿਆ, ਜਿਸ ਦੀ ਅਗਵਾਈ ਸੂਬਾ ਸਕੱਤਰ ਪਰਗਟ ਸਿੰਘ ਜਾਮਾਰਾਏ, ਜ਼ਿਲ੍ਹਾ ਸਕੱਤਰ ਮੁਖਤਾਰ ਸਿੰਘ ਮੱਲਾ, ਸੂਬਾਈ ਆਗੂ ਬਲਦੇਵ ਸਿੰਘ ਪੰਡੋਰੀ, ਦਲਜੀਤ ਸਿੰਘ ਦਿਆਲਪੁਰਾ, ਲਿਬਰੇਸ਼ਨ ਦੇ ਜ਼ਿਲ੍ਹਾ ਕਾਰਜਕਾਰੀ ਸਕੱਤਰ ਦਲਵਿੰਦਰ ਸਿੰਘ ਪੰਨੂ, ਬਲਵਿੰਦਰ ਸਿੰਘ ਗੋਹਲਵੜ ਨੇ ਕੀਤੀ। ਇਨ੍ਹਾਂ ਆਗੂਆਂ ਨੇ ਮੰਗ ਕਰਦਿਆਂ ਕਿਹਾ ਕਿ ਪੰਜਾਬ 'ਚ ਹਰਿਆਣਾ ਦੀ ਰਾਜਧਾਨੀ ਉਸਾਰਨ ਲਈ ਚੰਡੀਗੜ੍ਹ ਪ੍ਰਸ਼ਾਸਨ ਵਲੋਂ ਜ਼ਮੀਨ ਅਤੇ ਕੇਂਦਰ ਸਰਕਾਰ ਵਲੋਂ ਫੰਡ ਮੁਹੱਈਆ ਕਰਵਾਏ ਜਾਣ ਦਾ ਸਾਜ਼ਿਸ਼ੀ ਫੈਸਲਾ ਤੁਰੰਤ ਰੱਦ ਕੀਤਾ ਜਾਵੇ। ਇਨ੍ਹਾਂ ਆਗੂਆਂ ਨੇ ਕਿਹਾ ਕਿ ਉਕਤ ਫੈਸਲਾ ਨਾ ਕੇਵਲ ਚੰਡੀਗੜ੍ਹ 'ਤੇ ਪੰਜਾਬ ਦਾ ਅਧਿਕਾਰ ਹੋਣ ਦੀ ਸਰਵ ਪ੍ਰਵਾਨਿਤ ਰਾਇ ਦੀ ਸਰਾਸਰ ਉਲੰਘਣਾ ਹੈ, ਬਲਕਿ ਇਸ ਸਬੰਧੀ ਹੋਏ ਰਾਜੀਵ-ਲੌਂਗੋਵਾਲ ਸਮਝੌਤੇ ਸਮੇਤ ਹੁਣ ਤਾਈਂ ਬਣੀਆਂ ਸਾਰੀਆਂ ਸਹਿਮਤੀਆਂ ਨੂੰ ਵੀ ਉਲਟਾਉਣ ਵਾਲਾ ਹੈ। ਉਨ੍ਹਾਂ ਕਿਹਾ ਕਿ ਇਸ ਇਕਪਾਸੜ ਕਦਮ ਨਾਲ ਕੇਂਦਰ ਸਰਕਾਰ ਦੀ ਪੰਜਾਬ ਨਾਲ ਬਦਲਾਖੋਰੀ ਦੀ ਬਦਨੀਤ ਦੀ ਨਵੇਂ ਸਿਰਿਓਂ ਪੁਸ਼ਟੀ ਹੋ ਗਈ ਹੈ।

ਇਨ੍ਹਾਂ ਆਗੂਆਂ ਨੇ ਕਿਹਾ ਕਿ ਕੇਂਦਰੀ ਸਰਕਾਰ ਦਾ ਇਹ ਕਦਮ ਪੰਜਾਬ ਦੇ ਹਲਾਤ ਫਿਰ ਤੋਂ ਖਰਾਬ ਕਰਨ 'ਤੇ ਉਤਾਰੂ ਵੱਖਵਾਦੀ ਤੱਤਾਂ ਦੀਆਂ ਸਾਜ਼ਿਸ਼ਾਂ ਪੂਰ ਚੜ੍ਹਾਉਣ 'ਚ ਮਦਦਗਾਰ ਸਿੱਧ ਹੋਵੇਗਾ।ਇਨ੍ਹਾਂ ਆਗੂਆਂ ਨੇ ਮੰਗ ਕਰਦਿਆਂ ਕਿਹਾ ਕਿ ਪੰਜਾਬ ਨਾਲ ਸਬੰਧਤ ਬਾਕੀ ਰਹਿੰਦੇ ਸਾਰੇ ਮੁੱਦਿਆਂ ਦਾ ਹੱਲ ਕੀਤਾ ਜਾਵੇ। ਇਸ ਮੌਕੇ ਰੇਸ਼ਮ ਸਿੰਘ ਫੈਲੋਕੇ, ਕੁਲਦੀਪ ਸਿੰਘ ਉਸਮਾ, ਕਰਮ ਸਿੰਘ ਪੰਡੋਰੀ, ਝਿਲਮਣ ਸਿੰਘ ਬਾਣੀਆ, ਸੁੱਖਾ ਸਿੰਘ ਸਖੀਰਾ, ਜਸਪਾਲ ਸਿੰਘ ਜਸਪੱਤ ਆਦਿ ਹਾਜ਼ਰ ਸਨ।

# 25 ਸਾਲਾ ਨੌਜਵਾਨ ਦੀ ਭੇਦਭਰੇ ਹਾਲਾਤ 'ਚ ਮੌਤ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪੁਲਸ ਥਾਣਾ ਡੇਰਾ ਬਾਬਾ ਨਾਨਕ ਅੰਦਰ ਪੈਂਦੀ ਪੁਲਸ ਚੌਕੀ ਧਰਮਕੋਟ ਰੰਧਾਵਾ ਦੇ ਅਧੀਨ ਪੈਂਦੇ ਪਿੰਡ ਧਰਮਕੋਟ ਪੱਤਣ ਦੇ ਰਹਿਣ ਵਾਲੇ 25 ਸਾਲਾ ਨੌਜਵਾਨ ਨੂੰ ਪਿੰਡ ਝੰਗੀ ਦੇ ਦੋਸਤਾਂ ਨੇ ਘਰ ਬੁਲਾ ਕੇ ਕਤਲ ਕਰਨ ਦਾ ਮਾਮਲਾ ਪ੍ਰਾਪਤ ਹੋਇਆ ਹੈ।ਪੀੜਤ ਪਰਵਾਰ ਨੂੰ ਇਨਸਾਫ ਨਾ ਮਿਲਦਾ ਵੇਖ ਅੱਜ ਵੱਡੀ ਤਾਦਾਦ ਵਿੱਚ ਪਿੰਡ ਵਾਸੀਆਂ ਨੇ ਪੁਲਸ ਚੌਕੀ ਧਰਮਕੋਟ ਰੰਧਾਵਾ ਦਾ ਘਿਰਾਉ ਕੀਤਾ ਤੇ ਪੁਲਸ ਦੀ ਢਿੱਲੀ ਕਾਰਗੁਜ਼ਾਰੀ ਵਿਰੁੱਧ ਸਵਾਲੀਆ ਚਿੰਨ੍ਹ ਖੜ੍ਹੇ ਕੀਤੇ ਗਏ। ਜਾਣਕਾਰੀ ਦਿੰਦਿਆਂ ਹੋਇਆਂ ਮ੍ਰਿਤਕ ਨੌਜਵਾਨ ਦੀ ਮਾਤਾ ਰੋਜ਼ੀ ਨੇ ਦੱਸਿਆ ਕਿ ਮੇਰਾ ਬੇਟਾ ਸਚਿਨ ਮਸੀਹ ਪੁੱਤਰ ਬੱਗਾ ਮਸੀਹ ਜੋ ਕਿ ਪੀ ਡਬਲਿਊ ਡੀ ਵਿਭਾਗ ਵਿੱਚ ਨੌਕਰੀ ਕਰਦਾ ਸੀ ਤੇ ਉਹ ਆਪਣੀ ਡਿਊਟੀ ਗੁਰਦਾਸਪੁਰ ਵਿਖੇ ਨਿਭਾ ਰਿਹਾ ਸੀ। ਬੀਤੇ ਕੱਲ੍ਹ ਉਸ ਦੇ ਦੋਸਤ ਜੋ ਪਿੰਡ ਝੰਗੀ ਦੇ ਰਹਿਣ ਵਾਲੇ ਹਨ ,ਵੱਲੋਂ ਉਸ ਨੂੰ ਆਪਣੇ ਘਰ ਬੁਲਾ ਕੇ ਉਸ ਦਾ ਤੇਜ਼ਧਾਰ ਹਥਿਆਰਾਂ ਨਾਲ ਕਤਲ ਕਰ ਦਿੱਤਾ ਤੇ ਬਾਅਦ ਵਿੱਚ ਉਸ ਨੂੰ ਖੁਦ ਆਪ ਹੀ ਅੰਮ੍ਰਿਤਸਰ ਗੁਰੂ ਨਾਨਕ ਹਸਪਤਾਲ ਲੈ ਕੇ ਗਏ ਤੇ ਉਸ ਦੇ ਫੋਨ ਤੋਂ ਮੈਨੂੰ ਫੋਨ ਕੀਤਾ ਕਿ ਤੁਹਾਡੇ ਬੇਟੇ ਦੀ ਮੌਤ ਹੋ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਜਦ ਅਸੀਂ ਉਸ ਨੂੰ ਤੁਰੰਤ ਅੰਮ੍ਰਿਤਸਰ ਜਾ ਕੇ ਦੇਖਿਆ ਤਾਂ ਉਸ ਦੀ ਮੌਤ ਹੋ ਚੁੱਕੀ ਸੀ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਅਸੀਂ ਪੁਲਸ ਚੌਕੀ ਧਰਮਕੋਟ ਰੰਧਾਵਾ ਵਿੱਚ ਰਿਪੋਰਟ ਦਰਜ ਕਰਵਾਈ ਸੀ, ਪਰ ਪੁਲਸ ਦੋਸ਼ੀਆਂ 'ਤੇ ਕਾਰਵਾਈ ਕਰਨ ਦੀ ਬਜਾਏ ਟਾਲ ਮਟੋਲ ਕਰ ਰਹੀ ਹੈ। ਪੁਲਸ ਦੀ ਢਿੱਲੀ ਕਾਰਵਾਈ ਨੂੰ ਵੇਖਦਿਆਂ ਅੱਜ ਮ੍ਰਿਤਕ ਦੇ ਪਰਵਾਰਕ ਮੈਂਬਰਾਂ ਅਤੇ ਰਿਸ਼ਤੇਦਾਰਾਂ ਵੱਲੋਂ ਪੁਲਸ ਚੌਕੀ ਧਰਮਕੋਟ ਰੰਧਾਵਾ ਦਾ ਘਿਰਾਓ ਕੀਤਾ ਗਿਆ ਅਤੇ ਦੋਸ਼ੀਆਂ ਖਿਲਾਫ ਸਖਤ ਤੋਂ ਸਖਤ ਕਾਰਵਾਈ ਦੀ ਮੰਗ ਕੀਤੀ ਗਈ।ਇਸ ਸਬੰਧੀ ਜਦੋਂ ਪੱਤਰਕਾਰਾਂ ਵੱਲੋਂ ਪੁਲਸ ਥਾਣਾ ਡੇਰਾ ਬਾਬਾ ਨਾਨਕ ਦੇ ਐਸ ਐਚ ਓ ਅਮਰਜੀਤ ਮਸੀਹ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਮ੍ਰਿਤਕ ਦੀ ਮਾਤਾ ਰੋਜ਼ੀ ਦੇ ਬਿਆਨਾਂ ਦੇ ਅਧਾਰ 'ਤੇ ਦੋ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਗਿਆ ਹੈ। ਮ੍ਰਿਤਕ ਨੌਜਵਾਨ ਦਾ ਪੋਸਟਮਾਰਟਮ ਕਰਵਾ ਕੇ ਅਗਲੀ ਕਾਰਵਾਈ ਅਮਲ 'ਚ ਲਿਆਂਦੀ ਜਾ ਰਹੀ ਹੈ।

# ਭਾਰਤੀ ਕਮਿਊਨਿਸਟ ਪਾਰਟੀ ਬਲਾਕ ਤਰਸਿੱਕਾ ਦੀ ਮੀਟਿੰਗ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਭਾਰਤੀ ਕਮਿਊਨਿਸਟ ਪਾਰਟੀ ਬਲਾਕ ਤਰਸਿੱਕਾ ਦੀ ਮੀਟਿੰਗ ਕਾਮਰੇਡ ਨਿੰਦਰ ਸਿੰਘ ਸੈਦੋਲੇਲ ਦੀ ਪ੍ਰਧਾਨਗੀ ਹੇਠ ਅੱਡਾ ਖਜਾਲਾ ਵਿਖੇ ਹੋਈ। ਜਿਸ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਸਕੱਤਰ ਲੱਖਬੀਰ ਸਿੰਘ ਨਿਜਾਮਪੁਰ ਅਤੇ ਬਲਾਕ ਸਕੱਤਰ ਮੰਗਲ ਸਿੰਘ ਖਜਾਲਾ ਨੇ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਨਾਕਾਮੀਆਂ ਖਿਲਾਫ ਪਾਰਟੀ ਵੱਲੋਂ ਕੀਤੀਆਂ ਜਾ ਰਹੀਆਂ ਰੈਲੀਆਂ ਤਹਿਤ ਅੰਮ੍ਰਿਤਸਰ ਵਿਖੇ ਮਾਝਾ ਜ਼ੋਨ ਦੀ ਰੈਲੀ 16 ਦਸੰਬਰ ਨੂੰ ਡਿਪਟੀ ਕਮਿਸ਼ਨਰ ਦਫਤਰ ਸਾਹਮਣੇ ਕੀਤੀ ਜਾਵੇਗੀ। ਜਿਸ ਵਿੱਚ ਕੇਂਦਰ ਸਰਕਾਰ ਵੱਲੋਂ ਲਗਾਤਾਰ ਪੰਜਾਬ ਨਾਲ ਕੀਤੇ ਜਾ ਰਹੇ ਧੱਕੇ ਖਿਲਾਫ ਅਵਾਜ ਬੁਲੰਦ ਕੀਤੀ ਜਾਵੇਗੀ। ਜਿਸ ਵਿੱਚ ਚੰਡੀਗੜ੍ਹ ਪੰਜਾਬ ਹਵਾਲੇ ਕਰਨ, ਭਾਖੜਾ ਬਿਆਸ ਮੈਨੇਜਮੈਂਟ ਬੋਰਡ ਅਤੇ ਦਰਿਆਈ ਪਾਣੀਆਂ ਦੇ ਮਸਲੇ ਨੂੰ ਰਿਪੇਰੀਅਨ ਕਾਨੂੰਨ ਅਨੁਸਾਰ ਹੱਲ ਕਰਨ ਅਤੇ ਐਮ ਐਸ ਪੀ 'ਤੇ ਖਰੀਦ ਗਰੰਟੀ ਕਾਨੂੰਨ ਬਣਾਉਣ ਅਤੇ ਨਰੇਗਾ ਮਜ਼ਦੂਰਾਂ ਦਾ ਕੰਮ 200 ਦਿਨ ਕਰਨ ਅਤੇ ਦਿਹਾੜੀ 1000 ਰੁਪਏ ਕਰਨ ਦੀ ਮੰਗ ਕੀਤੀ ਜਾਵੇਗੀ। ਇਸ ਦੇ ਨਾਲ ਹੀ ਪੰਜਾਬ ਸਰਕਾਰ ਦੀ ਪਿਛਲੇ ਸਮੇਂ ਦੀ ਕਾਰਗੁਜ਼ਾਰੀ ਖਾਸ ਕਰਕੇ ਝੋਨੇ ਦੀ ਖਰੀਦ ਸਮੇਂ ਕਿਸਾਨਾਂ ਨਾਲ ਕੇਂਦਰ ਸਰਕਾਰ ਨਾਲ ਰਲ ਕੇ ਕੀਤੀ ਗਈ ਮੰਡੀਆਂ ਅੰਦਰ ਲੁੱਟ, ਨਸ਼ਿਆਂ ਦੇ ਲਗਾਤਾਰ ਵਧ ਰਹੇ ਰੁਝਾਨ ਅਤੇ ਅਮਨ ਕਾਨੂੰਨ ਦੀ ਲਗਾਤਾਰ ਖਰਾਬ ਹੋ ਰਹੀ ਹਾਲਤ ਖਿਲਾਫ ਅਵਾਜ਼ ਬੁਲੰਦ ਕੀਤੀ ਜਾਵੇਗੀ। ਇਸ ਰੈਲੀ ਵਿੱਚ ਤਰਸਿੱਕਾ ਬਲਾਕ ਵਿੱਚੋਂ ਵੱਡੀ ਗਿਣਤੀ ਵਿੱਚ ਕਿਸਾਨ, ਮਜ਼ਦੂਰ ਅਤੇ ਇਨਸਾਫ ਪਸੰਦ ਲੋਕ ਹਿੱਸਾ ਲੈਣਗੇ। ਇਸ ਦੇ ਨਾਲ ਹੀ 26 ਨਵੰਬਰ ਨੂੰ ਸੰਯੁਕਤ ਕਿਸਾਨ ਮੋਰਚੇ ਅਤੇ ਕੇਂਦਰੀ ਟਰੇਡ ਯੂਨੀਅਨਾਂ ਵੱਲੋਂ ਅੰਮ੍ਰਿਤਸਰ ਡੀ ਸੀ ਦਫਤਰ ਸਾਹਮਣੇ ਦਿੱਤੇ ਜਾ ਰਹੇ ਧਰਨੇ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਗਿਆ।ਮੀਟਿੰਗ ਨੂੰ ਮਾ. ਅਜ਼ਾਦ ਸਿੰਘ ਮਹਿਤਾ, ਸੁਖਬੀਰ ਸਿੰਘ ਜਲਾਲ, ਬੂਟਾ ਸਿੰਘ ਭੱਟੀਕੇ ਅਤੇ ਬਲਵਿੰਦਰ ਸਿੰਘ ਮਾਲੋਵਾਲ ਨੇ ਵੀ ਸੰਬੋਧਨ ਕੀਤਾ। ਇਸ ਸਮੇਂ ਹਰਬੰਸ ਸਿੰਘ ਮਹਿਤਾ, ਗੁਰਸੇਵਕ ਸਿੰਘ ਸੈਦੋਲੇਲ, ਸੋਹਣ ਸਿੰਘ ਭੀਲੋਵਾਲ, ਵਿਜੈ ਕੁਮਾਰ, ਗੁਰਮੀਤ ਸਿੰਘ, ਖਜਾਨ ਸਿੰਘ, ਅਵਤਾਰ ਸਿੰਘ, ਮਹਿੰਦਰ ਸਿੰਘ ਅਤੇ ਸੁੱਚਾ ਸਿੰਘ ਆਦਿ ਹਾਜ਼ਰ ਸਨ।

# ਨਵੀਆਂ ਚੁਣੀਆਂ ਪੰਚਾਇਤਾਂ ਨਿਰਪੱਖਤਾ ਨਾਲ ਕੰਮ ਕਰਨ : ਸ਼ਮਸ਼ੇਰ ਸਿੰਘ




ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਵਿਧਾਨ ਸਭਾ ਹਲਕਾ ਦੀਨਾਨਗਰ ਅੰਦਰ ਇਸ ਵਾਰ ਪੂਰੀ ਨਿਰਪੱਖਤਾ ਅਤੇ ਇਮਾਨਦਾਰੀ ਨਾਲ ਲੋਕਾਂ ਨੂੰ ਪੰਚਾਇਤਾਂ ਚੁਣਨ ਦਾ ਮੌਕਾ ਮਿਲਿਆ ਹੈ ਅਤੇ ਲੋਕਾਂ ਨੇ ਪੂਰੀ ਅਜ਼ਾਦੀ ਨਾਲ ਅਪਣੀ ਪਸੰਦ ਦੀਆਂ ਪੰਚਾਇਤਾਂ ਦੀ ਚੋਣ ਕੀਤੀ ਹੈ।ਹੁਣ ਚੁਣੀਆਂ ਗਈਆਂ ਪੰਚਾਇਤਾਂ ਦਾ ਵੀ ਫਰਜ਼ ਬਣਦਾ ਹੈ ਕਿ ਉਹ ਬਿਨਾਂ ਕਿਸੇ ਭੇਦਭਾਵ ਪੂਰੀ ਇਮਾਨਦਾਰੀ ਅਤੇ ਨਿਰਪੱਖਤਾ ਨਾਲ ਲੋਕਾਂ ਦੇ ਕੰਮ ਕਰਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਹਲਕੇ ਦੇ ਪਿੰਡ ਢਾਕੀ ਦੀ ਨਵੀਂ ਚੁਣੀ ਗਈ ਗ੍ਰਾਮ ਪੰਚਾਇਤ ਨੂੰ ਸਨਮਾਨਤ ਕਰਨ ਮੌਕੇ ਕੀਤਾ।

ਨਵੀਂ ਚੁਣੀ ਗਈ ਗਈ ਗ੍ਰਾਮ ਦੇ ਸਰਪੰਚ ਸੁਨੀਤਾ ਦੇਵੀ, ਮੈਂਬਰ ਪੰਚਾਇਤਾਂ ਨੀਲਮ ਦੇਵੀ, ਨੀਲਮ ਕੁਮਾਰੀ, ਕਮਲੇਸ਼ ਕੁਮਾਰੀ, ਸੁਖਵਿੰਦਰ ਸਿੰਘ, ਰਜਿੰਦਰ ਸਿੰਘ ਅਤੇ ਸਰਪੰਚ ਸੁਨੀਤਾ ਦੇਵੀ ਦੇ ਪਤੀ ਰਣਜੀਤ ਸਿੰਘ ਨੂੰ ਸਨਮਾਨਤ ਕਰਨ ਮੌਕੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਇਸ ਵਾਰ ਬਹੁਤੇ ਪਿੰਡਾਂ ਅੰਦਰ ਲੋਕਾਂ ਨੇ ਨਵੇਂ ਲੋਕਾਂ ਨੂੰ ਅੱਗੇ ਆਉਣ ਦਾ ਮੌਕਾ ਦਿੱਤਾ ਹੈ ਅਤੇ ਹੁਣ ਨਵੇਂ ਚੁਣੇ ਗਏ ਸਰਪੰਚਾਂ ਅਤੇ ਪੰਚਾਂ ਦਾ ਵੀ ਆਪਣੇ ਪਿੰਡ ਦੇ ਲੋਕਾਂ ਪ੍ਰਤੀ ਫਰਜ਼ ਬਣਦਾ ਹੈ ਕਿ ਉਹ ਪਿੰਡ ਦੇ ਲੋਕਾਂ ਦੀਆਂ ਉਮੀਦਾਂ 'ਤੇ ਖਰੇ ਉੱਤਰਨ ਅਤੇ ਲੋਕਾਂ ਦੀਆਂ ਆਸਾਂ ਉਮੀਦਾਂ ਮੁਤਾਬਕ ਇਮਾਨਦਾਰੀ ਨਾਲ ਕੰਮ ਕਰਕੇ ਪਿੰਡ ਦਾ ਸਰਵਪੱਖੀ ਵਿਕਾਸ ਕਰਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪਿੰਡਾਂ ਨੂੰ ਵਿਕਾਸ ਕਾਰਜਾਂ ਲਈ ਫੰਡਾਂ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਪੰਜਾਬ ਦੇ ਪਿੰਡਾਂ ਦਾ ਬਿਨਾਂ ਕਿਸੇ ਪੱਖਪਾਤ ਸਰਵਪੱਖੀ ਵਿਕਾਸ ਕਰਵਾਇਆ ਜਾਵੇਗਾ।

# ਸਿੱਧੂ ਹਸਪਤਾਲ ਟਾਹਲੀ ਸਾਹਿਬ 'ਚ ਘੱਟ ਰੇਟਾਂ 'ਤੇ ਅਪਰੇਸ਼ਨ ਕੈਂਪ ਲਗਾਏ ਜਾਣਗੇ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਸਿੱਧੂ ਹਸਪਤਾਲ ਟਾਹਲੀ ਸਾਹਿਬ ਵੱਲੋਂ ਮਰੀਜ਼ਾਂ ਦੀ ਸਹੂਲਤ ਲਈ ਕਦਮ ਚੁੱਕਦਿਆਂ ਘੱਟ ਰੇਟਾਂ 'ਤੇ ਅਪਰੇਸ਼ਨ ਕੈਂਪ ਸ਼ੁਰੂ ਕੀਤਾ ਗਿਆ ਹੈ ਜੋ 20 ਫਰਵਰੀ ਤੱਕ ਚੱਲੇਗਾ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਹਸਪਤਾਲ ਦੇ ਪ੍ਰਬੰਧਕ ਡਾ. ਅਵਤਾਰ ਸਿੰਘ ਨੇ ਦੱਸਿਆ ਕਿ ਇਸ ਅਪਰੇਸ਼ਨ ਕੈਂਪ ਦੌਰਾਨ ਪਿੱਤੇ ਦੀ ਪੱਥਰੀ, ਬੱਚੇਦਾਨੀ ਦਾ ਅਪਰੇਸ਼ਨ, ਰਸੌਲੀਆਂ ਦਾ ਅਪਰੇਸ਼ਨ, ਵੱਡਾ ਅਪਰੇਸ਼ਨ (ਸਿਜ਼ੇਰੀਅਨ), ਹਰਨੀਆਂ ਦਾ ਅਪਰੇਸ਼ਨ, ਗਦੂਦਾਂ ਦਾ ਅਪਰੇਸ਼ਨ, ਪੱਥਰੀਆਂ ਦਾ ਅਪਰੇਸ਼ਨ, ਬਵਾਸੀਰ ਦਾ ਅਪਰੇਸ਼ਨ ਸਿਰਫ 13 ਹਜ਼ਾਰ ਰੁਪਏ ਵਿੱਚ ਕੀਤੇ ਜਾਣਗੇ।

ਇਸ ਤੋਂ ਇਲਾਵਾ ਕੋਈ ਵੀ ਹੋਰ ਖਰਚਾ ਨਹੀਂ ਲੱਗੇਗਾ। ਇਹ ਕੈਂਪ ਸਿਰਫ 20 ਨਵੰਬਰ ਤੋਂ ਲੈ ਕੇ 20 ਫਰਵਰੀ ਤੱਕ ਹੀ ਚਲੇਗਾ। ਡਾਕਟਰ ਅਵਤਾਰ ਸਿੰਘ ਨੇ ਇਲਾਕੇ ਦੇ ਲੋੜਵੰਦਾਂ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਕੈਂਪ ਦਾ ਲਾਹਾ ਲੈਣ।

ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਐਕਸਰੇ ਅਤੇ ਟੈਸਟਾਂ ਵਿੱਚ ਵੀ ਛੋਟ ਦਿੱਤੀ ਜਾ ਰਹੀ ਹੈ।

# ਪਿੰਡ ਦੇ ਵਿਕਾਸ ਨੂੰ ਤਰਜੀਹ ਦੇਣਾ ਮੇਰਾ ਪਹਿਲਾ ਫਰਜ਼ : ਸਰਪੰਚ ਬਲਜੀਤ ਸਿੰਘ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਪਿੰਡ ਦੇ ਵਿਕਾਸ ਨੂੰ ਸਭ ਤੋਂ ਪਹਿਲਾਂ ਤਰਜੀਹ ਦੇਣਾ, ਪਿੰਡ ਦੇ ਵਿਕਾਸ ਨੂੰ ਬਿਨਾਂ ਕਿਸੇ ਭੇਦਭਾਵ ਤੋਂ ਕਰਵਾਉਣਾ ਅਤੇ ਹਰ ਵਿਅਕਤੀ ਦੇ ਨਾਲ ਇਨਸਾਫ ਕਰਨਾ ਮੇਰਾ ਪਹਿਲਾ ਫਰਜ਼ ਹੈ। ਇਨਾਂ ਸ਼ਬਦਾਂ ਦਾ ਪ੍ਰਗਟਾਵਾ ਪਿੰਡ ਕੋਟਲੀ ਨਵੀਂ ਆਬਾਦੀ ਦੇ ਨਵੇਂ ਚੁਣੇ ਸਰਬ ਸੰਮਤੀ ਨਾਲ ਸਰਪੰਚ ਬਲਜੀਤ ਸਿੰਘ ਪੁੱਤਰ ਸਰਵਨ ਸਿੰਘ ਵੱਲੋਂ ਕੀਤਾ ਗਿਆ।

ਗੱਲਬਾਤ ਦੌਰਾਨ ਸਰਪੰਚ ਬਲਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਸਰਬ ਸੰਮਤੀ ਨਾਲ ਚੋਣ ਹੋਈ ਹੈ, ਜਿਸ ਵਿੱਚ ਉਨ੍ਹਾਂ ਦੇ ਨਾਲ ਬੁਆ ਸਿੰਘ, ਬਲਜੀਤ ਸਿੰਘ, ਗੁਰਮੀਤ ਮਸੀਹ, ਕੁਲਜੀਤ ਕੌਰ, ਸੰਦੀਪ ਸੈਣੀ, ਮੈਂਬਰ ਪੰਚਾਇਤ ਬਣੇ।ਉਨ੍ਹਾਂ ਕਿਹਾ ਕਿ ਬਿਨਾਂ ਕਿਸੇ ਪੱਖਪਾਤ ਤੋਂ ਪਿੰਡ ਦਾ ਵਿਕਾਸ ਕਾਰਜ ਕਰਵਾਇਆ ਜਾਵੇਗਾ ਅਤੇ ਹਰੇਕ ਪਿੰਡ ਦੇ ਵੋਟਰ ਸਪੋਰਟਰ ਨੂੰ ਹਰ ਤਰ੍ਹਾਂ ਦੀ ਸਰਕਾਰ ਵੱਲੋਂ ਮਿਲਣ ਵਾਲੀ ਸਹੂਲਤ ਮੁਹੱਈਆ ਕਰਵਾਈ ਜਾਵੇਗੀ। ਇਸ ਮੌਕੇ ਸਰਪੰਚ ਬਲਜੀਤ ਸਿੰਘ ਨੇ ਆਪਣੇ ਸਮੂਹ ਵੋਟਰਾਂ ਸਪੋਰਟਰਾਂ ਤੇ ਸਮਰਥਕਾਂ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ ਤੇ ਕਿਹਾ ਕਿ ਉਨ੍ਹਾਂ ਨੂੰ ਦਿੱਤੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਆਪਣੇ ਵੋਟਰਾਂ ਸਪੋਟਰਾਂ ਤੇ ਸਮਰਥਕਾਂ ਦੇ ਹਮੇਸ਼ਾ ਹੀ ਸ਼ੁਕਰਗੁਜ਼ਾਰ ਰਹਿਣਗੇ।

ਇਸ ਮੌਕੇ ਉਨ੍ਹਾਂ ਦੇ ਨਾਲ ਹੋਰਨਾਂ ਤੋਂ ਇਲਾਵਾ ਮੱਖਣ ਸਿੰਘ, ਤਰਲੋਕ ਸਿੰਘ, ਸਲਵਿੰਦਰ ਸਿੰਘ, ਲਖਵਿੰਦਰ ਸਿੰਘ, ਗੁਰਬਚਨ ਸਿੰਘ, ਸੁਰਜੀਤ ਸਿੰਘ, ਅਵਤਾਰ ਸਿੰਘ, ਪ੍ਰੇਮ ਸਿੰਘ, ਬੂਆ ਸਿੰਘ, ਜਤਿੰਦਰ ਸਿੰਘ, ਨਰਿੰਦਰ ਸਿੰਘ ਮਹਿੰਦਰ ਸਿੰਘ, ਤਰਸਵੀਰ ਸਿੰਘ ਆਦਿ ਹਾਜ਼ਰ ਸਨ।

# ਡੇਅਰੀ ਵਿਕਾਸ ਵਿਭਾਗ ਨੇ ਲਗਾਇਆ ਦੁੱਧ ਉਤਪਾਦਕ ਜਾਗਰੂਕਤਾ ਕੈਂਪ



ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ ) - ਪਿੰਡ ਢੋਟੀਆਂ ਬਲਾਕ ਨੌਸ਼ਹਿਰਾ ਪੰਨੂਆਂ ਵਿਖੇ ਦੁੱਧ ਉਤਪਾਦਕ ਜਾਗਰੂਕਤਾ ਕੈਂਪ ਲਗਾਇਆ ਗਿਆ।ਇਸ ਕੈਂਪ ਵਿੱਚ ਆਏ ਹੋਏ ਡੇਅਰੀ ਫਾਰਮਰਾਂ ਨੂੰ ਡਾ. ਨਰਪਿੰਦਰ ਸਿੰਘ, ਰਿਟਾ. ਸੀਨੀਅਰ ਵੈਟਨਰੀ ਅਫਸਰ ਵੱਲੋਂ ਪਸ਼ੂਆਂ ਦੀਆਂ ਬਿਮਾਰੀਆਂ ਅਤੇ ਸਾਂਭ ਸੰਭਾਲ ਬਾਰੇ ਜਾਣਕਾਰੀ ਦਿੱਤੀ ਗਈ।

ਗੁਰਦਿਆਲ ਸਿੰਘ ਕਾਹਲੋਂ ਰਿਟਾ. ਡੇਅਰੀ ਵਿਕਾਸ ਇੰਸਪੈਕਟਰ ਨੇ ਕੈਟਲ ਸ਼ੈਡ/ ਦੁੱਧ ਦੀ ਬਣਤਰ ਅਤੇ ਸਾਂਭ ਸੰਭਾਲ ਬਾਰੇ ਜਾਣਕਾਰੀ ਦਿੱਤੀ ਅਤੇ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਵਰਿਆਮ ਸਿੰਘ ਗਿੱਲ ਨੇ ਵਿਭਾਗੀ ਸਕੀਮਾਂ 2 ਤੋਂ 20 ਦੁਧਾਰੂ ਪਸ਼ੂਆਂ ਦੇ ਕਰਜ਼ੇ, ਸਬਸਿਡੀਆਂ, ਐਨ. ਐਲ. ਐਮ. ਸਕੀਮ ਅਧੀਨ ਪਸ਼ੂਆਂ ਦੇ ਬੀਮੇ ਸਬੰਧੀ ਦੱਸਿਆ।ਕੰਵਲਜੀਤ ਸਿੰਘ, ਡੇਅਰੀ ਵਿਕਾਸ ਸਬ ਇੰਸਪੈਕਟਰ, ਕਰਨਦੀਪ ਭਗਤ ਡੇਅਰੀ ਇੰਸਪੈਕਟਰ, ਤਜਿੰਦਰ ਸਿੰਘ, ਬਲਬੀਰ ਸਿੰਘ ਅਤੇ ਪਿੰਡ ਦੇ ਵਸਨੀਕ ਰਸ਼ਪਾਲ ਸਿੰਘ ਵੱਲੋਂ ਕੈਂਪ ਦਾ ਯੋਗ ਪ੍ਰਬੰਧ ਕੀਤਾ ਗਿਆ। ਪਿੰਡ ਢੋਟੀਆਂ ਦੇ ਸਰਪੰਚ ਹਰਜਿੰਦਰ ਸਿੰਘ ਵੱਲੋਂ ਡੇਅਰੀ ਵਿਕਾਸ ਵਿਭਾਗ ਦੇ ਆਏ ਹੋਏ ਅਫਸਰਾਂ ਦਾ ਧੰਨਵਾਦ ਕੀਤਾ ਗਿਆ।

## ਵਿਦਿਆਰਥਣ ਜਸਮੀਨ ਕੌਰ ਨੇ ਸਿਲਵਰ ਮੈਡਲ ਜਿੱਤਿਆ

ਧੂਰੀ (ਸੁਖਦੇਵ)- ਬੀਤੇ ਦਿਨੀਂ ਪੰਜਾਬ ਸਕੂਲ ਸਟੇਟ ਲੈਵਲ ਦੀਆਂ ਖੇਡਾਂ ਲੁਧਿਆਣਾ ਵਿਖੇ ਹੋਈਆਂ।



ਇਨ੍ਹਾਂ ਖੇਡਾਂ ਵਿੱਚ ਭਾਗ ਲੈਂਦਿਆਂ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਬਰੜਵਾਲ ਧੂਰੀ ਦੀ ਬਾਰ੍ਹਵੀਂ ਜਮਾਤ ਦੀ ਵਿਦਿਆਰਥਣ ਜਸਮੀਨ ਕੌਰ ਨੇ ਸ਼ਾਟਪੁਟ ਅੰਡਰ 19 ਵਿੱਚ ਸਿਲਵਰ ਮੈਡਲ ਜਿੱਤ ਕੇ ਸਕੂਲ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ। ਇਸ ਮੌਕੇ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਬਰੜਵਾਲ ਦੇ ਪ੍ਰਿੰਸੀਪਲ ਸਤਬੀਰ ਸਿੰਘ ਨੇ ਵਿਦਿਆਰਥਣ ਜਸਮੀਨ ਕੌਰ ਦਾ ਸਨਮਾਨ ਕਰਦਿਆਂ ਮੁਬਾਰਕਵਾਦ ਦਿੱਤੀ ਅਤੇ ਪ੍ਰਿੰਸੀਪਲ ਸਤਵੀਰ ਸਿੰਘ ਨੇ ਕਿਹਾ ਕਿ ਸਕੂਲ ਲਈ ਇਹ ਬਹੁਤ ਖੁਸ਼ੀ ਦੀ ਗੱਲ ਹੈ ਕਿ ਸੂਬਾ ਪੱਧਰ 'ਤੇ ਹੋਈਆਂ ਇਹਨਾਂ ਖੇਡਾ ਵਿੱਚ ਜਸਮੀਨ ਕੌਰ ਨੇ ਸਕੂਲ ਦਾ ਨਾਮ ਚਮਕਾਇਆ ਹੈ।ਇਸ ਮੌਕੇ ਟਰੱਸਟ ਦੇ ਚੇਅਰਮੈਨ ਪਰਮਜੀਤ ਸਿੰਘ ਗਿੱਲ ਨੇ ਵਿਦਿਆਰਥਣ ਜਸਮੀਨ ਕੌਰ ਦੇ ਚੰਗੇ ਭਵਿੱਖ ਦੀ ਕਾਮਨਾ ਕਰਦਿਆਂ ਮੁਬਾਰਕਵਾਦ ਦਿੱਤੀ। ਇਸ ਮੌਕੇ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਬਰੜਵਾਲ ਦੇ ਵਾਇਸ ਪ੍ਰਿੰਸੀਪਲ ਬਿਨੋਏ ਪੀ ਕੇ ਨੇ ਵੀ ਵਿਦਿਆਰਥਣ ਜਸਮੀਨ ਕੌਰ ਨੂੰ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ।

## ਅੱਜ ਬਿਜਲੀ ਬੰਦ ਰਹੇਗੀ

**ਫਤਿਹਾਬਾਦ (ਸੰਧਾ)**-ਉਪ ਮੰਡਲ ਅਫਸਰ 66 ਕੇ ਵੀ ਫਤਿਹਾਬਾਦ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਫਤਿਹਾਬਾਦ ਸਟੇਸ਼ਨ ਦੀ ਮੇਂਟੀਨੈਂਸ ਕਰਕੇ 22 ਨਵੰਬਰ ਨੂੰ ਫਤਿਹਾਬਾਦ, ਭਰੋਵਾਲ, ਵੇਈਂਪੁਈ, ਖਵਾਸਪੁਰ ਦੀ ਬਿਜਲੀ ਸਪਲਾਈ ਸਵੇਰ 10 ਵਜੇ ਤੋਂ ਸ਼ਾਮ 4 ਵਜੇ ਤੱਕ ਬੰਦ ਰਹੇਗੀ।

## 26 ਨੂੰ ਡੀ ਸੀ ਦਫਤਰਾਂ ਦੇ ਮੁਜ਼ਾਹਰੇ 'ਚ ਸ਼ਾਮਲ ਹੋਣ ਦਾ ਸੱਦਾ

ਝਬਾਲ (ਹਰਜਿੰਦਰ ਸਿੰਘ ਸੋਨੀ)-ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੀ ਪਿੰਡ ਝਬਾਲ ਵਿਖੇ ਭਰਵੀਂ ਮੀਟਿੰਗ ਹੋਈ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਮਾਝਾ ਜ਼ੋਨ ਦੇ ਇੰਚਾਰਜ



ਜਸਬੀਰ ਸਿੰਘ ਝਬਾਲ ਨੇ ਕਿਹਾ ਕਿ ਤਿੰਨਾਂ ਜਥੇਬੰਦੀਆਂ ਸੀਟੂ, ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ, ਕੁਲ ਹਿੰਦ ਕਿਸਾਨ ਸਭਾ ਵਲੋਂ 26 ਨਵੰਬਰ ਨੂੰ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਡੀ ਸੀ ਦਫ਼ਤਰ ਜ਼ਿਲ੍ਹਾ ਕਚਹਿਰੀਆਂ ਵਿੱਚ ਹੋਣ ਜਾ ਰਹੇ ਮੁਜ਼ਾਹਰੇ ਵਿੱਚ ਸ਼ਾਮਿਲ ਹੋਣ ਦਾ ਸੱਦਾ ਦਿੱਤਾ ਗਿਆ।ਜਥੇਬੰਦੀ ਵਲੋਂ ਪਿੰਡ ਵਿੱਚ ਸੱਤ ਮੈਂਬਰੀ ਕਮੇਟੀ ਦੀ ਚੋਣ ਕੀਤੀ ਗਈ। ਜਿਸ ਵਿੱਚ ਮਨਜੀਤ ਸਿੰਘ ਪ੍ਰਧਾਨ ਅਤੇ ਜਨਰਲ ਸਕੱਤਰ ਪ੍ਰਗਟ ਸਿੰਘ, ਸਕੱਤਰ ਸਰਬਜੀਤ ਸਿੰਘ ਅਤੇ ਪ੍ਰਚਾਰ ਸਕੱਤਰ ਸੁਖਦਿਆਲ ਸਿੰਘ ਚੁਣੇ ਗਏ। ਵਰਿਆਮ ਸਿੰਘ ਨੂੰ ਵਿੱਤ ਸਕੱਤਰ ਚੁਣਿਆ ਗਿਆ।ਭਰਾਤਰੀ ਜਥੇਬੰਦੀ ਵਲੋਂ ਐਡਵਾਂ ਦੀ ਜਨਰਲ ਸਕੱਤਰ ਹਰਪ੍ਰੀਤ ਕੌਰ ਝਬਾਲ ਨੇ ਭਰਾਤਰੀ ਸੰਦੇਸ਼ ਦਿੱਤਾ ਗਿਆ।

## ਲਾਰੈਂਸ ਸਕੂਲ ਦੇ ਵਿਦਿਆਰਥੀਆਂ ਨੈਤਿਕ ਸਿੱਖਿਆ ਇਮਤਿਹਾਨ 'ਚ ਲਿਆ ਹਿੱਸਾ

ਬਾਘਾ ਪੁਰਾਣਾ (ਮਨੀ ਸਿੰਗਲਾ)- ਗੁਰੂ ਗੋਬਿੰਦ ਸਿੰਘ ਜੀ ਸਟੱਡੀ ਸਰਕਲ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 555ਵੇਂ ਪ੍ਰਕਾਸ਼ ਪੁਰਬ ਮੌਕੇ ਜ਼ੋਨਲ ਪੱਧਰ 'ਤੇ ਨੈਤਿਕ ਸਿੱਖਿਆ



ਇਮਤਿਹਾਨ ਦਾ ਆਯੋਜਨ ਕੀਤਾ ਗਿਆ। ਇਸ ਮੁਕਾਬਲੇ ਵਿਚ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਲਾਰੈਂਸ ਇੰਨਰਨੈਸ਼ਨਲ ਕਾਨਵੈਂਟ ਸਕੂਲ ਨੇ ਵੀ ਇਸ ਸਮਾਗਮ ਵਿਚ ਹਿੱਸਾ ਲਿਆ। ਉਨ੍ਹਾਂ ਵਿਦਿਆਰਥੀਆਂ ਦੀ ਪ੍ਰੀਖਿਆ ਦੀ ਤਿਆਰੀ ਲਈ ਕਿਤਾਬਾਂ ਮੁਹੱਈਆ ਕਰਵਾਈਆਂ। ਅਧਿਆਪਕਾਂ ਨੇ ਕਲਾਸਾਂ ਵਿਚ ਵਿਦਿਆਰਥੀਆਂ ਦਾ ਮਾਰਗਦਰਸ਼ਨ ਵੀ ਕੀਤਾ। ਉਨ੍ਹਾਂ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਹਰ ਸੰਕਲਪ ਸਮਝਾਇਆ।

ਸਾਨੂੰ ਇਹ ਦੱਸਦੇ ਹੋਏ ਬਹੁਤ ਮਾਣ ਮਹਿਸੂਸ ਹੋ ਰਿਹਾ ਹੈ ਕਿ ਅਸੀਂ ਜ਼ੋਨਲ ਪੱਧਰ 'ਤੇ ਮੈਰਿਟ ਲਿਸਟ ਵਿਚੋਂ ਦੋ ਬੱਚੇ ਸਤਨਾਮ ਸਿੰਘ, ਰਣਜੋਤ ਸਿੰਘ ਉਤਸ਼ਾਹ ਵਧਾਓ ਇਨਾਮ ਵਿਚ ਅੱਠਵੀਂ ਜਮਾਤ ਦੇ ਤੇਗਵਿੰਦਰ ਸਿੰਘ, ਸਤਨਾਮ ਸਿੰਘ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।

ਦਸਵੀਂ ਕਲਾਸ ਦੀ ਤਨੀਸ਼ਾ ਨੇ ਮੈਰਿਟ ਲਿਸਟ ਵਿਚੋਂ ਤੀਸਰਾ ਸਥਾਨ ਹਾਸਲ ਕੀਤਾ। ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵਲੋਂ ਵਿਦਿਆਰਥੀਆਂ ਦੀ ਮਿਹਨਤ ਦੀ ਸ਼ਲਾਘਾ ਕੀਤੀ ਅਤੇ ਟਰਾਫੀਆਂ ਦੇ ਕੇ ਸਨਮਾਨਤ ਕੀਤਾ।

# ਗੁਰਦੀਪ ਸਿੰਘ ਰੰਧਾਵਾ ਨੇ ਕੀਤਾ ਵੋਟਰਾਂ ਦਾ ਧੰਨਵਾਦ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ) ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਸਰਦਾਰ ਗੁਰਦੀਪ ਸਿੰਘ ਰੰਧਾਵਾ ਵੱਲੋਂ ਅੱਜ ਹਲਕਾ ਡੇਰਾ ਬਾਬਾ ਨਾਨਕ ਦੇ ਸਮੂਹ ਵੋਟਰਾਂ ਦਾ ਧੰਨਵਾਦ ਕੀਤਾ ਗਿਆ। ਉਹਨਾਂ ਕਿਹਾ ਕਿ ਮੈਂ ਹਲਕਾ ਡੇਰਾ ਬਾਬਾ ਨਾਨਕ ਦੇ ਸਮੂਹ ਵੋਟਰਾਂ, ਸਪੋਟਰਾਂ, ਸੱਜਣਾ ਮਿੱਤਰਾਂ ,ਪੋਲਿੰਗ ਏਜੈਂਟਾਂ,ਅਤੇ ਬੂਥ ਇੰਚਾਰਜਾਂ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ ਜਿਨਾਂ ਨੇ ਬਿਨਾਂ ਕਿਸੇ ਡਰ ਬਿਨਾਂ ਕਿਸੇ ਲਾਲਚ ਤੋ ਆਪਣੀ ਵੋਟ ਦੇ ਹੱਕ ਦਾ ਇਸਤੇਮਾਲ ਕੀਤਾ ਹੈ। ਉਨਾਂ ਵਿਸ਼ੇਸ਼ ਤੌਰ ਤੇ ਪਾਰਟੀ ਦੀ ਸੀਨੀਅਰ ਲੀਡਰਸ਼ਿਪ,ਅਤੇ ਧਾਰਮਿਕ ਆਗੂਆਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਚੋਣ ਪ੍ਰਚਾਰ ਕਰਦਿਆਂ ਇਹਨਾਂ ਆਗੂਆਂ ਨੇ ਮੇਰੇ ਸਿਰ ਤੇ ਮਿਹਰ ਭਰਿਆ ਹੱਥ ਰੱਖ ਕੇ ਮੈਨੂੰ ਜ਼ਿੰਮਨੀ ਚੋਣ ਲੜਣ ਦੀ ਤਾਕਤ ਬਖਸ਼ੀ ਹੈ ,ਮੈਂ ਸਦਾ ਹੀ ਇਹਨਾਂ ਦਾ ਰਿਣੀ ਰਹਾਂਗਾ। ਉਹਨਾਂ ਕਿਹਾ ਕਿ ਮੈਂ ਪਰਮਾਤਮਾ ਅੱਗੇ ਅਰਦਾਸ ਕਰਦਾ ਹਾਂ ਕਿ ਪਰਮਾਤਮਾ 23 ਤਰੀਕ ਨੂੰ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਫਤਵਾ ਦੇਣ ਤਾਂ ਜੋ ਮੈਂ ਹਲਕਾ ਡੇਰਾ ਬਾਬਾ ਨਾਨਕ ਦੇ ਲੋਕਾਂ ਦੀ ਸੇਵਾ ਕਰ ਸਕਾਂ ਅਤੇ ਹਲਕੇ ਦਾ ਵਿਕਾਸ ਕਰਾ ਕੇ ਹਲਕੇ ਦੀ ਨੁਹਾਰ ਬਦਲ ਸਕਾਂ।

# ਲਹਿੰਦੇ ਪੰਜਾਬ ਦੇ ਪੰਜਾਬੀ ਸਾਹਿਤ 'ਚ ਚੜ੍ਹਦੇ ਪੰਜਾਬ ਵਾਂਗ ਵਧੇਰੇ ਵਿਕਸਤ ਆਧਾਰ ਨਹੀਂ: ਧਾਮੀ



**ਅੰਮ੍ਰਿਤਸਰ ( ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ** )-ਖ਼ਾਲਸਾ ਕਾਲਜ ਅੰਮ੍ਰਿਤਸਰ ਵਿਖੇ 1947 ਦੀ ਵੰਡ ਨੂੰ ਸਮਰਪਿਤ 9ਵੇਂ ਅੰਮ੍ਰਿਤਸਰ ਸਾਹਿਤ ਉਤਸਵ ਅਤੇ ਪੁਸਤਕ-ਮੇਲੇ ਦੇ ਤੀਜੇ ਦਿਨ ਵੱਖ-ਵੱਖ ਪੈਨਲ ਚਰਚਾ ਰਾਹੀਂ ਸੰਤਾਲੀ ਦੀ ਵੰਡ ਦੇ ਕਾਰਨ ਅਤੇ ਇਸ ਦੇ ਪ੍ਰਭਾਵਾਂ ਬਾਰੇ ਵਿਚਾਰ ਚਰਚਾ ਕੀਤੀ ਗਈ। ਤੀਜੇ ਦਿਨ ਦਾ ਆਰੰਭ ਸੰਤਾਲੀ ਦੀ ਵੰਡ: ਸਾਹਿਤ, ਇਤਿਹਾਸ ਅਤੇ ਰਾਜਨੀਤੀ ਸਿਰਲੇਖ ਨਾਲ ਸ਼ੁਰੂ ਹੋਇਆ। ਇਸ ਸੈਸ਼ਨ ਦੇ ਸ਼ੁਰੂਆਤ ਵਿਚ ਵਿਭਾਗ ਦੇ ਮੁਖੀ ਡਾ. ਆਤਮ ਸਿੰਘ ਰੰਧਾਵਾ ਅਤੇ ਡਾ. ਹੀਰਾ ਸਿੰਘ ਦੁਆਰਾ ਆਏ ਹੋਏ ਵਿਦਵਾਨਾਂ ਨੂੰ ਜੀ ਆਇਆਂ ਕਹਿੰਦਿਆਂ ਫੁੱਲਾਂ ਦੇ ਗੁਲਦਸਤੇ ਦਿੱਤੇ ਗਏ। ਪੈਨਲ ਦੇ ਸੰਯੋਜਕ ਸਾਂਵਲ ਧਾਮੀ ਨੇ ਆਪਣੀ ਵਿਚਾਰ ਚਰਚਾ ਵਿਚ ਲਹਿੰਦੇ ਅਤੇ ਚੜ੍ਹਦੇ ਪੰਜਾਬ ਦੀ ਕਹਾਣੀ ਵਿਚ ਨਾਰੀਵਾਦੀ ਚੇਤਨਾ ਬਾਰੇ ਵਿਚਾਰ ਕਰਦਿਆਂ ਕਿਹਾ ਕਿ ਲਹਿੰਦੇ ਪੰਜਾਬ ਦੇ ਪੰਜਾਬੀ ਸਾਹਿਤ ਵਿਚ ਚੜ੍ਹਦੇ ਪੰਜਾਬ ਵਾਂਗ ਵਧੇਰੇ ਵਿਕਸਤ ਆਧਾਰ ਨਹੀਂ ਹਨ। ਡਾ. ਕੁਲਜੀਤ ਸਿੰਘ ਜੰਜੂਆ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਮੇਰਾ ਸੰਤਾਲੀ ਦੀਆਂ ਘਟਨਾਵਾਂ ਨਾਲ ਗੂੜ੍ਹਾ ਰਿਸ਼ਤਾ ਹੈ ਕਿਉਂਕਿ ਮੈਂ ਉਸ ਪਰਵਾਰ ਨਾਲ ਸੰਬੰਧ ਰੱਖਦਾ ਹਾਂ ਜੋ ਸੰਤਾਲੀ ਦੀ ਵੰਡ ਸਮੇਂ ਪ੍ਰਭਾਵਿਤ ਹੋਏ। ਜੋ ਮੇਰੇ ਪੁਰਖਿਆਂ ਨੇ ਸੰਤਾਪ ਹੰਢਾਇਆ ਉਸ ਦੀ ਪੀੜ ਦਾ ਅਹਿਸਾਸ ਮੈਂ ਮਹਿਸੂਸ ਕਰ ਸਕਦਾ ਹਾਂ। ਵੰਡ ਦੀ ਮਾਰ ਦਾ ਸੰਤਾਪ ਹੰਢਾਉਂਦੇ ਹੋਏ ਵੀ ਸਾਡੇ ਪੁਰਖਿਆਂ ਨੇ ਹੌਸਲਾ ਨਹੀਂ ਛੱਡਿਆ। ਉਹਨਾਂ ਅੰਦਰ ਮੁੜ ਜੀਣ ਦੀ ਭਾਵਨਾ ਪ੍ਰਬਲ ਰੂਪ ਵਿਚ ਉਭਰਦੀ ਹੋਈ ਨਵੀਂ ਆਸ ਮੁੜ ਵਸੇਬੇ ਦੀ ਭਾਵਨਾ ਉਜਾਗਰ ਹੁੰਦੀ ਹੈ। ਡਾ. ਪਰਮਜੀਤ ਸਿੰਘ ਮੀਸ਼ਾ ਨੇ ਕਿਹਾ ਕਿ ਆਜ਼ਾਦੀ ਦਾ ਉਦੇਸ਼ ਪੂਰਨ ਰੂਪ ਵਿਚ ਸੁਤੰਤਰਤਾ ਸੀ। ਜਿਨ੍ਹਾਂ ਮਕਸਦਾਂ ਲਈ ਇਹ ਵਰਤਾਰਾ ਵਾਪਰਿਆ ਉਹ ਪੂਰੇ ਨਹੀਂ ਹੋ ਸਕੇ। ਆਜ਼ਾਦੀ ਦੀ ਭਾਵਨਾ ਨੇ ਇਕ ਨਵਾਂ ਰੂਪ ਅਖਤਿਆਰ ਕਰ ਲਿਆ। ਪੂਰਬੀ ਅਤੇ ਪੱਛਮੀ ਪੰਜਾਬ ਦੀ ਵੰਡ ਬਾਰੇ ਗੱਲ ਕਰਦਿਆਂ ਉਹਨਾਂ ਨੇ ਕਿਹਾ ਕਿ ਪੂਰਬੀ ਪੰਜਾਬੀ ਸਾਹਿਤ ਉਪਭਾਵੁਕਤਾ ਨਾਲ ਜੁੜਿਆ ਹੋਇਆ ਹੈ। ਵੰਡ ਦੀ ਮਾਰ ਦਾ ਅਹਿਸਾਸ ਪੱਛਮੀ ਪੰਜਾਬ ਨਾਲੋਂ ਪੂਰਬੀ ਪੰਜਾਬੀਆਂ ਵਿਚ ਬਹੁਤ ਜ਼ਿਆਦਾ ਹੈ। ਸਾਡੇ ਵਾਂਗ ਉਹ ਵੰਡ ਦੇ ਅਹਿਸਾਸ ਨਾਲ ਜੁੜੇ ਹੋਏ ਨਹੀਂ ਹਨ ਇਸ ਦਾ ਕਾਰਨ ਉਹਨਾਂ ਦੇ ਵੱਖ ਹੋਣ ਦਾ ਸੁਪਨਾ ਸੀ। ਉਹਨਾਂ ਦੱਸਿਆ ਕਿ ਇਸ ਦਾ ਕਾਰਨ ਉਹਨਾਂ ਲਈ ਹਰ ਤਰ੍ਹਾਂ ਦੇ ਬੰਧਨ ਤੋਂ ਮੁਕਤ ਹੋਣਾ ਸੀ। ਅੰਗਰੇਜ਼ਾਂ ਤੋਂ ਹੀ ਨਹੀਂ ਬਲਕਿ ਹਿੰਦੂਆਂ ਤੋਂ ਵੀ। ਪਰ ਆਜ਼ਾਦੀ ਬਾਅਦ ਉਹਨਾਂ ਦਾ ਸੁਪਨਾ ਟੁੱਟ ਗਿਆ। ਰਾਜਨੀਤਕ ਕੱਟੜਤਾ ਹੋਣ ਕਾਰਨ ਉਹ ਆਪਣੀਆਂ ਭਾਵਨਾਵਾਂ ਨੂੰ ਸਾਹਿਤ ਰਾਹੀਂ ਪੇਸ਼ ਨਹੀਂ ਕਰ ਸਕਦੇ। ਵੰਡ ਦਾ ਕਾਰਨ ਬਣਨ ਵਾਲੇ ਰਾਜਨੀਤਕ ਲੋਕਾਂ ਦਾ ਵਿਰੋਧ ਹੋ ਰਿਹਾ ਹੈ। ਪੂਰਬੀ ਪੰਜਾਬ ਵਿਚ ਲਿਖੀ ਜਾ ਰਹੀ ਕਵਿਤਾ ਅਤੇ ਕਹਾਣੀ ਬਾਰੇ ਗੱਲ ਕਰਦਿਆਂ ਉਹਨਾਂ ਕਿਹਾ ਕਿ ਦੋਹਾਂ ਦੇਸ਼ਾਂ ਦੇ ਬਟਵਾਰਾ ਹੋਣ ਦੇ ਬਾਵਜੂਦ ਉਹ ਆਪਣੀਆਂ ਸਾਂਝਾਂ ਨੂੰ ਕਾਇਮ ਰੱਖਣਾ ਚਾਹੁੰਦੇ ਹਨ। ਰਵਿੰਦਰ ਸਿੰਘ ਨੇ ਪੰਜਾਬ ਦੀ ਵੰਡ ਬਾਰੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਪੰਜਾਬ ਦੀ ਵੰਡ ਸਮੇਂ ਪੰਜਾਬੀਆਂ ਨੂੰ ਪੁੱਛਿਆ ਵੀ ਨਹੀਂ ਗਿਆ ਕਿਉਂਕਿ ਉਹਨਾਂ ਕੋਲ ਰਾਜਨੀਤਕ ਸ਼ਕਤੀ ਦੇ ਆਧਾਰ ਨਹੀਂ ਸਨ। ਪਾਕਿਸਤਾਨ ਦੇ ਅਰਥਚਾਰੇ ਨੂੰ ਚਲਾਉਣ ਵਿਚ ਪੰਜਾਬੀਆਂ ਦਾ ਸਭ ਤੋਂ ਵੱਧ ਯੋਗਦਾਨ ਹੈ। ਸਾਡਾ ਸਾਹਿਤ ਪੰਜਾਬ ਦੀ ਵੰਡ ਸਬੰਧੀ ਰੁਦਨ ਭਰਪੂਰ ਹੈ। ਪੰਜਾਬ ਦੇ ਨਾਮਵਰ ਲੇਖਕਾਂ ਨੇ ਆਪਣੇ ਹੱਕਾਂ ਪ੍ਰਤੀ ਕਿਸੇ ਕਿਸਮ ਦੀ ਕੋਈ ਆਵਾਜ਼ ਨਹੀਂ ਉਠਾਈ। ਡਾ. ਯੋਗਰਾਜ ਅੰਗਰਿਸ਼ ਨੇ ਵੰਡ ਸੰਬੰਧੀ ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਪੰਜਾਬ ਦੀ ਵੰਡ ਨਾਲ ਅਸੀਂ ਭਾਵੁਕ ਪੱਧਰ 'ਤੇ ਜੁੜੇ ਹੋਏ ਹਾਂ। ਇਸ ਨਾਲ ਕੁਝ ਰਾਜਨੀਤਕ ਪਹਿਲੂ ਜੁੜੇ ਹੋਏ ਹਨ ਜਿਨ੍ਹਾਂ ਨੂੰ ਵਿਚਾਰਨਾ ਜ਼ਰੂਰੀ ਹੈ। ਰਾਜਨੀਤਕ ਕਾਰਨਾਂ ਕਰਕੇ ਧਾਰਮਿਕ ਸੰਪ੍ਰਦਾਇਕਤਾ ਵੰਡ ਦਾ ਕਾਰਨ ਬਣਦੀ ਹੈ। ਪੰਜਾਬੀ ਸਾਹਿਤ ਵਿਚ ਵੰਡ ਬਾਰੇ ਲੋਕ ਸਾਹਿਤ ਦੀ ਘਾਟ ਹੈ। ਪੰਜਾਬੀ ਕਹਾਣੀਆਂ ਵਿਚ ਵੰਡ ਨਾਲ ਹੋਈ ਪੀੜਾ ਦਾ ਅਹਿਸਾਸ ਇਕੋ ਜਿਹਾ ਹੈ। ਪ੍ਰਸਿੱਧ ਵਿਦਵਾਨ ਅਤੇ ਇਤਿਹਾਸਕਾਰ ਡਾ. ਈਸ਼ਵਰ ਦਿਆਲ ਗੌੜ ਨੇ ਸੰਤਾਲੀ ਦੀ ਵੰਡ ਸੰਬੰਧੀ ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਇਹ ਵੰਡ ਹੱਦਾਂ ਦੀ ਉਸਾਰੀ ਜਾਂ ਢਹਿ-ਢੇਰੀ ਨਾਲ ਸੰਬੰਧਿਤ ਹੈ ? ਇਹ ਵਿਚਾਰਨ ਵਾਲਾ ਮਸਲਾ ਹੈ। ਵੰਡ ਦਾ ਸੰਬੰਧ ਮਨੁੱਖ ਦੇ ਵਜੂਦ ਨਾਲ ਜੁੜਿਆ ਹੋਇਆ ਹੈ। ਵੰਡ ਨੂੰ ਧਰਮ ਨਾਲ ਜੋੜ ਕੇ ਪੇਸ਼ ਨਹੀਂ ਕੀਤਾ ਜਾ ਸਕਦਾ। ਇਸ ਸਾਰੇ ਵਰਤਾਰੇ ਦੇ ਕਾਰਨ ਮਨੁਖੀ ਮਾਨਸਿਕਤਾ ਵਿਚ ਪਏ ਹੋਏ ਹਨ।

## 35 ਸਾਲਾ ਨੌਜਵਾਨ ਦੀ ਭੇਦਭਰੀ ਹਾਲਤ 'ਚ ਮੌਤ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪੁਲਸ ਥਾਣਾ ਡੇਰਾ ਬਾਬਾ ਨਾਨਕ ਅਧੀਨ ਪੈਂਦੇ ਪਿੰਡ ਸ਼ਾਹਪੁਰ ਜਾਜਨ ਵਿੱਚ 35 ਸਾਲਾ ਨੌਜਵਾਨ ਰਾਜਵਿੰਦਰ ਸਿੰਘ ਦੀ ਭੇਦਭਰੀ ਹਾਲਤ ਵਿੱਚ ਮੌਤ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਮ੍ਰਿਤਕ ਨੌਜਵਾਨ ਰਾਜਵਿੰਦਰ ਸਿੰਘ ਪੁੱਤਰ ਮੱਖਣ ਸਿੰਘ ਦੇ ਭਰਾ ਬਲਵਿੰਦਰ ਸਿੰਘ ਅਤੇ ਭੈਣ ਜਗਜੀਤ ਕੌਰ ਨੇ ਦੱਸਿਆ ਕਿ ਰਾਜਵਿੰਦਰ ਸਿੰਘ ਬੀਤੇ ਕੱਲ੍ਹ ਚੰਗਾ ਭਲਾ ਰੋਟੀ ਪਾਣੀ ਛਕ ਕੇ ਆਪਣੇ ਮਕਾਨ ਦੇ ਅੰਦਰ ਸੁੱਤਾ ਸੀ, ਪਰ ਅੱਜ ਸਵੇਰੇ ਜਦੋਂ ਉਹ ਆਪਣੇ ਕਮਰੇ ਵਿੱਚੋਂ ਬਾਹਰ ਨਹੀਂ ਆਇਆ ਤਾਂ ਅਸੀਂ ਉਸ ਨੂੰ ਬੜੀਆਂ ਆਵਾਜ਼ਾਂ ਮਾਰੀਆਂ ਪਰ ਉਸ ਨੇ ਕੋਈ ਆਵਾਜ਼ ਨਹੀਂ ਦਿੱਤੀ।ਸ਼ੱਕ ਪੈਣ 'ਤੇ ਅਸੀ ਮਿਸਤਰੀ ਨੂੰ ਬੁਲਾ ਕੇ ਗਰਿਲ ਨੂੰ ਕਟਵਾ ਕੇ ਅੰਦਰ ਦੇਖਿਆ ਤਾਂ ਉਸ ਦੀ ਪੱਖੇ ਨਾਲ ਲਾਸ਼ ਲਟਕ ਰਹੀ ਸੀ। ਪਰਵਾਰਕ ਮੈਂਬਰਾਂ ਨੇ ਆਪਣੀ ਭਾਬੀ ਅਤੇ ਉਸ ਦੇ ਪ੍ਰੇਮੀ 'ਤੇ ਸ਼ੱਕ ਜਤਾਉਂਦਿਆਂ ਕਿਹਾ ਕਿ ਉਨ੍ਹਾਂ ਦੀ ਭਾਬੀ ਬੀਤੇ ਡੇਢ ਮਹੀਨੇ ਤੋਂ ਆਪਣੇ ਪਤੀ ਨੂੰ ਬਿਨਾਂ ਤਲਾਕ ਦਿੱਤੇ ਕਿਸੇ ਹੋਰ ਵਿਅਕਤੀ ਨਾਲ ਰਹਿ ਰਹੀ ਸੀ। ਉਨ੍ਹਾਂ ਕਿਹਾ ਕਿ ਸਾਡੇ ਭਰਾ ਨੂੰ ਰਸਤੇ ਵਿੱਚੋਂ ਹਟਾਉਣ ਲਈ ਉਕਤ ਔਰਤ ਅਤੇ ਉਸ ਦੇ ਪ੍ਰੇਮੀ ਵੱਲੋਂ ਪਹਿਲਾਂ ਮਾਰ ਕੇ ਉਸ ਨੂੰ ਬਾਅਦ 'ਚ ਪੱਖੇ ਨਾਲ ਲਟਕਾ ਕੇ ਖੁਦਕੁਸ਼ੀ ਦਾ ਨਾਮ ਦਿੱਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਰਾਜਵਿੰਦਰ ਸਿੰਘ ਦੀ ਅੱਜ ਤੋਂ ਕਰੀਬ ਢਾਈ ਸਾਲ ਪਹਿਲਾਂ ਐਕਸੀਡੈਂਟ ਦੌਰਾਨ ਚੂਲੇ ਟੁੱਟੇ ਹੋਣ ਦੀ ਵਜ੍ਹਾ ਨਾਲ ਵਾਕਰ ਦੇ ਸਹਾਰੇ ਚਲਦਾ ਸੀ, ਪਰ ਉਹ ਫਾਹ ਕਿਵੇਂ ਲੈ ਸਕਦਾ ਹੈ, ਇਹ ਇੱਕ ਪਹੇਲੀ ਬਣੀ ਹੋਈ ਹੈ।ਪੀੜਿਤ ਪਰਵਾਰਕ ਮੈਂਬਰਾਂ ਨੇ ਦੱਸਿਆ ਕਿ ਰਾਜਵਿੰਦਰ ਸਿੰਘ ਕੋਲ 8 ਲੱਖ ਰੁਪਏ ਐਫ ਡੀ ਸੀ ਉਹ ਵੀ ਉਸ ਦੀ ਪਤਨੀ ਵੱਲੋਂ ਤੁੜਵਾ ਲਈ ਗਈ ਅਤੇ ਉਸ ਦਾ ਕਰੀਬ ਚਾਰ ਤੋਲੇ ਸੋਨਾ ਅਤੇ ਉਸ ਦਾ ਇੱਕ ਪੰਜ ਸਾਲਾ ਬੇਟੇ ਨੂੰ ਨਾਲ ਲੈ ਕੇ ਪਿੰਡ ਦੇ ਹੀ ਕਿਸੇ ਨੌਜਵਾਨ ਨਾਲ ਰਹਿ ਰਹੀ ਹੈ।ਪੀੜਤ ਪਰਵਾਰ ਨੇ ਪੁਲਸ ਦੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਇਸ ਮਾਮਲੇ ਦੀ ਉੱਚ ਪੱਧਰੀ ਜਾਂਚ ਕਰਕੇ ਬਣਦਾ ਇਨਸਾਫ ਦਿੱਤਾ ਜਾਵੇ। ਉਧਰ ਮੌਕੇ 'ਤੇ ਪਹੁੰਚੇ ਪੁਲਸ ਥਾਣਾ ਡੇਰਾ ਬਾਬਾ ਨਾਨਕ ਦੇ ਐਸ ਐਚ ਓ ਅਮਰਜੀਤ ਮਸੀਹ ਨੇ ਦੱਸਿਆ ਕਿ ਮ੍ਰਿਤਕ ਨੌਜਵਾਨ ਰਾਜਵਿੰਦਰ ਸਿੰਘ ਦੇ ਪਰਵਾਰਕ ਮੈਂਬਰਾਂ ਦੇ ਬਿਆਨ ਦਰਜ ਕੀਤੇ ਜਾ ਰਹੇ ਹਨ, ਜੋ ਵੀ ਉਹ ਬਿਆਨ ਦਰਜ ਕਰਾਉਣਗੇ, ਉਸ ਅਨੁਸਾਰ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## ਗੁਰੂ ਨਾਨਕ ਦੇਵ ਯੂਨੀਵਰਸਿਟੀ ਵੀ ਸੀ ਤੋਂ ਬਿਨਾਂ : ਐੱਮ ਪੀ ਔਜਲਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਪੰਜਾਬ ਸਰਕਾਰ 'ਤੇ ਸਿੱਧਾ ਨਿਸ਼ਾਨਾ ਸਾਧਦਿਆਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਇਤਿਹਾਸ 'ਚ ਇਹ ਪਹਿਲੀ ਵਾਰ ਹੈ ਕਿ ਇਹ ਬਿਨਾਂ ਵਾਈਸ ਚਾਂਸਲਰ ਤੋਂ ਚੱਲ ਰਹੀ ਹੈ। ਉਨ੍ਹਾਂ ਕਿਹਾ ਕਿ ਅਜਿਹਾ 55 ਸਾਲਾਂ ਵਿੱਚ ਪਹਿਲੀ ਵਾਰ ਹੋਇਆ ਹੈ ਅਤੇ ਇਹ ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਹੀ ਸੰਭਵ ਹੋ ਸਕਿਆ ਹੈ। ਵੀ ਸੀ ਦਾ ਕਾਰਜਕਾਲ 16 ਨਵੰਬਰ ਨੂੰ ਖਤਮ ਹੋ ਗਿਆ ਸੀ। ਸ੍ਰੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਜਸਪਾਲ ਸਿੰਘ ਸੰਧੂ ਦਾ ਕਾਰਜਕਾਲ 16 ਨਵੰਬਰ ਨੂੰ ਖਤਮ ਹੋ ਗਿਆ ਸੀ। ਉਨ੍ਹਾਂ ਦੀ ਨਿਯੁਕਤੀ ਕੈਪਟਨ ਅਮਰਿੰਦਰ ਸਿੰਘ ਨੇ 2017 ਵਿੱਚ ਕੀਤੀ ਸੀ। ਇਸ ਤੋਂ ਬਾਅਦ 2020 ਵਿੱਚ ਉਨ੍ਹਾਂ ਦਾ ਕਾਰਜਕਾਲ ਤਿੰਨ ਸਾਲ ਲਈ ਵਧਾ ਦਿੱਤਾ ਗਿਆ। ਫਿਰ ਛੇ ਮਹੀਨੇ ਪਹਿਲਾਂ ਸਾਬਕਾ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੇ ਉਨ੍ਹਾਂ ਨੂੰ 6 ਮਹੀਨੇ ਦਾ ਵਾਧਾ ਦਿੱਤਾ ਸੀ। ਉਸ ਤੋਂ ਬਾਅਦ ਉਨ੍ਹਾਂ ਦਾ ਕਾਰਜਕਾਲ ਖਤਮ ਹੋਏ ਪੰਜ ਦਿਨ ਬੀਤ ਚੁੱਕੇ ਹਨ ਪਰ ਅਜੇ ਤੱਕ ਨਵੇਂ ਵੀਸੀ ਦੀ ਨਿਯੁਕਤੀ ਨਹੀਂ ਕੀਤੀ ਗਈ। ਸੰਸਦ ਮੈਂਬਰ ਔਜਲਾ ਨੇ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਦਾ ਪੱਧਰ ਉੱਚਾ ਚੁੱਕਣ ਦੇ ਦਾਅਵੇ ਕਰਦੀ ਹੈ ਪਰ ਅਸਲੀਅਤ ਤੋਂ ਕੋਹਾਂ ਦੂਰ ਹੈ। ਪੰਜਾਬ ਸਰਕਾਰ ਨੇ ਪਹਿਲ ਦੇ ਆਧਾਰ 'ਤੇ ਲਏ ਜਾਣ ਵਾਲੇ ਫੈਸਲਿਆਂ 'ਚ ਵੀ ਦੇਰੀ ਕੀਤੀ ਹੈ। ਇਸ ਤੋਂ ਪਤਾ ਲੱਗਦਾ ਹੈ ਕਿ ਸਰਕਾਰ ਕਿਸੇ ਵੀ ਮੁੱਦੇ 'ਤੇ ਗੰਭੀਰ ਨਹੀਂ ਹੈ ਅਤੇ ਸਿੱਖਿਆ ਨੂੰ ਸਿਰਫ਼ ਆਪਣੇ ਮਕਸਦਾਂ ਲਈ ਹੀ ਵਰਤ ਰਹੀ ਹੈ। ਔਜਲਾ ਨੇ ਕਿਹਾ ਕਿ ਜੇਕਰ ਸਰਕਾਰ ਸੱਚਮੁੱਚ ਹੀ ਲੋਕਾਂ ਦੀ ਭਲਾਈ ਲਈ ਕੰਮ ਕਰਨਾ ਚਾਹੁੰਦੀ ਹੈ ਤਾਂ ਉਸ ਨੂੰ ਅਜਿਹੇ ਮੁੱਦਿਆਂ 'ਤੇ ਸਮੇਂ ਸਿਰ ਫੈਸਲੇ ਲੈਣੇ ਚਾਹੀਦੇ ਹਨ। ਯੂਨੀਵਰਸਿਟੀ ਦਾ ਵਾਈਸ ਚਾਂਸਲਰ ਬਹੁਤ ਹੀ ਮਹੱਤਵਪੂਰਨ ਅਹੁਦਾ ਹੈ ਜਿਸ ਦਾ ਖਾਲੀ ਰਹਿ ਜਾਣਾ ਸਿੱਖਿਆ ਲਈ ਹਾਨੀਕਾਰਕ ਹੈ। ਇਸ ਲਈ ਉਹ ਮੰਗ ਕਰਦੇ ਹਨ ਕਿ ਪੰਜਾਬ ਸਰਕਾਰ ਗੈਰ-ਜ਼ਰੂਰੀ ਮੁੱਦਿਆਂ ਨੂੰ ਛੱਡ ਕੇ ਪੰਜਾਬ ਦੇ ਅਹਿਮ ਮੁੱਦਿਆਂ ਵੱਲ ਧਿਆਨ ਦੇਵੇ ਅਤੇ ਜਲਦੀ ਤੋਂ ਜਲਦੀ ਉਪ ਕੁਲਪਤੀ ਦੀ ਨਿਯੁਕਤੀ ਕਰੇ।

## ਭਾਕਿਯੂ ਕਾਦੀਆਂ ਦੀ ਮਜ਼ਬੂਤੀ ਲਈ ਨਵੀਆਂ ਇਕਾਈਆਂ ਦਾ ਗਠਨ ਕੀਤਾ ਜਾਵੇਗਾ : ਕਿਸਾਨ ਆਗੂ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)- ਭਾਰਤੀ ਕਿਸਾਨ ਯੂਨੀਅਨ ਕਾਦੀਆਂ ਬਲਾਕ ਮਹਿਲ ਕਲਾਂ ਦੀ ਅਹਿਮ ਮੀਟਿੰਗ ਬਲਾਕ ਪ੍ਰਧਾਨ ਪਰਮਜੀਤ ਸਿੰਘ ਢੀਂਡਸਾ ਦੀ ਅਗਵਾਈ ਹੇਠ ਇਤਿਹਾਸਕ ਗੁਰਦੁਆਰਾ ਸਾਹਿਬ ਛੇਵੀਂ ਪਾਤਸ਼ਾਹੀ ਮਹਿਲ ਕਲਾਂ ਵਿਖੇ ਹੋਈ।

ਇਸ ਮੌਕੇ ਜਥੇਬੰਦੀ ਦੇ ਮੀਤ ਪ੍ਰਧਾਨ ਜਸਵਿੰਦਰ ਸਿੰਘ ਛੀਨੀਵਾਲ, ਸੁਰਿੰਦਰ ਸਿੰਘ ਵਜੀਦਕੇ ਨੇ ਕਿਹਾ ਕਿ ਕੇਂਦਰ ਤੇ ਰਾਜ ਸਰਕਾਰਾਂ ਦੀਆਂ ਗਲਤ ਨੀਤੀਆਂ ਕਾਰਨ ਝੋਨੇ ਦੀ ਫਸਲ ਨੂੰ ਮੰਡੀਆਂ 'ਚ ਰੋਲ ਕੇ ਅੰਨਦਾਤੇ ਨੂੰ ਖੱਜਲ ਖੁਆਰ ਕੀਤਾ ਜਾ ਰਿਹਾ ਹੈ। ਸਾਰੇ ਹੀ ਖਰੀਦ ਕੇਂਦਰਾਂ ਵਿੱਚ ਖਰੀਦ ਏਜੰਸੀਆਂ ਦੀ ਬਦਨੀਤੀ ਕਰਕੇ ਆਪਣੀ ਫਸਲ ਵੇਚਣ ਲਈ ਕਿਸਾਨਾਂ ਖੱਜਲ ਖੁਆਰ ਹੋਣਾ ਪਿਆ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਸਮੇਂ ਸਿਰ ਡੀ ਏ ਪੀ ਖਾਦ ਨਾ ਮਿਲਣ ਕਰਕੇ ਕਣਕ ਦੀ ਬਿਜਾਈ ਪਛੜ ਜਾਣ ਕਰਕੇ ਆਉਣ ਵਾਲੇ ਸਮੇਂ ਵਿੱਚ ਕਿਸਾਨਾਂ ਨੂੰ ਭਾਰੀ ਨੁਕਸਾਨ ਝੱਲਣਾ ਪੈ ਸਕਦਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਛੀਨੀਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜਥੇਬੰਦੀ ਨੂੰ ਪਿੰਡ ਪੱਧਰ 'ਤੇ ਵਧੇਰੇ ਮਜ਼ਬੂਤ ਕਰਨ ਲਈ ਪਿੰਡ ਪਿੰਡ ਨਵੀਆਂ ਇਕਾਈਆਂ ਦਾ ਗਠਨ ਕਰ ਮਿਹਨਤੀ ਆਗੂਆਂ ਨੂੰ ਅੱਗੇ ਲਿਆ ਕੇ ਪੂਰਾ ਮਾਣ ਸਤਿਕਾਰ ਦਿੱਤਾ ਜਾਵੇਗਾ।

ਉਕਤ ਆਗੂਆਂ ਨੇ ਕੇਂਦਰ ਤੇ ਰਾਜ ਸਰਕਾਰ ਪਾਸੋਂ ਮੰਗ ਕੀਤੀ ਕਿ ਅਨਾਜ ਮੰਡੀਆਂ ਵਿੱਚੋਂ ਝੋਨੇ ਦੀ ਖਰੀਦ ਅਤੇ ਚੁਕਾਈ ਦੇ ਕੰਮ 'ਚ ਤੇਜ਼ੀ ਲਿਆ ਕੇ ਮੁਕੰਮਲ ਕਰਕੇ ਕਿਸਾਨਾਂ ਨੂੰ ਡੀ ਏ ਪੀ ਖਾਦ ਦਾ ਪੂਰਾ ਪ੍ਰਬੰਧ ਕੀਤਾ ਜਾਵੇ। ਇਸ ਮੌਕੇ ਕਿਸਾਨ ਆਗੂ ਜਸਪਾਲ ਸਿੰਘ ਦੀਵਾਨਾ, ਹਰਦੀਪ ਸਿੰਘ ਦੀਵਾਨਾ, ਕਰਮ ਸਿੰਘ ਵਜੀਦਕੇ, ਅਮਰਜੀਤ ਸਿੰਘ ਵਜੀਦਕੇ, ਮਨਜੀਤ ਸਿੰਘ, ਮਲਕੀਤ ਸਿੰਘ ਅਮਰਜੀਤ ਸਿੰਘ ਬੱਸੀਆਂ, ਰਾਮ ਸਿੰਘ ਹਮੀਦੀ ਤੋਂ ਇਲਾਵਾ ਹੋਰ ਵਰਕਰ ਆਗੂ ਵੀ ਹਾਜ਼ਰ ਸਨ।

## ਜਥੇਦਾਰ ਗੁਰਮੀਤ ਸਿੰਘ ਮੱਤੇਵਾਲ ਦੀ ਬਰਸੀ ਅੱਜ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਜਥੇਦਾਰ ਗੁਰਮੀਤ ਸਿੰਘ ਮੱਤੇਵਾਲ ਉੱਘੇ ਸਮਾਜ ਸੇਵੀ ਜੋ ਕਿ ਬੀਤੇ ਸਾਲ ਸਦੀਵੀ ਵਿਛੋੜਾ ਦੇ ਕੇ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ ਉਨ੍ਹਾਂ ਦੀ ਮਿੱਠੀ ਯਾਦ ਨੂੰ ਤਾਜ਼ਾ ਕਰਦਿਆਂ ਉਨ੍ਹਾਂ ਦੀ ਪਹਿਲੀ ਬਰਸੀ ਨੂੰ ਸਮਰਪਤ ਕਥਾ ਕੀਰਤਨ ਸਮਾਗਮ ਉਨ੍ਹਾਂ ਦੇ ਗ੍ਰਹਿ ਮੱਤੇਵਾਲ, ਜ਼ਿਲ੍ਹਾ ਅੰਮ੍ਰਿਤਸਰ ਵਿਖੇ 22 ਨਵੰਬਰ ਦਿਨ ਸ਼ੁੱਕਰਵਾਰ ਨੂੰ 12:00 ਤੋਂ 01:00 ਵਜੇ ਤੱਕ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਵੱਖ-ਵੱਖ ਸਿਆਸੀ ਅਤੇ ਧਾਰਮਿਕ ਆਗੂ ਜਥੇਦਾਰ ਗੁਰਮੀਤ ਸਿੰਘ ਮੱਤੇਵਾਲ ਨੂੰ ਸ਼ਰਧਾਂਜਲੀਆਂ ਭੇਟ ਕਰਨ ਲਈ ਆ ਰਹੇ ਹਨ।

## ਵੋਟਰ ਸੂਚੀ ਦੀ ਸਰਸਰੀ ਸੁਧਾਈ ਸੰਬੰਧੀ ਸਪੈਸ਼ਲ ਕੈਂਪ ਭਲਕ ਤੋਂ

ਐੱਸ ਏ ਐਸ.ਨਗਰ (ਗੁਰਜੀਤ ਬਿੱਲਾ)—ਭਾਰਤ ਦੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਵੋਟਰ ਸੂਚੀ ਦੀ ਸਰਸਰੀ ਸੁਧਾਈ ਦਾ ਕੰਮ ਮਿਤੀ 29 ਅਕਤੂਬਰ ਤੋਂ ਸ਼ੁਰੂ ਹੋ ਚੁੱਕਾ ਹੈ। ਇਸ ਸਬੰਧੀ ਮਿਤੀ 23/11/2024 (ਸ਼ਨੀਵਾਰ) ਅਤੇ 24/11/2024 (ਐਤਵਾਰ) ਨੂੰ ਬੀ.ਐਲ.ਓਜ਼ ਵੱਲੋਂ ਆਪਣੇ-ਆਪਣੇ ਪੋਲਿੰਗ ਬੂਥਾਂ 'ਤੇ ਸਪੈਸ਼ਲ ਕੈਂਪ ਲਗਾਏ ਜਾਣੇ ਹਨ। ਜ਼ਿਲ੍ਹਾ ਚੋਣ ਅਫਸਰ, ਐਸ.ਏ.ਐਸ.ਨਗਰ ਆਸ਼ਿਕਾ ਜੈਨ ਵੱਲੋਂ ਆਮ ਜਨਤਾ ਨੂੰ ਅਪੀਲ ਕੀਤੀ ਗਈ ਹੈ ਕਿ ਜਿਹਨਾਂ ਵੋਟਰਾਂ ਦੀ ਉਮਰ ਮਿਤੀ 01/12/25 ਨੂੰ 18 ਸਾਲ ਜਾਂ ਇਸ ਤੋਂ ਵੱਧ ਬਣਦੀ ਹੈ, ਉਹ ਮਿਤੀ 23/11/2024 ਅਤੇ 24/11/2024 ਨੂੰ ਆਪਣੀ ਵੋਟ ਬਣਾਉਣ ਲਈ ਆਪਣੇ-ਆਪਣੇ ਪੋਲਿੰਗ ਸਟੇਸ਼ਨਾਂ 'ਤੇ ਜਾ ਕੇ ਬੀ.ਐਲ.ਓਜ਼ ਪਾਸ ਫਾਰਮ ਜਮ੍ਹਾ ਕਰਵਾ ਸਕਦੇ ਹਨ। ਵਧੇਰੇ ਜਾਣਕਾਰੀ ਲਈ ਟੋਲ ਫ੍ਰੀ ਨੰਬਰ 1950 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਸਮਾਜਕ ਤਬਦੀਲੀ ਲਈ ਵਿਗਿਆਨਕ ਸਾਹਿਤ ਦੀ ਅਹਿਮ ਭੂਮਿਕਾ : ਤਰਕਸ਼ੀਲ ਸੁਸਾਇਟੀ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਖਾਲਸਾ ਕਾਲਜ ਅੰਮ੍ਰਿਤਸਰ ਵਿਖੇ 19 ਤੋਂ 23 ਨਵੰਬਰ ਤਕ ਚਲ ਰਹੇ ਸਾਹਿਤ ਉਤਸਵ ਅਤੇ ਪੁਸਤਕ ਮੇਲੇ ਦੇ ਤੀਜੇ ਦਿਨ ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਲਗਾਈ ਤਰਕਸ਼ੀਲ ਪੁਸਤਕ ਪ੍ਰਦਰਸ਼ਨੀ ਨੂੰ ਵੱਡੀ ਗਿਣਤੀ ਚੇਤਨ ਪਾਠਕਾਂ ਅਤੇ ਵਿਦਿਆਰਥੀਆਂ ਵੱਲੋਂ ਭਰਵਾਂ ਹੁੰਗਾਰਾ ਦਿੱਤਾ ਜਾ ਰਿਹਾ ਹੈ।

ਇਸ ਮੌਕੇ ਤਰਕਸ਼ੀਲ ਸੁਸਾਇਟੀ ਦੇ ਸੂਬਾਈ ਆਗੂ ਸੁਮੀਤ ਅੰਮ੍ਰਿਤਸਰ ਅਤੇ ਸਥਾਨਕ ਇਕਾਈ ਮੁਖੀ ਜਸਪਾਲ ਬਾਸਰਕੇ ਨੇ ਦੱਸਿਆ ਕਿ ਮਿਆਰੀ ਪੁਸਤਕਾਂ ਜਿੱਥੇ ਸਾਡੇ ਵਿੱਚ ਸਿਆਣਪ, ਸਹਿਜਤਾ ,ਸੰਜੀਦਗੀ ਅਤੇ ਸਾਂਝੀਵਾਲਤਾ ਦੀ ਭਾਵਨਾ ਪੈਦਾ ਕਰਦੀਆਂ ਹਨ ਉਥੇ ਹੀ ਤਰਕਸ਼ੀਲ ਅਤੇ ਇਨਕਲਾਬੀ ਸਾਹਿਤ ਸਾਡੇ ਵਿਚ ਅੰਧ ਵਿਸ਼ਵਾਸ਼ਾਂ ਅਤੇ ਸਮਾਜਿਕ ਬੁਰਾਈਆਂ ਦੇ ਖਿਲਾਫ ਵਿਗਿਆਨਕ ਚੇਤਨਾ ਅਤੇ ਆਪਣੇ ਜਮਹੂਰੀ ਹੱਕਾਂ ਦੀ ਰਾਖੀ ਲਈ ਸੰਘਰਸ਼ ਕਰਨ ਲਈ ਪ੍ਰੇਰਿਤ ਕਰਦਾ ਹੈ ਜੋਕਿ ਮੌਜੂਦਾ ਸਮਿਆਂ ਦੀ ਬੇਹੱਦ ਲੋੜ ਹੈ।

ਇਸ ਮੌਕੇ ਅੰਮ੍ਰਿਤਸਰ ਇਕਾਈ ਦੇ ਆਗੂਆਂ ਪ੍ਰਿੰਸੀਪਲ ਮੇਲਾ ਰਾਮ ਅਤੇ ਐਡਵੋਕੇਟ ਅਮਰਜੀਤ ਬਾਈ ਨੇ ਕਿਹਾ ਕਿ ਮੌਜੂਦਾ ਸਮਿਆਂ ਵਿੱਚ ਜਦਕਿ ਮੋਬਾਈਲ ਦੀ ਵਰਤੋਂ ਕਰਕੇ ਵੱਡੀ ਗਿਣਤੀ ਲੋਕ ਕਿਤਾਬਾਂ ਤੋਂ ਦੂਰ ਜਾ ਰਹੇ ਹਨ ਤਾਂ ਵਿਦਿਅਕ ਅਦਾਰਿਆਂ ਵੱਲੋਂ ਅਜਿਹੇ ਪੁਸਤਕ ਮੇਲੇ ਲਗਾਉਣੇ ਅਤੇ ਵੱਡੀ ਗਿਣਤੀ ਪਾਠਕਾਂ ਵਲੋਂ ਆਪਣੀ ਮਾਂ ਬੋਲੀ ਪੰਜਾਬੀ ਵਿਚ ਤਰਕਸ਼ੀਲ ਸਾਹਿਤ ਸਮੇਤ ਹੋਰ ਮਿਆਰੀ ਕਿਤਾਬਾਂ ਖਰੀਦਣ ਪ੍ਰਤੀ ਗਹਿਰੀ ਦਿਲਚਸਪੀ ਵਿਖਾਉਣੀ ਲੋਕ ਪੱਖੀ ਸਮਾਜਿਕ ਤਬਦੀਲੀ ਲਈ ਬੜਾ ਹਾਂ ਪੱਖੀ ਰੁਝਾਨ ਹੈ ਜਿਸ ਨੂੰ ਵਿਦਿਆਰਥੀਆਂ, ਅਧਿਆਪਕਾਂ ਸਮੇਤ ਸਮਾਜ ਦੇ ਸਮੁੱਚੇ ਕਿਰਤੀ ਵਰਗ ਅਤੇ ਆਮ ਲੋਕਾਂ ਵਿਚ ਹੋਰ ਵਧ ਵਿਕਸਤ ਕੀਤੇ ਜਾਣ ਦੇ ਯਤਨ ਕੀਤੇ ਜਾਣੇ ਚਾਹੀਦੇ ਹਨ।

ਇਸ ਮੌਕੇ ਸੂਬਾਈ ਤਰਕਸ਼ੀਲ ਆਗੂ ਸੰਦੀਪ ਧਾਰੀਵਾਲ ਭੋਜਾਂ ਅਤੇ ਜੋਨ ਆਗੂ ਮੁਖਤਿਆਰ ਗੋਪਾਲਪੁਰ ਨੇ ਦੱਸਿਆ ਕਿ ਪੁਸਤਕ ਮੇਲੇ ਵਿਚ ਪਹੁੰਚੇ ਵੱਡੀ ਗਿਣਤੀ ਚੇਤਨ ਵਿਦਿਆਰਥੀਆਂ ਅਤੇ ਪਾਠਕਾਂ ਵੱਲੋਂ ਅੰਧ ਵਿਸ਼ਵਾਸ਼ਾਂ, ਵਹਿਮਾਂ ਭਰਮਾਂ, ਰੂੜੀਵਾਦੀ ਰਵਾਇਤਾਂ,ਮਰਨ ਉਪਰੰਤ ਸਰੀਰ ਦਾਨ,ਅੰਗ ਦਾਨ ਆਦਿ ਵੱਖ ਵੱਖ ਵਿਸ਼ਿਆਂ ਸਬੰਧੀ ਗੰਭੀਰ ਵਿਚਾਰ ਵਟਾਂਦਰਾ ਕਰਨ ਦੇ ਇਲਾਵਾ ਤਰਕਸ਼ੀਲ ਸਾਹਿਤ ਖਰੀਦਣ ਅਤੇ ਤਰਕਸ਼ੀਲ ਸੁਸਾਇਟੀ ਨਾਲ ਜੁੜਨ ਵਿਚ ਗਹਿਰੀ ਦਿਲਚਸਪੀ ਵਿਖਾਈ ਗਈ।

ਇਸ ਮੌਕੇ ਤਰਕਸ਼ੀਲ ਪੁਸਤਕ ਪ੍ਰਦਰਸ਼ਨੀ ਦੀ ਜ਼ਿੰਮੇਵਾਰੀ ਨਿਭਾਉਣ ਲਈ ਵਿਸ਼ੇਸ਼ ਤੌਰ ਤੇ ਭਦੌੜ ਤੋਂ ਜਸਵੰਤ ਬੋਪਾਰਾਏ , ਜਲੰਧਰ ਜੋਨ ਦੇ ਮੁਖੀ ਮਾਸਟਰ ਸੁਰਜੀਤ ਟਿੱਬਾ,ਅੰਮ੍ਰਿਤਸਰ ਇਕਾਈ ਦੇ ਸੁਖਮੀਤ ਸਿੰਘ, ਮਾਸਟਰ ਬਲਦੇਵ ਰਾਜ ਵੇਰਕਾ,ਦਮਨਜੀਤ ਕੌਰ,ਪਰਮਜੀਤ ਸਿੰਘ,ਅਨਮੋਲ ਸਿੰਘ,ਨਰਿੰਦਰ ਸ਼ੇਖਚਕ ਤਰਨਤਾਰਨ,ਮਾਸਟਰ ਸੁਰਜੀਤ ਸਿੰਘ ਖਿਲਚੀਆਂ, ਰਮੇਸ਼ ਜੈਨ,ਰਾਜ ਕੁਮਾਰ ਵੇਰਕਾ,ਨਵਜੀਤ ਆਦਿ ਨੇ ਪੁਸਤਕ ਸਟਾਲ ਉਤੇ ਆਪਣੀ ਜ਼ਿੰਮੇਵਾਰੀ ਬਾਖੂਬੀ ਨਿਭਾਈ।

**ਵਰ੍ਹੇਗੰਢ ਮੁਬਾਰਕ**



ਕਿਰਪਾਲ ਸਿੰਘ ਸੋਹਲ ਤੇ ਕੁਲਦੀਪ ਕੌਰ ਨੇ ਆਪਣੇ ਵਿਆਹ ਦੀ 25ਵੀਂ ਵਰ੍ਹੇਗੰਢ ਮਨਾਈ

# ਪੁਲਸ ਵੱਲੋਂ ਦੋ ਹੋਰ ਅੰਤਰਰਾਜੀ ਨਸ਼ਾ ਤਸਕਰ ਗ੍ਰਿਫ਼ਤਾਰ



**ਜਲੰਧਰ (ਸ਼ੈਲੀ ਐਲਬਰਟ)** ਅੰਤਰਰਾਜੀ ਡਰੱਗ ਰੈਕੇਟ ਵਿੱਚ ਇੱਕ ਹੋਰ ਅਹਿਮ ਪ੍ਰਾਪਤੀ ਕਰਦਿਆਂ ਜਲੰਧਰ ਕਮਿਸ਼ਨਰੇਟ ਪੁਲਸ ਨੇ ਭੁੱਕੀ ਦੀ ਤਸਕਰੀ ਵਿੱਚ ਸ਼ਾਮਲ ਦੋ ਹੋਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਕੋਲੋਂ ਕੁੱਲ 15 ਕੁਇੰਟਲ ਤੋਂ ਵੱਧ ਨਸ਼ੀਲਾ ਪਦਾਰਥ ਬਰਾਮਦ ਕੀਤਾ ਹੈ।ਪੁਲਸ ਕਮਿਸ਼ਨਰ ਨੇ ਦੱਸਿਆ ਤਿੰਨ ਦੋਸ਼ੀਆਂ ਗੁਰਅਵਤਾਰ ਸਿੰਘ ਉਰਫ਼ ਤਾਰੀ, ਦੇਸ ਰਾਜ ਅਤੇ ਦਲੇਰ ਸਿੰਘ ਉਰਫ਼ ਦਲੋਰਾ ਨੂੰ 14 ਕੁਇੰਟਲ ਭੁੱਕੀ ਸਮੇਤ ਗ੍ਰਿਫ਼ਤਾਰ ਕੀਤਾ ਸੀ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਖ਼ਿਲਾਫ਼ ਮੁਕੱਦਮਾ ਨੰਬਰ 226 ਮਿਤੀ 15.11.2024 ਅਧੀਨ 15/61/85 ਐਨ.ਡੀ.ਪੀ.ਐਸ ਐਕਟ ਦਰਜ ਕੀਤਾ ਗਿਆ ਸੀ। ਤਫਤੀਸ਼ ਦੌਰਾਨ ਦੋ ਹੋਰ ਮੁਲਜ਼ਮਾਂ ਜੋਗਾ ਸਿੰਘ ਪੁੱਤਰ ਕੁਲਦੀਪ ਸਿੰਘ ਵਾਸੀ ਕਸਬਾ ਮੁਹੱਲਾ ਮਹਿਤਪੁਰ ਜਲੰਧਰ ਅਤੇ ਉਸ ਦੇ ਸਾਥੀ ਲੱਕੀ ਪੁੱਤਰ ਅਜਮੇਰ ਸਿੰਘ ਵਾਸੀ ਪਿੰਡ ਮੰਡ ਚੌਂਤਾ ਪੁੰਜ ਕੂੰਮ ਕਲਾਂ ਲੁਧਿਆਣਾ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਉਕਤ ਮਾਮਲੇ ਵਿੱਚ ਹੁਣ ਤੱਕ ਕੁੱਲ 5 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਕੁੱਲ 15 ਕੁਇੰਟਲ 40 ਕਿਲੋ ਭੁੱਕੀ, ਦੋ ਵਾਹਨ, ਇੱਕ ਦੇਸੀ ਪਿਸਤੌਲ ਅਤੇ ਇੱਕ ਜ਼ਿੰਦਾ ਰੌਂਦ ਬਰਾਮਦ ਕੀਤਾ ਗਿਆ ਹੈ।

# ਉੱਪਲ ਤੇ ਉਹਨਾਂ ਦੀ ਜੀਵਨ ਸਾਥਣ 'ਭਗਤੀ ਪ੍ਰਸਾਰ ਐਵਾਰਡ' ਨਾਲ ਸਨਮਾਨਤ



**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**— ਲਾਇਨਜ਼ ਕਲੱਬ ਨੂਰਮਹਿਲ ਡ੍ਰੀਮ ਦੀ ਇੱਕ ਵਿਸ਼ੇਸ਼ ਮੀਟਿੰਗ ਕਲੱਬ ਪ੍ਰਧਾਨ ਲਾਇਨ ਆਂਚਲ ਸੰਧੂ ਸੋਖਲ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਅਮਰੀਕਾ ਨਿਵਾਸੀ ਅਮਰੀਕ ਸਿੰਘ ਉੱਪਲ ਅਤੇ ਉਹਨਾਂ ਦੀ ਜੀਵਨ ਸਾਥੀ ਜਸਵਿੰਦਰ ਕੌਰ ਉੱਪਲ ਨੂੰ 'ਭਗਤੀ ਪ੍ਰਸਾਰ ਐਵਾਰਡ'' ਨਾਲ ਸਨਮਾਨਿਤ ਕੀਤਾ ਗਿਆ।ਜੈ ਸ਼ਿਵ ਸ਼ਕਤੀ ਸੇਵਾ ਮੰਡਲ ਨੂਰਮਹਿਲ ਦੀ ਮਹਿਲਾ ਵਿੰਗ ਦੀ ਪ੍ਰਧਾਨ ਲਾਇਨ ਬਬਿਤਾ ਸੰਧੂ ਨੇ ਦੱਸਿਆ ਕਿ ਅਮਰੀਕ ਸਿੰਘ ਉੱਪਲ ਢਾਈ ਦਹਾਕਿਆਂ ਤੋਂ ਸਿੱਧੇ ਤੌਰ 'ਤੇ ਲਾਇਨਜ਼ ਕਲੱਬਜ਼, ਨੰਬਰਦਾਰ ਯੂਨੀਅਨ ਅਤੇ ਸ਼੍ਰੀ ਅਮਰਨਾਥ ਯਾਤਰਾ ਨਾਲ ਨੇਕ ਨੀਤੀ ਨਾਲ ਜੁੜੇ ਹੋਏ ਹਨ ਅਤੇ ਉਹਨਾਂ ਵੱਲੋਂ ਦਿੱਤੀਆਂ ਜਾਂਦੀਆਂ ਸੇਵਾਵਾਂ ਕਾਬਿਲ-ਏ-ਤਾਰੀਫ਼ ਹਨ। ਪਿੰਡ ਉੱਪਲ ਜਗੀਰ ਦੇ ਗੁਰੂ ਘਰਾਂ ਦੀਆਂ ਇਮਾਰਤਾਂ ਅਤੇ ਕਮਰੇ ਅੱਜ ਵੀ ਉਹਨਾਂ ਦੇ ਸੇਵਾ ਕਾਰਜਾਂ ਤੇ ਆਪਣੀ ਮੋਹਰ ਲਗਾਉਂਦੇ ਹਨ।ਉੱਪਲ ਨੇ ਕਿਹਾ ਕਿ ਭਾਵੇਂ ਉਹ ਅਮਰੀਕਾ ਦੇ ਸਿਟੀਜ਼ਨ ਹਨ ਪਰ ਉਹਨਾਂ ਦਾ ਆਪਣੇ ਵਤਨ ਨਾਲ ਅਤੇ ਉਹਨਾਂ ਜੁੜੇ ਹੋਏ ਰਿਸ਼ਤਿਆਂ ਨਾਲ ਮੋਹ ਪੂਰਾ ਹੈ। ਕਲੱਬ ਦੀ ਤਤਕਾਲ ਪ੍ਰਧਾਨ ਲਾਇਨ ਸੋਮਿਨਾਂ ਸੰਧੂ ਨੇ ਦੱਸਿਆ ਕਿ ਜਦੋਂ ਉਹ ਆਪਣੇ ਵਤਨ ਆਉਂਦੇ ਹਨ ਤਾਂ ਅਕਸਰ ਟ੍ਰੀ ਪਲਾਂਟੇਸ਼ਨ ਕਰਦੇ ਹਨ।ਇਸ ਮੌਕੇ ਨੰਬਰਦਾਰ ਯੂਨੀਅਨ ਜ਼ਿਲ੍ਹਾ ਦੇ ਪ੍ਰਧਾਨ ਲਾਇਨ ਅਸ਼ੋਕ ਸੰਧੂ, ਕਲੱਬ ਦੇ ਕੈਸ਼ੀਅਰ ਲਾਇਨ ਦਿਨਕਰ ਸੰਧੂ, ਡਾਇਰੈਕਟਰ ਲਾਇਨ ਜਸਪ੍ਰੀਤ ਕੌਰ ਸੰਧੂ, ਸਮਾਜ ਸੇਵੀ ਸੀਤਾ ਰਾਮ ਸੋਖਲ ਅਤੇ ਅਜਮੇਰ ਸਿੰਘ ਜੌਹਲ, ਸ੍ਰੀਮਤੀ ਹਰਿੰਦਰ ਕੌਰ ਜੌਹਲ, ਗੁਰਛਾਇਆ, ਗੁਰਅੰਸ਼ ਸੋਖਲ ਅਤੇ ਸ਼ਿਵਵੰਸ਼ ਸੰਧੂ ਮੌਜੂਦ ਰਹੇ।

# ਤਲਵੰਡੀ ਸੱਲਾਂ ਵਿਖੇ ਜੋੜ ਮੇਲੇ ਦੇ ਦੂਜੇ ਦਿਨ ਕੁਸ਼ਤੀਆਂ ਦੇ ਹੋਏ ਫਸਵੇਂ ਮੁਕਾਬਲੇ



**ਟਾਂਡਾ ਉੜਮੁੜ ( ਓਂਕਾਰ ਸਿੰਘ ਜਸਵਿੰਦਰ ਸੰਧੂ )**- ਪਿੰਡ ਤਲਵੰਡੀ ਸੱਲਾਂ ਵਿਖੇ ਪੀਰ ਹਜਰਤ ਬਲੀ ਸ਼ਾਹ ਮੁਰੀਦ ਖਵਾਜਾ ਸਾਹਿਬ ਜਿੰਦਾ ਪੀਰ ਦੇ ਜੋੜ ਮੇਲੇ ਦੇ ਦੂਜੇ ਦਿਨ ਕੁਸ਼ਤੀਆਂ ਦੇ ਫਸਵੇਂ ਮੁਕਾਬਲੇ ਹੋਏ। ਆਮ ਆਦਮੀ ਪਾਰਟੀ ਦੇ ਬੇਟ ਖੇਤਰ ਇੰਚਾਰਜ ਰਜਿੰਦਰ ਸਿੰਘ ਮਾਰਸ਼ਲ, ਸਮਾਜ ਸੇਵੀ ਆਗੂ ਜਗਜੀਵਨ ਜੱਗੀ ਅਤੇ ਸੁਖਵਿੰਦਰ ਸਿੰਘ ਅਰੋੜਾ ਬਤੌਰ ਮੁੱਖ ਮਹਿਮਾਨ ਸ਼ਾਮਿਲ ਹੋਏ।ਮਾਰਸ਼ਲ ਨੇ ਕਿਹਾ ਕਿ ਪੀਰਾਂ ਦੀਆਂ ਦਰਗਾਹਾਂ ਤੇ ਅਜਿਹੇ ਮੇਲਿਆਂ ਨਾਲ ਸਾਡੇ ਸੱਭਿਆਚਾਰ ਨੂੰ ਵੱਡਾ ਬਲ ਮਿਲਦਾ ਹੈ ਅਤੇ ਇਸ ਦੇ ਨਾਲ-ਨਾਲ ਕਬੱਡੀ ਅਤੇ ਕੁਸ਼ਤੀ ਦੇ ਕਰਵਾਏ ਜਾ ਰਹੇ ਮੁਕਾਬਲਿਆਂ ਨੂੰ ਦੇਖਣ ਉਪਰੰਤ ਨਵੀਂ ਪੀੜੀ ਅੰਦਰ ਸਰੀਰਕ ਬਲ ਪੈਦਾ ਕਰਨ ਦਾ ਚਾਅ ਉਠਦਾ ਹੈ ਜਿਸ ਨਾਲ ਉਹ ਨਸ਼ਿਆਂ ਤੋਂ ਦੂਰ ਹੁੰਦੇ ਹਨ। ਜਗਜੀਵਨ ਜੱਗੀ ਅਤੇ ਸੁਖਵਿੰਦਰ ਸਿੰਘ ਅਰੋੜਾ ਨੇ ਪ੍ਰਬੰਧਕਾਂ ਵੱਲੋਂ ਕਰਵਾਏ ਜਾ ਰਹੇ ਜੋੜ ਮੇਲੇ 'ਤੇ ਉਹਨਾਂ ਨੂੰ ਮੁਬਾਰਕਬਾਦ ਦਿੱਤੀ ਅਤੇ ਉਹਨਾਂ ਵੱਲੋਂ ਕੀਤੇ ਗਏ ਇਸ ਉਪਰਾਲੇ ਲਈ ਉਹਨਾਂ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਇਸ ਨਾਲ ਜਿੱਥੇ ਨੌਜਵਾਨ ਪੀੜੀ ਨੂੰ ਸੇਧ ਮਿਲਦੀ ਹੈ ਉਥੇ ਉਹਨਾਂ ਅੰਦਰ ਧਾਰਮਿਕ ਅਤੇ ਸਮਾਜਿਕ ਜਾਗਰਤੀ ਵੀ ਪੈਦਾ ਹੁੰਦੀ ਹੈ। ਗੱਦੀਨਸ਼ੀਨ ਬੀਬੀ ਜੋਗਿੰਦਰ ਕੌਰ ਦੀ ਰਹਿਨੁਮਾਈ ਹੇਠ ਕਰਵਾਏ ਜਾ ਰਹੇ ਇਸ ਜੋੜ ਮੇਲੇ ਵਿੱਚ ਕਮੇਟੀ ਪ੍ਰਧਾਨ ਹਰਵਿੰਦਰ ਸਿੰਘ ਲਾਡੀ ਸਰਪੰਚ ਜਸਵੀਰ ਸਿੰਘ ਪਸਵਾਲ, ਗਣੇਸ਼ ਨਥੂਪੁਰੀਆ, ਬਾਗੀ ਸਰਪੰਚ ਸੱਲਾ ਵੱਲੋਂ ਖਿਡਾਰੀਆਂ ਅਤੇ ਸੰਗਤਾਂ ਲਈ ਬੜੇ ਢੁੱਕਵੇਂ ਪ੍ਰਬੰਧ ਕਰਵਾਏ ਗਏ ਸਨ। ਕਬੱਡੀ ਅਤੇ ਕੁਸ਼ਤੀ ਮੁਕਾਬਲੇ ਵਿੱਚ ਜੇਤੂ ਟੀਮਾਂ ਨੂੰ ਨਗਦ ਇਨਾਮਾਂ ਨਾਲ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸੋਨੂ ਮਾਰਸ਼ਲ, ਅਵਤਾਰ ਸਿੰਘ ਤਾਰੀ, ਡਾਕਟਰ ਸਰੂਪ ਸਿੰਘ ਨੱਥੂਪੁਰ, ਰਣਜੀਤ ਸਿੰਘ ਇਟਲੀ, ਪੂਰਨ ਸਿੰਘ, ਲਖਵਿੰਦਰ ਸਿੰਘ ਤੇ ਦਲਵੀਰ ਸਿੰਘ ਗਿੱਲ ਆਦਿ ਹਾਜ਼ਰ ਸਨ।

# ਸਕਿੱਟ ਵੰਨਗੀ 'ਚੋਂ ਫਸਟ ਆਉਣ ਵਾਲੇ ਵਿਦਿਆਰਥੀ ਸਨਮਾਨਤ



**ਮਾਹਿਲਪੁਰ (ਸਫਰੀ)**- ਪਿਛਲੇ ਦਿਨੀਂ ਡੀਏਵੀ ਕਾਲਜ ਹੁਸ਼ਿਆਰਪੁਰ ਵਿੱਚ ਕਰਵਾਏ ਪੰਜਾਬ ਯੂਨੀਵਰਸਿਟੀ ਇੰਟਰ ਜੋਨਲ ਯੁਵਕ ਅਤੇ ਵਿਰਾਸਤੀ ਮੇਲੇ ਵਿੱਚ ਇੱਥੋਂ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਦੇ ਵਿਦਿਆਰਥੀਆਂ ਨੇ ਥੀਏਟਰ ਦੀ ਵੰਨਗੀ ਸਕਿੱਟ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਸੰਸਥਾ ਦਾ ਨਾਂਅ ਰੌਸ਼ਨ ਕੀਤਾ ਹੈ। ਕਾਲਜ ਵਿੱਚ ਸਕਿੱਟ ਟੀਮ ਦੇ ਉਕਤ ਵਿਦਿਆਰਥੀਆਂ ਦੇ ਸਨਮਾਨ ਸਬੰਧੀ ਇਕ ਸਮਾਰੋਹ ਕੀਤਾ ਗਿਆ। ਕਾਲਜ ਦੇ ਉੱਪ ਪ੍ਰਿੰਸੀਪਲ ਪ੍ਰੋ ਅਰਾਧਨਾ ਦੁੱਗਲ ਅਤੇ ਸਟਾਫ ਨੇ ਜੇਤੂ ਵਿਦਿਆਰਥੀਆਂ ਨੂੰ ਇਸ ਪ੍ਰਾਪਤੀ 'ਤੇ ਸ਼ੁੱਭ ਕਾਮਨਾਵਾਂ ਦਿੱਤੀਆਂ। ਪੰਜਾਬੀ ਵਿਭਾਗ ਦੇ ਮੁੱਖੀ ਅਤੇ ਥੀਏਟਰੀਕਲ ਆਈਟਮਜ਼ ਦੇ ਕਨਵੀਨਰ ਡਾ. ਜੇ ਬੀ ਸੇਖੋਂ ਨੇ ਦੱਸਿਆ ਕਿ ਕਾਲਜ ਦੀ ਥੀਏਟਰੀਕਲ ਟੀਮ ਨੇ ਪਿਛਲੇ ਕਈ ਸਾਲਾਂ ਤੋਂ ਜੋਨਲ, ਇੰਟਰ ਜੋਨਲ ਅਤੇ ਸੂਬਾ ਪੱਧਰੀ ਮੁਕਾਬਲਿਆਂ ਵਿੱਚ ਅੱਵਲ ਸਥਾਨ ਹਾਸਿਲ ਕੀਤੇ ਹਨ। ਉਨ੍ਹਾਂ ਦੱਸਿਆ ਕਿ ਜੀਟੀਬੀ ਕਾਲਜ ਦਸੂਹਾ ਵਿੱਚ ਹੋਏ ਪੰਜਾਬ ਯੂਨੀਵਰਸਿਟੀ ਜੋਨਲ ਯੁਵਕ ਮੇਲੇ ਵਿੱਚ ਚੰਗੀ ਕਾਰਗੁਜ਼ਾਰੀ ਤੋਂ ਬਾਅਦ ਕਾਲਜ ਦੀ ਸਕਿੱਟ ਟੀਮ ਨੇ ਡੀਏਵੀ ਕਾਲਜ ਹੁਸ਼ਿਆਰਪੁਰ ਵਿੱਚ 11 ਨਵੰਬਰ ਤੋਂ 14 ਨਵੰਬਰ ਤੱਕ ਕਰਵਾਏ ਪੰਜਾਬ ਯੂਨੀਵਰਸਿਟੀ ਇੰਟਰ ਜੋਨਲ ਯੁਵਕ ਅਤੇ ਵਿਰਾਸਤੀ ਮੇਲੇ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ ਅਤੇ ਸਕਿੱਟ ਟੀਮ ਦੇ ਇਹ ਵਿਦਿਆਰਥੀ ਹੁਣ ਪੰਜਾਬ ਐਗਰੀਕਲਚਰ ਯੂਨੀਵਰਸਿਟੀ, ਲੁਧਿਆਣਾ ਵਿੱਚ 29 ਤੋਂ 2 ਦਸੰਬਰ ਤੱਕ ਹੋ ਰਹੇ ਪੰਜਾਬ ਰਾਜ ਅੰਤਰ -ਯੂਨੀਵਰਸਿਟੀ ਯੁਵਕ ਮੇਲੇ ਆਪਣੀ ਕਲਾ ਦਾ ਪ੍ਰਦਰਸ਼ਨ ਕਰਨਗੇ। ਇਸ ਮੌਕੇ ਪ੍ਰੋ ਅਸ਼ੋਕ ਕੁਮਾਰ, ਪ੍ਰੋ ਗਣੇਸ਼, ਪ੍ਰੋ ਅਮਨਦੀਪ ਕੌਰ, ਪ੍ਰੋ ਨੈਨਸੀ, ਪ੍ਰੋ ਪੰਕਜ ਕੁਮਾਰ, ਪ੍ਰੋ ਨੈਨਸੀ ਅਤੇ ਪ੍ਰੋ ਅਨੁਰਾਧਾ ਸਮੇਤ ਥੀਏਟਰ ਦੇ ਵਿਦਿਆਰਥੀ ਅੰਮ੍ਰਿਤਪਾਲ ਸਿੰਘ, ਸ਼ੈਰਲ, ਗਗਨਦੀਪ ਸਿੰਘ, ਗੀਤਿਕਾ, ਹਰਮਨ ਅਤੇ ਮੁਨੀਸ ਕੁਮਾਰ ਹਾਜ਼ਰ ਸਨ।

# ਸਿਲਵਰ ਓਕ ਸਕੂਲ ਫੈਪ ਨੈਸ਼ਨਲ ਐਵਾਰਡ ਫਾਰ ਸਪੋਰਟਸ ਅਚੀਵਮੈਂਟ ਨਾਲ ਸਨਮਾਨਤ



**ਟਾਂਡਾ ਉੜਮੁੜ ( ਜਸਵਿੰਦਰ ਸੰਧੂ ਓਂਕਾਰ ਸਿੰਘ)**-ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸਾਹਬਾਜਪੁਰ ਸਿੱਖਿਆ ਦੇ ਨਾਲ ਨਾਲ ਖੇਡਾਂ ਦੇ ਵਿੱਚ ਵੀ ਮੋਹਰੀ ਬਣ ਕੇ ਸਾਹਮਣੇ ਆਇਆ ਹੈ। ਇਸੇ ਧਾਰਨਾ ਨੂੰ ਸਾਰਥਕ ਸਾਬਿਤ ਕਰਦਿਆਂ ਹੋਇਆਂ ਸਿਲਵਰ ਓਕ ਸਕੂਲ ਨੂੰ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲ ਐਂਡ ਐਸੋਸੀਏਸ਼ਨ ਵੱਲੋਂ ਫੈਪ ਨੈਸ਼ਨਲ ਅਵਾਰਡ ਫਾਰ ਸਪੋਰਟਸ ਅਚੀਵਮੈਂਟ ਦੇ ਕੇ ਸਨਮਾਨਿਤ ਕੀਤਾ ਗਿਆ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਅਤੇ ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਦੱਸਿਆ ਕਿ ਸਕੂਲ ਬੀਤੇ ਸਮੇਂ ਦੌਰਾਨ ਇਲਾਕੇ ਨੂੰ ਬਹੁਤ ਸਾਰੇ ਸਟੇਟ ਲੈਵਲ ਅਤੇ ਨੈਸ਼ਨਲ ਲੈਵਲ ਦੇ ਖਿਡਾਰੀ ਦੇ ਰਿਹਾ ਹੈ ਅਤੇ ਇਸ ਤੋਂ ਇਲਾਵਾ ਸਕੂਲ ਦੇ ਇੰਟਰਨੈਸ਼ਨਲ ਲੈਵਲ ਸਟੇਡੀਅਮ ਦੇ ਵਿੱਚ ਪੰਜਾਬ ਬੋਰਡ ਸਟੇਟ ਲੈਵਲ ਅਤੇ ਸੀ.ਬੀ.ਐਸ.ਸੀ ਨੌਰਥ ਜੋਨ ਲੈਵਲ ਤੱਕ ਦੇ ਟੂਰਨਾਮੈਂਟ ਬੜੀ ਸ਼ਾਨੋ ਸ਼ੌਕਤ ਅਤੇ ਸਫਲਤਾ ਪੂਰਵਕ ਕਰਵਾਏ ਗਏ ਹਨ। ਸੋ ਖੇਡਾਂ ਅਤੇ ਖੇਡ ਸੁਵਿਧਾਵਾਂ ਦੇ ਪੱਖੋਂ ਸਕੂਲ ਇਲਾਕੇ ਦੇ ਵਿੱਚ ਆਪਣੀ ਵੱਖਰੀ ਪਛਾਣ ਬਣਾ ਚੁੱਕਾ ਹੈ। ਬੀਤੇ ਸਮੇਂ ਦੌਰਾਨ ਸਕੂਲ ਦੇ ਖਿਡਾਰੀਆਂ ਨੇ ਅਲੱਗ ਅਲੱਗ ਖੇਡਾਂ ਦੇ ਵਿੱਚ ਵਧੀਆ ਪ੍ਰਦਰਸ਼ਨ ਕਰਦੇ ਹੋਏ ਸਕੂਲ ਦਾ ਅਤੇ ਆਪਣੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ। ਜਿਨ੍ਹਾਂ ਵਿੱਚੋਂ ਕਿੱਕ ਬਾਕਸਿੰਗ, ਵੂਸ਼ੋ ਅਤੇ ਵਾਲੀਬਾਲ ਦੇ ਵਿੱਚ ਸਟੇਟ ਲੈਵਲ ਗੋਲਡ, ਗਤਕੇ ਦੇ ਮੁਕਾਬਲਿਆਂ ਦੇ ਵਿੱਚ ਰਾਸ਼ਟਰੀ ਪੱਧਰ ਤੇ ਗੋਲਡ ਅਤੇ ਲਾਅਨ ਟੈਨਿਸ ਦੇ ਨੌਰਥ ਜੋਨ ਟੂਰਨਾਮੈਂਟ ਦੇ ਵਿੱਚ ਬਰੋਨਸ ਮੈਡਲ ਅਜਿਹੀਆਂ ਉਪਲਬਧੀਆਂ ਸ਼ਾਮਿਲ ਹਨ। ਇਸ ਮੌਕੇ 'ਤੇ ਸੰਸਥਾ ਦੇ ਮੈਨੇਜਰ ਗਜਿੰਦਰ ਪਾਲ ਸਿੰਘ ਤਰਨ ਸੈਣੀ, ਰਿਸੋਰਸ ਕੋਡੀਨੇਟਰ ਬਿਕਰਮਜੀਤ ਸਿੰਘ ਭੇਲਾ, ਖੇਡ ਵਿਭਾਗ ਦੇ ਮੁਖੀ ਸੰਜੀਵ ਕੁਮਾਰ ਸ਼ਰਮਾ, ਕੋਆਰਡੀਨੇਟਰ ਅਮਰਜੀਤ ਕੌਰ ਸੈਣੀ, ਜਗਬੰਧਨ ਸਿੰਘ, ਵਿਸ਼ਾਲੀ, ਗੁਰਪ੍ਰੀਤ ਕੌਰ, ਅਰਚਨਾ, ਨੇਹਾ, ਪਰਮਜੀਤ, ਸੁਮਿਤ, ਬਲਜੀਤ, ਰਾਜਵਿੰਦਰ, ਰਾਜਵੀਰ, ਸੁਮਨ, ਇਕਬਾਲ, ਮਮਤਾ, ਦਮਨ, ਗੁਰਦੇਵ, ਹਰਜੀਤ, ਅਜੇ ਅਤੇ ਬਾਕੀ ਸਟਾਫ ਮੈਂਬਰ ਹਾਜ਼ਰ ਸਨ।

# ਭਾਈ ਨੰਦ ਲਾਲ ਪਬਲਿਕ ਸਕੂਲ ਦੀਆਂ ਸਾਲਾਨਾ ਪ੍ਰਾਇਮਰੀ ਖੇਡਾਂ ਦਾ ਸ਼ਾਨਦਾਰ ਸਮਾਪਨ

**ਅਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਦੀ ਰਹਿਨੁਮਾਈ ਅਤੇ ਡਾਇਰੈਕਟੋਰੇਟ ਆਫ ਅਜੂਕੇਸ਼ਨ ਦੇ ਦਿਸ਼ਾ ਨਿਰਦੇਸ਼ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਸਿੱਖਿਆ ਸੰਸਥਾ ਭਾਈ ਨੰਦ ਲਾਲ ਪਬਲਿਕ ਸਕੂਲ ਵਿਖੇ ਸੈਸ਼ਨ 2024-25 ਲਈ ਸਾਲਾਨਾ ਪ੍ਰਾਇਮਰੀ ਖੇਡਾਂ ਦਾ ਆਯੋਜਨ ਕੀਤਾ ਗਿਆ।21 ਨਵੰਬਰ 2024 ਨੂੰ ਪਿਛਲੇ ਕਈ ਰੋਜ਼ ਤੋਂ ਚੱਲ ਰਹੀਆਂ ਖੇਡਾਂ ਦੇ ਫਾਈਨਲ ਅੱਜ ਵਿਸ਼ੇਸ਼ ਸਮਾਗਮ ਕਰਵਾ ਕੇ ਸਮਾਪਨ ਕੀਤਾ ਗਿਆ ।ਸਬ ਡਵੀਜਨ ਸ੍ਰੀ ਅਨੰਦਪੁਰ ਸਾਹਿਬ ਦੇ ਡੀ. ਐਸ.ਪੀ. ਅਜੇ ਸਿੰਘ ਪੀ.ਪੀ. ਐਸ.ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ।। ਉਹ ਛੋਟੇ-ਛੋਟੇ ਵਿਦਿਆਰਥੀਆਂ ਦੇ ਜੋਸ਼ ਅਤੇ ਅਨੁਸ਼ਾਸਨ ਨੂੰ ਦੇਖ ਕੇ ਬਹੁਤ ਖੁਸ਼ ਹੋਏ । ਉਹਨਾਂ ਨੇ ਪਹਿਲਾ ,ਦੂਜਾ ਅਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ।



## ਤੇਹਿੰਗ ਵਿਖੇ ਦਸਤਾਰ ਸਜਾਉਣ ਦੇ ਮੁਕਾਬਲੇ 15 ਨੂੰ

**ਫਿਲੌਰ (ਨਿਰਮਲ)**- ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਦਸਤਾਰ ਸਜਾਉਣ ਦੇ ਮੁਕਾਬਲੇ 15 ਦਸੰਬਰ (ਐਤਵਾਰ) ਨੂੰ ਪਿੰਡ ਤੇਹਿੰਗ (ਫਿਲੌਰ) ਵਿਖੇ ਕਰਵਾਏ ਜਾਣਗੇ। ਇਹ ਮੁਕਾਬਲੇ ਗ੍ਰਾਮ ਪੰਚਾਇਤ ਤੇਹਿੰਗ ਦੀ ਵੈਲਫ਼ੇਅਰ ਕਮੇਟੀ ਅਤੇ ਐਨ.ਆਰ.ਆਈ ਵੀਰਾਂ ਦੇ ਸਹਿਯੋਗ ਨਾਲ ਆਯੋਜਿਤ ਕੀਤੇ ਜਾ ਰਹੇ ਹਨ।ਕਮੇਟੀ ਦੇ ਪ੍ਰਬੰਧਕ ਤੀਰਥ ਸਿੰਘ ਜੌਹਲ ਨੇ ਦੱਸਿਆ ਕਿ ਮੁਕਾਬਲੇ ਦੋ ਗਰੁੱਪਾਂ ਵਿੱਚ ਕਰਵਾਏ ਜਾਣਗੇ।ਪਹਿਲੇ ਗਰੁੱਪ ਵਿੱਚ ਉਮਰ ਸੀਮਾ 13 ਸਾਲ ਹੈ। ਇਸ ਗਰੁੱਪ ਲਈ ਪਹਿਲਾ ਇਨਾਮ: 12,000 ਰੁਪਏ, ਦੂਸਰਾ ਇਨਾਮ: 9,000, ਤੀਸਰਾ ਇਨਾਮ: 6,000 ਤੇ ਚੌਥਾ ਇਨਾਮ: 4,000 ਰੁਪਏ ਹੈ। ਦੂਸਰੇ ਗਰੁੱਪ ਵਿੱਚ ਉਮਰ ਸੀਮਾ 18 ਸਾਲ ਹੈ। ਇਸ ਗਰੁੱਪ ਲਈ ਪਹਿਲਾ ਇਨਾਮ: ਲੈਪਟਾਪ, ਦੂਸਰਾ ਇਨਾਮ: 12,000 ਰੁਪਏ, ਤੀਸਰਾ ਇਨਾਮ: 8,000 ਤੇ ਚੌਥਾ ਇਨਾਮ: 6,000 ਰੁਪਏ ਹੈ। ਹਰ ਭਾਗ ਲੈਣ ਵਾਲੇ ਨੂੰ ?500 ਦਾ ਇਨਾਮ ਦਿੱਤਾ ਜਾਵੇਗਾ।ਇਸ ਮੁਕਾਬਲੇ ਵਿੱਚ ਗੁਰਬਾਣੀ ਕੰਠ ਦੇ ਨੰਬਰ ਵੀ ਸ਼ਾਮਲ ਕੀਤੇ ਜਾਣਗੇ। ਜਿਨ੍ਹਾਂ ਬੱਚਿਆਂ ਨੂੰ ਵੱਧ ਗੁਰਬਾਣੀ ਕੰਠ ਹੋਵੇਗੀ, ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਜਾਵੇਗਾ।

## ਨਰਾਜ਼ ਹੋ ਕੇ ਘਰੋਂ ਦੌੜੇ ਬੱਚੇ ਨੂੰ ਵਾਰਸਾਂ ਹਵਾਲੇ ਕੀਤਾ



**ਫਿਲੌਰ (ਨਿਰਮਲ)**- ਸੜਕ ਸੁਰੱਖਿਆ ਫੋਰਸ ਦੇ ਥਾਣੇਦਾਰ ਜਸਵਿੰਦਰ ਸਿੰਘ, ਸਰਬਜੀਤ ਸਿੰਘ, ਸਿਪਾਹੀ ਕਰਮਜੀਤ ਅਤੇ ਪ੍ਰੀਤ ਸਿੰਘ ਨੂੰ ਬੀਤੀ ਰਾਤ 12 ਵਜੇ ਦੇ ਕਰੀਬ ਫਿਲੌਰ ਨੇੜੇ ਇੱਕ ਪਿੰਡ ਭੱਟੀਆਂ ਦੇ ਨੇੜਿਓਂ ਇੱਕ 13-14 ਸਾਲਾਂ ਦਾ ਬੱਚਾ ਮਿਲਿਆ ਜੋ ਬਹੁਤ ਘਬਰਾਇਆ ਹੋਇਆ ਸੀ। ਫੋਰਸ ਦੀ ਟੀਮ ਤੇ ਪਿੰਡ ਦੇ ਸਰਪੰਚ ਵੱਲੋਂ ਪੁੱਛੇ ਜਾਣ 'ਤੇ ਉਸ ਨੇ ਆਪਣਾ ਨਾਂਅ ਸੁਭਾਸ਼ ਦੱਸਿਆ ਅਤੇ ਜੀਜੇ ਦਾ ਫੋਨ ਨੰਬਰ ਦਿੱਤਾ। ਪੁਲਸ ਨੇ ਵਾਰਸਾਂ ਨਾਲ ਫੋਨ 'ਤੇ ਸੰਪਰਕ ਕੀਤਾ ਤਾਂ ਉਨ੍ਹਾਂ ਨੇ ਦੱਸਿਆ ਕਿ ਇਹ ਬੱਚਾ ਘਰੋਂ ਨਰਾਜ ਹੋ ਕੇ ਚਲਾ ਗਿਆ ਸੀ। ਇਹ ਬੱਚਾ ਪਿੰਡ ਮਮਦੋਦ (ਫਿਰੋਜ਼ਪੁਰ) ਤੋਂ ਆਇਆ ਸੀ। ਵਾਰਸ ਫਿਲੌਰ ਪੁੱਜੇ ਤੇ ਬੱਚੇ ਦੀ ਪਹਿਚਾਣ ਕਰਕੇ ਨਾਲ ਲੈ ਗਏ।

## ਸਿਹਤ ਟੀਮਾਂ ਨੇ ਡੇਂਗੂ ਦੇ ਖਾਤਮੇ ਲਈ ਲੋਕਾਂ ਨੂੰ ਕੀਤਾ ਜਾਗਰੂਕ



**ਟਾਂਡਾ ਉੜਮੁੜ (ਜਸਵਿੰਦਰ ਸੰਧੂ ਓਂਕਰ ਸਿੰਘ)**- ਸਿਵਲ ਸਰਜਨ ਹੁਸ਼ਿਆਰਪੁਰ ਡਾ: ਪਵਨ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਾ: ਕਰਨ ਕੁਮਾਰ ਸੈਣੀ ਦੀ ਯੋਗ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਡੇਂਗੂ ਤੇ ਖਾਤਮੇ ਲਈ ਸ਼ੁਰੂ ਕੀਤੀ ਐਂਟੀ ਡੇਂਗੂ ਹਫਤੇ ਤਹਿਤ ਬਲਾਕ ਟਾਂਡਾ ਵਿੱਚ ਸਿਹਤ ਟੀਮਾਂ ਵੱਲੋਂ ਡੇਂਗੂ ਦੇ ਖਾਤਮੇ ਲਈ ਲੋਕਾਂ ਨੂੰ ਜਾਗਰੂਕ ਕੀਤਾ ਗਿਆ ਅਤੇ ਘਰ ਘਰ ਜਾ ਕੇ ਲੋਕਾਂ ਨੂੰ ਡੇਂਗੂ ਤੋਂ ਬਚਣ ਲਈ ਸਿਹਤ ਸਿੱਖਿਆ ਦਿੱਤੀ ਗਈ। ਡਾਕਟਰ ਸੈਣੀ ਨੇ ਦੱਸਿਆ ਕਿ ਸਾਨੂੰ ਆਪਣੇ ਘਰਾਂ ਦੇ ਨੇੜੇ ਪਾਣੀ ਇਕੱਠਾ ਨਹੀਂ ਹੋਣਾ ਦੇਣਾ ਚਾਹੀਦਾ। ਟਾਇਰਾਂ, ਕੂਲਰਾਂ ,ਗਮਲਿਆਂ , ਫਰਿਜਾਂ ਅਤੇ ਹੋਰ ਕਬਾੜ ਵਾਲੇ ਥਾਵਾਂ 'ਤੇ ਇਸ ਦਾ ਖਾਸ ਧਿਆਨ ਰੱਖਣਾ ਚਾਹੀਦਾ ਹੈ ਕਿਉਂਕਿ ਇਹ ਮੱਛਰ ਖੜੇ ਸਾਫ ਪਾਣੀ ਵਿੱਚ ਪੈਦਾ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਇਸ ਬਿਮਾਰੀ ਤੋਂ ਬਚਣ ਲਈ ਪੂਰੀਆਂ ਬਾਹਾਂ ਦੇ ਕੱਪੜੇ ਪਾਉਣੇ ਚਾਹੀਦੇ ਹਨ। ਸੌਣ ਵੇਲੇ ਮੱਛਰਦਾਨੀ ਦੀ ਵਰਤੋਂ ਕਰਨੀ ਚਾਹੀਦੀ ਹੈ। ਤੇਜ ਬੁਖਾਰ, ਜੀਅ ਕੱਚਾ ਹੋਣਾ, ਉਲਟੀਆਂ ਆਉਣਾ ,ਥਕਾਵਟ ਮਹਿਸੂਸ ਹੋਣਾ ,ਮਸੂੜਿਆਂ ਵਿੱਚੋਂ ਖੂਨ ਵਗਣਾ ਆਦਿ ਡੇਂਗੂ ਲੱਛਣ ਹੁੰਦੇ ਹਨ। ਅਜਿਹੇ ਲੱਛਣ ਨਜਰ ਆਉਣ 'ਤੇ ਨਜਦੀਕੀ ਸਿਹਤ ਕੇਂਦਰ ਨਾਲ ਸੰਪਰਕ ਕੀਤਾ ਜਾਵੇ।

# ਜੀਵਨ ਜਾਗਰਤੀ ਮੰਚ ਨੇ ਲਗਾਇਆ ਦਸਵਾਂ ਖ਼ੂਨ ਦਾਨ ਕੈਂਪ




**ਮਾਹਿਲਪੁਰ (ਸ.ਫਰੀ)**-ਗੜ੍ਹਸ਼ੰਕਰ ਵਿਚ ਜੀਵਨ ਜਾਗਰਤੀ ਮੰਚ ਵੱਲੋਂ ਦਸਵਾਂ ਖੂਨ ਦਾਨ ਕੈਂਪ ਸ਼ਹਿਰ ਦੀਆਂ ਸਥਾਨਕ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਕੈਨਰਾ ਬੈਂਕ ਦੇ ਫਾਊਂਡਰਜ਼ ਡੇ ਦੇ ਮੌਕੇ ਬਰਾਂਚ ਗੜਸ਼ੰਕਰ ਵਿਖੇ ਲਗਾਇਆ ਗਿਆ। ਇਸ ਖੂਨਦਾਨ ਕੈਂਪ ਦਾ ਉਦਘਾਟਨ ਮਾਨਯੋਗ ਜੈ ਕਿਸ਼ਨ ਸਿੰਘ ਰੋੜੀ, ਡਿਪਟੀ ਸਪੀਕਰ,ਪੰਜਾਬ ਵਿਧਾਨ ਸਭਾ ਵੱਲੋਂ ਕੀਤਾ ਗਿਆ। ਇਸ ਸਮੇਂ ਉਹਨਾਂ ਨੇ ਮੰਚ ਦੀ ਭਰਪੂਰ ਸ਼ਲਾਘਾ ਕਰਦਿਆਂ ਆਪਣੇ ਅਖਤਿਆਰੀ ਫੰਡ ਵਿੱਚੋਂ 50 ਹਜ਼ਾਰ ਰੁਪਏ ਮੰਚ ਲਈ ਅਤੇ ਇਕ ਲੱਖ ਰੁਪਏ ਬਲੱਡ ਡੋਨਰਜ ਕੌਂਸਲ ਨਵਾਂਸ਼ਹਿਰ ਨੂੰ ਦੇਣ ਦਾ ਐਲਾਨ ਕੀਤਾ। ਇਸ ਸਮੇਂ ਮੰਚ ਦੇ ਅਹੁਦੇਦਾਰਾਂ, ਮੈਂਬਰਾਂ ਅਤੇ ਸ਼ਹਿਰ ਦੇ ਪਤਵੰਤਿਆਂ ਦੇ ਨਾਲ-ਨਾਲ ਸ਼ਹਿਰ ਦੀਆਂ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ ਵੀ ਸ਼ਾਮਿਲ ਸਨ।ਇਲਾਕੇ ਦੇ ਖ਼ੂਨਦਾਨੀਆਂ ਵੱਲੋਂ ਬਲੱਡ ਡੋਨਰਜ਼ ਕੌਂਸਿਲ ਨਵਾਂ ਸ਼ਹਿਰ ਦੇ ਤਕਨੀਕੀ ਸਹਿਯੋਗ ਨਾਲ ਲਗਾਏ ਗਏ ਇਸ ਕੈਂਪ ਵਿੱਚ 67 ਯੂਨਿਟ ਖੂਨ ਦਾਨ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਸੁਰਿੰਦਰ ਪਾਲ, ਪ੍ਰੋਫੈਸਰ ਸੰਧੂ ਵਰਿਆਣਵੀ, ਪੀ.ਐਲ.ਸੂਦ, ਹਰਦੇਵ ਰਾਏ, ਬਲਵੰਤ ਸਿੰਘ, ਮਾਸਟਰ ਹੰਸਰਾਜ, ਹਰੀ ਲਾਲ ਨਫ਼ਰੀ , ਵਿਜੇ ਲਾਲ , ਪਵਨ ਗੋਇਲ ,ਬ੍ਰਾਂਚ ਮੈਨੇਜਰ ਸਗੁਨ ਰਾਣਾ, ਨੀਲੇਸ਼ ਕੁਮਾਰ ਡਿਵੀਜ਼ਨਲ ਮੈਨੇਜਰ ਕੇਨਰਾ ਬੈਂਕ ਜਲੰਧਰ , ਸੋਮ ਨਾਥ ਬੰਗੜ ,ਪ੍ਰਿੰਸੀਪਲ ਦਲਵਾਰਾ ਰਾਮ ,ਬੀਬੀ ਸੁਭਾਸ਼ ਮੱਟੂ ,ਤਰਕਸ਼ੀਲ ਆਗੂ ਜੋਗਿੰਦਰ ਕੁਲੇਵਾਲ , ਡਾ. ਅਵਤਾਰ ਦੁੱਗਲ , ਹੇਮ ਰਾਜ ਧੰਜਲ ,ਭੁਪਿੰਦਰ ਰਾਣਾ, ਪ੍ਰਿੰਸੀਪਲ ਅਮਨਦੀਪ ਹੀਰਾ ,ਐਡਵੋਕੇਟ ਹਰਪ੍ਰੀਤ ਸਿੰਘ ਐਡਵੋਕੇਟ ਜੀ ਐਸ ਬਾਜਵਾ, ਡਾ. ਲਖਵਿੰਦਰ ਲੱਕੀ ਹੈਪੀ ਸਾਧੋਵਾਲ, ਡਾ. ਬਿੱਟੂ ਵਿੱਜ ,ਜੋਗਾ ਸਿੰਘ ਸਾਧੜਾ, ਲਾਡੀ ਅੰਮ੍ਰਿਤਸਰੀਆ ,ਪਵਨ ਭੰਮੀਆ , ਹਰਪਾਲ ਕੌਰ ਸਰਪੰਚ ਆਦਿ ਹਾਜ਼ਰ ਸਨ।

# ਐੱਨ ਡੀ ਆਰ ਐੱਫ ਨੇ ਸ਼੍ਰੀਆਂਸ ਇੰਡਸਟਰੀਜ਼ ਵਿਖੇ ਆਫਤ ਪ੍ਰਬੰਧਨ ਸੰਬੰਧੀ ਕਰਵਾਈ ਮੌਕ ਡਰਿੱਲ




**ਬਲਾਚੌਰ (ਜਸਵਿੰਦਰ ਬੈਂਸ)**-ਐੱਨ ਡੀ ਆਰ ਐੱਫ (ਨੈਸ਼ਨਲ ਡਿਜ਼ਾਸਟਰ) ਬਠਿੰਡਾ ਦੀ 7 ਬਟਾਲੀਅਨ ਵੱਲੋਂ ਸ਼੍ਰੀਆਂਸ ਇੰਡਸਟਰੀਜ਼ ਲਿਮਟਿਡ, ਪਿੰਡ ਬੰਨ੍ਹਾ, ਤਹਿਸੀਲ ਬਲਾਚੌਰ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਆਫਤ ਪ੍ਰਬੰਧਨ ਸਬੰਧੀ ਇਕ ਮੌਕ ਡਰਿੱਲ ਕਰਵਾਈ ਗਈ।

ਇਸ ਮੌਕੇ ਐਨ.ਡੀ.ਆਰ.ਐਫ, ਐਸ.ਡੀ.ਆਰ.ਐਫ, ਪੁਲਿਸ, ਫਾਇਰ ਸੇਫਟੀ, ਸਿਹਤ, ਫੂਡ ਸਪਲਾਈ, ਡਿਪਟੀ ਡਾਇਰੈਕਟਰ ਫੈਕਟਰੀਆਂ ਸਮੇਤ ਸਾਰੇ ਸਹਿਯੋਗੀ ਵਿਭਾਗਾਂ ਦੀਆਂ ਟੀਮਾਂ ਤਾਇਨਾਤ ਸਨ। ਇਸ ਦੌਰਾਨ ਫੈਕਟਰੀ ਵਿਚ ਕਲੋਰੀਨ ਗੈਸ ਲੀਕੇਜ ਸਬੰਧੀ ਸਹਾਇਕ ਕਮਾਂਡੈਂਟ ਡੀ. ਐਲ ਜਾਖੜ ਦੀ ਅਗਵਾਈ ਵਿਚ ਇਕ ਮੌਕ ਅਭਿਆਸ ਕਰਵਾਇਆ ਗਿਆ। ਉਨ੍ਹਾਂ ਦੱਸਿਆ ਕਿ ਮੌਕ ਅਭਿਆਸ ਤੋਂ ਪਹਿਲਾਂ ਸਬੰਧਿਤ ਵਿਭਾਗਾਂ ਨਾਲ ਓਰੀਐਂਟੇਸ਼ਨ ਅਤੇ ਤਾਲਮੇਲ-ਕਮ-ਟੇਬਲ ਟਾਪ ਐਕਸਰਸਾਈਜ਼ ਕਰ ਲਈ ਗਈ ਸੀ। ਉਨ੍ਹਾਂ ਦੱਸਿਆ ਕਿ ਸੀ.ਆਰ.ਬੀ.ਐਨ (ਰਸਾਇਣਕ, ਰੇਡੀਓਲਾਜੀਕਲ, ਜੈਵਿਕ ਅਤੇ ਪ੍ਰਮਾਣੂ) ਮੌਕ ਅਭਿਆਸ ਵਿਸ਼ੇਸ਼ ਤੌਰ 'ਤੇ ਜਾਗਰੂਕਤਾ ਅਤੇ ਤਾਲਮੇਲ ਨੂੰ ਉਤਸ਼ਾਹਿਤ ਕਰਨ ਲਈ, ਖਾਸ ਕਰਕੇ ਉਦਯੋਗਿਕ ਸੁਰੱਖਿਆ ਦੇ ਨਜ਼ਰੀਏ ਤੋਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਸ ਅਭਿਆਸ ਦਾ ਮੁੱਖ ਉਦੇਸ਼ ਵੱਖ-ਵੱਖ ਸਰਕਾਰੀ ਅਤੇ ਉਦਯੋਗਿਕ ਵਿਭਾਗਾਂ ਵਿਚਕਾਰ ਤਾਲਮੇਲ ਨੂੰ ਮਜ਼ਬੂਤ ਕਰਨਾ, ਐਮਰਜੈਂਸੀ ਸਥਿਤੀਆਂ ਨਾਲ ਨਜਿੱਠਣ ਲਈ ਉਨ੍ਹਾਂ ਦੀਆਂ ਤਿਆਰੀਆਂ ਨੂੰ ਵਧਾਉਣਾ ਅਤੇ ਸੰਭਾਵੀ ਖ਼ਤਰਿਆਂ ਤੋਂ ਜਨਤਾ ਨੂੰ ਜਾਗਰੂਕ ਕਰਨਾ ਹੈ।

ਇਸ ਮੌਕੇ ਮੌਜੂਦ ਐਸ.ਡੀ.ਐਮ ਬਲਾਚੌਰ ਪ੍ਰੀਤ ਇੰਦਰ ਸਿੰਘ ਬੈਂਸ ਨੇ ਐਨ.ਡੀ.ਆਰ.ਐਫ ਟੀਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਅਭਿਆਸ ਨਾਲ ਕਿਸੇ ਵੀ ਆਫ਼ਤ ਜਾਂ ਹੰਗਾਮੀ ਸਥਿਤੀ ਨਾਲ ਨਜਿੱਠਣ ਲਈ ਵੱਖ-ਵੱਖ ਵਿਭਾਗਾਂ ਵੱਲੋਂ ਤੁਰੰਤ ਕੀਤੇ ਜਾਣ ਵਾਲੇ ਕੰਮਾਂ ਸਬੰਧੀ ਬਹੁਮੁੱਲੀ ਜਾਣਕਾਰੀ ਪ੍ਰਾਪਤ ਹੋਈ ਹੈ। ਇਸ ਮੌਕੇ ਸ਼੍ਰੀਆਂਸ ਇੰਡਸਟਰੀਜ਼ ਦੇ ਪ੍ਰੈਜ਼ੀਡੈਂਟ ਅਸ਼ੋਕ ਗੋਇਲ, ਵਾਈਸ ਪ੍ਰੈਜ਼ੀਡੈਂਟ (ਐਡਮਿਨ) ਐਚ. ਆਰ ਭਾਰਦਵਾਜ, ਏ.ਜੀ .ਐਮ (ਐਡਮਿਨ) ਗੁਲਸ਼ਨ ਸ਼ਰਮਾ, ਐਨ.ਡੀ.ਆਰ.ਐਫ ਦੇ ਇੰਸਪੈਕਟਰ ਜਸਵੰਤ ਸਿੰਘ ਤੋਂ ਇਲਾਵਾ ਸਮੂਹ ਤਹਿਸੀਲਦਾਰ, ਇੰਡਸਟਰੀਆਂ ਦੇ ਨੁਮਾਇੰਦੇ ਅਤੇ ਸੰਬੰਧਿਤ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਆਯੁਰਵੈਦ ਦੇ ਜਨਮ ਦਾਤਾ ਭਗਵਾਨ ਧਨਵੰਤਰੀ ਦਾ ਮਨਾਇਆ ਜਨਮ ਦਿਨ




**ਬਲਾਚੌਰ (ਜਸਵਿੰਦਰ ਬੈਂਸ)**- ਮੈਡੀਕਲ ਪ੍ਰੈਕਟੀਸ਼ਨ ਐਸੋਸੀਏਸ਼ਨ ਰਜਿ.295 ਬਲਾਕ ਬਲਾਚੌਰ ਦੀ ਮਾਸਕ ਮੀਟਿੰਗ ਡਾ. ਤਜਿੰਦਰ ਸਿੰਘ ਜੋਤ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਡਾ. ਦਿਲਦਾਰ ਸਿੰਘ ਚਾਹਲ ਸੂਬਾ ਵਾਈਸ ਪ੍ਰਧਾਨ ਹਾਜ਼ਰ ਹੋਏ। ਆਯੁਰਵੇਦ ਦੇ ਜਨਮ ਦਾਤਾ ਭਗਵਾਨ ਸ਼੍ਰੀ ਧਨਵੰਤਰੀ ਜੀ ਦਾ ਜਨਮ ਦਿਨ ਮਨਾਇਆ ਗਿਆ।ਵੈਦ ਬਲਦੇਵ ਸਿੰਘ ਨੇ ਦੱਸਿਆ ਕਿ ਭਗਵਾਨ ਧਨਵੰਤਰੀ ਜੀ ਦਾ ਜਨਮ ਦਿਨ ਦੀਵਾਲੀ ਤੋਂ ਦੋ ਦਿਨ ਪਹਿਲਾਂ ਧਨਤੇਰਸ ਨੂੰ ਹੋਇਆ ਸੀ ।ਉਹਨਾਂ ਨੇ ਹੀ ਅੰਮ੍ਰਿਤਮਈ ਦਵਾਈਆਂ ਦੀ ਖੋਜ ਕੀਤੀ ਸੀ। ਮੁਕੰਦ ਦੇ ਡਾਕਟਰ ਮਨੋਹਰ ਲਾਲ ਟਕਾਰਲਾ ਨੇ ਪ੍ਰੈਕਟਿਸਾਂ ਨੂੰ ਅਪੀਲ ਕੀਤੀ ਕਿ ਉਹ ਸਾਫ ਸੁਥਰੀ ਪ੍ਰੈਕਟਿਸ ਕਰਨ। ਤਾਂ ਜੋ ਲੋਕਾਂ ਨੂੰ ਜਾਲ ਤੋ ਬਾਹਰ ਕੱਢਿਆ ਜਾ ਸਕੇ। ਡਾ. ਗਿਆਨ ਸਿੰਘ ਜਨਰਲ ਸਕੱਤਰ ਨੇ ਕਿਹਾ ਕਿ ਅਸੀਂ ਹਰ ਸਾਲ ਗੁਰੂਆਂ ਦੇ ਗੁਰਪੁਰਬ ਮਨਾਉਂਦੇ ਹਾਂ, ਸਾਨੂੰ ਉਨ੍ਹਾਂ ਦੇ ਉਪਦੇਸ਼ਾਂ 'ਤੇ ਚੱਲਣਾ ਚਾਹੀਦਾ ਹੈ ਤਾਂ ਕਿ ਅਸੀਂ ਸਮਾਜ ਨੂੰ ਉੱਚਾ ਚੱਕ ਸਕੀਏ। ਇਸ ਮੌਕੇ ਡਾ. ਸਰਬਜੀਤ ਸਿੰਘ ਉਪ ਪ੍ਰਧਾਨ, ਡਾ. ਪਿੰਕਾ ਉਪ ਪ੍ਰਧਾਨ ਡਾ. ਹਰਜਿੰਦਰ ਖਜਾਨਚੀ, ਡਾ. ਜੋਸ਼ੀ ਪ੍ਰਧਾਨ, ਡਾ. ਮਨਮੋਹਨ ਸਿੰਘ, ਡਾ. ਸੁੱਚਾ ਸਿੰਘ, ਡਾ. ਸਾਹਿਲ, ਡਾ. ਬਲਵੰਤ ਸਿੰਘ, ਡਾ. ਬਹਾਦਰ ਸਿੰਘ, ਡਾ. ਹਰਦੀਪ ਸਿੰਘ, ਡਾ. ਬਹਾਦਰ, ਡਾ. ਸ਼ਮਸ਼ੇਰ ਸਿੰਘ, ਡਾ. ਦੀਪਕ, ਡਾ. ਪ੍ਰੇਮ ਸਿੰਘ, ਡਾ. ਹਰਭਜਨ, ਡਾ. ਪਿੰਕਾ,ਡਾ. ਸੁਖਜਿੰਦਰ ਸਿੰਘ, ਡਾ. ਦਰਬਾਰਾ ਸਿੰਘ, ਡਾ. ਰਾਮ ਲਾਲ, ਡਾ. ਅਮਰੀਕ ਸਿੰਘ, ਡਾ. ਜਸਵੀਰ ਸਿੰਘ, ਡਾ. ਜੋਸ਼ੀ, ਡਾ. ਜਤਿੰਦਰ, ਡਾ. ਬਲਵੀਰ, ਡਾ. ਗੁਰਵਿੰਦਰ, ਡਾ. ਹਰਪ੍ਰੀਤ ਸਿੰਘ ਆਦਿ ਹਾਜ਼ਰ ਹੋਏ।

# ਰਜੀਵ ਮਿਸ਼ਰ ਨੇ ਸਕੂਲੀ ਬੱਚਿਆਂ ਨੂੰ ਵਰਦੀਆਂ ਤੇ ਹੋਰ ਸਮਾਨ ਵੰਡਿਆ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**—ਲਾਇਨ ਕਲੱਬ ਨੂਰਮਹਿਲ ਸਿਟੀ ਦੇ ਪ੍ਰਧਾਨ ਲਾਇਨ ਰਜੀਵ ਮਿਸ਼ਰ ਨੇ ਗਰਲਜ ਸਮਾਟਸ ਪ੍ਰਾਇਮਰੀ ਸਕੂਲ ਨੂਰਮਹਿਲ ਦੇ ਬੱਚਿਆਂ ਨੂੰ ਵਰਦੀਆਂ, ਕਾਪੀਆਂ, ਬੂਟ, ਜੁਰਾਬਾਂ, ਲੱਡੂ ਅਤੇ ਬਿਸਕੁਟਾਂ ਦੇ ਪੈਕੇਟ ਵੰਡੇ। ਇਸ ਮੌਕੇ 'ਤੇ ਲਾਇਨ ਸੁਭਾਸ਼ ਕੋਹਲੀ, ਲਾਇਨ ਡਾਕਟਰ ਮਨਜੀਤ ਸਿੰਘ, ਲਾਇਨ ਗੁਰਮੀਤ ਸਿੰਘ ਸ਼ੈਲੀ, ਲਾਇਨ ਪ੍ਰਦੀਪ ਕੁਮਾਰ, ਲਾਇਨ ਸੰਦੀਪ ਮਿੱਤੂ, ਲਾਇਨ ਪ੍ਰੇਮ ਕੁਮਾਰ ਬੱਤਰਾ,ਲਾਇਨ ਸੁਮਨ ਪਾਠਕ, ਲਾਇਨ ਰਿੰਕੂ ਵਰਮਾ, ਲਾਇਨ ਸੰਚੂ ਵਰਮਾ, ਲਾਇਨ ਵਿਨੋਦ ਕੋਛੜ ,ਲਾਇਨ ਬਾਲ ਕ੍ਰਿਸ਼ਨ ਬਾਲੀ ਅਤੇ ਸਕੂਲ ਦਾ ਸਟਾਫ ਹਾਜ਼ਰ ਸੀ।




# ਸੀਨੀਅਰ ਚਿੱਤਰਕਾਰ ਅੰਕੁਸ਼ ਅੱਠੀ ਨੂੰ ਮਿਲਿਆ ਕਲਾ ਰਤਨ ਪੁਰਸਕਾਰ



ਰਾਜਸਥਾਨ ਦੇ ਟੌਂਕ ਵਿਚ ਹੋਏ 18ਵੇਂ ਰਾਸ਼ਟਰੀ ਕਲਾਪਰਵ ਕ੍ਰੇਆਨਸ ਵਿਚ ਜਲੰਧਰ ਦੇ ਐਮਜੀਐਨ ਪਬਲਿਕ ਸਕੂਲ ਅਰਬਨ ਅਸਟੇਟ-2 ਦੇ ਚਿੱਤਰਕਲਾ ਵਿਭਾਗ ਦੇ ਮੁਖੀ ਅੰਕੁਸ਼ ਅੱਠੀ ਕਲਾ ਰਤਨ ਪੁਰਸਕਾਰ ਹਾਸਲ ਕਰਦੇ ਹੋਏ।

**ਜਲੰਧਰ (ਪੱਤਰ ਪ੍ਰੇਰਕ)** ਕਲਾ ਤੇ ਐਜੂਕੇਸ਼ਨ ਵੈਲਫੇਅਰ ਸੁਸਾਇਟੀ ਵੱਲੋਂ ਰਾਜਸਥਾਨ ਦੇ ਟੌਂਕ ਵਿਚ ਕਰਵਾਏ ਗਏ 18ਵੇਂ ਰਾਸ਼ਟਰੀ ਕਲਾਪਰਵ ਕ੍ਰੇਆਨਸ ਵਿਚ ਜਲੰਧਰ ਦੇ ਸੀਨੀਅਰ ਚਿੱਤਰਕਾਰ ਅੰਕੁਸ਼ ਅੱਠੀ ਨੂੰ ਕਲਾ ਰਤਨ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ।ਭਾਰਤ ਦਾ ਇਹ ਨਾਮੀ ਪੁਰਸਕਾਰ ਮਰਹੂਮ ਇਲਿਆਸ ਮਹਿਮੂਦ ਫਾਕਿਰ ਏਜਾਜ਼ੀ ਦੀ ਯਾਦ ਵਿਚ ਹਰ ਸਾਲ ਦਿੱਤਾ ਜਾਂਦਾ ਹੈ।ਜਲੰਧਰ ਦੇ ਐਮਜੀਐਨ ਪਬਲਿਕ ਸਕੂਲ ਅਰਬਨ ਅਸਟੇਟ-2 ਦੇ ਚਿੱਤਰਕਲਾ ਵਿਭਾਗ ਦੇ ਮੁਖੀ ਅੰਕੁਸ਼ ਅੱਠੀ ਨੇ ਰਾਸ਼ਟਰੀ ਪੱਧਰ ਦਾ ਇਹ ਪੁਰਸਕਾਰ ਜਿੱਤ ਕੇ ਨਾ ਸਿਰਫ਼ ਜਲੰਧਰ ਬਲਿਕ ਪੂਰੇ ਪੰਜਾਬ ਦਾ ਨਾਂ ਚਮਕਾਇਆ ਹੈ । ਉਨ੍ਹਾਂ ਦੀ ਇਸ ਪ੍ਰਾਪਤੀ 'ਤੇ ਸ਼ਹਿਰ ਦੇ ਕਲਾਕਾਰਾਂ ਤੇ ਕਲਾ ਪ੍ਰੇਮੀਆਂ ਨੇ ਉਨ੍ਹਾਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ ਹਨ।

# ਖੱਬੀਆਂ ਧਿਰਾਂ ਨੇ ਪੰਜਾਬ ਵਿਰੋਧੀ ਫੈਸਲਾ ਰੱਦ ਕਰਨ ਲਈ ਪ੍ਰਧਾਨ ਮੰਤਰੀ ਨੂੰ ਮੰਗ ਪੱਤਰ ਭੇਜੇ



**ਜਲੰਧਰ :** ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ.), ਸੀ.ਪੀ.ਆਈ. (ਐਮ.ਐਲ.) ਲਿਬ੍ਰੇਸ਼ਨ ਅਤੇ ਐਮ.ਸੀ.ਪੀ.ਆਈ.-ਯੂ. ਦੇ ਜ਼ਿਲ੍ਹਾ ਪੱਧਰੀ ਸਾਂਝੇ ਵਫਦਾਂ ਵਲੋਂ ਅਧਿਕਾਰੀਆਂ ਰਾਹੀਂ ਦੇਸ਼ ਦੇ ਪ੍ਰਧਾਨ ਮੰਤਰੀ ਨੂੰ ਮੰਗ ਪੱਤਰ ਭੇਜੇ ਗਏ ਹਨ। ਭੇਜੇ ਗਏ ਮੰਗ ਪੱਤਰਾਂ ਰਾਹੀਂ ਚੰਡੀਗੜ੍ਹ ਵਿਖੇ ਹਰਿਆਣਾ ਦੀ ਰਾਜਧਾਨੀ ਉਸਾਰਨ ਲਈ ਜਗ੍ਹਾ ਅਤੇ ਫੰਡ ਦਿੱਤੇ ਜਾਣ ਦਾ ਕੇਂਦਰੀ ਸਰਕਾਰ ਦਾ ਅਨਿਆਂ ਪੂਰਨ ਫੈਸਲਾ ਰੱਦ ਕਰਨ ਦੀ ਮੰਗ ਕੀਤੀ ਗਈ ਹੈ।ਵੱਖੋ-ਵੱਖ ਥਾਈਂ ਮਿਲੇ ਵਫਦਾਂ ਦੀ ਅਗਵਾਈ ਹੋਰਨਾਂ ਤੋਂ ਇਲਾਵਾ ਆਰ.ਐਮ.ਪੀ.ਆਈ. ਦੇ ਸੂਬਾਈ ਪ੍ਰਧਾਨ ਤੇ ਸਕੱਤਰ ਕਾਮਰੇਡ ਰਤਨ ਸਿੰਘ ਰੰਧਾਵਾ ਤੇ ਪਰਗਟ ਸਿੰਘ ਜਾਮਾਰਾਏ, ਲਿਬ੍ਰੇਸ਼ਨ ਦੇ ਸੂਬਾਈ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰ ਤੇ ਸੂਬਾ ਸਕੱਤਰੇਤ ਦੇ ਮੈਂਬਰ ਰਾਜਬਿੰਦਰ ਸਿੰਘ ਰਾਣਾ ਅਤੇ ਐਮ.ਸੀ.ਪੀ.ਆਈ.-ਯੂ ਦੇ ਸੂਬਾ ਸਕੱਤਰ ਕਾਮਰੇਡ ਕਿਰਨਜੀਤ ਸਿੰਘ ਸੇਖੋਂ ਨੇ ਕੀਤੀ।ਉਪਰੋਕਤ ਆਗੂਆਂ ਨੇ ਉਕਤ ਸਾਜ਼ਿਸ਼ੀ ਫੈਸਲਾ ਰੱਦ ਕਰਵਾਉਣ ਅਤੇ ਪੰਜਾਬ ਨਾਲ ਲਗਾਤਾਰ ਕੀਤੇ ਜਾ ਰਹੇ ਧੱਕੇ-ਵਿਤਕਰੇ ਬੰਦ ਕਰਵਾਉਣ ਲਈ ਜਲਦ ਹੀ ਸਮੂਹ ਪੰਜਾਬ ਵਾਸੀਆਂ ਸਰਬ ਸਾਂਝਾ ਘੋਲ ਵਿੱਢਣ ਦਾ ਐਲਾਨ ਕੀਤਾ ਹੈ।ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਤਰਨਤਾਰਨ, ਹੁਸ਼ਿਆਰਪੁਰ, ਬਠਿੰਡਾ, ਮਾਨਸਾ, ਬਰਨਾਲਾ, ਫਰੀਦਕੋਟ, ਸੰਗਰੂਰ, ਲੁਧਿਆਣਾ, ਪਟਿਆਲਾ, ਫਿਰੋਜ਼ਪੁਰ, ਮੋਗਾ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਜ਼ ਤੋਂ ਇਲਾਵਾ ਅਬੋਹਰ ਦੇ ਐਸ ਡੀ ਐਮ ਰਾਹੀਂ ਮੰਗ ਪੱਤਰ ਭੇਜੇ ਗਏ ਹਨ।

# ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਦੀ ਬੇਟੀ ਦੇ ਵਿਆਹ 'ਚ ਇਕੱਠੇ ਹੋਏ ਸਿਆਸਤਦਾਨ

## ਧੀ ਦੇ ਵਿਆਹ ਦੀ ਖੁਸ਼ੀ ਦੇ ਨਾਲ-ਨਾਲ ਇੱਕ ਚੀਸ ਵੀ ਉੱਠਦੀ ਐ : ਚਰਨਜੀਤ ਸਿੰਘ ਚੰਨੀ



ਸਮਾਗਮ ਦੌਰਾਨ ਸ਼ਾਮਲ ਪਤਵੰਤੇ।

**ਸ਼ਾਹਕੋਟ (ਗਿਆਨ ਸੈਦਪੁਰੀ)** 'ਨੱਚਣ ਵਾਲੇ ਦੀ ਅੱਡੀ ਨਾ ਰਹਿੰਦੀ ਗਾਉਣ ਵਾਲੇ ਦਾ ਮੂੰਹ ..' ਇਸ ਕਹਾਵਤ ਵਿੱਚ ਸਿਆਸਤਦਾਨਾਂ ਦਾ ਨਾਂ ਵੀ ਜੋੜ ਦੇਣਾ ਬਣਦਾ ਹੈ।ਸਮਾਗਮ ਭਾਵੇਂ ਸਮਾਜਿਕ ਹੋਵੇ ਜਾਂ ਪਰਿਵਾਰਕ, ਉਸ ਵਿੱਚ ਜੇਕਰ ਸਿਆਸਤਦਾਨਾਂ ਦੀ ਹਾਜ਼ਰੀ ਹੋਵੇ ਤਾਂ ਸਿਆਸਤ ਦੀ ਚੀਰ ਫਾੜ ਜ਼ਰੂਰ ਹੁੰਦੀ ਹੈ। ਕਿਸੇ ਵੱਲੋਂ ਗੱਲ ਸੰਕੋਚਵੇਂ ਢੰਗ ਨਾਲ ਤੇ ਕਿਸੇ ਵੱਲੋਂ ਖੁੱਲ੍ਹ ਕੇ ਵੀ ਗੱਲ ਹੋ ਜਾਂਦੀ ਹੈ।ਬੁੱਧਵਾਰ ਵਾਲੇ ਦਿਨ ਵਿਧਾਨ ਸਭਾ ਹਲਕਾ ਸ਼ਾਹਕੋਟ ਦੇ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਦੀ ਬੇਟੀ ਡਾ: ਅਭਿਰੂਪ ਕੌਰ ਦੇ ਵਿਆਹ ਦੇ ਸਬੰਧ ਵਿੱਚ ਉਨ੍ਹਾਂ ਦੇ ਗ੍ਰਹਿ ਵਿਖੇ ਪਾਠ ਦੇ ਭੋਗ ਪਾਏ ਗਏ।ਇਸ ਮੌਕੇ ਭਾਈ ਜਸਕਰਨ ਸਿੰਘ ਪਟਿਆਲਾ ਦੇ ਜਥੇ ਵੱਲੋਂ ਕੀਰਤਨ ਕੀਤਾ ਗਿਆ।ਸਮਾਗਮ ਦੌਰਾਨ ਸਾਬਕਾ ਮੁੱਖ ਮੰਤਰੀ ਅਤੇ ਮੈਂਬਰ ਪਾਰਲੀਮੈਂਟ (ਜਲੰਧਰ) ਚਰਨਜੀਤ ਸਿੰਘ ਚੰਨੀ, ਸਾਬਕਾ ਮੰਤਰੀ ਅਤੇ ਵਿਧਾਇਕ (ਕਪੂਰਥਲਾ) ਰਾਣਾ ਗੁਰਜੀਤ ਸਿੰਘ ਅਤੇ ਅਕਾਲੀ ਦਲ ਸੁਧਾਰ ਲਹਿਰ ਦੇ ਕਨਵੀਨਰ ਜਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ ਨੇ ਸੰਗਤ ਨੂੰ ਸੰਬੋਧਨ ਕੀਤਾ। ਸ. ਵਡਾਲਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਵੱਖ-ਵੱਖ ਪਾਰਟੀਆਂ ਨਾਲ ਸਬੰਧਤ ਸਿਆਸੀ ਆਗੂਆਂ ਦੇ ਆਪਸੀ ਪਰਿਵਾਰਕ ਰਿਸ਼ਤੇ ਖੁਸ਼ਗਵਾਰ ਰਹਿਣੇ ਚਾਹੀਦੇ ਹਨ। ਪਹਿਲਾਂ ਰਿਸ਼ਤੇ ਬੜੇ ਸੁਖਾਵੇਂ ਹੋਇਆ ਕਰਦੇ ਸਨ, ਪਰ ਪਿਛਲੇ ਕੁਝ ਸਮੇਂ ਤੋਂ ਰਿਸ਼ਤਿਆਂ ਵਿੱਚ ਤਰੇੜਾਂ ਆਈਆਂ ਨਜ਼ਰ ਆਉਦੀਆਂ ਹਨ। ਉਨ੍ਹਾਂ ਸ਼ੇਰੋਵਾਲੀਆ ਪਰਵਾਰ ਦੀਆਂ ਵੱਖ-ਵੱਖ ਖੇਤਰਾਂ ਵਿੱਚ ਮਾਣਯੋਗ ਪ੍ਰਾਪਤੀਆਂ ਦਾ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ।ਉਨ੍ਹਾਂ ਦਰਵੇਸ਼ ਸਿਆਸਤਦਾਨ ਸਵਰਗੀ ਦਰਬਾਰਾ ਸਿੰਘ ਸ਼ੇਰੋਵਾਲੀਆ(ਗਵਰਨਰ ਰਾਜਸਥਾਨ) ਨੂੰ ਚੇਤੇ ਕਰਦਿਆਂ ਕਿਹਾ ਕਿ ਜਿਸ ਸਮੇਂ ਉਹ ਪੰਜਾਬ ਵਿਧਾਨ ਸਭਾ ਦੇ ਸਪੀਕਰ ਬਣੇ ਸਨ, ਉਸ ਸਮੇਂ ਇਸ ਅਹੁਦੇ ਦਾ ਰੁਤਬਾ ਬੜਾ ਉੱਚ ਦੁਮਲੜਾ ਹੋਇਆ ਕਰਦਾ ਸੀ। ਉਨ੍ਹਾਂ ਨੇ ਇਸ ਅਹੁਦੇ ਨੂੰ ਹੋਰ ਬੁਲੰਦ ਕੀਤਾ ਸੀ।ਵਡਾਲਾ ਨੇ ਕਿਹਾ ਕਿ ਸ਼ੇਰੋਵਾਲੀਆ ਪਰਵਾਰ ਪੰਜਾਬ ਵਿੱਚ ਵੱਡੇਰੀ ਤੇ ਵੱਖਰੀ ਪਛਾਣ ਵਾਲਾ ਹੈ।ਇਸੇ ਤਰ੍ਹਾਂ ਉਨ੍ਹਾਂ ਨੇ ਰਾਣਾ ਪਰਵਾਰ ਦੀਆਂ ਸਿਆਸਤ, ਵਪਾਰ ਤੇ ਖੇਤੀਬਾੜੀ ਵਿੱਚ ਕੀਤੀਆਂ ਪ੍ਰਾਪਤੀਆਂ ਨੂੰ ਬੜੀ ਖੂਬਸੂਰਤੀ ਨਾਲ ਬਿਆਨ ਕੀਤਾ। ਇਸੇ ਦੌਰਾਨ ਉਨ੍ਹਾਂ ਅਕਾਲੀ ਦਲ(ਬਾਦਲ) 'ਤੇ ਬੜੀਆਂ ਡੰਗ ਤੇ ਚੋਭਾਂ ਲਾਈਆਂ। ਲੰਘੀਆਂ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਅਕਾਲੀ ਦਲ ਦੇ ਜਿੱਤੇ ਤਿੰਨ ਵਿਧਾਇਕਾਂ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਇੱਕ ਪਾਰਟੀ ਛੱਡ ਗਿਆ ਹੈ, ਦੂਸਰਾ ਰੁੱਸ ਕੇ ਘਰ ਬੈਠਾ ਹੈ ਤੇ ਤੀਜੇ ਦਾ ਪਤਾ ਨਹੀਂ ਕੀ ਬਣਨਾ ਹੈ।ਸ. ਵਡਾਲਾ ਨੇ ਪੰਜਾਬ ਵਿੱਚ ਸਿਆਸਤ ਦੇ ਚੌਥੇ ਬਦਲ ਦੀ ਲੋੜ ਨੂੰ ਵੀ ਉਭਾਰਿਆ।ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਸਿਆਸੀ ਗੱਲਾਂ ਤੋਂ ਸੰਕੋਚ ਕੀਤਾ। ਉਨ੍ਹਾਂ ਕਿਹਾ ਕਿ ਧੀ ਦੇ ਵਿਆਹ ਦੀ ਜਿੱਥੇ ਖੁਸ਼ੀ ਹੁੰਦੀ ਹੈ ਉੱਥੇ ਇੱਕ ਚੀਸ ਵੀ ਨਾਲੋ ਨਾਲ ਚੱਲਦੀ ਹੈ। ਉਨ੍ਹਾਂ ਨੇ ਕੁਲਦੀਪ ਮਾਣਕ ਦੀ ਗਾਈ ਹੋਈ ਮਸ਼ਹੂਰ 'ਚਾਦਰ' ਦਾ ਕੁਝ ਹਿੱਸਾ ਸੁਣਾ ਕੇ ਧੀ ਦੇ ਦਿਲੋ- ਦਿਮਾਗ਼ ਵਿੱਚ ਬਾਬਲ ਦੇ ਤਸੱਵਰ ਕੀਤੇ ਉੱਚੇ ਰੁਤਬੇ ਦਾ ਜ਼ਿਕਰ ਕੀਤਾ।ਰਾਣਾ ਗੁਰਜੀਤ ਸਿੰਘ ਨੇ ਸਮਾਗਮ ਵਿੱਚ ਆਏ ਸਭ ਲੋਕਾਂ ਦਾ ਧੰਨਵਾਦ ਕੀਤਾ। ਇਸ ਦੌਰਾਨ ਉਨ੍ਹਾਂ ਗੁਰਪ੍ਰਤਾਪ ਸਿੰਘ ਵਡਾਲਾ ਵੱਲੋਂ ਲਾਈਆਂ ਕੁਝ ਸਿਆਸੀ 'ਟੋਕਰਾਂ' ਦਾ ਮੋੜਵਾਂ ਜਵਾਬ ਵੀ ਦਿੱਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਿੰਘ ਸਾਹਿਬ ਭਾਈ ਕੁਲਵਿੰਦਰ ਸਿੰਘ, ਸਾਬਕਾ ਮੰਤਰੀ ਅਮਰਜੀਤ ਸਿੰਘ ਸਮਰਾ, ਜਨਰਲ ਸਕੱਤਰ ਪੰਜਾਬ ਕਾਂਗਰਸ ਕੈਪਟਨ ਸੰਦੀਪ ਸੰਧੂ, ਕਾਂਗਰਸ ਪਾਰਟੀ ਹਲਕਾ ਨਕੋਦਰ ਦੇ ਇਨਚਾਰਜ ਡਾ. ਨਵਜੋਤ ਸਿੰਘ ਦਾਹੀਆ, ਹਲਕਾ ਜਲੰਧਰ ਕੈਂਟ ਤੋਂ ਵਿਧਾਇਕ ਪਦਮ ਸ਼੍ਰੀ ਪਰਗਟ ਸਿੰਘ, ਹਲਕਾ ਆਦਮਪੁਰ ਤੋਂ ਵਿਧਾਇਕ ਸੁਖਵਿੰਦਰ ਸਿੰਘ ਕੋਟਲੀ, ਸਾਬਕਾ ਵਿਧਾਇਕ ਰਜਿੰਦਰ ਬੇਰੀ, ਬਾਲ ਯੋਗੀ ਪ੍ਰਗਟ ਨਾਥ ਰਹੀਮਪੁਰ, ਸਾਬਕਾ ਐਸਐਸਪੀ ਰਜਿੰਦਰ ਸਿੰਘ ਕਰਤਾਰਪੁਰ, ਬੀਬੀ ਰਣਜੀਤ ਕੌਰ ਕਾਕੜ ਕਲਾਂ, ਸ਼ੂਗਰ ਮਿੱਲ ਨਕੋਦਰ ਦੇ ਚੇਅਰਮੈਨ ਅਸ਼ਵਿੰਦਰ ਪਾਲ ਸਿੰਘ ਖੈਹਿਰਾ, ਅਜਮੇਰ ਸਿੰਘ ਖਾਲਸਾ, ਸੇਵਾ ਮੁਕਤ ਡੀਐਸਪੀ ਭੁਪਿੰਦਰ ਸਿੰਘ ਥਿੰਦ, ਮਾਰਕਿਟ ਕਮੇਟੀ ਸ਼ਾਹਕੋਟ ਦੇ ਸਾਬਕਾ ਚੇਅਰਮੈਨ ਸੁਰਿੰਦਰਜੀਤ ਸਿੰਘ ਚੱਠਾ ਤੇ ਗੁਲਜ਼ਾਰ ਸਿੰਘ ਥਿੰਦ, ਨਗਰ ਪੰਚਾਇਤ ਸ਼ਾਹਕੋਟ ਦੇ ਸਾਬਕਾ ਪ੍ਰਧਾਨ ਸਤੀਸ਼ ਰਿਹਾਨ ਅਤੇ ਪਵਨ ਕੁਮਾਰ ਪੁਰੀ, ਨਗਰ ਪੰਚਾਇਤ ਲੋਹੀਆ ਦੇ ਪ੍ਰਧਾਨ ਜਗਜੀਤ ਸਿੰਘ ਨੋਨੀ, ਨਗਰ ਪੰਚਾਇਤ ਮਹਿਤਪੁਰ ਦੇ ਪ੍ਰਧਾਨ ਹਰਮੇਸ਼ ਮਹੇ, ਸੁਖਦੀਪ ਸਿੰਘ ਕੰਗ ਪੀ.ਏ, ਕੰਵਰਜੀਤ ਸਿੰਘ ਲਵਲੀ ਚੰਦੀ, ਪ੍ਰਭਦੇਵ ਸਿੰਘ ਖੈਹਿਰਾ, ਸੁਖਦੇਵ ਸਿੰਘ ਖੈਹਿਰਾ, ਜਗਦੇਵ ਸਿੰਘ ਖੈਹਿਰਾ, ਗੁਰਮੁਖ ਸਿੰਘ ਐਲ. ਆਈ. ਸੀ, ਸੰਦੀਪ ਸਿੰਘ ਖੈਹਿਰਾ, ਗੁਰਿੰਦਰ ਸਿੰਘ ਬਹੁਗੁਣ, ਜਗਤਾਰ ਸਿੰਘ ਖਾਲਸਾ ਪ੍ਰਧਾਨ ਕੋ:ਸੁਸਾਇਟੀ ਢੰਡੋਵਾਲ,ਪਵਨ ਅੱਗਰਵਾਲ ਸਾਬਕਾ ਐਮਸੀ, ਰੋਮੀ ਗਿੱਲ ਸਾਬਕਾ ਐਮਸੀ, ਹਰਦੇਵ ਸਿੰਘ ਪੀਟਾ ਸਾਬਕਾ ਐਮਸੀ, ਹਰਭਜਨ ਸਿੰਘ ਖਾਲਸਾ ਪਰਜੀਆ ਤੇ ਗੁਰਮੀਤ ਸਿੰਘ ਪਰਜੀਆ ਖੁਰਦ ਆਦਿ ਮੌਜੂਦ ਸਨ।